13-FEB-PAGE-1.qxd 2/12/2026 9:34 PM Page 1


ਸ਼ੁੱਕਰਵਾਰ, 13 ਫਰਵਰੀ, 2026

2 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 254

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 13 FEBRUARY, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਆਮ ਹੜਤਾਲ ਨੂੰ ਪੰਜਾਬ 'ਚ ਜ਼ਬਰਦਸਤ ਹੁੰਗਾਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਮਨੋਜ ਕੁਮਾਰ)** : ਦੇਸ਼ ਵਿਆਪੀ ਹੜਤਾਲ ਲਈ ਕੇਂਦਰੀ ਮਜ਼ਦੂਰ/ਮੁਲਾਜ਼ਮ ਜਥੇਬੰਦੀਆਂ ਦੇ ਸਾਂਝੇ ਮੰਚ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਸੱਦੇ ਨੂੰ ਪੰਜਾਬ 'ਚ ਜ਼ਬਰਦਸਤ ਹੁੰਗਾਰਾ ਮਿਲਿਆ। ਅੰਮ੍ਰਿਤਸਰ 'ਚ ਫੈਕਟਰੀਆਂ, ਬੈਂਕ, ਬਿਜਲੀ, ਰੋਡਵੇਜ਼, ਟੈਲੀਫੋਨ, ਡਾਕ, ਬੀਮਾ ਕੰਪਨੀਆਂ ਆਦਿ ਸਮੁੱਚੇ ਕੇਂਦਰੀ ਅਤੇ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਮਜ਼ਦੂਰ/ਮੁਲਾਜ਼ਮਾਂ ਨੇ ਮੁਕੰਮਲ ਹੜਤਾਲ ਕੀਤੀ, ਜਿਸ ਦੀ ਅਗਵਾਈ ਏਟਕ, ਸੀਟੂ, ਹਿੰਦ ਮਜ਼ਦੂਰ ਸਭਾ, ਇੰਟਕ ਅਤੇ ਸੀ ਟੀ ਯੂ ਪੰਜਾਬ ਆਦਿ ਨੇ ਕੀਤੀ। ਆਂਗਣਵਾੜੀ, ਆਸ਼ਾ ਵਰਕਰ, ਮਿਡ-ਡੇ-ਮੀਲ ਆਟੋ ਚਾਲਕ, ਪ੍ਰਾਈਵੇਟ ਟਰਾਂਸਪੋਰਟ ਡੈਮੋਕ੍ਰੇਟਿਕ ਮੁਲਾਜ਼ਮ ਫਰੰਟ ਆਦਿ ਨੇ ਵੀ ਹੜਤਾਲ ਵਿੱਚ ਪੂਰੀ ਸ਼ਮੂਲੀਅਤ ਕੀਤੀ। ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਜਮਹੂਰੀ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ 1936, ਕਿਰਤੀ ਕਿਸਾਨ ਯੂਨੀਅਨ, ਅਜ਼ਾਦ ਸੰਘਰਸ਼ ਕਮੇਟੀ, ਕਿਰਤੀ ਕਿਸਾਨ ਯੂਨੀਅਨ ਪੰਜਾਬ, ਕੁੱਲ ਹਿੰਦ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਕਿਸਾਨ ਸੰਘਰਸ਼ ਕਮੇਟੀ (ਪੰਨੂੰ), ਪੰਜਾਬ ਕਿਸਾਨ ਯੂਨੀਅਨ ਆਦਿ ਦੀ ਅਗਵਾਈ ਵਿੱਚ ਕਿਸਾਨ ਕਾਫਲੇ ਲੈ ਕੇ ਰੈਲੀ ਵਿੱਚ ਸ਼ਾਮਿਲ ਹੋਏ। ਖੇਤ ਮਜ਼ਦੂਰ ਜਥੇਬੰਦੀਆਂ ਨੇ ਵੀ ਰੈਲੀ ਵਿੱਚ ਸ਼ਮੂਲੀਅਤ ਕੀਤੀ।

ਉੱਚਾ ਪੁਲ (ਭੰਡਾਰੀ ਪੁਲ) ਵਿਖੇ ਵਿਸ਼ਾਲ ਰੈਲੀ ਕੀਤੀ ਗਈ, ਜਿਸ ਨੂੰ ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ, ਸੁੱਚਾ ਸਿੰਘ ਅਜਨਾਲਾ, ਕੁਲਵੰਤ ਸਿੰਘ ਬਾਵਾ, ਅਮਰਜੀਤ ਸਿੰਘ ਆਸਲ, ਸੁਰਿੰਦਰ ਸ਼ਰਮਾ, ਜਗਤਾਰ ਸਿੰਘ ਕਰਮਪੁਰਾ, ਦਸਵਿੰਦਰ ਕੌਰ, ਕ੍ਰਿਪਾਲ ਸਿੰਘ, ਬੈਂਕਾਂ ਦੇ ਆਗੂ ਰਵੀ ਰਾਜਧਾਨ, ਸੁਰੇਸ਼ ਭਾਟੀਆ, ਜਰਮਨਜੀਤ ਸਿੰਘ, ਆਂਗਣਵਾੜੀ ਮੁਲਾਜ਼ਮਾਂ ਦੀ ਆਗੂ ਤਲਵਿੰਦਰ ਕੌਰ, ਜਸਪਾਲ ਕੌਰ ਆਸ਼ਾ ਵਰਕਰਾਂ ਦੀ ਆਗੂ ਰਘਬੀਰ ਕੌਰ, ਮਿਡ-ਡੇ-ਮੀਲ ਵਰਕਰਾਂ ਦੀ ਆਗੂ ਸੁਮਨ ਰਾਣੀ, ਟੈਲੀਕਾਮ ਆਗੂ, ਕੁਲਵੰਤ ਰਾਏ ਬਾਵਾ, ਕਿਸਾਨ ਆਗੂ ਡਾ. ਸਤਨਾਮ ਸਿੰਘ ਅਜਨਾਲਾ, ਡਾ. ਪਰਮਿੰਦਰ ਸਿੰਘ, ਬਘੇਲ ਸਿੰਘ, ਲਖਬੀਰ ਸਿੰਘ ਨਿਜ਼ਾਮਪੁਰਾ, ਬਲਦੇਵ ਸਿੰਘ ਵੇਰਕਾ, ਜਤਿੰਦਰ ਸਿੰਘ ਛੀਨਾ, ਧਨਵੰਤ ਸਿੰਘ ਖਤਰਾਏ ਕਲਾਂ, ਸਵਿੰਦਰ ਸਿੰਘ ਮੀਰਾਂਕੋਟ, ਐਡਵੋਕੇਟ ਕੰਵਲਜੀਤ ਕੌਰ, ਹਰਜੀਤ ਸਿੰਘ ਝੀਤੇ, ਓਮਰਾਜ ਸਿੰਘ ਧਰਦਿਓ, ਗੁਰਦੇਵ ਸਿੰਘ ਵਰਪਾਲ, ਬਲਬੀਰ ਸਿੰਘ ਮੂਧਲ, ਜਗਿੰਦਰ ਸਿੰਘ ਗੋਪਾਲਪੁਰਾ, ਨਿਰਮਲ ਸਿੰਘ ਛੱਜਲਵੱਡੀ, ਬਿੱਟੂ ਵੇਰਕਾ, ਸੁਖਰਾਮ ਸਿੰਘ, ਅਮਰੀਕ ਸਿੰਘ ਸੰਗਤਪੁਰਾ, ਗੁਰਨਾਮ ਸਿੰਘ ਦਾਊਦ, ਕੁਲਦੀਪ ਸਿੰਘ ਓਦੋਕੇ, ਤਰਸੇਮ ਸਿੰਘ ਆਦਿ ਨੇ ਸੰਬੋਧਨ ਕੀਤਾ। ਬੁਲਾਰਿਆਂ ਮੰਗ ਕੀਤੀ ਕਿ ਕੇਂਦਰ ਸਰਕਾਰ ਵੱਲੋਂ ਪਾਸ ਕੀਤੇ 4 ਲੇਬਰ ਕੋਡ ਰੱਦ ਕੀਤੇ ਜਾਣ, ਬੀਜ ਬਿੱਲ ਅਤੇ ਬਿਜਲੀ ਬਿੱਲ ਵਾਪਿਸ ਲਏ ਜਾਣ, ਮਨਰੇਗਾ ਕਨੂੰਨ ਬਹਾਲ ਕੀਤਾ ਜਾਵੇ। ਬੀਮਾ ਕੰਪਨੀਆਂ ਵਿੱਚ 100 ਫੀਸਦੀ ਵਿਦੇਸ਼ੀ ਹਿੱਸੇਦਾਰੀ ਦਾ ਫੈਸਲਾ ਰੱਦ ਕੀਤਾ ਜਾਵੇ। ਮਜ਼ਦੂਰਾਂ ਦੀ ਘੱਟੋ-ਘੱਟ ਤਨਖਾਹ 26000 ਰੁਪਏ ਮਹੀਨਾ ਕੀਤੀ ਜਾਵੇ। ਆਂਗਣਵਾੜੀ, ਆਸ਼ਾ ਕਰਮੀ ਅਤੇ ਮਿਡ-ਡੇ-ਮੀਲ ਵਰਕਰਾਂ ਨੂੰ ਰੈਗੂਲਰ ਕੀਤਾ ਜਾਵੇ। 01-10-2024 ਤੋਂ ਪਹਿਲਾਂ ਜਿਨ੍ਹਾਂ ਉਸਾਰੀ ਕਿਰਤੀਆਂ ਦੀ ਮੌਤ ਹੋਈ ਹੈ, ਉਹਨਾਂ ਸਾਰੇ ਕਿਰਤੀਆਂ ਦੇ ਪਰਵਾਰਿਕ ਮੈਂਬਰਾਂ ਨੂੰ ਐਕਸ਼ਗ੍ਰੇਸ਼ੀਆ ਦੀ ਰਾਸ਼ੀ ਦਿੱਤੀ ਜਾਵੇ। ਉਸਾਰੀ ਮਜ਼ਦੂਰਾਂ ਦੀਆਂ ਲਾਭ ਸਕੀਮਾਂ ਘਟਾਉਣ ਵਾਲੀਆਂ ਸਾਰੀਆਂ ਨਵੀਆਂ ਸੋਧਾਂ ਰੱਦ ਕੀਤੀਆਂ ਜਾਣ। ਘਰੇਲੂ ਮਜ਼ਦੂਰਾਂ ਦਾ ਵੈੱਲਫੇਅਰ ਬੋਰਡ ਬਣਾਇਆ ਜਾਵੇ ਅਤੇ ਘਰੇਲੂ ਮਜ਼ਦੂਰਾਂ ਉਪਰ ਵੀ ਸਾਰੇ ਲੇਬਰ ਕਾਨੂੰਨ ਲਾਗੂ ਕੀਤੇ ਜਾਣ। ਗਿੱਗ ਵਰਕਰਾਂ ਦੀਆਂ ਸਾਰੀਆਂ ਮੰਗਾਂ ਮੰਨੀਆਂ ਜਾਣ ਅਤੇ ਇਹਨਾਂ ਦੇ ਵੈੱਲਫੇਅਰ ਬਣਾਇਆ ਜਾਵੇ। ਕੰਟਰੈਕਟ ਅਤੇ ਆਊਟਸੋਰਸ ਵਰਕਰਾਂ ਨੂੰ ਰੈਗੂਲਰ ਕੀਤਾ ਜਾਵੇ ਅਤੇ ਅੱਗੇ ਦੀ ਭਰਤੀ ਰੈਗੂਲਰ ਕੀਤੀ ਜਾਵੇ। ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਇਸ ਮੌਕੇ ਉਪਰ ਵਿਜੇ ਕੁਮਾਰ, ਡਾ. ਭੁਪਿੰਦਰ ਸਿੰਘ, ਅਕਵਿੰਦਰ ਕੌਰ, ਪਰਮਜੀਤ ਕੌਰ, ਬ੍ਰਹਮਦੇਵ ਸ਼ਰਮਾ, ਸ਼ੌਕਤ ਮਸੀਹ, ਪਰਮਜੀਤ ਕੌਰ, ਕੇਵਲਜੀਤ, ਗੁਰਜਿੰਦਰ ਸਿੰਘ, ਪੂਨਮ, ਰਜਿੰਦਰ ਕੌਰ, ਸਤਨਾਮ ਸਿੰਘ, ਮੋਹਨ ਲਾਲ, ਕੁਲਵੰਤ ਸਿੰਘ, ਸ਼ਮਸ਼ੇਰ ਨਾਥ, ਕ੍ਰਿਪਾ ਰਾਮ, ਚਰਨਜੀਤ ਸਿੰਘ ਮਜੀਠਾ, ਜਸਬੀਰ ਸਿੰਘ ਝਬਾਲ, ਤੀਰਥ ਸਿੰਘ ਕੋਹਾਲੀ, ਪ੍ਰਤਾਪ ਸਿੰਘ ਖਾਪੜਖੇੜੀ, ਭਗਵੰਤ ਸਿੰਘ, ਗੁਰਦੀਪ ਸਿੰਘ ਬੁਤਾਲਾ, ਜਸਬੀਰ ਸਿੰਘ ਝਬਾਲ, ਮੰਗਲ ਸਿੰਘ ਖੁਜਾਲਾ, ਛਿੰਦਾ ਘਿਓ ਮੰਡੀ ਤੇ ਮਹਿੰਦਰ ਸਿੰਘ ਖਹਿਰਾ ਆਦਿ ਹਾਜ਼ਰ ਸਨ।





ਅੰਮ੍ਰਿਤਸਰ

**ਪਟਿਆਲਾ** : ਇੱਥੇ ਵੱਖ-ਵੱਖ ਅਦਾਰਿਆ ਦੇ ਮੁਲਾਜ਼ਮ, ਮਜ਼ਦੂਰ ਹੜਤਾਲ ਕਰਨ ਉਪਰੰਤ ਮਿੰਨੀ ਸਕੱਤਰੇਤ ਪਟਿਆਲਾ ਦੇ ਸਾਹਮਣੇ ਕੀਤੀ ਗਈ ਵਿਸ਼ਾਲ ਰੈਲੀ ਵਿੱਚ ਜਲੂਸਾਂ ਦੀ ਸ਼ਕਲ ਵਿੱਚ ਨਾਅਰੇ ਮਾਰਦੇ ਹੋਏ ਪੁੱਜੇ। ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਦਰਜਨਾਂ ਕਿਸਾਨ ਜਥੇਬੰਦੀਆਂ ਨੇ ਹੜਤਾਲ ਨੂੰ ਕਾਮਯਾਬ ਕਰਨ ਲਈ ਭਰਪੂਰ ਸਮਰਥਨ ਦਿੱਤਾ ਅਤੇ ਵੱਡੀ ਗਿਣਤੀ ਵਿੱਚ ਮਿੰਨੀ ਸਕੱਤਰੇਤ ਦੇ ਸਾਹਮਣੇ ਹੋਈ ਰੈਲੀ ਵਿੱਚ ਪੁੱਜੇ। ਸਕੱਤਰੇਤ ਪਟਿਆਲਾ ਦੇ ਸਾਹਮਣੇ ਕੀਤੀ ਗਈ ਰੈਲੀ ਤੋਂ ਇਲਾਵਾ ਪਟਿਆਲਾ ਜ਼ਿਲ੍ਹੇ ਦੇ ਨਾਭਾ, ਸਮਾਣਾ, ਰਾਜਪੁਰਾ, ਘਨੌਰ, ਪਾਤੜਾਂ, ਦੇਵੀਗੜ੍ਹ ਵਿਖੇ ਵੀ ਭਰਵੀਆਂ ਰੋਹ ਭਰਪੂਰ ਰੈਲੀਆਂ ਕੀਤੀਆਂ ਗਈਆਂ। ਇਹਨਾਂ ਰੈਲੀਆਂ ਵਿੱਚ ਹੜਤਾਲੀ ਮੁਲਾਜ਼ਮ-ਮਜ਼ਦੂਰ ਅਤੇ ਕਿਸਾਨ ਜਥੇਬੰਦੀਆਂ ਨੇ ਬੜੇ ਉਤਸ਼ਾਹ ਨਾਲ ਸਿਰਕਤ ਕੀਤੀ। ਦੇਸ਼-ਵਿਆਪੀ ਹੜਤਾਲ ਪੀ ਆਰ ਟੀ ਸੀ, ਪੰਜਾਬ ਰੋਡਵੇਜ਼, ਬਿਜਲੀ ਬੋਰਡ, ਸਮੁੱਚੇ ਬੈਂਕ, ਆਂਗਣਵਾੜੀ, ਆਸ਼ਾ ਵਰਕਰ, ਪੋਸਟਲ ਇੰਪਲਾਈਜ਼ ਅਤੇ ਅਨੇਕਾਂ ਸਨਅਤੀ ਇਕਾਈਆਂ ਦੇ ਮੁਲਾਜ਼ਮਾਂ-ਮਜ਼ਦੂਰਾਂ ਨੇ ਮੁਕੰਮਲ ਤੌਰ ਤੇ ਅਦਾਰੇ ਬੰਦ ਕਰਕੇ ਕੀਤੀ। ਅਨੇਕਾਂ ਸਰਕਾਰੀ ਵਿਭਾਗਾਂ ਦੇ ਸੈਂਕੜੇ ਕਰਮਚਾਰੀ ਆਪਣੀਆਂ ਡਿਊਟੀਆਂ ਛੱਡ ਕੇ ਕਾਫਲਿਆਂ ਦੇ ਰੂਪ ਵਿੱਚ ਰੈਲੀ ਵਿੱਚ ਸ਼ਾਮਲ ਹੋਏ।

ਇਸ ਰੈਲੀ ਵਿੱਚ ਇਕੱਤਰ ਹੋਏ ਹੜਤਾਲੀ ਅਤੇ ਮੁਜ਼ਾਹਰਾਕਾਰੀ ਮੁਲਾਜਮਾਂ, ਮਜ਼ਦੂਰਾਂ ਅਤੇ ਕਿਸਾਨਾਂ ਦੇ ਇਕੱਠ ਦੀ ਅਗਵਾਈ ਅਤੇ ਰੈਲੀ ਨੂੰ ਜਿਨ੍ਹਾਂ ਆਗੂਆਂ ਨੇ ਸੰਬੋਧਨ ਕੀਤਾ, ਉਹਨਾਂ ਵਿੱਚ ਨਿਰਮਲ ਸਿੰਘ ਧਾਲੀਵਾਲ, ਮੀਨਾ ਰਾਣੀ, ਦਰਸ਼ਨ ਸਿੰਘ ਲੁਬਾਣਾ, ਐੱਸ ਕੇ ਗੌਤਮ, ਦਰਸ਼ਨ ਸਿੰਘ ਬੇਲੂਮਾਜਰਾ, ਬਹਾਦਰ ਸਿੰਘ, ਬਲਦੇਵ ਰਾਜ ਬੱਤਾ, ਜਸਵਿੰਦਰ ਸਿੰਘ ਸੌਜਾ ਟਰੇਡ ਯੂਨੀਅਨ ਆਗੂ ਅਤੇ ਕਿਸਾਨ ਜਥੇਬੰਦੀਆਂ ਦੇ ਮੁੱਖ ਆਗੂ ਰਮਿੰਦਰ ਸਿੰਘ ਪਟਿਆਲਾ, ਬਲਰਾਜ ਜੋਸ਼ੀ, ਗੁਰਮੀਤ ਸਿੰਘ ਦਿੱਤੂਪੁਰ, ਅਵਤਾਰ ਸਿੰਘ, ਗੁਰਬਚਨ ਸਿੰਘ, ਰਾਜ ਕਿਸ਼ਨ, ਹਰਬੰਸ ਸਿੰਘ ਦਦਹੇੜਾ, ਜੈ ਰਾਮ, ਦਵਿੰਦਰ ਸਿੰਘ ਪੂਨੀਆ, ਸੁਖਵਿੰਦਰ ਬਾਰਨ, ਦਲਜਿੰਦਰ ਸਿੰਘ, ਸੁਖਵਿੰਦਰ ਤੁਲੇਵਾਲ ਸ਼ਾਮਲ ਸਨ।



ਲੁਧਿਆਣਾ



ਪਟਿਆਲਾ



ਮਾਨਸਾ

ਆਗੂਆਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਕਿਰਤੀਆਂ ਦੇ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਬਣਾਏ ਗਏ ਚਾਰ ਲੇਬਰ ਕੋਡਜ਼ ਮਜਦੂਰਾਂ ਦੇ ਅਧਿਕਾਰ ਖਤਮ ਕਰ ਦੇਣਗੇ ਅਤੇ ਕਾਰਪੋਰੇਟ ਸਰਮਾਏਦਾਰਾਂ ਨੂੰ ਮਜਦੂਰਾਂ ਦਾ ਆਰਥਕ ਸ਼ੋਸ਼ਣ ਕਰਨ ਦੀ ਖੁੱਲੀ ਛੁੱਟੀ ਦੀ ਗਰੰਟੀ ਕਰਦੇ ਹਨ। ਹੜਤਾਲ ਦਾ ਹੱਕ ਅਸਿੱਧੇ ਢੰਗ ਨਾਲ ਖਤਮ ਕਰ ਦਿੱਤਾ, ਮਜ਼ਦੂਰਾਂ ਦੀ ਛਾਂਟੀ ਕਰਨ ਦੀ ਖੁੱਲ੍ਹ ਦੇ ਦਿੱਤੀ ਗਈ ਹੈ। ਨੌਕਰੀ ਮਾਲਕਾਂ ਦੇ ਰਹਿਮੋ-ਕਰਮ 'ਤੇ ਹੋਏਗੀ ਅਤੇ ਸਮਾਜਿਕ ਸੁਰੱਖਿਆ ਖਤਮ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ ਸਰਕਾਰ ਨੇ ਮਨਰੇਗਾ ਐਕਟ ਖਤਮ ਕਰਕੇ ਵੀ ਬੀ ਰਾਮ ਜੀ ਐਕਟ ਬਣਾ ਕੇ ਅਤੇ ਰਾਜਾਂ ਉਪਰ 40 ਫੀਸਦੀ ਪੈਸੇ ਦਾ ਬੋਝ ਪਾ ਕੇ ਗਰੀਬਾਂ ਲਈ ਬਣਿਆ ਮਨਰੇਗਾ ਕਾਨੂੰਨ ਖਤਮ ਕਰਨ ਦਾ ਹੀ ਮੰਦ ਮਨਸੂਬਾ ਹੈ। ਸੀਡ ਬਿੱਲ 2025 ਅਤੇ ਅਮਰੀਕਾ ਨਾਲ ਕੀਤਾ ਮੁਕਤ ਵਪਾਰ ਸਮਝੌਤਾ ਭਾਰਤੀ ਕਿਸਾਨਾਂ ਦਾ ਅਤੇ ਛੋਟੇ ਸਨਤਕਾਰਾਂ, ਦੁਕਾਨਦਾਰਾਂ ਅਤੇ ਆਮ ਲੋਕਾਂ ਦਾ ਭਾਰੀ ਨੁਕਸਾਨ ਕਰੇਗਾ। ਅਮਰੀਕਨ ਸਾਮਰਾਜ ਦੇ ਦਬਾਅ ਥੱਲੇ ਮੋਦੀ ਸਰਕਾਰ ਦੇਸ਼ ਵਿਰੋਧੀ ਵਪਾਰਕ ਸ਼ਰਤਾਂ ਮੰਨ ਰਹੀ ਹੈ। ਬਿਜਲੀ ਬਿੱਲ 2025 ਰਾਹੀਂ ਬਿਜਲੀ ਪ੍ਰਾਈਵੇਟ ਕੰਪਨੀਆਂ ਦੇ ਹਵਾਲੇ ਕੀਤੀ ਜਾਵੇਗੀ। ਬਿਜਲੀ ਮਹਿੰਗੀ ਵੀ ਹੋਵੇਗੀ ਅਤੇ ਕਿਸਾਨਾਂ ਅਤੇ ਗਰੀਬ ਪਰਵਾਰਾਂ ਨੂੰ ਮਿਲਦੀ ਸਬਸਿਡੀ ਖਤਮ ਕਰ ਦਿੱਤੀ ਜਾਵੇਗੀ। ਮਹਿੰਗਾਈ ਬੇਤਹਾਸ਼ਾ ਵਧਣ ਦੇ ਬਾਵਜੂਦ ਮਜ਼ਦੂਰਾਂ ਦੀਆਂ ਉਜਰਤਾਂ ਵਿੱਚ ਬਣਦਾ ਵਾਧਾ ਨਹੀਂ ਕੀਤਾ ਜਾ ਰਿਹਾ। ਮਜ਼ਦੂਰਾਂ ਦੀ 26000 ਰੁਪਏ ਪ੍ਰ ਤੀ

• ਬਾਕੀ ਸਫਾ 2 'ਤੇ

## ਸਰਲਾ ਮਹੇਸ਼ਵਰੀ ਦਾ ਦੇਹਾਂਤ



**ਨਵੀਂ ਦਿੱਲੀ** : ਭਾਰਤੀ ਟੈਲੀਵਿਜ਼ਨ ਦੇ ਇਤਿਹਾਸ ਵਿੱਚ ਆਪਣੀ ਖ਼ਾਸ ਪਛਾਣ ਰੱਖਣ ਵਾਲੀ ਅਤੇ ਦੂਰਦਰਸ਼ਨ ਦੀ ਮਸ਼ਹੂਰ ਨਿਊਜ਼ ਐਂਕਰ ਸਰਲਾ ਮਹੇਸ਼ਵਰੀ 71 ਸਾਲ ਦੀ ਉਮਰ ਵਿੱਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ। ਸਰਲਾ ਨੂੰ ਉਨ੍ਹਾਂ ਦੀ ਬੇਹੱਦ ਸ਼ਾਂਤ ਸ਼ਖ਼ਸੀਅਤ, ਸਾਦਗੀ ਅਤੇ ਹਿੰਦੀ ਦੇ ਸ਼ੁੱਧ ਉਚਾਰਨ ਲਈ ਜਾਣਿਆ ਜਾਂਦਾ ਸੀ। ਉਨ੍ਹਾਂ ਨੇ ਸਾਲ 1976 ਤੋਂ 2005 ਤੱਕ ਲੱਗਭੱਗ ਤਿੰਨ ਦਹਾਕਿਆਂ ਤੱਕ ਦੂਰਦਰਸ਼ਨ 'ਤੇ ਖ਼ਬਰਾਂ ਪੜ੍ਹੀਆਂ। ਉਹ ਉਸ ਦੌਰ ਦੇ ਸਭ ਤੋਂ ਪਛਾਣੇ ਜਾਣ ਵਾਲੇ ਚਿਹਰਿਆਂ ਵਿੱਚੋਂ ਇੱਕ ਸਨ, ਜਦੋਂ ਨਿੱਜੀ ਚੈਨਲਾਂ ਦਾ ਦੌਰ ਨਹੀਂ ਸੀ ਅਤੇ ਪੂਰਾ ਦੇਸ਼ ਖ਼ਬਰਾਂ ਲਈ ਸਿਰਫ਼ ਦੂਰਦਰਸ਼ਨ 'ਤੇ ਹੀ ਨਿਰਭਰ ਕਰਦਾ ਸੀ।

## ਰਾਹੁਲ ਵਿਰੁੱਧ ਦਿੱਤਾ 'ਮੌਲਿਕ ਮਤਾ' ਪੇਸ਼ ਕਰਨ ਦਾ ਨੋਟਿਸ

**ਨਵੀਂ ਦਿੱਲੀ** : ਭਾਜਪਾ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਨੇ ਕਿਹਾ ਕਿ ਉਨ੍ਹਾ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੇ ਖਿਲਾਫ 'ਸਬਸਟੈਂਟਿਵ ਮੋਸ਼ਨ' (ਮੌਲਿਕ ਮਤਾ) ਸ਼ੁਰੂ ਕਰਨ ਲਈ ਨੋਟਿਸ ਦਿੱਤਾ ਹੈ। ਸੰਸਦ ਭਵਨ ਕੰਪਲੈਕਸ ਵਿੱਚ ਗੱਲਬਾਤ ਕਰਦਿਆਂ ਦੂਬੇ ਨੇ ਦੱਸਿਆ ਕਿ ਕਿਵੇਂ ਗਾਂਧੀ ਸੋਰੋਸ ਫਾਊਂਡੇਸ਼ਨ, ਯੂ ਐੱਸ ਏਡ, ਫੋਰਡ ਫਾਊਂਡੇਸ਼ਨ ਨਾਲ ਹੱਥ ਮਿਲਾ ਕੇ ਵਿਦੇਸ਼ਾਂ ਦਾ ਦੌਰਾ ਕਰਦੇ ਹਨ ਅਤੇ ਭਾਰਤ ਵਿਰੋਧੀ ਤੱਤਾਂ ਨਾਲ 'ਮਿਲੀਭੁਗਤ' ਕਰਦੇ ਹਨ। ਇੱਕ ਮੌਲਿਕ ਮਤਾ ਇੱਕ ਸੁਤੰਤਰ, ਸਵੈ-ਨਿਰਭਰ ਪ੍ਰਸਤਾਵ ਹੁੰਦਾ ਹੈ, ਜੋ ਕਿਸੇ ਵਿਧਾਨ ਸਭਾ ਜਾਂ ਅਸੰਬਲੀ ਦੀ ਪ੍ਰਵਾਨਗੀ ਲਈ ਪੇਸ਼ ਕੀਤਾ ਜਾਂਦਾ ਹੈ, ਜਿਸ ਨੂੰ ਕੋਈ ਫੈਸਲਾ ਜਾਂ ਰਾਏ ਪ੍ਰਗਟ ਕਰਨ ਲਈ ਤਿਆਰ ਕੀਤਾ ਜਾਂਦਾ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

# ਚੰਗੇ ਕੰਮ ਲਈ ਸ਼ਾਬਾਸ਼ ਤੇ ਕੁਤਾਹੀ ਲਈ ਜਵਾਬਦੇਹੀ : ਮੁੱਖ ਮੰਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮੁੱਚੀ ਸੀਨੀਅਰ ਪੁਲਸ ਲੀਡਰਸ਼ਿਪ ਨੂੰ ਇਨਫੋਰਸਮੈਂਟ (ਲਾਗੂ ਕਰਨ) ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ਕਿ ਪੂਰੇ ਸੂਬੇ ਵਿੱਚ ਕਾਨੂੰਨ ਦਾ ਸ਼ਾਸਨ ਕਾਇਮ ਰਹੇ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਪੁਲਸ ਕਮਿਸ਼ਨਰਾਂ, ਇੰਸਪੈਕਟਰ ਜਨਰਲਾਂ, ਡਿਪਟੀ ਇੰਸਪੈਕਟਰ ਜਨਰਲਾਂ ਅਤੇ ਸੀਨੀਅਰ ਸੁਪਰਡੈਂਟਾਂ ਨਾਲ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ। ਮੁੱਖ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ 'ਨਸ਼ਿਆਂ ਵਿਰੁੱਧ ਯੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਪੰਜਾਬ ਸਰਕਾਰ ਦੀਆਂ ਸਭ ਤੋਂ ਪ੍ਰਮੁੱਖ ਤਰਜੀਹਾਂ ਹਨ ਅਤੇ ਇਨ੍ਹਾਂ ਦਾ ਅੰਤ ਨਸ਼ਿਆਂ ਦੀ ਲਾਹਨਤ ਅਤੇ ਗੈਂਗਸਟਰ ਨੈੱਟਵਰਕਾਂ ਦੇ ਜੜ੍ਹੋਂ ਮੁਕੰਮਲ ਸਫਾਏ ਨਾਲ ਹੋਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ 'ਆਪ' ਸਰਕਾਰ ਆਮ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਜਿੱਥੇ ਸਖ਼ਤ ਕਾਰਵਾਈ ਜਾਰੀ ਰਹੇਗੀ, ਉਥੇ ਪੰਜਾਬ ਦੀ ਜਵਾਨੀ ਦੀ ਲੰਮੇ ਸਮੇਂ ਦੀ ਸੁਰੱਖਿਆ, ਰੁਜ਼ਗਾਰ ਦੇ ਮੌਕੇ ਵਧਾਉਣ, ਸਿੱਖਿਆ ਨੂੰ ਮਜ਼ਬੂਤ ਕਰਨ ਅਤੇ ਕੈਰੀਅਰ ਕਾਉਂਸਲਿੰਗ ਨੂੰ ਵਧੀਆ ਬਣਾਉਣ 'ਤੇ ਵੀ ਨਿਰਭਰ ਕਰਦੀ ਹੈ। ਇਸ ਨਾਲ ਨੌਜਵਾਨਾਂ ਨੂੰ ਨਸ਼ਿਆਂ ਅਤੇ ਅਪਰਾਧ ਦੀ ਦਲਦਲ ਵਿੱਚ ਫਸਣ ਤੋਂ ਬਚਾਇਆ ਜਾ ਸਕਦਾ ਹੈ। ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਪੁਲਸ ਦਾ ਅਜਿਹੀਆਂ ਚੁਣੌਤੀਆਂ ਦਾ ਟਾਕਰਾ ਕਰਨ ਦਾ ਸ਼ਾਨਦਾਰ ਇਤਿਹਾਸ ਰਿਹਾ ਹੈ ਅਤੇ ਸਮੇਂ ਦੀ ਲੋੜ ਹੈ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਅਤੇ ਗੈਂਗਸਟਰਾਂ ਦਾ ਖਾਤਮਾ ਕਰਕੇ ਇਸ ਵਿਰਾਸਤ ਨੂੰ ਬਰਕਰਾਰ ਰੱਖਿਆ ਜਾਵੇ, ਜਿਸ ਵਿੱਚ ਤੁਹਾਡਾ ਸਭ ਦਾ ਅਹਿਮ ਰੋਲ ਹੈ। ਸੀ ਐੱਮ ਮਾਨ ਨੇ ਕਿਹਾ, 'ਮੈਂ ਨਿੱਜੀ ਤੌਰ 'ਤੇ ਰੋਜ਼ਾਨਾ ਅਧਾਰ 'ਤੇ ਇਨ੍ਹਾਂ ਮੁਹਿੰਮਾਂ ਦੀ ਪ੍ਰਗਤੀ ਦੀ ਨਿਗਰਾਨੀ ਕਰਾਂਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸੂਬਾ ਨਸ਼ਿਆਂ ਅਤੇ ਗੈਂਗਸਟਰਾਂ ਤੋਂ ਮੁਕਤ ਹੋਵੇ।' ਉਨ੍ਹਾ ਕਿਹਾ, 'ਹਰ ਅਧਿਕਾਰੀ ਅਤੇ ਕਰਮਚਾਰੀ ਦਾ ਕੰਮ ਨਿਗਰਾਨੀ ਹੇਠ ਹੈ ਅਤੇ ਉਨ੍ਹਾਂ ਨੂੰ ਚੰਗੇ ਕੰਮ ਲਈ ਬਣਦਾ ਇਨਾਮ ਦਿੱਤਾ ਜਾਵੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਲਈ ਜਵਾਬਦੇਹ ਠਹਿਰਾਇਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਪੁਲਸ ਨੂੰ ਆਧੁਨਿਕ ਤਕਨੀਕ ਨਾਲ ਲੈਸ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।' ਉਨ੍ਹਾ ਇਹ ਵੀ ਕਿਹਾ ਕਿ ਵਿਭਾਗ ਦੀਆਂ ਲੋੜਾਂ ਅਨੁਸਾਰ ਮਨੁੱਖੀ ਸਰੋਤਾਂ, ਗੱਡੀਆਂ ਦੇ ਫਲੀਟ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਅਪਗਰੇਡ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਨੂੰ ਦੁਰਵਰਤੋਂ ਰੋਕਣ ਲਈ ਸੂਬੇ ਭਰ ਵਿੱਚ ਅਸਲਾ ਲਾਇਸੈਂਸਾਂ ਦੀ ਸਮੀਖਿਆ ਕਰਨ ਲਈ ਇੱਕ ਵਿਸ਼ਾਲ ਮੁਹਿੰਮ ਸ਼ੁਰੂ ਕਰਨ ਲਈ ਵੀ ਕਿਹਾ। ਇਸ ਮੌਕੇ ਮੁੱਖ ਸਕੱਤਰ ਕੇ ਏ ਪੀ ਸਿਨਹਾ, ਡੀ ਜੀ ਪੀ ਗੌਰਵ ਯਾਦਵ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਹਰ ਮਹਿਲਾ ਨੂੰ ਹਜ਼ਾਰ ਰੁਪਏ ਛੇਤੀ : ਮਾਨ

**ਜਲੰਧਰ (ਸ਼ੈਲੀ/ਉੱਭੀ/ਸੁਰਿੰਦਰ)**

ਆਮ ਲੋਕਾਂ ਨਾਲ ਸਿੱਧੇ ਰਾਬਤਾ ਕਾਇਮ ਕਰਨ ਸੰਬੰਧੀ ਆਪਣੀਆਂ ਸਰਗਰਮੀਆਂ ਨੂੰ ਜਾਰੀ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਜਲੰਧਰ ਆਪਣੇ ਨਿਵਾਸ ਸਥਾਨ 'ਤੇ ਲੋਕ ਮਿਲਣੀ ਪ੍ਰੋਗਰਾਮ ਰੱਖ ਕੇ ਇਥੋਂ ਦੇ ਨਾਗਰਿਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਪਹਿਲਕਦਮੀ ਨੂੰ ਇੱਕੋ ਪਲੇਟਫਾਰਮ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਹੱਲ ਕਰਨ ਲਈ ਸਭ ਤੋਂ ਪ੍ਰਭਾਵਸ਼ਾਲੀ ਜ਼ਰੀਆ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਕਲੌਤਾ ਸੂਬਾ ਹੈ, ਜਿੱਥੇ ਸੂਬੇ ਦਾ ਮੁਖੀ ਲੋਕਾਂ ਨੂੰ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੇ ਮਸਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨਾ ਯਕੀਨੀ ਬਣਾਉਂਦਾ ਹੈ।ਮਾਨ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਸਰਕਾਰ ਅਤੇ ਜਨਤਾ ਦਰਮਿਆਨ ਇੱਕ ਢਾਂਚਾਗਤ ਪੁਲ ਵਜੋਂ ਕੰਮ ਕਰਦਿਆਂ ਜਵਾਬਦੇਹ ਅਤੇ ਪਾਰਦਰਸ਼ੀ ਸ਼ਾਸਨ ਨੂੰ ਯਕੀਨੀ ਬਣਾਉਂਦਾ ਹੈ, ਜਿਸ ਨੂੰ ਅੱਗੇ ਵੀ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ।

ਉਨ੍ਹਾ ਕਿਹਾ, 'ਮੇਰੇ ਦੁਆਰਾ ਦਸਤਖ਼ਤ ਕੀਤੀ ਜਾਂਦੀ ਹਰ ਫਾਈਲ ਆਮ ਆਦਮੀ ਅਤੇ ਰਾਜ ਦੇ ਲਾਭ ਲਈ ਹੁੰਦੀ ਹੈ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਭ੍ਰਿਸ਼ਟਾਚਾਰ ਜਾਂ ਸਿਫਾਰਸ਼ ਤੋਂ ਬਿਨਾਂ 63,000 ਤੋਂ ਵੱਧ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ।'

ਮਾਨ ਨੇ ਕਿਹਾ ਕਿ ਹੁਣ ਰਾਜ ਸਰਕਾਰ ਸੂਬੇ ਦੀ ਹਰ ਮਹਿਲਾ ਨੂੰ 1000 ਰੁਪਏ ਦੇਣ ਦੀ ਯੋਜਨਾ ਜਲਦ ਲਾਗੂ ਕਰੇਗੀ, ਜਿਸ ਲਈ ਆਉਣ ਵਾਲੇ ਬਜਟ ਵਿੱਚ ਜ਼ਰੂਰੀ ਉਪਬੰਧ ਕੀਤੇ ਜਾਣਗੇ। ਰਾਜ ਦੇ ਲੋਕਾਂ ਨਾਲ ਕੀਤਾ ਗਿਆ ਹਰ ਵਾਅਦਾ ਹਰ ਹੀਲੇ ਪੂਰਾ ਕੀਤਾ ਜਾਵੇਗਾ, ਕਿਉਂਕਿ ਸਾਡੀ ਸਰਕਾਰ ਸਭਨਾਂ ਦੀ ਭਲਾਈ ਲਈ ਵਚਨਬੱਧ ਹੈ।



## ਗ੍ਰਾਮ ਨਿਆਲਿਆ ਬਣਾਉਣ ਦਾ ਵਿਰੋਧ

**ਚੰਡੀਗੜ੍ਹ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਵੱਲੋਂ ਗ੍ਰਾਮ ਨਿਆਲਿਆ ਬਣਾਉਣ ਦੇ ਫੈਸਲੇ ਦਾ ਵਿਰੋਧ ਕਰਦਿਆਂ ਇਸ ਵਿਚਾਰ ਨੂੰ ਵਕੀਲ ਭਾਈਚਾਰੇ ਦੇ ਹਿੱਤਾਂ ਦੇ ਵਿਰੁੱਧ ਦੱਸਿਆ ਹੈ। ਕੇਂਦਰ ਦੇ ਇਸ ਕਦਮ ਵਿਰੁੱਧ ਮੁੱਖ ਮੰਤਰੀ ਨੇ ਕਿਹਾ ਕਿ ਇਹ ਵਿਚਾਰ ਅਮਲੀ ਰੂਪ ਵਿੱਚ ਸੰਭਵ ਨਹੀਂ ਹੈ। ਮੁੱਖ ਮੰਤਰੀ ਨੇ ਇਸ ਮਾਮਲੇ ਦੀ ਵਿਸਥਾਰ ਨਾਲ ਜਾਂਚ ਕਰਨ ਲਈ ਕਾਨੂੰਨੀ ਮਾਹਰਾਂ ਦੀ ਇੱਕ ਕਮੇਟੀ ਬਣਾਉਣ ਦਾ ਐਲਾਨ ਕੀਤਾ ਅਤੇ ਕਿਹਾ ਕਿ ਉਹ ਇਸ ਮੁੱਦੇ ਨੂੰ ਕੇਂਦਰ ਸਰਕਾਰ ਕੋਲ ਚੁੱਕਣਗੇ। ਇਸ ਮੁੱਦੇ ਨੂੰ ਇਮਾਨਦਾਰੀ ਅਤੇ ਜਨਤਕ ਵਿਸ਼ਵਾਸ ਦਾ ਵਿਸ਼ਾ ਕਰਾਰ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਅਦਾਲਤਾਂ ਵਿੱਚ ਕਾਨੂੰਨ ਦਾ ਸ਼ਾਸਨ ਅਤੇ ਨੈਤਿਕ ਮਿਆਰ ਸਰਵਉੱਚ ਰਹਿਣੇ ਚਾਹੀਦੇ ਹਨ।

ਉਨ੍ਹਾ ਕਿਹਾ ਕਿ ਉਨ੍ਹਾਂ ਦੀ ਸਰਕਾਰ ਵਕੀਲਾਂ ਦੇ ਹਿੱਤਾਂ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਇੱਥੇ ਬਾਰ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ, "ਪੂਰੇ ਸੂਬੇ ਵਿੱਚ 20 ਕਿਲੋਮੀਟਰ ਦੇ ਦਾਇਰੇ ਵਿੱਚ ਅਦਾਲਤਾਂ ਤੱਕ ਪਹੁੰਚ ਉਪਲੱਬਧ ਹੈ, ਜਿਸ ਕਾਰਨ ਇਹ ਧਾਰਨਾ ਪੰਜਾਬ ਵਿੱਚ ਅਮਲੀ ਤੌਰ 'ਤੇ ਲਾਗੂ ਨਹੀਂ ਹੁੰਦੀ। ਵਕੀਲ ਪਹਿਲਾਂ ਹੀ ਕੇਂਦਰ ਦੇ ਇਸ ਕਦਮ ਵਿਰੁੱਧ ਸੰਘਰਸ਼ ਕਰ ਰਹੇ ਹਨ, ਕਿਉਂਕਿ ਇਸ ਨਾਲ ਉਨ੍ਹਾਂ ਨੂੰ ਕਾਫੀ ਦਿੱਕਤਾਂ ਆ ਸਕਦੀਆਂ ਹਨ।"

## ਕੰਬੋਡੀਆ 'ਚ ਡਿਜੀਟਲ ਅਰੈਸਟ ਸਕੈਮ ਦਾ ਪਰਦਾਫਾਸ਼

**ਕੰਪੋਟ (ਕੰਬੋਡੀਆ)** : ਕੰਬੋਡੀਆ ਵਿੱਚ ਚੱਲ ਰਹੇ ਕੌਮਾਂਤਰੀ ਔਨਲਾਈਨ ਠੱਗੀ ਦੇ ਕਾਰੋਬਾਰ ਵਿਰੁੱਧ ਉੱਥੋਂ ਦੀ ਸਰਕਾਰ ਨੇ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਕੀਤੀ ਹੈ। ਕੰਪੋਟ ਸੂਬੇ ਵਿੱਚ ਇੱਕ ਵਿਸ਼ਾਲ ਕੰਪਲੈਕਸ 'ਤੇ ਹੋਈ ਛਾਪੇਮਾਰੀ ਦੌਰਾਨ ਹੈਰਾਨ ਕਰਨ ਵਾਲੇ ਖੁਲਾਸੇ ਹੋਏ ਹਨ। ਇੱਥੇ ਭਾਰਤੀਆਂ ਨੂੰ 'ਡਿਜੀਟਲ ਅਰੈਸਟ' ਰਾਹੀਂ ਠੱਗਣ ਲਈ ਬਕਾਇਦਾ ਇੱਕ ਫਰਜ਼ੀ ਭਾਰਤੀ ਪੁਲਸ ਸਟੇਸ਼ਨ ਬਣਾਇਆ ਗਿਆ ਸੀ, ਜਿਸ ਵਿੱਚ ਭਾਰਤ ਦਾ ਤਿਰੰਗਾ ਝੰਡਾ ਅਤੇ ਮਹਾਤਮਾ ਗਾਂਧੀ ਦੀਆਂ ਤਸਵੀਰਾਂ ਲਗਾਈਆਂ ਗਈਆਂ ਸਨ। ਇੱਥੇ ਬੈਠੇ ਠੱਗ ਭਾਰਤੀ ਪੁਲਸ ਅਧਿਕਾਰੀ ਬਣ ਕੇ ਵੀਡੀਓ ਕਾਲ ਰਾਹੀਂ ਲੋਕਾਂ ਨੂੰ ਡਰਾਉਂਦੇ ਸਨ ਅਤੇ ਕਰੋੜਾਂ ਰੁਪਏ ਦੀ ਠੱਗੀ ਮਾਰਦੇ ਸਨ। ਸੀਨੀਅਰ ਮੰਤਰੀ ਛਾਏ ਸਿਨਾਰਿਥ ਨੇ ਦੱਸਿਆ ਕਿ ਹੁਣ ਤੱਕ ਲੱਗਭੱਗ 190 ਅਜਿਹੇ ਕੇਂਦਰਾਂ ਨੂੰ ਸੀਲ ਕਰ ਦਿੱਤਾ ਗਿਆ ਹੈ ਅਤੇ 173 ਮੁੱਖ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਜਾਂਚ ਦੌਰਾਨ ਪਤਾ ਲੱਗਾ ਕਿ ਇਸ ਧੰਦੇ ਵਿੱਚ ਲੱਗਭੱਗ 11,000 ਕਰਮਚਾਰੀ ਸ਼ਾਮਲ ਸਨ, ਜਿਨ੍ਹਾਂ ਨੂੰ ਵਾਪਸ ਭੇਜ ਦਿੱਤਾ ਗਿਆ ਹੈ।

ਜਦੋਂ ਪੁਲਸ ਇਸ ਕੇਂਦਰ 'ਤੇ ਪਹੁੰਚੀ ਤਾਂ ਉੱਥੋਂ 6,000 ਤੋਂ 7,000 ਦੇ ਕਰੀਬ ਲੋਕ ਭੱਜਣ ਵਿੱਚ ਕਾਮਯਾਬ ਹੋ ਗਏ।

## ਮੀਡੀਆ ਅੱਖਾਂ ਬੰਦ ਕਰਕੇ ਭਾਜਪਾ ਨਿਰਦੇਸ਼ਾਂ ਦੀ ਕਰਦਾ ਹੈ ਪਾਲਣਾ : ਰਾਹੁਲ



**ਨਵੀਂ ਦਿੱਲੀ** : ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਮੀਡੀਆ ਉਪਰ ਭਾਜਪਾ ਨਿਰਦੇਸ਼ਾਂ ਦੀ ਅੱਖਾਂ ਬੰਦ ਕਰ ਕੇ ਪਾਲਣਾ ਕਰਨ ਦਾ ਦੋਸ਼ ਲਗਾਉਂਦੇ ਹੋਏ ਇਸ ਨੂੰ ਦੇਸ਼ ਲਈ ਗਲਤ ਦੱਸਿਆ।

ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕਾਂਗਰਸ ਨੇਤਾ ਨੇ ਕਿਹਾ, 'ਤੁਸੀਂ ਪੂਰੀ ਤਰ੍ਹਾਂ ਭਾਜਪਾ ਲਈ ਕੰਮ ਨਹੀਂ ਕਰ ਰਹੇ ਹੋ। ਘੱਟੋ-ਘੱਟ ਥੋੜ੍ਹੀ ਜਿਹੀ ਉਦੇਸ਼ਪੂਰਨ ਚੀਜ਼ ਕਰਨ ਦੀ ਕੋਸ਼ਿਸ਼ ਕਰੋ, ਇਹ ਸੱਚਮੁੱਚ ਸ਼ਰਮਨਾਕ ਹੋ ਜਾਂਦਾ ਹੈ... ਇਹ ਬਹੁਤ ਜ਼ਿਆਦਾ ਹੈ। ਤੁਸੀਂ ਜ਼ਿੰਮੇਵਾਰ ਲੋਕ ਹੋ। ਤੁਸੀਂ ਮੀਡੀਆ ਦੇ ਲੋਕ ਹੋ, ਤੁਹਾਡੀ ਜ਼ਿੰਮੇਵਾਰੀ ਹੈ ਕਿ ਤੁਸੀਂ ਨਿਰਪੱਖ ਰਹੋ। ਤੁਸੀਂ ਸਿਰਫ਼ ਉਨ੍ਹਾਂ ਦੀ ਗੱਲ ਨਹੀਂ ਮੰਨ ਸਕਦੇ... ਹਰ ਰੋਜ਼, ਤੁਸੀ ਆਪਣਾ ਪੂਰਾ ਸ਼ੋਅ ਉਨ੍ਹਾਂ ਉਪਰ ਚਲਾਉਂਦੇ ਹੋ। ਤੁਸੀਂ ਇਸ ਦੇਸ਼ ਦਾ ਨੁਕਸਾਨ ਕਰ ਰਹੇ ਹੋ।'

## ਅੱਜ-ਨਾਮਾ

ਜੇ ਤਾਂ ਕਰਨ ਜੋਗਾ, ਕਰ ਤੂੰ ਭਲੀ ਬੇਲੀ,  
ਸਕਦਾ ਛੱਡ, ਬੁਰਾਈਆਂ ਤੂੰ ਛੱਡ ਬੇਲੀ।  
ਅਕਲਾਂ ਵਾਲੇ ਬੁਰਾਈ ਨਹੀਂ ਕਦੇ ਕਰਦੇ,  
ਕਰਦੇ ਆ ਮੂਰਖ ਜਾਂ ਲੋਕ ਉਜੱਡ ਬੇਲੀ।  
ਪਕੜੇ ਜਾਂਦੇ ਤਾਂ ਜਾਣਾ ਫਿਰ ਜੇਲ੍ਹ ਪੈਂਦਾ,  
ਮਿਲਦੀ ਨਮੋਸ਼ੀ ਚੁਪਾਸੇ ਦੀ ਅੱਡ ਬੇਲੀ।  
ਕਿਉਂ ਨਾ ਨੇਕੀ-ਭਲਾਈ ਦਾ ਕੰਮ ਹੁੰਦਾ,  
ਫਸਦੀ ਬੁਰੇ ਤੋਂ ਬਿਨਾਂ ਨਹੀਂ ਗੱਡ ਬੇਲੀ।  
ਹੁੱਲੜਬਾਜ਼ੀ ਜਦ ਸਿਖਰ ਹੈ ਛੋਹੀ ਜਾਂਦੀ,  
ਰਹਿਣੀ ਬਾਤ ਨਾ ਬਾਹਰ-ਬਾਜ਼ਾਰ ਬੇਲੀ।  
ਇੱਕ ਦਿਨ ਘਰਾਂ ਦੇ ਤੱਕ ਜੇ ਆ ਪਹੁੰਚੀ,  
ਦੁਖੀਆ ਦਿੱਸੂ ਫਿਰ ਸਾਰਾ ਸੰਸਾਰ ਬੇਲੀ।

-ਤੀਸ ਮਾਰ ਖਾਂ

# ਸੈਣੀ ਨੇ ਮੈਨੂੰ ਖਰੀਦਣ ਦੀ ਕੋਸ਼ਿਸ਼ ਕੀਤੀ : ਭਰਾਜ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਗੰਭੀਰ ਦੋਸ਼ ਲਾਏ ਕਿ ਭਾਜਪਾ ਦੇ 'ਅਪਰੇਸ਼ਨ ਲੋਟਸ' ਤਹਿਤ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਨ੍ਹਾ ਨਾਲ ਸੰਪਰਕ ਸਾਧਿਆ ਅਤੇ ਉਨ੍ਹਾ ਨੂੰ ਬੰਦ ਕਮਰਾ ਮੀਟਿੰਗ ਕਰਨ ਸਮੇਤ ਭਾਜਪਾ ਦੀ ਟਿਕਟ ਅਤੇ ਮਨ-ਮੰਗੀਆਂ ਸ਼ਰਤਾਂ ਪੂਰੀਆਂ ਕਰਨ ਦੀ ਵੱਡੀ ਪੇਸ਼ਕਸ਼ ਕੀਤੀ ਹੈ।

ਵੀਰਵਾਰ ਪਾਰਟੀ ਦਫਤਰ ਵਿਖੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਭਰਾਜ ਨੇ ਕਿਹਾ ਕਿ ਭਾਜਪਾ ਪੂਰੇ ਦੇਸ਼ ਵਿੱਚ ਚੁਣੀਆਂ ਹੋਈਆਂ ਸਰਕਾਰਾਂ ਨੂੰ ਡੇਗਣ ਲਈ 'ਅਪਰੇਸ਼ਨ ਲੋਟਸ' ਚਲਾ ਰਹੀ ਹੈ। ਪਿਛਲੇ ਦਿਨੀਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਹਨਾ ਨਾਲ ਰਾਬਤਾ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾ ਮੈਨੂੰ ਸੰਗਰੂਰ ਤੋਂ ਭਾਜਪਾ ਦੀ ਟਿਕਟ ਦੇਣ ਦਾ ਲਾਲਚ ਦਿੱਤਾ ਅਤੇ ਕਿਹਾ ਕਿ ਮੇਰੀ ਕੋਈ ਵੀ ਮੰਗ ਹੋਵੇ, ਉਹ ਪੂਰੀ ਕੀਤੀ ਜਾਵੇਗੀ। ਭਰਾਜ ਨੇ ਕਿਹਾ ਕਿ ਉਹ 2014 ਵਿੱਚ ਮਹਿਜ਼ 19 ਸਾਲ ਦੀ ਉਮਰ ਵਿੱਚ ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਪਾਰਟੀ ਨਾਲ ਜੁੜੀ ਸੀ। ਇੱਕ ਛੋਟੇ ਜਿਹੇ ਕਿਸਾਨ ਦੀ ਧੀ ਨੂੰ 27 ਸਾਲ ਦੀ ਉਮਰ ਵਿੱਚ ਵਿਧਾਇਕ ਬਣਾਉਣ ਦਾ ਮਾਣ ਸਿਰਫ ਆਮ ਆਦਮੀ ਪਾਰਟੀ ਹੀ ਦੇ ਸਕਦੀ ਹੈ।

ਹਰਿਆਣਾ ਦੇ ਮੁੱਖ ਮੰਤਰੀ 'ਤੇ ਸਿੱਧਾ ਹਮਲਾ ਕਰਦਿਆਂ ਭਰਾਜ ਨੇ ਕਿਹਾ ਕਿ ਸੈਣੀ ਸਾਹਿਬ ਜਿਸ ਤਰ੍ਹਾਂ ਅੱਜਕੱਲ੍ਹ ਪੰਜਾਬ ਦੀਆਂ ਗਲੀਆਂ ਵਿੱਚ ਘੁੰਮ ਰਹੇ ਹਨ, ਲੱਗਦਾ ਹੈ ਭਾਜਪਾ ਨੇ ਉਨ੍ਹਾਂ ਨੂੰ ਡੈਪੂਟੇਸ਼ਨ 'ਤੇ ਪੰਜਾਬ ਭੇਜ ਦਿੱਤਾ ਹੈ। ਉਨ੍ਹਾ ਨੂੰ ਸਲਾਹ ਹੈ ਕਿ ਉਹ ਮੇਰੀ ਫਿਕਰ ਛੱਡ ਕੇ ਹਰਿਆਣਾ ਦੀ ਫਿਕਰ ਕਰਨ। ਪੰਜਾਬ ਦੇ ਲੋਕ ਅਤੇ 'ਆਪ' ਦੇ ਵਿਧਾਇਕ ਚੱਟਾਨ ਵਾਂਗ ਮਾਨ ਸਾਹਿਬ ਅਤੇ ਕੇਜਰੀਵਾਲ ਨਾਲ ਖੜ੍ਹੇ ਹਨ।

## 'ਆਪ' ਦੇ ਵਿਧਾਇਕ ਵਿਕਾਊ ਨਹੀਂ : ਬਲਤੇਜ ਪੰਨੂ



ਬਲਤੇਜ ਪੰਨੂ ਨੇ ਸੈਣੀ ਅਤੇ ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਫਿਰ ਤੋਂ 'ਅਪਰੇਸ਼ਨ ਲੋਟਸ' ਰਾਹੀਂ ਲੋਕਤੰਤਰ ਦਾ ਘਾਣ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ। ਪੰਨੂ ਨੇ ਸੈਣੀ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਸੈਣੀ ਸਾਹਿਬ ਆਪਣਾ 'ਹਰਿਆਣਾ ਮਾਡਲ' ਉੱਥੇ ਹੀ ਰੱਖਣ, ਜਿੱਥੇ ਜਨਤਾ ਮਹਿੰਗੀ ਬਿਜਲੀ ਨਾਲ ਪਿਸ ਰਹੀ ਹੈ।

ਉਨ੍ਹਾ ਭਾਜਪਾ ਨੂੰ ਚਿਤਾਵਨੀ ਦਿੱਤੀ ਕਿ ਇਹ 'ਫਾਰ ਸੇਲ' (ਵਿਕਾਊ) ਦਾ ਫੱਟਾ ਕਿਸੇ ਹੋਰ ਸੂਬੇ ਵਿੱਚ ਜਾ ਕੇ ਲਗਾਉਣ, ਕਿਉਂਕਿ ਪੰਜਾਬ ਦਾ ਨਾ ਤਾਂ ਕੋਈ ਵਿਧਾਇਕ ਵਿਕਾਊ ਹੈ ਅਤੇ ਨਾ ਹੀ ਕੋਈ ਵਰਕਰ। ਬਲਤੇਜ ਪੰਨੂ ਨੇ ਨਾਇਬ ਸੈਣੀ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਦੇ ਅਹੁਦੇ ਦੀ ਇੱਕ ਮਰਿਆਦਾ ਹੁੰਦੀ ਹੈ, ਜਿਸ ਨੂੰ ਸਮਝਣਾ ਅਤੇ ਲਾਗੂ ਕਰਨਾ ਬੇਹੱਦ ਜ਼ਰੂਰੀ ਹੈ।

## 9 ਕਰੋੜ ਦੇ ਜੀ ਐੱਸ ਟੀ ਘੁਟਾਲੇ 'ਚ ਲੁਧਿਆਣਾ ਦਾ ਕਾਰੋਬਾਰੀ ਗ੍ਰਿਫ਼ਤਾਰ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**




ਵਿੱਤ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਲੁਧਿਆਣਾ ਦੇ ਇੱਕ ਕਾਰੋਬਾਰੀ ਨੂੰ 9 ਕਰੋੜ ਰੁਪਏ ਦੇ ਜੀ ਐੱਸ ਟੀ ਘੁਟਾਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ, ਜਦਕਿ ਇੱਕ ਆਬਕਾਰੀ ਤੇ ਕਰ-ਇੰਸਪੈਕਟਰ ਨੂੰ ਲੰਮੇ ਸਮੇਂ ਤੋਂ ਬਿਨਾਂ ਦੱਸੇ ਗੈਰ-ਹਾਜ਼ਰ ਰਹਿਣ ਕਾਰਨ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ।ਚੀਮਾ ਨੇ ਦੱਸਿਆ ਕਿ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ (ਸਿਪੂ) ਲੁਧਿਆਣਾ ਵੱਲੋਂ ਕੀਤੀ ਗਈ ਇੱਕ ਵੱਡੀ ਕਾਰਵਾਈ ਦੌਰਾਨ ਕਰ ਵਿਭਾਗ ਨੇ ਮੈਸਰਜ਼ ਐੱਮ ਏ ਏ ਸਟੀਲ ਲੁਧਿਆਣਾ ਦੇ ਮਾਲਕ ਰੋਹਿਤ ਗੁਪਤਾ ਨੂੰ ਗ੍ਰਿਫ਼ਤਾਰ ਕੀਤਾ ਹੈ।ਮੈਸਰਜ਼ ਐੱਮ ਏ ਏ ਸਟੀਲ ਵੱਲੋਂ ਬਿਨਾਂ ਕਿਸੇ ਅਸਲ ਸਪਲਾਈ ਦੇ ਐੱਚ ਆਰ /ਸੀ ਆਰ ਕੋਇਲਜ਼ ਅਤੇ ਸਟ੍ਰਿਪਸ ਦੇ ਜਾਲ੍ਹੀ ਇਨਵਾਇਸ ਜਾਰੀ ਕੀਤੇ ਜਾ ਰਹੇ ਸਨ।ਇਸ ਧੋਖਾਧੜੀ ਵਾਲੇ ਨੈੱਟਵਰਕ ਰਾਹੀਂ 9 ਕਰੋੜ ਰੁਪਏ ਤੋਂ ਵੱਧ ਦਾ ਇਨਪੁਟ ਟੈਕਸ ਕ੍ਰੈਡਿਟ (ਆਈ ਟੀ ਸੀ) ਵੱਖ-ਵੱਖ ਲਾਭਪਾਤਰੀਆਂ ਨੂੰ ਦਿੱਤਾ ਗਿਆ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਸਿੱਧਾ ਅਤੇ ਵੱਡਾ ਨੁਕਸਾਨ ਹੋਇਆ। ਉਨ੍ਹਾ ਕਿਹਾ ਕਿ ਸਾਈਕਲ ਪਾਰਟਸ ਅਤੇ ਸਪੇਅਰ ਪਾਰਟਸ ਦੇ ਕਈ ਨਿਰਮਾਤਾਵਾਂ ਦੀ ਜਾਂਚ ਕਰ ਰਹੇ ਹਾਂ, ਜਿਨ੍ਹਾਂ ਦੇ ਇਸ ਘੁਟਾਲੇ 'ਚ ਸ਼ਾਮਲ ਹੋਣ ਦਾ ਸ਼ੱਕ ਹੈ।ਇਹ ਇਕਾਈਆਂ ਗਲਤ ਤਰੀਕੇ ਨਾਲ ਐਕਸਪੋਰਟ ਰਿਫੰਡ ਜਾਂ ਇਨਵਰਟਿਡ ਡਿਊਟੀ ਸਟ੍ਰਕਚਰ ਰਾਹੀਂ ਲਾਭ ਲੈਣ ਲਈ ਜਾਂਚ ਦੇ ਘੇਰੇ ਵਿੱਚ ਹਨ।ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਮੇ ਸਮੇਂ ਤੋਂ ਗੈਰ-ਹਾਜ਼ਰ ਰਹਿਣ ਕਾਰਨ ਪੰਜਾਬ ਸਿਵਲ ਸਰਵਿਸਿਜ਼ (ਸਜ਼ਾ ਅਤੇ ਅਪੀਲ) ਨਿਯਮ, 1970 ਤਹਿਤ ਬਰਖਾਸਤ ਕਰ ਦਿੱਤਾ ਗਿਆ ਹੈ।

13-FEB-PAGE-1.qxd 2/12/2026 9:38 PM Page 2



## ਡਾ. ਅੰਕੁਰ ਨਰੂਲਾ 'ਗਲੋਬਲ ਸ਼ੈਫਰਡ' ਐਵਾਰਡ ਨਾਲ ਸਨਮਾਨਤ



**ਫਰੀਦਕੋਟ (ਅਲੈਗਜ਼ੈਂਡਰ ਡਿਸੂਜਾ)**-ਚਰਚ ਆਫ਼ ਸਾਇੰਸ ਐਂਡ ਵੰਡਰਜ਼ ਦੇ ਮੁਖੀ, ਰਸੂਲ ਡਾ. ਅੰਕੁਰ ਨਰੂਲਾ ਨੂੰ ਪਾਪੂਆ ਨਿਊ ਗਿਨੀ ਸਰਕਾਰ ਵੱਲੋਂ ਵੱਕਾਰੀ 'ਗਲੋਬਲ ਸ਼ੈਫਰਡ' ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਪੁਰਸਕਾਰ ਉਨ੍ਹਾਂ ਨੂੰ ਹਾਲ ਹੀ ਵਿੱਚ ਪਾਪੂਆ ਨਿਊ ਗਿਨੀ ਵਿੱਚ ਇੱਕ ਵਿਸ਼ੇਸ਼ ਸਮਾਗਮ ਵਿੱਚ ਪੇਸ਼ ਕੀਤਾ ਗਿਆ ਸੀ।ਇਹ ਪੁਰਸਕਾਰ ਪਾਪੂਆ ਨਿਊ ਗਿਨੀ ਦੇ ਪ੍ਰਧਾਨ ਮੰਤਰੀ ਜੇਮਜ਼ ਮਾਰਾਪੇ ਵੱਲੋਂ ਪੇਸ਼ ਕੀਤਾ ਗਿਆ।ਇਸ ਮੌਕੇ ਬੋਲਦਿਆਂ ਪ੍ਰਧਾਨ ਮੰਤਰੀ ਮਾਰਾਪੇ ਨੇ ਕਿਹਾ ਕਿ ਦੁਨੀਆ ਭਰ ਵਿੱਚ ਵਿਸ਼ਵਾਸ ਫੈਲਾਉਣ ਤੇ ਲੋਕਾਂ ਦੇ ਜੀਵਨ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਲਈ ਰਸੂਲ ਨਰੂਲਾ ਦੇ ਯਤਨ ਬੇਮਿਸਾਲ ਹਨ।ਡਾ. ਅੰਕੁਰ ਨਰੂਲਾ ਨੂੰ ਇਹ ਪੁਰਸਕਾਰ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨਾਂ ਲਈ ਦਿੱਤਾ ਗਿਆ ਹੈ।

## ਸੰਤ ਗਿਆਨੀ ਵੀਰ ਸਿੰਘ ਖਾਲਸਾ ਦੀ ਬਰਸੀ 21 ਨੂੰ



**ਅਜੀਤਵਾਲ (ਨਛੱਤਰ ਸੰਧੂ)**-ਇਥੋਂ ਨੇੜਲੇ ਪਿੰਡ ਮੱਦੋਕੇ ਦੇ ਗੁਰਦੁਆਰਾ ਗੁਰੂਸਰ ਪਾਤਿਸ਼ਾਹੀ ਛੇਵੀਂ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਛਤਰ ਛਾਇਆ ਹੇਠ ਇਸ ਸਥਾਨ 'ਤੇ ਸਮੂਹ ਮਹਾਂਪੁਰਖਾਂ ਤੇ ਸੰਤ ਗਿਆਨੀ ਵੀਰ ਸਿੰਘ ਜੀ ਖਾਲਸਾ ਮੱਦੋਕੇ ਵਾਲਿਆਂ ਦੀ ਛੇਵੀਂ ਬਰਸੀ 21 ਫਰਵਰੀ ਸ਼ਨੀਵਾਰ ਨੂੰ ਪਿੰਡ ਦੀਆਂ ਸਮੂਹ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਸੁਖਮੰਦਰ ਸਿੰਘ ਤੇ ਮੈਨੇਜਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਪੰਥ ਦੇ ਮਹਾਨ ਵਿਦਵਾਨ ਗਿਆਨੀ, ਕੀਰਤਨੀ ਜਥੇ ਪੰਥ ਪ੍ਰਸਿੱਧ ਮਹਾਂਪੁਰਸ਼ ਪਹੁੰਚ ਕੇ ਸੰਗਤਾਂ ਨੂੰ ਸੰਬੋਧਨ ਕਰਨਗੇ।ਉਨ੍ਹਾਂ ਦੱਸਿਆ ਕਿ ਸਵੇਰੇ 8 ਵਜੇ ਭੋਗ ਪਾਏ ਜਾਣਗੇ, ਉਪਰੰਤ ਕਥਾ ਕੀਰਤਨ ਹੋਵੇਗਾ।ਉਨ੍ਹਾਂ ਦੱਸਿਆ ਕਿ 23 ਫਰਵਰੀ ਨੂੰ ਅਮ੍ਰਿਤ ਸੰਚਾਰ ਹੋਵੇਗਾ।

## ਬੱਲੂਆਣਾ 'ਚ 9 ਨੌਜਵਾਨਾਂ ਦੀ ਮੌਤ ਮਗਰੋਂ ਵੀ ਪੁਲਸ ਖਾਮੋਸ਼



**ਜਲਾਲਾਬਾਦ (ਬਲਵਿੰਦਰ ਸਿੰਘ, ਰਣਬੀਰ ਕੌਰ)** ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਬੱਲੂਆਣਾ ਦਲਿਤ ਬਸਤੀ ਵਿੱਚ ਭਾਰੀ ਝਟਕਾ ਲੱਗਾ ਹੈ।ਪਿੰਡ 'ਚ ਚਿੱਟੇ ਸਮੇਤ ਹੋਰ ਨਸ਼ਿਆਂ ਦਾ ਕਾਰੋਬਾਰ ਸਰੇਆਮ ਚੱਲ ਰਿਹਾ ਹੈ ਤੇ ਇਹ ਸਭ ਕੁਝ ਥਾਣਾ ਸਿਟੀ ਦੀ ਨੱਕ ਹੇਠ ਹੋਣ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਅੱਖਾਂ ਬੰਦ ਕਰਕੇ ਬੈਠਾ ਹੈ।ਇਸ ਲਾਪ੍ਰਵਾਹੀ ਵਿਰੁੱਧ ਗ੍ਰਾਮ ਪੰਚਾਇਤ ਦੀ ਅਗਵਾਈ ਹੇਠ ਸੈਂਕੜਿਆਂ ਪਿੰਡ ਵਾਸੀਆਂ ਨੇ ਥਾਣਾ ਸਿਟੀ ਦਾ ਘਿਰਾਓ ਕਰਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਤੇ ਪੁਲਸ ਖ਼ਿਲਾਫ਼ ਤਿੱਖੀ ਨਾਅਰੇਬਾਜ਼ੀ ਕੀਤੀ।ਰੋਸ ਵਿਖਾਵੇ ਤੋਂ ਪਹਿਲਾਂ ਪਿੰਡ ਵਿੱਚ ਵੱਡਾ ਇਕੱਠ ਕੀਤਾ ਗਿਆ, ਜਿੱਥੇ ਨਸ਼ਿਆਂ ਦੀ ਰੋਕਥਾਮ ਸਬੰਧੀ ਮਤਾ ਪਾਸ ਕੀਤਾ ਗਿਆ।ਗ੍ਰਾਮ ਪੰਚਾਇਤ ਦੀ ਮਹਿਲਾ ਸਰਪੰਚ ਦੇ ਪਤੀ ਅਨਿਲ ਕੁਮਾਰ, ਸਾਬਕਾ ਸਰਪੰਚ ਤਿਲਕ ਰਾਜ, ਸਾਬਕਾ ਸਰਪੰਚ ਦੁਲੀ ਚੰਦ ਭੱਲਾ, ਪੰਚਾਇਤ ਮੈਂਬਰ ਸੂਰਜ ਕੁਮਾਰ, ਟਿੰਕੂ ਕੁਮਾਰ, ਰਾਮ ਪ੍ਰਸਾਦ, ਸ਼ਿਸ਼ੂ ਰਾਮ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।ਸਭ ਨੇ ਇਕ ਸੁਰ ਵਿੱਚ ਪੁਲਸ ਪ੍ਰਸ਼ਾਸਨ ਨੂੰ ਸਿੱਧਾ ਦੋਸ਼ੀ ਕਰਾਰ ਦਿੰਦਿਆਂ ਕਿਹਾ ਕਿ ਜੇ ਹੁਣ ਵੀ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਹੋਈ ਤਾਂ ਅਗਲਾ ਸੰਘਰਸ਼ ਸਿਰਫ਼ ਥਾਣੇ ਤੱਕ ਸੀਮਤ ਨਹੀਂ ਰਹੇਗਾ, ਸਗੋਂ ਉੱਚ ਅਧਿਕਾਰੀਆਂ ਦੇ ਦਫ਼ਤਰਾਂ ਤੱਕ ਲਿਜਾਇਆ ਜਾਵੇਗਾ।ਇਸ ਦੌਰਾਨ ਇੱਕ ਨੌਜਵਾਨ ਨੇ ਸਭ ਦੇ ਸਾਹਮਣੇ ਖੁਲਾਸਾ ਕੀਤਾ ਕਿ ਉਹ ਉਹ ਪਿੰਡ ਵਿੱਚ ਨਸ਼ਾ ਵੇਚਣਗੇ ਅਤੇ ਉਨ੍ਹਾਂ ਨੂੰ ਕਿਸੇ ਕਿਸਮ ਦਾ ਡਰ ਨਹੀਂ।ਇਸ ਖੁਲਾਸੇ ਤੋਂ ਬਾਅਦ ਪਿੰਡ ਦਾ ਮਾਹੌਲ ਗੁੱਸੇ ਨਾਲ ਭਰ ਗਿਆ ਤੇ ਲੋਕ ਸਿੱਧੇ ਥਾਣਾ ਸਿਟੀ ਵੱਲ ਰੁਖ ਕਰ ਗਏ।ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਨਸ਼ਿਆਂ ਕਾਰਨ ਹੁਣ ਤੱਕ ਪਿੰਡ ਦੇ 9 ਨੌਜਵਾਨ ਮੌਤ ਦੇ ਮੂੰਹ ਵਿੱਚ ਸਮਾ ਚੁੱਕੇ ਹਨ, ਪਰ ਪੁਲਸ ਨੇ ਨਾ ਤਾਂ ਕਿਸੇ ਵੱਡੇ ਤਸਕਰ ਨੂੰ ਫੜਿਆ, ਨਾ ਹੀ ਕਿਸੇ ਮਜ਼ਬੂਤ ਕਾਰਵਾਈ ਦੀ ਉਦਾਹਰਨ ਦਿੱਤੀ।ਪਿੰਡ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਨੂੰ ਆਖ਼ਰੀ ਚੇਤਾਵਨੀ ਦਿੰਦਿਆਂ ਕਿਹਾ ਕਿ ਜਾਂ ਤਾਂ ਪੁਲਸ ਨਸ਼ਿਆਂ ਦਾ ਕਾਰੋਬਾਰ ਪੂਰੀ ਤਰ੍ਹਾਂ ਬੰਦ ਕਰੇ, ਜਾਂ ਫਿਰ ਲੋਕ ਆਪਣੇ ਪਿੰਡ ਦਾ ਭਵਿੱਖ ਬਚਾਉਣ ਲਈ ਪੁਲਿਸ ਦੇ ਖਿਲਾਫ਼ ਸੜਕਾਂ ਤੋਂ ਉਤਰ ਕੇ ਰੋਸ ਪ੍ਰਦਰਸ਼ਨ ਕਰਨਗੇ।ਪਿੰਡ ਵਾਸੀਆਂ ਨੇ ਥਾਣਾ ਸਿਟੀ ਦੇ ਐਸਐਚਓ ਅੰਗਰੇਜ਼ ਕੁਮਾਰ 'ਤੇ ਸਿੱਧੇ ਤੌਰ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਲਾਪ੍ਰਵਾਹੀ ਤੇ ਨਿਸ਼ਕ੍ਰਿਯਤਾ ਕਾਰਨ ਹੀ ਪਿੰਡ ਨਸ਼ਿਆਂ ਦਾ ਅੱਡਾ ਬਣ ਚੁੱਕਾ ਹੈ।ਲੋਕਾਂ ਦਾ ਕਹਿਣਾ ਸੀ ਕਿ ਐਸਐਚਓ ਨੂੰ ਪਿੰਡ ਵਿੱਚ ਨਸ਼ਾ ਵੇਚਣ ਵਾਲਿਆਂ ਦੇ ਨਾਂ ਅਤੇ ਠਿਕਾਣਿਆਂ ਦੀ ਪੂਰੀ ਜਾਣਕਾਰੀ ਹੋਣ ਦੇ ਬਾਵਜੂਦ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ, ਜੋ ਸਿੱਧੀ ਤਰ੍ਹਾਂ ਪੁਲਿਸ ਦੀ ਭੂਮਿਕਾ 'ਤੇ ਸਵਾਲ ਖੜੇ ਕਰਦੀ ਹੈ।

## ਬੇਟੀ ਦੇ ਜਨਮ ਦਿਨ ਦੀ ਖੁਸ਼ੀ 'ਚ ਗੁੱਡ ਮੌਰਨਿੰਗ ਕਲੱਬ ਨੂੰ 2100 ਰੁਪਏ ਭੇਟ



**ਕੋਟਕਪੂਰਾ (ਰਛਪਾਲ ਭੁੱਲਰ)**-ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਲਗਾਤਾਰ ਯਤਨਸ਼ੀਲ ਰਹਿਣ ਵਾਲੀ ਵਿਸ਼ਵ ਪ੍ਰਸਿੱਧ ਸੰਸਥਾ 'ਗੁੱਡ ਮੌਰਨਿੰਗ ਵੈੱਲਫੇਅਰ ਕਲੱਬ' ਦੇ ਉੱਪ ਚੇਅਰਮੈਨ ਸੁਨੀਲ ਕੁਮਾਰ ਬਿੱਟਾ ਗਰੋਵਰ ਨੇ ਆਪਣੀ ਹੋਣਹਾਰ ਬੇਟੀ ਰੀਆ ਗਰੋਵਰ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕਲੱਬ ਦੇ ਸੇਵਾ ਕਾਰਜਾਂ ਵਿੱਚ ਯੋਗਦਾਨ ਪਾਉਣ ਲਈ 2100 ਰੁਪਏ ਦੀ ਰਾਸ਼ੀ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਵਿੱਤ ਸਕੱਤਰ ਜਸਕਰਨ ਸਿੰਘ ਭੱਟੀ ਤੇ ਸਹਾਇਕ ਖਜ਼ਾਨਚੀ ਓਮ ਪ੍ਰਕਾਸ਼ ਗੁਪਤਾ ਨੂੰ ਸੌਂਪਦਿਆਂ ਆਖਿਆ ਕਿ ਉਸ ਨੂੰ ਕਲੱਬ ਦਾ ਅਹੁਦੇਦਾਰ ਬਣਨ 'ਤੇ ਫ਼ਖ਼ਰ ਹੈ, ਕਿਉਂਕਿ ਇਸ ਕਲੱਬ ਦਾ ਨਾਮ ਦੁਨੀਆ ਦੇ ਕੋਨੇ ਕੋਨੇ ਵਿੱਚ ਬੈਠੇ ਪੰਜਾਬੀ ਬੜੇ ਸਤਿਕਾਰ ਨਾਲ ਲੈਂਦੇ ਹਨ।ਕਲੱਬ ਦੇ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਮੀਤਾ ਤੇ ਸਹਾਇਕ ਪ੍ਰੈੱਸ ਸਕੱਤਰ ਸਰਨ ਕੁਮਾਰ ਮੁਤਾਬਿਕ ਡਾ. ਰਵਿੰਦਰਪਾਲ ਕੋਛੜ ਦੀ ਅਗਵਾਈ ਹੇਠ ਪਹਿਲਾਂ ਕਲੱਬ ਦੇ ਮੰਚ 'ਤੇ ਚਾਹ ਪਾਰਟੀ ਕੀਤੀ ਗਈ, ਜਿਸ ਦੌਰਾਨ ਸਾਰਿਆਂ ਨੇ ਗਰੋਵਰ ਪਰਵਾਰ ਨੂੰ ਮੁਬਾਰਕਬਾਦ ਦਿੰਦਿਆਂ ਹੋਣਹਾਰ ਬੇਟੀ ਦੇ ਚੰਗੇਰੇ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਡਾ. ਦੇਵ ਰਾਜ ਤੇ ਗੁਰਚਰਨ ਸਿੰਘ ਬੱਬੂ ਨੇ ਸ਼ੇਅਰਾਂ ਤੇ ਚੁਟਕਲਿਆਂ ਨਾਲ ਹਾਜ਼ਰੀ ਲਵਾਈ, ਜਦਕਿ ਗੁਰਿੰਦਰ ਸਿੰਘ ਮਹਿੰਦੀਰੱਤਾ ਤੇ ਪ੍ਰੋ. ਐੱਚ. ਐੱਸ. ਪਦਮ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਛੀਵਾੜਾ ਖਾਮ ਦੀ ਚੋਣ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਛੀਵਾੜਾ ਖਾਮ ਦੀ 21 ਮੈਂਬਰੀ ਕਮੇਟੀ ਦੀ ਚੋਣ ਗੁਰੂ ਮਰਿਆਦਾ ਅਨੁਸਾਰ, ਸ਼ਾਂਤੀਪੂਰਨ ਤੇ ਸਹਿਮਤੀ ਨਾਲ ਸੰਪੰਨ ਕੀਤੀ ਗਈ।ਇਸ ਚੋਣ ਦੌਰਾਨ ਸੰਗਤ ਦੀ ਹਾਜ਼ਰੀ ਵਿੱਚ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਗੁਰਪ੍ਰਸ਼ਾਦ ਸਿੰਘ ਹਿਜਾਮਾ ਥੈਰੇਪਿਸਟ ਨੂੰ ਕਮੇਟੀ ਦੇ ਪ੍ਰਧਾਨ ਤੇ ਮੁੱਖ ਮੀਡੀਆ ਇੰਚਾਰਜ ਵਜੋਂ ਚੁਣਿਆ ਗਿਆ।ਇਸ ਤੋਂ ਇਲਾਵ ਗੁਰਪ੍ਰੀਤ ਸਿੰਘ ਗੋਲਡੀ ਕਾਰਜਕਾਰੀ ਪ੍ਰਧਾਨ, ਚੰਚਲ ਸਿੰਘ ਉੱਪ ਪ੍ਰਧਾਨ, ਮਨਪ੍ਰੀਤ ਸਿੰਘ ਬਾਵਾ ਜਰਨਲ ਸਕੱਤਰ, ਰਾਜਵਿੰਦਰ ਸਿੰਘ ਸਕੱਤਰ, ਕਮਲਜੀਤ ਸਿੰਘ ਐਡਵੋਕੇਟ ਕਾਨੂੰਨੀ ਸਲਾਹਕਾਰ, ਸ਼ਿੰਦਰਪਾਲ ਸਿੰਘ ਖਜ਼ਾਨਚੀ, ਸੋਮ ਨਾਥ ਸਹਾਇਕ ਖਜ਼ਾਨਚੀ, ਗੁਰਜਿੰਦਰ ਸਿੰਘ ਸਲਾਹਕਾਰ, ਵਿੱਕੀ ਟੈਂਟ ਪ੍ਰਬੰਧਕ, ਬਲਦੇਵ ਸਿੰਘ ਨਿਗਰਾਨ, ਸੰਤੋਖ ਸਿੰਘ ਪ੍ਰਚਾਰ ਸਕੱਤਰ, ਮਨਪ੍ਰੀਤ ਸਿੰਘ ਡੀ ਜੇ ਮੈਂਬਰ, ਕਮਲ ਮੈਂਬਰ, ਬੁੱਗਾ ਮੈਂਬਰ, ਮਲੂਕਚੰਦ ਮੈਂਬਰ, ਜਗਤਾਰ ਸਿੰਘ ਜੱਗੀ ਮੈਂਬਰ, ਅਮਰਜੀਤ ਸਿੰਘ ਕਾਕਾ ਮੈਂਬਰ, ਸੰਦੀਪ ਸਿੰਘ ਦੀਪੀ ਮੈਂਬਰ, ਅਵਤਾਰ ਸਿੰਘ ਰਾਜੂ ਮੈਂਬਰ ਤੇ ਵਿਕਰਮ ਸਿੰਘ ਦੀ ਬਤੌਰ ਮੈਂਬਰ ਚੋਣ ਕੀਤੀ ਗਈ।ਇਸ ਮੌਕੇ ਨਵੀਂ ਚੁਣੀ ਗਈ ਕਮੇਟੀ ਨੇ ਸੰਗਤ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਗੁਰਦੁਆਰਾ ਸਾਹਿਬ ਦੀ ਸੇਵਾ, ਸੰਭਾਲ ਤੇ ਧਾਰਮਿਕ-ਸਮਾਜਿਕ ਕਾਰਜ ਪੂਰੀ ਇਮਾਨਦਾਰੀ ਤੇ ਪਾਰਦਰਸ਼ਿਤਾ ਨਾਲ ਕੀਤੇ ਜਾਣਗੇ।ਇਸ ਮੌਕੇ ਸੰਗਤ ਵੱਲੋਂ ਨਵੀਂ ਕਮੇਟੀ ਨੂੰ ਵਧਾਈਆਂ ਦਿੱਤੀਆਂ ਗਈਆਂ।

## ਵਾਈਸ ਚਾਂਸਲਰ ਡਾ. ਗਿੱਲ ਨੇ ਕੀਤੀ ਮੁੱਖ ਮੰਤਰੀ ਨਾਲ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨਾਲ ਚੰਡੀਗੜ੍ਹ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਮੁਲਾਕਾਤ ਕੀਤੀ।ਮੀਟਿੰਗ ਦੌਰਾਨ ਸੂਬੇ ਵਿੱਚ ਖੇਡਾਂ ਨੂੰ ਹੁਲਾਰਾ ਦੇਣ ਲਈ ਭਵਿੱਖੀ ਰੂਪ-ਰੇਖਾ ਤਿਆਰ ਕਰਨ ਬਾਰੇ ਵਿਆਪਕ ਚਰਚਾ ਕੀਤੀ ਗਈ।ਮੁੱਖ ਮੰਤਰੀ ਨੇ ਪ੍ਰਗਤੀਸ਼ੀਲ ਤੇ ਅਨੁਸ਼ਾਸਤ ਸਮਾਜ ਦੀ ਸਿਰਜਣਾ ਵਿੱਚ ਖੇਡਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ।ਉਨ੍ਹਾਂ ਡਾ. ਗਿੱਲ ਨੂੰ ਜ਼ਮੀਨੀ ਪੱਧਰ 'ਤੇ ਢਾਂਚੇ ਨੂੰ ਮਜ਼ਬੂਤ ਕਰਨ, ਸ਼ੁਰੂਆਤੀ ਪੜਾਅ 'ਤੇ ਨੌਜਵਾਨ ਪ੍ਰਤਿਭਾ ਦੀ ਪਛਾਣ ਕਰਨ ਤੇ ਯੋਜਨਾਬੱਧ ਸਿਖਲਾਈ ਤੇ ਮਾਰਗਦਰਸ਼ਨ ਨੂੰ ਯਕੀਨੀ ਬਣਾ ਕੇ ਖੇਡਾਂ ਦੇ ਖੇਤਰ ਵਿੱਚ ਵਿਆਪਕ ਤਬਦੀਲੀ ਲਿਆਉਣ ਵਿੱਚ ਅਗਵਾਈ ਕਰਨ ਦੀ ਅਪੀਲ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਖੇਡ ਗਤੀਵਿਧੀਆਂ ਵਿੱਚ ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨਾ ਸਿਰਫ਼ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਜ਼ਰੂਰੀ ਹੈ, ਸਗੋਂ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾਉਣ ਦੇ ਨਾਲ ਨਾਲ ਉਨ੍ਹਾਂ ਨੂੰ ਸਮਾਜ ਵਿੱਚ ਪ੍ਰਚਲਿਤ ਮਾੜੇ ਪ੍ਰਭਾਵਾਂ ਤੋਂ ਦੂਰ ਰੱਖਣ ਲਈ ਵੀ ਬੇਹੱਦ ਜ਼ਰੂਰੀ ਹੈ।ਖੇਡਾਂ ਨੂੰ ਮੁੜ ਸੁਰਜੀਤ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਸੂਬੇ ਭਰ ਵਿੱਚ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ, ਆਧੁਨਿਕ ਸਿਖਲਾਈ ਸਹੂਲਤਾਂ ਤੇ ਕੋਚਿੰਗ ਦੀਆਂ ਵਿਗਿਆਨਕ ਵਿਧੀਆਂ ਨੂੰ ਵਿਕਸਤ ਕਰਨ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਡਾ. ਗਿੱਲ ਨੇ ਮੁੱਖ ਮੰਤਰੀ ਦਾ ਉਨ੍ਹਾਂ ਵਿੱਚ ਵਿਸ਼ਵਾਸ ਪ੍ਰਗਟਾਉਣ ਤੇ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪਣ ਲਈ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਪੁਸ਼ਟੀ ਕੀਤੀ ਕਿ ਉਹ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੇ ਸਨਮਾਨ ਤੇ ਚੁਣੌਤੀ ਵਜੋਂ ਸਵੀਕਾਰ ਕਰਦੇ ਹਨ।ਸੂਬਾ ਸਰਕਾਰ ਦੀਆਂ ਨੀਤੀਆਂ ਤੇ ਦਿਸ਼ਾ-ਨਿਰਦੇਸ਼ਾਂ ਨਾਲ ਪੂਰੀ ਤਰ੍ਹਾਂ ਤਾਲਮੇਲ ਬਣਾਈ ਰੱਖਣ ਦਾ ਭਰੋਸਾ ਦਿੰਦਿਆਂ ਉਨ੍ਹਾਂ ਕਿਹਾ ਕਿ ਉਹ ਪੰਜਾਬ 'ਚ ਖੇਡਾਂ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਾਉਣ ਸਬੰਧੀ ਵਚਨਬੱਧਤਾਵਾਂ ਤੇ ਸਾਂਝੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

## ਮੁਲਾਜ਼ਮ ਮੰਗਾਂ ਨੂੰ ਲੈ ਕੇ ਸਤਿੰਦਰ ਚੱਠਾ ਐੱਫ ਸੀ ਆਈ ਦੇ ਜਨਰਲ ਮੈਨੇਜਰ ਨੂੰ ਮਿਲੇ



**ਧੂਰੀ (ਮਨੋਹਰ ਸਿੰਘ ਸੱਗੂ)**-ਆਲ ਇੰਡੀਆ ਐੱਫ ਸੀ ਆਈ ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਭਾਰਤੀ ਖੁਰਾਕ ਨਿਗਮ ਦੀ ਨਵ-ਨਿਯੁਕਤ ਜਨਰਲ ਮੈਨੇਜਰ ਸ੍ਰੀਮਤੀ ਨਿਤਿਕਾ ਪਵਾਰ ਨਾਲ ਚੰਡੀਗੜ੍ਹ ਵਿਖੇ ਕੀਤੀ ਰਸਮੀ ਮੁਲਾਕਾਤ ਦੌਰਾਨ ਉਨ੍ਹਾਂ ਨੂੰ ਜੀ ਆਇਆਂ ਆਖਿਆ ਤੇ ਮੁਲਾਜ਼ਮਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਮੰਗਾਂ ਵੀ ਸਾਂਝੀਆਂ ਕੀਤੀਆਂ ਅਤੇ ਉਨ੍ਹਾਂ ਨੂੰ ਜਥੇਬੰਦੀ ਦਾ ਕੈਲੰਡਰ ਭੇਟ ਕੀਤਾ।ਸਤਿੰਦਰ ਸਿੰਘ ਚੱਠਾ ਨੇ ਪਰਤਣ 'ਤੇ ਧੂਰੀ ਵਿਖੇ ਦੱਸਿਆ ਕਿ ਭਾਰਤੀ ਖੁਰਾਕ ਨਿਗਮ ਦੀ ਜਨਰਲ ਮੈਨੇਜਰ ਨਾਲ ਹੋਈ ਗੱਲਬਾਤ ਦੌਰਾਨ ਜਨਰਲ ਮੈਨੇਜਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਤੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਪਿਛਲੇ ਲੰਮੇ ਸਮੇਂ ਤੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਦੇ ਆ ਰਹੇ ਹਨ ਤੇ ਆਪਣੇ ਆਖਰੀ ਸਾਹਾਂ ਤੱਕ ਮੁਲਾਜ਼ਮ ਮੰਗਾਂ ਲਈ ਸੰਘਰਸ਼ਸ਼ੀਲ ਰਹਿਣਗੇ।

## ਤੇਜ਼ ਰਫਤਾਰ ਨੇ ਮਾਪਿਆਂ ਦਾ ਇਕਲੌਤਾ ਪੁੱਤਰ ਖੋਹਿਆ, ਦੋ ਜ਼ਖਮੀ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਵਿਖੇ ਉਸ ਸਮੇਂ ਸੋਗ ਦੀ ਲਹਿਰ ਪੈਦਾ ਹੋ ਗਈ, ਜਦੋਂ ਸੁਸਾਇਟੀ ਰੋਡ 'ਤੇ ਰਹਿਣ ਵਾਲੇ ਤਿੰਨ ਦੋਸਤ ਆਪਣੇ ਕਿਸੇ ਨਿੱਜੀ ਕੰਮ ਲਈ ਬਾਜ਼ਾਖਾਨਾ-ਬਠਿੰਡਾ ਰੋਡ 'ਤੇ ਜਾ ਰਹੇ ਸਨ ਤਾਂ ਕਾਰ ਦੀ ਓਵਰ ਸਪੀਡ ਹੋਣ ਕਾਰਨ ਬੇਕਾਬੂ ਕਾਰ ਡਿਵਾਈਡਰ ਨਾਲ ਟਕਰਾਉਂਦੀ ਹੋਈ ਪਲਟ ਗਈ, ਜਿਸ ਦੇ ਸਿੱਟੇ ਵਜੋਂ ਦੋ ਨੌਜਵਾਨ ਗੰਭੀਰ ਰੂਪ ਵਿੱਚ ਜਖਮੀ ਹੋ ਗਏ ਤੇ ਇੱਕ ਨੌਜਵਾਨ, ਜੋ ਕਿ ਮਾਪਿਆਂ ਦਾ ਇਕਲੌਤਾ ਪੁੱਤਰ ਸੀ, ਦੀ ਮੌਤ ਹੋ ਗਈ। ਦੂਜੇ ਦੋ ਨੌਜਵਾਨ ਜ਼ੇਰੇ ਇਲਾਜ ਹਨ। ਹਾਦਸਾ ਇੰਨਾ ਭਿਆਨਕ ਸੀ ਕਿ ਗੱਡੀ ਦਾ ਇੰਜਣ ਨਿੱਕਲ ਕੇ ਬਾਹਰ ਡਿੱਗ ਗਿਆ। ਕਾਰ ਹਾਦਸੇ ਵਿੱਚ ਮਾਰੇ ਗਏ ਨੌਜਵਾਨ ਦੇ ਪਰਿਵਾਰ ਨਾਲ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਸਾ. ਮੰਤਰੀ ਸਿਕੰਦਰ ਸਿੰਘ ਮਲੂਕਾ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਗੁਰਪ੍ਰੀਤ ਸਿੰਘ ਮਲੂਕਾ ਜ਼ਿਲ੍ਹਾ ਪ੍ਰਧਾਨ ਭਾਜਪਾ, ਗੁਰਬਿੰਦਰ ਸਿੱਧੂ ਭਾਜਪਾ ਆਗੂ, ਜਗਸੀਰ ਸਿੰਘ ਪੱਪੂ ਭਾਜਪਾ ਆਗੂ, ਰਾਮ ਕੁਮਾਰ ਬੁਰਜ ਵਾਲੇ, ਪਰਮਜੀਤ ਬਿਦਰ, ਵਿਜੈ ਕੁਮਾਰ ਪੱਪੂ ਆਗੂ ਆੜ੍ਹਤੀਆ ਯੂਨੀਅਨ, ਲਖਵੀਰ ਸਿੰਘ ਸਿੱਧੂ, ਰਾਜਿੰਦਰ ਸਿੰਘ ਸਾ. ਸਰਪੰਚ, ਕੁਲਦੀਪ ਸਿੰਘ ਮੈਂਬਰ, ਜਸਮੰਦਰ ਸਿੰਘ ਮੈਂਬਰ, ਜਸਵਿੰਦਰ ਸਿੰਘ, ਨਾਇਬ ਸਿੰਘ, ਜਗਸੀਰ ਪੰਨੂ, ਸੁਰੇਸ਼ ਕੁਮਾਰ ਸੇਤੀਆ, ਮਿੰਟੂ ਗਰਗ, ਕੇਸ਼ਵ ਗਰਗ ਸਮੇਤ ਸ਼ਹਿਰ ਤੇ ਖਾਨਾਪੱਤੀ ਦੇ ਵਸਨੀਕਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਐੱਮ. ਏ. ਭਾਗ ਪਹਿਲਾ (ਸਮੈਸਟਰ ਦੂਜਾ) ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਰਮਨਦੀਪ ਕੌਰ ਨੇ ਦੱਸਿਆ ਕਿ ਪਰਮਪਾਲ ਕੌਰ ਨੇ 82 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਬੀਰਪਾਲ ਕੌਰ, ਜਸਮੀਨ ਬੇਗਮ, ਕਿਰਨ ਰਾਣੀ ਨੇ 80 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ ਕੇ ਰਾਏ ਨੇ ਚੰਗੇ ਅੰਕ ਪ੍ਰਾਪਤ ਕਰਕੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਦੇ ਨਾਲ਼ ਹੀ ਉਨ੍ਹਾਂ ਵਿਦਿਅਰਥੀਆਂ ਨੂੰ ਸਿੱਖਿਆ ਖੇਤਰ ਦੇ ਨਾਲ਼-ਨਾਲ਼ ਸਮਾਜਿਕ, ਬੌਧਿਕ, ਨੈਤਿਕ ਮੁੱਲਾਂ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਲਈ ਵੀ ਕਿਹਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਸਤਪਾਲ ਪੂਨੀਆਂ ਨੇ ਹਰਿਆਣਾ ਦੇ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨਾਲ ਕੀਤੀ ਮੁਲਾਕਾਤ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਾਲ ਹੀ ਵਿਚ ਭਾਜਪਾ 'ਚ ਸ਼ਾਮਲ ਹੋਏ ਸਤਪਾਲ ਸਿੰਘ ਪੂਨੀਆ ਨੇ ਹਰਿਆਣਾ ਦੇ ਵਿਕਾਸ ਤੇ ਪੰਚਾਇਤ ਅਤੇ ਖਾਨ ਤੇ ਭੂ ਵਿਗਿਆਨ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਤ ਕੀਤਾ।ਸਤਪਾਲ ਸਿੰਘ ਪੂਨੀਆ ਨੇ ਕਿਹਾ ਕਿ ਕੇਂਦਰ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਦੇਸ਼ ਤਰੱਕੀ ਲੀਹ 'ਤੇ ਪਹੁੰਚਾ ਦਿੱਤਾ ਹੈ।ਅਮਰੀਕਾ ਵਰਗੀ ਵੱਡੀ ਸ਼ਕਤੀ ਵੀ ਭਾਰਤ ਦਾ ਲੋਹਾ ਮੰਨਦੀ ਹੈ।ਉਨ੍ਹਾਂ ਕਿਹਾ ਕਿ ਭਾਰਤ ਵਿਸ਼ਵ ਪਾਵਰ ਬਣਨ ਵੱਲ ਤੇਜੀ ਨਾਲ ਵਧ ਰਿਹਾ ਹੈ।ਅੱਜ ਦੁਨੀਆ ਚੌਥੀ ਸਭ ਤੋਂ ਵੱਡੀ ਆਰਥਿਕ ਸ਼ਕਤੀ ਬਣ ਗਈ ਹੈ।ਦੁਨੀਆ ਦੇ ਵੱਡੇ-ਵੱਡੇ ਫੈਸਲੇ ਭਾਰਤ ਤੋਂ ਬਿਨ੍ਹਾਂ ਨਹੀਂ ਹੋ ਰਹੇ।ਇਹ ਸਾਰਾ ਕੁਝ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੀਆਂ ਵਧੀਆਂ ਨੀਤੀਆਂ ਕਰ ਕੇ ਹੀ ਸੰਭਵ ਹੋ ਪਾਇਆ ਹੈ, ਜਿੱਥੇ ਹਰ ਆਗੂ ਈਮਾਨਦਾਰੀ ਨਾਲ ਦੇਸ਼ ਦੀ ਤਰੱਕੀ 'ਚ ਆਪਣਾ ਯੋਗਦਾਨ ਪਾ ਰਿਹਾ ਹੈ।ਭਾਜਪਾ ਦੀਆਂ ਨੀਤੀਆਂ ਦੇ ਕਾਰਨ ਹੀ ਪੰਜਾਬ ਦੇ ਲੋਕ ਵੀ ਭਾਜਪਾ ਦੇ ਝੰਡੇ ਹੇਠ ਲਾਮਬੰਦੀ ਹੋ ਚੁੱਕੇ ਹਨ। ਸਾਲ 2027 ਵਿਚ ਪੰਜਾਬ 'ਚ ਭਾਜਪਾ ਦੀ ਸਰਕਾਰ ਬਣਨੀ ਤੈਅ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਵੀ ਡਬਲ ਇੰਜਣ ਸਰਕਾਰ ਹੀ ਬਚਾ ਸਕਦੀ ਹੈ।

## ਮਹਾਂਸ਼ਿਵਰਾਤਰੀ ਨੂੰ ਸਮਰਪਤ ਸਜਾਈ ਵਿਸ਼ਾਲ ਸ਼ੋਭਾ ਯਾਤਰਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੁੱਦਕੀ ਰੋਡ 'ਤੇ ਸਥਿਤ ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ (ਮਾਲ ਸਾਹਿਬ) ਵੱਲੋਂ ਮਹਾਂਸ਼ਿਵਰਾਤਰੀ ਦਾ ਤਿਉਹਾਰ ਪ੍ਰਧਾਨ ਰਾਜ ਗਰਗ, ਯੋਗੇਸ਼ ਬਾਂਸਲ ਯੋਗੀ, ਦੀਪਕ ਬਾਂਸਲ ਰੋਲੂ, ਮੁਨੀਸ਼ ਗਰਗ ਟੀਨੀ, ਵਿਮਲ ਗਰਗ ਵਿੱਕੀ ਦੀ ਅਗਵਾਈ ਵਿੱਚ 15 ਫਰਵਰੀ ਨੂੰ ਬੜੀ ਸ਼ਰਧਾ, ਭਗਤੀ ਤੇ ਧੂਮ-ਧਾਮ ਨਾਲ ਮਨਾਉਣ ਦੀਆਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਹਨ।ਇਸ ਧਾਰਮਿਕ ਉਤਸਵ ਦੇ ਸਬੰਧ ਵਿੱਚ ਬੀਤੇ ਦਿਨ ਸ਼ਹਿਰ ਵਿੱਚ ਇਕ ਵਿਸ਼ਾਲ ਤੇ ਸ਼ਾਨਦਾਰ ਸ਼ੋਭਾ ਯਾਤਰਾ ਕੱਢੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਭਾਗ ਲਿਆ।ਸ਼ੋਭਾ ਯਾਤਰਾ ਨੂੰ ਹਰੀ ਝੰਡੀ ਦੇਣ ਦੀ ਰਸਮ ਪ੍ਰਸਿੱਧ ਸਮਾਜ ਸੇਵੀ ਸੁਖਨੰਦਨ ਅਗਰਵਾਲ ਦੇ ਪਰਿਵਾਰ ਵੱਲੋਂ ਅਦਾ ਕੀਤੀ ਗਈ।ਸ਼ੋਭਾ ਯਾਤਰਾ ਮੁੱਦਕੀ ਰੋਡ ਤੋਂ ਸ਼ੁਰੂ ਹੋ ਕੇ ਕੋਟਕਪੂਰਾ ਰੋਡ, ਮੋਗਾ ਰੋਡ, ਚਨੂੰਵਾਲਾ ਰੋਡ ਤੇ ਨਿਹਾਲ ਸਿੰਘ ਵਾਲਾ ਰੋਡ ਤੋਂ ਹੁੰਦੀ ਹੋਈ ਮੁੜ ਸ਼੍ਰੀ ਸ਼ਿਵ ਸ਼ਨੀ ਮੰਦਰ ਵਿਖੇ ਆ ਕੇ ਸਮਾਪਤ ਹੋਈ।ਯਾਤਰਾ ਦੌਰਾਨ ਸ਼ਹਿਰ ਵਾਸੀਆਂ ਨੇ ਥਾਂ-ਥਾਂ ਫੁੱਲਾਂ ਦੀ ਵਰਖਾ ਕਰਕੇ ਤੇ ਲੰਗਰ ਲਗਾ ਕੇ ਸ਼ਰਧਾਲੂਆਂ ਦਾ ਜ਼ੋਰਦਾਰ ਸਵਾਗਤ ਕੀਤਾ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਜ ਗਰਗ, ਯੋਗੇਸ਼ ਯੋਗੀ, ਦੀਪਕ ਬਾਂਸਲ ਰੋਲੂ, ਮੁਨੀਸ਼ ਗਰਗ ਟੀਨੀ ਸਮੇਤ ਹੋਰਨਾਂ ਮੈਂਬਰਾਂ ਵੱਲੋਂ ਲੰਗਰ ਲਾਉਣ ਵਾਲੀਆਂ ਸ਼ਖਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।ਰਾਜ ਗਰਗ ਤੇ ਯੋਗੇਸ਼ ਯੋਗੀ ਨੇ ਦੱਸਿਆ ਕਿ 15 ਫਰਵਰੀ ਨੂੰ ਮੰਦਰ ਵਿਖੇ ਸਵੇਰ ਤੋਂ ਲੈ ਕੇ ਸ਼ਾਮ ਤੱਕ ਅਤੁੱਟ ਲੰਗਰ ਵਰਤਾਇਆ ਜਾਵੇਗਾ, ਜਿਸ ਦਾ ਉਦਘਾਟਨ ਸਮਾਜਸੇਵੀ ਐਡਵੋਕੇਟ ਅਮਿਤ ਅਗਰਵਾਲ ਪ੍ਰਧਾਨ ਯੂਥ ਅਗਰਵਾਲ ਸਭਾ ਬਾਘਾ ਪੁਰਾਣਾ ਦੇ ਪਰਵਾਰ ਵੱਲੋਂ ਕੀਤਾ ਜਾਵੇਗਾ।ਇਸ ਧਾਰਮਿਕ ਸਮਾਗਮ ਦੌਰਾਨ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਿੰਪੀ ਮਿੱਤਲ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਬਾਲ ਕ੍ਰਿਸ਼ਨ ਬਾਲੀ ਸਮੇਤ ਕਈ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸ਼ਖਸੀਅਤਾਂ ਹਾਜ਼ਰ ਰਹੀਆਂ ਅਤੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਮਹਾਂਸ਼ਿਵਰਾਤਰੀ ਦੀਆਂ ਵਧਾਈਆਂ ਦਿੱਤੀਆਂ।ਸਮੁੱਚੇ ਮਾਹੌਲ ਵਿੱਚ ਭਗਤੀ, ਉਤਸ਼ਾਹ ਤੇ ਭਰਾਤਰੀ ਭਾਵਨਾ ਦੀ ਝਲਕ ਸਪੱਸ਼ਟ ਦਿਖਾਈ ਦਿੱਤੀ।

## ਟ੍ਰੈਕਟਰ-ਟਰਾਲੀ 'ਤੇ ਸ਼ਟਰਿੰਗ ਦਾ ਸਮਾਨ ਲਾਹ ਕੇ ਪਰਤ ਰਹੇ 2 ਨੌਜਵਾਨਾਂ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** 11 ਫਰਵਰੀ ਦੀ ਸ਼ਾਮ ਨੂੰ ਬਲਾਚੌਰ ਨੇੜੇ ਵਾਪਰੇ ਦਰਦਨਾਕ ਸੜਕ ਹਾਦਸੇ ਵਿਚ ਮਾਛੀਵਾੜਾ ਇਲਾਕੇ ਦੇ 2 ਨੌਜਵਾਨਾਂ ਹਰਮੇਸ਼ ਕੁਮਾਰ (33) ਵਾਸੀ ਜਾਤੀਵਾਲ ਤੇ ਬਲਜਿੰਦਰ ਸਿੰਘ ਬੰਟੀ (34) ਵਾਸੀ ਮਿਲਕੋਵਾਲ ਦੀ ਮੌਤ ਹੋ ਗਈ, ਜਦਕਿ ਚਾਲਕ ਜਤਿੰਦਰ ਸਿੰਘ ਜ਼ਖ਼ਮੀ ਹੋ ਗਿਆ। ਟ੍ਰੈਕਟਰ-ਟਰਾਲੀ ਦੇ ਡਰਾਇਵਰ ਜਤਿੰਦਰ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਾਏ ਕਿ ਉਹ ਪਿੰਡ ਰੂੜੇਵਾਲ ਤੋਂ ਸ਼ਟਰਿੰਗ ਦਾ ਸਮਾਨ ਲੱਦ ਕੇ ਕਾਠਗੜ੍ਹ ਉਤਾਰਨ ਲਈ ਗਏ ਸਨ। ਉਸਦੇ ਨਾਲ ਹਰਮੇਸ਼ ਕੁਮਾਰ ਤੇ ਬਲਜਿੰਦਰ ਸਿੰਘ ਜੋ ਦੋਵੇਂ ਹੀ ਇਮਾਰਤਾਂ ਦੀ ਸ਼ਟਰਿੰਗ ਲਗਾਉਣ ਦੀ ਮਜ਼ਦੂਰੀ ਕਰਦੇ ਸਨ, ਉਹ ਵੀ ਮੌਜੂਦ ਸਨ।

ਉਹ ਕਾਠਗੜ੍ਹ ਵਿਖੇ ਸ਼ਟਰਿੰਗ ਦਾ ਸਮਾਨ ਉਤਾਰ ਕੇ ਟ੍ਰੈਕਟਰ-ਟਰਾਲੀ ਰਾਹੀਂ ਵਾਪਸ ਪਰਤ ਰਹੇ ਸਨ ਕਿ ਰਸਤੇ ਵਿੱਚ ਇੱਕ ਤੇਜ਼ ਸਕਾਰਪਿਓ ਕਾਰ ਨੇ ਉਨ੍ਹਾਂ ਦੇ ਵਾਹਨ ਨੂੰ ਪਿੱਛੋਂ ਜ਼ੋਰਦਾਰ ਟੱਕਰ ਮਾਰੀ, ਜਿਸ ਕਾਰਨ ਟ੍ਰੈਕਟਰ-ਟਰਾਲੀ ਬੇਕਾਬੂ ਹੋ ਗਈ। ਹਰਮੇਸ਼ ਕੁਮਾਰ ਤੇ ਬਲਜਿੰਦਰ ਸਿੰਘ ਟ੍ਰੈਕਟਰ ਦੇ ਮਰਗਾਡਾਂ 'ਤੇ ਬੈਠੇ ਸਨ ਤੇ ਪਿੱਛੋਂ ਇਕਦਮ ਟੱਕਰ ਵੱਜਣ ਕਾਰਨ ਇਹ ਸੜਕ 'ਤੇ ਆ ਗਿਰੇ, ਜਦਕਿ ਉਸ ਦੇ ਵੀ ਸੱਟਾਂ ਲੱਗੀਆਂ। ਹਾਦਸੇ 'ਚ ਹਰਮੇਸ਼ ਕੁਮਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬਲਜਿੰਦਰ ਸਿੰਘ ਵੀ ਕੁਝ ਸਮੇਂ ਵਿਚ ਸੜਕ 'ਤੇ ਹੀ ਦਮ ਤੋੜ ਗਿਆ। ਹਾਦਸੇ ਤੋਂ ਬਾਅਦ ਕਾਰ ਚਾਲਕ ਵਾਹਨ ਛੱਡ ਮੌਕੇ ਤੋਂ ਫ਼ਰਾਰ ਹੋ ਗਿਆ। ਹਰਮੇਸ਼ ਕੁਮਾਰ ਦੇ 2 ਛੋਟੇ ਛੋਟੇ ਬੱਚੇ ਹਨ, ਜਦਕਿ ਬਲਜਿੰਦਰ ਸਿੰਘ ਦੇ 3 ਬੱਚੇ ਹਨ। ਇਹ ਦੋਵੇਂ ਨੌਜਵਾਨ ਸ਼ਟਰਿੰਗ ਦੀ ਮਜ਼ਦੂਰੀ ਕਰ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰਦੇ ਸਨ। ਦੋਵਾਂ ਨੌਜਵਾਨਾਂ ਦੀ ਮੌਤ ਕਾਰਨ ਪਿੰਡ ਜਾਤੀਵਾਲ ਤੇ ਮਿਲਕੋਵਾਲ ਵਿਚ ਸੋਗ ਦੀ ਲਹਿਰ ਦੌੜ ਗਈ ਕਿਉਂਕਿ ਹਰੇਕ ਵਿਅਕਤੀ ਦੀ ਅੱਖ ਨਮ ਸੀ ਕਿ ਇਹ ਗਰੀਬ ਨੌਜਵਾਨ ਆਪਣੇ ਪਰਵਾਰ ਦਾ ਸਹਾਰਾ ਸਨ। ਬਲਾਚੌਰ ਪੁਲਸ ਵੱਲੋਂ ਦੋਵੇਂ ਨੌਜਵਾਨਾਂ ਦਾ ਪੋਸਟ ਮਾਰਟਮ ਕਰਾਇਆ ਜਾ ਰਿਹਾ ਹੈ ਤੇ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ। ਪੁਲਸ ਵੱਲੋਂ ਅਣਪਛਾਤੇ ਕਾਰ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪਿੰਡ ਵਾਸੀਆਂ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਨ੍ਹਾਂ ਗਰੀਬ ਪਰਿਵਾਰਾਂ ਦੀ ਬਾਂਹ ਫੜੇ ਤੇ ਮ੍ਰਿਤਕਾਂ ਦੇ ਬੱਚਿਆਂ ਤੇ ਪਤਨੀਆਂ ਨੂੰ ਵੱਧ ਤੋਂ ਵੱਧ ਆਰਥਿਕ ਸਹਾਇਤਾ ਦਿੱਤੀ ਜਾਵੇ।

## ਦਮਦਮਾ ਸਾਹਿਬ ਸਾਹਿਤਕ ਮੇਲੇ ਦਾ ਦੂਜਾ ਦਿਨ ਸ਼ਾਨੋ-ਸ਼ੌਕਤ ਨਾਲ ਸ਼ੁਰੂ




**ਤਲਵੰਡੀ ਸਾਬੋ (ਜਗਦੀਪ ਗਿੱਲ)** ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾ ਜਗਦੀਪ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ, ਸੋਸ਼ਲ ਸਾਇੰਸਜ਼ ਵਿਭਾਗ ਤੇ ਕੈਂਪਸ ਸਾਹਿਤ ਸਭਾ ਵੱਲੋਂ ਚੌਥੇ ਦਮਦਮਾ ਸਾਹਿਬ ਸਾਹਿਤਕ ਮੇਲੇ ਦੇ ਦੂਜੇ ਦਿਨ ਦੀ ਸ਼ੁਰੂਆਤ ਵਿੱਚ ਖੁਸ਼ਦੀਪ ਸਿੰਘ ਦੀ ਕਿਤਾਬ 'ਸਾਂਝ' ਨੂੰ ਰਿਲੀਜ਼ ਕੀਤਾ ਗਿਆ।ਸਾਹਿਤਕ ਮੇਲੇ ਦੇ ਕੁਆਰਡੀਨੇਟਰ ਡਾ. ਅਮਨਦੀਪ ਸਿੰਘ ਸੇਖੋਂ ਤੇ ਡਾ ਮਨਮਿੰਦਰ ਕੌਰ ਨੇ ਅੱਜ ਦੀਆਂ ਗਤੀਵਿਧੀਆਂ ਤੇ ਬੁਲਾਰਿਆਂ ਬਾਰੇ ਜਾਣੂ ਕਰਾਇਆ।ਡਾ. ਸੁਨੀਤਾ ਰਾਣੀ ਨੇ ਮਹਿਮਾਨਾਂ ਅਤੇ ਬੁਲਾਰਿਆਂ ਦਾ ਨਿੱਘਾ ਸਵਾਗਤ ਕੀਤਾ।ਸਮਾਜਿਕ ਤੇ ਰਾਜਨੀਤਿਕ ਕਾਰਕੁੰਨ ਅੰਮ੍ਰਿਤ ਗਿੱਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨਾਲ ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਚੰਗੇ ਜੀਵਨ ਜਾਂਚ ਲਈ ਦਿਸ਼ਾ ਪ੍ਰਦਾਨ ਕੀਤੀ।ਉਨ੍ਹਾਂ ਨਾਲ ਡਾ ਸੁਖਦੀਪ ਕੌਰ ਤੇ ਕੈਂਪਸ ਸਾਹਿਤ ਸਭਾ ਦੇ ਪ੍ਰਧਾਨ ਰਾਜਪਾਲ ਸਿੰਘ ਵੀ ਹਾਜ਼ਰ ਰਹੇ।ਤੀਜੀ ਬੈਠਕ ਦੌਰਾਨ 'ਯਾਦਾਂ ਦੀ ਗੂੰਜ ਵਿੱਚ ਵੱਸਦਾ ਕਾਵਿ : ਮੌਖਿਕ ਸਾਹਿਤ ਤੇ ਲੋਕ ਪ੍ਰੰਪਰਾ' ਵਿਸ਼ੇ 'ਤੇ ਗੱਲਬਾਤ ਕੀਤੀ ਗਈ, ਜਿਸ ਦੇ ਬੁਲਾਰੇ ਹਰਪਾਲ ਸਿੰਘ ਪਨੂੰ ਤੇ ਜਸਵਿੰਦਰ ਸ਼ਰਮਾ ਰਹੇ।ਚੌਥੀ ਬੈਠਕ ਦੌਰਾਨ ਇਹ ਚੜ੍ਹੀ ਗੁਲੇਲ ਹੈ ਇਸ਼ਕ ਵਾਲੀ: ਪੰਜਾਬੀ ਸਾਹਿਤ ਵਿੱਚ ਪ੍ਰਤੀਰੋਧ ਦੀ ਪਰੰਪਰਾ ਵਿਸ਼ੇ ਤੇ ਗੰਭੀਰ ਵਿਚਾਰ ਚਰਚਾ ਕੀਤੀ ਗਈ।ਸੈਸ਼ਨ ਦੇ ਬੁਲਾਰਿਆਂ ਵਜੋਂ ਬਲਵਿੰਦਰ ਗਰੇਵਾਲ ਕਹਾਣੀਕਾਰ, ਜਗਵਿੰਦਰ ਯੋਧਾ, ਸੁਆਮੀ ਸਰਬਜੀਤ, ਗੁਰਪ੍ਰੀਤ ਸਿੰਘ ਗਰੇਵਾਲ ਨੇ ਸ਼ਿਰਕਤ ਕੀਤੀ।ਇਸ ਸੈਸ਼ਨ ਦੇ ਸੂਤਰਧਾਰ ਕੰਵਲਜੀਤ ਸਿੰਘ ਰਹੇ।ਬੈਠਕਾਂ ਦਾ ਸੰਚਾਲਨ ਡਾ. ਗੁਰਪ੍ਰੀਤ ਸਿੰਘ ਗਿੱਲ, ਡਾ ਜਸਬੀਰ ਸਿੰਘ, ਗੁਰਮੀਤ ਸਿੰਘ, ਕਰਮਜੀਤ ਸਿੰਘ ਤੇ ਕਰਨਦੀਪ ਸੋਨੀ ਨੇ ਕੀਤਾ।ਭੰਡ ਕਲਾਕਾਰਾਂ ਨੇ ਆਪਣੀ ਪੇਸ਼ਕਾਰੀ ਦੁਆਰਾ ਦਰਸ਼ਕਾਂ ਦਾ ਮਨ ਮੋਹ ਲਿਆ।ਕਵੀ ਦਰਬਾਰ ਦੀ ਪ੍ਰਧਾਨਗੀ ਆਵਾਮੀ ਸ਼ਾਇਰਾ ਤੇ ਅਧਿਆਪਕਾ ਪਰਮਪ੍ਰੀਤ ਬਠਿੰਡਾ ਵੱਲੋਂ ਕੀਤੀ ਗਈ।ਕਵੀ ਦਰਬਾਰ ਵਿੱਚ ਸਰੋਤਿਆਂ ਨੇ ਕਵਿਤਾਵਾਂ ਦਾ ਖੂਬ ਆਨੰਦ ਮਾਣਿਆ।ਇੱਕ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ।ਅੰਤ 'ਚ ਡਾ. ਬਲਦੇਵ ਸਿੰਘ ਸ਼ੇਰਗਿੱਲ ਨੇ ਆਏ ਹੋਏ ਬੁਲਾਰਿਆਂ ਤੇ ਪਤਵੰਤਿਆਂ ਦਾ ਧੰਨਵਾਦ ਕੀਤਾ।ਮੇਲੇ ਦਾ ਦੂਜਾ ਦਿਨ ਵੀ ਸਫ਼ਲਤਾ ਪੂਰਵਕ ਸੰਪੰਨ ਹੋਇਆ।

## ਸਿਹਤ ਬੀਮਾ ਯੋਜਨਾ ਪੰਜਾਬੀਆਂ ਲਈ ਵਰਦਾਨ : ਟੀਨੂੰ/ਸੀਰਾ/ਸੰਧੂ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਿਛਲੇ ਦਿਨੀਂ ਪੰਜਾਬ ਵਿੱਚ ਵਸਦੇ 65 ਲੱਖ ਪਰਵਾਰਾਂ ਲਈ 10 ਲੱਖ ਰੁਪਏ ਦੇ ਮੁਫਤ ਇਲਾਜ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਪੰਜਾਬ ਦੇ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ, ਯੂਥ ਸ਼ਹਿਰੀ ਪ੍ਰਧਾਨ ਜਗਸੀਰ ਜ਼ੀਰਾ ਤੇ ਰਾਜਿੰਦਰ ਸੰਧੂ ਬਲਾਕ ਪ੍ਰਧਾਨ ਸੋਸ਼ਲ ਮੀਡੀਆ ਨੇ ਸਾਡੇ ਪ੍ਰਤੀਨਿਧੀ ਨਾਲ ਗੱਲਬਾਤ ਦੌਰਾਨ ਕੀਤਾ। ਚੇਅਰਮੈਨ ਹੁਰਾਂ ਕਿਹਾ ਕਿ ਪੰਜਾਬ ਵਿੱਚ 22 ਜਨਵਰੀ ਨੂੰ ਸ਼ੁਰੂ ਕੀਤੀ ਗਈ ਇਸ ਸਿਹਤ ਯੋਜਨਾ ਤਹਿਤ ਪੰਜਾਬ ਦੇ ਲੋਕ ਅੱਜ ਆਪਣਾ ਇਲਾਜ ਕਰਵਾ ਰਹੇ ਹਨ।ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਮਿਲ ਰਹੀ ਜਾਣਕਾਰੀ ਅਨੁਸਾਰ ਸਿਰਫ ਦੋ ਹਫਤਿਆਂ ਦੇ ਅੰਦਰ ਹੀ ਪੰਜਾਬ ਦੇ ਸਾਰੇ ਸਰਕਾਰੀ ਤੇ ਤਕਰੀਬਨ 900 ਦੇ ਕਰੀਬ ਪ੍ਰਾਈਵੇਟ ਹਸਪਤਾਲਾਂ ਵਿੱਚ ਇਸ ਯੋਜਨਾ ਤਹਿਤ ਇਲਾਜ ਸ਼ੁਰੂ ਹੋ ਗਿਆ ਹੈ ਤੇ ਕਈ ਲੋਕ ਇਸ ਦਾ ਫਾਇਦਾ ਲੈ ਵੀ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਜੋ ਆਮ ਲੋਕਾਂ ਦੇ ਦੁੱਖ ਤਕਲੀਫਾਂ ਨੂੰ ਨੇੜੇ ਤੋਂ ਜਾਣਦੇ ਹਨ। ਉਨ੍ਹਾਂ ਨੇ ਇਹ ਯੋਜਨਾ ਦੀ ਸ਼ੁਰੂਆਤ ਕਰਕੇ ਜਿੱਥੇ ਪੰਜਾਬ ਵਾਸੀਆਂ ਨੂੰ ਇਲਾਜ ਦੀ ਗਰੰਟੀ ਦਿੱਤੀ ਹੈ, ਉੱਥੇ ਹੀ ਕਈ ਕੀਮਤੀ ਜਾਨਾਂ ਬਚਾਉਣ ਵਿੱਚ ਵੀ ਇਹ ਯੋਜਨਾ ਸਹਾਈ ਹੋਵੇਗੀ।ਅਖੀਰ ਵਿੱਚ ਉਨ੍ਹਾਂ ਪੰਜਾਬ ਵਾਸੀਆਂ ਦੀ ਤਰਫੋਂ ਧੰਨਵਾਦ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਨੇੜੇ ਦੇ ਸੀ ਵਾਈ ਸੀ ਸੈਂਟਰ ਵਿੱਚ ਜਾ ਕੇ ਆਪਣਾ ਸਿਹਤ ਕਾਰਡ ਜ਼ਰੂਰ ਬਣਾਉਣ ਤਾਂ ਕਿ ਬਿਮਾਰੀ ਦੇ ਇਲਾਜ ਸਮੇਂ ਆਪਣੇ ਕੰਮ ਆ ਸਕੇ।

## ਸਫਾ 1 ਦੇ ਬਾਕੀ...

### ਆਮ ਹੜਤਾਲ ਨੂੰ...

ਮਹੀਨਾ ਘੱਟੋ-ਘੱਟ ਉਜਰਤ ਵੀ ਕਾਰਪੋਰੇਟਾਂ ਦੇ ਦਬਾਅ ਥੱਲੇ ਨਹੀ ਵਧਾਈ ਜਾ ਰਹੀ। ਕੰਟਰੈਕਟ ਆਊਟਸੋਰਸ ਮੁਲਾਜ਼ਮਾਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਕੀਤਾ ਜਾ ਰਿਹਾ ਹੈ ਅਤੇ ਉਹਨਾਂ ਦਾ ਆਰਥਿਕ ਸ਼ੋਸ਼ਣ ਮੁਜਰਮਾਨਾ ਤਰੀਕੇ ਨਾਲ ਕੀਤਾ ਜਾ ਰਿਹਾ ਹੈ। ਬੇਰੁਜ਼ਗਾਰੀ ਵਧਾਈ ਜਾ ਰਹੀ ਹੈ। ਸਕੀਮ ਵਰਕਰਾਂ ਨੂੰ ਦਹਾਕਿਆਂ ਤੋਂ ਸਿਰਫ ਨਿਗੂਣੇ ਮਾਣ ਭੱਤੇ ਦੇ ਕੇ ਹੀ ਆਰਥਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੀਆਂ ਸੇਵਾਵਾਂ ਨੂੰ ਨਿਯਮਤ ਨਹੀਂ ਕੀਤਾ ਜਾ ਰਿਹਾ। ਵਿਦਿਆ ਅਤੇ ਸਿਹਤ ਸਹੂਲਤਾਂ ਦਾ ਵਪਾਰੀਕਰਨ ਕਰ ਦਿੱਤਾ ਗਿਆ ਹੈ। ਇਹ ਸਹੂਲਤਾਂ ਗਰੀਬ ਲੋਕਾਂ ਦੀ ਪਹੁੰਚ ਤੋਂ ਦੂਰ ਕਰ ਦਿੱਤੀਆਂ ਗਈਆਂ ਹਨ। ਮੋਦੀ ਸਰਕਾਰ ਖੁੱਲ੍ਹੇਆਮ ਦੇਸ਼ ਵਿੱਚ ਹਿੰਦੂ-ਮੁਸਲਿਮ ਭਾਈਚਾਰਿਆਂ ਵਿੱਚ ਯੋਜਨਾਬੱਧ ਤਰੀਕਿਆਂ ਨਾਲ ਨਫਰਤ ਫੈਲਾ ਰਹੀ ਹੈ ਅਤੇ ਘੱਟ ਗਿਣਤੀਆਂ 'ਤੇ ਸਰੇਆਮ ਹਮਲੇ ਹੋ ਰਹੇ ਹਨ। ਦੇਸ਼ ਵਿੱਚ ਨਫਰਤੀ ਮਾਹੌਲ ਸਿਰਜਣ ਦੀ ਸਿਰਤੋੜ ਕੋਸ਼ਿਸ਼ ਕੀਤੀ ਜਾ ਰਹੀ ਹੈ। ਆਮ ਲੋਕਾਂ ਦਾ ਧਿਆਨ ਜ਼ਿੰਦਗੀ ਦੇ ਅਸਲ ਮੁੱਦਿਆਂ ਤੋਂ ਭਟਕਾ ਕੇ ਤਰ੍ਹਾਂ-ਤਰ੍ਹਾਂ ਦੇ ਉਕਸਾਊ ਅਤੇ ਵੰਡ-ਪਾਊ ਤਰੀਕੇ ਅਪਣਾ ਕੇ ਆਰਥਿਕ ਮੁੱਦਿਆਂ ਨੂੰ ਦਰਕਿਨਾਰ ਕੀਤਾ ਜਾ ਰਿਹਾ ਹੈ।

ਇਕੱਠ ਵਿੱਚ ਬੁਲਾਰਿਆਂ ਨੇ ਜ਼ੋਰਦਾਰ ਤਰੀਕੇ ਨਾਲ ਮੰਗ ਕੀਤੀ ਕਿ ਪੀ ਆਰ ਟੀ ਸੀ ਦੇ ਠੇਕਾ ਕਰਮਚਾਰੀਆਂ ਉਪਰ ਬਣਾਏ ਮੁਕੱਦਮੇ ਵਾਪਸ ਲੈ ਕੇ ਉਹਨਾਂ ਨੂੰ ਜੇਲ੍ਹਾਂ ਵਿਚੋਂ ਬਾਹਰ ਲਿਆਦਾ ਜਾਵੇ ਅਤੇ ਉਹਨਾਂ ਦੀਆਂ ਮੰਨੀਆਂ ਮੰਗਾਂ ਲਾਗੂ ਕੀਤੀਆਂ ਜਾਣ। ਅੰਤ ਵਿੱਚ ਬੁਲਾਰਿਆਂ ਨੇ ਸਫਲ ਹੜਤਾਲ ਦੀ ਕਿਰਤੀ ਲੋਕਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਦੀਆਂ ਸਾਹਮਣੇ ਨਜ਼ਰ ਆਉਂਦੀਆਂ ਮੋਦੀ ਸਰਕਾਰ ਵੱਲੋਂ ਦਰਪੇਸ਼ ਵਿਕਰਾਲ ਚੁਣੌਤੀਆਂ ਨੂੰ ਸਾਰੇ ਲੁੱਟ-ਕੁੱਟ ਦਾ ਸ਼ਿਕਾਰ ਲੋਕਾਂ ਵੱਲੋਂ ਇੱਕਜੁੱਟ ਹੋ ਕੇ ਸੰਘਰਸ਼ਾਂ ਰਾਹੀਂ ਪਛਾੜਨ ਦਾ ਸੱਦਾ ਦਿੱਤਾ।

**ਮਾਨਸਾ** : ਸਥਾਨਕ ਬਾਰਾਂ ਹੱਟਾਂ ਚੌਕ ਵਿਖੇ ਏਟਕ, ਇਟਕੂ, ਸੀ ਟੀ ਯੂ, ਸੰਯੁਕਤ ਕਿਸਾਨ ਮੋਰਚਾ, ਇੰਪਲਾਈਜ਼ ਫੈਡਰੇਸ਼ਨਾਂ, ਮਜ਼ਦੂਰ ਜਥੇਬੰਦੀਆਂ, ਆਸ਼ਾ, ਆਂਗਨਵਾੜੀ ਵਰਕਰਾਂ, ਮੈਡੀਕਲ ਪ੍ਰੈਕਟੀਸ਼ਨਰਾਂ, ਬੈਂਕਾਂ, ਨੌਜਵਾਨ, ਵਿਦਿਆਰਥੀਆਂ ਆਦਿ ਵੱਲੋਂ ਪ੍ਰਭਾਵਸ਼ਾਲੀ ਰੋਹ ਭਰਪੂਰ ਪ੍ਰਦਰਸ਼ਨ ਰਾਜਵਿੰਦਰ ਰਾਣਾ, ਕ੍ਰਿਸ਼ਨ ਚੌਹਾਨ, ਰੁਲਦੂ ਸਿੰਘ ਮਾਨਸਾ, ਅਮਰਜੀਤ ਸਿੰਘ, ਕਰਮਜੀਤ ਤਾਮਕੋਟ, ਬਲਦੇਵ ਮੰਢਾਲੀ ਤੇ ਮੱਖਣ ਭੈਣੀ ਬਾਘਾ ਦੇ ਪ੍ਰਧਾਨਗੀ ਮੰਡਲ ਹੇਠ ਕੀਤਾ ਗਿਆ।

ਆਗੂਆਂ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ-ਅਮਰੀਕਾ ਵਪਾਰਕ ਸਮਝੌਤਾ ਖੇਤੀਬਾੜੀ, ਵਪਾਰਕ ਤੇ ਡੇਅਰੀ ਫ਼ਾਰਮ ਸਮੇਤ ਲੋਕ ਵਿਰੋਧੀ ਫੈਸਲਿਆਂ ਕਾਰਨ ਬੇਰੁਜ਼ਗਾਰੀ ਵਿੱਚ ਵਾਧਾ ਕਰੇਗਾ। ਜਦੋਂ ਕਿ ਮੋਦੀ ਸਰਕਾਰ ਵੱਲੋਂ ਪਹਿਲਾਂ ਹੀ ਬਿਜਲੀ ਐਕਟ, ਬੀਜ ਬਿੱਲ ਲਿਆਉਣ ਲਈ ਤਰਲੋਮੱਛੀ ਹੈ ਅਤੇ ਮਨਰੇਗਾ ਕਾਨੂੰਨ ਤੇ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਸਰਮਾਏਦਾਰੀ ਨੂੰ ਸਸਤੀ ਲੇਬਰ ਮੁਹੱਈਆ ਕਰਵਾਉਣ ਦੀ ਸਾਜ਼ਿਸ਼ ਕਰ ਚੁੱਕੀ ਹੈ। ਨਵੇ ਰੁਜ਼ਗਾਰ ਦੇ ਸਾਧਨ, ਕੱਚੇ ਕਾਮਿਆਂ ਨੂੰ ਪੱਕੇ ਕਰਨ ਆਦਿ 'ਤੇ ਚਰਚਾ ਕੀਤੀ ਗਈ।ਇਸ ਮੌਕੇ ਹਰਦੇਵ ਸਿੰਘ ਅਰਸ਼ੀ, ਰੁਲਦੂ ਸਿੰਘ ਮਾਨਸਾ, ਰਾਜਵਿੰਦਰ ਰਾਣਾ, ਧੰਨਾ ਮੱਲ ਗੋਇਲ, ਅਮਰਜੀਤ




ਸਿੰਘ ਸਿੱਧੂ, ਸਿਕੰਦਰ ਸਿੰਘ ਘਰਾਗਣਾ, ਬਲਦੇਵ ਸਿੰਘ ਮੰਢਾਲੀ, ਲਖਵੀਰ ਸਿੰਘ ਅਕਲੀਆਂ, ਭੋਲਾ ਸਿੰਘ ਮਾਖਾ, ਸੁਖਵਿੰਦਰ ਸਿੰਘ ਸੱਦਾ ਸਿੰਘ ਵਾਲਾ, ਭਜਨ ਸਿੰਘ ਘੁੰਮਣ, ਸਤਵਿੰਦਰ ਸਿੰਘ, ਅਜੈਬ ਸਿੰਘ ਭੈਣੀ ਬਾਘਾ, ਦਰਸ਼ਨ ਸਿੰਘ ਅਲੀਸ਼ੇਰ, ਜਨਕ ਸਿੰਘ ਫਤਿਹਪੁਰ, ਰਮਨਦੀਪ ਸਿੰਘ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਟਰੰਪ-ਮੋਦੀ ਦੋਸਤਾਨਾ ਤੇ ਦੇਸ਼ ਨੂੰ ਅਮਰੀਕਾ ਤੋਂ ਅਜ਼ਾਦ ਕਰਵਾਉਣ ਲਈ ਲਾਮਬੰਦੀ ਤੇ ਸਾਂਝੇ ਘੋਲਾਂ ਦਾ ਸੱਦਾ ਦਿੱਤਾ।

ਧਰਨਾ ਸੰਚਾਲਕ ਕਮੇਟੀ ਮੈਂਬਰਾਂ ਰਤਨ ਭੋਲਾ, ਮੇਜਰ ਸਿੰਘ ਦੂਲੋਵਾਲ ਤੇ ਅਜੈਬ ਸਿੰਘ ਅਲੀਸ਼ੇਰ ਵੱਲੋਂ ਚਲਾਇਆ ਗਿਆ। ਸਟੇਜ ਸਕੱਤਰ ਦੀ ਭੂਮਿਕਾ ਐਡਵੋਕੇਟ ਕੁਲਵਿੰਦਰ ਉਡਤ ਤੇ ਬਲਵਿੰਦਰ ਸਿੰਘ ਘਰਾਗਣਾ ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦਰਸ਼ਨ ਨੱਤ, ਨਿਰਮਲ ਸਿੰਘ ਝੰਡੂਕੇ, ਅਮੋਲਕ ਡੇਲੂਆਣਾ, ਅਰਵਿੰਦਰ ਕੌਰ, ਜਸਵੀਰ ਕੌਰ ਨੱਤ, ਬਲਵਿੰਦਰ ਕੌਰ ਭੈਣੀ ਬਾਘਾ, ਰੂਪ ਸਿੰਘ ਢਿੱਲੋਂ, ਗੁਰਸੇਵਕ ਸਿੰਘ ਮਾਨ ਬੀਬੜੀਆਂ, ਜਗਸੀਰ ਸਿੰਘ ਜਵਾਹਰਕੇ, ਮੱਖਣ ਮਾਨਸਾ, ਕੇਵਲ ਸਿੰਘ ਸਮਾਓ, ਆਤਮਾ ਪਮਾਰ, ਗੁਰਪ੍ਰੀਤ ਸਿੰਘ ਭੈਣੀ ਬਾਘਾ, ਪ੍ਰਦੀਪ ਖੋਖਰ, ਨਾਜਰ ਸਿੰਘ ਤੇ ਬੂਟਾ ਸਿੰਘ ਬਰਨਾਲਾ ਆਦਿ ਨੇ ਸੰਬੋਧਨ ਕੀਤਾ।

**ਲੁਧਿਆਣਾ (ਰੈਕਟਰ ਕਥੂਰੀਆ, ਸਤੀਸ਼ ਸਚਦੇਵਾ)** : ਲੁਧਿਆਣਾ ਦੇ ਅਦਾਰਿਆਂ ਵਿੱਚ ਹੜਤਾਲ ਤੋਂ ਬਾਅਦ ਬੱਸ ਸਟੈਂਡ 'ਤੇ ਇਕੱਠੇ ਹੋ ਕੇ ਰੈਲੀ ਕੀਤੀ ਗਈ, ਜਿਸ ਵਿੱਚ ਏਟਕ-ਇੰਟਕ-ਸੀਟੂ-ਐਕਟੂ-ਸੀ ਟੀ ਯੂ ਪੰਜਾਬ, ਐੱਸ ਕੇ ਐੱਮ ਅਤੇ ਹੋਰ ਜਨਤਕ ਜਮਹੂਰੀ ਜਥੇਬੰਦੀਆਂ ਅਤੇ ਆਜ਼ਾਦ ਫੈਡਰੇਸ਼ਨਾਂ ਨੇ ਹਿੱਸਾ ਲਿਆ।ਇਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਕਿਹਾ ਕਿ ਲੇਬਰ ਕੋਡ ਬਿਨਾਂ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕੀਤੇ, ਬਿਨਾਂ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕੀਤੇ ਅਤੇ ਭਾਰਤੀ ਲੇਬਰ ਕਾਨਫਰੰਸ ਨਾ ਬੁਲਾ ਕੇ ਉਨ੍ਹਾਂ ਅੰਤਰਰਾਸ਼ਟਰੀ ਮਜ਼ਦੂਰੀ ਮਿਆਰਾਂ ਦੀ ਉਲੰਘਣਾ ਕਰਕੇ ਲਿਆਂਦੇ ਗਏ ਹਨ, ਜਿਨ੍ਹਾਂ ਲਈ ਭਾਰਤ ਨੇ ਇੱਕ ਦੇਸ਼ ਦੇ ਤੌਰ 'ਤੇ ਹਸਤਾਖਰ ਕੀਤੇ ਹੋਏ ਹਨ। ਆਗੂਆਂ ਮੰਗ ਕੀਤੀ ਕਿ ਵਿਕਸਤ ਭਾਰਤ-ਗਾਰੰਟੀ ਫ਼ਾਰ ਰੁਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਐਕਟ 2025 ਰੱਦ ਕੀਤਾ ਜਾਵੇ ਅਤੇ ਮਨਰੇਗਾ ਕਾਨੂੰਨ ਨੂੰ ਉਸ ਦੀਆਂ ਕਮੀਆਂ ਦੂਰ ਕਰਕੇ ਦੁਬਾਰਾ ਲਾਗੂ ਕੀਤਾ ਜਾਵੇ, ਮਸੌਦਾ ਸੀਡ ਬਿੱਲ ਅਤੇ ਬਿਜਲੀ ਸੋਧ ਬਿੱਲ ਵਾਪਸ ਲਏ ਜਾਣ, 'ਸ਼੍ਰਮ ਸ਼ਕਤੀ ਨੀਤੀ-2025' ਦਾ ਮਸੌਦਾ ਬਿਨਾਂ ਹਿੱਸੇਦਾਰਾਂ ਨਾਲ ਗੱਲਬਾਤ ਕੀਤੇ ਜਾਰੀ ਕੀਤਾ ਹੈ, ਜਿਸ ਦਾ ਮਕਸਦ ਚਾਰ ਲੇਬਰ ਕੋਡ ਲਾਗੂ ਕਰਨਾ, ਟਰੇਡ ਯੂਨੀਅਨਾਂ ਦੀ ਭੂਮਿਕਾ ਘਟਾਉਣਾ, ਮਜ਼ਦੂਰੀ ਨੂੰ ਅਧਿਕਾਰ ਦੀ ਥਾਂ 'ਧਰਮ' ਵਜੋਂ ਦਰਸਾਉਣਾ ਅਤੇ ਸਰਕਾਰ ਦੀ ਨਿਯੰਤਰਕ ਵਾਲੀ ਭੂਮਿਕਾ ਨੂੰ ਧੁੰਦਲੇ 'ਰੁਜ਼ਗਾਰ ਸੁਵਿਧਾਕਾਰ' ਵਿੱਚ ਬਦਲਣਾ ਹੈ, ਜਿਸ ਨਾਲ ਸਮੂਹਕ ਸੰਘਰਸ਼ ਕਮਜ਼ੋਰ ਹੁੰਦਾ ਹੈ।ਸਰਕਾਰ ਲਗਾਤਾਰ ਨਿੱਜੀਕਰਨ ਅਤੇ ਸਾਰੇ ਰਣਨੀਤਕ ਸਰਕਾਰੀ ਖੇਤਰਾਂ ਦੇ ਉਦਮਾਂ ਅਤੇ ਜਨ ਸੇਵਾਵਾਂ, ਜਿਵੇਂ ਰੇਲਵੇ, ਬੰਦਰਗਾਹ, ਕੋਲ ਖਾਣਾਂ, ਤੇਲ, ਸਟੀਲ, ਰੱਖਿਆ, ਸੜਕਾਂ, ਹਵਾਈ ਅੱਡੇ, ਬੈਂਕ, ਬੀਮਾ, ਟੈਲੀਕਾਮ, ਡਾਕ, ਪਰਮਾਣੂ ਊਰਜਾ, ਬਿਜਲੀ ਉਤਪਾਦਨ ਅਤੇ ਵੰਡ ਆਦਿ ਨੂੰ ਦੇਸੀ ਤੇ ਵਿਦੇਸ਼ੀ ਵੱਡੇ ਕਾਰਪੋਰੇਟਾਂ ਦੇ ਹਵਾਲੇ ਕਰਨ ਦੇ ਆਪਣੇ ਅਜੰਡੇ ਨੂੰ ਬੰਦ ਕਰੇ।ਸਰਕਾਰੀ ਅਤੇ ਸਰਕਾਰੀ ਖੇਤਰ ਦੀਆਂ ਖਾਲੀ ਅਸਾਮੀਆਂ ਭਰੀਆਂ ਜਾਣ, ਆਂਗਨਵਾੜੀ, ਆਸ਼ਾ, ਮਿਡ ਡੇ ਮੀਲ ਕਰਮਚਾਰੀਆਂ ਨੂੰ ਨਿਯਮਿਤ ਕਰਕੇ ਸਰਕਾਰੀ ਕਰਮਚਾਰੀ ਬਣਾਇਆ ਜਾਵੇ, ਨੈਸ਼ਨਲ ਹੈੱਲਥ ਮਿਸ਼ਨ ਦੇ ਡਾਕਟਰਾਂ ਅਤੇ ਨਰਸਾਂ ਨੂੰ ਪੱਕਾ ਕੀਤਾ ਜਾਵੇ।ਇਹ ਹੜਤਾਲ ਉਸ ਪਿਛੋਕੜ ਵਿੱਚ ਹੋਈ ਹੈ, ਜਿੱਥੇ ਅਰਥ ਵਿਵਸਥਾ ਦੀ ਗਿਰਾਵਟ, ਵਧਦੀ ਬੇਰੁਜ਼ਗਾਰੀ, ਲੋਕਾਂ ਦੇ ਲੋਕਤੰਤਰਿਕ ਅਧਿਕਾਰਾਂ 'ਤੇ ਹਮਲੇ, ਘੱਟ ਗਿਣਤੀਆਂ ਖ਼ਿਲਾਫ਼ ਨਫ਼ਰਤ ਅਤੇ ਧਰੁਵੀਕਰਨ ਦੀਆਂ ਜ਼ਹਿਰੀਲੀਆਂ ਮੁਹਿੰਮਾਂ, ਲੋਕਤੰਤਰਿਕ ਸੰਸਥਾਵਾਂ 'ਤੇ ਹਮਲੇ ਅਤੇ ਉਨ੍ਹਾਂ ਨੂੰ ਸੱਤਾਧਾਰੀ ਪਾਰਟੀ ਦੇ ਅੰਨ੍ਹੇ ਸਮਰਥਕਾਂ ਨਾਲ ਧਰਨਾ ਚੱਲ ਰਿਹਾ ਹੈ, ਜਿਸ ਦਾ ਮਕਸਦ ਸੰਗਠਨ, ਬੋਲਣ ਦੀ ਆਜ਼ਾਦੀ ਅਤੇ ਵਿਰੋਧ ਦੇ ਅਧਿਕਾਰ ਮਿਟਾਉਣਾ ਹੈ।

ਇਸ ਰੈਲੀ ਨੂੰ ਚੰਦਰ ਸ਼ੇਖਰ, ਮੰਗਤ ਰਾਮ ਪਾਸਲਾ, ਡੀ ਪੀ ਮੌੜ, ਗੁਰਜੀਤ ਸਿੰਘ ਜਗਪਾਲ, ਬੱਬਨ ਪਾਸਵਾਨ, ਰਘਵੀਰ ਸਿੰਘ ਬੈਨੀਪਾਲ, ਐੱਮ ਐੱਸ ਭਾਟੀਆ, ਸੁਖਵਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਬਲਰਾਮ ਸਿੰਘ, ਡਾ. ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੌੜ, ਸੁਭਾਸ਼ ਰਾਣੀ, ਮਾਸਟਰ ਫਿਰੋਜ਼, ਚਿਤਰੰਜਨ, ਯੁਵਰਾਜ ਸਿੰਘ, ਗੁਰਮੇਲ ਮੈਲਡੇ ਤੇ ਪ੍ਰਵੀਨ ਕੁਮਾਰੀ ਆਦਿ ਨੇ ਸੰਬੋਧਨ ਕੀਤਾ।ਰੈਲੀ ਦੇ ਪ੍ਰਧਾਨਗੀ ਮੰਡਲ ਵਿੱਚ ਕੇਵਲ ਸਿੰਘ ਬਨਵੈਤ, ਸਰਬਜੀਤ ਸਿੰਘ ਸਰਹਾਲੀ, ਪਰਮਜੀਤ ਸਿੰਘ, ਰਾਮ ਲਾਲ ਅਤੇ ਜੈ ਪ੍ਰਕਾਸ਼ ਨਰਾਇਣ ਸ਼ਾਮਲ ਸਨ।

ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ, ਆਲ ਇੰਡੀਆ ਬੈਂਕ ਆਫੀਸਰਜ਼ ਐਸੋਸੀਏਸ਼ਨ ਤੇ ਬੈਂਕ ਇੰਪਲਾਈਜ਼ ਫੈਡਰੇਸ਼ਨ ਆਫ ਇੰਡੀਆ ਦੇ ਸਾਂਝੇ ਸੱਦੇ 'ਤੇ ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ ਵੱਲੋਂ ਕੇਨਰਾ ਬੈਂਕ ਭਾਰਤ ਨਗਰ ਚੌਕ ਵਿੱਚ ਵਿਸ਼ਾਲ ਰੈਲੀ ਕੀਤੀ ਗਈ। ਇਸ ਨੂੰ ਪੀ ਆਰ ਮਹਿਤਾ, ਡਾ. ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੌੜ, ਪਵਨ ਠਾਕੁਰ, ਐੱਸ ਕੇ ਮਹਾਜਨ, ਰਾਜੇਸ਼ ਵਰਮਾ, ਜਰਨੈਲ ਸਿੰਘ, ਨਰਕੇਸਰ ਰਾਇ, ਪ੍ਰਵੀਨ ਅਗਰਵਾਲ, ਯੁਵਰਾਜ ਮਾਰੀਆ, ਰੋਹਿਤ ਭੰਡਾਰੀ ਤੇ ਗੁਰਮੀਤ ਸਿੰਘ ਨੇ ਸੰਬੋਧਨ ਕੀਤਾ।

## 'ਅਪ੍ਰੇਸ਼ਨ ਪ੍ਰਹਾਰ 2.0' ਤਹਿਤ 211 ਰਾਊਂਡਅਪ, 125 ਗ੍ਰਿਫ਼ਤਾਰ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਡੀ.ਜੀ.ਪੀ. ਗੌਰਵ ਯਾਦਵ ਦੇ ਹੁਕਮਾਂ ਤਹਿਤ ਸੂਬੇ ਨੂੰ ਅਪਰਾਧ ਮੁਕਤ ਕਰਨ ਲਈ ਵਿੱਢੀ ਮੁਹਿੰਮ ਨੂੰ ਜ਼ਿਲ੍ਹੇ ਵਿੱਚ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਪੁਲਸ ਨੇ 'ਅਪ੍ਰੇਸ਼ਨ ਪ੍ਰਹਾਰ 2.0' ਤਹਿਤ 72 ਘੰਟਿਆਂ ਅੰਦਰ ਅਪਰਾਧਕ ਅਨਸਰਾਂ ਦੇ ਲੱਕ ਤੋੜ ਦਿੱਤੇ।ਡੀ.ਆਈ.ਜੀ. (ਕ੍ਰਾਈਮ) ਨਵੀਨ ਸੈਣੀ ਤੇ ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਚੱਲੇ ਇਸ ਅਪ੍ਰੇਸ਼ਨ ਦੌਰਾਨ ਜ਼ਿਲ੍ਹੇ ਭਰ ਵਿੱਚ ਭਾਰੀ ਪੁਲਸ ਫੋਰਸ ਨੇ ਛਾਪੇਮਾਰੀ ਕਰਕੇ ਵੱਡੀਆਂ ਮੱਲਾਂ ਮਾਰੀਆਂ ਹਨ।ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਬੰਬੀਹਾ ਗੈਂਗ ਨਾਲ ਜੁੜੇ 4 ਮੁੱਖ ਮੈਂਬਰਾਂ ਨੂੰ ਕਾਬੂ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਸੰਗੀਨ ਜੁਰਮਾਂ 'ਚ ਲੋੜੀਂਦਾ ਸੁਰਿੰਦਰ ਸਿੰਘ ਉਰਫ ਲਾਡੀ (ਵਾਸੀ ਢਿੱਲਵਾਂ ਕਲਾਂ) ਵੀ ਸ਼ਾਮਲ ਹੈ।ਇਸ ਤੋਂ ਇਲਾਵਾ, ਅਪਰਾਧੀਆਂ ਨੂੰ ਪਨਾਹ ਦੇਣ ਅਤੇ ਮਦਦ ਕਰਨ ਵਾਲੇ 21 ਮਦਦਗਾਰਾਂ ਨੂੰ ਵੀ ਸਲਾਖਾਂ ਪਿੱਛੇ ਪੁਚਾਇਆ ਗਿਆ ਹੈ। ਪੁਲਸ ਨੇ 5 ਸਰਗਰਮ ਗਰੋਹਾਂ ਦੇ 28 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਕਈ ਸੰਗਠਿਤ ਅਪਰਾਧਾਂ ਦੇ ਮਾਮਲੇ ਸੁਲਝਾਉਣ ਦਾ ਦਾਅਵਾ ਕੀਤਾ ਹੈ।ਨਸ਼ਿਆਂ ਵਿਰੁੱਧ ਵਿੱਢੀ ਜੰਗ ਤਹਿਤ ਪੁਲਿਸ ਨੇ 37 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।'ਸੇਫ ਪੰਜਾਬ ਹੈਲਪਲਾਈਨ' 'ਤੇ ਮਿਲੀ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਨਸ਼ੇ ਦੇ ਵੱਡੇ ਸੌਦਾਗਰ ਹਰਦੀਪ ਸਿੰਘ ਉਰਫ ਵਣਜਾਰਾ (ਵਾਸੀ ਜੈਤੋ) ਨੂੰ ਦਬੋਚ ਲਿਆ ਹੈ।ਦੱਸਣਯੋਗ ਹੈ ਕਿ ਵਣਜਾਰਾ 'ਤੇ ਪਹਿਲਾਂ ਹੀ ਨਸ਼ਾ ਤਸਕਰੀ ਦੇ 14 ਮਾਮਲੇ ਦਰਜ ਹਨ।



ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ, ਜੇ ਈ ਐਸੋਸੀਏਸ਼ਨ, ਗਰਿੱਡ ਸਬ ਸਟੇਸ਼ਨ ਤੇ ਸਹਿਯੋਗੀ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਦੇ ਸੱਦੇ 'ਤੇ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਮੁਲਾਜ਼ਮਾਂ ਨੇ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਸ਼ਾਮਲ ਹੋ ਕੇਥਰਮਲ ਗੇਟ 'ਤੇ ਰੈਲੀ ਕਰਕੇ ਕੇਂਦਰ ਦੀ ਮੋਦੀ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਰੈਲੀ ਨੂੰ ਇੰਪਲਾਇਜ਼ ਫੈਡਰੇਸ਼ਨ ਚਾਹਲ ਦੇ ਰਜਿੰਦਰ ਸਿੰਘ ਨਿੰਮਾ, ਰਘਬੀਰ ਸਿੰਘ ਸੈਣੀ, ਇੰਪਲਾਈਜ਼ ਯੂਨੀਅਨ ਦੇ ਬਲਵਿੰਦਰ ਸਿੰਘ, ਮਨਿਸਟਿਰੀਅਲ ਸਰਵਿਸਜ਼ ਯੂਨੀਅਨ ਦੇ ਸੁਖਦੇਵ ਸਿੰਘ ਗਰੇਵਾਲ, ਗਰਿੱਡ ਸਬ ਸਟੇਸ਼ਨ ਦੇ ਰਣਜੀਤ ਸਿੰਘ, ਕੰਟਰੈਕਟਰ ਵਰਕਰ ਯੂਨੀਅਨ (ਏਟਕ) ਦੇ ਸੁਖਵਿੰਦਰ ਸਿੰਘ ਤੇ ਗੁਰਸੇਵਕ ਸਿੰਘ ਨੇ ਸੰਬੋਧਨ ਕੀਤਾ। (ਤਸਵੀਰ ਤੇ ਵੇਰਵਾ: ਭੀਮ ਸੈਨ ਹਦਵਾਰੀਆ, ਲਹਿਰਾ ਮੁਹੱਬਤ)

## ਮੰਡਲ ਯੂਨਿਟ ਦੀ ਚੋਣ 'ਚ ਗੁਰਦੀਪ ਸਿੰਘ ਗੋਪੀ ਬਣੇ ਪ੍ਰਧਾਨ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ (ਏਟਕ) ਮੰਡਲ ਯੂਨਿਟ ਧੂਰੀ ਦੀ ਜਥੇਬੰਦਕ ਕਾਨਫਰੰਸ ਮੰਡਲ ਪ੍ਰਧਾਨ ਸਾਥੀ ਗਗਨਦੀਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਸਾਥੀ ਸੁਖਦੇਵ ਸ਼ਰਮਾ ਸਾਬਕਾ ਜਨਰਲ ਸਕੱਤਰ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਹੋਰਨਾਂ 'ਚ ਸਰਕਲ ਸੰਗਰੂਰ ਦੇ ਪ੍ਰਧਾਨ ਸਾਥੀ ਜੀਵਨ ਸਿੰਘ ਤੇ ਸਾਥੀ ਗੁਰਧਿਆਨ ਸਿੰਘ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸਾਥੀ ਸੁਖਦੇਵ ਸ਼ਰਮਾ ਨੇ ਆਪਣੇ ਸੰਬੋਧਨ 'ਚ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਬਿਜਲੀ ਸੋਧ ਬਿਲ 2025 ਤੇ ਬੀਜ ਬਿਲ ਦਾ ਡੱਟਵਾਂ ਵਿਰੋਧ ਕਰਦਿਆਂ ਟਰੇਡ ਯੂਨੀਅਨਾਂ ਤੇ ਕਿਸਾਨ ਜਥੇਬੰਦੀਆਂ ਦੇ ਸੰਘਰਸ਼ ਦੀ ਹਮਾਇਤ ਕੀਤੀ।ਬੁਲਾਰਿਆਂ ਨੇ ਪਾਵਰਕਾਮ ਤੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੀ ਸਖਤ ਨਿੰਦਾ ਕਰਦਿਆਂ ਇੱਕਜੁੱਟ ਹੋ ਕੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।ਉਪਰੰਤ ਸਰਕਲ ਪ੍ਰਧਾਨ ਸਾਥੀ ਜੀਵਨ ਸਿੰਘ ਵੱਲੋਂ ਪੁਰਾਣੀ ਟੀਮ ਭੰਗ ਕਰਨ ਤੋਂ ਬਾਅਦ ਮੰਡਲ ਯੂਨਿਟ ਦੇ ਅਹੁਦੇਦਾਰਾਂ ਦੀ ਅਗਲੇ ਦੋ ਸਾਲ ਲਈ ਕੀਤੀ ਗਈ ਚੋਣ 'ਚ ਗੋਰਾ ਲਾਲ ਸ਼ੇਰਪੁਰ ਨੂੰ ਸਰਪ੍ਰਸਤ, ਗੁਰਦੀਪ ਸਿੰਘ ਗੋਪੀ ਪ੍ਰਧਾਨ, ਗੁਰਪ੍ਰੀਤ ਸਿੰਘ ਧੂਰੀ, ਸਰਬਜੀਤ ਸਿੰਘ ਬੱਬੂ ਤੇ ਤਾਨੀਆਂ (ਤਿੰਨੋ ਮੀਤ ਪ੍ਰਧਾਨ), ਕੁਲਜਿੰਦਰ ਸਿੰਘ ਸਕੱਤਰ, ਵਿਪਨ ਸ਼ਰਮਾ ਸਹਾਇਕ ਸਕੱਤਰ, ਗੁਰਪ੍ਰੀਤ ਸਿੰਘ ਮਾਨਾ ਖਜ਼ਾਨਚੀ, ਵਿਜੈ ਕੁਮਾਰ ਪ੍ਰੈੱਸ ਸਕੱਤਰ, ਸ਼ੇਰ ਸਿੰਘ ਆਡੀਟਰ ਤੇ ਸਤਵੰਤ ਸਿੰਘ ਨੂੰ ਸਲਾਹਕਾਰ ਚੁਣਿਆ ਗਿਆ।ਪ੍ਰੈੱਸ ਨੂੰ ਉਪਰੋਕਤ ਜਾਣਕਾਰੀ ਮੰਡਲ ਯੂਨਿਟ ਦੇ ਨਵੇਂ ਚੁਣੇ ਗਏ ਸਕੱਤਰ ਕੁਲਜਿੰਦਰ ਸਿੰਘ ਵੱਲੋਂ ਦਿੱਤੀ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਮੁਜ਼ਾਹਰਾ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜ)**- ਜਨਤਕ ਜਥੇਬੰਦੀਆਂ ਦੀ ਅਗਵਾਈ ਵਿੱਚ ਸਰਹੱਦੀ ਪਿੰਡਾਂ ਦੇ ਕਿਸਾਨਾਂ ਮਜ਼ਦੂਰਾਂ ਨੇ ਭਾਰਤ ਅਮਰੀਕਾ ਵਪਾਰ ਸਮਝੌਤੇ ਵਿਰੁੱਧ ਭਿੰਡੀ ਸੈਦਾਂ ਕਸਬੇ ਵਿੱਚ ਮੁਜ਼ਾਹਰਾ ਕਰਦਿਆਂ ਮੋਦੀ ਟਰੰਪ ਦੇ ਪ੍ਰਤੀਕ ਪੁਤਲੇ ਅਗਨ ਭੇਟ ਕੀਤੇ ਗਏ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ । ਇਸ ਸਮੇਂ ਜਮੂਹਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਇਹ ਸਮਝੌਤਾ ਅਮਰੀਕਾ ਦੇ ਪੱਖ ਵਿੱਚ ਇੱਕ ਪਾਸੜ ਹੈ ਇਸ ਨਾਲ ਕਿਸਾਨ - ਮਜ਼ਦੂਰ ਭਾਈਚਾਰੇ ਨੂੰ ਭਾਰੀ ਨੁਕਸਾਨ ਹੋਵੇਗਾ ਅਤੇ ਸਾਡੇ ਉਦਯੋਗ ਦੀਆਂ ਸੰਭਾਵਨਾਵਾਂ ਨੂੰ ਵੀ ਇਹ ਨੁਕਸਾਨ ਪਹੁੰਚਾਵੇਗਾ ਉੱਥੇ ਆਤਮ ਨਿਰਭਰ ਭਾਰਤ ਦੀਆਂ ਪਹਿਲ ਕਦਮੀਆਂ ਨੂੰ ਪਿੱਛੇ ਧੱਕੇਗਾ! ਖੇਤੀ ਮਾਹਿਰ ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਇਸ ਸਮਝੌਤੇ ਦੀ ਪਹਿਲੀ ਲੋਕ ਵਿਰੋਧੀ ਸ਼ਰਤ ਹੈ ਕਿ ਸਾਡਾ ਗਰੀਬ ਦੇਸ਼ ਜ਼ੀਰੋ ਟੈਰਿਫ ਤੇ ਅਮਰੀਕਾ ਤੋਂ 500 ਅਰਬ ਡਾਲਰ ਦੀ ਅਮਰੀਕਾ ਖ਼ੁਰਾਕ ਤੇ ਖੇਤੀ ਉਤਪਾਦਨ ਖ਼ਰੀਦੇਗਾ! ਅਜਿਹਾ ਹੋਣ ਨਾਲ ਸਾਰੀਆਂ ਮੰਡੀਆਂ ਦੇਸੀ ਤੇ ਵਿਦੇਸ਼ੀ ਕਾਰਪੋਰੇਟਾਂ ਦੇ ਹੱਥਾਂ ਵਿੱਚ ਚਲੇ ਜਾਣਗੀਆਂ! ਅਜਿਹਾ ਹੋਣ ਨਾਲ ਖੇਤੀ 'ਤੇ ਨਿਰਭਰ ਲੋਕਾਂ ਨੂੰ ਗੁਜ਼ਾਰੇ ਤੋਂ ਹੱਥ ਧੋਣੇ ਪੈਣਗੇ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਕੱਤਰ ਸੁੱਚਾ ਸਿੰਘ ਘੋਗਾ, ਗੰਨਾ ਸੰਘਰਸ਼ ਕਮੇਟੀ ਦੇ ਆਗੂ ਬਲਕਾਰ ਸਿੰਘ ਗੁਲਗੜ੍ਹ, ਕਿਸਾਨ ਸਭਾ ਦੇ ਆਗੂ ਜਰਨੈਲ ਸਿੰਘ ਤੇ ਕਰਨੈਲ ਸਿੰਘ ਭਿੰਡੀ ਸੈਦਾਂ, ਜਸਵਿੰਦਰ ਸਿੰਘ ਹਾਸ਼ਮਪੁਰ, ਲਖਬੀਰ ਸਿੰਘ ਤੇ ਬਿੱਲਾ ਸਿੰਘ ਤੱਲਾ ,ਔਰਤ ਮੁਕਤੀ ਮੋਰਚੇ ਦੀਆਂ ਕਾਰਕੁੰਨਾ ਪ੍ਰੀਤਮ ਕੌਰ - ਰਾਜਬੀਰ ਕੌਰ ਤੇ ਸਰਬਜੀਤ ਕੌਰ ਭਿੰਡੀ ਸੈਦਾਂ, ਵਿਦਿਆਰਥਣ ਸਿਮਰਨ ਕੌਰ, ਹਰਜੀਤ ਸਿੰਘ ਕਟਲੀ ਖਹਿਰਾ, ਹਰਨੇਕ ਸਿੰਘ ਨੇਪਾਲ, ਜਸਬੀਰ ਸਿੰਘ ਤੇ ਮਹਿਣ ਸਿੰਘ ਮੱਧੂਵਾਲ, ਬਘੇਲ ਸਿੰਘ ਤੇ ਪਰਗਟ ਸਿੰਘ ਝੁੰਜ, ਬੀਬੀ ਭੋਲੀ,ਸੁਖਵਿੰਦਰ ਕੌਰ ਤੇ ਪੰਮੀ ਤੋਂ ਇਲਾਵਾ ਮੁਖਤਾਰ ਸਿੰਘ, ਸੁੱਖਾ ਸਿੰਘ ਝਿਰਮਲ ਸਿੰਘ ਤੇ ਬਲਜੀਤ ਸਿੰਘ ਗੁਰਜੀਤ ਸਿੰਘ ਆਦਿ ਹਾਜ਼ਰ ਸਨ।

# ਟੈੱਟ ਪਾਸ ਕਰਨ ਦੀ ਸ਼ਰਤ ਲਾਗੂ ਕਰਨ ਵਿਰੁੱਧ ਰੋਸ ਪ੍ਰਦਰਸ਼ਨ

**ਧਾਰੀਵਾਲ (ਮਨਦੀਪ ਵਿੱਕੀ)** ਸੂਬੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ 2011 ਤੋਂ ਪਹਿਲਾਂ ਭਰਤੀ ਅਧਿਆਪਕਾਂ ਨੂੰ ਨੌਕਰੀ ਵਿੱਚ ਬਣੇ ਰਹਿਣ ਅਤੇ ਤਰੱਕੀ ਹਾਸਲ ਕਰਨ ਲਈ ਟੈੱਟ (ਟੀਚਰ ਐਲੀਜੀਬਿਲਿਟੀ ਟੈਸਟ) ਪਾਸ ਕਰਨ ਦੀ ਸ਼ਰਤ ਥੋਪਣ ਦੇ ਖਿਲਾਫ਼ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਗਏ । ਇਸੇ ਕੜੀ ਤਹਿਤ ਜ਼ਿਲ੍ਹਾ ਗੁਰਦਾਸਪੁਰ ਵਿਖੇ ਵੀ ਜ਼ਿਲ੍ਹੇ ਦੀਆ ਸਮੂਹ ਅਧਿਆਪਕ ਜਥੇਬੰਦੀਆਂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਅਧਿਆਪਕਾਂ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਜਿਸ ਦੀ ਅਗਵਾਈ ਕੁਲਦੀਪ ਪੁਰੋਵਾਲ, ਲਵਪ੍ਰੀਤ ਰੋੜਾਂਵਾਲੀ, ਅਸ਼ਵਨੀ ਫੱਜੂਪੁਰ,ਪਲਵਿੰਦਰ ਸਿੰਘ,ਗੁਰਦਿਆਲ ਚੰਦ, ਸਰਬਜੀਤ ਸਿੰਘ, ਅਨਿਲ ਕੁਮਾਰ, ਰਾਜਦੀਪ ਕੌਰ ਨੇ ਕੀਤੀ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ 20-25 ਸਾਲ ਸੇਵਾ ਨਿਭਾ ਚੁੱਕੇ ਅਧਿਆਪਕਾਂ ਉਪਰ ਟੈੱਟ ਪਾਸ ਕਰਨ ਦੀ ਸ਼ਰਤ ਥੋਪਣਾ ਗੈਰ ਵਿਗਿਆਨਿਕ ਅਤੇ ਤਰਕਹੀਣ ਹੈ ਕਿਉਂਕਿ ਅਧਿਆਪਕ ਉਸ ਸਮੇਂ ਭਰਤੀ ਦੀਆਂ ਸੇਵਾ ਸ਼ਰਤਾਂ ਅਤੇ ਨਿਯਮਾਂ ਅਨੁਸਾਰ ਯੋਗਤਾ ਪੂਰੀ ਕਰਕੇ ਨੌਕਰੀ ਵਿੱਚ ਆਏ ਸਨ। ਏਨੇ ਸਮੇਂ ਬਾਅਦ ਨਵੇਂ



ਨਿਯਮ ਲਾਗੂ ਕਰਨਾ ਕੁਦਰਤੀ ਨਿਆਂ ਪ੍ਰਣਾਲੀ ਦੇ ਵਿਰੁੱਧ ਹੈ। ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ ਸਬੰਧੀ ਸੰਸਦ ਵਿੱਚ ਕਨੂੰਨ ਪਾਸ ਕਰੇ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਇਸ ਸਬੰਧੀ ਕਾਹਲੀ ਨਾਂ ਕਰਕੇ ਅਧਿਆਪਕਾਂ ਦੇ ਹਿੱਤਾਂ ਦੀ ਰਾਖੀ ਕਰੇ। ਨਹੀਂ ਤਾਂ 22 ਫਰਵਰੀ ਨੂੰ ਪੰਜਾਬ ਭਰ ਦੇ ਅਧਿਆਪਕ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਮਹਾਂ ਰੈਲੀ ਕਰਨਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਤਿੱਖੇ ਪ੍ਰੋਗਰਾਮ ਕੀਤੇ ਜਾਣਗੇ। ਇਸ ਮੌਕੇ ਸਿੱਖਿਆ ਵਿਭਾਗ ਵੱਲੋਂ 7 ਫਰਵਰੀ 2026 ਨੂੰ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਫੂਕੀਆਂ ਗਈਆਂ ਜਿਸ ਵਿੱਚ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੀ.ਈ.ਟੀ. ਪਾਸ ਦੀ ਸ਼ਰਤ ਲਗਾ ਦਿੱਤੀ ਗਈ ਹੈ। ਇਸ ਮੌਕੇ ਹਰਜੀਤ ਸਿੰਘ ਕਾਹਨੂੰਵਾਨ, ਅਮਰਬੀਰ ਸਿੰਘ ਬੇਟੀ, ਜੋਤ ਪ੍ਰਕਾਸ਼ ਸਿੰਘ, ਬਲਕਾਰ ਸਿੰਘ., ਰਾਜੇਸ਼ ਮਹਾਜਨ, ਕ. ਕਰਮਜੀਤ ਸਿੰਘ, ਓਮਪ੍ਰਕਾਸ਼, ਬਲਜਿੰਦਰਸਿੰਘ, ਰਜਨੀਸ਼ ਕੁਮਾਰ, ਅਮਰਜੀਤ ਕੋਠੇ, ਰਾਜ ਕੁਮਾਰ, ਰਮੇਸ਼ ਕੁਮਾਰ , ਸੁਦਿੰਦਰ ਸਿੰਘ, ਲਾਭ ਸਿੰਘ, ਰਾਜਿੰਦਰ ਕੁਮਾਰ, ਸਿਮਰਨਜੀਤ ਸਿੰਘ ਬੱਗੀ, ਪਲਵਿੰਡਰ ਸਿੰਘ, ਗੁਰਮੁੱਖ ਸਿੰਘ, ਨਵਨੀਤ ਸਿੰਘ, ਸਰਬਜੀਤ ਸਿੰਘ, ਹਰਪ੍ਰੀਤ ਸਿੰਘ, ਸੰਜੀਵ ਕੁਮਾਰ, ਮਨਜੀਤ ਸਿੰਘ ਜਸਪਾਲ ਸਿੰਘ ਮਾਨ, ਜਤਿੰਦਰ ਨਬੀਪੁਰ , ਉਂਕਾਰ ਨਾਥ,ਸੁਨੀਤਾ, ਸਾਹਿਬ ਸਿੰਘ, ਚੇਤਨ, ਹਰਪ੍ਰੀਤ ਸਿੰਘ, ਜੋਗਾ ਸਿੰਘ,ਪਰਮਜੀਤ ਆਦਿ ਹਾਜ਼ਰ ਸਨ।

# ਮਿਲੀ-ਭੁਗਤ ਸਦਕਾ ਹੋ ਰਹੀਆਂ ਨਜਾਇਜ਼ ਉਸਾਰੀਆਂ : ਬਿੱਲਾ ਆਰੇ ਵਾਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਹਾਈ ਕੋਰਟ ਦੇ ਹੁਕਮਾਂ ਨੂੰ ਛਿੱਕੇ ਟੰਗ ਕੇ ਸ਼ਰੇਆਮ ਹੋ ਰਹੀਆਂ ਹਨ ਨਜਾਇਜ਼ ਉਸਾਰੀਆਂ ਅਤੇ ਨਗਰ ਨਿਗਮ ਸੌਂ ਰਿਹਾ ਕੁੰਭਕਰਨੀ ਨੀਂਦ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵਕ ਬਲਬੀਰ ਸਿੰਘ ਬਿੱਲਾ ਆਰੇ ਵਾਲੇ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਹਲਕਾ ਪੂਰਬੀ ਸਥਿਤ 100 ਫੁੱਟੀ ਰੋਡ ਵਿਖੇ ਸਾਲ 2023 ਤੋਂ ਹੋ ਰਹੀਆਂ ਨਜਾਇਜ਼ ਉਸਾਰੀਆਂ ਦੀ ਸ਼ਿਕਾਇਤ ਨਗਰ ਨਿਗਮ ਦੇ ਐਮ ਟੀ ਪੀ ਵਿਭਾਗ ਵਿੱਚ ਕੀਤੀ ਸੀ ਪ੍ਰੰਤੂ ਅਫ਼ਸੋਸ ਨਗਰ ਨਿਗਮ ਦੇ ਐਮ ਟੀ ਪੀ ਵਿਭਾਗ ਵਿੱਚ ਤੈਨਾਤ ਅਧਿਕਾਰੀਆਂ ਦੀ ਮਿਲੀ ਭੁਗਤ ਸਦਕਾ ਉਹਨਾਂ ਦੀ ਸ਼ਿਕਾਇਤ ਉੱਪਰ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਅਤੇ ਅੱਜ ਵੀ ਇਹ ਨਜਾਇਜ਼ ਉਸਾਰੀਆਂ ਸ਼ਰੇਆਮ ਹੋ ਰਹੀਆਂ ਹਨ । ਬਿੱਲੇ ਆਰੇ ਵਾਲੇ ਨੇ ਦੱਸਿਆ ਕਿ ਇਸ ਸਬੰਧੀ ਉਨ੍ਹਾਂ ਵੱਲੋਂ ਨਗਰ ਨਿਗਮ ਦੇ ਕਮਿਸ਼ਨਰ ਸਾਹਿਬ ਨੂੰ ਵੀ ਕਈ ਵਾਰੀ ਜਾਣੂੰ ਕਰਵਾਇਆ ਗਿਆ ਹੈ ਪ੍ਰੰਤੂ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ । ਬਿੱਲੇ ਆਰੇ ਵਾਲੇ ਨੇ ਪੰਜਾਬ ਦੇ ਮੁੱਖ ਮੰਤਰੀ ,ਸੈਕਟਰੀ ਲੋਕਲ ਬਾਡੀ ਵਿਭਾਗ, ਡਾਇਰੈਕਟਰ ਲੋਕਲ ਬਾਡੀਜ਼ ਵਿਭਾਗ ਪਾਸੋ ਮੰਗ ਕੀਤੀ ਕਿ ਉਹਨਾਂ ਵਲੋਂ ਦਿੱਤੀ ਗਈ ਸ਼ਿਕਾਇਤ ਉੱਪਰ ਕਾਰਵਾਈ ਨਾ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਅਤੇ ਇਸ ਬਾਬਤ ਜਲਦ ਹੀ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ ਜਾਵੇਗਾ।

# ਆਵਾਜਾਈ ਸੰਬੰਧੀ ਮੁਸ਼ਕਲਾਂ ਕੈਬਨਿਟ ਮੰਤਰੀ ਦੇ ਧਿਆਨ 'ਚ ਲਿਆਂਦੀਆਂ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਲੋਕਾਂ ਵੱਲੋਂ ਆਵਾਜਾਈ ਵਿੱਚ ਆ ਰਹੀ ਪ੍ਰੇਸ਼ਾਨੀ ਨੂੰ ਲੈ ਕੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਧਿਆਨ ਵਿੱਚ ਸਮੱਸਿਆ ਲਿਆਂਦੀ ਗਈ ਸੀ ਕਿ ਇੱਕ ਤਾਂ ਬਮਿਆਲ ਤੋਂ ਪਠਾਨਕੋਟ ਲਈ ਕੋਈ ਵੀ ਬੱਸ ਸੇਵਾ ਨਹੀਂ ਹੈ ਅਤੇ ਦੂਸਰਾ ਪਠਾਨਕੋਟ ਤੋਂ ਅੰਮ੍ਰਿਤਸਰ ਜਾਣ ਵਾਲੀਆਂ ਬੱਸਾਂ ਇਸ ਰੂਟ 'ਤੇ ਬਣੇ ਬੱਸ ਸਟਾਪ 'ਤੇ ਠਹਿਰਾਓ ਨਹੀਂ ਕਰਦੀਆਂ ਜਿਸ ਦੇ ਚਲਦਿਆਂ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵੀਰਵਾਰ ਨੂੰ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਆਦੇਸ਼ਾਂ ਅਨੁਸਾਰ ਸ੍ਰੀ ਵਿਕਾਸ, ਨਰੇਸ਼ ਸੈਣੀ ਬੀ.ਸੀ.ਵਿੰਗ ਦੇ ਜਿਲ੍ਹਾ ਪ੍ਰਧਾਨ, ਪਵਨ ਕੁਮਾਰ ਫੌਜੀ ਮੈਂਬਰ ਬਲਾਕ ਸੰਮਤੀ ਵੱਲੋਂ ਜੀ.ਐਮ. ਰੋਡਵੇਜ ਡਿਪੂ ਪਠਾਨਕੋਟ ਸ੍ਰੀ ਨਵਦੀਪ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ 'ਤੇ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਪਠਾਨਕੋਟ ਡਿਪੂ ਤੋਂ ਚੱਲਣ ਵਾਲੀਆਂ ਸਾਰੀਆਂ ਰੋਡਵੇਜ ਬੱਸ ਚਾਲਕਾਂ ਨੂੰ ਆਦੇਸ਼ ਦਿੱਤੇ ਜਾਣਗੇ ਕਿ ਜਿਸ ਸਥਾਨ 'ਤੇ ਬੱਸ ਦਾ ਸਟਾੱਪ ਹੈ ਉੱਥੇ ਬੱਸਾਂ ਦਾ ਠਹਿਰਾਓ ਲਾਜਮੀ ਕੀਤਾ ਜਾਵੇ । ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਕੈਬਨਿਟ ਮੰਤਰੀ ਆਦੇਸ਼ਾਂ ਅਨੁਸਾਰ ਬਮਿਆਲ ਨਿਵਾਸੀ ਲੋਕਾਂ ਦੀ ਸਮੱਸਿਆ ਨੂੰ ਵੇਖਦਿਆਂ ਇੱਕ ਸਰਕਾਰੀ ਬੱਸ ਸੇਵਾ 18 ਫਰਵਰੀ ਤੋਂ ਸ਼ੁਰੂ ਕੀਤੀ ਜਾਵੇਗੀ ਜੋ ਸਵੇਰੇ 6.15 ਵਜੇ ਬਮਿਆਲ ਤੋਂ ਚੱਲੇਗੀ ਅਤੇ ਵਾਇਆ ਕਠੂਆ ਹੁੰਦੇ ਹੋਏ 9 ਵਜੇ ਪਠਾਨਕੋਟ ਪਹੁੰਚੇਗੀ, ਇਸ ਤੋਂ ਬਾਅਦ ਇਹ ਬੱਸ 9.15 'ਤੇ ਪਠਾਨਕੋਟ ਤੋਂ ਚੱਲੇਗੀ ਅਤੇ ਵਾਇਆ ਕਠੂਆ ਤੋਂ ਹੁੰਦੇ ਹੋਏ 12 ਵਜੇ ਬਮਿਆਲ ਪਹੁੰਚੇਗੀ, ਦੂਸਰੇ ਫੇਰੇ ਦੌਰਾਨ ਇਹ ਬੱਸ 12.15 'ਤੇ ਬਮਿਆਲ ਤੋਂ ਚੱਲੇਗੀ ਅਤੇ 3 ਵਜੇ ਵਾਇਆ ਕਠੂਆ ਤੋਂ ਹੁੰਦੇ ਹੋਏ ਪਠਾਨਕੋਟ ਪਹੁੰਚੇਗੀ ਅਤੇ ਵਾਪਸੀ ਦੌਰਾਨ 3.30 ਵਜੇ ਪਠਾਨਕੋਟ ਤੋਂ ਵਾਇਆ ਕਠੂਆ ਹੁੰਦੇ ਹੋਏ ਬਮਿਆਲ ਲਈ ਰਵਾਨਾ ਹੋਵੇਗੀ।

# ਬਿਜਲੀ ਕਾਮਿਆਂ ਵੱਲੋਂ ਸਬ-ਡਵੀਜ਼ਨ ਹਰਸ਼ਾ ਛੀਨਾ ਤੇ ਮਜੀਠਾ ਵਿਖੇ ਮੁਕੰਮਲ ਹੜਤਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪਾਵਰਕਾਮ ਅਤੇ ਟਰਾਂਸਕੋ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਸੱਦੇ 'ਤੇ ਸਾਮਰਾਜੀ ਦਿਸ਼ਾ ਨਿਰਦੇਸ਼ਤ ਨਿੱਜੀਕਰਨ ਦੀਆਂ ਨੀਤੀਆਂ ਖਿਲਾਫ ਸਬ ਡਵੀਜ਼ਨ ਹਰਸ਼ਾ ਛੀਨਾ ਅਤੇ ਸਬ ਡਵੀਜ਼ਨ ਮਜੀਠਾ ਵਿਖੇ ਬਿਜਲੀ ਕਾਮਿਆਂ ਵੱਲੋਂ ਦੇਸ਼ ਵਿਆਪੀ ਮੁਕੰਮਲ ਹੜਤਾਲ ਕੀਤੀ ਗਈ, ਜਿਸ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ। ਦਫਤਰਾਂ ਮੂਹਰੇ ਕੀਤੀਆਂ ਗਈਆਂ ਗੇਟ ਰੈਲੀਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਹਿਲਾਂ ਤੋਂ ਬਣੇ ਲੋਕ ਪੱਖੀ ਕਾਨੂੰਨਾਂ ਨੂੰ ਵੱਡੀ ਪੱਧਰ 'ਤੇ ਤਬਦੀਲ ਕੀਤਾ ਜਾ ਰਿਹਾ ਹੈ ਅਤੇ ਬਹੁਤ ਸਾਰੇ ਕਾਨੂੰਨਾਂ ਨੂੰ ਮੁੱਢੋਂ ਹੀ ਖਤਮ ਕੀਤਾ ਜਾ ਰਿਹਾ ਹੈ। ਕੇਂਦਰ ਸਰਕਾਰ ਵੱਲੋਂ ਵੱਡੀ ਪੱਧਰ ਤੇ ਕਾਰਪੋਰੇਟ ਪੱਖੀ ਨਵੇਂ ਨਵੇਂ ਕਾਨੂੰਨ ਲਿਆ ਕੇ ਕਿਰਤੀ ਲੋਕਾਂ ਦੀ ਰੱਤ ਨਿਚੋੜ ਲੁੱਟ ਕਰਨ ਦਾ ਹੱਲਾ ਵਿੱਢਿਆ ਹੋਇਆ ਹੈ। ਇਸ ਹੱਲੇ ਤਹਿਤ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ, ਰੋਜ਼ਗਾਰ 'ਤੇ ਲੱਗੇ ਕਾਮਿਆਂ ਦੀਆਂ ਛਾਂਟੀਆਂ ਕੀਤੀਆਂ ਜਾ ਰਹੀਆਂ ਹਨ, ਲੁੱਟ ਅਤੇ ਰੱਤ ਨਿਚੋੜ ਮੁਨਾਫੇ ਲਈ ਆਊਟਸੋਰਸਡ ਪ੍ਰਣਾਲੀ ਧੜੱਲੇ ਨਾਲ ਲਾਗੂ ਕੀਤੀ ਜਾ ਰਹੀ ਹੈ, ਕਾਮਾ ਦੋਖੀ ਚਾਰ ਲੇਬਰ ਕੋਡ ਵੀ ਲਾਗੂ ਕੀਤੇ ਜਾ ਰਹੇ ਹਨ, ਨਵੀਂ ਪੈਨਸ਼ਨ ਪਾਲਿਸੀ ਲਾਗੂ ਕੀਤੀ ਗਈ ਹੈ, ਕੰਮ ਦਿਹਾੜੀ ਅੱਠ ਘੰਟੇ ਤੋਂ 12 ਘੰਟੇ ਕਰ ਦਿੱਤੀ ਗਈ ਹੈ, ਤਨਖਾਹ ਢਾਂਚੇ ਵਿੱਚ ਵੱਡੀ ਤਬਦੀਲੀ ਕਰਕੇ ਉੱਕੀ ਪੁੱਕੀ ਤਨਖਾਹ ਦਾ ਫਾਰਮੂਲਾ ਲਾਗੂ ਕੀਤਾ ਗਿਆ ਹੈ। ਇਸੇ ਨੀਤੀ



ਤਹਿਤ ਹੀ ਮਜ਼ਦੂਰਾਂ ਅਤੇ ਕਿਸਾਨਾਂ ਅਤੇ ਹੱਲਾ ਵਿੱਢਦਿਆਂ ਮਨਰੇਗਾ ਦਾ ਨਾਮ ਬਦਲਣ ਦੇ ਬਹਾਨੇ ਹੇਠ ਇਸ ਨੂੰ ਮੁਕੰਮਲ ਬੰਦ ਕਰਨ ਦੀ ਤਿਆਰੀ ਕੀਤੀ ਗਈ ਹੈ ਅਤੇ ਖੇਤੀ ਤੇ ਕਾਰਪੋਰੇਟੀ ਕਬਜ਼ਾ ਕਰਾਉਣ ਲਈ ਬੀਜ ਬਿੱਲ 2025 ਲਿਆਂਦਾ ਜਾ ਰਿਹਾ ਹੈ। ਜਿਸ ਦੀ ਆਗੂਆਂ ਨੇ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਕੇਂਦਰ ਤੇ ਪੰਜਾਬ ਸਰਕਾਰ ਇਹਨਾਂ ਨੀਤੀਆਂ ਨੂੰ ਲਾਗੂ ਕਰਨਾ ਬੰਦ ਕਰੇ। ਜੇਕਰ ਸਰਕਾਰਾਂ ਇਹਨਾਂ ਹੱਲਿਆਂ ਨੂੰ ਵਾਪਸ ਨਹੀਂ ਕਰਨਗੀਆਂ ਤਾਂ ਕੁੱਲ ਕਿਰਤੀ/ ਸੰਘਰਸ਼ਸ਼ੀਲ ਲੋਕਾਂ ਨਾਲ ਜੋਟੀ ਪਾ ਕੇ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੀਆਂ 90 ਦੇ ਕਰੀਬ ਜਥੇਬੰਦੀਆਂ ਦੇ ਸਾਂਝੇ ਫੈਸਲੇ ਮੁਤਾਬਕ 22 ਫਰਵਰੀ ਨੂੰ ਬੀ.ਜੇ.ਪੀ. ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ, ਮੰਤਰੀਆਂ ਅਤੇ ਵੱਡੇ ਆਗੂਆਂ ਦੇ ਘਰਾਂ ਸਾਹਮਣੇ ਸਾਂਝੇ ਵਿਸ਼ਾਲ ਰੋਸ ਧਰਨੇ ਦਿੱਤੇ ਜਾਣਗੇ। ਜੇਕਰ ਕੇਂਦਰ ਸਰਕਾਰ ਵੱਲੋਂ ਲੋਕ ਸਭਾ/ਰਾਜ ਸਭਾ ਵਿੱਚ ਬਿਜਲੀ ਸੋਧ ਬਿਲ 2025 ਅਤੇ ਬੀਜ ਬਿੱਲ 2025 ਲਿਆਂਦਾ ਗਿਆ ਤਾਂ ਉਸ ਦਿਨ ਨੂੰ ਕਾਲਾ ਦਿਨ ਮਨਾਉਂਦਿਆਂ ਤਿਖਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਗੇਟ ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਜੁਗਰਾਜ ਸਿੰਘ ਛੀਨਾ, ਪਰਮਿੰਦਰ ਸਿੰਘ, ਰਜਬੀਰ ਸਿੰਘ ਦੁਧਰਾਏ, ਜਤਿੰਦਰ ਸਿੰਘ ਛੀਨਾ, ਸੰਦੀਪ ਸਿੰਘ, ਜਸਪਾਲ ਸਿੰਘ, ਨਰਿੰਦਰ ਕੁਮਾਰ ਪੈਨਸ਼ਨਰ ਐਸੋਸੀਏਸ਼ਨ ਕਰਮ ਸਿੰਘ ਨੇ ਸੰਬੋਧਨ ਕੀਤਾ ਜਦੋਂ ਕਿ ਸਬ ਡਵੀਜ਼ਨ ਮਜੀਠਾ ਵਿਖੇ ਗੇਟ ਰੈਲੀ ਨੂੰ ਕ੍ਰਿਸ਼ਨ ਸਿੰਘ ਔਲਖ, ਸੁਖਪਾਲ ਸਿੰਘ ਮਜੀਠਾ, ਕੁੰਦਨ ਲਾਲ ਹਰੀਆਂ, ਰਘਬੀਰ ਸਿੰਘ ਮਜੀਠਾ, ਸੰਦੀਪ ਸਿੰਘ ਨਾਗ, ਰਕੇਸ਼ ਕੁਮਾਰ ਤਰਗੜ੍ਹ ਪੈਨਸ਼ਨਰ ਆਗੂ ਰਾਮ ਲੁਭਾਇਆ ਮਜੀਠਾ, ਮਹਿੰਦਰ ਸਿੰਘ ਖੈਹਰਾ ਨੇ ਆਦਿ ਨੇ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਗੁਰਪ੍ਰੀਤ ਸਿੰਘ ਸੋਹੀਆਂ ਨੇ ਨਿਭਾਈ।

# ਹਰ ਵਰਗ ਪੰਜਾਬ ਸਰਕਾਰ ਦੀਆਂ ਨਕਾਮੀਆਂ ਤੋਂ ਦੁਖੀ : ਸੱਚਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਅਗਲੇ ਸਾਲ ਪੰਜਾਬ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸਾਰੀਆਂ ਰਾਜਸੀ ਪਾਰਟੀਆਂ ਨੇ ਹੁਣ ਤੋਂ ਹੀ ਤਿਆਰੀਆਂ ਅਰੰਭ ਦਿੱਤੀਆਂ ਹਨ , ਵੀਰਵਾਰ ਨੂੰ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਸ੍ਰ ਭਗਵੰਤ ਪਾਲ ਸਿੰਘ ਸੱਚਰ ਨੇ ਮਜੀਠਾ ਸ਼ਹਿਰ ਵਿੱਚ ਮੀਟਿੰਗਾਂ ਸ਼ੁਰੂ ਕਰ ਦਿੱਤੀਆਂ ਹਨ ਜਿਸ ਦੇ ਤਹਿਤ ਵਾਰਡ ਨੰਬਰ 9 ਵਿੱਚ ਗੁਰਪਾਲ ਸਿੰਘ ਸੇਠ ਦੇ ਗ੍ਰਹਿ ਵਿਖੇ ਇੱਕ ਮੀਟਿੰਗ ਕੀਤੀ ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ , ਉਪਰੰਤ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰ ਸੱਚਰ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੇ ਨਕਾਮੀਆਂ ਤੋਂ ਸੂਬੇ ਦਾ ਹਰ ਵਰਗ ਨਿਰਾਸ਼ ਹੈ । ਇਸ ਮੌਕੇ ਗੁਰਪਾਲ ਸਿੰਘ ਸੇਠ, ਸ਼ਹਿਰੀ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ, ਸਾਬਕਾ ਕੌਂਸਲਰ ਪੱਪੀ ਭੱਲਾ, ਗੁੱਲੂ ਪੁਰੀ ਜੀ, ਯੂਥ ਕਾਂਗਰਸੀ ਆਗੂ ਸੰਨੀ ਕੱਥੂਨੰਗਲ, ਗਗਨਦੀਪ ਸਿੰਘ ਕੋਟਲਾ ਮੱਜਾ ਸਿੰਘ, ਸੁਖਵਿੰਦਰ ਸਿੰਘ ਆਕੜ, ਬੂਟਾ ਸਿੰਘ, ਦਿਲਬਾਗ ਸਿੰਘ, ਕਾਕਾ ਕਲੇਰ ਪ੍ਰਧਾਨ ਯੂਨੀਅਨ, ਗੋਲਡੀ ਰੋੜੀ, ਸੇਠ, ਮਨੋਹਰ ਲਾਲ ਗਾਲੋਵਾਲੀ, ਵਿਜੇ ਕੁਮਾਰ , ਲਾਲੀ ਹਮਜ਼ਾ, ਸ਼ੇਰਾ ਈਦਗਾਹ, ਬੱਬੂ ਮਜੀਠਾ, ਬਾਬਾ ਬਿੱਲਾ, ਭੁਪਿੰਦਰ ਸਿੰਘ ਭਿੰਦਾ ਰੋੜੀ, ਜਸਪਾਲ ਸਿੰਘ ਜਲਾਲਪੁਰ ਤੇ ਹੋਰ ਆਗੂ ਹਾਜ਼ਰ ਸਨ।

# 'ਆਪ' ਆਗੂਆਂ ਨੇ ਹਨੂੰਮਾਨ ਚੌਕ 'ਚ ਦਿੱਤਾ ਧਰਨਾ

**ਗੁਰਦਾਸਪੁਰ (ਜਨਕ ਮਹਾਜਨ)**- ਆਮ ਆਦਮੀ ਪਾਰਟੀ ਦੇ ਆਗੂਆਂ ਵਲੋਂ ਕੇਂਦਰ ਦੀ ਮੋਦੀ ਸਰਕਾਰ ਖ਼ਿਲਾਫ਼ ਹਨੂੰਮਾਨ ਚੌਕ ਵਿਚ ਧਰਨਾ ਪ੍ਰਦਰਸ਼ਨ ਦਿੱਤਾ। ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਨੇ ਕੁਝ ਜਥੇਬੰਦੀਆਂ ਦੇ ਸਹਿਯੋਗ ਨਾਲ ਮੋਦੀ ਸਰਕਾਰ ਖ਼ਿਲਾਫ਼ ਪਿੱਟ ਸਿਆਪਾ ਕੀਤਾ। ਇਸ ਮੌਕੇ ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਮੋਦੀ ਸਰਕਾਰ ਵਲੋਂ ਜੋ 18 ਫ਼ੀਸਦੀ ਅਮਰੀਕਾ ਨਾਲ ਸਮਝੌਤਾ ਹੋਇਆ ਸੀ, ਉਸ ਨੂੰ ਮੋਦੀ ਸਰਕਾਰ ਨੇ 0 ਫ਼ੀਸਦੀ ਕਰਕੇ ਸਿੱਧੇ ਤੌਰ 'ਤੇ ਅਮੀਰ ਘਰਾਣਿਆਂ ਨੂੰ ਲਾਭ ਪਹੁੰਚਾਇਆ ਹੈ। ਜਦੋਂ ਕਿ ਛੋਟੇ ਵਪਾਰੀਆਂ ਨੂੰ ਮਾਰਨ ਦੀ ਸਾਜ਼ਿਸ਼ ਘੜੀ ਗਈ ਹੈ ਅਤੇ ਇਸ ਨਾਲ ਮੱਧ ਵਰਗ ਦੇ ਵਪਾਰੀ ਬਿਲਕੁਲ ਖ਼ਤਮ ਹੋ ਜਾਣਗੇ ਅਤੇ ਨੌਜਵਾਨ ਬੇਰੁਜ਼ਗਾਰ ਹੋ ਜਾਣਗੇ। ਉਨ੍ਹਾਂ ਕਿਹਾ ਮੋਦੀ ਸਰਕਾਰ ਨੇ ਕਿਸਾਨਾਂ ਅਤੇ ਛੋਟੇ ਕਾਰੋਬਾਰੀਆਂ ਦਾ ਭਵਿੱਖ ਖ਼ਤਮ ਕਰਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕੇਂਦਰ ਸਰਕਾਰ ਅਮਰੀਕਾ ਨਾਲ ਸਮਝੌਤਾ ਕਰਕੇ ਫੋਕੀ ਵਾਹ-ਵਾਹ ਖੱਟ ਰਹੀ ਹੈ ਪਰ ਇਸ ਦਾ ਅਸਰ ਭਾਰਤ ਦੇ ਲੋਕਾਂ ਦੇ ਉਲਟਾ ਪਵੇਗਾ। ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਕੇਂਦਰ ਸਰਕਾਰ ਦੇ ਗਲਤ ਫੈਸਲਿਆਂ ਖ਼ਿਲਾਫ਼ ਡਟ ਕੇ ਆਵਾਜ਼ ਬੁਲੰਦ ਕਰੇਗੀ। ਉਨ੍ਹਾਂ ਆਮ ਲੋਕਾਂ ਨੂੰ ਵੀ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਖ਼ਿਲਾਫ਼ ਖੜ੍ਹੇ ਹੋਣ ਲਈ ਕਿਹਾ ਤਾਂ ਜੋ ਕਿਸਾਨ ਅਤੇ ਮਜ਼ਦੂਰਾਂ ਦਾ ਘਾਣ ਤੋਂ ਬਚਾਅ ਹੋ ਸਕੇ। ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਹੋਰ ਆਗੂ ਵੀ ਹਾਜ਼ਰ ਸਨ।




# ਪਸ਼ੂ ਪਾਲਣ ਵਿਭਾਗ ਨੇ ਗਊ ਭਲਾਈ ਕੈਂਪ ਲਗਾਇਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸਰਹੱਦੀ ਪਿੰਡ ਚੀਮਾ ਕਲਾਂ ਵਿਖੇ 12 ਫਰਵਰੀ ਨੂੰ ਧੰਨ ਧੰਨ ਬਾਬਾ ਸ਼ੇਖ ਬ੍ਰਹਮ ਪੀਰ ਜੀ ਗਊਸ਼ਾਲਾ ਚੀਮਾ ਕਲਾਂ ਵਿਖੇ ਪਸ਼ੂ ਪਾਲਣ ਵਿਭਾਗ, ਤਰਨ ਤਾਰਨ ਵੱਲੋਂ ਪੰਜਾਬ ਗਊ ਸੇਵਾ ਕਮਿਸ਼ਨ ਦੇ ਸਹਿਯੋਗ ਨਾਲ ਗਊ ਭਲਾਈ ਕੈਂਪ ਲਗਾਇਆ ਗਿਆ।

ਜਿਸ ਵਿਚ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਤਰਨ ਤਾਰਨ ਡਾ ਮੁਨੀਸ਼ ਕੁਮਾਰ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਕਟਰਾਂ ਦੀ ਟੀਮ ਪਹੁੰਚੀ।ਕੈਂਪ ਵਿੱਚ ਐਸ ਵੀ ਓ ਤਰਨ ਤਾਰਨ ਡਾ ਰਾਜੇਸ਼ ਕੁਮਾਰ, ਡਾ ਜਗਜੀਤ ਸਿੰਘ, ਡਾ ਗੁਰਿੰਦਰਬੀਰ ਸਿੰਘ, ਡਾ ਬਿੰਦੂ ਬਾਲਾ, ਡਾ ਜਸਪ੍ਰੀਤ ਸਿੰਘ ਅਤੇ ਸਿਮਰਨਜੀਤ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ ਅਤੇ ਗਊਆਂ ਦੀ ਸੇਵਾ ਲਈ 25000 ਰੁਪਏ ਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਅਤੇ ਬਿਮਾਰ ਗਊਆਂ ਦਾ ਇਲਾਜ ਵੀ ਕੀਤਾ।ਇਸ ਮੌਕੇ ਆਏ ਹੋਏ ਡਾਕਟਰਾਂ ਦੀ ਟੀਮ ਦਾ ਧੰਨ ਧੰਨ ਬਾਬਾ ਸ਼ੇਖ ਬ੍ਰਹਮ ਪੀਰ ਜੀ ਗਊਸ਼ਾਲਾ ਦੇ ਮੁੱਖ ਸੇਵਾਦਾਰ ਬਾਬਾ ਦਿਲਬਾਗ ਸਿੰਘ ਨੇ ਧੰਨਵਾਦ ਕੀਤਾ। ਇਸ ਮੌਕੇ ਬਾਬਾ ਸਾਹਿਬ ਸਿੰਘ, ਬਲਵਿੰਦਰ ਸਿੰਘ ਬਿੱਲਾ, ਸਤਕਾਰ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰਤਾਪ ਸ਼ਰਮਾ, ਐਡਵੋਕੇਟ ਰਘੂ ਸ਼ਰਮਾ ਆਦਿ ਹਾਜ਼ਰ ਸਨ।

# ਨਾਈਟ ਬੱਸ ਸਰਵਿਸ ਨਾ ਹੋਣ ਕਾਰਨ ਲੋਕ ਡਾਢੇ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਤੋਂ ਦੂਸਰੇ ਸ਼ਹਿਰਾਂ ਨੂੰ ਜਾਣ ਵਾਸਤੇ ਰਾਤ ਸਮੇਂ ਬੱਸ ਸਰਵਿਸ ਨਾ ਮਿਲਣ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਜਿੱਥੇ ਸਾਹਮਣਾ ਕਰਨਾ ਪੈ ਰਿਹਾ ਹੈ ਉੱਥੇ ਹੀ ਲੋਕ ਰਾਤ ਸਮੇਂ ਆਪਣੀ ਮੰਜ਼ਿਲ 'ਤੇ ਜਾਣ ਲਈ ਖੱਜਲ-ਖੁਆਰ ਹੁੰਦੇ ਦਿਖਾਈ ਦਿੰਦੇ ਹਨ। ਗੁਰਦਾਸਪੁਰ ਜ਼ਿਲ੍ਹਾ ਹੈਡਕੁਆਟਰ ਹੋਣ ਕਾਰਨ ਇਥੇ ਪੰਜਾਬ ਦੇ ਦੂਜੇ ਵੱਡੇ ਸ਼ਹਿਰਾਂ ਨੂੰ ਹਨੇਰ-ਸਵੇਰ ਜਾਣ ਵਾਸਤੇ ਕਾਫ਼ੀ ਮੁਸਕਲ ਪੇਸ਼ ਆ ਰਹੀ ਹੈ। ਲੋਕਾਂ ਨੇ ਦੱਸਿਆ ਕਿ ਰਾਤ ਸਮੇਂ ਪ੍ਰਾਈਵੇਟ ਟੈਕਸੀਆਂ ਵਾਲੇ ਆਪਣੀ ਮਨਮਰਜ਼ੀ ਦਾ ਕਿਰਾਇਆ ਵਸੂਲ ਕਰਦੇ ਹਨ। ਉਨ੍ਹਾਂ ਕਿਹਾ ਨਾਈਟ ਬੱਸ ਸਰਵਿਸ ਨਾ ਮਿਲਣ ਕਾਰਨ ਮਜਬੂਰਨ ਲੋਕਾਂ ਨੂੰ ਜ਼ਿਆਦਾ ਪੈਸੇ ਖਰਚ ਕਰਕੇ ਪ੍ਰਾਈਵੇਟ ਸਵਾਰੀ ਦਾ ਪ੍ਰਬੰਧ ਕਰਨਾ ਪੈਂਦਾ ਹੈ ਜਿਸ ਨਾਲ ਜਿੱਥੇ ਉਨ੍ਹਾਂ ਦਾ ਖਰਚ ਜ਼ਿਆਦਾ ਹੁੰਦਾ ਹੈ ਉੱਥੇ ਹੀ ਕਾਫੀ ਪ੍ਰੇਸ਼ਾਨੀ ਵੀ ਪੇਸ਼ ਆਉਂਦੀ ਹੈ। ਲੋਕਾਂ ਨੇ ਦੱਸਿਆ ਕਿ ਰਾਤ ਸਮੇਂ ਬੱਸ ਸਰਵਿਸ ਨਾ ਮਿਲਣ ਨਾਲ ਜਿਥੇ ਲੋਕ ਡਾਢੇ ਪ੍ਰੇਸ਼ਾਨ ਹਨ ਉਥੇ ਹੀ ਪਿੰਡਾਂ ਨੂੰ ਜਾਣ ਲਈ ਦਿਨ ਸਮੇਂ ਵੀ ਬਹੁਤ ਘੱਟ ਬੱਸ ਸਰਵਿਸ ਮਿਲ ਰਹੀ ਹੈ। ਉਨ੍ਹਾਂ ਕਿਹਾ ਬੱਸ ਸਰਵਿਸ ਸਹੀ ਨਾ ਮਿਲਣ ਕਾਰਨ ਕਈ ਵਾਰ ਸਕੂਲੀ ਵਿਦਿਆਰਥੀ ਜਿਥੇ ਸਕੂਲ ਸਮੇਂ ਸਿਰ ਨਹੀਂ ਪਹੁੰਚ ਪਾਉਂਦੇ ਉਥੇ ਹੀ ਕਈ ਮੁਲਾਜ਼ਮ ਵੀ ਆਪਣੀ ਨੌਕਰੀ 'ਤੇ ਆਉਣ ਸਮੇਂ ਲੇਟ ਹੋ ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਪਿੰਡਾਂ ਨੂੰ ਜਾਣ ਵਾਲੀਆਂ ਬੱਸਾਂ ਜ਼ਿਆਦਾ ਸਮਾਂ ਲੈ ਕੇ ਚਲਦੀਆਂ ਹਨ ਜਿਸ ਕਾਰਨ ਸਵਾਰੀਆਂ ਨੂੰ ਮਜਬੂਰਨ ਬੱਸਾਂ ਵਿਚ ਖੜ੍ਹੇ ਹੋ ਕੇ ਸਫ਼ਰ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਖ਼ਾਸ ਕਰਕੇ ਲੜਕੀਆਂ ਅਤੇ ਔਰਤਾਂ ਨੂੰ ਬੱਸ ਵਿਚ ਖੜ੍ਹੇ ਹੋ ਕੇ ਸਫ਼ਰ ਕਰਨਾ ਬੇਹੱਦ ਔਖਾ ਹੋ ਜਾਂਦਾ ਹੈ। ਇਸੇ ਤਰ੍ਹਾਂ ਕਈ ਸਕੂਲੀ ਵਿਦਿਆਰਥੀ ਬੱਸਾਂ ਦੀਆਂ ਖਿੜਕੀਆਂ ਵਿਚ ਖੜ੍ਹੇ ਆਪਣੀ ਜਾਨ ਖ਼ਤਰੇ ਵਿਚ ਪਾ ਕੇ ਸਫ਼ਰ ਕਰਦੇ ਹਨ। ਇਹ ਸਾਰਾ ਕੁਝ ਰੋਜ਼ ਦੀ ਰੁਟੀਨ ਬਣ ਚੁੱਕਾ ਹੈ ਪਰ ਫ਼ਿਰ ਵੀ ਪ੍ਰਸ਼ਾਸਨ ਇਸ ਮਸਲੇ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਲੋਕਾਂ ਨੇ ਟਰਾਂਸਪੋਰਟ ਮੰਤਰੀ ਪੰਜਾਬ ਲਾਲਜੀਤ ਭੁੱਲਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਤੋਂ ਨਾਈਟ ਬਸ ਸਰਵਿਸ ਚਾਲੂ ਕਰਨ ਦੇ ਨਾਲ-ਨਾਲ ਪਿੰਡਾਂ ਨੂੰ ਜਾਣ ਵਾਲੀਆਂ ਬੱਸਾਂ ਦੀ ਗਿਣਤੀ ਵੀ ਵਧਾਈ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।

# ਚਵਿੰਡਾ ਦੇਵੀ ਵਿਖੇ ਪੰਚਾਇਤ ਨੇ ਵਿਕਾਸ ਕਾਰਜਾਂ ਦੇ ਕੰਮ ਚਾਲੂ ਕਰਵਾਏ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਆਪ ਸਰਕਾਰ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਦੀ ਲੜੀ ਤਹਿਤ ਹਲਕਾ ਮਜੀਠਾ ਦੇ ਪਿੰਡ ਚਵਿੰਡਾ ਦੇਵੀ ਵਿਖੇ ਸਮੂਹ ਪੰਚਾਇਤ ਵੱਲੋਂ ਲੱਖਾਂ ਰੁਪਏ ਦੇ ਵਿਕਾਸ ਕਾਰਜਾਂ ਦੇ ਕੰਮ ਪਿੰਡ ਵਿੱਚ ਚਾਲੂ ਕਰਵਾਏ ਗਏ। ਜਿਸ ਵਿੱਚ ਢੱਡੇ ਰੋਡ ਸੜਕ ਅਤੇ ਢੱਡੇ ਰੋਡ ਤੇ ਸੀਵਰੇਜ ਪਾਉਣ ਦਾ ਕੰਮ ਆਰੰਭ ਕੀਤਾ ਗਿਆ। ਸਰਪੰਚ ਚਵਿੰਡਾ ਦੇਵੀ ਵੱਲੋਂ ਇਹ ਸਾਰਿਆਂ ਨੂੰ ਭਰੋਸਾ ਦਿਵਾਇਆ ਗਿਆ ਕਿ ਕਿਸੇ ਨਾਲ ਵੀ ਕਿਸੇ ਤਰ੍ਹਾਂ ਦਾ ਕੋਈ ਪੱਖਪਾਤ ਨਹੀਂ ਕੀਤਾ ਜਾਵੇਗਾ ਅਤੇ ਪਿੰਡ ਵਿੱਚ ਡਿਵੈਲਪਮੈਂਟ ਦੇ ਕੰਮ ਤਸੱਲੀਬਖਸ਼ ਅਤੇ ਪੂਰੀ ਇਮਾਨਦਾਰੀ ਨਾਲ ਤਨਦੇਹੀ ਨਾਲ ਕਰਵਾਉਣਗੇ ਅਤੇ ਸਰਕਾਰ ਵੱਲੋਂ ਮਿਲੀ ਗਰਾਂਟ ਦਾ ਕਿਸੇ ਵੀ ਤਰ੍ਹਾਂ ਦਾ ਦੁਰਉਪਯੋਗ ਨਹੀਂ ਹੋਏਗਾ। ਜੋ ਵੀ ਕੰਮ ਪਿੰਡ ਲਈ ਸਹੀ ਅਤੇ ਸਭ ਦੀ ਸਹਿਮਤੀ ਨਾਲ ਕਰਵਾਇਆ ਜਾਏਗਾ। ਸੀਵਰੇਜ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਸਰਪੰਚ ਪਰਮਜੀਤ ਕੌਰ ਉਹਨਾਂ ਦੇ ਬੇਟੇ ਸੋਨੀ ਰੰਧਾਵਾ, ਹਰਦੇਵ ਰੰਧਾਵਾ, ਮਨਦੀਪ ਸੁੰਦਰ, ਸਵਰਨਜੀਤ ਸਿੰਘ ਕਰਾਲੀਆ, ਕਾਕਾ ਭੰਡਾਰੀ, ਹਰਪਾਲ ਸਿੰਘ, ਅਜੇ ਪਾਲ ਸਿੰਘ ਸਿੱਧੂ, ਲਵ, ਕੋਟ ਪ੍ਰਭ ਦਿਆਲ ਸਿੰਘ, ਮੈਂਬਰ ਕਿਰਪਾਲ ਸਿੰਘ, ਮੈਂਬਰ ਮਿੰਟਾ, ਮੈਂਬਰ ਨਾਨੂੰ, ਮੈਂਬਰ ਲੱਡੂ, ਮੈਂਬਰ ਸੁੱਖ, ਵਿੱਕੀ, ਬਿੱਟਾ, ਮੈਂਬਰ ਜੰਗ ਬਹਾਦਰ, ਮੈਂਬਰ ਕਰਮਜੀਤ ਸਿੰਘ ਅਤੇ ਹੋਰ ਆਮ ਆਦਮੀ ਪਾਰਟੀ ਆਗੂ ਹਾਜ਼ਰ ਸਨ।

# ਕੰਡਮ ਸਾਮਾਨ ਦੀ ਨਿਲਾਮੀ 22 ਨੂੰ : ਕਮੇਟੀ

**ਧਾਰੀਵਾਲ (ਗੁਰਦਾਸਪੁਰ), (ਮਨਦੀਪ ਵਿੱਕੀ)**- ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਗੁਰਦਾਸਪੁਰ ਵਿਖੇ ਪਏ ਨਾ ਵਰਤੋਂ ਵਿੱਚ ਆਉਣ ਵਾਲੇ ਕੰਡਮ ਸਾਮਾਨ ਦੀ ਨਿਲਾਮੀ 23 ਫਰਵਰੀ ਨੂੰ ਸਵੇਰੇ 11 ਵਜੇ ਸਮੂਹ ਕਮੇਟੀ ਮੈਂਬਰਾਂ ਦੀ ਹਾਜ਼ਰੀ ਵਿੱਚ ਖੁੱਲੀ ਬੋਲੀ ਰਾਹੀਂ ਕੀਤੀ ਜਾਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਲੋਕ ਸੰਪਰਕ ਅਫਸਰ ਹਰਜਿੰਦਰ ਸਿੰਘ ਕਲਸੀ ਨੇ ਦਫਤਰ ਵੱਲੋਂ ਹਰ ਆਮ ਅਤੇ ਖਾਸ ਨੂੰ ਸੂਚਿਤ ਕਰਦਿਆਂ ਦੱਸਿਆ ਗਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ ਏ, ਕਮਰਾ ਨੰ: 222, 223 ਅਤੇ 224 ਪਹਿਲੀ ਮੰਜ਼ਿਲ ਵਿਖੇ ਪਏ ਸਾਮਾਨ ਨੂੰ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਆ ਕੇ ਦੇਖਿਆ ਜਾ ਸਕਦਾ ਹੈ।ਨਿਲਾਮੀ ਲਈ ਨਿਰਧਾਰਿਤ ਮਿਤੀ ਨੂੰ ਜੇਕਰ ਕੋਈ ਸਰਕਾਰੀ ਛੁੱਟੀ ਦਾ ਐਲਾਨ ਹੋ ਜਾਂਦਾ ਹੈ ਤਾਂ ਬੋਲੀ ਅਗਲੇ ਦਿਨ ਕੀਤੀ ਜਾਵੇਗੀ।

# ਅਬਰੋਲ ਤੇ ਨਈਅਰ ਦੀ ਅਗਵਾਈ 'ਚ ਮਜੀਠੀਆ ਦਾ ਭਰਵਾਂ ਸਵਾਗਤ

**ਮਜੀਠਾ (ਸੋਇਮ ਆਨੰਦ)** ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਜੇਲ੍ਹ ਵਿਚੋਂ ਜ਼ਮਾਨਤ 'ਤੇ ਰਿਹਾਅ ਹੋਣ ਉਪਰੰਤ ਚੰਡੀਗੜ੍ਹ ਤੋਂ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ ਵਾਸਤੇ ਆਪਣੇ ਪਰਵਾਰ ਸਮੇਤ ਆਏ। ਜਿਨ੍ਹਾਂ ਦਾ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੇ ਜਗ੍ਹਾ ਜਗ੍ਹਾ 'ਤੇ ਭਰਵਾਂ ਸ਼ਾਨਦਾਰ ਸਵਾਗਤ ਕੀਤਾ। ਇਸੇ ਤਹਿਤ ਕਸਬਾ ਮਜੀਠਾ ਤੋਂ ਸਾਬਕਾ ਪ੍ਰਧਾਨ ਕੌਂਸਲਰ ਤਰੁਨ ਕੁਮਾਰ ਅਬਰੋਲ ਅਤੇ ਸੀਨੀਅਰ ਮੀਤ ਪ੍ਰਧਾਨ ਪ੍ਰਿੰਸ ਨਈਅਰ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਪਾਰਟੀ ਆਗੂਆਂ ਨੇ ਗੋਲਡਨ ਗੇਟ ਅੰਮ੍ਰਿਤਸਰ ਵਿਖੇ ਬਿਕਰਮ ਸਿੰਘ ਮਜੀਠੀਆ ਦਾ ਸ਼ਾਨਦਾਰ ਸਵਾਗਤ ਕੀਤਾ। ਪ੍ਰਿੰਸ ਨਈਅਰ ਵੱਲੋ ਮਜੀਠੀਆ ਨੂੰ ਕੇਕ ਖੁਆ ਕੇ ਮੂੰਹ ਮਿੱਠਾ ਕਰਾਇਆ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਉੱਕਤ ਆਗੂਆਂ ਨੇ ਮਜੀਠੀਆ ਨੂੰ ਵਿਸ਼ਵਾਸ ਦਿਵਾਇਆ ਕਿ ਸ਼ਹਿਰ ਮਜੀਠਾ ਦੇ ਸਾਰੇ ਆਗੂ ਅਤੇ ਵਰਕਰ ਮਜੀਠੀਆ ਨਾਲ ਚੱਟਾਨ ਵਾਂਗ ਖੜ੍ਹੇ ਹਨ ਅਤੇ ਬੜੀ ਬੇਸਬਰੀ ਨਾਲ ਮਜੀਠੀਆ ਦਾ ਸ਼ਹਿਰ ਮਜੀਠਾ ਵਿਖੇ ਆਉਣ ਦਾ ਇੰਤਜ਼ਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮਜੀਠੀਆ ਜਲਦੀ ਹੀ ਸ਼ਹਿਰ ਮਜੀਠਾ ਅਤੇ ਹਲਕਾ ਮਜੀਠਾ ਵਿਚ ਆਪਣੇ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਮਿਲਣ ਆਉਣਗੇ। ਇਸ ਮੌਕੇ ਤਰੁਨ ਕੁਮਾਰ ਅਬਰੋਲ ਦੇ ਨਾਲ ਪ੍ਰਿੰਸ ਨਈਅਰ, ਪ੍ਰਧਾਨ ਸਲਵੰਤ ਸਿੰਘ ਸੇਠ, ਦਿਲਬਾਗ ਸਿੰਘ ਗਿੱਲ, ਸਾਬਕਾ ਵਾਈਸ ਚੇਅਰਮੈਨ ਦੁਰਗਾ ਦਾਸ, ਸੁਰਿੰਦਰਪਾਲ ਸਿੰਘ ਗੋਕਲ, ਤੇਜਿੰਦਰ ਸਿੰਘ ਲਾਟੀ ਨੰਬਰਦਾਰ, ਹਰਪਾਲ ਸਿੰਘ ਜੱਥੇਦਾਰ, ਉਂਕਾਰ ਸਿੰਘ, ਬਿੱਲਾ ਸ਼ਾਹ ਆੜ੍ਹਤੀਆ, ਅਜੈ ਕੁਮਾਰ ਚੋਪੜਾ, ਬਾਊ ਨਰੇਸ਼ ਕੁਮਾਰ, ਦੀਪਕ ਆੜ੍ਹਤੀਆ, ਕ੍ਰਿਸ਼ਨ ਨਈਅਰ, ਸ਼ੈਕੀ ਅਰੋੜਾ, ਗੁਰਪ੍ਰੀਤ ਸਿੰਘ ਪਿੰਟੂ, ਐਡਵੋਕੇਟ ਪ੍ਰਸ਼ਾਂਤ ਸ਼ਰਮਾ, ਰਾਜਾ ਮਜੀਠਾ, ਬੱਬੂ ਕਹੇੜ੍ਹ, ਸਮੇਤ ਵੱਡੀ ਗਿਣਤੀ ਵਿਚ ਅਕਾਲੀ ਵਰਕਰ ਹਾਜ਼ਰ ਸਨ।



# ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੀਤੀਆਂ ਹੱਲ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਲੋਕਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਸੂਬੇ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਦੱਸਿਆ ਕਿ ਬਟਾਲਾ ਸਮੇਤ ਜ਼ਿਲ੍ਹੇ ਗੁਰਦਾਸਪੁਰ ਵਿੱਚ ਸਿਹਤ ਯੋਜਨਾ ਤਹਿਤ ਹੈਲਥ ਕਾਰਡ ਬਣਾਉਣ ਲਈ ਰਜਿਸਟ੍ਰੇਸ਼ਨ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਔਰਤਾਂ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਦਿੱਤੀਆਂ ਗਾਰੰਟੀਆਂ ਵਿੱਚੋਂ ਇੱਕ ਸਿਹਤ ਗਾਰੰਟੀ ਸੀ ਕਿ ਪੰਜਾਬ ਦੇ ਹਰ ਵਿਅਕਤੀ ਅਤੇ ਹਰ ਨਾਗਰਿਕ ਲਈ ਮੁਫ਼ਤ ਅਤੇ ਮਿਆਰੀ ਸਿਹਤ ਸੰਭਾਲ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕ ਹਿੱਤ ਵਿੱਚ ਨਿਰੰਤਰ ਕੰਮ ਕਰ ਰਹੀ ਹੈ।



# ਫਰਦ ਕੇਂਦਰ ਕੰਪਿਊਟਰ ਅਪਰੇਟਰਾਂ ਵੱਲੋਂ ਦੇਸ਼-ਵਿਆਪੀ ਹੜਤਾਲ ਨੂੰ ਸਮਰਥਨ

**ਪੱਟੀ (ਬਲਦੇਵ ਸਿੰਘ ਸੰਧੂ)**- ਦੇਸ਼ ਵਿਆਪੀ ਹੜਤਾਲ ਦੇ ਸੱਦੇ ਨੂੰ ਸਮਰਥਨ ਦਿੰਦੇ ਹੋਏ ਪੰਜਾਬ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੇ ਝੰਡੇ ਹੇਠ ਫਰਦ ਕੇਂਦਰ ਕੰਪਿਊਟਰ ਅਪਰੇਟਰ ਐਸੋਸੀਏਸ਼ਨ (ਰਜਿ.) ਪੰਜਾਬ, ਜ਼ਿਲ੍ਹਾ ਤਰਨ ਤਾਰਨ ਵੱਲੋਂ ਕਾਲੇ ਬਿੱਲੇ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਸਮੂਹ ਜ਼ਿਲ੍ਹਾ ਤਰਨ ਤਾਰਨ ਦੇ ਫਰਦ ਕੇਂਦਰ ਮੁਲਾਜ਼ਮਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਜ਼ਿਲ੍ਹਾ ਨੁਮਾਇੰਦਾ ਨਵਦੀਪ ਸਿੰਘ, ਹਰਮਿੰਦਰ ਸਿੰਘ, ਬਲਰਾਜ ਸਿੰਘ ਅਤੇ ਗੁਰਜੰਟ ਸਿੰਘ ਮੌਕੇ 'ਤੇ ਹਾਜ਼ਰ ਸਨ। ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਤਰਨ ਤਾਰਨ ਜ਼ਿਲ੍ਹੇ ਦੀ ਹਰ ਤਹਿਸੀਲ ਵਿੱਚ ਕਰਮਚਾਰੀਆਂ ਵੱਲੋਂ ਤਹਿਸੀਲ ਗੇਟਾਂ ਅੱਗੇ ਕਾਲੇ ਬਿੱਲੇ ਲਗਾ ਕੇ ਸਰਕਾਰ ਦੇ ਲੋਕ-ਮਾਰੂ ਬਿੱਲਾਂ, ਲੇਬਰ ਕੋਡ, ਨਿੱਜੀਕਰਨ ਅਤੇ ਠੇਕਾ ਪ੍ਰਥਾ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜੀ ਕੀਤੀ ਗਈ।ਇਸ ਮੌਕੇ ਮੁਲਾਜ਼ਮਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ, ਕਿਸਾਨ ਅਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਤਿੱਖਾ ਰੋਸ ਪ੍ਰਗਟਾਇਆ। ਵਕਤਾਵਾਂ ਨੇ ਕਿਹਾ ਕਿ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ, ਮਜ਼ਦੂਰ ਅਧਿਕਾਰਾਂ ਵਿੱਚ ਕਟੌਤੀ ਅਤੇ ਠੇਕਾ ਪ੍ਰਥਾ ਨੂੰ ਵਧਾਵਾ ਦੇਣ ਵਾਲੇ ਫ਼ੈਸਲੇ ਮਜ਼ਦੂਰ ਵਰਗ ਲਈ ਘਾਤਕ ਸਾਬਤ ਹੋ ਰਹੇ ਹਨ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਆਪਣੀਆਂ ਨੀਤੀਆਂ ਵਿੱਚ ਤੁਰੰਤ ਸੁਧਾਰ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਅਤੇ ਵਿਸਤਾਰਤ ਕੀਤਾ ਜਾਵੇਗਾ। ਵਰਕਰਾਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਹੜਤਾਲ ਨੂੰ ਪੂਰੀ ਤਰ੍ਹਾਂ ਕਾਮਯਾਬ ਬਣਾਉਣ ਦਾ ਸੰਕਲਪ ਲਿਆ।ਅੰਤ ਵਿੱਚ ਮਜ਼ਦੂਰ ਏਕਤਾ ਜ਼ਿੰਦਾਬਾਦ, ਸਰਕਾਰੀ ਸੰਸਥਾਵਾਂ ਦੀ ਰੱਖਿਆ ਕਰੋ ਅਤੇ ਹੱਕਾਂ ਦੀ ਬਹਾਲੀ ਦੇ ਨਾਅਰੇ ਲਗਾਏ ਗਏ ।



# 'ਯੁਵਾ ਆਪਦਾ ਮਿੱਤਰ' ਟਰੇਨਿੰਗ ਸਫਲਤਾਪੂਰਵਕ ਸਮਾਪਤ

**ਗੁਰਦਾਸਪੁਰ (ਜਨਕ ਮਹਾਜਨ)**- ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ (ਮੈਗਸੀਪਾ) ਵਲੋਂ 'ਯੁਵਾ ਆਪਦਾ ਮਿੱਤਰ' ਟਰੇਨਿੰਗ



ਪ੍ਰੋਗਰਾਮ ਐੱਸ.ਐੱਸ.ਐੱਮ ਕਾਲਜ ਦੀਨਾਨਗਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਕਰਨਲ ਦਲਬੀਰ ਸਿੰਘ (ਹੈੱਡ ਆਫ਼ ਮਗਸੀਪਾ) ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਟਰੇਨਿੰਗ ਪ੍ਰੋਗਰਾਮ ਦੇ ਸੱਤਵੇਂ ਦਿਨ ਰਜਿਸਟਰਡ ਕੀਤੇ ਹੋਏ 200 ਐੱਨ.ਐੱਸ.ਐੱਸ ਅਤੇ ਐੱਨ.ਵਾਈ.ਕੇ.ਐੱਸ ਦੇ ਵਲੰਟੀਅਰਜ਼ ਕੋਲੋਂ ਟਰੇਨਿੰਗ ਦੇ ਅਖੀਰਲੇ ਦਿਨ ਪੇਪਰ ਲਿਆ ਗਿਆ ਤੇ ਵਲੰਟੀਅਰਜ਼ ਨੂੰ ਟਰੇਨਿੰਗ ਬਾਰੇ ਫੀਡ ਬੈਕ ਦੇਣ ਲਈ ਕਿਹਾ। ਸਮਾਪਤੀ ਸਮਾਰੋਹ ਵਿੱਚ ਪੀ.ਸੀ.ਐੱਸ ਅਧਿਕਾਰੀ ਕੁਲਦੀਪ ਚੰਦ ਮੁੱਖ ਮੰਤਰੀ ਫੀਲਡ ਅਫਸਰ ਵਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਵਲੰਟੀਅਰਾਂ ਨੇ ਟਰੇਨਿੰਗ ਪ੍ਰੋਗਰਾਮ ਬਾਰੇ ਬਹੁਤ ਹੀ ਸਕਾਰਾਤਮਕ ਵਿਚਾਰ ਰੱਖੇ ਜਿਨਾਂ ਨੂੰ ਸੁਣ ਕੇ ਪੀ.ਸੀ.ਐੱਸ ਅਧਿਕਾਰੀ ਕੁਲਦੀਪ ਚੰਦ ਨੇ ਸਾਰੀ ਮੈਗਸੀਪਾ ਟੀਮ ਐਸ.ਐਸ.ਐਮ ਕਾਲਜ ਪ੍ਰਿੰਸੀਪਲ ਤੇ ਸਮੂਹ ਸਟਾਫ਼ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਜ਼ਿਲ੍ਹੇ ਵਿੱਚ ਆਪ ਨੇ ਵਲੰਟੀਅਰਾਂ ਨੂੰ ਬਹੁਤ ਵਧੀਆ ਟਰੇਨਿੰਗ ਕਰਵਾਈ ਹੈ ਆਉਣ ਵਾਲੇ ਸਮੇਂ ਵਿਚ ਸਾਰੇ ਵਲੰਟੀਅਰ ਆਪਦਾਵਾਂ ਨਾਲ ਨਜਿੱਠਣ ਲਈ ਤਿਆਰ ਰਹਿਣਗੇ। ਕੋਰਸ ਕੋਆਰਡੀਨੇਟਰ ਅੰਕੁਰ ਸ਼ਰਮਾ ਵਲੋਂ ਸਾਰੇ ਐਸ. ਐਸ. ਐਮ ਕਾਲਜ ਸਟਾਫ ਮੈਂਬਰ ਪ੍ਰਿੰਸੀਪਲ, ਨੋਡਲ ਆਫਿਸਰ ਪਰਮਿੰਦਰ ਸਿੰਘ ਸੈਣੀ ਦਾ ਧੰਨਵਾਦ ਕੀਤਾ ਗਿਆ ਅਤੇ ਕੋਰਸ ਰਿਪੋਰਟ ਪੜ੍ਹੀ ਗਈ। ਇਹ ਮੌਕੇ ਜ਼ਿਲਾ ਯੂਥ ਅਫਸਰ ਮੈਡਮ ਸੰਦੀਪ ਕੌਰ, ਐਸ.ਐਸ.ਐਮ. ਕਾਲਜ ਦੇ ਪ੍ਰਿੰਸੀਪਲ ਡਾ. ਆਰ. ਕੇ. ਤੁਲੀ, ਪਰਮਿੰਦਰ ਸੈਣੀ (ਜ਼ਿਲ੍ਹਾ ਗਾਈਡੈਂਸ ਕੌਂਸਲਰ ਕਮ ਜ਼ਿਲ੍ਹਾ ਨੋਡਲ ਅਫ਼ਸਰ), ਮੁਕੇਸ਼ ਵਰਮਾ (ਸਹਾਇਕ ਨੋਡਲ ਅਫ਼ਸਰ), ਪ੍ਰੋਫੈਸਰ ਗਰੋਵਰ (ਡੀਨ ਯੂਥ ਵੈਲਫੇਅਰ), ਪਵਨ ਭਾਰਦਵਾਜ, ਐਨ.ਐਸ. ਐਸ ਇੰਚਾਰਜ ਸੁਸ਼ਮਾ, ਸੁਬੀਰ ਆਦਿ ਤੋਂ ਇਲਾਵਾ ਇੰਸਟਰਕਟਰ ਪ੍ਰੀਤੀ ਦੇਵੀ ਸ਼ਾਨੂੰ, ਸ਼ਾਇਨਾ, ਆਯੂਸ਼, ਯੋਗੇਸ਼, ਆਦਿਤੀ, ਰਿਸ਼ਾ, ਦਵਿੰਦਰ ਕੌਰ ਸ਼ਾਮਲ ਸਨ।

# ਜਥੇਦਾਰ ਬਾਬਾ ਤਰਸੇਮ ਸਿੰਘ ਦੀ ਬਰਸੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ

**ਧਾਰੀਵਾਲ (ਮਨਦੀਪ ਵਿੱਕੀ)**- ਮਿਸਲ ਗੁਰੂ ਹਰਿਗੋਬਿੰਦਗੜ੍ਹ ਸਾਹਿਬ ਤਰਨਾ ਦਲ ਮਹਿਤਾ ਚੌਂਕ ਦੇ ਤੀਸਰੇ ਜਾਨਸ਼ੀਨ ਸੱਚਖੰਡ ਵਾਸੀ ਸਿੰਘ ਸਾਹਿਬ ਜੱਥੇਦਾਰ ਬਾਬਾ ਤਰਸੇਮ ਸਿੰਘ ਦੀ ਚੌਥੀ ਬਰਸੀ ਗੁਰਦੁਆਰਾ ਗ੍ਰਿਫਤਾਰੀਗੜ੍ਹ ਸਾਹਿਬ ਗੜ੍ਹੀ ਗੁਰਦਾਸਨੰਗਲ (ਜ਼ਿਲ੍ਹਾ ਗੁਰਦਾਸਪੁਰ) ਵਿਖੇ ਦਲ ਦੇ ਮੌਜੂਦਾ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਵਿੰਦਰ ਸਿੰਘ ਅਤੇ ਸਮੂਹ ਤਰਨਾ ਦਲ ਮਹਿਤਾ ਚੌਂਕ ਦੀਆਂ ਨਿਹੰਗ ਸਿੰਘ ਫੌਜਾਂ ਵਲੋਂ ਬਹੁਤ ਸ਼ਰਧਾ ਸਤਿਕਾਰ ਸਹਿਤ ਮਨਾਈ ਗਈ। ਇਸ ਸਬੰਧੀ ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਸਜਾਏ ਧਾਰਮਿਕ ਦੀਵਾਨਾਂ ਦੌਰਾਨ ਢਾਡੀ ਜਥਾ ਨਿਹੰਗ ਸਿੰਘ ਭਾਈ ਨਿਸ਼ਾਨ ਸਿੰਘ ਮਹਿਤਾ ਚੌਂਕ ਵਾਲੇ ਅਤੇ ਸਾਥੀ, ਢਾਡੀ ਜਥਾ ਭਾਈ ਲਖਵਿੰਦਰ ਸਿੰਘ ਸੋਹਲ ਤੇ ਸਾਥੀ ਅਤੇ ਢਾਡੀ ਜਥਾ ਭਾਈ ਸ਼ਮਸ਼ੇਰ ਸਿੰਘ ਖੁੰਡਾ ਅਤੇ ਕਵੀਸ਼ਰੀ ਜਥਾ ਭਾਈ ਰਜਵੰਤ ਸਿੰਘ ਆਦਿ ਸਮੇਤ ਵੱਖ-ਵੱਖ ਜਥਿਆਂ ਨੇ ਸਿੱਖ ਸੂਰਬੀਰ ਯੋਧਿਆਂ ਦੀਆਂ ਵਾਰਾਂ ਅਤੇ ਕਵੀਸ਼ਰੀਆਂ ਰਾਹੀਂ ਸੰਗਤਾਂ ਨੂੰ ਸਿੱਖਾਂ ਦੇ ਸ਼ਾਨਾਮੱਤੇ ਇਤਿਹਾਸ ਬਾਰੇ ਜਾਣੂ ਕਰਵਾਇਆ। ਇਸ ਮੌਕੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਸਿੰਘ ਸਾਹਿਬ ਜਥੇਦਾਰ ਕੁਲਵੰਤ ਸਿੰਘ ਨੰਦੇੜ ਸਾਹਿਬ ਵੱਲੋਂ ਭੇਜਿਆ ਸਨਮਾਨ, ਦਸਤਾਰ, ਢਾਲ, ਚੋਲਾ ਆਦਿ ਰਮਨਦੀਪ ਸਿੰਘ ਨੇ ਮਿਸਲ ਗੁਰੂ ਹਰਿਗੋਬਿੰਦਗੜ੍ਹ ਸਾਹਿਬ ਤਰਨਾ ਦਲ ਮਹਿਤਾ ਚੌਂਕ ਦੇ ਮੁਖੀ ਜਥੇਦਾਰ ਬਾਬਾ ਬਲਵਿੰਦਰ ਸਿੰਘ ਨੂੰ ਸਤਿਕਾਰ ਸਹਿਤ ਭੇਟ ਕੀਤੇ।ਇਸ ਮੌਕੇ ਮੁਖੀ ਬਾਬਾ ਬਲਵਿੰਦਰ ਸਿੰਘ ਵੱਲੋਂ ਸਮਾਗਮ ਵਿੱਚ ਪਹੁੰਚੇ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਪਰੰਤ ਸ਼ਾਮ ਨੂੰ ਨਿਹੰਗ ਸਿੰਘਾਂ ਵੱਲੋਂ ਘੋੜ ਸਵਾਰ ਹੋ ਕੇ ਮਹੱਲਾ ਕੱਢਿਆ ਅਤੇ ਨੇਜ਼ਾਬਾਜ਼ੀ ਕੀਤੀ ਗਈ।ਸਮਾਗਮ ਵਿੱਚ ਬਾਬਾ ਬਲਬੀਰ ਸਿੰਘ ਮੁੱਖੀ ਬੁੱਢਾ ਦਲ 96 ਕਰੋੜੀ, ਨਿਹੰਗ ਸਿੰਘ ਬਾਬਾ ਦਲਵਿੰਦਰ ਸਿੰਘ, ਬਾਬਾ ਰਛਪਾਲ ਸਿੰਘ ਮੀਤ ਪ੍ਰਧਾਨ ਤਰਨਾ ਦਲ ਮਹਿਤਾ ਚੌਂਕ, ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ, ਕਵਲਜੀਤ ਸਿੰਘ ਕਾਕੀ, ਬਾਬਾ ਮੇਜਰ ਸਿੰਘ ਸੋਡੀ ਮੁਖੀ ਦਸਮੇਸ਼ ਤਰਨਾ ਦਲ, ਬਾਬਾ ਜਗਜੀਤ ਸਿੰਘ ਮੜ੍ਹੀਆਂ ਵਾਲਾ, ਬਾਬਾ ਸੁੱਖਾ ਸਿੰਘ ਮੰਨਣਾ, ਬਾਬਾ ਬਲਦੇਵ ਸਿੰਘ ਮੁਸਤਰਾਪੁਰ ਤਰਨਾ ਦਲ, ਜਥੇਦਾਰ ਸੁਮੇਰ ਸਿੰਘ, ਜਥੇਦਾਰ ਸਾਹਿਬਾਜ਼ ਸਿੰਘ, ਜਥੇਦਾਰ ਸੁਬੇਗ ਸਿੰਘ, ਭਾਈ ਹਰਭਜਨ ਸਿੰਘ ਮਹਿਤਾ ਚੌਂਕ, ਇੰਸਪੈਕਟਰ ਕੇਵਲ ਸਿੰਘ ਮਹਿਤਾ ਚੌਂਕ, ਗੁਰਦੁਆਰਾ ਬੁਰਜ ਸਾਬ ਧਾਰੀਵਾਲ ਦੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਥਾਣੇਦਾਰ ਸਵਰਨ ਸਿੰਘ ਇੰਦਰਾਵਾਲ, ਮੈਨੇਜਰ ਸਤਨਾਮ ਸਿੰਘ ਰਿਆੜ, ਬਾਬਾ ਅਨੂਪ ਸਿੰਘ ਰਿਟਾਇਰਡ ਬੀਡੀਓ, ਰਣਜੀਤ ਸਿੰਘ ਰੰਧਾਵਾ, ਕਥਾਵਾਚਕ ਬਾਬਾ ਹਰਮੀਤ ਸਿੰਘ ਖੁੰਡੀ, ਬਾਬਾ ਖੁਸਵੰਤ ਸਿੰਘ ਸੰਧਵਾਂ, ਦਿਲਬਾਗ ਸਿੰਘ ਗੁਰਦਾਸ ਨੰਗਲ, ਲਾਲੀ ਜੌਹਲ ਨੰਗਲ ਆਦਿ ਇਲਾਵਾ ਵੀ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।



# ਸਟੇਟ ਪ੍ਰਗਤੀ ਡੈਸ਼ਬੋਰਡ ਦੀ ਮੀਟਿੰਗ 'ਚ ਪਰਿਯੋਜਨਾਵਾਂ ਦੀ ਸਮੀਖਿਆ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਚੰਡੀਗੜ੍ਹ ਵਿੱਚ ਆਯੋਜਿਤ ਸਟੇਟ ਪ੍ਰਗਤੀ ਡੈਸ਼ਬੋਰਡ ਦੀ ਸਮੀਖਿਆ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਵਿੱਚ ਚੱਲ ਰਹੀ ਮੇਗਾ ਪਰਿਯੋਜਨਾਵਾਂ ਦੀ ਪ੍ਰਗਤੀ ਦੀ ਸਖਤ ਨਿਗਰਾਨੀ ਕੀਤੀ ਜਾਵੇ ਤੇ ਉਨ੍ਹਾਂ ਦੇ ਲਾਗੂ ਕਰਨ ਵਿੱਚ ਤੇਜੀ ਲਿਆਈ ਜਾਵੇ, ਤਾਂ ਜੋ ਸਾਰੀ ਪਰਿਯੋਜਨਾਵਾਂ ਨਿਰਧਾਰਿਤ ਸਮੇਂਸੀਮਾ ਅੰਦਰ ਪੂਰੀ ਹੋ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ 75 ਕਰੋੜ ਰੁਪਏ ਤੋਂ ਵੱਧ ਲਾਗਤ ਵਾਲੀ ਸਾਰੀ ਪ੍ਰਮੁੱਖ ਪਰਿਯੋਜਨਾਵਾਂ ਨੂੰ ਸਟੇਟ ਪ੍ਰਗਤੀ ਡੈਸ਼ਬੋਰਡ 'ਤੇ ਜ਼ਰੂਰੀ ਰੂਪ ਨਾਲ ਅਪਲੋਡ ਕੀਤਾ ਜਾਵੇ, ਜਿਸ ਨਾਲ ਵੱਖ-ਵੱਖ ਪੱਧਰ 'ਤੇ ਉਨ੍ਹਾਂ ਦੀ ਰਿਅਲ ਟਾਇਮ ਮਾਨੀਟਰਿੰਗ ਯਕੀਨੀ ਹੋ ਸਕੇ।

13-Feb-PAGE-4.qxd 2/12/2026 10:51 PM Page 1

ਨਵਾਂ ਜ਼ਮਾਨਾ


ਸ਼ੁੱਕਰਵਾਰ, 13 ਫਰਵਰੀ 2026

# ਘੁਸਪੈਠੀਆ ਰਾਗ

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਲਗਾਤਾਰ ਚੋਣ ਮੰਚਾਂ ਤੋਂ ਦੇਸ਼ ਵਿੱਚ 'ਘੁਸਪੈਠੀਆਂ' ਦੀ ਗਿਣਤੀ ਨੂੰ ਲੈ ਕੇ ਵੱਡੇ ਦਾਅਵੇ ਕਰਦੇ ਹਨ। ਹਾਲ ਹੀ ਵਿੱਚ ਆਸਾਮ 'ਚ ਇੱਕ ਚੋਣ ਰੈਲੀ 'ਚ ਉਨ੍ਹਾ ਕਿਹਾ ਕਿ ਰਾਜ ਦੇ ਸੱਤ ਜ਼ਿਲ੍ਹੇ 64 ਲੱਖ ਘੁਸਪੈਠੀਆਂ ਦੇ ਕਬਜ਼ੇ 'ਚ ਹਨ। ਇਸ ਲਈ ਕਾਂਗਰਸ ਦਾ 20 ਸਾਲ ਦਾ ਸ਼ਾਸਨ ਜ਼ਿੰਮੇਵਾਰ ਹੈ ਤੇ ਭਾਜਪਾ ਹੀ ਘੁਸਪੈਠ ਨੂੰ ਰੋਕ ਸਕਦੀ ਹੈ।

ਇਸ ਦੇ ਉਲਟ ਜਦੋਂ ਆਰ ਟੀ ਆਈ ਕਾਰਕੁਨ ਕਨੱਈਆ ਕੁਮਾਰ ਨੇ ਆਰ ਟੀ ਆਈ ਕਾਨੂੰਨ ਤਹਿਤ ਅਰਜ਼ੀ ਦੇ ਕੇ ਗ੍ਰਹਿ ਮੰਤਰਾਲੇ ਤੋਂ ਪਿਛਲੇ 10 ਸਾਲਾਂ (ਜਾਂ ਉਪਲੱਬਧ ਸਭ ਤੋਂ ਪੁਰਾਣੇ ਸਾਲ) ਦੌਰਾਨ ਦੇਸ਼ ਭਰ ਵਿੱਚ ਪਛਾਣੇ ਗਏ, ਫੜੇ ਗਏ ਅਤੇ ਕੱਢੇ ਗਏ ਘੁਸਪੈਠੀਆਂ ਬਾਰੇ ਜਾਣਕਾਰੀ ਮੰਗੀ ਤਾਂ ਅਮਿਤ ਸ਼ਾਹ ਦੇ ਮੰਤਰਾਲੇ ਨੇ 23 ਜਨਵਰੀ ਨੂੰ ਦਿੱਤੇ ਜਵਾਬ 'ਚ ਕਿਹਾ ਕਿ ਉਸ ਕੋਲ ਕੇਂਦਰੀ ਪੱਧਰ ਦਾ ਅਜਿਹਾ ਕੋਈ ਅੰਕੜਾ ਨਹੀਂ। ਇਹ ਜ਼ਿੰਮੇਵਾਰੀ ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸੌਂਪੀ ਹੋਈ ਹੈ। ਸਵਾਲ ਉਠਦਾ ਹੈ ਕਿ ਜੇ ਕੋਈ ਅੰਕੜਾ ਨਹੀਂ ਹੈ ਤਾਂ ਸ਼ਾਹ ਕਿਸ ਆਧਾਰ 'ਤੇ ਘੁਸਪੈਠੀਆਂ ਦੀ ਗਿਣਤੀ ਦੱਸਦੇ ਹਨ। ਇਹ ਵਿਰੋਧਾਭਾਸ ਨਾ ਸਿਰਫ ਸਰਕਾਰੀ ਦਾਅਵਿਆਂ ਦੀ ਭਰੋਸੇਯੋਗਤਾ 'ਤੇ ਸਵਾਲ ਖੜ੍ਹਾ ਕਰਦਾ ਹੈ, ਸਗੋਂ ਇਹ ਵੀ ਦਰਸਾਉਂਦਾ ਹੈ ਕਿ 'ਘੁਸਪੈਠ' ਵਰਗਾ ਸੰਵੇਦਨਸ਼ੀਲ ਮੁੱਦਾ ਕਿਵੇਂ ਸਿਆਸੀ ਭਾਸ਼ਣਾਂ ਵਿੱਚ ਇਸਤੇਮਾਲ ਕੀਤਾ ਜਾ ਰਿਹਾ ਹੈ। ਸਮਾਜੀ ਕਾਰਕੁਨ ਹਰਸ਼ ਮੰਦਰ ਮੁਤਾਬਕ ਇਹ ਅਜੀਬ ਗੱਲ ਹੈ ਕਿ ਗ੍ਰਹਿ ਮੰਤਰਾਲਾ ਅੰਕੜੇ ਨਹੀਂ ਰੱਖਦਾ। ਹੱਤਿਆ ਵਰਗੇ ਅਪਰਾਧਾਂ ਦੇ ਅੰਕੜੇ ਰਾਜ ਜੁਟਾਉਂਦੇ ਹਨ, ਪਰ ਉਨ੍ਹਾਂ ਨੂੰ ਇਕੱਠੇ ਕਰਕੇ ਕੌਮੀ ਅਪਰਾਧ ਰਿਕਾਰਡ ਬਿਊਰੋ ਪ੍ਰਕਾਸ਼ਤ ਕਰਦਾ ਹੈ। ਜੇ ਰਾਜਾਂ ਕੋਲ ਜਾਣਕਾਰੀ ਹੈ ਤਾਂ ਕੇਂਦਰ ਉਸ ਨੂੰ ਇਕੱਠੀ ਕਰਕੇ ਦੱਸ ਸਕਦਾ ਹੈ। ਮੰਦਰ ਨੇ 'ਘੁਸਪੈਠੀਆ' ਸ਼ਬਦ ਦੀ ਵਰਤੋਂ 'ਤੇ ਵੀ ਸਵਾਲ ਉਠਾਉਂਦਿਆਂ ਕਿਹਾ ਹੈ ਕਿ ਭਾਰਤੀ ਕਾਨੂੰਨ ਵਿੱਚ 'ਘੁਸਪੈਠੀਆ' ਦੀ ਕੋਈ ਸਪੱਸ਼ਟ ਪ੍ਰੀਭਾਸ਼ਾ ਨਹੀਂ। ਭਾਰਤ ਨੇ ਰਫਿਊਜੀ ਕਨਵੈਨਸ਼ਨ 'ਤੇ ਦਸਤਖਤ ਨਹੀਂ ਕੀਤੇ, ਇਸ ਕਰਕੇ ਭਾਰਤ ਵਿੱਚ ਕਾਨੂੰਨੀ ਰੂਪ 'ਚ ਦੋ ਹੀ ਸ਼੍ਰੇਣੀਆਂ ਹਨ—ਕੋਈ ਵਿਅਕਤੀ ਜਾਂ ਤਾਂ ਭਾਰਤੀ ਨਾਗਰਿਕ ਹੈ ਜਾਂ ਵਿਦੇਸ਼ੀ। ਵਿਦੇਸ਼ੀਆਂ ਵਿੱਚ ਵੀ ਕੋਈ ਜਾਇਜ਼ ਦਸਤਾਵੇਜ਼ਾਂ ਨਾਲ ਹੋ ਸਕਦਾ ਹੈ ਜਾਂ ਬਿਨਾਂ ਦਸਤਾਵੇਜ਼ਾਂ ਦੇ, ਪਰ ਬਿਨਾਂ ਦਸਤਾਵੇਜ਼ਾਂ ਦਾ ਵਿਦੇਸ਼ੀ ਹੋਣਾ ਅਤੇ 'ਘੁਸਪੈਠੀਆ' ਹੋਣਾ ਵੱਖ-ਵੱਖ ਗੱਲਾਂ ਹਨ। 'ਘੁਸਪੈਠੀਆ' ਸ਼ਬਦ ਸਿਰਫ ਨਾਜਾਇਜ਼ ਮੌਜੂਦਗੀ ਦਾ ਸੰਕੇਤ ਨਹੀਂ ਦਿੰਦਾ, ਸਗੋਂ ਕਿਸੇ ਸਾਜ਼ਿਸ਼ ਭਰੇ ਦਾਖਲੇ ਦਾ ਦੋਸ਼ ਵੀ ਜੋੜ ਦਿੰਦਾ ਹੈ। ਕੋਈ ਵਿਅਕਤੀ ਗਰੀਬੀ, ਹਿੰਸਾ, ਅੱਤਿਆਚਾਰ ਜਾਂ ਭਟਕ ਕੇ ਸਰਹੱਦ ਪਾਰ ਕਰਕੇ ਆ ਸਕਦਾ ਹੈ, ਪਰ ਜਦੋਂ ਤੁਸੀਂ 'ਘੁਸਪੈਠੀਆ' ਕਹਿੰਦੇ ਹੋ ਤਾਂ ਤੁਸੀਂ ਇਹ ਮੰਨ ਲੈਂਦੇ ਹੋ ਕਿ ਉਹ ਕਿਸੇ ਖਾਸ ਮਕਸਦ ਨਾਲ ਦੇਸ਼ ਵਿੱਚ ਵੜਿਆ ਹੈ। ਮੰਦਰ ਦਾ ਇਹ ਵੀ ਕਹਿਣਾ ਹੈ ਕਿ ਜੇ ਬਿਨਾਂ ਦਸਤਾਵੇਜ਼ ਵਾਲੇ ਹਰ ਵਿਅਕਤੀ ਨੂੰ ਬਰਾਬਰ ਤੌਰ 'ਤੇ 'ਘੁਸਪੈਠੀਆ' ਕਿਹਾ ਜਾਂਦਾ ਤਾਂ ਵੀ ਇਹ ਇੱਕ ਗੰਭੀਰ ਸੰਵਿਧਾਨਕ ਚੁਣੌਤੀ ਹੁੰਦੀ, ਪਰ ਵਿਹਾਰ ਵਿੱਚ ਇਹ ਸ਼ਬਦ ਚੋਣਵੇਂ ਭਾਈਚਾਰਿਆਂ ਲਈ ਵਰਤਿਆ ਜਾ ਰਿਹਾ ਹੈ। ਜਦ ਸਰਕਾਰ ਅੰਕੜੇ ਵੀ ਉਪਲੱਬਧ ਨਹੀਂ ਕਰਾਉਂਦੀ ਅਤੇ ਖਾਸ ਭਾਈਚਾਰਿਆਂ ਨੂੰ 'ਘੁਸਪੈਠੀਆ' ਕਹਿੰਦੀ ਹੈ ਤਾਂ ਇਹ ਸੰਕੇਤ ਦਿੰਦਾ ਹੈ ਕਿ ਇਹ ਪ੍ਰਸ਼ਾਸਨਕ ਨਹੀਂ, ਸਗੋਂ ਵਿਚਾਰਕ ਤੇ ਫਿਰਕੂ ਨਜ਼ਰੀਏ ਨਾਲ ਸੰਚਾਲਤ ਪ੍ਰਕਿਰਿਆ ਹੈ। ਮੰਦਰ ਨੇ ਦਾਰਸ਼ਨਿਕ ਹੰਨਾ ਅਰੇਂਡੱਟ ਦੇ ਹਵਾਲੇ ਨਾਲ ਕਿਹਾ ਕਿ ਨਾਗਰਿਕਤਾ 'ਹੱਕ ਰੱਖਣ ਦਾ ਹੱਕ' ਹੈ। ਜਦੋਂ ਤੁਸੀਂ ਕਿਸੇ ਵਿਅਕਤੀ ਦੀ ਨਾਗਰਿਕਤਾ ਨੂੰ ਸ਼ੱਕੀ ਬਣਾ ਦਿੰਦੇ ਹੋ ਤਾਂ ਤੁਸੀਂ ਉਸ ਦੇ ਬਾਕੀ ਸਾਰੇ ਹੱਕਾਂ ਨੂੰ ਵੀ ਅਸਥਿਰ ਕਰ ਦਿੰਦੇ ਹੋ। ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਇੱਕ ਖਾਸ ਭਾਈਚਾਰੇ ਅਤੇ ਖਾਸ ਮਜ਼ਹਬ ਦੇ ਲੋਕਾਂ ਦੇ ਸਿਰ 'ਤੇ ਨਾਗਰਿਕਤਾ ਨੂੰ ਲੈ ਕੇ ਲਗਾਤਾਰ ਇੱਕ ਤਰ੍ਹਾਂ ਦੀ ਤਲਵਾਰ ਲਟਕਾਈ ਜਾ ਰਹੀ ਹੈ। ਉਨ੍ਹਾਂ ਨੂੰ ਸੰਦੇਸ਼ ਦਿੱਤਾ ਜਾ ਰਿਹਾ ਹੈ ਕਿ ਕਦੇ ਵੀ, ਕਿਸੇ ਵੀ ਸਮੇਂ ਉਨ੍ਹਾਂ ਦੇ 'ਹੱਕ ਰੱਖਣ ਦੇ ਹੱਕ' ਉੱਤੇ ਸਵਾਲ ਉਠਾਇਆ ਜਾ ਸਕਦਾ ਹੈ। 'ਘੁਸਪੈਠੀਆ-ਘੁਸਪੈਠੀਆ' ਕਰਨ ਦਾ ਮੂਲ ਉਦੇਸ਼ ਇੱਕ ਪੂਰੇ ਭਾਈਚਾਰੇ ਨੂੰ ਸਥਾਈ ਭੈਅ ਦੀ ਸਥਿਤੀ ਵਿੱਚ ਰੱਖਣਾ ਹੈ। ਇਹ ਫਿਰਕੂ ਸਿਆਸਤ ਦਾ ਅੱਤਵਾਦੀ ਰੂਪ ਹੈ, ਜਿਸ ਨੂੰ ਫਾਸ਼ੀਵਾਦੀ ਕਹਿ ਸਕਦੇ ਹੋ।

# ਕਿਵੇਂ ਹੋਏ ਪਾਰਟੀ ਮੁੜ ਸੁਰਜੀਤ ?



ਰਮੇਸ਼ ਰਤਨ

ਰਾਜਨੀਤਕ ਪਾਰਟੀਆਂ ਲੋਕਤੰਤਰੀ ਸੱਤਾ ਦਾ ਅਨਿਖੜਵਾਂ ਅੰਗ ਹਨ । ਚੋਣ ਮੁਕਾਬਲਿਆਂ ਲਈ ਉਮੀਦਵਾਰ ਪੇਸ਼ ਕਰਨ, ਵੋਟਰਾਂ ਦੀ ਪਸੰਦ ਨੂੰ ਪ੍ਰਭਾਵਿਤ ਕਰਨ ਤੋਂ ਲੈ ਕੇ ਜਥੇਬੰਦੀਆਂ ਸੰਗਠਿਤ ਕਰਨ, ਅੰਦੋਲਨ ਲੜਨ, ਕਾਨੂੰਨ ਬਨਵਾਉਣ ਅਤੇ ਲਾਗੂ ਕਰਵਾਉਣ ਆਦਿ ਦੇ ਮਹੱਤਵਪੂਰਨ ਕਾਰਜ ਪਾਰਟੀਆ ਵੱਲੋਂ ਅਦਾ ਕੀਤੇ ਜਾਂਦੇ ਹਨ ।

ਪਾਰਟੀਆ ਦੀ ਸਥਿਤੀ ਹਮੇਸ਼ਾ ਇਕੋ ਜਿਹੀ ਨਹੀ ਰਹਿੰਦੀ । ਕਈ ਵਾਰ ਲੋਕਾਂ ਦੇ ਦਿਲਾਂ ਨੂੰ ਧੂਅ ਪਾਉਣ ਵਾਲੀਆਂ ਪਾਰਟੀਆਂ ਵੀ ਸਮਾਜਿਕ ਤੌਰ 'ਤੇ ਅਲੱਗ-ਥਲੱਗ ਅਤੇ ਜਥੇਬੰਦਕ ਖੋਰੇ ਦਾ ਸ਼ਿਕਾਰ ਹੋ ਜਾਂਦੀਆਂ ਹਨ। ਨਿਰਾਸ਼ ਹੋਏ ਵਿਅਕਤੀਆਂ ਵੱਲੋ ਵੱਖਰੀ ਰਾਜਨੀਤਕ ਪਾਰਟੀ ਬਣਾਉਣ ਦੀ ਕੋਸ਼ਿਸ਼ ਆਮ ਤੌਰ 'ਤੇ ਕਾਮਯਾਬ ਨਹੀਂ ਹੁੰਦੀ, ਕਿਉਕਿ ਪਾਰਟੀਆਂ ਜਾਂ ਤਾਂ ਸਮਾਜਿਕ ਅੰਦੋਲਨਾਂ ਵਿੱਚ ਪੈਦਾ ਹੁੰਦੀਆਂ ਹਨ ਜਾਂ ਇਹਨਾਂ ਨੂੰ ਰਾਜ-ਸੱਤਾ ਦੇ ਥਾਪੜੇ ਨਾਲ ਸਥਾਪਤ ਕੀਤਾ ਗਿਆ ਹੁੰਦਾ ਹੈ।

ਇਸ ਲਈ ਵੱਖਰੀ ਪਾਰਟੀ ਬਣਾਉਣ ਨਾਲੋਂ ਖੁਰ ਰਹੀ ਪਾਰਟੀ ਨੂੰ ਮੁੜ ਸਜਾ-ਸੁਆਰ ਕੇ ਸਵੀਕਾਰਯੋਗ ਬਣਾਉਣ ਦੀਆਂ ਕਿਤੇ ਵੱਧ ਸੰਭਾਵਨਾਵਾਂ ਮੌਜੂਦ ਹੁੰਦੀਆਂ ਹਨ।ਪਾਰਟੀ ਨੂੰ ਮੁੜ ਪੈਰਾਂ 'ਤੇ ਕਿਵੇਂ ਖੜਾ ਕੀਤਾ ਜਾਵੇ ? ਇਸ ਲਈ ਪਾਰਟੀ ਦੀ ਲੀਡਰਸ਼ਿਪ, ਪਾਰਟੀ ਸੰਗਠਨ ਅਤੇ ਪਾਰਟੀ ਤੇ ਸਮਾਜ ਦਰਮਿਆਨ ਸੰਬੰਧ, ਤਿੰਨੇ ਪੱਖ ਗੰਭੀਰ ਵਿਚਾਰਾਂ ਦੀ ਮੰਗ ਕਰਦੇ ਹਨ।

ਸਭ ਤੋਂ ਪਹਿਲਾਂ ਅਵਸਥਾ ਨੂੰ ਸਮਝਣਾ ਜ਼ਰੂਰੀ ਹੁੰਦਾ ਹੈ। ਕੀ ਇਹ ਸਥਿਤੀ ਅਸਥਾਈ ਹੈ ਜਾਂ ਉਹ ਲੰਮੇ ਦੌਰ ਵਿੱਚ ਲਗਾਤਾਰ ਖੋਰੇ ਦਾ ਸ਼ਿਕਾਰ ਹੈ। ਆਮ ਤੌਰ 'ਤੇ ਚੋਣ ਮੁਕਾਬਲੇ ਵਿਚ ਪਾਰਟੀਆਂ ਅਸਥਾਈ ਤੌਰ 'ਤੇ ਪਿਛੜ ਜਾਂਦੀਆਂ ਹਨ, ਪਰੰਤੂ ਪਾਰਟੀ ਦਾ ਲਗਾਤਾਰ ਲੰਮੇ ਸਮੇਂ ਤੱਕ ਰਾਜਨੀਤਕ ਘਟਦਾ ਆਧਾਰ ਗੰਭੀਰ ਵਿਚਾਰਾਂ ਦੀ ਮੰਗ ਕਰਦਾ ਹੈ।

ਪਾਰਟੀ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਲੰਮੇ ਸਮੇਂ ਦੇ ਮਨਸੂਬੇ ਜ਼ਰੂਰੀ ਹੁੰਦੇ ਹਨ। ਕੋਈ ਪਾਰਟੀ ਨਾ ਤਾਂ ਥੋੜ੍ਹੇ ਸਮੇਂ ਅੰਦਰ ਸਮਾਜ ਵਿਚ ਸਥਾਪਤ ਅਤੇ ਵਿਕਸਤ ਹੁੰਦੀ ਹੈ ਅਤੇ ਨਾ ਹੀ ਕਿਸੇ ਪਾਰਟੀ ਦੀ ਮੁੜ ਬਹਾਲੀ ਥੋੜ੍ਹੇ ਸਮੇਂ ਵਿੱਚ ਕੀਤੀ ਜਾ ਸਕਦੀ ਹੈ।

ਮੁੜ ਬਹਾਲੀ ਦੀ ਪ੍ਰਕਿਰਿਆ ਦੇ ਕਾਮਯਾਬ ਹੋਣ ਲਈ ਸਬਰ ਨਾਲ ਲੰਮੇ ਸਮੇਂ ਵਿੱਚ ਗੁਜ਼ਰਨਾ ਹੀ ਪੈਂਦਾ ਹੈ, ਪ੍ਰੰਤੂ ਮੁਸ਼ਕਲ ਇਹ ਹੁੰਦੀ ਹੈ ਕਿ ਆਮ ਲੋਕ ਵੀ ਅਤੇ ਪਾਰਟੀ ਦੇ ਚੋਟੀ ਦੇ ਆਗੂ ਵੀ ਕੰਮਾਂ ਦਾ ਫੌਰੀ ਨਤੀਜਾ ਪ੍ਰਾਪਤ ਕਰਨਾ ਚਾਹੁੰਦੇ ਹਨ । ਅਜਿਹਾ ਨਾ ਹੋਣ ਦੀ ਸੂਰਤ ਵਿੱਚ ਥੋੜ੍ਹੇ ਸਮੇਂ ਵਿੱਚ ਕੀਤੀਆਂ ਉਪਰੋਥਲੀ ਦੀਆਂ ਬੇਅਸਰ ਕਾਰਵਾਈਆਂ ਨਾਲ ਪਾਰਟੀ ਕਾਡਰ ਦਾ ਥੱਕ ਕੇ ਨਿਰਾਸ਼ ਹੋ ਜਾਣਾ ਤੇ ਪਿੱਛੇ ਹਟਣਾ ਆਮ ਹੋ ਜਾਂਦਾ ਹੈ। ਇਸ ਸਥਿਤੀ ਤੋਂ ਬਚਣ ਬਚਾਉਣ ਦਾ ਕੰਮ ਪਾਰਟੀ ਲੀਡਰਾਂ ਦੀ ਸਮਝ, ਹੁਨਰ ਅਤੇ ਪਾਰਟੀ ਪ੍ਰਤੀ ਲਗਾਓ ਤੇ ਕੁਰਬਾਨੀ ਦੀ ਭਾਵਨਾ ਮੰਗਦਾ ਹੈ, ਨਾ ਕਿ ਜੋੜ ਤੋੜ ਕਰਨ ਦੀ ਮੁਹਾਰਤ ।

ਲਗਾਤਾਰ ਨਿਘਾਰ ਵੱਲ ਜਾ ਰਹੀਆਂ ਪਾਰਟੀਆ ਵੱਲੋਂ ਅਪਣਾਏ ਗਏ ਬਣਾਵਟੀ ਪ੍ਰਬੰਧ ਭਰੋਸੇਯੋਗ ਨਹੀਂ ਹੁੰਦੇ। ਇਹ ਆਪਣੇ ਆਪ ਅਤੇ ਆਪਣੇ ਕਾਡਰ ਨੂੰ ਭੁਲੇਖੇ ਵਿੱਚ ਰੱਖਣ ਤੋਂ ਇਲਾਵਾ ਹੋਰ ਕਿਸੇ ਕੰਮ ਨਹੀਂ ਆਉਂਦੇ। ਮੁਕਾਬਲੇ ਸਮੇਂ ਇਹ ਗੁਬਾਰੇ ਫਟ ਜਾਂਦੇ ਹਨ । ਸਿਰਫ ਵਿਖਾਵਾ ਕਰਨ ਨਾਲ ਮਸਲੇ ਦਾ ਕੋਈ ਹੱਲ ਤਾਂ ਹੁੰਦਾ ਨਹੀਂ, ਪ੍ਰੰਤੂ ਸਥਿਤੀਆਂ ਹੋਰ ਵੀ ਵਿਗੜ ਜਾਂਦੀਆਂ ਹਨ।

ਪਾਰਟੀ ਦੀ ਮੁੜ ਬਹਾਲੀ ਦੀ ਸ਼ੁਰੂਆਤ ਲਈ ਇਸ ਦੇ ਪਛੜ ਜਾਣ ਦੇ ਕਾਰਨਾਂ ਨੂੰ ਸਮਝਣਾ ਜ਼ਰੂਰੀ ਹੁੰਦਾ ਹੈ। ਆਮ ਲੋਕਾਂ ਵਿੱਚ ਪਾਰਟੀ ਪ੍ਰਤੀ ਫੈਲੀ ਜਾਂ ਫੈਲਾਈ ਗਈ ਨਾਂਹਪੱਖੀ ਭਾਵਨਾ ਨੂੰ ਜਾਨਣਾ, ਸਮਝਣਾ ਅਤੇ ਦੂਰ ਕਰਨਾ ਅਤਿ ਜ਼ਰੂਰੀ ਹੁੰਦਾ ਹੈ।

ਨਾਂਹਪੱਖੀ ਭਾਵਨਾ ਪਾਰਟੀ ਕਾਡਰ ਜਾਂ ਲੀਡਰਾਂ ਦੀ ਲਾਪਰਵਾਹੀ, ਸਮਾਜਿਕ ਪਰੰਪਰਾਵਾਂ ਪ੍ਰਤੀ ਬੇਰੁਖੀ, ਆਪਣੀ ਮੁਢਲੀ ਜਮਾਤ ਅਤੇ ਸਮਾਜਿਕ ਹਿੱਸੇ ਪ੍ਰਤੀ ਅਗਿਆਨਤਾ ਤੇ ਸੰਪਰਕ ਦੀ ਘਾਟ, ਕਿਸੇ ਮਾਮਲੇ ਨੂੰ ਛੋਟਾ ਜਾਂ ਵੱਡਾ ਕਰਕੇ ਸਮਝਣ, ਸਮੱਸਿਆ ਦੇ ਹੱਲ ਲੱਭਣ ਦੇ ਯੋਗ ਨਾ ਹੋਣਾ ਆਦਿ ਅਨੇਕਾਂ ਕਾਰਨ ਹੋ ਸਕਦੇ ਹਨ।

ਪਾਰਟੀ ਦੇ ਪਛੜ ਜਾਣ ਦੇ ਬਾਹਰਮੁਖੀ ਪ੍ਰਮੁੱਖ ਕਾਰਨਾਂ ਵਿੱਚ ਸਰਕਾਰ ਵੱਲੋਂ ਬਣਾਏ ਗਏ ਕਾਨੂੰਨ ਅਤੇ ਨੀਤੀਆ, ਪੈਦਾਵਾਰ ਦੇ ਸਾਧਨਾਂ ਵਿੱਚ ਤਕਨੀਕੀ ਤਬਦੀਲੀਆਂ ਅਤੇ ਪ੍ਰਚਾਰ ਦੇ ਸਾਧਨਾਂ ਦੇ ਇਸਤੇਮਾਲ ਹੋ ਸਕਦੇ ਹਨ। ਰਾਜਸੀ ਮੁਕਾਬਲੇ ਸਮੇਂ ਗੱਠ-ਜੋੜਾਂ ਸਮੇਂ ਪਾਰਟੀ ਦੀ ਵਿੱਤ ਮੁਤਾਬਕ ਆਪਣੇ ਹਿੱਤਾਂ ਦੀ ਪੂਰਤੀ ਲਈ ਲਾਹੇਵੰਦ ਸਥਿਤੀ ਨੂੰ ਪ੍ਰਾਪਤ ਕਰਨ ਵਿੱਚ ਅਸਫ਼ਲਤਾ ਹੋ ਸਕਦੀ ਹੈ। ਸਮਾਜਿਕ ਅਵਸਥਾ ਵਿੱਚ ਆ ਰਹੀਆਂ ਤਬਦੀਲੀਆਂ ਨੂੰ ਸਮਝਣ ਦੀ ਘਾਟ ਹੋ ਸਕਦੀ ਹੈ। ਪਾਰਟੀ ਵੱਲੋਂ ਸਹੀ ਕਾਰਨ ਲੱਭ ਕੇ ਹੀ ਇਸ ਦਾ ਇਲਾਜ ਸੰਭਵ ਹੋ ਸਕਦਾ ਹੈ।

**ਕੀ ਪਾਰਟੀ ਠੀਕ ਚੱਲ ਰਹੀ ਹੈ ?**

ਪਾਰਟੀ ਆਗੂਆਂ ਨੇ ਫੈਸਲਾ ਕਰਨਾ ਹੁੰਦਾ ਹੈ ਕਿ ਜਾਨਣ ਦਾ ਕੀ ਪੈਮਾਨਾ ਹੋਵੇ ? ਕਈ ਪੈਮਾਨੇ ਹੋ ਸਕਦੇ ਹਨ । ਆਮ ਤੌਰ 'ਤੇ ਪ੍ਰਾਪਤ ਵੋਟਾਂ ਨੂੰ ਪੈਮਾਨਾ ਮੰਨਿਆ ਜਾਂਦਾ ਹੈ। ਕਿਸੇ ਅੰਦੋਲਨ ਸਮੇਂ ਪਾਰਟੀ ਦੀ ਭੂਮਿਕਾ ਤੇ ਪ੍ਰਭਾਵ, ਪ੍ਰਚਾਰ, ਲੋਕਾਂ ਵਿੱਚ ਪਾਰਟੀ ਬਾਰੇ ਚਰਚਾ, ਪਾਰਟੀ ਦੀ ਜਥੇਬੰਦੀ, ਅਵਾਮੀ ਜਥੇਬੰਦੀਆਂ, ਸਮਾਜਿਕ ਕੰਮਾਂ ਵਿੱਚ ਸ਼ਮੂਲੀਅਤ, ਲੋਕ ਸੇਵਾ ਲਈ ਯੋਗਦਾਨ, ਨੌਜਵਾਨਾਂ ਨੂੰ ਨਾਲ ਜੋੜਨ ਦੀ ਸਮਰੱਥਾ ਆਦਿ ਪੈਮਾਨੇ ਹੋ ਸਕਦੇ ਹਨ ।ਪੈਮਾਨਾ ਇਹ ਵੀ ਹੋ ਸਕਦਾ ਹੈ ਕਿ ਦੂਸਰੀਆਂ ਪਾਰਟੀਆਂ ਦੇ ਮਗਰ ਚਲਣ ਵਾਲੇ ਵਿਅਕਤੀਆਂ ਦਾ ਕੋਈ ਭਾਗ ਪਾਰਟੀ ਵੱਲ ਮੁੜ ਰਿਹਾ ਹੋਏ ਜਾਂ ਸਮਾਜ ਦਾ ਕੋਈ ਨਵਾਂ ਸਮੂਹ, ਜੋ ਦੂਜਿਆਂ ਦੇ ਮੁਕਾਬਲੇ ਪਾਰਟੀ ਨੂੰ ਅਪਣਾਉਣ ਦੀ ਕੋਸ਼ਿਸ਼ ਕਰ ਰਿਹਾ ਹੋਵੇ । ਪਾਰਟੀ ਆਪਣੇ ਜਥੇਬੰਦਕ ਡਿਸਿਪਲਨ ਤੋਂ ਵੀ ਨਾਪੀ ਜਾ ਸਕਦੀ ਹੈ।

ਪਾਰਟੀ ਵੱਲੋਂ ਆਪਣੀਆਂ ਕਮਜ਼ੋਰੀਆਂ ਦੂਰ ਕਰਨ ਦੇ ਸਾਰਥਕ ਯਤਨ ਪੈਮਾਨੇ ਵਿੱਚ ਸਪੱਸ਼ਟ ਦਿਖਾਈ ਦੇਣ ਯੋਗ ਬਣਾਉਣੇ ਜ਼ਰੂਰੀ ਹਨ ।

ਮੁੜ ਸੁਰਜੀਤੀ ਸਮੇਂ ਦੋ ਤਰ੍ਹਾਂ ਦੇ ਵਿਚਾਰ ਸਾਹਮਣੇ ਆਉਂਦੇ ਹਨ । ਕਈ ਤਾਂ ਪਾਰਟੀਆਂ ਨੂੰ ਵੀ ਜਾਨਦਾਰ ਜਿਸਮ ਵਾਂਗ ਉਤਪਤੀ, ਵਿਕਸਣ, ਮੌਲਣ ਅਤੇ ਵਿਖਰਨ ਦੀਆਂ ਅਵਸਥਾਵਾਂ ਦੀ ਸਮਝ ਅਧਾਰਤ ਨਿਘਾਰ ਨੂੰ ਕੁਦਰਤੀ ਮੰਨਦੇ ਹਨ। ਅਜਿਹੀ ਮਨੌਤ ਨਾਲ ਲੀਡਰਾਂ ਵਿੱਚ ਆਪੋ-ਧਾਪੀ ਅਤੇ ਨਿਜ-ਸਵਾਰਥ ਭਾਰੂ ਹੋ ਜਾਂਦਾ ਹੈ। ਦੂਜੇ ਸਮਾਜ ਵਿਗਿਆਨੀ ਪਾਰਟੀ ਦੀ ਲੀਡਰਸ਼ਿਪ ਅਤੇ ਸਮਾਜਿਕ ਮਸਲਿਆਂ ਪ੍ਰਤੀ ਉਸਾਰੂ ਪਹੁੰਚ ਅਪਨਾ ਕੇ ਇਸ ਨੂੰ ਰਚਨਾਤਮਿਕ ਤੌਰ ਤੇ ਅਗਲੀ ਅਵਸਥਾ ਵਿੱਚ ਲੈ ਕੇ ਆਉਣ ਦੀ ਸੋਚ ਰੱਖਦੇ ਦੋ ਜ਼ਰੂਰੀ ਪੱਖਾਂ ਵੱਲ ਧਿਆਨ ਖਿੱਚਦੇ ਹਨ। ਪਹਿਲਾ ਲੀਡਰਸ਼ਿਪ ਦਾ ਰੋਲ, ਦੂਜਾ ਸਮਾਜ ਵਿੱਚ ਆ ਰਹੀਆਂ ਤਬਦੀਲੀਆਂ।

ਮਾੜੀ ਸਥਿਤੀ ਨੂੰ ਬਦਲਣ ਲਈ ਸਭ ਤੋ ਪਹਿਲਾ ਮਹਤੱਵਪੂਰਨ ਕੰਮ ਪਾਰਟੀ ਦੀ ਵਿਸ਼ੇਸ਼ ਦਿੱਖ ਤੇ ਨਿਆਰੀ ਪਹਿਚਾਣ ਵਿੱਚ ਕੁਝ ਵਾਧੇ, ਘਾਟੇ, ਬਦਲਾਓ ਕਰਨ ਉਪਰੰਤ ਸਮਾਜ ਵਿੱਚ ਪੇਸ਼ ਕਰਨਾ ਬਣ ਜਾਂਦਾ ਹੈ । ਸਮਾਜਿਕ ਬਣਤਰ ਵਿੱਚ ਆ ਰਹੀਆਂ ਤਬਦੀਲੀਆਂ ਦੇ ਸਨਮੁੱਖ ਜ਼ਰੂਰੀ ਨਹੀਂ ਕਿ ਪਾਰਟੀ ਦੀ ਪੁਰਾਣੀ ਪਹਿਚਾਣ ਹੀ ਲਾਭਦਾਇਕ ਹੋਵੇ।ਪਾਰਟੀ ਵੱਲੋਂ ਸਮੇਂ ਦੇ ਨਾਲ ਸਮਾਜਿਕ ਮਾਮਲਿਆਂ ਬਾਰੇ ਅਪਣਾਏ ਗਏ ਪਰਿਵਰਤਨਾਂ ਨੂੰ ਆਮ ਲੋਕਾਂ ਤੱਕ ਪਹੁੰਚਾਏ ਬਗੈਰ ਇਹ ਸੰਭਵ ਨਹੀਂ ਹੋ ਸਕਦਾ ।ਲੋਕਾਂ ਤੱਕ ਪਹੁੰਚਣ ਦੇ ਢੰਗਾਂ ਵਿੱਚ ਸਮੇਂ ਨਾਲ ਤਬਦੀਲੀ ਆ ਰਹੀ ਹੈ । ਇਸ ਲਈ ਨਵੇਂ ਤੇ ਪੁਰਾਣੇ ਜਾਂ ਜਿੱਥੇ ਜਿਵੇਂ ਵੀ ਸੰਭਵ ਹੋਵੇ, ਲੋਕਾਂ ਤੱਕ ਆਪਣੀ ਗੱਲ ਪਹੁੰਚਾਉਣਾ ਜ਼ਰੂਰੀ ਹੈ।

ਸਥਾਨਕ ਸਥਿਤੀਆਂ ਤੇ ਜ਼ਰੂਰਤਾਂ ਦਾ ਸਹੀ ਵਿਸ਼ਲੇਸ਼ਣ ਕਰਨ ਉਪਰੰਤ ਤੇ ਉਸ ਅਨੁਸਾਰ ਵਸੋਂ ਦੇ ਹਿੱਸੇ ਪ੍ਰਤੀ ਵਿਸ਼ੇਸ਼ ਰਣਨੀਤਕ ਦਾਅ-ਪੇਚ ਅਪਣਾਏ ਜਾ ਸਕਦੇ ਹਨ। ਅਜਿਹਾ ਕਰਨ ਲਈ ਘੱਟੋ-ਘੱਟ ਤਿੰਨ ਅਹਿਮ ਅਤੇ ਧਿਆਨ ਯੋਗ ਸੰਭਾਵਨਾਵਾਂ ਹਨ। ਨੰਬਰ ਇਕ, ਖਾਸ ਤਬਕਿਆਂ ਵਿੱਚ ਜਿੱਥੇ ਕਿਸੇ ਜ਼ਮਾਨੇ ਵਿੱਚ ਪਾਰਟੀ ਨੂੰ ਸਨਮਾਨਜਨਕ ਸਥਾਨ ਪ੍ਰਾਪਤ ਸੀ, ਮੁੜ ਬਹਾਲ ਕੀਤਾ ਜਾ ਸਕਦਾ ਹੈ। ਦੂਜੇ ਇਸ ਤਬਕੇ ਵਿੱਚ ਆ ਚੁੱਕੀਆਂ ਤਬਦੀਲੀਆਂ ਸਨਮੁੱਖ ਪਾਰਟੀ ਪਹੁੰਚ ਨੂੰ ਉਹਨਾਂ ਦੀਆਂ ਮੌਜੂਦਾ ਜ਼ਰੂਰਤਾਂ ਨਾਲ ਸੁਮੇਲ ਕੇ ਕੁਝ ਨਵਾਂ ਪੇਸ਼ ਕੀਤਾ ਜਾ ਸਕਦਾ ਹੈ । ਤੀਜੇ ਪਾਰਟੀ ਨੂੰ ਉਪਲੱਬਧ ਸਾਧਨਾਂ ਦੀ ਸੁਯੋਗ ਵਰਤੋਂ ਨਾਲ ਕੁਝ ਨਵਾਂ ਪੇਸ਼ ਕਰਨ ਨਾਲ ਠੋਸ ਨਤੀਜੇ ਕੱਢਣ ਵਿੱਚ ਕਾਮਯਾਬੀ ਮਿਲ ਸਕਦੀ ਹੈ। ਇਸ ਲਈ ਬਾਹਰਮੁਖੀ ਢੰਗ ਨਾਲ ਕੀਤੀ ਗਈ ਸਮੀਖਿਆ ਨਤੀਜਾਕੁਨ ਸਾਬਤ ਹੋ ਸਕਦੀ ਹੈ।

ਇਸ ਤੋਂ ਇਲਾਵਾ ਪਾਰਟੀ ਨੂੰ ਆਪਣੀਆਂ ਸਮਰਥਾਵਾਂ ਦਾ ਵੀ ਗਿਆਨ ਹੋਣਾ ਜ਼ਰੂਰੀ ਹੈ । ਪਾਰਟੀ ਕਾਡਰ ਦੀ ਗਿਣਤੀ, ਗੁਣਵੱਤਾ, ਟਰੇਨਿੰਗ ਅਤੇ ਲੋਕਾਂ ਵਿੱਚ ਉਹਨਾਂ ਦੇ ਸੰਬੰਧਾਂ ਦਾ ਗਿਆਨ ਪਾਰਟੀ ਨੂੰ ਸਹੀ ਰਣਨੀਤੀ ਤੈਅ ਕਰਨ ਦਾ ਆਧਾਰ ਬਣਾਉਣ ਨਾਲ ਘੱਟ ਤਾਕਤ ਦੇ ਵੀ ਵਧੀਆ ਨਤੀਜੇ ਕੱਢੇ ਜਾ ਸਕਦੇ ਹਨ । ਆਮ ਲੋਕਾਂ ਵਿੱਚ ਪਾਰਟੀ ਪ੍ਰਤੀ ਰਾਇ ਜਜ਼ਬਾਤੀ ਹੀ ਨਹੀਂ, ਸਗੋਂ ਦਲੀਲ ਭਰਪੂਰ ਢੰਗ ਨਾਲ ਕਾਇਮ ਹੋਣੀ ਚਾਹੀਦੀ ਹੈ ।

ਲੋਕਾਂ ਦੇ ਵਿਚਰਨ, ਸੋਚਣ, ਪਰਖਣ ਅਤੇ ਸਾਥ ਚੱਲਣ ਦੀ ਭਾਵਨਾ ਨੂੰ ਸਮਝ ਕੇ ਇਸ ਨਾਲ ਮੇਲ ਖਾਂਦੇ ਹੋਏ ਅਗਵਾਈ ਦੇਣ ਨਾਲ ਪਾਰਟੀ ਪ੍ਰਤੀ ਵਿਸ਼ਵਾਸ ਕਾਇਮ ਕਰਨਾ ਲਾਜ਼ਮੀ ਹੈ ।

ਲੋਕਾਂ ਵਿੱਚ ਜਾਣਾ ਅਤੇ ਪ੍ਰਚਾਰ ਬਹੁਤ ਜ਼ਰੂਰੀ ਹੁੰਦਾ ਹੈ । ਕਾਮਯਾਬੀ ਲਈ ਇਹ ਪ੍ਰਚਾਰ ਲਗਾਤਾਰ ਚਲਣਾ ਚਾਹੀਦਾ ਹੈ। ਪ੍ਰਚਾਰ ਮੁਹਿੰਮ ਉਪਰੰਤ ਇਹ ਜਾਚਣ ਅਤੇ ਸਮਝਣ ਦੀ ਕੋਸ਼ਿਸ਼ ਜ਼ਰੂਰ ਹੋਣੀ ਚਾਹੀਦੀ ਹੈ ਕਿ ਇਸ ਸਾਰੀ ਪ੍ਰਚਾਰ ਕਿਰਿਆ ਨਾਲ ਲੋਕ ਰਾਇ ਅਤੇ ਸਮਰਥਨ ਵਿੱਚ ਕੀ ਵਾਧਾ ਜਾਂ ਘਾਟਾ ਹੋਇਆ ਹੈ।ਸਮੇਂ ਨਾਲ ਕੰਮ ਕਰਨ ਦੇ ਢੰਗ ਬਦਲ ਸਕਦੇ ਹਨ । ਬਦਲਾਓ ਸਮੇਂ ਲੀਡਰਸ਼ਿਪ ਦੀ ਭੂਮਿਕਾ ਅਤਿਅੰਤ ਮਹੱਤਵਪੂਰਨ ਹੁੰਦੀ ਹੈ ਕਿ ਬਦਲਾਓ ਕਿੰਨਾ ਅਤੇ ਕਿਸ ਢੰਗ ਨਾਲ ਕੀਤਾ ਜਾਵੇ । ਕੁਝ ਸਮਾਜਿਕ ਹਿੱਸੇ ਹਰ ਪਾਰਟੀ ਦਾ ਮੂਲ ਆਧਾਰ ਹੁੰਦੇ ਹਨ । ਉਹਨਾਂ ਦਾ ਸਾਥ ਕਿਵੇ ਬਚਾਈ ਰੱਖਣਾ ਸਮਝਣ ਦੀ ਜਰੂਰਤ ਹੈ ।ਇਸ ਨਾਲ ਸਮਾਜ ਦੇ ਕਿਹੜੇ ਨਵੇਂ ਹਿੱਸਿਆਂ ਨੂੰ ਨਾਲ ਜੋੜਿਆ ਜਾ ਸਕਦਾ ਹੈ।

ਆਪਣੇ ਟੀਚੇ ਤੈਅ ਕਰਨ ਅਤੇ ਨਤੀਜੇ ਮਾਪਣ ਦੇ ਢੰਗਾਂ ਅਨੁਸਾਰ ਵਿਸ਼ਲੇਸ਼ਣ ਕਰਨ ਅਤੇ ਅਨੁਭਵ ਦੇ ਆਧਾਰ 'ਤੇ ਨਾਲੋ-ਨਾਲ ਪਾਰਟੀ ਦੇ ਅੰਦਰੂਨੀ ਸੁਧਾਰਾਂ ਤੋਂ ਸ਼ੁਰੂ ਕਰਕੇ ਅੱਗੇ ਵਧਿਆ ਜਾ ਸਕਦਾ ਹੈ।

ਆਖਿਰ ਆਗੂਆਂ ਨੇ ਹੀ ਪਾਰਟੀ ਦੇ ਪ੍ਰਬੰਧਕੀ ਢਾਂਚੇ ਦੇ ਸੁਧਾਰ ਸੰਬਧੀ ਫੈਸਲਾ ਕਰਨਾ ਹੁੰਦਾ ਹੈ, ਪਾਰਟੀ ਨੂੰ ਦੂਜੀਆਂ ਪਾਰਟੀਆਂ ਦੇ ਮੁਕਾਬਲੇ ਸਥਾਪਤ ਕਰਨ ਲਈ ਪਾਰਟੀ ਨੂੰ ਸੁਧਾਰਨ, ਵਿਕਸਤ ਕਰਨ ਅਤੇ ਮੁਕਾਬਲੇ ਦੇ ਯੋਗ ਬਣਾਉਣ ਲਈ ਪਾਰਟੀ ਦੇ ਸਾਧਨਾਂ ਦਾ ਸੁਚੇਤ ਢੰਗ ਨਾਲ ਇਸਤੇਮਾਲ ਕਰਦੇ ਹੋਏ ਲੋੜੀਂਦੇ ਉਪਰਾਲੇ ਕਰਨ ਨਾਲ ਉਹਨਾਂ ਨੇ ਹੀ ਪਾਰਟੀ ਨੀਤੀ ਅਤੇ ਰਾਜਨੀਤਕ ਪਹਿਚਾਣ ਲਈ ਪਾਰਟੀ ਦੇ ਸਮਾਜਿਕ ਆਧਾਰ ਨੂੰ ਵਿਸ਼ਵਾਸਯੋਗ ਢੰਗ ਨਾਲ ਮਜ਼ਬੂਤ ਅਤੇ ਵਿਸ਼ਾਲ ਬਣਾਉਣ ਲਈ ਅਗਵਾਈ ਕਰਨੀ ਹੁੰਦੀ ਹੈ। ਆਖਿਰ ਗੱਡੀ ਦੀ ਸਪੀਡ ਤਾਂ ਇੰਜਣ ਦੀ ਸਪੀਡ ਨਾਲ ਹੀ ਤੈਅ ਹੋਣੀ ਹੁੰਦੀ ਹੈ।

**# ਸੰਪਰਕ : 98142-73870**

# ਪਿੰਡਾਂ 'ਚ ਪਾਣੀ ਨਿਕਾਸੀ ਦੀ ਸਮੱਸਿਆ



ਜਗਤਾਰ ਸਮਾਲਸਰ

ਪਿੰਡਾਂ ਵਿੱਚੋਂ ਪਾਣੀ ਨਿਕਾਸੀ ਦੀ ਸਮੱਸਿਆ ਲਈ ਅਜੇ ਤੱਕ ਯੋਗ ਪ੍ਰਬੰਧ ਨਾ ਹੋਣ ਕਾਰਨ ਇਹ ਸਮੱਸਿਆ ਦਿਨੋ-ਦਿਨ ਵਿਕਰਾਲ ਰੂਪ ਧਾਰਨ ਕਰਦੀ ਜਾ ਰਹੀ ਹੈ। ਜੇਕਰ ਪੰਜਾਬ ਦੇ ਕਰੀਬ ਸਾਢੇ ਬਾਰਾਂ ਹਜ਼ਾਰ ਪਿੰਡਾਂ ਦੀ ਗੱਲ ਕਰੀਏ ਤਾਂ ਬਹੁ-ਗਿਣਤੀ ਪਿੰਡ ਅਜੇ ਵੀ ਅਜਿਹੇ ਹਨ, ਜਿੱਥੇ ਗਰਾਮ ਪੰਚਾਇਤਾਂ ਵੱਲੋਂ ਪਾਣੀ ਦੀ ਨਿਕਾਸੀ ਦੇ ਉਚਿੱਤ ਪ੍ਰਬੰਧ ਨਹੀਂ ਕੀਤੇ ਗਏ। ਪਿੰਡਾਂ ਨੂੰ ਸ਼ਹਿਰਾਂ ਦੇ ਮੁਕਾਬਲੇ ਸ਼ੁੱਧ ਵਾਤਾਵਰਨ ਅਤੇ ਸਫ਼ਾਈ ਪੱਖੋਂ ਬਿਹਤਰ ਮੰਨਿਆ ਜਾਂਦਾ ਰਿਹਾ ਹੈ, ਪਰ ਹੁਣ ਨਿਰੰਤਰ ਆਬਾਦੀ ਦੇ ਵਧਣ ਨਾਲ ਜ਼ਿਆਦਾਤਰ ਪਿੰਡਾਂ ਵਿੱਚ ਵੀ ਸ਼ਹਿਰਾਂ ਵਾਂਗ ਹੀ ਗੰਦਗੀ ਦੀ ਭਰਮਾਰ ਦਿਖਾਈ ਦੇਣ ਲੱਗੀ ਹੈ, ਜਿਸ ਦੇ ਸਿੱਟੇ ਵਜੋ ਹੁਣ ਪੇਂਡੂ ਵੀ ਨਿਰੰਤਰ ਗੰਭੀਰ ਬਿਮਾਰੀਆਂ ਦੀ ਲਪੇਟ ਵਿੱਚ ਆ ਰਹੇ ਹਨ। ਪੰਜਾਬ ਦੇ ਬਹੁਤੇ ਪਿੰਡ ਹੁਣ ਕਸਬਿਆਂ ਦਾ ਰੂਪ ਧਾਰਨ ਕਰ ਚੁੱਕੇ ਹਨ, ਪਰ ਇਸ ਵਧਦੀ ਅਬਾਦੀ ਅਤੇ ਵਧਦੀਆਂ ਲੋੜਾਂ ਅਨੁਸਾਰ ਗਰਾਮ ਪੰਚਾਇਤਾਂ ਵੱਲੋਂ ਅਜਿਹੇ ਕਸਬਾਨੁਮਾ ਪਿੰਡਾਂ ਦੀ ਦਿੱਖ ਨੂੰ ਸੰਵਾਰਨ ਲਈ ਲੋੜੀਂਦੇ ਕਦਮ ਨਾ ਚੁੱਕੇ ਜਾਣ ਕਾਰਨ ਅਨੇਕ ਅਜਿਹੀਆਂ ਸਮੱਸਿਆਵਾਂ ਹਨ, ਜੋ ਨਿਰੰਤਰ ਗੰਭੀਰ ਹੁੰਦੀਆਂ ਜਾ ਰਹੀਆਂ ਹਨ। ਇਨ੍ਹਾਂ ਸਮੱਸਿਆਵਾਂ ਵਿੱਚੋਂ ਹੀ ਇੱਕ ਮੁੱਖ ਸਮੱਸਿਆ ਪਾਣੀ ਨਿਕਾਸੀ ਦੀ ਹੈ।

ਪੰਜਾਬ ਦੀ ਕਰੀਬ ਤਿੰਨ ਕਰੋੜ ਆਬਾਦੀ ਵਿੱਚੋਂ ਦੋ-ਤਿਹਾਈ ਲੋਕਾਂ ਦਾ ਵਸੇਬਾ ਪਿੰਡਾਂ ਜਾਂ ਕਸਬਿਆਂ ਵਿੱਚ ਹੈ, ਜਿੱਥੇ ਲੋਕ ਇੱਕੀਵੀਂ ਸਦੀ ਵਿੱਚ ਵੀ ਅਜਿਹੀਆਂ ਸਮੱਸਿਆਵਾਂ ਵਿੱਚ ਘਿਰੇ ਪਏ ਹਨ। ਇਸੇ ਤਰ੍ਹਾਂ ਹਰਿਆਣਾ ਦੀ ਪੌਣੇ ਤਿੰਨ ਕਰੋੜ ਦੀ ਆਬਾਦੀ ਵਿੱਚੋਂ ਕਰੀਬ 1 ਕਰੋੜ 80 ਲੱਖ ਲੋਕ ਹਰਿਆਣਾ ਦੇ ਕਰੀਬ 7 ਹਜ਼ਾਰ ਪਿੰਡਾਂ ਜਾਂ ਕਸਬਿਆਂ ਵਿੱਚ ਨਿਵਾਸ ਕਰਦੇ ਹਨ, ਪਰ ਸੂਬੇ ਦੇ ਪਿੰਡਾਂ ਵਿੱਚ ਪਾਣੀ ਨਿਕਾਸੀ ਦੀ ਸਮੱਸਿਆ ਗੰਭੀਰ ਹੈ।

ਬਹੁਤੇ ਪਿੰਡਾਂ ਵਿੱਚ ਨਾਲੀਆਂ ਆਦਿ ਪੱਕੀਆਂ ਨਾ ਬਣੀਆਂ ਹੋਣ ਕਾਰਨ ਜਾਂ ਨਾਲੀਆਂ ਦੀ ਸਮੇਂ ਸਿਰ ਸਫ਼ਾਈ ਨਾ ਹੋਣ ਕਾਰਨ ਨਾਲੀਆਂ ਦਾ ਪਾਣੀ ਅਕਸਰ ਪਿੰਡਾਂ ਦੀਆਂ ਗਲੀਆਂ ਵਿੱਚ ਹੀ ਇਕੱਠਾ ਹੁੰਦਾ ਰਹਿੰਦਾ ਹੈ, ਜਿਸ ਕਾਰਨ ਗਲੀਆਂ ਵੀ ਥਾਂ-ਥਾਂ ਤੋਂ ਚਿੱਕੜ ਦਾ ਰੂਪ ਧਾਰਨ ਕਰ ਜਾਂਦੀਆਂ ਹਨ। ਕਈ ਪਿੰਡਾਂ ਦਾ ਵਾਧੂ ਪਾਣੀ ਅਕਸਰ ਹੀ ਪਿੰਡਾਂ ਵਿੱਚ ਬਣੇ ਛੱਪੜਾਂ ਵਿੱਚ ਪੈਂਦਾ ਹੈ। ਛੱਪੜਾਂ ਵਿੱਚ ਲਗਾਤਾਰ ਪਾਣੀ ਇਕੱਠਾ ਹੋਣ ਕਾਰਨ ਇੱਥੇ ਬਦਬੂ ਫੈਲਣੀ ਸ਼ੁਰੂ ਹੋ ਜਾਂਦੀ ਹੈ, ਜੋ ਆਸਪਾਸ ਦੇ ਘਰਾਂ ਲਈ ਵੱਡੀ ਮੁਸੀਬਤ ਦਾ ਕਾਰਨ ਬਣਦੀ ਹੈ। ਛੱਪੜਾਂ ਤੋਂ ਅੱਗੇ ਪਾਣੀ ਦੀ ਨਿਕਾਸੀ ਲਈ ਜ਼ਿਆਦਾਤਰ ਪਿੰਡਾਂ ਵਿੱਚ ਕੋਈ ਪ੍ਰਬੰਧ ਨਹੀਂ ਹੈ, ਜਿਸ ਕਾਰਨ ਬਰਸਾਤਾਂ ਦੇ ਮੌਸਮ ਵਿੱਚ ਇਹੀ ਪਾਣੀ ਇੱਥੇ ਰਹਿ ਰਹੇ ਲੋਕਾਂ ਲਈ ਨਵੀਂ ਆਫ਼ਤ ਲੈ ਕੇ ਆਉਂਦਾ ਹੈ। ਬਰਸਾਤ ਦੌਰਾਨ ਛੱਪੜਾਂ ਦਾ ਪਾਣੀ ਓਵਰਫਲੋਅ ਹੋ ਕੇ ਛੱਪੜ ਕਿਨਾਰੇ ਵਸੇ ਘਰਾਂ ਵਿੱਚ ਆ ਪਹੁੰਚਦਾ ਹੈ, ਜਿਸ ਨਾਲ ਜਿੱਥੇ ਇਹ ਗੰਭੀਰ ਬਿਮਾਰੀਆਂ ਪੈਦਾ ਕਰਨ ਦਾ ਕਾਰਨ ਬਣਦਾ ਹੈ, ਉੱਥੇ ਹੀ ਇਸ ਪਾਣੀ ਦੀ ਮਾਰ ਹੇਠ ਆਏ ਲੋਕ ਵੀ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹੁੰਦੇ ਹਨ। ਉਨ੍ਹਾਂ ਨੂੰ ਡਰ ਦੇ ਮਾਰੇ ਕਈ ਵਾਰ ਆਪਣੇ ਘਰ ਦਾ ਸਾਮਾਨ ਵੀ ਸੁਰੱਖਿਅਤ ਸਥਾਨ ਵੱਲ ਲਿਜਾਣਾ ਪੈਂਦਾ ਹੈ, ਜਿਸ ਕਾਰਨ ਇਹ ਲੋਕ ਦੋਹਰੀ ਮਾਰ ਦਾ ਸ਼ਿਕਾਰ ਹੁੰਦੇ ਹਨ।

ਵਿਕਾਸ ਲਈ ਸੂਬਾ ਸਰਕਾਰ ਨੇ ਗਰਾਂਟ ਜਾਰੀ ਕਰਨੀ ਹੁੰਦੀ ਹੈ (ਚਾਹੇ ਉਹ ਕੇਂਦਰ ਸਰਕਾਰ ਤੋਂ ਮਦਦ ਲਵੇ ਜਾਂ ਖੁਦ ਕਰੇ) ਜਿਸ ਨੂੰ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ ਰਾਹੀਂ ਪਿੰਡ ਦੇ ਵਿਕਾਸ 'ਤੇ ਖਰਚ ਕੀਤਾ ਜਾਂਦਾ ਹੈ, ਪਰ ਆਰਥਿਕ ਪੱਖ ਤੋਂ ਹਾਸ਼ੀਏ 'ਤੇ ਪਹੁੰਚੀ ਮੌਜੂਦਾ ਪੰਜਾਬ ਸਰਕਾਰ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਤੋਂ ਮੁਨਕਰ ਨਜ਼ਰ ਆ ਰਹੀ ਹੈ। ਅੱਜ ਚਾਹੇ ਸਿਹਤ ਸਹੂਲਤਾਂ ਦੀ ਗੱਲ ਹੋਵੇ, ਸਿੱਖਿਆ ਦੀ ਹੋਵੇ ਜਾਂ ਆਮ ਲੋਕਾਂ ਦੀ ਜ਼ਿੰਦਗੀ ਨਾਲ ਜੁੜੀਆਂ ਸਮੱਸਿਆਵਾਂ ਦੀ ਗੱਲ ਹੋਵੇ, ਹਰ ਪਾਸੇ ਹੀ ਮੁਸ਼ਕਲਾਂ ਨਜ਼ਰ ਆ ਰਹੀਆਂ ਹਨ, ਪਰ ਫਿਰ ਵੀ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਮੇਂ ਦੀ ਸਰਕਾਰ ਦਾ ਮੁਢਲਾ ਫਰਜ਼ ਹੁੰਦਾ ਹੈ। ਸਮੇਂ-ਸਮੇਂ 'ਤੇ ਸੂਬਿਆਂ ਵਿੱਚ ਸਰਕਾਰਾਂ ਬਦਲਦੀਆਂ ਰਹਿੰਦੀਆਂ ਹਨ, ਪਰ ਅਜੇ ਤੱਕ ਪਿੰਡਾਂ ਵਿੱਚੋਂ ਪਾਣੀ ਨਿਕਾਸੀ ਦੀ ਇਸ ਗੰਭੀਰ ਸਮੱਸਿਆ ਵੱਲ ਕਿਸੇ ਵੀ ਸਰਕਾਰ ਨੇ ਉਚੇਚੇ ਤੌਰ 'ਤੇ ਢੁਕਵੇਂ ਪ੍ਰਬੰਧ ਨਹੀਂ ਕੀਤੇ, ਜਿਸ ਨਾਲ ਲੋਕਾਂ ਨੂੰ ਇਸ ਸਮੱਸਿਆ ਤੋਂ ਛੁਟਕਾਰਾ ਮਿਲ ਸਕੇ। ਸਰਕਾਰਾਂ ਪਿੰਡਾਂ ਦੀ ਦਿੱਖ ਨੂੰ ਸੰਵਾਰਨ ਲਈ ਅਨੇਕ ਯੋਜਨਾਵਾਂ ਉਲੀਕੇ ਜਾਣ ਅਤੇ ਸਮੇਂ-ਸਮੇਂ 'ਤੇ ਪਿੰਡਾਂ ਦੇ ਵਿਕਾਸ ਲਈ ਪੈਸੇ ਦਾ ਪ੍ਰਬੰਧ ਕਰਨ ਦੇ ਦਾਅਵੇ ਵੀ ਕਰਦੀਆਂ ਹਨ, ਪਰ ਅਜੇ ਤੱਕ ਇਹ ਯੋਜਨਾਵਾਂ ਜ਼ਮੀਨੀ ਪੱਧਰ 'ਤੇ ਕਿਧਰੇ ਵੀ ਲਾਗੂ ਹੋਈਆਂ ਨਜ਼ਰ ਨਹੀਂ ਆ ਰਹੀਆਂ। ਜ਼ਿਆਦਾਤਰ ਪਿੰਡਾਂ ਦੀਆਂ ਗਰਾਮ ਪੰਚਾਇਤਾਂ ਵੱਲੋਂ ਵੀ ਬਹੁਤੀ ਵਾਰ ਧੜੇਬੰਦੀ ਅਧੀਨ ਹੀ ਅਜਿਹੇ ਸਾਂਝੇ ਕੰਮਾਂ ਵਿੱਚ ਰੁਕਾਵਟਾਂ ਖੜੀਆਂ ਕਰ ਦਿੱਤੀਆਂ ਜਾਂਦੀਆਂ ਹਨ, ਜੋ ਆਮ ਲੋਕਾਂ ਲਈ ਮੁਸੀਬਤਾਂ ਦਾ ਘਰ ਬਣ ਜਾਂਦੀਆਂ ਹਨ। ਅਜੇ ਤੱਕ ਸੂਬਾਈ ਸਰਕਾਰਾਂ ਜਾਂ ਕੇਂਦਰ ਸਰਕਾਰ ਵੱਲੋਂ ਪਿੰਡਾਂ ਵਿੱਚੋਂ ਪਾਣੀ ਨਿਕਾਸੀ ਦੇ ਵਧੀਆ ਪ੍ਰਬੰਧ ਲਈ ਕੋਈ ਵੀ ਵੱਡੀ ਯੋਜਨਾ ਉਲੀਕੀ ਹੀ ਨਹੀਂ ਗਈ, ਜਿਸ ਕਾਰਨ ਇਹ ਸਮੱਸਿਆ ਨਿਰੰਤਰ ਵਧਦੀ ਦਿਖਾਈ ਦਿੰਦੀ ਹੈ। ਇਸ ਲਈ ਸਰਕਾਰਾਂ ਨੂੰ ਚਾਹੀਦਾ ਹੈ ਕਿ ਪਿੰਡਾਂ ਵਿੱਚ ਲਗਾਤਾਰ ਗੰਭੀਰ ਹੁੰਦੀ ਜਾ ਰਹੀ ਪਾਣੀ ਨਿਕਾਸੀ ਦੀ ਸਮੱਸਿਆ ਵੱਲ ਉਚੇਚੇ ਤੌਰ 'ਤੇ ਧਿਆਨ ਦੇ ਕੇ ਇਸ ਸਮੱਸਿਆ ਦਾ ਸਥਾਈ ਹੱਲ ਕੀਤਾ ਜਾਵੇ ਤਾਂ ਜੋ ਪਿੰਡਾਂ ਦੇ ਲੋਕਾਂ ਨੂੰ ਦੁਰਗੰਧ ਭਰੇ ਵਾਤਾਵਰਨ ਵਿੱਚ ਰਹਿਣ ਤੋਂ ਛੁਟਕਾਰਾ ਮਿਲ ਸਕੇ ਅਤੇ ਇੱਥੇ ਗੰਭੀਰ ਬਿਮਾਰੀਆਂ ਦੇ ਪੈਦਾ ਹੋਣ ਦਾ ਖ਼ਦਸ਼ਾ ਵੀ ਨਾ ਰਹੇ।

**ਏਲਨਾਬਾਦ, ਸਿਰਸਾ ( ਹਰਿਆਣਾ )**

# ਗ਼ਦਰੀਆਂ ਦੀ ਬੇਮਿਸਾਲ ਕੁਰਬਾਨੀ ਦੀ ਗਾਥਾ ਨੂੰ ਯਾਦ ਕਰਦਿਆਂ

**ਪਿਰਥੀਪਾਲ ਸਿੰਘ ਮਾੜੀਮੇਘਾ**

25 ਨਵੰਬਰ 1914 ਨੂੰ ਗ਼ਦਰ ਪਾਰਟੀ ਦੀ ਮੀਆਂ ਮੀਰ ਛਾਉਣੀ ਲਾਹੌਰ ਤੋਂ ਹਿੰਦੁਸਤਾਨ ਦੀ ਆਜ਼ਾਦੀ ਦਾ ਸੰਘਰਸ਼ ਲੜਨ ਵਾਸਤੇ ਹਥਿਆਰ ਲੈਣ ਦੀ ਸਕੀਮ ਗੁਰਦੁਆਰਾ ਝਾੜ ਸਾਹਿਬ ਲਾਗੇ ਸੁਰਸਿੰਘ ਵਿਖੇ ਬਣੀ ਸੀ। ਗ਼ਦਰੀਆਂ ਦਾ ਫ਼ੈਸਲਾ ਇਹ ਸੀ ਕਿ ਗ਼ਦਰੀ ਮੀਆਂ ਮੀਰ ਤੋਂ ਹੁਥਿਆਰ ਲੈ ਕੇ ਝਾੜ ਸਾਹਿਬ ਆਉਣਗੇ ਤੇ ਜਿਹੜੇ ਗਦਰੀ ਹਥਿਆਰਾਂ ਦੀ ਉਡੀਕ ਵਿੱਚ ਝਾੜ ਸਾਹਿਬ ਬੈਠੇ ਹੋਣਗੇ, ਉਨ੍ਹਾਂ ਵਿੱਚ ਹਥਿਆਰ ਵੰਡ ਕੇ ਲਾਹੌਰ ਨੂੰ ਜਾਇਆ ਜਾਵੇਗਾ। ਰਸਤੇ ਵਿੱਚ ਆਉਂਦੇ ਪਿੰਡਾਂ ਦੇ ਲੋਕਾਂ ਨੂੰ ਨਾਲ ਲੈ ਕੇ ਲਾਹੌਰ ਵਿਖੇ ਲਾਟ ਸਾਹਿਬ ਦੀ ਕੋਠੀ ਤੇ ਹਿੰਦੁਸਤਾਨ ਦੀ ਆਜ਼ਾਦੀ ਦਾ ਝੰਡਾ ਚੜ੍ਹਾ ਕੇ ਹਿੰਦ ਦੇ ਆਜ਼ਾਦੀ ਸੰਗਰਾਮ ਦੀ ਸ਼ੁਰੂਆਤ ਕੀਤੀ ਜਾਵੇਗੀ। ਹੋਇਆ ਇਹ ਕਿ ਜਿਸ ਸਿਪਾਹੀ ਨੇ ਹਥਿਆਰਾਂ ਦੇ ਭੰਡਾਰ ਦੀਆਂ ਚਾਬੀਆਂ ਗ਼ਦਰੀਆਂ ਦੇ ਹਵਾਲੇ ਕਰਨੀਆਂ ਸਨ, ਉਸ ਦੀ ਅਚਾਨਕ ਬਦਲੀ ਹੋ ਗਈ, ਜਿਸ ਕਰਕੇ ਇੱਕ ਵਾਰ 'ਗ਼ਦਰ' ਟਲ ਗਿਆ। ਇਸ ਪ੍ਰਸਥਿਤੀ ਵਿੱਚ ਗ਼ਦਰੀਆਂ ਨੇ ਫਿਰੋਜ਼ਪੁਰ ਤੇ ਲੁਧਿਆਣਾ ਦੇ ਗ਼ਦਰੀ ਗਰੁੱਪਾਂ ਨੂੰ ਝਾੜ ਸਾਹਿਬ ਆਉਣ ਤੋਂ ਰੋਕ ਦਿੱਤਾ।

ਗ਼ਦਰੀਆਂ ਦੀ ਲਾਹੌਰ ਛਾਉਣੀ 'ਚੋਂ ਹਥਿਆਰ ਨਾ ਪ੍ਰਾਪਤ ਹੋਣ ਤੋਂ ਬਾਅਦ ਗ਼ਦਰੀ ਸਕੀਮ ਅਨੁਸਾਰ ਫਿਰੋਜ਼ਪੁਰ ਛਾਉਣੀ 'ਚੋਂ ਹਥਿਆਰ ਲੈਣ ਵਾਸਤੇ 30 ਨਵੰਬਰ ਨੂੰ ਫਿਰੋਜ਼ਪੁਰ ਸ਼ਹਿਰ ਤੋਂ ਬਾਹਰ ਜਲਾਲਾਬਾਦ ਸੜਕ 'ਤੇ ਇਕੱਠੇ ਹੋਏ। ਗ਼ਦਰੀਆਂ ਨੂੰ ਭਾਈ ਨਿਧਾਨ ਸਿੰਘ ਚੁੱਘਾ ਨੇ ਦੱਸਿਆ ਕਿ ਉਸ ਨੇ ਫਿਰੋਜ਼ਪੁਰ ਛਾਉਣੀ ਵਿਖੇ ਤਾਇਨਾਤ ਇੱਕ ਮੁਸਲਮਾਨ ਪਲਟਨ ਤੋਂ ਹਥਿਆਰ ਲੈਣ ਦਾ ਪ੍ਰਬੰਧ ਕੀਤਾ ਹੋਇਆ ਹੈ। ਇਸ ਲਈ ਸਾਰੇ ਗ਼ਦਰੀ ਹਥਿਆਰਾਂ ਦੇ ਭੰਡਾਰ ਉੱਤੇ ਕਬਜ਼ਾ ਕਰਨ ਵਾਸਤੇ ਤਿਆਰ ਰਹਿਣ।

ਗ਼ਦਰੀ ਨਿਧਾਨ ਸਿੰਘ ਨੇ ਰਾਇ ਦਿੱਤੀ ਕਿ 30 ਨਵੰਬਰ ਤੱਕ ਵੇਹਲੇ ਨਾ ਬੈਠਣ ਦੀ ਥਾਂ 'ਤੇ ਮੋਗੇ ਦਾ ਸਰਕਾਰੀ ਖਜ਼ਾਨਾ ਲੁੱਟਿਆ ਜਾਵੇ। ਇਸ ਸਲਾਹ 'ਤੇ ਮੋਗੇ ਜਾਣ ਵਾਸਤੇ ਕੁਝ ਗਦਰੀ ਰੇਲ ਗੱਡੀ 'ਤੇ ਚੜ੍ਹ ਗਏ ਤੇ 22 ਦੇ ਕਰੀਬ ਗ਼ਦਰੀ ਲੇਟ ਹੋਣ ਕਰਕੇ ਗੱਡੀ ਤੇ ਚੜ੍ਹਨ ਤੋਂ ਰਹਿ ਗਏ। ਉਹ ਗ਼ਦਰੀ ਮੋਗਾ ਜਾਣ ਵਾਸਤੇ ਟਾਂਗਿਆਂ 'ਤੇ ਬੈਠ ਗਏ। ਜਦੋਂ ਟਾਂਗੇ 'ਫਿਰੋਜ਼' ਸ਼ਹਿਰ ਪਹੁੰਚੇ ਤੇ ਨਜ਼ਦੀਕ ਮਿਸ਼ਰੀਵਾਲਾ ਨਹਿਰ ਦੇ ਪੁਲ 'ਤੇ ਬਿਸ਼ਾਰਤ ਅਲੀ ਤੇ ਜ਼ੈਲਦਾਰ ਜਵਾਲਾ ਸਿੰਘ ਖਲੋਤੇ ਸੁਪਰਡੈਂਟ ਪੁਲਸ ਦੀ ਉਡੀਕ ਕਰ ਰਹੇ ਸਨ ।

ਜ਼ੈਲਦਾਰ ਨੇ ਇੰਸਪੈਟਰ ਨੂੰ ਆਖਿਆ ਕਿ ਟਾਂਗਿਆਂ 'ਤੇ ਜਾ ਰਹੇ ਬੰਦੇ ਸ਼ੱਕੀ ਜਾਪਦੇ ਹਨ। ਬਿਸ਼ਾਰਤ ਅਲੀ ਨੇ ਜਵਾਲਾ ਸਿੰਘ ਦੇ ਕਹਿਣ 'ਤੇ ਗ਼ਦਰੀਆਂ ਨੂੰ ਟਾਂਗੇ ਖਿਲਾਰਨ ਲਈ ਆਖਿਆ। ਗ਼ਦਰੀਆਂ ਨੇ ਟਾਂਗੇ ਨਾ ਖਿਲਾਰੇ, ਸਗੋਂ ਜ਼ੋਰ ਨਾਲ ਭਜਾ ਦਿੱਤੇ। ਪੁਲਸ ਇੰਸਪੈਕਟਰ ਨੇ ਆਪਣਾ ਘੋੜਾ ਭਜਾ ਕੇ ਟਾਂਗੇ ਖਿਲਾਰ ਲਏ। ਇੰਸਪੈਕਟਰ ਗ਼ਦਰੀਆਂ ਨੂੰ ਉਤਾਰ ਕੇ ਤਲਾਸ਼ੀ ਲੈਣ ਲੱਗਾ ਅਤੇ ਨਾਲ ਹੀ ਗ਼ਦਰੀ ਰਹਿਮਤ ਅਲੀ ਨੂੰ ਗਾਲ੍ਹ ਕੱਢ ਦਿੱਤੀ ਤੇ ਅੱਗੋਂ ਗ਼ਦਰੀ ਚੰਦਾ ਸਿੰਘ ਤੇ ਭਾਈ ਗਾਂਧਾ ਸਿੰਘ ਨੇ ਪਿਸਤੌਲ ਦੀਆਂ ਗੋਲੀਆਂ ਨਾਲ ਇੰਸਪੈਕਟਰ ਬਿਸ਼ਾਰਤ ਅਲੀ ਤੇ ਜ਼ੈਲਦਾਰ ਜਵਾਲਾ ਸਿੰਘ ਨੂੰ ਥਾਂ ਹੀ ਮਾਰ ਦਿੱਤਾ।

ਗੋਲੀਆਂ ਦਾ ਖੜਾਕ ਤੇ ਰੌਲਾ ਸੁਣ ਕੇ ਲਾਗਲੇ ਪਿੰਡਾਂ ਦੇ ਲੋਕ ਬੰਦੂਕਾਂ ਤੇ ਰਵਾਇਤੀ ਹਥਿਆਰ ਲੈ ਕੇ ਆ ਗਏ । ਉਹ ਪੁਲਸ ਨਾਲ ਰਲ ਗਏ ਤੇ ਸਾਰੀ ਵਹੀਰ ਨੇ ਗ਼ਦਰੀਆਂ ਦਾ ਪਿੱਛਾ ਕੀਤਾ। ਗ਼ਦਰੀ ਮਜਬੂਰ ਹੋ ਕੇ ਨਹਿਰ ਦੇ ਬੰਨੇ ਦੇ ਸਰਕੜਿਆਂ ਵਿੱਚ ਲੁਕ ਕੇ ਸੰਘਰਸ਼ ਕਰਨ ਲਈ ਮਜਬੂਰ ਹੋ ਗਏ। ਗ਼ਦਰੀਆਂ ਕੋਲ ਨੇੜੇ ਦੀ ਮਾਰ ਵਾਲੇ ਪਿਸਤੌਲ ਤੇ ਗਿਣਤੀ ਦੀਆਂ ਗੋਲੀਆਂ ਸਨ, ਜਦੋਂ ਕਿ ਪੁਲਸ ਕੋਲ ਦੂਰ ਮਾਰ ਕਰਨ ਵਾਲੀਆਂ ਰਫਲਾਂ ਅਤੇ ਬੇਅੰਤ ਗੋਲੀਆਂ ਸਨ । ਏਨੇ ਘੱਟ ਅਸਲੇ ਨਾਲ ਵੀ ਗ਼ਦਰੀ ਸੂਰਮਿਆਂ ਨੇ ਡਟ ਕੇ ਮੁਕਾਬਲਾ ਕੀਤਾ । ਵਹੀਰ ਨੇ ਸਰਕੜੇ ਨੂੰ ਅੱਗ ਲਾ ਦਿੱਤੀ। ਸੱਤ ਗਦਰੀ ਪੰਡਤ ਕਾਂਸ਼ੀ ਰਾਮ ਮੜੌਲੀ, ਰਹਿਮਤ ਅਲੀ ਵਜੀਦਕੇ,ਜੀਵਨ ਸਿੰਘ ਦੌਲੇ ਸਿੰਘ ਵਾਲਾ, ਲਾਲ ਸਿੰਘ ਸਾਹਿਬਆਣਾ, ਜਗਤ ਸਿੰਘ ਬਿੰਜਲ, ਬਖਸ਼ੀਸ਼ ਸਿੰਘ ਤੇ ਧਿਆਨ ਸਿੰਘ ਉਮਰਪੁਰਾ, ਜਿਲ੍ਹਾ ਅੰਮ੍ਰਿਤਸਰ ਅੱਗ ਦਾ ਸੇਕ ਨਾ ਸਹਾਰਦੇ ਹੋਏ ਸਰਕੜੇ 'ਚੋਂ ਬਾਹਰ ਨਿਕਲ ਆਏ ਤੇ ਪੁਲਸ ਨਾਲ ਲੜਦੇ ਰਹੇ। ਅਖੀਰ ਇਹਨਾਂ ਨੂੰ ਪੁਲਸ ਨੇ ਗ੍ਰਿਫਤਾਰ ਕਰ ਲਿਆ। ਸਰਕੜੇ 'ਚੋਂ ਛੇ ਗ਼ਦਰੀ ਬਚ ਕੇ ਨਿਕਲ ਗਏ ਅਤੇ ਦੋ ਗਦਰੀ ਸਰਕੜੇ ਚੋਂ ਲੜਦੇ ਰਹੇ। ਹੁਣ ਵਹੀਰ ਨੇ ਸਾਰੀਆਂ ਬੰਦੂਕਾਂ ਦੇ ਫਾਇਰ ਸਰਕੜੇ ਚੋਂ ਲੜ ਰਹੇ ਦੋ ਗ਼ਦਰੀਆਂ 'ਤੇ ਕਰਨੇ ਸ਼ੁਰੂ ਦਿੱਤੇ। ਜਦੋਂ ਗ਼ਦਰੀਆਂ ਵੱਲੋਂ ਵਹੀਰ ਤੇ ਫਾਇਰ ਆਉਣੇ ਬੰਦ ਹੋ ਗਏ ਤੇ ਵਹੀਰ ਨੇ ਵੇਖਿਆ ਕਿ ਦੋਹਾਂ ਗ਼ਦਰੀਆਂ 'ਚੋਂ ਇੱਕ ਮਰ ਚੁੱਕਾ ਸੀ, ਦੂਸਰਾ ਸਹਿਕ ਰਿਹਾ ਸੀ।(ਗ਼ਦਰ ਪਾਰਟੀ ਦੇ ਮੁਖੀਆਂ ਦਾ ਬਿਆਨ ਹੈ ਕਿ ਜਦ ਸ੍ਰੀ ਚੰਦਾ ਸਿੰਘ ਅਤੇ ਸ੍ਰੀ ਧਿਆਨ ਸਿੰਘ ਨੂੰ ਅੱਗ ਨੇ ਚੁਫੇਰਿਉਂ ਘੇਰ ਲਿਆ ਤਾਂ ਉਨ੍ਹਾਂ ਆਹਮੋ-ਸਾਹਮਣੇ ਬੈਠ ਕੇ ਇੱਕ-ਦੂਜੇ ਨੂੰ ਗੋਲੀ ਮਾਰ ਦਿੱਤੀ) ਸ਼ਹੀਦ ਹੋਣ ਵਾਲੇ ਗ਼ਦਰੀ ਸਨ ਭਾਈ ਚੰਦਾ ਸਿੰਘ ਵੜੈਚ ਅਤੇ ਧਿਆਨ ਸਿੰਘ ਬੰਗਸੀਪੁਰਾ ਜ਼ਿਲ੍ਹਾ ਲੁਧਿਆਣਾ।

ਫਿਰੋਜ਼ ਸ਼ਹਿਰ ਦੀ ਇਸ ਘਟਨਾ ਨਾਲ ਗ਼ਦਰ ਲਹਿਰ ਦਾ ਕਾਫੀ ਨੁਕਸਾਨ ਹੋਇਆ। ਇਸ ਘਟਨਾ ਕਰਕੇ ਕਈ ਸਰਗਰਮ ਗ਼ਦਰੀ ਫੜੇ ਗਏ ਜਾਂ ਮਾਰੇ ਗਏ। ਫੜੇ ਗ਼ਦਰੀਆਂ ਤੋਂ ਪੁਲਸ ਨੂੰ ਗ਼ਦਰ ਪਾਰਟੀ ਸੰਬੰਧੀ ਹੋਰ ਵਾਕਫੀਅਤ ਮਿਲ ਗਈ, ਜਿਸ ਦਾ ਸਿੱਟਾ ਇਹ ਨਿਕਲਿਆ ਕਿ ਕੁਝ ਦੇਰ ਬਾਅਦ ਪੰਡਤ ਜਗਤ ਰਾਮ ਪਸ਼ੌਰ ਫੜੇ ਅਤੇ ਪਿਰਥੀ ਸਿੰਘ ਅੰਬਾਲੇ ਛਾਉਣੀ 'ਚੋਂ ਸਿਪਾਹੀਆਂ ਨੂੰ ਗ਼ਦਰ ਪਾਰਟੀ ਨਾਲ ਜੋੜਦੇ ਹੋਏ ਗ੍ਰਿਫਤਾਰ ਕਰ ਲਏ ਗਏ।

ਝਾੜ ਸਾਹਿਬ, ਸੁਰਸਿੰਘ ਤੇ ਮੀਆਂ ਮੀਰ ਦੀ ਸਕੀਮ ਫੇਲ੍ਹ ਹੋਣ, ਫਿਰੋਜ਼ ਸ਼ਹਿਰ ਸਾਕੇ ਕਰਕੇ ਗ਼ਦਰੀ ਨਿਧਾਨ ਸਿੰਘ ਦੇ ਜਥੇ ਤੇ ਨਵਾਬ ਖਾਨ ਦੀ ਟੋਲੀ ਦਾ ਬਿਖ਼ਰ ਜਾਣਾ, ਪੰਡਤ ਜਗਤ ਰਾਮ ਦਾ 23 ਨਵੰਬਰ ਅਤੇ ਪਿਰਥੀ ਸਿੰਘ ਦਾ 8 ਦਸੰਬਰ ਨੂੰ ਫੜੇ ਜਾਣ ਨਾਲ ਗ਼ਦਰੀ ਕਾਰਵਾਈਆਂ ਕੁਝ ਦੇਰ ਲਈ ਮੱਧਮ ਪੈ ਗਈਆਂ। ਇਸ ਸਾਕੇ ਸੰਬੰਧੀ ਫਿਰੋਜ਼ਪੁਰ ਅਦਾਲਤ ਵਿੱਚ ਮੁਕੱਦਮਾ ਚੱਲਿਆ ਤੇ ਅਖੀਰ ਗ਼ਦਰ ਪਾਰਟੀ ਦੇ ਖਜ਼ਾਨਚੀ ਪੰਡਤ ਕਾਂਸ਼ੀ ਰਾਮ ਮੜੌਲੀ ਨੂੰ 13 ਫਰਵਰੀ 1915 ਨੂੰ ਲਾਹੌਰ ਜੇਲ੍ਹ ਵਿੱਚ ਫਾਂਸੀ ਦਿੱਤੀ ਗਈ। ਬਾਕੀ ਗ਼ਦਰੀ ਰਹਿਮਤ ਅਲੀ ਵਜੀਦਕੇ, ਜੀਵਨ ਸਿੰਘ ਦੌਲੇ ਸਿੰਘ ਵਾਲਾ, ਲਾਲ ਸਿੰਘ ਸਾਹਿਬਆਣਾ, ਜਗਤ ਸਿੰਘ ਬਿੰਜਲ, ਬਖਸ਼ੀਸ਼ ਸਿੰਘ ਤੇ ਧਿਆਨ ਸਿੰਘ ਉਮਰਪੁਰਾ ਨੂੰ ਸਾਹੀਵਾਲ (ਮਿੰਟਗੁਮਰੀ) ਜੇਲ੍ਹ ਵਿੱਚ ਫਾਂਸੀ ਦੇ ਕੇ ਸ਼ਹੀਦ ਕੀਤਾ ਗਿਆ। ਇਨ੍ਹਾਂ ਸ਼ਹੀਦਾਂ ਬਾਰੇ ਕਿਸੇ ਨੂੰ ਜਾਣਕਾਰੀ ਨਾ ਦਿੱਤੀ ਗਈ ਅਤੇ ਜੇਲ੍ਹ ਵਿੱਚ ਹੀ ਸਸਕਾਰ ਕੀਤੇ ਤੇ ਦੱਬ ਦਿੱਤੇ ਗਏ। ਇਸੇ ਕੇਸ ਵਿੱਚ ਵਰਿਆਮ ਸਿੰਘ ਮੱਟੂ ਭਾਈਕੇ ਗੁਜਰਾਂਵਾਲਾ,ਸਰਦਾਰਾ ਸਿੰਘ ਵਾਲਾ ਮੋਗਾ, ਈਸ਼ਰ ਸਿੰਘ ਬੋਈਵਾਲਾ ਜ਼ੀਰਾ, ਕਰਤਾਰ ਸਿੰਘ ਦੁੱਕੀ ਲਤਾਲਾ, ਵਰਿਆਮ ਸਿੰਘ ਤੇ ਬਚਨ ਸਿੰਘ ਭੀਖੀ, ਮਾਨਸਾ ਬਾਅਦ ਵਿੱਚ ਫੜੇ ਗਏ। ਕਰਤਾਰ ਸਿੰਘ ਦੁੱਕੀ ਨੂੰ ਤਿੰਨ ਸਾਲ ਅਤੇ ਬਾਕੀਆਂ ਨੂੰ ਪੰਜ-ਪੰਜ ਸਾਲ ਕੈਦ ਦੀ ਸਜ਼ਾ ਹੋਈ। ਗ਼ਦਰੀ ਭਗਤ ਸਿੰਘ ਕਚਰਭੰਨ , ਵਰਿਆਮ ਸਿੰਘ ਅਮਲੀ ਨਾਭਾ, ਕੇਹਰ ਸਿੰਘ ਸੈਦੋ ਮੋਗਾ, ਦਲੀਪ ਸਿੰਘ ਤੇ ਸੁਰਜਨ ਸਿੰਘ, ਜਿਨ੍ਹਾਂ ਦੇ ਪਤੇ ਦਾ ਪਤਾ ਨਹੀਂ ਸੀ ਮਫਰੂਰ ਕਰਾਰ ਦਿੱਤਾ ਗਿਆ।

**# ਸੰਪਰਕ : 98760-78731**

# ਔਰਤ ਲਹਿਰ ਦਾ ਜਗਦਾ ਚਿਰਾਗ਼ ਵਿਮਲਾ ਡਾਂਗ



ਅੱਜ ਜਦੋਂ ਸਾਮਰਾਜੀ ਲਾਣੇ ਅੱਗੇ ਡੰਡੌਤ ਬੰਦਨਾ ਕਰਦੀ ਭਾਜਪਾ ਹਕੂਮਤ ਪੂਰੀ ਬੇਸ਼ਰਮੀ ਨਾਲ ਲੋਕਾਂ ਉਪਰ ਆਰਥਿਕ ਅਤੇ ਫਿਰਕੂ ਫਾਸ਼ੀ ਹੱਲਾ ਬੋਲ ਰਹੀ ਹੈ, ਇਸ ਮੌਕੇ ਵਿਮਲਾ ਡਾਂਗ ਦੇ ਜੀਵਨ ਸੰਗਰਾਮ ਤੋਂ ਪ੍ਰੇਰਨਾ ਲੈ ਕੇ ਔਰਤ ਵਰਗ ਨੂੰ ਅੱਗੇ ਆਉਣ ਦੀ ਲੋੜ ਹੈ । ਉਹਨਾ ਅੰਮ੍ਰਿਤਸਰ ਸ਼ਹਿਰ ਅੰਦਰ ਕਾਰਖ਼ਾਨਾ ਕਾਮਿਆਂ ਵਿੱਚ ਧੁਰ ਹੇਠਾਂ ਤੱਕ ਜਾ ਕੇ ਕੰਮ ਕੀਤਾ ।ਅੰਮ੍ਰਿਤਸਰ ਅਤੇ ਉਹਨਾ ਦੇ ਪ੍ਰਭਾਵ ਘੇਰੇ ਦੀਆਂ ਥਾਵਾਂ ਉਹਨਾ ਨੂੰ ਵਿਸ਼ੇਸ਼ ਤੌਰ 'ਤੇ ਯਾਦ ਕਰ ਰਹੀਆਂ ਹਨ।ਵਿਮਲਾ ਜੀ ਨੂੰ ਇਉਂ ਯਾਦ ਕਰਨਾ ਉਹਨਾ ਦੀ ਸਮਰਪਣ ਭਾਵਨਾ ਨੂੰ ਸਲਾਮ ਕਰਨਾ ਹੈ । ਉਹਨਾ ਦਾ ਜਨਮ 26 ਦਸੰਬਰ 1926 ਨੂੰ ਲਾਹੌਰ (ਬ੍ਰਿਟਿਸ਼ ਭਾਰਤ, ਹੁਣ ਪਾਕਿਸਤਾਨ) ਵਿੱਚ ਇੱਕ ਕਸ਼ਮੀਰੀ ਪੰਡਤ ਪਰਵਾਰ ਵਿੱਚ ਹੋਇਆ। ਉਹਨਾ ਦਾ ਪਰਵਾਰਕ ਨਾਂਅ ਵਿਮਲਾ ਬਕਾਇਆ ਸੀ।

ਉਹ ਲਾਹੌਰ ਪੜ੍ਹੇ ਅਤੇ ਵਿਦਿਆਰਥੀ ਜੀਵਨ ਤੋਂ ਹੀ ਲੋਕਾਂ ਲਈ ਸੰਘਰਸ਼ ਦਾ ਪਰਚਮ ਉਠਾ ਕੇ ਐਸਾ ਤੁਰੇ ਕਿ ਆਖ਼ਰੀ ਦਮ ਤੱਕ ਸਫ਼ਰ 'ਤੇ ਰਹੇ।1947-1951 ਦੌਰਾਨ ਉਹ ਪ੍ਰਾਗ (ਚੈਕੋਸਲੋਵਾਕੀਆ) ਵਿੱਚ ਇੰਟਰਨੈਸ਼ਨਲ ਸਟੂਡੈਂਟਸ ਯੂਨੀਅਨ ਵਿੱਚ ਭਾਰਤ ਦੇ ਪਹਿਲੇ ਵਿਦਿਆਰਥੀ ਨੁਮਾਇੰਦੇ ਵਜੋਂ ਸ਼ਾਮਲ ਹੋਏ।

ਪੰਜਾਬ ਅੰਦਰ ਉਹ ਭਾਰਤੀ ਕਮਿਊਨਿਸਟ ਪਾਰਟੀ ਦੇ ਮੁੱਖ ਆਗੂ ਸਨ ਅਤੇ ਨੈਸ਼ਨਲ ਫੈਡਰੇਸ਼ਨ ਆਫ਼ ਇੰਡੀਅਨ ਵੂਮੈਨ ਵਿੱਚ ਵੀ ਅਹਿਮ ਜ਼ਿੰਮੇਵਾਰੀਆਂ ਨਿਭਾਈਆਂ।1952 ਵਿੱਚ ਉਹ ਅਤੇ ਸੱਤਪਾਲ ਡਾਂਗ ਜੀਵਨ ਸਾਥੀ ਬਣੇ। ਦੋਵੇਂ ਜੀਆਂ ਨੇ ਅੰਮ੍ਰਿਤਸਰ ਦੇ ਛੇਹਰਟਾ ਖੇਤਰ ਨੂੰ ਆਪਣੀ ਕਰਮਭੂਮੀ ਬਣਾਇਆ। ਇੱਥੇ ਮਜ਼ਦੂਰ ਵਰਗ, ਔਰਤਾਂ ਅਤੇ ਆਮ ਲੋਕਾਂ ਲਈ ਜ਼ਮੀਨੀ ਪੱਧਰ 'ਤੇ ਲਾ ਮਿਸਾਲ ਕੰਮ ਕੀਤਾ।

ਪੰਜਾਬ ਵਿੱਚ ਇਸਤਰੀ ਸਭਾ ਅਤੇ ਔਰਤ ਮੁਕਤੀ ਦੀ ਲਹਿਰ ਵਿੱਚ ਉਹ ਮੋਢੀ ਆਗੂਆਂ ਵਿੱਚੋਂ ਜਾਣੇ ਜਾਂਦੇ ਸਨ।ਉਹਨਾ ਨੇ ਜਿਸ ਖੇਤਰ ਵਿੱਚ ਵੀ ਕੰਮ ਕੀਤਾ ਪ੍ਰੇਰਨਾਦਾਇਕ ਪੈੜਾਂ ਛੱਡੀਆਂ।1992 ਵਿੱਚ ਉਹਨਾ ਨੂੰ ਪਦਮਸ਼੍ਰੀ ਨਾਲ ਸਨਮਾਨਤ ਕੀਤਾ ਗਿਆ।

ਉਹਨਾ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਦੀਆਂ ਜ਼ਿੰਮੇਵਾਰੀਆਂ ਵੀ ਨਿਭਾਈਆਂ । ਉਹਨਾ ਨੂੰ ਗ਼ਦਰੀ ਬਾਬਿਆਂ ਦੇ ਮੇਲੇ ਮੌਕੇ ਗ਼ਦਰੀ ਝੰਡਾ ਲਹਿਰਾਉਣ ਦਾ ਵੀ ਮਾਣ ਪ੍ਰਾਪਤ ਹੋਇਆ। ਉਹ 10 ਮਈ 2009 ਨੂੰ ਅੰਮ੍ਰਿਤਸਰ ਵਿਖੇ ਭਾਵੇਂ ਸਦੀਵੀ ਵਿਛੋੜਾ ਦੇ ਗਏ, ਪਰ ਉਹਨਾ ਦੀ ਵਿਸ਼ੇਸ਼ ਕਰਕੇ ਮਜ਼ਦੂਰ ਜਮਾਤ ਨੂੰ ਦੇਣ ਸਦਾ ਅਮਰ ਰਹੇਗੀ।

**-ਅਮੋਲਕ ਸਿੰਘ**

13-FEB-PAGE-5.qxd 2/12/2026 9:47 PM Page 1



# ਦੇਸ਼-ਵਿਆਪੀ ਹੜਤਾਲ ਮੌਕੇ ਵੱਖ-ਵੱਖ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਵਿਰੁੱਧ ਰੋਹ ਭਰਪੂਰ ਪ੍ਰਦਰਸ਼ਨ


















**ਬੁਢਲਾਡਾ (ਅਸ਼ੋਕ ਲਾਕੜਾ)** : ਦੇਸ਼ ਦੀਆਂ ਟਰੇਡ ਯੂਨੀਅਨਾਂ, ਸੰਯੁਕਤ ਕਿਸਾਨ ਮੋਰਚਾ ਤੇ ਮੁਲਾਜ਼ਮ ਫੈਡਰੇਸ਼ਨਾਂ ਦੀ ਦੇਸ਼ ਵਿਆਪੀ ਹੜਤਾਲ ਦੇ ਸੱਦੇ 'ਤੇ ਸੂਬੇ ਭਰ ਵਿੱਚ ਵੱਖ ਵੱਖ ਥਾਈਂ ਕੇਂਦਰ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸੇ ਤਹਿਤ ਸਥਾਨਕ ਬੱਸ ਸਟੈਂਡ ਵਿਖੇ ਵਿਸ਼ਾਲ ਇਕੱਠ ਕੀਤਾ ਗਿਆ ਤੇ ਕੇਂਦਰ ਸਰਕਾਰ ਵਿਰੁੱਧ ਤਿੱਖੀ ਨਾਅਰੇਬਾਜ਼ੀ ਕੀਤੀ।ਇਸ ਤੋਂ ਬਾਅਦ ਵੱਡੀ ਤਾਦਾਦ ਵਿੱਚ ਕਿਰਤੀਆਂ, ਕਿਸਾਨਾਂ ਤੇ ਔਰਤਾਂ ਨੇ ਬੁਢਲਾਡਾ ਸ਼ਹਿਰ ਵਿੱਚ ਜ਼ਬਰਦਸਤ ਰੋਸ ਮਾਰਚ ਕੀਤਾ।ਇਸ ਮੌਕੇ ਵੱਖ ਵੱਖ ਬੁਲਾਰਿਆਂ ਪ੍ਰਸ਼ੋਤਮ ਸਿੰਘ ਗਿੱਲ ਆਗੂ ਬੀਕੇਯੂ (ਲੱਖੋਵਾਲ), ਅਮਰੀਕ ਸਿੰਘ ਫਫੜੇ ਭਾਈਕੇ ਆਗੂ ਜਮਹੂਰੀ ਕਿਸਾਨ ਸਭਾ, ਐਡਵੋਕੇਟ ਸਵਰਨਜੀਤ ਸਿੰਘ ਦਲਿਓ ਆਗੂ ਆਲ ਇੰਡੀਆ ਕਿਸਾਨ ਸਭਾ, ਰਾਮਫਲ ਸਿੰਘ ਚੱਕ ਅਲੀਸ਼ੇਰ ਆਗੂ ਪੰਜਾਬ ਕਿਸਾਨ ਯੂਨੀਅਨ, ਕੁਲਵੰਤ ਸਿੰਘ ਕਿਸ਼ਨਗੜ੍ਹ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਡੇਜ਼ੀ ਗੁਪਤਾ ਸ਼ੇਰਖਾਂ ਵਾਲਾ, ਮਨਜੀਤ ਕੌਰ ਬੀਰੋਕੇ ਆਗੂ ਸੀਟੂ, ਲਛਮਣ ਸਿੰਘ ਚੱਕ ਅਲੀਸ਼ੇਰ ਆਗੂ ਬੀਕੇਯੂ (ਡਕੌਂਦਾ), ਕਾ. ਜਗਸੀਰ ਸਿੰਘ ਰਾਏਕੇ ਆਗੂ ਏਟਕ ਤੇ ਜਗਸੀਰ ਸਿੰਘ ਦੋਦੜਾ ਆਗੂ ਬੀਕੇਯੂ ਉਗਰਾਹਾਂ, ਕੁਲਦੀਪ ਸਿੰਘ ਝਲਬੂਟੀ ਆਗੂ ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਤੇ ਭੁਪਿੰਦਰ ਸਿੰਘ ਗੁਰਨੇ ਆਗੂ ਕੁੱਲ ਹਿੰਦ ਕਿਸਾਨ ਸਭਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਵੱਲੋਂ ਬਣਾਏ ਕਿਰਤ ਕਾਨੂੰਨ, ਮਨਰੇਗਾ ਕਾਨੂੰਨ ਦੀ ਥਾਂ ਨਵੇਂ ਵੀ.ਬੀ.ਜੀ. ਰਾਮ ਜੀ, ਬਿਜਲੀ ਸੋਧ ਬਿੱਲ 2025, ਬੀਜ ਬਿੱਲ ਨੂੰ ਰੱਦ ਕਰਨ ਦੀ ਮੰਗ ਕੀਤੀ।ਬੁਲਾਰਿਆਂ ਨੇ ਕਿਹਾ ਕਿ ਮੋਦੀ ਸਰਕਾਰ ਦੁਆਰਾ ਅਮਰੀਕਾ ਨਾਲ ਟੈਰਿਫ ਮੁਕਤ ਕੀਤੇ ਵਪਾਰ ਸਮਝੌਤੇ ਦੇਸ਼ ਦੀ ਖੇਤੀ ਤੇ ਕਿਸਾਨੀ ਨੂੰ ਖਤਮ ਕਰ ਦੇਣਗੇ।ਦੇਸ਼ ਦੀ ਆਰਥਿਕਤਾ ਪੂਰੀ ਤਰ੍ਹਾਂ ਬਰਬਾਦ ਹੋ ਜਾਵੇਗੀ।ਆਗੂਆਂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਕੇਂਦਰ ਦੀਆਂ ਨੀਤੀਆਂ ਨੂੰ ਇੰਨ ਬਿੰਨ ਲਾਗੂ ਕਰ ਰਹੀ ਹੈ ਤੇ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ 'ਤੇ ਦਬਾਉਣ ਦੇ ਰਾਹ ਪਈ ਹੋਈ ਹੈ। ਇਸ ਮੌਕੇ ਸੀਤਾ ਰਾਮ ਗੋਬਿੰਦਪੁਰਾ ਆਗੂ ਪੰਜਾਬ ਖੇਤ ਮਜ਼ਦੂਰ ਸਭਾ, ਤੇਜਿੰਦਰ ਕੌਰ ਵਾਲੀਆ, ਸ਼ਿੰਦਰ ਕੌਰ ਬਰੇਟਾ ਆਗੂ ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ), ਸੁਰਜੀਤ ਸਿੰਘ ਲਾਡੀ ਆਗੂ ਐੱਫ ਸੀ ਆਈ, ਜੁਗਰਾਜ ਸਿੰਘ ਗੋਰਖਨਾਥ ਆਗੂ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਹਾਕਮ ਸਿੰਘ ਆਗੂ ਪੀਆਰਟੀਸੀ ਪੈਨਸ਼ਨਰਜ਼ ਐਸੋਸੀਏਸ਼ਨ, ਜਸਵਿੰਦਰ ਸਿੰਘ ਬੀਰੋਕੇ ਆਗੂ ਪੀਆਰਟੀਸੀ ਕੰਟਰੈਕਟ ਵਰਕਰਜ਼, ਹਰਪਾਲ ਸਿੰਘ ਸਸਪਾਲੀ ਆਗੂ ਮਾਰਕਫੈੱਡ ਫੀਲਡ ਇੰਪਲਾਈਜ਼ ਯੂਨੀਅਨ, ਨਾਤਾ ਸਿੰਘ ਫਫੜੇ ਭਾਈਕੇ ਆਗੂ ਦਿਹਾਤੀ ਮਜ਼ਦੂਰ ਸਭਾ, ਜੀਤ ਸਿੰਘ ਬੋਹਾ ਆਗੂ ਏਕਟੂ, ਪ੍ਰਗਟ ਸਿੰਘ ਆਗੂ ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ, ਮੇਲਾ ਸਿੰਘ ਫਫੜੇ ਭਾਈਕੇ, ਚਿਮਨ ਲਾਲ ਕਾਕਾ ਆਗੂ ਸਬਜ਼ੀ ਮੰਡੀ ਮਜ਼ਦੂਰ ਯੂਨੀਅਨ ਆਦਿ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

**ਬਰਨਾਲਾ (ਰਾਜਿੰਦਰ ਬਰਾੜ)** : ਕੇਂਦਰੀ ਟ੍ਰੇਡ ਯੂਨੀਅਨਾਂ, ਫੈਡਰੇਸ਼ਨਾਂ ਤੇ ਮਜ਼ਦੂਰ ਕਿਸਾਨ ਮੁਲਾਜ਼ਮ ਜਥੇਬੰਦੀਆਂ ਵੱਲੋਂ ਬਾਲਮੀਕੀ ਚੌਂਕ ਵਿੱਚ ਹਜ਼ਾਰਾਂ ਕਿਰਤੀਆਂ ਨੇ ਮੋਦੀ ਸਰਕਾਰ ਖ਼ਿਲਾਫ਼ ਰੋਸ ਰੈਲੀ ਕੀਤੀ ਤੇ ਰੇਲਵੇ ਸਟੇਸ਼ਨ ਤੱਕ ਪੈਦਲ ਮਾਰਚ ਕੀਤਾ।ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਏਕਟ ਦੇ ਆਗੂ ਕਾਮਰੇਡ ਖੁਸ਼ੀਆਂ ਸਿੰਘ, ਸੀਟੂ ਦੇ ਆਗੂ ਸੇਰ ਸਿੰਘ ਫਰਵਰੀ, ਏਕਟੂ ਦੇ ਆਗੂ ਕਾਮਰੇਡ ਗੁਰਪ੍ਰੀਤ ਰੂੜੇਕੇ ਏ, ਮੁਲਾਜ਼ਮ ਆਗੂ ਕਰਮਜੀਤ ਬੀਹਲਾ ਬੀ ਕੇ ਯੂ ਉਗਰਾਹਾਂ ਦੇ ਸਾਥੀ ਚਮਕੌਰ ਸਿੰਘ ਨੈਣੇਵਾਲ, ਟੀ ਯੂ ਸੀ ਆਈ ਦੇ ਆਗੂ ਲਾਭ ਸਿੰਘ, ਬੀ ਕੇ ਯੂ ਡਕੌਂਦਾ ਧਨੇਰ ਦੇ ਸਾਥੀ ਮਨਜੀਤ ਸਿੰਘ ਧਨੇਰ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਪਵਿੱਤਰ ਲਾਲੀ ਨੇ ਕਿਹਾ ਕਿ ਦੇਸ਼ ਨੂੰ ਭਾਜਪਾ ਸਰਕਾਰ ਮੁੱਠੀ ਭਰ ਕਾਰਪੋਰੇਟ ਘਰਾਣਿਆਂ ਨੂੰ ਵੇਚਣ 'ਤੇ ਤੁਲੀ ਹੋਈ ਹੈ। ਦੇਸ਼ ਦੇ ਸਾਰੇ ਸਰਕਾਰੀ ਪਬਲਿਕ ਅਦਾਰਿਆਂ ਨੂੰ ਪ੍ਰਾਈਵੇਟ ਕਰਕੇ ਆਮ ਲੋਕਾਂ ਤੋਂ ਸਾਰੀਆਂ ਸਹੂਲਤਾਂ ਖੋ ਰਹੀ ਹੈ।ਇਥੋਂ ਤੱਕ ਕਿ ਸੰਵਿਧਾਨ ਨੂੰ ਖਤਮ ਕਰਕੇ ਮਨੂੰ ਸਮ੍ਰਿਤੀ ਨੂੰ ਲਿਆਉਣਾ ਚਾਹੁੰਦੀ ਹੈ।ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਲੋਕ ਮਾਰੂ ਬਿੱਲ ਰੱਦ ਨਾ ਕੀਤੇ ਤਾਂ ਦੇਸ਼ ਭਰ ਦੇ ਕਿਰਤੀ ਦਿੱਲੀ ਵੱਲ ਕੂਚ ਕਰਨ ਲਈ ਮਜਬੂਰ ਹੋਣਗੇ।ਇਸ ਤੋਂ ਇਲਾਵਾ ਜਗਰਾਜ ਰਾਮਾ, ਨਛੱਤਰ ਸਿੰਘ ਰਾਮ ਨਗਰ, ਮਾਨ ਸਿੰਘ ਗੁਰਮਾਂ, ਇਕਬਾਲ ਕੌਰ ਉਦਾਸੀ, ਹਰਜੀਤ ਸਿੰਘ ਖਿਆਲੀ, ਆਂਗਣਵਾੜੀ ਵਰਕਰਾਂ ਯੂਨੀਅਨ ਵੱਲੋਂ ਬਲਰਾਜ ਕੌਰ, ਆਸ ਵਰਕਰ ਯੂਨੀਅਨ ਦੇ ਆਗੂ ਸੰਦੀਪ ਕੌਰ ਪੱਤੀ, ਮੋਹਨ ਸਿੰਘ ਰੁੜਕੇ ਆਦਿ ਹਾਜ਼ਰ ਸਨ।


[illegible] ਦਾ ਹੱਕ ਖੋਹਣ ਵਾਲਾ ਬੀਜ ਐਕਟ ਰੱਦ ਕਰਨ, ਨਿੱਜੀਕਰਨ ਤੇ ਠੇਕੇਦਾਰੀ ਸਿਸਟਮ ਬੰਦ ਕਰਨ ਦੀ ਜ਼ੋਰਦਾਰ ਮੰਗ ਕਰਦਿਆਂ ਕੇਂਦਰ ਸਰਕਾਰ ਨੂੰ ਸਖਤ ਚਿਤਾਵਨੀ ਦਿੱਤੀ ਕਿ ਦਿੱਲੀ ਸੰਘਰਸ਼ ਤੋਂ ਵੀ ਤਿੱਖਾ ਸੰਘਰਸ਼ ਸਾਮਰਾਜੀ ਤੇ ਕਾਰਪੋਰੇਟੀ ਸਾਜਿਸ਼ ਨੂੰ ਮਿੱਟੀ ਵਿੱਚ ਮਿਲਾ ਦੇਵੇਗਾ। ਬੁਲਾਰਿਆਂ ਨੇ ਉਗਰਾਹਾਂ ਜਥੇਬੰਦੀ ਦੇ ਵਰਕਰਾਂ ਤੇ ਬਠਿੰਡਾ ਪੁਲਸ ਵੱਲੋਂ ਢਾਹੇ ਜਬਰ ਤੇ ਮਜ਼ਦੂਰ ਆਗੂ ਮੁਕੇਸ਼ ਮਲੌਦ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ ਕੀਤੀ।ਬੁਲਾਰਿਆਂ 'ਚ ਸ਼ਾਮਲ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਬਲਾਕ ਸੱਕਤਰ ਰਛਪਾਲ ਸਿੰਘ ਡੱਲਾ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਕੋਟ ਉਮਰਾ, ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਕੋਠੇ ਪੋਨਾ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਅਵਤਾਰ ਸਿੰਘ ਗੇਜ਼ਾ, ਆਸ਼ਾ ਵਰਕਰਜ਼ ਆਗੂ ਅਮਰਜੀਤ ਕੌਰ ਡੱਲਾ, ਸੀਟੂ ਆਗੂ ਮੁਖਤਿਆਰ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਅਵਤਾਰ ਸਿੰਘ ਰਸੂਲਪੁਰ, ਪੇਂਡੂ ਮਜ਼ਦੂਰ ਯੂਨੀਅਨ ਮਸ਼ਾਲ ਦੇ ਆਗੂ ਮਦਨ ਸਿੰਘ ਨੇ ਕਿਹਾ ਕਿ 22 ਫਰਵਰੀ ਨੂੰ ਮੋਰਚੇ ਦੇ ਸੱਦੇ 'ਤੇ ਇਨ੍ਹਾਂ ਮੰਗਾਂ ਦੀ ਪ੍ਰਾਪਤੀ ਲਈ ਆਪ ਤੇ ਭਾਜਪਾ ਲੀਡਰਾਂ ਦੇ ਘਰਾਂ ਅੱਗੇ ਵਿਸ਼ਾਲ ਧਰਨੇ ਦਿੱਤੇ ਜਾਣਗੇ।ਇਸ ਸਮੇਂ ਜੋਗਿੰਦਰ ਕੁਮਾਰ, ਭਰਪੂਰ ਸਿੰਘ ਛੱਜਾਵਾਲ, ਗੁਰਮੇਲ ਸਿੰਘ ਰੂਮੀ, ਨਿਰਮਲ ਸਿੰਘ, ਬਲਦੇਵ ਸਿੰਘ ਰਸੂਲਪੁਰ ਨੇ ਵੀ ਸੰਬੋਧਨ ਕੀਤਾ।

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** : ਕੇਂਦਰੀ ਟਰੇਡ ਯੂਨੀਅਨ ਤੇ ਨੈਸ਼ਨਲ ਕੁਆਰਡੀਨੇਸ਼ਨ ਕਮੇਟੀ ਆਫ ਇਲੈਕਟ੍ਰੀਸਿਟੀ ਇੰਪਲਾਈਜ਼ ਤੇ ਇੰਜੀਨੀਅਰਜ਼ ਵੱਲੋਂ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਦੇਸ਼ ਵਿਆਪੀ ਹੜਤਾਲ ਦੇ ਸੱਦੇ 'ਤੇ ਹੜਤਾਲ ਕੀਤੀ ਗਈ।ਇਸ ਦੇਸ਼ ਵਿਆਪੀ ਹੜਤਾਲ ਦੌਰਾਨ ਬਿਜਲੀ ਬੋਰਡ ਦੇ ਮੰਡਲ ਦਫਤਰ ਗਿੱਦੜਬਾਹਾ ਅਧੀਨ ਆਉਂਦੇ ਕਰਮਚਾਰੀਆਂ, ਪੈਨਸ਼ਨਰ ਐਸੋਸੀਏਸ਼ਨ ਤੇ ਕਿਸਾਨ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਜੰਮ ਕੇ ਵਿਰੋਧ ਕੀਤਾ ਗਿਆ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰਾਂ ਨਿੱਜੀਕਰਨ ਤੇ ਮਜ਼ਦੂਰ/ਮੁਲਾਜ਼ਮ/ਕਿਸਾਨ ਮਾਰੂ ਨੀਤੀਆਂ ਤੋਂ ਬਾਜ ਨਾ ਆਈਆਂ ਤਾਂ ਜਥੇਬੰਦੀਆਂ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਸ਼ਮਸ਼ੇਰ ਸਿੰਘ, ਗੁਰਭਗਤ ਸਿੰਘ ਭਲਾਈਆਣਾ, ਸਾਹਿਬ ਸਿੰਘ, ਨਛੱਤਰ ਸਿੰਘ, ਬਲਜਿੰਦਰ ਸਿੰਘ, ਹਰਮੀਤ ਸਿੰਘ, ਗਦੀਸ਼ ਸਿੰਘ, ਨੌਨਿਹਾਲ ਸਿੰਘ, ਹਰਪ੍ਰੀਤ ਸਿੰਘ, ਲਖਵਿੰਦਰ ਸਿੰਘ, ਗੁਰਨਾਮ ਸਿੰਘ, ਰਾਜ ਕੁਮਾਰ ਤੇ ਜੁਆਇੰਟ ਫੋਰਮ ਦੇ ਕਰਮਚਾਰੀ ਮੌਜੂਦ ਸਨ।

**ਨਾਭਾ (ਵਰਿੰਦਰ ਵਰਮਾ)** : ਨਾਭਾ ਵਿਖੇ ਕੇਂਦਰੀ ਟਰੇਡ ਯੂਨੀਅਨ ਦੇ ਸੱਦੇ 'ਤੇ ਪੰਜਾਬ ਸੁਬਾਰਡੀਨੇਟ ਸਰਵਿਸ ਯੂਨੀਅਨ ਏਟਕ ਨੇ ਸਿਵਲ ਹਸਪਤਾਲ ਨਾਭਾ ਵਿਖੇ ਕਿਰਤ ਕਾਨੂੰਨਾਂ ਵਿੱਚ ਸੋਧਾਂ ਦੇ ਨਾਮ ਹੇਠ ਕੀਤਾ ਜਾ ਰਹੇ ਮਨੁੱਖੀ ਘਾਣ ਖਿਲਾਫ ਭਰਵਾਂ ਸਮਰਥਨ ਕੀਤਾ ਗਿਆ। ਇਥੇ ਕਾਮਰੇਡ ਕਸ਼ਮੀਰ ਸਿੰਘ ਗਦਾਈਆ, ਕਾਮਰੇਡ ਸੋਹਣ ਸਿੰਘ ਸਿੱਧੂ, ਕਾਮਰੇਡ ਦੀਪ ਚੰਦ ਹੰਸ ਦੀ ਅਗਵਾਈ ਹੇਠ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਨੂੰ ਜਨਤਕ ਕਰਦਿਆਂ ਕਿਹਾ ਕਿ ਕੇਂਦਰ ਸਰਾਕਰ ਨੇ ਕਿਰਤ ਕਾਨੂੰਨਾਂ ਵਿੱਚ ਬਦਲੀ ਕਰ ਕੇ 44 ਕਿਰਤ ਕਾਨੂੰਨਾਂ ਦਾ ਭੋਗ ਪਾਉਣ ਦੀ ਤਿਆਰੀ ਕਰਨ ਜਾ ਰਹੀ ਹੈ, ਬਿਜਲੀ ਐਕਟ ਲਿਆ ਕੇ ਬਿਜਲੀ ਬੋਰਡ ਦਾ ਭੋਗ ਪਾਇਆ ਜਾ ਰਿਹਾ ਹੈ, ਸਿੱਖਿਆ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ, ਮਨਰੇਗਾ ਕਾਮਿਆਂ ਦੀ ਰੋਜ਼ੀ ਰੋਟੀ ਖੋਹੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਕੰਮ ਕਰਦੇ ਕੱਚੇ ਕਿਰਤੀਆਂ ਦੀ ਲੁੱਟ ਕੀਤੀ ਜਾ ਰਹੀ ਹੈ। ਅੱਜ ਦੇ ਧਰਨੇ ਨੂੰ ਬਲਦੇਵ ਸਿੰਘ ਬਾਬਰਪੁਰ ਵਰਕਿੰਗ ਪ੍ਰਧਾਨ ਟਰੇਡ ਯੂਨੀਅਨ ਕੌਂਸਲ ਨਾਭਾ, ਟਰੇਡ ਯੂਨੀਅਨ ਆਗੂ ਕ੍ਰਿਸ਼ਨ ਭੜੋ, ਲਖਵੀਰ ਸਿੰਘ ਲੱਕੀ, ਵਰਿੰਦਰ ਕੁਮਾਰ ਗਾਗਟ, ਵਿਕਾਸ ਮਿੱਤਲ ਪੈਰਾ ਮੈਡੀਕਲ, ਬਲਜੀਤ ਰਾਮ ਸੀਨੀਅਰ ਸਹਾਇਕ, ਸੁਪਰਡੈਂਟ ਸੁਸ਼ਮਾ ਮੈਡਮ ਨੇ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਤੇ ਪੰਜਾਬ ਸਰਾਕਰ ਦੀਆ ਲੋਕ ਮਾਰੂ ਨੀਤੀਆਂ ਦਾ ਡੱਟਵਾਂ ਵਿਰੋਧ ਕੀਤਾ।




**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** : ਦੇਸ਼ ਪੱਧਰ ਦੀਆਂ ਵੱਖ ਵੱਖ ਟ੍ਰੇਡ ਯੂਨੀਅਨਾਂ ਦੇ ਸੱਦੇ 'ਤੇ ਕੀਤੀ ਗਈ ਦੇਸ਼ ਵਿਆਪੀ ਆਮ ਹੜਤਾਲ ਦੇ ਹੱਕ ਵਿੱਚ ਇਥੇ ਸਥਾਨਕ ਬਿਜਲੀ ਘਰ ਦਫਤਰ ਅੱਗੇ ਇਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਮੁਲਾਜ਼ਮ ਜਥੇਬੰਦੀਆਂ, ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਤੇ ਵੱਖ ਵੱਖ ਨੌਜਵਾਨ ਅਤੇ ਸਮਾਜਕ ਜਥੇਬੰਦੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ।ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਟੈਕਨੀਕਲ ਸਰਵਿਸ ਯੂਨੀਅਨ ਦੇ ਸੂਬਾ ਸਕੱਤਰ ਇੰਜ. ਸ਼ਿੰਗਾਰ ਚੰਦ, ਪੈਨਸ਼ਨਰ ਯੂਨੀਅਨ ਦੇ ਆਗੂ ਨਰੇਸ਼ ਸੇਠੀ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਸਕੱਤਰ ਗੁਰਮੀਤ ਮਹਿਮਾ ਬਲਾਕ ਆਗੂ ਪ੍ਰਤਾਪ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕਾਉਂਦਾ (ਬੁਰਜਗਿੱਲ) ਜ਼ਿਲ੍ਹਾ ਪ੍ਰਧਾਨ ਸੂਰਜ ਪ੍ਰਕਾਸ਼, ਧਨੇਰ ਜਥੇਬੰਦੀ ਦੇ ਬਲਾਕ ਪ੍ਰਧਾਨ ਸੁਖਦੇਵ ਢੋਟ ਪੰਜੇ ਕੇ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਜ਼ਿਲ੍ਹਾ ਆਗੂ ਸੁਰਜੀਤ ਸਿੰਘ ਸਾਬਕਾ ਐੱਸ. ਡੀ. ਓ. ਬਿਜਲੀ ਬੋਰਡ, ਕੁੱਲ ਹਿੰਦ ਕਿਸਾਨ ਸਭਾ ਦੇ ਬਲਾਕ ਸਕੱਤਰ ਰਾਜ ਕੁਮਾਰ ਬਹਾਦਰ ਕੇ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਤੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਹਰਪ੍ਰੀਤ ਸਿੰਘ ਸੋਢੀ ਆਦਿ ਨੇ ਕੀਤੀ।ਇਸ ਵਿੱਚ ਵੱਡੀ ਗਿਣਤੀ 'ਚ ਮੁਲਾਜ਼ਮਾਂ, ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਆਮ ਲੋਕਾਂ ਨੇ ਸ਼ਮੂਲੀਅਤ ਕੀਤੀ।ਵੱਖ ਵੱਖ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਦੁਨੀਆਂ ਦੀ ਸਰਮਾਏਦਾਰੀ ਤੇ ਕਾਰਪੋਰੇਟਾਂ ਦੀ ਸ਼ਹਿ 'ਤੇ ਭਾਰਤ ਵਿੱਚ ਲਿਆਂਦੀਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਨਾਲ ਕਿਸਾਨਾਂ-ਮਜ਼ਦੂਰਾਂ, ਮੁਲਾਜ਼ਮਾਂ ਤੇ ਆਮ ਲੋਕਾਂ ਦਾ ਜੀਣਾ ਦੁੱਭਰ ਹੋ ਜਾਵੇਗਾ।ਇਸ ਮੌਕੇ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਲੇਬਰ ਕੋਡ, ਬਿਜਲੀ ਤੇ ਬੀਜ ਬਿੱਲ ਨੂੰ ਤੁਰੰਤ ਰੱਦ ਕੀਤਾ ਜਾਵੇ ਅਤੇ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ [illegible] ਲੋਕ ਨਿਰਮਾਣ ਵਰਕਰ ਯੂਨੀਅਨ ਸੀਟੂ, ਹਰਿੰਦਰ ਸਿੰਘ ਲਾਂਬਾ, ਰਘਬੀਰ ਸਿੰਘ ਮੜ੍ਹੋਲੀ ਸ਼ਹੀਦ ਭਗਤ ਸਿੰਘ ਲੋਕ ਹਿਤ ਕਮੇਟੀ, ਗੁਰਬਿੰਦਰ ਸਿੰਘ ਧੂੰਮਾ, ਬ੍ਰਿਜ ਲਾਲ ਬਿਠਾਉਣੀਆਂ ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ, ਬੱਬੂ ਖਰਾਜਪੁਰ ਕਿਸਾਨ ਯੂਨੀਅਨ ਲੱਖੋਵਾਲ, ਰਜਿੰਦਰ ਸਿੰਘ ਪੈਨਸ਼ਨ ਯੂਨੀਅਨ, ਹਰਭਜਨ ਸਿੰਘ ਪਿਲਖਣੀ ਏਟਕ, ਧਰਮਜੀਤ ਕੌਰ, ਜਸਵਿੰਦਰ ਕੌਰ ਆਂਗਣਵਾੜੀ ਵਰਕਰ ਯੂਨੀਅਨ, ਗੁਰਦਰਸ਼ਨ ਸਿੰਘ ਖਾਸਪੁਰ ਕੁੱਲ ਹਿੰਦ ਕਿਸਾਨ ਸਭਾ, ਸਤਪਾਲ ਰਾਜੋ ਮਾਜਰਾ ਪੇਂਡੂ ਮਜ਼ਦੂਰ ਯੂਨੀਅਨ, ਸੋਹਨ ਸਿੰਘ ਫਰੀਦਪੁਰ ਜੱਟਾਂ, ਸੋਹਨ ਸਿੰਘ ਫਰੀਦਕੋਟ ਜੱਟਾਂ, ਲਖਵਿੰਦਰ ਸਿੰਘ ਖਾਨਪੁਰ, ਪੁਸ਼ਪਿੰਦਰ ਸਿੰਘ ਹਰਪਾਲਪੁਰ, ਪੀ ਪੀ ਐੱਸ ਐੱਫ ਗੁਰਨਾਮ ਕੌਰ, ਨਛੱਤਰ ਕੌਰ ਮਿਡ ਡੇ ਮੀਲ ਨੇ ਹਿੱਸਾ ਲਿਆ।




**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਆਲ ਇੰਡੀਆ ਬੈਂਕ ਇੰਪਲਾਇਜ਼ ਐਸੋਸੀਏਸ਼ਨ ਨੇ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਦਿੱਤੇ ਗਏ ਦੇਸ਼-ਵਿਆਪੀ ਆਮ ਹੜਤਾਲ ਦੇ ਸੱਦੇ ਵਿੱਚ ਭਾਗ ਲਿਆ।ਇਸ ਹੜਤਾਲ ਨੂੰ ਦੇਸ਼ ਭਰ ਵਿੱਚ ਭਾਰੀ ਸਮਰਥਨ ਮਿਲਿਆ ਤੇ ਇਹ ਮਜ਼ਦੂਰ ਵਰਗ ਦੀ ਏਕਤਾ ਦਾ ਇਤਿਹਾਸਕ ਪ੍ਰਗਟਾਵਾ ਬਣੀ।ਪਟਿਆਲਾ ਵਿੱਚ ਪੰਜਾਬ ਨੈਸ਼ਨਲ ਬੈਂਕ, ਸਰਕਲ ਦਫ਼ਤਰ, ਛੋਟੀ ਬਰਾਦਰੀ ਦੇ ਸਾਹਮਣੇ ਵਿਸ਼ਾਲ ਰੈਲੀ ਕੀਤੀ ਗਈ।ਵੱਖ-ਵੱਖ ਬੈਂਕਾਂ ਦੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਤੇ ਮਜ਼ਦੂਰ ਵਿਰੋਧੀ ਨੀਤੀਆਂ ਦਾ ਡੱਟ ਕੇ ਵਿਰੋਧ ਕਰਨ ਦਾ ਸੰਕਲਪ ਪ੍ਰਗਟਾਇਆ।ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਬੈਂਕ ਇੰਪਲਾਇਜ਼ ਫੈਡਰੇਸ਼ਨ ਦੇ ਪ੍ਰਧਾਨ ਐੱਸ. ਕੇ. ਗੌਤਮ ਨੇ ਹੜਤਾਲ ਨੂੰ ਇਤਿਹਾਸਕ ਤੇ ਪੂਰੀ ਤਰ੍ਹਾਂ ਸਫਲ ਘੋਸ਼ਿਤ ਕੀਤਾ।ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀ ਭਾਰੀ ਭਾਗੀਦਾਰੀ ਕਾਰਨ ਬੈਂਕਿੰਗ ਸੇਵਾਵਾਂ ਬਹੁਤ ਪ੍ਰਭਾਵਿਤ ਰਹੀਆਂ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਜ਼ਦੂਰ ਵਰਗ ਦੀ ਇਹ ਇਕਜੁੱਟ ਕਾਰਵਾਈ ਦੇਸ਼ ਭਰ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਸਾਬਿਤ ਹੋਈ ਹੈ।ਉਨ੍ਹਾਂ ਨਵੇਂ ਲੇਬਰ ਕੋਡਾਂ ਤੇ ਮਜ਼ਦੂਰ ਨੀਤੀ ਦੀ ਕਰੜੀ ਆਲੋਚਨਾ ਕਰਦਿਆਂ ਉਨ੍ਹਾਂ ਨੂੰ ਮਜ਼ਦੂਰ ਵਿਰੋਧੀ ਤੇ ਨਿਯੋਗਤਾ ਪੱਖੀ ਕਰਾਰ ਦਿੱਤਾ।

**ਭੀਖੀ (ਗੁਰਿੰਦਰ ਸਿੰਘ ਔਲਖ)** : ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਦੇਸ਼ ਵਿਆਪੀ ਹੜਤਾਲ ਦੇ ਤਹਿਤ ਸ਼ਹਿਰ ਵਿੱਚ ਵੱਖ ਵੱਖ ਜਥੇਬੰਦੀਆਂ ਦੀ ਅਗਵਾਈ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ।ਮੋਦੀ ਸਰਕਾਰ ਦੇ ਮਜ਼ਦੂਰ ਵਿਰੋਧੀ, ਖੇਤੀ ਵਿਰੋਧੀ, ਜਨਤਕ ਅਦਾਰਿਆਂ ਤੇ ਮੁਲਾਜ਼ਮਾਂ ਵਿਰੋਧੀ ਨੀਤੀਆਂ ਖ਼ਿਲਾਫ਼ ਨਾਅਰਿਆਂ ਨਾਲ ਮੁਜ਼ਾਹਰਾ ਕਰਦੇ ਬੱਸ ਸਟੈਂਡ ਨਜ਼ਦੀਕ ਰੈਲੀ ਕੀਤੀ ਗਈ।ਇਸ ਰੈਲੀ ਨੂੰ ਇੰਪਲਾਈਜ਼ ਫੈਡਰੇਸ਼ਨ, ਟੀ ਐੱਸ ਯੂ, ਏਟਕ, ਪਾਵਰਕਾਮ ਐਂਡ ਟਰਾਂਸਕੋ ਠੇਕਾ ਯੂਨੀਅਨ, ਮਜ਼ਦੂਰ ਮੁਕਤੀ ਮੋਰਚਾ, ਪੰਜਾਬ ਖੇਤ ਸਭਾ, ਖੇਤ ਮਜ਼ਦੂਰ ਯੂਨੀਅਨ, ਏਕਟੂ, ਮੈਡੀਕਲ ਪ੍ਰਕਟੀਸ਼ਨਰਜ਼ ਯੂਨੀਅਨ, ਦੁਕਾਨਦਾਰ ਯੂਨੀਅਨ ਤੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਲਗਾਤਾਰ ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਲੱਗੀ ਹੋਈ ਹੈ।4 ਲੇਬਰ ਕੋਡ ਰਾਹੀਂ ਮਜ਼ਦੂਰਾਂ ਤੋਂ ਸਭ ਕੁੱਝ ਖੋਹ ਰਹੀ ਹੈ।ਬਿਜਲੀ ਬਿਲ 25, ਬੀਜ ਬਿਲ, ਜਨਤਕ ਅਦਾਰਿਆਂ ਨੂੰ ਕਾਰਪੋਰੇਟ ਕੋਲ ਕਬਜ਼ਾਉਣ ਲੱਗੀ ਹੋਈ ਹੈ, ਜਿਸ ਕਾਰਨ ਆਮ ਲੋਕਾਂ ਲੋਕਾਂ ਦਾ ਜੀਣਾ ਦੁੱਭਰ ਹੋ ਜਾਵੇਗਾ।ਦੇਸ਼ ਦਾ ਸਾਰਾ ਢਾਂਚਾ, ਜੀਵਨ ਜਾਚ ਬਿਖਰ ਜਾਵੇਗੀ।ਰੈਲੀ ਨੂੰ ਗੁਰਨਾਮ ਸਿੰਘ, ਰਾਜੂ ਅਤਲਾ, ਕਰਨੈਲ ਸਿੰਘ, ਰੂਪ ਸਿੰਘ, ਸੱਤਪਾਲ ਰਿਸ਼ੀ, ਛੱਜੂ ਰਾਮ, ਕਰਮਜੀਤ ਸਿੰਘ, ਜਸਪਾਲ ਅਤਲਾ, ਕਾਲਾ ਸਮਾਉਂ, ਦਾਰਾ ਸਿੰਘ, ਭੂਰਾ ਸਿੰਘ, ਰਘਵੀਰ, ਦਰਸ਼ਨ ਬੱਪੀਆਣਾ, ਕੇਵਲ ਸਮਾਉਂ ਪਰਵਿੰਦਰ, ਧਰਮਪਾਲ ਆਦਿ ਨੇ ਸੰਬੋਧਨ ਕੀਤਾ।

**ਕੋਟਕਪੂਰਾ (ਰਛਪਾਲ ਭੁੱਲਰ)** : ਸਥਾਨਕ ਸ਼ਹੀਦ ਕਾਮਰੇਡ ਅਮੋਲਕ ਭਵਨ ਤੇ ਬੱਸ ਸਟੈਂਡ ਫਰੀਦਕੋਟ ਵਿਖੇ ਟਰੇਡ ਯੂਨੀਅਨ ਏਟਕ-ਸੀਟੂ ਤੇ ਪੀ ਆਰ ਟੀ ਸੀ ਦੇ 25/11 ਠੇਕਾ ਮੁਲਾਜ਼ਮਾਂ ਵੱਲੋਂ ਸਾਂਝੇ ਤੌਰ 'ਤੇ ਰੈਲੀ ਕਰਕੇ ਕੀਤੀ ਗਈ।ਇਸ ਰੈਲੀ ਵਿੱਚ ਮਨਰੇਗਾ ਮਜ਼ਦੂਰਾਂ, ਖੇਤ ਮਜ਼ਦੂਰਾਂ, ਪੈਨਸ਼ਨਰਾਂ, ਆਸ਼ਾ ਵਰਕਰਾਂ, ਕੁੱਲ ਹਿੰਦ ਕਿਸਾਨ ਸਭਾ ਤੇ ਪੀ ਆਰ ਟੀ ਸੀ ਦੇ ਠੇਕਾ ਮੁਲਾਜ਼ਮਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।ਅੱਜ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ, ਜਨਤਕ ਜਥੇਬੰਦੀਆਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸਮਰਥਨ ਨਾਲ ਮੋਦੀ ਸਰਕਾਰ ਵੱਲੋਂ ਪਿਛਲੇ ਦਿਨੀਂ ਨੋਟੀਫਾਈ ਕੀਤੇ ਗਏ ਮਜ਼ਦੂਰ ਵਿਰੋਧੀ




ਚਾਰ ਲੇਬਰ ਕੋਡ ਰੱਦ ਕਰਵਾਉਣ, ਬਿਜਲੀ ਖੇਤਰ ਪ੍ਰਾਈਵੇਟ ਕੰਪਨੀਆਂ ਦੇ ਹਵਾਲੇ ਕਰਨ ਵਾਲਾ 'ਬਿਜਲੀ ਸੋਧ ਐਕਟ 2025 ਰੱਦ ਕਰਵਾਉਣ, ਮਨਰੇਗਾ ਕਾਨੂੰਨ ਬਹਾਲ ਕਰਕੇ ਦਿਹਾੜੀ 700 ਰੁਪਏ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਵਾਉਣ, ਸਕੀਮ ਵਰਕਰਾਂ ਤੇ ਹੋਰ ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕਰਕੇ ਘੱਟੋ ਘੱਟ ਤਨਖਾਹ 26000 ਰੁਪਏ ਨਿਸ਼ਚਿਤ ਕਰਵਾਉਣ, ਠੇਕੇਦਾਰੀ ਪ੍ਰਥਾ ਤੇ ਨਿੱਜੀਕਰਨ ਦੀਆਂ ਨੀਤੀਆਂ ਖਤਮ ਕਰਵਾਉਣ, ਦਿਨੋਂ ਦਿਨ ਵੱਧ ਰਹੀ ਮਹਿੰਗਾਈ ਨੂੰ ਠੱਲ੍ਹ ਪਾਉਣ, ਸਾਰੀਆਂ ਫ਼ਸਲਾਂ ਲਈ 'ਘੱਟ ਤੋਂ ਘੱਟ ਸਮਰਥਨ ਮੁੱਲ' ਕਾਨੂੰਨ ਲਾਗੂ ਕਰਨ ਤੇ ਨਵਾਂ ਬੀਜ ਬਿੱਲ ਰੱਦ ਕਰਨ ਆਦਿ ਮੁੱਦਿਆਂ ਨੂੰ ਲੈ ਕੇ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਸੀ। ਫਰੀਦਕੋਟ ਦੇ ਬੱਸ ਅੱਡੇ 'ਤੇ ਠੇਕਾ ਮੁਲਾਜ਼ਮਾਂ ਵੱਲੋਂ ਪੀ ਆਰ ਟੀ ਸੀ ਦੀਆਂ ਬੱਸਾਂ ਦਾ ਚੱਕਾ ਜਾਮ ਕਰਕੇ ਰੱਖਿਆ ਗਿਆ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਪੰਜਾਬ ਖੇਤ ਮਜ਼ਦੂਰ ਸਭਾ, ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਦੇ ਆਗੂ ਵੀਰ ਸਿੰਘ ਕੰਮੇਆਣਾ, ਗੋਰਾ ਪਿੱਪਲੀ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਸੀਟੂ ਦੇ ਆਗੂ ਕਾਮਰੇਡ ਅਸ਼ਵਨੀ ਕੁਮਾਰ, ਸਿਕੰਦਰ ਸਿੰਘ ਔਲਖ, ਪੈਨਸ਼ਨਰ ਆਗੂ ਚੰਦ ਸਿੰਘ ਡੋਡ, ਹਰਪਾਲ ਸਿੰਘ ਮਚਾਕੀ, ਗੁਰਚਰਨ ਸਿੰਘ ਮਾਨ, ਕੁਲਵੰਤ ਸਿੰਘ ਚਾਨੀ, ਇੰਦਰਜੀਤ ਸਿੰਘ ਗਿੱਲ, ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਆਗੂ ਬਲਕਾਰ ਸਿੰਘ ਸਹੋਤਾ, ਅਮਰਜੀਤ ਕੌਰ ਰਣ ਸਿੰਘ ਵਾਲਾ ਸੂਬਾ ਪ੍ਰਧਾਨ ਆਸ਼ਾ ਵਰਕਰ ਯੂਨੀਅਨ, ਕ੍ਰਿਸ਼ਨਾ ਦੇਵੀ ਔਲਖ ਆਂਗਣਵਾੜੀ ਵਰਕਰ ਆਗੂ, ਸ਼ਵਿੰਦਰ ਪਾਲ ਸਿੰਘ ਸੰਧੂ ਬੈਂਕ ਮੁਲਾਜ਼ਮ ਆਗੂ, ਸੁਖਦੇਵ ਸਿੰਘ ਮੱਲੀ, ਚਮਕੌਰ ਸਿੰਘ, ਸੁਖਚਰਨ ਸਿੰਘ, ਹਰਮੀਤ ਸਿੰਘ, ਬਬਲਦੀਪ ਸਿੰਘ, ਕੁਲਦੀਪ ਸਿੰਘ, ਰਜਿੰਦਰ ਸਿੰਘ ਆਗੂ ਪੀ ਆਰ ਟੀ ਸੀ, ਠੇਕਾ ਮੁਲਾਜ਼ਮ ਯੂਨੀਅਨ 25/11 ਦੇ ਸੀਨੀਅਰ ਆਗੂ ਹਰਪ੍ਰੀਤ ਸਿੰਘ ਸੋਢੀ, ਧਰਮਿੰਦਰ ਸਿੰਘ, ਹਰਚਰਨ ਸਿੰਘ, ਹਰਦੀਪ ਸਿੰਘ, ਨਰੇਗਾ ਮਜ਼ਦੂਰਾਂ ਦੇ ਆਗੂ ਰੇਸ਼ਮ ਸਿੰਘ ਜਟਾਣਾ, ਰੇਸ਼ਮ ਸਿੰਘ ਮੱਤਾ, ਜਗਤਾਰ ਸਿੰਘ ਸਾਬਕਾ ਸਰਪੰਚ ਭਾਣਾ ਨੇ ਸੰਬੋਧਨ ਨੇ ਸੰਬੋਧਨ ਕੀਤਾ।ਰੈਲੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੀਆਰਟੀਸੀ, ਪੰਜਾਬ ਰੋਡਵੇਜ਼ ਵਿੱਚ ਤੇ ਹੋਰ ਵੱਖ ਵੱਖ ਵਿਭਾਗਾਂ ਵਿੱਚ ਠੇਕਾ ਪ੍ਰਣਾਲੀ ਤੇ ਆਊਟਸੋਰਸ ਰਾਹੀਂ ਕੰਮ ਕਰਦੇ ਮੁਲਾਜ਼ਮਾਂ ਨੂੰ ਤੁਰੰਤ ਪੂਰੀਆਂ ਤਨਖਾਹਾਂ ਸਮੇਤ ਰੈਗੂਲ ਕੀਤਾ ਜਾਵੇ।ਸੰਘਰਸ਼ ਦੌਰਾਨ ਜੇਲ੍ਹਾਂ ਵਿੱਚ ਬੰਦ ਸਮੂਹ ਮੁਲਾਜ਼ਮ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤੇ ਜਾਣ।ਰੈਲੀ ਉਪਰੰਤ ਸ਼ਹੀਦ ਅਮੋਲਕ ਸਿੰਘ ਔਲਖ ਭਵਨ ਤੋਂ ਬੱਸ ਸਟੈਂਡ ਤੱਕ ਮੋਦੀ ਸਰਕਾਰ ਖਿਲਾਫ ਰੋਸ ਮਾਰਚ ਕੀਤਾ ਗਿਆ ਅਤੇ ਤਿੱਖੀ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਗੁਰਦੀਪ ਭੋਲਾ, ਸੋਮ ਨਾਥ ਅਰੋੜਾ, ਬੋਹੜ ਸਿੰਘ ਔਲਖ, ਮੁਖਤਿਆਰ ਸਿੰਘ ਭਾਣਾ, ਗੁਰਦੀਪ ਸਿੰਘ, ਜਗਤਾਰ ਸਿੰਘ ਰਾਜੋਵਾਲਾ, ਤਰਸੇਮ ਨਰੂਲਾ, ਇਕਬਾਲ ਸਿੰਘ ਮੰਗੇੜਾ, ਸ਼ਿਵ ਕੁਮਾਰ ਸ਼ਰਮਾ ਔਲਖ, ਚਰਨ ਸਿੰਘ, ਸੋਹਣ ਸਿੰਘ, ਸੁਖਦਰਸ਼ਨ ਰਾਮ ਸ਼ਰਮਾ, ਗੁਰਦੀਪ ਸਿੰਘ ਕੰਮੇਆਣਾ, ਸੁਖਮੰਦਰ ਸਿੰਘ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਆਸ਼ਾ ਵਰਕਰ ਆਗੂ ਸੁਖਮੰਦਰ ਕੌਰ ਮੱਤਾ, ਸੁਰਜੀਤ ਕੌਰ ਅਜਿੱਤ ਗਿੱਲ, ਸਿੰਬਲਜੀਤ ਕੌਰ, ਲਖਵਿੰਦਰ ਸਿੰਘ ਪਿੱਪਲੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਮਜ਼ਦੂਰ ਸ਼ਾਮਲ ਸਨ।

**ਦੋਰਾਹਾ (ਹਰਮਿੰਦਰ ਸੇਠ)** : ਪੀ.ਐੱਮ.ਆਰ.ਏ. ਦੇ ਹਜ਼ਾਰਾਂ ਮੈਂਬਰਾਂ ਨੇ ਰਾਸ਼ਟਰੀ ਯੂਨੀਅਨ ਹੜਤਾਲ ਵਿੱਚ ਭਾਗ ਲੈ ਕੇ ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਨਾਅਰੇਬਾਜ਼ੀ ਕੀਤੀ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਪੀ ਆਰ ਓ ਕਾਮਰੇਡ ਸੰਜੀਵ ਸ਼ਰਮਾ ਤੇ ਸੀਨੀਅਰ ਕਾਮਰੇਡ ਪੰਕਜ ਸੂਦ ਦੋਰਾਹਾ ਨੇ ਦੱਸਿਆ ਕਿ ਪੰਜਾਬ ਮੈਡੀਕਲ ਰਿਪ੍ਰੀਜੈਂਟੇਟਿਵ ਐਸੋਸੀਏਸ਼ਨ ਪੰਜਾਬ ਵੱਲੋਂ ਆਪਣੀ ਸੰਬੰਧਤ ਸੰਸਥਾ ਐੱਨ ਐੱਫ ਐੱਸ ਆਰ ਯੂ ਦੇ ਸੱਦੇ 'ਤੇ ਪੰਜਾਬ ਦੀਆਂ ਸਭ 12 ਯੂਨਿਟਾਂ ਦੇ ਮੈਂਬਰਾਂ ਨੇ ਪੂਰੇ ਜੋਸ਼ ਤੇ ਏਕਤਾ ਨਾਲ ਦੇਸ਼ ਪੱਧਰੀ ਹੜਤਾਲ ਵਿੱਚ ਭਾਗ ਲਿਆ।ਇਸ ਸਮੇਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਰੈਲੀਆਂ ਕੱਢ ਕੇ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ ਤੇ ਵਿਰੋਧ ਦੇ ਤੌਰ 'ਤੇ ਪੁਤਲੇ ਸਾੜੇ ਗਏ।ਇਸ ਮੌਕੇ ਸੂਬਾ ਪ੍ਰਧਾਨ ਕਾਮਰੇਡ ਅਨੁਰਾਗ ਸਿੰਘ, ਸੀਨੀਅਰ ਕਾਮਰੇਡ ਪ੍ਰਵੀਨ ਭਾਰਦਵਾਜ, ਲੁਧਿਆਣਾ ਯੂਨਿਟ ਸਕੱਤਰ ਕਾਮਰੇਡ ਵਿਕਾਸ ਪਰਾਸ਼ਰ, ਯੂਨਿਟ ਪ੍ਰਧਾਨ ਕਾਮਰੇਡ ਧਰਮਿੰਦਰ ਸਿੰਘ ਨੇ ਮਜ਼ਦੂਰਾਂ ਤੇ ਕਰਮਚਾਰੀਆਂ ਦੇ ਹੱਕਾਂ ਸਬੰਧੀ ਵਿਸਥਾਰ ਵਿੱਚ ਚਾਨਣਾ ਪਾਇਆ। ਇਸ ਸਮੇਂ ਪੀ ਐੱਮ ਆਰ ਏ ਦੇ ਸੈਂਕੜੇ ਸਾਥੀ ਹਾਜ਼ਰ ਸਨ।ਅੰਤ ਵਿੱਚ ਪੀ ਐੱਮ ਆਰ ਏ ਦੇ ਮੈਂਬਰਾਂ ਨੇ ਸੂਬੇ ਭਰ ਦੇ ਮੈਡੀਕਲ ਰਿਪ੍ਰੀਜੈਂਟੇਟਿਵਜ਼ ਦੇ ਹਿੱਤਾਂ ਤੇ ਕਾਨੂੰਨੀ ਅਧਿਕਾਰਾਂ ਦੀ ਰੱਖਿਆ ਲਈ ਆਪਣੀ ਵਚਨਬੱਧਤਾ ਦੁਹਰਾਈ।

**ਨਾਭਾ (ਵਰਿੰਦਰ ਵਰਮਾ)** : ਕੇਂਦਰੀ ਟਰੇਡ ਯੂਨੀਅਨ ਦੇ ਸੱਦੇ 'ਤੇ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆ ਤੇ ਪੈਨਸ਼ਨਰ ਐਸੋਸੀਏਸ਼ਨਾਂ ਵੱਲੋਂ ਐਕਸੀਅਨ ਦਫਤਰ ਬਿਜਲੀ ਬੋਰਡ ਨਾਭਾ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਆਗੂਆਂ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬਿਜਲੀ ਬਿੱਲ, ਬੀਜ ਸੋਧ ਬਿੱਲ, ਲੇਬਰ ਕੋਡ ਬਿੱਲ, ਮਨਰੇਗਾ ਸੋਧ ਬਿੱਲ ਤੇ ਖੇਤੀਬਾੜੀ ਨੂੰ ਤਬਾਹ ਕਰਨ ਵਾਲੇ ਅਮਰੀਕਾ-ਭਾਰਤ ਦੇ ਸਮਝੌਤੇ ਨੂੰ ਰੱਦ ਕਰਵਾਉਣ ਤੱਕ ਸੰਘਰਸ਼ ਕੀਤਾ ਜਾਵੇਗਾ।ਬਿਜਲੀ ਬੋਰਡ ਦੀਆਂ ਜ਼ਮੀਨਾਂ ਪੰਜਾਬ ਸਰਕਾਰ ਵੇਚ ਰਹੀ ਹੈ, ਉਸ ਦਾ ਵਿਰੋਧ ਕਰਨ ਦੀ ਚਿਤਾਵਨੀ ਦਿੱਤੀ।ਇਸ ਮੌਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ ਗਿਆ।ਇਸ ਪ੍ਰਦਰਸ਼ਨ ਵਿੱਚ ਰਾਜਵੀਰ ਸਿੰਘ, ਨਿਰਮਲ ਕੁਮਾਰ, ਜਸਵਿੰਦਰ ਸਿੰਘ ਸਾਲੂਵਾਲ, ਜਗਪਾਲ ਸਿੰਘ ਉਧਾ, ਕੁਲਵੰਤ ਸਿੰਘ, ਪਰਮਿੰਦਰ ਸਿੰਘ, ਪ੍ਰਿਤਪਾਲ ਸਿੰਘ, ਜਗਮੇਲ ਸਿੰਘ ਸੁਧੇਵਾਲ, ਗੁਰਮੀਤ ਸਿੰਘ ਛੱਜੂਭੱਟ, ਜਰਨੈਲ ਸਿੰਘ ਦੋਦਾ, ਹਰਜੀਤ ਸਿੰਘ ਅਗੋਲ, ਕੁਲਵਿੰਦਰ ਕੌਰ ਰਾਮਗੜ੍ਹ, ਰਮਨਦੀਪ ਕੌਰ ਗੁਰਦਿੱਤ ਪੁਰਾ, ਗੁਰਜੀਤ ਸਿੰਘ, ਸੰਜੀਵ ਭੱਲਾ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।

**ਦੋਰਾਹਾ (ਹਰਮਿੰਦਰ ਸੇਠ)**-ਕੇਂਦਰੀ ਟਰੇਡ ਜਥੇਬੰਦੀਆਂ ਵੱਲੋਂ ਸਾਮਰਾਜੀ ਦਿਸ਼ਾ ਨਿਰਦੇਸ਼ਤ ਨਿੱਜੀਕਰਨ ਦੀਆਂ ਨੀਤੀਆਂ ਖਿਲਾਫ ਦਿੱਤੀ ਦੇਸ਼ ਵਿਆਪੀ ਹੜਤਾਲ 'ਤੇ ਦੇਸ਼ ਦੇ ਸਮੂਹ ਕਿਰਤੀ ਲੋਕਾਂ ਨਾਲ ਇੱਕਮੁੱਠਤਾ ਪ੍ਰਗਟ ਕਰਦਿਆਂ ਬਿਜਲੀ ਮੁਲਾਜ਼ਮਾਂ ਨੇ ਆਪਣੇ ਅਦਾਰਿਆਂ ਵਿੱਚ ਮੁਕੰਮਲ ਹੜਤਾਲ ਕਰਕੇ ਦੋਰਾਹਾ ਵਿਖੇ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਵੱਲੋਂ ਦਿੱਤੇ ਜਾ ਰਹੇ ਸਾਂਝੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਗਈ।ਟੈਕਨੀਕਲ ਸਰਵਿਸਜ਼ ਦੇ ਸਕੱਤਰ ਬਲਵੀਰ ਸਿੰਘ, ਭਾਰਤੀ ਕਿਸਾਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਸੁਦਾਗਰ ਸਿੰਘ ਘੁਡਾਣੀ ਕਲਾਂ, ਆਲ ਇੰਡੀਆ ਕਿਸਾਨ ਸਭਾ ਦੇ ਪ੍ਰਧਾਨ ਜਸਵੀਰ ਸਿੰਘ ਝੱਜ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਕੇਂਦਰ ਤੇ ਪੰਜਾਬ ਸਰਕਾਰ ਲੋਕਮਾਰੂ ਨੀਤੀਆਂ ਨੂੰ ਲਾਗੂ ਕਰਨਾ ਤੁਰੰਤ ਬੰਦ ਕਰੇ।ਜੇਕਰ ਸਰਕਾਰਾਂ ਇਨ੍ਹਾਂ ਹੱਲਿਆਂ ਨੂੰ ਵਾਪਸ ਨਹੀਂ ਕਰਨਗੀਆਂ ਤਾਂ ਕੁੱਲ ਕਿਰਤੀ/ ਸੰਘਰਸ਼ਸ਼ੀਲ ਲੋਕਾਂ ਨਾਲ ਜੋਟੀ ਪਾ ਕੇ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਗੇਟ ਰੈਲੀਆਂ ਕਰਨ ਤੋਂ ਬਾਅਦ ਬਿਜਲੀ ਕਾਮਿਆਂ ਨੇ ਕਿਸਾਨਾਂ, ਮਜ਼ਦੂਰਾਂ ਦੇ ਇਕੱਠ ਵਿੱਚ ਸ਼ਮੂਲੀਅਤ ਕਰਕੇ ਦੋਰਾਹਾ ਸ਼ਹਿਰ ਅੰਦਰ ਮੁਜ਼ਾਹਰਾ ਕੀਤਾ।ਮੋਦੀ ਸਰਕਾਰ ਤੇ ਟਰੰਪ ਦਾ ਪੁਤਲਾ ਫੂਕਿਆ।ਅੱਜ ਦੇ ਧਰਨੇ ਵਿੱਚ ਵੱਖ ਵੱਖ ਆਗੂਆਂ ਰਜੀਵ ਕੁਮਾਰ, ਅਮਰੀਕ ਸਿੰਘ, ਹਰਬੰਸ ਸਿੰਘ, ਤਰਸੇਮ ਲਾਲ, ਦਵਿੰਦਰ ਸਿੰਘ, ਪਰਮਵੀਰ ਸਿੰਘ, ਬੂਟਾ ਸਿੰਘ, ਸੁਖਜੀਤ ਸਿੰਘ, ਬੁੱਧ ਸਿੰਘ, ਜਸਵਿੰਦਰ ਸਿੰਘ, ਜੰਗ ਸਿੰਘ ਸਿਰਥਲਾ, ਹਰਮਿੰਦਰ ਸਿੰਘ ਸੇਠ, ਬੇਅੰਤ ਸਿੰਘ ਆਦਿ ਨੇ ਸੰਬੋਧਨ ਕੀਤਾ।

**ਲੁਧਿਆਣਾ (ਸਤੀਸ਼ ਸਚਦੇਵਾ)** : ਦੇਸ਼ ਦੀਆਂ ਕੇਂਦਰੀ ਟਰੇਡ ਯੂਨੀਅਨਾਂ ਦੇ ਹੜਤਾਲ ਕਰਨ ਦੇ ਸੱਦੇ ਤਹਿਤ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਨਾਲ ਸੰਬੰਧਤ ਮਿੱਡ ਡੇ ਮੀਲ ਵਰਕਰ ਯੂਨੀਅਨ ਨੇ ਪ੍ਰਵੀਨ ਕੁਮਾਰੀ ਦੀ ਅਗਵਾਈ ਹੇਠ ਸ਼ਮੂਲੀਅਤ ਕੀਤੀ।ਉਨ੍ਹਾ ਕਿਹਾ ਕਿ ਕੇਂਦਰ ਦੀਆਂ ਆਰਥਿਕ ਨੀਤੀਆਂ ਖਿਲਾਫ ਰੈਲੀ ਕਰਨ ਉਪਰੰਤ ਸ਼ਹਿਰ ਵਿੱਚ ਰੋਹ ਭਰਪੂਰ ਮਾਰਚ ਕੀਤਾ ਗਿਆ ਆਦਿ ਬੁਲਾਰਿਆਂ ਨੇ ਮਜ਼ਦੂਰ, ਕਿਸਾਨ, ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੁਨੀਆ ਦੀਆਂ ਵੱਡੀਆਂ ਕੰਪਨੀਆਂ ਤੇ ਸਰਮਾਏਦਾਰਾਂ ਵੱਲੋਂ ਸੇਧਤ ਨੀਤੀਆਂ ਤਹਿਤ ਦੇਸ਼ ਦੇ ਕਿਰਤੀ ਲੋਕਾਂ ਨੂੰ ਨਪੀੜਿਆ ਜਾ ਰਿਹਾ ਹੈ, ਜਿਸ ਤਹਿਤ ਮਜ਼ਦੂਰਾਂ ਦੇ ਹੱਕਾਂ ਵਿੱਚ ਪਿਛਲੇ ਸਮੇਂ 'ਚ ਸੰਘਰਸ਼ ਰਾਹੀਂ ਪ੍ਰਾਪਤ ਕੀਤੇ ਗਏ ਕਿਰਤ ਕਾਨੂੰਨਾਂ ਨੂੰ ਦਰੜ ਕੇ ਚਾਰ ਲੇਬਰ ਕੋਡਾਂ ਵਿੱਚ ਬਦਲ ਦਿੱਤਾ ਗਿਆ, ਲੋਕਾਂ ਨੂੰ ਸੰਘਰਸ਼ ਕਰਕੇ ਮਿਲੇ ਕੰਮ ਦੇ ਅਧਿਕਾਰ ਮਨਰੇਗਾ ਨੂੰ ਖਤਮ ਕਰਨ ਲਈ ਜੀ ਰਾਮ ਜੀ ਨਾਮ ਦੀ ਸਕੀਮ, ਇਸੇ ਤਰੀਕੇ ਨਾਲ ਕਿਸਾਨਾਂ ਦੇ ਲਈ ਬੀਜ ਬਿਲ 2025, ਬਿਜਲੀ ਸੋਧ ਬਿੱਲ, 2025 ਤੇ ਭਾਰਤ-ਅਮਰੀਕਾ ਤੇ ਯੂਰਪੀਅਨ ਯੂਨੀਅਨ ਨਾਲ ਮੁਕਤ ਵਪਾਰ ਸਮਝੌਤਿਆਂ ਤਹਿਤ ਪੂਰੀ ਖੇਤੀ ਤੇ ਕਿਸਾਨੀ ਨੂੰ ਸਰਮਾਏਦਾਰਾਂ ਕੋਲ ਸੌਂਪਿਆ ਜਾ ਰਿਹਾ ਹੈ ਤੇ ਮੁਲਾਜ਼ਮਾਂ ਨੂੰ ਮਿਲਦੀਆਂ ਨੌਕਰੀਆਂ ਤੇ ਸਹੂਲਤਾਂ 'ਤੇ ਕੱਟ ਲਾ ਕੇ ਸਰਕਾਰੀ ਵਿਭਾਗਾਂ ਨੂੰ ਖਤਮ ਕੀਤਾ ਜਾ ਰਿਹਾ ਹੈ।ਇਸ ਸਮੇਂ ਰਾਧਾ ਰਾਣੀ, ਪਿੰਕੀ, ਜਸਵੀਰ ਕੌਰ, ਬਲਜਿੰਦਰ ਕੌਰ, ਮਨਜੀਤ ਕੌਰ, ਸੱਸੀ, ਗੁਰਪ੍ਰੀਤ ਕੌਰ, ਰਾਜਵਿੰਦਰ ਕੌਰ, ਮਨਪ੍ਰੀਤ ਕੌਰ, ਜੋਤੀ ਆਦਿ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਦੇਸ਼ ਵਿਆਪੀ ਹੜਤਾਲ ਵਿੱਚ ਹਿੱਸਾ ਲੈ ਰਹੇ ਵੱਖ ਵੱਖ ਮੁਲਾਜ਼ਮ, ਪੈਨਸ਼ਨਰਜ਼, ਆਂਗਣਵਾੜੀ ਵਰਕਰ, ਕਿਸਾਨ ਜਥੇਬੰਦੀਆਂ ਐੱਮਕੇਐੱਸ ਤੋਂ ਇਲਾਵਾ ਅਨੇਕਾਂ ਲੋਕਾਂ ਨੇ ਅੱਜ ਦੇ ਧਰਨੇ ਵਿੱਚ ਬਿਜਲੀ ਬੋਰਡ ਦਫਤਰ ਫਿਰੋਜ਼ਪੁਰ ਛਾਉਣੀ ਵਿਖੇ ਸ਼ਮੂਲੀਅਤ ਕੀਤੀ। ਅੱਜ ਦੀ ਹੜਤਾਲ ਤੇ ਧਰਨੇ ਵਿੱਚ ਵੱਖ ਵੱਖ ਬੁਲਾਰਿਆਂ ਪਾਵਰਕਾਮ ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸ਼ਰਮਾ, ਸਰਕਲ ਪ੍ਰਧਾਨ ਸੁਰਿੰਦਰ ਸ਼ਰਮਾ ਪੈਨਸ਼ਨਰਜ਼ ਐਸੋਸੀਏਸ਼ਨ, ਕਿਸਾਨ ਆਗੂ ਜਤਿੰਦਰ ਰੋਫੀ, ਗੁਰਮੀਤ ਸਿੰਘ ਫੌਜੀ, ਸੁਰਜੀਤ ਸ਼ਰਮਾ, ਗੁਰਦਿੱਤ ਸਿੰਘ, ਗੁਲਜ਼ਾਰ ਸਿੰਘ, ਜੰਗੀਰ ਸਿੰਘ ਡਕੌਂਦਾ, ਜਸਵੰਤ ਪੱਟੀ ਜਮਹੂਰੀ ਮੋਰਚਾ ਪੰਜਾਬ, ਦਲਵਿੰਦਰ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਆਂਗਣਵਾੜੀ ਮਹਿਲਾ ਵਰਕਰ ਦੇ ਆਗੂ ਕਾਂਤਾ ਰਾਣੀ, ਜਸਪਾਲ ਕੌਰ ਨੇ ਆਪਣੇ ਵਿਚਾਰ ਰੱਖੇ। ਇਸ ਮੌਕੇ ਅਵਤਾਰ ਸਿੰਘ ਕਿਸਾਨ ਆਗੂ, ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਦੇ ਆਗੂ ਰਾਜੇਸ਼ ਦੱਤਾ, ਰਾਕੇਸ਼ ਸੈਣੀ, ਸਤੀਸ਼ ਕੁਮਾਰ, ਕੁਲਵੰਤ ਸਿੰਘ, ਟੈਕਨੀਕਲ ਸਰਵਿਸ ਯੂਨੀਅਨ ਦੇ ਸਰਕਲ, ਡਵੀਜ਼ਨਾਂ ਦੇ ਆਗੂ ਸਾਥੀ ਰਮਲਦੀਪ ਸਿੰਘ, ਗੁਰਦੇਵ ਸਿੰਘ, ਰਜਿੰਦਰ ਸ਼ਰਮਾ, ਕੁਲਵੰਤ ਸਿੰਘ, ਸੁਖਚੈਨ ਲਾਲ, ਮੁਖਤਿਆਰ ਸਿੰਘ, ਪੈਨਸ਼ਨਰਜ਼ ਸਾਥੀ ਚੰਨਣ ਸਿੰਘ, ਸ਼ਾਮ ਸਿੰਘ, ਬਿਸ਼ਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸੇ ਦੌਰਾਨ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਤੇ ਜਨਤਕ ਜਥੇਬੰਦੀਆਂ ਨੇ ਸਾਂਝੇ ਮੋਰਚੇ ਵੱਲੋਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਛਾਉਣੀ ਤੇ ਦੇਸ਼ ਵਿਆਪੀ ਹੜਤਾਲ ਦੇ ਸਮਰਥਨ ਵਿਚ ਕੇਂਦਰ ਤੇ ਰਾਜ ਸਰਕਾਰ ਦੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਵੱਲੋਂ ਵਿਸ਼ਾਲ ਰੈਲੀ ਕੀਤੀ ਗਈ। ਇਸੇ ਦੌਰਾਨ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਰਮਨ ਅੱਤਰੀ ਦੀ ਅਗਵਾਈ ਹੇਠ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਰੋਹ ਭਰਪੂਰ ਰੈਲੀ ਕਰਨ ਉਪਰੰਤ ਬਜ਼ਾਰਾਂ ਵਿੱਚ ਰੋਸ ਮਾਰਚ ਕੱਢਿਆ ਗਿਆ। ਸੂਬਾ ਪ੍ਰਧਾਨ ਰਵਿੰਦਰ ਲੂਥਰਾ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਤੇ ਸਰਕਾਰ ਦੀਆਂ ਮਾਰੂ ਨੀਤੀਆਂ ਵਿਰੁੱਧ ਰੋਹ ਭਰਪੂਰ ਰੈਲੀ ਕਰਨ ਉਪਰੰਤ ਬਜ਼ਾਰਾਂ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ।

**ਮੋਗਾ (ਇਕਬਾਲ ਸਿੰਘ ਖਹਿਰਾ)** : ਦਸ ਕੇਂਦਰੀ ਟਰੇਡ ਯੂਨੀਅਨ ਦੇ ਸੱਦੇ 'ਤੇ ਮੋਗਾ ਦੇ ਮੇਨ ਚੌਕ ਵਿੱਚ ਵਿਸ਼ਾਲ ਧਰਨਾ ਦਿੱਤਾ ਗਿਆ।ਵੱਖ-ਵੱਖ ਜਥੇਬੰਦੀਆਂ ਦੇ ਵਰਕਰ ਤੇ ਆਗੂ ਆਪੋ ਆਪਣੇ ਝੰਡੇ ਲੈ ਕੇ ਇਸ ਧਰਨੇ ਵਿੱਚ ਪਹੁੰਚੇ।ਸਟੇਜ ਦੀ ਕਾਰਵਾਈ ਏਟਕ ਦੇ ਆਗੂ ਜਗਦੀਸ਼ ਸਿੰਘ ਚਾਹਲ ਤੇ ਸਰਬਜੀਤ ਸਿੰਘ ਦੌਧਰ ਨੇ ਨਿਭਾਈ।ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਭੁਪਿੰਦਰ ਸਿੰਘ ਦੌਲਤਪੁਰਾ, ਕੁੱਲ ਹਿੰਦ ਕਿਰਤੀ ਕਿਸਾਨ ਯੂਨੀਅਨ ਵੱਲੋਂ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮੰਗਾ ਸਿੰਘ ਵੈਰੋਕੇ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕਾਮਰੇਡ ਸੂਰਤ ਸਿੰਘ ਨੇ ਕਿਸਾਨਾਂ ਦਾ ਪੱਖ ਰੱਖਿਆ ਅਤੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਦੀ ਭਰਪੂਰ ਨਿੰਦਾ ਕੀਤੀ। ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਸੁਰਿੰਦਰ ਰਾਮ ਕੁੱਸਾ, ਪਾਵਰਕਾਮ ਐਂਡ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਹਰਪ੍ਰੀਤ ਸਿੰਘ, ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਕੁਲਵੰਤ ਸਿੰਘ ਧੱਲੇ ਕੇ, ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ (ਏਟਕ) ਦੇ ਡਿਪਟੀ ਜਨਰਲ ਸਕੱਤਰ ਦਰਸ਼ਨ ਲਾਲ, ਪਾਵਰਕਾਮ ਐਂਡ ਟ੍ਰਾਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ ਗੁਰਮੇਲ ਸਿੰਘ ਨਾਹਰ, ਨਰੇਗਾ ਰੋਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਵੱਲੋਂ ਜਗਸੀਰ ਸਿੰਘ ਖੋਸਾ, ਇੰਟਕ ਵੱਲੋਂ ਪ੍ਰੀਤਮ ਸਿੰਘ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1406-22ਬੀ ਵੱਲੋਂ ਰਾਜਿੰਦਰ ਸਿੰਘ ਰਿਆੜ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਡਾ. ਜਸਵੀਰ ਸਿੰਘ ਸਹਿਗਲ ਨੇ ਸੰਬੋਧਨ ਕੀਤਾ।ਅੰਤ ਵਿੱਚ ਬਲੌਰ ਸਿੰਘ ਘਾਲੀ ਭਾਰਤੀ ਕਿਸਾਨ ਯੂਨੀਅਨ (ਏਕਤਾ) ਉਗਰਾਹਾਂ ਨੇ ਜਿੱਥੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਦੀ ਨਿਖੇਧੀ ਕੀਤੀ, ਉਥੇ ਧਰਨੇ ਵਿੱਚ ਸ਼ਾਮਲ ਹੋਏ ਸਾਰੇ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਧਰਨੇ ਵਿੱਚ ਸੁਖਮੰਦਰ ਸਿੰਘ ਬਾਘਾ ਪੁਰਾਣਾ, ਪ੍ਰੇਮ ਕੁਮਾਰ, ਬੂਟਾ ਸਿੰਘ ਭੱਟੀ, ਬਲਕਰਨ ਸਿੰਘ, ਭੁਪਿੰਦਰ ਸਿੰਘ ਸੇਖੋਂ ਆਦਿ ਇਸ ਧਰਨੇ 'ਚ ਸ਼ਾਮਲ ਹੋਏ।




**ਸਮਰਾਲਾ (ਸੁਰਜੀਤ ਸਿੰਘ)** : ਸਰਕਾਰ ਦੀਆਂ ਕਥਿਤ ਲੋਕ ਵਿਰੋਧੀ ਨੀਤੀਆਂ ਤੇ ਅਮਰੀਕਾ ਨਾਲ ਹਾਲੀਆ ਹੋਏ ਮੁਕਤ ਵਪਾਰ ਸਮਝੌਤੇ ਦੇ ਵਿਰੋਧ ਵਿੱਚ ਐੱਸਡੀਐੱਮ ਦਫਤਰ ਸਾਹਮਣੇ ਵੱਖ ਵੱਖ ਜਥੇਬੰਦੀਆਂ ਵੱਲੋਂ ਰੋਸ ਮੁਜ਼ਾਹਰਾ ਕੀਤਾ। ਇਸ ਤੋਂ ਪਹਿਲਾਂ ਬਿਜਲੀ ਕਾਮਿਆਂ ਤੇ ਪੈਨਸ਼ਨਰਾਂ ਨੇ ਪ੍ਰਧਾਨ ਸਿਕੰਦਰ ਸਿੰਘ ਦੀ ਅਗਵਾਈ ਵਿੱਚ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚ ਰੋਸ ਮਾਰਚ ਵੀ ਕੱਢਿਆ।ਰੈਲੀ ਵਿੱਚ ਸੀਟੂ, ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਆਂਗਣਵਾੜੀ ਵਰਕ ਯੂਨੀਅਨ, ਮਨਰੇਗਾ, ਅਧਿਆਪਕ, ਨਿਰਮਾਣ ਕਾਮੇ, ਟੈਕਸੀ, ਆਟੋ ਚਾਲਕ ਠੇਕੇਦਾਰੀ ਸਿਸਟਮ ਅਧੀਨ ਕੰਮ ਕਰਦੇ ਕੱਚੇ ਕੰਮ ਸ਼ਾਮਲ ਹੋਏ।ਬੁਲਾਰਿਆਂ ਵਿੱਚ ਮੁੱਖ ਤੌਰ ਪਰਮਜੀਤ ਕੌਰ ਖੱਟਰਾਂ, ਸੁਨੀਤਾ ਰਾਣੀ, ਹਰਪ੍ਰੀਤ ਕੌਰ, ਬੀਕੇਯੂ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ, ਸੀਟੂ ਦੇ ਚੰਦਰ ਸ਼ੇਖਰ, ਅਮਰਨਾਥ ਕੂਮ ਕਲਾਂ, ਅਮਰਜੀਤ ਸਿੰਘ ਬਲਿਉਂ, ਕੁਲਵੰਤ ਤਰਕ, ਸਿਕੰਦਰ ਸਿੰਘ, ਕੁਲਵਿੰਦਰ ਸਿੰਘ ਪੁਰਬਾ, ਭਜਨ ਸਿੰਘ, ਕਿਸਾਨ ਆਗੂ ਮਨਜੀਤ ਸਿੰਘ ਸਮੇਤ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਸੂਬਾ ਤੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਆਲੋਚਨਾ ਕੀਤੀ।ਆਗੂਆਂ ਨੇ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਮੋਦੀ ਸਰਕਾਰ ਦੇਸ਼ ਵਿਰੋਧੀ, ਲੋਕ ਵਿਰੋਧੀ ਸਮਝੌਤੇ ਕਰਨ ਤੋਂ ਬਾਜ਼ ਆਵੇ, ਨਹੀਂ ਤਾਂ ਦੇਸ਼ ਦੇ ਲੋਕ ਭਾਜਪਾ ਤੇ ਮੋਦੀ ਸਰਕਾਰ ਨੂੰ ਕਦੇ ਵੀ ਮਾਫ਼ ਨਹੀਂ ਕਰਨਗੇ।

**ਮਾਨਸਾ (ਆਤਮਾ ਸਿੰਘ ਪਮਾਰ)** : ਅਮਰੀਕਾ ਨਾਲ ਹੋਏ ਸਮਝੌਤੇ ਤੇ ਦੇਸ਼




ਵਿਆਪੀ ਹੜਤਾਲ ਦੇ ਸਬੰਧ ਵਿੱਚ ਸੀਪੀਆਈ ਐੱਮ ਐੱਲ ਮਾਸ ਲਾਈਨ ਨੇ ਰੇਲਵੇ ਫਾਟਕ ਲਾਗੇ ਪ੍ਰਦਰਸ਼ਨ ਕੀਤਾ ਤੇ ਇਹ ਸਮਝੌਤਾ ਰੱਦ ਕਰਨ ਅਤੇ ਚਾਰ ਲੇਬਰ ਕੋਡ ਵੀ ਰੱਦ ਕਰਨ ਦੀ ਮੰਗ ਕੀਤੀ।ਪਾਰਟੀ ਦੇ ਸੂਬਾਈ ਆਗੂ ਸਾਬਕਾ ਕੌਂਸਲਰ ਸ਼ਿਵਚਰਨ ਸੂਚਨ ਨੇ ਕਿਹਾ ਕਿ ਅਮਰੀਕਾ ਨੇ ਭਾਰਤ ਦੀ ਕਿਸਾਨੀ ਤੇ ਖੇਤੀ ਨੂੰ ਖ਼ਤਮ ਕਰਨ ਲਈ ਇਹ ਸਮਝੌਤਾ ਘੜਿਆ ਹੈ।ਉਨ੍ਹਾਂ ਕਿਹਾ ਕਿ ਐਪਸਟੀਨ ਫਾਇਲਾਂ ਦਾ ਸੱਚ ਸਾਹਮਣਾ ਆਉਣ ਤੇ ਇਸ ਵਿੱਚ ਬੋਲਦੇ ਭਾਰਤੀ ਨੇਤਾਵਾਂ ਦੇ ਨਾਮ 'ਤੇ ਕਾਰਵਾਈ ਕਰਨ ਦੇ ਨਾਮ ਸਾਹਮਣੇ ਆਉਣੇ ਚਾਹੀਦੇ ਹਨ ਅਤੇ ਇਨ੍ਹਾਂ ਸੱਚ ਵੀ ਦੇਸ਼ ਸਾਹਮਣੇ ਲਿਆਂਦਾ ਜਾਵੇ।ਇਸ ਮੌਕੇ ਆਲ ਇੰਡੀਆ ਯੂਨਾਇਟਡ ਦੇ ਆਗੂ ਜਾਗਰ ਸਿੰਘ, ਫ਼ਲ ਤੇ ਸਬਜ਼ੀ ਵਿਕਰੇਤਾ ਯੂਨੀਅਨ ਦੇ ਮਦਨ ਲਾਲ, ਬਿੰਦਰ ਚੀਮਾ, ਮਾਲੀ ਆਦਿ ਹਾਜ਼ਰ ਸਨ।


**ਮੂਨਕ (ਰਾਜਪਾਲ ਸਿੰਗਲਾ)** : ਕੇਂਦਰੀ ਟਰੇਡ ਯੂਨੀਅਨਾਂ ਦੇ ਮੁਲਕ ਪੱਧਰੀ ਹੜਤਾਲ ਦੇ ਸੱਦੇ ਤਹਿਤ ਵੱਖ-ਵੱਖ ਜਨਤਕ ਜਮਹੂਰੀ ਜਥੇਬੰਦੀਆਂ




ਵੱਲੋਂ ਮੂਨਕ ਬਿਜਲੀ ਗ੍ਰਿੱਡ ਵਿਖੇ ਰੈਲੀ ਕਰਕੇ ਕੈਂਚੀਆਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪੁਤਲਾ ਫੂਕਿਆ ਗਿਆ।ਮਜ਼ਦੂਰ ਆਗੂ ਹਰਭਗਵਾਨ ਸਿੰਘ ਮੂਨਕ, ਕਿਸਾਨ ਆਗੂ ਬੰਟੀ ਢੀਂਡਸਾ ਤੇ ਬਿਜਲੀ ਮੁਲਾਜ਼ਮ ਆਗੂ ਬਲਵਿੰਦਰ ਸਿੰਘ ਬੱਲਰਾਂ ਨੇ ਕਿਹਾ ਕਿ ਕੇਂਦਰ ਦੇ ਨਾਲ ਨਾਲ ਪੰਜਾਬ ਦੀ ਸਰਕਾਰ ਵੀ ਨਿੱਜੀਕਰਨ ਦੇ ਹਮਲੇ ਨੂੰ ਤੇਜ਼ ਕਰ ਰਹੀ ਹੈ, ਪੰਜਾਬ ਸਰਕਾਰ ਬਿਜਲੀ ਬੋਰਡ ਸਮੇਤ ਵੱਖ-ਵੱਖ ਅਦਾਰਿਆਂ ਦੀਆਂ ਜ਼ਮੀਨਾਂ ਵੇਚ ਰਹੀ ਹੈ।ਉਨ੍ਹਾਂ ਮੰਗ ਕੀਤੀ ਗਈ ਕਿ ਨਵੇਂ ਕਿਰਤ ਕੋਡ ਰੱਦ ਕੀਤੇ ਜਾਣ, ਅਮਰੀਕਾ ਨਾਲ ਕੀਤਾ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਨਵੀਂ ਸਿੱਖਿਆ ਨੀਤੀ ਰੱਦ ਕੀਤੀ ਜਾਵੇ, ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਦੀ ਨੀਤੀ ਰੱਦ ਕੀਤੀ ਜਾਵੇ।ਇਸ ਮੌਕੇ ਪ੍ਰੋਗਰਾਮ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਹਰਭਗਵਾਨ ਸਿੰਘ ਮੂਨਕ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਵੱਲੋਂ ਬੰਟੀ ਢੀਂਡਸਾ ਤੇ ਕੁਲਦੀਪ ਗੁਲਾੜੀ, ਆਸ਼ਾ ਵਰਕਰਜ ਯੂਨੀਅਨ ਪੰਜਾਬ ਦੇ ਵੱਲੋਂ ਰਿੰਪੀ ਭੁੰਦੜਭੈਣੀ, ਇਮਪਲਾਈਜ਼ ਮੇਲ ਤੇ ਫੀਮੇਲ ਯੂਨੀਅਨ ਪੰਜਾਬ ਵੱਲੋਂ ਜਸਬੀਰ ਮੂਨਕ, ਜਮਹੂਰੀ ਕਿਸਾਨ ਸਭਾ ਦੇ ਵੱਲੋਂ ਜਸਵੀਰ ਕੌਰ, ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਵੱਲੋਂ ਹੁਸ਼ਿਆਰ ਸਿੰਘ ਸਲੇਮਗੜ੍ਹ, ਪੈਨਸ਼ਨਰਜ ਐਸੋਸੀਏਸ਼ਨ ਦੇ ਵੱਲੋਂ ਮੰਗਤ ਸਿੰਘ, ਇਮਪਲਾਈਜ਼ ਫੈਡਰੇਸ਼ਨ ਕੇਸਰੀ ਝੰਡਾ ਪੰਜਾਬ ਵੱਲੋਂ ਬਲਵਿੰਦਰ ਬੱਲਰਾਂ, ਹਰਪ੍ਰੀਤ ਸਿੰਘ, ਭੁਪਿੰਦਰ ਸ਼ਰਮਾ ਆਦਿ ਨੇ ਸੰਬੋਧਨ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਹੁਸ਼ਿਆਰ ਸਿੰਘ ਨੇ ਨਿਭਾਈ।



**ਟੈਕਨੀਕਲ ਸਰਵਿਸ ਯੂਨੀਅਨ ਦੀ ਅਗਵਾਈ 'ਚ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਮੇਨ ਗੇਟ 'ਤੇ ਕੀਤੀ ਗਈ ਰੈਲੀ ਵਿੱਚ ਸ਼ਾਮਲ ਜਥੇਬੰਦੀ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ, ਪ੍ਰਚਾਰ ਸਕਤਰ ਪਿਆਰਾ ਸਿੰਘ, ਕੈਸ਼ੀਅਰ ਵਰਿੰਦਰ ਸਿੰਘ ਪਰਮਾਰ, ਸਕੱਤਰ ਅੰਤਰ ਸਿੰਘ, ਸੀਨੀ. ਮੀਤ ਪ੍ਰਧਾਨ ਜਗਦੀਪ ਸਿੰਘ, ਸਲਾਹਕਾਰ ਰਵਿੰਦਰ ਕੁਮਾਰ, ਵਿਜੇ ਕੁਮਾਰ, ਰਮੇਸ਼ ਕੁਮਾਰ ਸਮੇਤ ਹੋਰ ਬਿਜਲੀ ਮੁਲਾਜ਼ਮ।** (ਤਸਵੀਰ ਤੇ ਵੇਰਵਾ : ਭੀਮ ਸੈਨ ਹਦਵਾਰੀਆ, ਲਹਿਰਾ ਮੁਹੱਬਤ)



**ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਗੁਰੂ ਹਰਿਗੋਬਿੰਦ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਕੇਂਦਰੀ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਦੇਸ਼ ਵਿਆਪੀ ਹੜਤਾਲ ਦੇ ਸੱਦੇ 'ਤੇ 24 ਘੰਟੇ ਦੀ ਹੜਤਾਲ ਕਰਕੇ ਪਲਾਂਟ ਦੇ ਮੁੱਖ ਗੇਟ 'ਤੇ ਕੀਤੀ ਭਰਵੀਂ ਰੈਲੀ ਦੌਰਾਨ ਕੇਂਦਰ ਤੇ ਸੂਬਾ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ। ਰੈਲੀ ਨੂੰ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ, ਬਲਜਿੰਦਰ ਸਿੰਘ ਮਾਨ, ਲਛਮਣ ਸਿੰਘ ਰਾਮਪੁਰਾ, ਹਰਦੀਪ ਸਿੰਘ ਤੱਗੜ ਤੇ ਨਾਇਬ ਸਿੰਘ ਤੋਂ ਇਲਾਵਾ ਪੀ. ਐੱਸ. ਯੂ. ਸ਼ਹੀਦ ਰੰਧਾਵਾ ਦੇ ਬਿੱਕਰਜੀਤ ਸਿੰਘ ਪੂਹਲਾ, ਕਿਸਾਨ ਆਗੂ ਮੋਠੂ ਸਿੰਘ ਕੋਟੜਾ, ਰੈਗੂਲਰ ਮੁਲਾਜ਼ਮ ਜਥੇਬੰਦੀਆਂ ਦੇ ਆਗੂ ਰਘੁਵੀਰ ਸਿੰਘ, ਸੁਖਦੇਵ ਸਿੰਘ, ਰਾਜਿੰਦਰ ਸਿੰਘ ਨਿੰਮਾ, ਗੁਰਲਾਲ ਸਿੰਘ, ਰਣਜੀਤ ਸਿੰਘ, ਬਲਵਿੰਦਰ ਸਿੰਘ ਤੇ ਤਰਸੇਮ ਸਿੰਘ ਆਦਿ ਨੇ ਸੰਬੋਧਨ ਕੀਤਾ।** (ਤਸਵੀਰ ਤੇ ਵੇਰਵਾ : ਭੀਮ ਸੈਨ ਹਦਵਾਰੀਆ, ਲਹਿਰਾ ਮੁਹੱਬਤ)









## 22ਵਾਂ ਸਮੂਹਿਕ ਕੰਨਿਆਦਾਨ ਮਹਾਂਯੱਗ ਕਰਾਇਆ



**ਜਗਰਾਉਂ (ਅਮਿਤ ਖੰਨਾ)**-ਗੁਰੂ ਨਾਨਕ ਚੈਰੀਟੇਬਲ ਟਰੱਸਟ ਗਲਾਸਗੋ ਯੂ.ਕੇ ਵੱਲੋਂ ਚੇਅਰਮੈਨ ਗੁਰਮੇਲ ਸਿੰਘ ਢਿੱਲੋਂ, ਗੁਰਮੇਲ ਸਿੰਘ ਧਾਮੀ ਤੇ ਇਕਬਾਲ ਸਿੰਘ ਢਿੱਲੋਂ ਦੀ ਯੋਗ ਅਗਵਾਈ ਹੇਠ 22ਵਾਂ ਸਮੂਹਿਕ ਕੰਨਿਆਦਾਨ ਮਹਾਂਯੱਗ ਪਿੰਡ ਚੀਮਨਾ ਦੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਚੀਮਨਾ ਵਿਖੇ ਬਹੁਤ ਹੀ ਉਤਸ਼ਾਹ ਨਾਲ ਕਰਾਇਆ ਗਿਆ। ਹਰਵਿੰਦਰ ਸਿੰਘ ਉੱਪਲ ਤੇ ਹਰਨੇਕ ਸਿੰਘ ਢਿੱਲੋਂ ਨੇ ਦੱਸਿਆ ਕਿ ਗੁਰਮੇਲ ਸਿੰਘ ਢਿੱਲੋਂ ਦੇ ਲਾਏ ਹੋਏ ਇਸ ਬੂਟੇ ਦੀ ਛਾਂ ਹੇਠ ਇਸ ਵਾਰ 21 ਜ਼ਰੂਰਤਮੰਦ ਲੜਕੀਆਂ ਦੇ ਸਮੂਹਿਕ ਆਨੰਦ ਕਾਰਜ ਕਰਾਏ ਗਏ। ਸਰਪੰਚ ਸਰਵਣ ਸਿੰਘ ਤੇ ਕੈਪਟਨ ਨਰੇਸ਼ ਵਰਮਾ ਨੇ ਦੱਸਿਆ ਕਿ ਨਵੇਂ ਜੋੜਿਆਂ ਨੂੰ ਜ਼ਰੂਰਤ ਦਾ ਸਾਰਾ ਸਾਮਾਨ ਜਿਵੇਂ ਬੈੱਡ, ਕੁਰਸੀਆਂ, ਮੇਜ਼, ਪੱਖੇ, ਬਰਤਨ, ਸੂਟ, ਪੇਟੀ, ਘੜੀਆਂ ਤੇ ਸਾਈਕਲ ਆਦਿ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਹੁਣ ਤੱਕ 555 ਲੜਕੀਆਂ ਦੇ ਆਨੰਦ ਕਾਰਜ ਹੋ ਚੁੱਕੇ ਹਨ। ਬਰਾਤਾਂ ਦਾ ਬੈਂਡ ਦੇ ਨਾਲ ਨਿੱਘਾ ਸਵਾਗਤ ਕੀਤਾ ਗਿਆ। ਸਾਰੇ ਮਹਿਮਾਨਾਂ ਤੇ ਲੜਕੀ ਦੇ ਪਰਵਾਰਕ ਮੈਂਬਰ ਅਤੇ ਬਰਾਤੀਆਂ ਲਈ ਚਾਹ, ਪਕੌੜੇ, ਮਿਠਾਈ ਤੇ ਦੁਪਹਿਰ ਦੇ ਭੋਜਨ ਦਾ ਖੁੱਲ੍ਹਾ ਪ੍ਰਬੰਧ ਸੀ। ਸਮਾਗਮ ਵਿੱਚ ਯੋਗਦਾਨ ਪਾਉਣ ਵਾਲੀ ਸ਼ਖ਼ਸੀਅਤ ਐਨ ਆਰ ਆਈ ਬਲਬੀਰ ਸਿੰਘ ਮੱਲ੍ਹੀ, ਐਨ ਆਰ ਆਈ ਜੀਵਨ ਸਿੰਘ ਤੇ ਹੋਰ ਸੱਜਣਾਂ ਦਾ ਸਨਮਾਨ ਕੀਤਾ ਗਿਆ। ਮੰਚ ਸੰਚਾਲਕ ਦੀ ਡਿਊਟੀ ਰਮੇਸ਼ ਦੀ ਤਰ੍ਹਾਂ ਕੈਪਟਨ ਨਰੇਸ਼ ਵਰਮਾ ਨੇ ਬਹੁਤ ਹੀ ਵਧੀਆ ਢੰਗ ਨਾਲ ਨਿਭਾਈ।

## ਪਟਿਆਲਾ ਦੀਆਂ ਸੜਕਾਂ 'ਤੇ ਗੂੰਜਿਆ ਸਰਕਾਰ ਖ਼ਿਲਾਫ਼ ਰੋਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਦਿਨੋਂ ਦਿਨ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਤੇ ਸੂਬਾ ਸਰਕਾਰ ਦੀਆਂ ਨਾਕਾਮੀਆਂ ਵਿਰੁੱਧ ਪਟਿਆਲਾ ਦੇ ਤ੍ਰਿਪੜੀ ਇਲਾਕੇ ਵਿੱਚ ਪੰਜਾਬ ਕਾਂਗਰਸ ਵੱਲੋਂ ਇੱਕ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਇਹ ਇਤਿਹਾਸਕ ਮਾਰਚ ਸ਼ੰਕਰ ਕਿਰਿਆਨਾ ਸਟੋਰ ਤੋਂ ਸ਼ੁਰੂ ਹੋ ਕੇ ਰੇਹਲੀ ਸਵੀਟਸ, ਤ੍ਰਿਪੜੀ ਤੱਕ ਪਹੁੰਚਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਤੇ ਆਮ ਲੋਕਾਂ ਨੇ ਸ਼ਮੂਲੀਅਤ ਕਰਕੇ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਦਾ ਜ਼ੋਰ ਕੇ ਵਿਰੋਧ ਕੀਤਾ। ਇਸ ਮੌਕੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਹੀਨਾ ਕਾਵਰੇ ਕੋ-ਇੰਚਾਰਜ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਹਰਿਆਲ ਕੰਬੋਜ, ਸਾਧੂ ਸਿੰਘ ਧਰਮਸੋਤ, ਐਕਸ ਏ ਡੀ ਜੀ, ਹਰਵਿੰਦਰ ਨਿੱਪੀ, ਗੋਪਾਲ ਸਿੰਗਲਾ, ਗੁਰਚਰਨ ਕੌਰ ਰੰਧਾਵਾ, ਨਰੇਸ਼ ਦੁੱਗਲ, ਸੰਜੀਵ ਸ਼ਰਮਾ ਬਿੱਟੂ, ਵਿਸ਼ਨੂੰ ਸ਼ਰਮਾ, ਹਰਵੀਰ ਢੀਂਡਸਾ, ਰਿਚੀ ਡਕਾਲਾ, ਮਲਕੀਤ ਸਿੰਘ ਸਰਪੰਚ, ਰਾਜੇਸ਼ ਸ਼ਰਮਾ ਰਾਜੂ, ਅਨਿਲ ਮੌਦਗਿੱਲ ਹਰਵਿੰਦਰ ਸ਼ੁਕਲਾ, ਰਾਜੇਸ਼ ਮੰਡੋਰ ਤੋਂ ਇਲਾਵਾ ਸੈਂਕੜੇ ਸਾਰੇ ਬਲਾਕ ਪ੍ਰਧਾਨ, ਕੌਂਸਲਰ ਅਤੇ ਪਟਿਆਲਾ ਤੇ ਨੇੜਲੇ ਜ਼ਿਲ੍ਹਿਆਂ ਦੇ ਸਾਰੇ ਕਾਂਗਰਸੀ ਵਰਕਰ ਮੌਜੂਦ ਰਹੇ। ਰੋਸ ਮਾਰਚ ਨੂੰ ਸੰਬੋਧਨ ਕਰਦਿਆਂ ਸੂਬਾ ਕਾਂਗਰਸ ਦੇ ਪ੍ਰਧਾਨ ਮੋਹਿੰਦਰ ਮਹਿੰਦਰਾ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਢਹਿ ਚੁੱਕੀ ਹੈ।ਗੈਂਗਸਟਰਾਂ ਦਾ ਰਾਜ ਹੈ, ਸ਼ਰੇਆਮ ਕਤਲ ਹੋ ਰਹੇ ਹਨ ਤੇ ਨਸ਼ਾ ਘਰ-ਘਰ ਪਹੁੰਚ ਚੁੱਕਾ ਹੈ।ਪਰ ਸੂਬੇ ਦੀ ਨਿਕੰਮੀ ਸਰਕਾਰ ਅੰਨ੍ਹੀਂ-ਬੋਲੀ ਹੋ ਕੇ ਬੈਠੀ ਹੈ।ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਇਹ ਸਰਕਾਰ ਸਿਰਫ਼ ਇਸ਼ਤਿਹਾਰਾਂ ਰਾਹੀਂ ਆਪਣੀ ਝੂਠੀ ਵਾਹ-ਵਾਹ ਖੱਟਣ ਵਿੱਚ ਮਸਰੂਫ਼ ਹੈ।ਉਨ੍ਹਾਂ ਕਿਹਾ ਕਿ ਹੁਣ ਚੁੱਪ ਰਹਿਣ ਦਾ ਸਮਾਂ ਲੰਘ ਚੁੱਕਾ ਹੈ, ਜੇਕਰ ਅੱਜ ਅਸੀਂ ਸੜਕਾਂ 'ਤੇ ਨਾ ਉੱਤਰੇ ਤਾਂ ਪੰਜਾਬ ਦਾ ਭਵਿੱਖ ਪੂਰੀ ਤਰ੍ਹਾਂ ਹਨੇਰੇ ਵਿੱਚ ਚਲਾ ਜਾਵੇਗਾ।ਇਹ ਰੋਸ ਮਾਰਚ ਸਿਰਫ਼ ਇੱਕ ਪ੍ਰਦਰਸ਼ਨ ਨਹੀਂ, ਸਗੋਂ ਸੁੱਤੀ ਹੋਈ ਸਰਕਾਰ ਲਈ ਇੱਕ ਲਲਕਾਰ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਪਣਾ ਰਵੱਈਆ ਨਾ ਬਦਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਪੂਰੇ ਪੰਜਾਬ ਵਿੱਚ ਇਸੇ ਤਰ੍ਹਾਂ ਦੇ ਤਿੱਖੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।



## ਜਬਰੀ ਟੈੱਟ ਥੋਪਣ 'ਤੇ ਭੜਕੇ ਅਧਿਆਪਕ, ਫੂਕੀਆਂ ਕਾਪੀਆਂ

**ਜ਼ੀਰਾ (ਨਰਿੰਦਰ ਅਨੇਜਾ)**-ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਬਲਵਿੰਦਰ ਸਿੰਘ ਸੰਧੂ, ਬਲਵਿੰਦਰ ਸਿੰਘ ਭੁੱਟੋ, ਗੁਰਵਿੰਦਰ ਸਿੰਘ ਖੋਸਾ, ਬਾਜ ਸਿੰਘ, ਗੁਰਪ੍ਰੀਤ ਸਿੰਘ ਮੱਲੋਕੇ, ਜਸਵਿੰਦਰ ਸਿੰਘ ਕੰਬੋਜ ਤੇ ਜਗਜੀਤ ਸਿੰਘ ਗਿੱਲ ਦੀ ਅਗਵਾਈ ਹੇਠ ਅਧਿਆਪਕਾਂ 'ਤੇ ਜਬਰੀ ਟੈੱਟ ਥੋਪਣ ਦੇ ਵਿਰੋਧ ਵਿੱਚ ਜ਼ੀਰਾ ਵਿਖੇ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਤੇ ਅਧਿਆਪਕਾਂ ਨੇ ਹਮਲਾਵਰ ਰੁਖ ਅਖ਼ਤਿਆਰ ਕਰਦੇ ਹੋਏ ਪੰਜਾਬ ਸਰਕਾਰ ਨੂੰ ਜਬਰੀ ਟੈੱਟ ਥੋਪਣ ਵਿਰੁੱਧ ਚਿਤਾਵਨੀ ਦਿੰਦੇ ਹੋਏ ਟੈੱਟ ਥੋਪਣ ਵਾਲੇ ਪੱਤਰ ਦੀਆਂ ਕਾਪੀਆਂ ਫੂਕੀਆਂ ਗਈਆਂ।ਆਗੂਆਂ ਨੇ ਕਿਹਾ ਕਿ 2011 ਤੋਂ ਪਹਿਲਾਂ ਭਰਤੀ ਹੋਏ ਅਧਿਆਪਕਾਂ ਤੇ ਨੌਕਰੀ ਵਿੱਚ ਬਣੇ ਰਹਿਣ ਅਤੇ ਤਰੱਕੀ ਹਾਸਲ ਕਰਨ ਲਈ ਜਬਰੀ ਟੈੱਟ ਥੋਪਣਾ ਗੈਰ-ਵਿਗਿਆਨਕ ਤੇ ਗੈਰ-ਸੰਵਿਧਾਨਕ ਹੈ ਅਤੇ ਪੰਜਾਬ ਸਰਕਾਰ ਵੱਲੋਂ ਇਸ ਫ਼ੈਸਲੇ ਨੂੰ ਲਾਗੂ ਕਰਨ ਵਿੱਚ ਵਿਖਾਈ ਜਾ ਰਹੀ ਬੇਲੋੜੀ ਕਾਹਲ ਪੰਜਾਬ ਸਰਕਾਰ ਦੇ ਕਰੂਰ ਚਿਹਰੇ ਨੂੰ ਨੰਗਾ ਕਰਦੀ ਹੈ।ਆਗੂਆਂ ਨੇ ਇਸ ਮੌਕੇ ਅਧਿਆਪਕ ਜਥੇਬੰਦੀਆਂ ਪੰਜਾਬ ਸਰਕਾਰ ਦੇ ਇਸ ਕਾਲੇ ਪੱਤਰ ਵਿਰੁੱਧ ਤਿੱਖਾ ਸੰਘਰਸ਼ ਕਰ ਕੇ ਪੰਜਾਬ ਸਰਕਾਰ ਨੂੰ ਇਹ ਪੱਤਰ ਵਾਪਸ ਲੈਣ ਲਈ ਮਜਬੂਰ ਕਰਨਗੀਆਂ।ਆਗੂਆਂ ਨੇ ਕਿਹਾ ਕਿ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਇਤਿਹਾਸਕ ਇਕੱਠ ਕਰ ਕੇ ਇਸ ਮਾਰੂ ਪੱਤਰ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ ਤੇ ਇਸ ਰੋਸ ਪ੍ਰਦਰਸ਼ਨ ਵਿੱਚ ਸਮੂਹ ਪੰਜਾਬ ਦੇ ਅਧਿਆਪਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਅੱਜ ਦੇ ਇਸ ਐਕਸ਼ਨ ਵਿੱਚ ਵੱਡੀ ਗਿਣਤੀ 'ਚ ਅਧਿਆਪਕ ਸ਼ਾਮਲ ਸਨ।

**ਮਾਨਸਾ (ਆਤਮਾ ਸਿੰਘ ਪਮਾਰ)**: ਸਿੱਖਿਆ ਵਿਭਾਗ ਪੰਜਾਬ ਵੱਲੋਂ ਅਧਿਆਪਕਾਂ 'ਤੇ ਨੌਕਰੀ 'ਚ ਬਣੇ ਰਹਿਣ ਤੇ ਪਦਉਨਤੀਆਂ ਲਈ ਟੈੱਟ ਦੀ ਸ਼ਰਤ ਲਾਜ਼ਮੀ ਕਰਨ ਦਾ ਪੱਤਰ ਜਾਰੀ ਕਰਨ ਖ਼ਿਲਾਫ਼ ਪੱਤਰਾਂ ਦੀਆਂ ਕਾਪੀਆਂ ਸਾੜ ਕੇ ਰੋਸ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਜੀ ਟੀ ਯੂ ਦੇ ਨਰਿੰਦਰ ਮਾਖਾ, ਡੀ ਟੀ ਐੱਫ (ਵਿਕਰਮ ਦੇਵ) ਦੇ ਅਮੋਲਕ ਡੇਲੂਆਣਾ, ਡੀ ਟੀ ਐੱਫ (ਦਿਗ ਵਿਜੇਪਾਲ) ਦੇ ਕਰਮਜੀਤ ਸਿੰਘ ਤਾਮਕੋਟ, ਬੀ ਐੱਡ ਫਰੰਟ ਦੇ ਦਰਸ਼ਨ ਅਲੀਸ਼ੇਰ ਨੇ ਇਕੱਤਰ ਅਧਿਆਪਕਾਂ ਦੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਸਮੁੱਚੇ ਅਧਿਆਪਕ ਕਿਸੇ ਵੀ ਕੀਮਤ 'ਤੇ ਇਸ ਤਾਨਾਸ਼ਾਹੀ ਫੁਰਮਾਨ ਨੂੰ ਸਵੀਕਾਰ ਨਹੀਂ ਕਰਨਗੇ।

ਇਸ ਸਮੇਂ ਅਧਿਆਪਕ ਆਗੂਆਂ ਹਰਜਿੰਦਰ ਅਨੂਪਗੜ੍ਹ, ਹੰਸਾ ਸਿੰਘ ਡੇਲੂਆਣਾ, ਲਖਵਿੰਦਰ ਮਾਨ ਤੇ ਗੁਰਜੀਤ ਰੜ੍ਹ ਨੇ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਕਿ ਉਹ ਅਧਿਆਪਕਾਂ ਨੂੰ ਨੌਕਰੀਆਂ ਤੋਂ ਵਾਂਝੇ ਕਰਨ ਦੇ ਮਨਸੂਬੇ ਬਣਾ ਰਹੀ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਸ ਪ੍ਰਗਟ ਕਰਦੇ ਅਧਿਆਪਕਾਂ ਨਾਲ ਪੁਲਸ ਵੱਲੋਂ ਧੱਕਾ ਮੁੱਕੀ ਵੀ ਕੀਤੀ ਗਈ।ਇਸ ਸਮੇਂ ਅਧਿਆਪਕ ਆਗੂ ਕਰਮਜੀਤ ਤਾਮਕੋਟ ਤੇ ਹੋਰ ਅਧਿਆਪਕ ਆਗੂਆਂ ਨੂੰ ਪੁਲਸ ਨੇ ਗ੍ਰਿਫਤਾਰ ਵੀ ਕੀਤਾ, ਜਿਨ੍ਹਾਂ ਨੂੰ ਅਧਿਆਪਕਾਂ ਦੇ ਦਬਾਅ ਅੱਗੇ ਝੁਕਦਿਆਂ ਮੌਕੇ 'ਤੇ ਹੀ ਰਿਹਾਅ ਕਰਨਾ ਪਿਆ।ਇਸ ਸਮੇਂ ਅਧਿਆਪਕ ਆਗੂਆਂ ਸੁਖਬੀਰ ਸਿੰਘ ਬੱਬੀ, ਸਤੀਸ਼ ਕੁਮਾਰ, ਰਾਜਵਿੰਦਰ ਬੈਹਣੀਵਾਲ ਆਦਿ ਦੇ ਇਕੱਠੇ ਹੋ ਕੇ ਸਿੱਖਿਆ ਵਿਭਾਗ ਵੱਲੋਂ ਜਾਰੀ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ।



## ਇਨਸਾਫ਼ ਲਈ ਸਿੱਧੂ ਮੂਸੇਵਾਲਾ ਦੇ ਮਾਤਾ-ਪਿਤਾ ਵੱਲੋਂ ਐੱਸ ਐੱਸ ਪੀ ਦਫਤਰ ਧਰਨਾ



**ਮਾਨਸਾ (ਰੀਤਵਾਲ, ਪਮਾਰ)**-ਉੱਘੇ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਤੇ ਮਾਤਾ ਚਰਨ ਕੌਰ ਨੇ ਮਾਨਸਾ ਵਿਖੇ ਐੱਸ.ਐੱਸ.ਪੀ. ਦਫ਼ਤਰ ਦੇ ਬਾਹਰ ਧਰਨਾ ਦਿੱਤਾ।ਉਨ੍ਹਾਂ ਵੱਲੋਂ ਗੀਤਕਾਰ ਬੰਟੀ ਬੈਂਸ ਖ਼ਿਲਾਫ਼ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਜਾ ਰਹੀ ਹੈ।ਇਸ ਮੌਕੇ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਕਿਹਾ ਕਿ ਮੈਂ ਪਿਛਲੇ ਛੇ ਮਹੀਨੇ ਤੋਂ ਐੱਸ.ਐੱਸ.ਪੀ. ਦਫ਼ਤਰ ਦੇ ਗੇੜੇ ਮਾਰ ਰਿਹਾ ਹਾਂ ਕਿ ਜੋ ਮੇਰੀ ਸ਼ਿਕਾਇਤ ਰਜਿਸਟਰ ਕੀਤੀ ਜਾਵੇ, ਪਰ ਨਹੀਂ ਕੀਤੀ ਜਾ ਰਹੀ।ਉਨ੍ਹਾਂ ਕਿਹਾ ਕਿ ਅਸੀਂ ਆਪਣੇ ਪੁੱਤ ਦੀ ਕਮਾਈ ਦਾ ਹਿਸਾਬ ਮੰਗ ਰਹੇ ਹਾਂ।ਉਨ੍ਹਾਂ ਕਿਹਾ ਕਿ ਅਸੀਂ ਜਲਦੀ 'ਚ ਧੋਖਾਧੜੀ ਨੂੰ ਲੈ ਕੇ ਸ਼ਿਕਾਇਤ ਦਿੱਤੀ ਸੀ, ਜਿਸ 'ਤੇ ਹੁਣ ਤੱਕ ਕੋਈ ਕਾਰਵਾਈ ਨਹੀਂ ਹੋਈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਾਨੂੰ ਇਨਸਾਫ਼ ਨਾ ਮਿਲਿਆ ਤਾਂ ਅਸੀਂ ਪੱਕਾ ਮੋਰਚਾ ਲਗਾਵਾਂਗੇ।ਦੱਸਣਯੋਗ ਹੈ ਕਿ ਸਿੱਧੂ ਮੂਸੇਵਾਲਾ ਦੀ 29 ਮਈ 2022 ਨੂੰ ਮਾਨਸਾ ਜ਼ਿਲ੍ਹੇ ਦੇ ਪਿੰਡ ਜਵਾਹਰਕੇ ਵਿਖੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।

## ਸਰੀਰਦਾਨੀ, ਇਨਕਲਾਬੀ ਆਗੂ ਤੇ ਲੇਖ਼ਕ ਰਣਜੀਤ ਲਹਿਰਾ ਨੂੰ ਅੰਤਮ ਵਿਦਾਇਗੀ

**ਦਿੜ੍ਹਬਾ (ਜਸਵੀਰ ਲਾਡੀ)**

ਸਰੀਰਦਾਨੀ, ਮਾਰਕਸਵਾਦੀ ਇਨਕਲਾਬੀ ਆਗੂ ਤੇ ਲੇਖ਼ਕ, ਅਨੁਵਾਦਕ, ਸਾਬਕਾ ਵਿਦਿਆਰਥੀ ਆਗੂ ਰਣਜੀਤ ਲਹਿਰਾ ਦੀ ਅੰਤਮ ਵਿਦਾਇਗੀ ਮੌਕੇ ਪੰਜਾਬ ਦੀਆਂ ਕਿਸਾਨ, ਮਜ਼ਦੂਰ, ਨੌਜਵਾਨ, ਵਿਦਿਆਰਥੀ ਤੇ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸੇਜਲ ਅੱਖਾਂ ਨਾਲ ਸ਼ਰਧਾਂਜਲੀ ਦਿੱਤੀ।



ਜਥੇਬੰਦੀਆਂ ਦੇ ਆਗੂਆਂ ਨੇ ਰਣਜੀਤ ਲਹਿਰਾ ਦੀ ਦੇਹ ਉਪਰ ਝੰਡੇ ਪਾਉਂਦਿਆਂ ਨਾਅਰਿਆਂ ਦੀ ਗੂੰਜ 'ਚ ਆਪਣੇ ਮਹਿਬੂਬ ਲੇਖਕ ਤੇ ਆਗੂ ਨੂੰ ਰਜਿੰਦਰਾ ਮੈਡੀਕਲ ਕਾਲਜ, ਪਟਿਆਲਾ ਦੇ ਖੋਜ ਕਾਰਜਾਂ ਲਈ ਰਵਾਨਾ ਕੀਤਾ।ਇਨਕਲਾਬੀ ਕੇਂਦਰ ਪੰਜਾਬ ਤੇ ਲਾਲ ਪਰਚਮ ਵੱਲੋਂ ਮੁਖਤਿਆਰ ਸਿੰਘ ਪੂਹਲਾ, ਲੋਕ ਚੇਤਨਾ ਮੰਚ, ਲਹਿਰਾਗਾਗਾ ਦੇ ਪ੍ਰਧਾਨ ਗਿਆਨ ਚੰਦ ਸ਼ਰਮਾ, ਅਦਾਰਾ ਸੁਰਖ਼ ਲੀਹ ਦੇ ਜਸਪਾਲ ਜੱਸੀ, ਪਾਵੇਲ ਕੁੱਸਾ, ਭਾਰਤੀ ਕਿਸਾਨ ਯੂਨੀਅਨ-ਏਕਤਾ (ਡਕੌਂਦਾ) ਦੇ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾਈ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ, ਪੀ.ਡਬਲਿਊ ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਦੇ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਬੀਹਲਾ, ਭਾਰਤੀ ਕਿਸਾਨ ਯੂਨੀਅਨ-ਉਗਰਾਹਾਂ ਦੇ ਦਰਬਾਰਾ ਸਿੰਘ ਛਾਜਲਾ, ਕਿਰਤੀ ਕਿਸਾਨ ਯੂਨੀਅਨ ਦੇ ਰਾਮਿੰਦਰ ਸਿੰਘ ਪਟਿਆਲਾ, ਪੰਜਾਬ ਕਿਸਾਨ ਯੂਨੀਅਨ ਵੱਲੋਂ ਰੁਲਦੂ ਸਿੰਘ ਮਾਨਸਾ, ਬੀਕੇਯੂ-ਡਕੌਂਦਾ ਦੇ ਜਗਮੋਹਨ ਸਿੰਘ ਪਟਿਆਲਾ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਲਛਮਣ ਸਿੰਘ ਅਲੀਸ਼ੇਰ, ਜਮਹੂਰੀ ਅਧਿਕਾਰ ਸਭਾ ਦੇ ਨਰਭਿੰਦਰ ਸਿੰਘ, ਪ੍ਰਿਤਪਾਲ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਹਰਭਗਵਾਨ ਗੁਰਨੇ, ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ, ਪੈਨਸ਼ਨਰ ਐਸੋਸੀਏਸ਼ਨ ਵੱਲੋਂ ਗੁਰਚਰਨ ਸਿੰਘ, ਆਂਗਣਵਾੜੀ ਵਰਕਰ ਯੂਨੀਅਨ ਵੱਲੋਂ ਬਲਵਿੰਦਰ ਕੌਰ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਬਲਵਿੰਦਰ ਜਲੂਰ, ਸਫਾਈ ਸੇਵਕ ਯੂਨੀਅਨ, ਲਹਿਰਾ, ਲੋਕ ਮੋਰਚਾ, ਪੰਜਾਬ ਵੱਲੋਂ ਜਗਸੀਰ ਸਿੰਘ ਸਲੇਮਗੜ੍ਹ, ਸੀਪੀਆਈ-ਐਮ ਐਲ ਲਿਬਰੇਸ਼ਨ ਵੱਲੋਂ ਸੁਖ਼ਦਰਸ਼ਨ ਨੱਤ, ਸੀਪੀਆਈ ਵੱਲੋਂ ਸਤਵੰਤ ਸਿੰਘ ਖੰਡੇਬਾਦ, ਪੰਜਾਬ ਸਟੂਡੈਂਟਸ ਯੂਨੀਅਨ-ਰੰਧਾਵਾ ਵੱਲੋਂ ਹੁਸ਼ਿਆਰ ਸਿੰਘ, ਨੌਜਵਾਨ ਭਾਰਤ ਸਭਾ ਦੇ ਅਸ਼ਵਨੀ ਘੁੱਦਾ, ਨਗਰ ਕੌਂਸਲ ਦੀ ਪ੍ਰਧਾਨ ਮੈਡਮ ਕਾਂਤਾ ਗੋਇਲ, ਮਾਰਕੀਟ ਕਮੇਟੀ ਲਹਿਰਾ ਦੇ ਚੇਅਰਮੈਨ ਸ਼ੀਸ਼ਪਾਲ ਆਨੰਦ, ਐਡਵੋਕੇਟ ਅਮਨਦੀਪ ਕੌਰ, ਪੱਤਰਕਾਰ ਹਮੀਰ ਸਿੰਘ, ਜਥੇਦਾਰ ਪਰਗਟ ਸਿੰਘ ਗਾਗਾ, ਗੁਰਲਾਲ ਸਿੰਘ, ਸਵਿੱਤਰੀ ਬਾਈ ਫੂਲੇ ਲਾਇਬਰੇਰੀ, ਚੰਗਾਲੀਵਾਲਾ ਦੇ ਭਿੰਦਰ ਸਿੰਘ, ਸਾਬਕਾ ਬਿਜਲੀ ਮੁਲਾਜ਼ਮ ਆਗੂ ਪੂਰਨ ਖਾਈ, ਪੰਜਾਬ ਸਟੂਡੈਂਟਸ ਯੂਨੀਅਨ ਦੇ ਸਾਬਕਾ ਵਿਦਿਆਰਥੀ ਆਗੂ ਅਜਾਇਬ ਸਿੰਘ ਟਿਵਾਣਾ, ਚੰਡੀਗੜ੍ਹ ਪ੍ਰੈੱਸ ਕਲੱਬ ਦੇ ਪ੍ਰਧਾਨ ਸੌਰਵ ਦੁੱਗਲ, ਕੁਦਰਤ ਮਾਨਵ ਕੇਂਦਰਿਤ ਲੋਕ ਲਹਿਰ ਦੇ ਸੁਖਦੇਵ ਸਿੰਘ ਭੁਪਾਲ, ਨਰਿੰਦਰ ਸਿੰਘ ਸੰਧੂ, ਡਾ. ਬਰਜਿੰਦਰ ਸੋਹਲ, ਪ੍ਰੋਫੈਸਰ ਬਾਵਾ ਸਿੰਘ, ਵਿਸ਼ਵ ਭਾਰਤੀ, ਦਰਸ਼ਨ ਬੇਲੂਮਾਜਰਾ, ਅਵਤਾਰ ਸਿੰਘ ਕੌਰਜੀਵਾਲਾ, ਜਸਵੰਤ ਜੀਰਖ਼, ਐਡਵੋਕੇਟ ਰਾਜੀਵ ਲੋਹਟਬੱਧੀ, ਮਾਸਟਰ ਤਰਸੇਮ ਲਾਲ, ਜਸਵੀਰ ਖੋਖਰ, ਜਗਜੀਤ ਸਿੰਘ ਭੁਟਾਲ, ਮਨਧੀਰ ਸਿੰਘ, ਜਸਵੰਤ ਜੀਰਖ਼, ਰਣਜੀਤ ਲਹਿਰਾ ਦੀ ਸੁਪਤਨੀ ਰਾਜਪਾਲ ਕੌਰ ਅਤੇ ਬੇਟੀ ਅਰਸ਼ਦੀਪ ਅਰਸ਼ੀ ਨੇ ਦੱਸਿਆ ਕਿ ਰਣਜੀਤ ਲਹਿਰਾ ਦਾ ਸ਼ਰਧਾਂਜਲੀ ਸਮਾਗਮ 24 ਫਰਵਰੀ ਨੂੰ ਜੀਪੀਐੱਫ ਕੰਪਲੈਕਸ ਵਿਖੇ ਹੋਵੇਗਾ।

## ਨਿਰਮਲਾ ਦੇਵੀ ਨਮਿੱਤ ਪਾਠ ਦਾ ਭੋਗ ਅੱਜ



**ਸਮਾਣਾ (ਇਕਬਾਲ ਸਿੰਘ ਬੱਲ)**-ਪੱਤਰਕਾਰ ਰਿਸ਼ਵ ਮਿੱਤਲ ਦੇ ਦਾਦੀ ਸ੍ਰੀਮਤੀ ਨਿਰਮਲਾ ਦੇਵੀ ਪਤਨੀ ਸਵਰਗੀ ਸ੍ਰੀ ਬਾਲ ਕ੍ਰਿਸ਼ਨ ਦਾਸ ਮਿੱਤਲ, ਜਿਨ੍ਹਾਂ ਦਾ ਬੀਤੇ ਦਿਨੀਂ ਅਚਾਨਕ ਦਿਹਾਂਤ ਹੋ ਗਿਆ ਸੀ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ 13 ਫਰਵਰੀ ਦਿਨ ਸ਼ੁਕਰਵਾਰ ਸਥਾਨਕ ਸਤੀ ਮਾਤਾ ਮੰਦਰ ਵਿਖੇ 1 ਤੋਂ 2 ਵਜੇ ਪਵੇਗਾ।

## ਬਲਾਤਕਾਰ ਦੇ ਮਾਮਲੇ 'ਚ ਥਾਣੇਦਾਰ ਨੂੰ ਉਮਰ ਕੈਦ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਜ਼ਿਲ੍ਹਾ ਅਦਾਲਤ ਨੇ ਬੁੱਧਵਾਰ ਨੂੰ 2021 ਵਿੱਚ ਇੱਕ ਔਰਤ ਨਾਲ ਬਲਾਤਕਾਰ ਦੇ ਦੋਸ਼ੀ ਸੀ ਆਈ ਏ ਅਫਸਰ ਥਾਣੇਦਾਰ ਗੁਰਵਿੰਦਰ ਸਿੰਘ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ।ਇਸ ਅਦਾਲਤੀ ਫੈਸਲੇ ਨੂੰ ਕਾਨੂੰਨ ਵਿਵਸਥਾ ਤੇ ਔਰਤਾਂ ਦੀ ਸੁਰੱਖਿਆ ਲਈ ਇੱਕ ਮਹੱਤਵਪੂਰਨ ਤੇ ਇਤਿਹਾਸਕ ਸੰਦੇਸ਼ ਮੰਨਿਆ ਜਾ ਰਿਹਾ ਹੈ।ਮਾਮਲੇ ਦੇ ਮੁੱਖ ਗਵਾਹ ਅਨੁਸਾਰ ਮਈ 2021 ਵਿੱਚ ਸਟੇਸ਼ਨ ਹਾਊਸ ਅਫਸਰ ਗੁਰਵਿੰਦਰ ਸਿੰਘ ਨੇ ਪੀੜਤ ਦੇ ਪੁੱਤਰ ਨੂੰ ਛਾਉਣੀ ਪੁਲਸ ਸਟੇਸ਼ਨ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਮਾਮਲੇ ਵਿੱਚ ਨਾਮਜ਼ਦ ਕੀਤਾ ਸੀ।ਇਸ ਤੋਂ ਬਾਅਦ, ਉਸ ਨੇ ਨੌਜਵਾਨ ਦੀ ਮਾਂ ਨੂੰ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਤੇ ਉਸ ਨੂੰ ਮਾਮਲੇ ਵਿੱਚ ਫਸਾਉਣ ਦੀ ਧਮਕੀ ਦੇ ਕੇ ਉਸ ਦੇ ਨਾਲ ਸਰੀਰਕ ਸਬੰਧ ਕਰਨ ਲਈ ਦਬਾਅ ਪਾਇਆ।ਗਵਾਹ ਨੇ ਦੱਸਿਆ ਕਿ 10 ਮਈ 2021 ਨੂੰ ਸਟੇਸ਼ਨ ਹਾਊਸ ਅਫਸਰ ਨੇ ਪਹਿਲਾਂ ਆਪਣੀ ਗੱਡੀ ਵਿੱਚ ਔਰਤ ਨਾਲ ਬਲਾਤਕਾਰ ਕੀਤਾ ਤੇ ਫਿਰ ਅਗਲੀ ਰਾਤ ਪੀੜਤ ਦੇ ਘਰ ਗਿਆ, ਜਿੱਥੇ ਉਸ ਨੇ ਜ਼ਬਰਦਸਤੀ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕੀਤੀ।ਜਦੋਂ ਔਰਤ ਨੇ ਰੌਲਾ ਪਾਇਆ ਤਾਂ ਪਰਿਵਾਰਕ ਮੈਂਬਰਾਂ ਤੇ ਪਿੰਡ ਵਾਸੀਆਂ ਨੇ ਦੋਸ਼ੀ ਨੂੰ ਮੌਕੇ 'ਤੇ ਹੀ ਫੜ ਲਿਆ ਤੇ ਉਸ ਨੂੰ ਨਥਾਣਾ ਥਾਣੇ ਦੇ ਹਵਾਲੇ ਕਰ ਦਿੱਤਾ।ਥਾਣਾ ਨਥਾਣਾ ਨੇ ਮੁਲਜ਼ਮ ਥਾਣਾ ਇੰਚਾਰਜ ਖ਼ਿਲਾਫ਼ ਬਲਾਤਕਾਰ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਸੀ।ਚਾਰ ਸਾਲ ਚੱਲੇ ਮੁਕੱਦਮੇ ਤੋਂ ਬਾਅਦ, ਅਦਾਲਤ ਨੇ ਉਸ ਨੂੰ ਦੋਸ਼ੀ ਠਹਿਰਾਇਆ ਤੇ ਉਮਰ ਕੈਦ ਦੀ ਸਜ਼ਾ ਸੁਣਾਈ।ਗਵਾਹ ਨੇ ਦੱਸਿਆ ਕਿ ਮੁਕੱਦਮੇ ਦੌਰਾਨ ਉਸ ਨੂੰ ਤੇ ਪੀੜਤਾ ਨੂੰ ਗੈਂਗਸਟਰਾਂ ਦੁਆਰਾ ਕੇਸ ਤੋਂ ਪਿੱਛੇ ਹਟਣ ਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਸੀ।ਹਾਲਾਂਕਿ, ਡਰ ਅੱਗੇ ਝੁਕਣ ਦੀ ਬਜਾਏ ਉਨ੍ਹਾਂ ਕਾਨੂੰਨ ਨਾਲ ਲੜਾਈ ਲੜੀ ਤੇ ਦੋਸ਼ੀ ਨੂੰ ਸਜ਼ਾ ਦਿਵਾਉਣ ਵਿੱਚ ਸਫਲ ਰਹੇ।

## ਮੁਕੇਸ਼ ਕੁਮਾਰ ਗਰਗ ਦੀ ਯਾਦ 'ਚ ਚੈਰੀਟੇਬਲ ਲੈਬ ਖੋਲ੍ਹੀ



**ਸਮਾਣਾ (ਇਕਬਾਲ ਸਿੰਘ ਬੱਲ)**-ਲਾਈਫ਼ ਕੇਅਰ ਫਾਊਂਡੇਸ਼ਨ ਦੇ ਚੇਅਰਮੈਨ ਅਵਤਾਰ ਸਿੰਘ ਬੈਨੀਪਾਲ ਤੇ ਸਤੀਸ਼ ਐੱਨਜੀਓ ਵਰਕਰ ਪੀਜੀਆਈ ਚੰਡੀਗੜ੍ਹ ਵੱਲੋਂ ਸਮਾਣਾ ਵਿਖੇ ਸਵਰਗੀ ਮੁਕੇਸ਼ ਕੁਮਾਰ ਗਰਗ ਦੀ ਯਾਦ ਵਿੱਚ ਇੱਕ ਚੈਰੀਟੇਬਲ ਲੈਬ ਖੋਲ੍ਹੀ ਗਈ ਹੈ, ਜਿਸ ਲਈ ਸਿਮਾਸ਼ੂ ਗੁਪਤਾ ਵੱਲੋਂ ਮੁਫਤ ਥਾਂ ਦਿੱਤੀ ਗਈ ਹੈ।ਇਸ ਲੈਬ ਦਾ ਉਦਘਾਟਨ ਅਵਤਾਰ ਸਿੰਘ ਬੈਨੀਪਾਲ ਤੇ ਸਤੀਸ਼ ਕੁਮਾਰ ਵੱਲੋਂ ਕੀਤਾ ਗਿਆ। ਇਸ ਮੌਕੇ ਅਵਤਾਰ ਸਿੰਘ ਨੇ ਦੱਸਿਆ ਕਿ ਇਹ ਚੈਰੀਟੇਬਲ ਲੈਬ ਲੋਕਾਂ ਦੀ ਸਹਾਇਤਾ ਲਈ ਖੋਲ੍ਹੀ ਗਈ ਹੈ, ਜਿਸ ਵਿੱਚ ਬਹੁਤ ਹੀ ਘੱਟ ਰੇਟਾਂ 'ਤੇ ਲੋਕਾਂ ਦੇ ਟੈਸਟ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਇੱਥੇ ਬਜ਼ਾਰ ਨਾਲੋਂ ਕਰੀਬ 75 ਫੀਸਦੀ ਘੱਟ ਰੇਟਾਂ 'ਤੇ ਟੈਸਟ ਕੀਤੇ ਜਾਣਗੇ।ਇਸ ਮੌਕੇ ਸਿਮਾਸ਼ੂ ਗੁਪਤਾ, ਪੱਤਰਕਾਰ ਰਿਸ਼ਵ ਮਿੱਤਲ, ਪ੍ਰਿਕਿਸ਼ਤ ਸ਼ਰਮਾ, ਹਰਿੰਦਰ ਸਿੰਘ ਦਿਓਲ ਖੇੜਕੀ, ਪੰਡਿਤ ਕ੍ਰਿਸ਼ਨ ਕੁਮਾਰ ਜੋਸ਼ੀ ਲੁਧਿਆਣਾ ਵਾਲੇ, ਐਡਵੋਕੇਟ ਰਵੀ, ਵਿੱਕੀ ਅਟਵਾਲ ਆਦਿ ਹਾਜ਼ਰ ਸਨ।

## ਲੁਧਿਆਣਾ 'ਚ ਦੋਰਾਹਾ ਦੇ ਵਪਾਰੀ 'ਤੇ ਜਾਨਲੇਵਾ ਹਮਲਾ



**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਦੇ ਸ਼ਿਵ ਦਿਆਲਾ ਮੰਦਰ ਨੇੜੇ ਜੂਸ ਬਾਰ ਦਾ ਕਾਰੋਬਾਰ ਕਰਨ ਵਾਲੇ ਵਪਾਰੀ ਸਰਬਜੀਤ ਸਿੰਘ ਖਾਲਸਾ 'ਤੇ ਤੜਕਸਾਰ ਲੁਧਿਆਣਾ ਸਬਜ਼ੀ ਮੰਡੀ ਜਾਂਦੇ ਸਮੇਂ ਲੁੱਟ-ਖੋਹ ਦੀ ਨੀਅਤ ਨਾਲ ਹਮਲਾ ਹੋਣ ਦੀ ਘਟਨਾ ਸਾਹਮਣੇ ਆਈ ਹੈ।ਜਾਣਕਾਰੀ ਅਨੁਸਾਰ ਲੁਧਿਆਣਾ ਦੇ ਓਸਵਾਲ ਰੋਡ 'ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਸਰਬਜੀਤ ਸਿੰਘ ਨੂੰ ਰੋਕ ਲਿਆ ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ।ਹਮਲਾਵਰਾਂ ਵੱਲੋਂ ਉਨ੍ਹਾਂ ਦਾ ਮੋਬਾਈਲ ਖੋਹਣ ਦੀ ਕੋਸ਼ਿਸ਼ ਵੀ ਕੀਤੀ ਗਈ।ਦੱਸਿਆ ਜਾਂਦਾ ਹੈ ਕਿ ਹਮਲਾਵਰਾਂ ਨੇ ਸਰਬਜੀਤ ਦੀਆਂ ਲੱਤਾਂ 'ਤੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤੇ ਅਤੇ ਦੋ ਵਾਰ ਹੱਥੋ ਪਾਈ ਵੀ ਕੀਤੀ।ਇਸ ਦੌਰਾਨ ਰਾਹ ਵਿੱਚ ਆ ਰਹੇ ਇੱਕ ਕਾਰ ਸਵਾਰ ਵਿਅਕਤੀ ਨੇ ਘਟਨਾ ਨੂੰ ਦੇਖਦੇ ਹੋਏ ਆਪਣੀ ਗੱਡੀ ਰੋਕ ਲਈ, ਜਿਸ ਕਾਰਨ ਹਮਲਾਵਰ ਘਬਰਾ ਕੇ ਮੌਕੇ ਤੋਂ ਫਰਾਰ ਹੋ ਗਏ।ਘਟਨਾ ਦੀ ਸੂਚਨਾ ਮਿਲਣ ਉਪਰੰਤ ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਤੇ ਇਲਾਕੇ ਦੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਵਪਾਰੀਆਂ ਵਿੱਚ ਇਸ ਘਟਨਾ ਕਾਰਨ ਚਿੰਤਾ ਦਾ ਮਾਹੌਲ ਹੈ।ਪੁਲਸ ਨੇ ਦੋਸ਼ੀਆਂ ਦੀ ਪਛਾਣ ਕਰਕੇ ਜਲਦੀ ਗ੍ਰਿਫ਼ਤਾਰੀ ਦਾ ਭਰੋਸਾ ਦਿੱਤਾ ਹੈ।

## ਰੇਲਵੇ ਕਰਮਚਾਰੀਆਂ ਦੀ ਇਮਾਨਦਾਰੀ ਸਦਕਾ ਯਾਤਰੀ ਨੂੰ ਮਿਲਿਆ ਉਸ ਦਾ ਗੁਆਚਾ ਫੋਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਰੀਦਕੋਟ ਰੇਲਵੇ ਸਟੇਸ਼ਨ ਦੇ ਬੁਕਿੰਗ ਦਫ਼ਤਰ ਵਿਖੇ ਸਵੇਰੇ 7 ਵਜੇ ਇਕ ਯਾਤਰੀ ਟਿਕਟ ਬੁੱਕ ਕਰਵਾਉਣ ਲਈ ਆਇਆ। ਟਿਕਟ ਲੈਣ ਤੋਂ ਬਾਅਦ ਉਹ ਆਪਣਾ ਮੋਬਾਈਲ ਫੋਨ ਬੁਕਿੰਗ ਵਿੰਡੋ ਦੇ ਬਾਹਰ ਹੀ ਛੱਡ ਗਿਆ। ਡਿਊਟੀ 'ਤੇ ਤੈਨਾਤ ਮੁੱਖ ਬੁਕਿੰਗ ਸੁਪਰਵਾਈਜ਼ਰ ਨਿਰਮਲ ਸਿੰਘ ਨੇ ਇਸ ਫੋਨ ਨੂੰ ਆਪਣੇ ਕੋਲ ਸੁਰੱਖਿਅਤ ਰੱਖ ਲਿਆ ਤੇ ਪਬਲਿਕ ਐਡਰੈੱਸ ਸਿਸਟਮ (ਅਨਾਊਂਸਮੈਂਟ) ਰਾਹੀਂ ਯਾਤਰੀ ਨੂੰ ਸੂਚਨਾ ਦੇਣ ਦੀ ਕੋਸ਼ਿਸ਼ ਕੀਤੀ। ਕੁਝ ਸਮੇਂ ਬਾਅਦ ਯਾਤਰੀ ਦੀ ਕਾਲ ਪ੍ਰਾਪਤ ਹੋਈ। ਜਦੋਂ ਯਾਤਰੀ ਦੁਬਾਰਾ ਫਰੀਦਕੋਟ ਰੇਲਵੇ ਸਟੇਸ਼ਨ ਪਹੁੰਚਿਆ, ਤਾਂ ਰੇਲਵੇ ਸੁਰੱਖਿਆ ਬਲ ਦੀ ਮੌਜੂਦਗੀ ਵਿੱਚ ਪੂਰੀ ਪੁਸ਼ਟੀ ਕਰਨ ਤੋਂ ਬਾਅਦ ਮੋਬਾਈਲ ਫੋਨ ਸੁਰੱਖਿਅਤ ਰੂਪ ਵਿੱਚ ਯਾਤਰੀ ਨੂੰ ਸੌਂਪ ਦਿੱਤਾ ਗਿਆ। ਯਾਤਰੀ ਨੇ ਰੇਲਵੇ ਕਰਮਚਾਰੀਆਂ ਦੀ ਇਮਾਨਦਾਰੀ ਤੇ ਤੁਰੰਤ ਕਾਰਵਾਈ ਦੀ ਸ਼ਲਾਘਾ ਕਰਦੇ ਹੋਏ ਭਾਰਤੀ ਰੇਲਵੇ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਰੇਲ ਪ੍ਰਸ਼ਾਸਨ ਅਜਿਹੇ ਇਮਾਨਦਾਰ ਤੇ ਕਰਤੱਵਪੂਰਨ ਕਰਮਚਾਰੀਆਂ ਨੂੰ ਸਨਮਾਨਤ ਕਰਦਾ ਹੈ ਅਤੇ ਸਾਰੇ ਰੇਲ ਕਰਮਚਾਰੀਆਂ ਨੂੰ ਇਸੇ ਭਾਵਨਾ ਨਾਲ ਯਾਤਰੀਆਂ ਦੀ ਸਹਾਇਤਾ ਕਰਨ ਲਈ ਪ੍ਰੇਰਿਤ ਕਰਦਾ ਹੈ।

## ਅਰਵਿੰਦ ਨਗਰ ਵਿਕਾਸ ਕਮੇਟੀ ਵੱਲੋਂ ਕਾਰਜ ਸਾਧਕ ਅ.ਫ਼ਸਰ ਨੂੰ ਮੰਗ ਪੱਤਰ



**ਕੋਟਕਪੂਰਾ (ਰਛਪਾਲ ਭੁੱਲਰ)**-ਅਰਵਿੰਦ ਨਗਰ ਵਿਕਾਸ ਕਮੇਟੀ (ਰਜਿ:) ਕੋਟਕਪੂਰਾ ਵੱਲੋਂ ਸੰਤੋਖ ਸਿੰਘ ਚਾਨਾ ਪ੍ਰਧਾਨ ਦੀ ਅਗਵਾਈ ਹੇਠ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਦੀ ਗੈਰ-ਮੌਜੂਦਗੀ ਵਿੱਚ ਇੱਕ ਮੰਗ ਪੱਤਰ ਉਨ੍ਹਾਂ ਦੇ ਪ੍ਰਤੀਨਿਧ ਨੂੰ ਦਿੱਤਾ ਗਿਆ।ਵਿਕਾਸ ਕਮੇਟੀ ਦੇ ਚੇਅਰਮੈਨ ਓਮ ਪ੍ਰਕਾਸ਼ ਗੋਇਲ ਨੇ ਦੱਸਿਆ ਕਿ ਮੰਗ ਪੱਤਰ ਵਿੱਚ ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਅਰਵਿੰਦ ਨਗਰ ਕਾਲੋਨੀ ਵਿੱਚ ਪਿਛਲੇ ਕਾਫੀ ਸਮੇਂ ਤੋਂ ਅਵਾਰਾ ਕੁੱਤਿਆਂ ਦੀ ਗਿਣਤੀ ਬਹੁਤ ਵੱਧ ਗਈ ਹੈ। ਇਨ੍ਹਾਂ ਅਵਾਰਾ ਕੁੱਤਿਆਂ ਕਾਰਨ ਕਾਲੋਨੀ ਦੇ ਸਮੂਹ ਵਸਨੀਕਾਂ ਵਿੱਚ ਹਰ ਸਮੇਂ ਜਾਨ ਤੇ ਮਾਲ ਦਾ ਖਤਰਾ ਬਣਿਆ ਰਹਿੰਦਾ ਹੈ।ਇਨ੍ਹਾਂ ਅਵਾਰਾ ਕੁੱਤਿਆਂ ਕਾਰਨ ਕਈ ਦੁਰਘਟਨਾਵਾਂ ਵੀ ਹੋ ਚੁੱਕੀਆਂ ਹਨ।ਮੰਗ ਪੱਤਰ ਵਿੱਚ ਇਹ ਵੀ ਧਿਆਨ 'ਚ ਲਿਆਂਦਾ ਗਿਆ ਕਿ ਪਿਛਲੇ ਦਿਨੀਂ ਮਾਣਯੋਗ ਸੁਪਰੀਮ ਕੋਰਟ ਵੱਲੋਂ ਵੀ ਅਵਾਰਾ ਕੁੱਤਿਆਂ ਕਾਰਨ ਹੋ ਰਹੇ ਨੁਕਸਾਨ ਸਬੰਧੀ ਸਖ਼ਤ ਹੁਕਮ ਪਾਸ ਕੀਤੇ ਗਏ ਹਨ, ਜਿਸ ਵਿੱਚ ਅਵਾਰਾ ਕੁੱਤਿਆਂ ਨੂੰ ਫੜ ਕੇ ਸੁਰੱਖਿਅਤ ਥਾਵਾਂ (ਡਾਗ ਸ਼ੈਲਟਰਾਂ) ਵਿੱਚ ਭੇਜਣ ਦਾ ਹੁਕਮ ਦਿੱਤਾ ਗਿਆ ਹੈ।ਇਸ ਲਈ ਉਕਤ ਮਸਲੇ ਦਾ ਤੁਰੰਤ ਹੱਲ ਕੀਤਾ ਜਾਵੇ।ਵਿਕਾਸ ਕਮੇਟੀ ਦੇ ਪ੍ਰਧਾਨ ਸੰਤੋਖ ਸਿੰਘ ਚਾਨਾ ਵੱਲੋਂ ਮੌਕੇ 'ਤੇ ਹੀ ਅਧਿਕਾਰੀ ਨਾਲ ਫੋਨ 'ਤੇ ਕੀਤੀ ਗੱਲਬਾਤ ਸਮੇਂ ਅਧਿਕਾਰੀ ਵੱਲੋਂ ਵਫਦ ਨੂੰ ਭਰੋਸਾ ਦਿੱਤਾ ਗਿਆ ਕਿ ਇਸ ਮਸਲੇ ਦਾ ਜਲਦੀ ਹੱਲ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਕਾਸ ਕਮੇਟੀ ਦੇ ਅਹੁਦੇਦਾਰ ਨਾਜ਼ਰ ਸਿੰਘ ਸਿੱਧੂ, ਅਜਮੇਰ ਸਿੰਘ ਬਰਾੜ, ਮਨਦੀਪ ਸਿੰਘ ਸਰਾਂ, ਲਖਵਿੰਦਰ ਅਰੋੜਾ, ਪ੍ਰੋਫੈਸਰ ਮਨਵਿੰਦਰ ਸਿੰਘ, ਅੰਗਰੇਜ ਸਿੰਘ ਮਾਨ ਤੇ ਬਲਜਿੰਦਰ ਸਿੰਘ ਬੱਲੀ ਆਦਿ ਹਾਜ਼ਰ ਸਨ।

## ਟਰੇਡ ਜਥੇਬੰਦੀਆਂ ਤੇ ਐੱਸ ਕੇ ਐੱਮ ਦੀ ਅਗਵਾਈ 'ਚ ਰੋਸ ਪ੍ਰਦਰਸ਼ਨ



**ਸੰਗਰੂਰ (ਪ੍ਰਵੀਨ ਸਿੰਘ)**-ਕੇਂਦਰੀ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਦੇਸ਼ ਵਿਆਪੀ ਸੱਦੇ ਤਹਿਤ ਸੰਗਰੂਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਵੱਲੋਂ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਰੈਲੀ ਕੀਤੀ ਗਈ।ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਚਾਰ ਲੇਬਰ ਕੋਡ ਰੱਦ ਕਰਨ, ਮਨਰੇਗਾ ਬਹਾਲ ਕਰਨ, ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ ਰੱਦ ਕਰਨ ਤੇ ਭਾਰਤ-ਅਮਰੀਕਾ ਵਿਚਕਾਰ ਹੋਏ ਕਰ ਮੁਕਤ ਵਪਾਰ ਸਮਝੌਤੇ ਖਿਲਾਫ਼ ਪੂਰੇ ਦੇਸ਼ ਭਰ ਵਿੱਚ ਹੜਤਾਲ ਤੇ ਰੋਸ ਪ੍ਰਦਰਸ਼ਨਾਂ ਦਾ ਸੱਦਾ ਦਿੱਤਾ ਗਿਆ ਸੀ।ਇਨ੍ਹਾਂ ਮੰਗਾਂ ਦੇ ਸਬੰਧ ਵਿੱਚ ਅੱਜ ਸਵੇਰੇ ਜਦੋਂ ਪੀਆਰਟੀਸੀ ਕਾਮੇ ਹੜਤਾਲ 'ਤੇ ਗਏ ਤਾਂ ਬੱਸ ਸਟੈਂਡ ਵਿੱਚ ਰੋਸ ਪ੍ਰਦਰਸ਼ਨ ਕਰਨ ਤੋਂ ਪਹਿਲਾਂ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।ਬਾਕੀ ਜਥੇਬੰਦੀਆਂ ਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦੇ ਪਹੁੰਚਣ 'ਤੇ ਉਨ੍ਹਾਂ ਗ੍ਰਿਫਤਾਰ ਆਗੂਆਂ ਨੂੰ ਰਿਹਾਅ ਕੀਤਾ ਗਿਆ ਤੇ ਉਸ ਤੋਂ ਬਾਅਦ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਹੋਈ ਰੈਲੀ ਨੂੰ ਸੰਬੋਧਨ ਕਰਦਿਆਂ ਏਟਕ ਦੇ ਸੂਬਾ ਆਗੂ ਕਾਮਰੇਡ ਸੁਖਦੇਵ ਸ਼ਰਮਾ, ਪੈਪਸੀਕੋ ਦੇ ਆਗੂ ਹਰਿੰਦਰ ਸਿੰਘ ਤੇ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਆਗੂ ਮੇਲਾ ਸਿੰਘ, ਸੀਟੂ ਦੇ ਸੂਬਾ ਆਗੂ ਇੰਦਰਪਾਲ ਸਿੰਘ ਪੁੰਨਾਂਵਾਲ, ਪੀਆਰਟੀਸੀ ਠੇਕਾ ਮੁਲਾਜ਼ਮ ਆਗੂ ਹਰਪ੍ਰੀਤ ਸਿੰਘ ਤੇ ਸਤਬੀਰ ਸਿੰਘ ਤੁੰਗਾਂ, ਸੀਟੀਯੂ ਦੇ ਸੂਬਾ ਆਗੂ ਮਾਲਵਿੰਦਰ ਸਿੰਘ, ਰਾਣੋ ਖੇੜੀ ਗਿੱਲਾਂ ਤੇ ਮੁਲਾਜ਼ਮ ਆਗੂ ਫਕੀਰ ਚੰਦ ਨੇ ਦੱਸਿਆ ਕਿ ਉਪਰੋਕਤ ਕਾਨੂੰਨ ਬਣਾ ਕੇ ਤੇ ਬਿੱਲ ਲਿਆ ਕੇ ਕੇਂਦਰ ਸਰਕਾਰ ਮਜ਼ਦੂਰਾਂ, ਮੁਲਾਜ਼ਮਾਂ ਤੇ ਮਿਹਨਤਕਸ਼ ਤਬਕੇ ਦੇ ਹੱਕਾਂ 'ਤੇ ਡਾਕਾ ਮਾਰਨ ਦੇ ਰਾਹ ਪਈ ਹੈ, ਜਿਨਾਂ ਖਿਲਾਫ ਇੱਕਜੁੱਟ ਸੰਘਰਸ਼ ਦੀ ਲੋੜ ਹੈ ਤੇ ਇਨ੍ਹਾਂ ਕਾਨੂੰਨਾਂ ਨੂੰ ਰੱਦ ਕਰਾਉਣ ਤੱਕ ਲੜਾਈ ਲੜਾਂਗੇ।ਇਸੇ ਤਰ੍ਹਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ, ਦਰਸ਼ਨ ਸਿੰਘ ਕੁੰਨਰਾਂ, ਬੀਕੇਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਆਗੂ ਮਨਜੀਤ ਸਿੰਘ ਘਰਾਚੋਂ, ਜਗਤਾਰ ਸਿੰਘ ਲੱਡੀ, ਬੀਕੇਯੂ ਡਕੌਂਦਾ ਧਨੇਰ ਦੇ ਆਗੂ ਮੱਖਣ ਸਿੰਘ ਤੇ ਜਗਤਾਰ ਸਿੰਘ ਦੁੱਗਾਂ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਮੇਜਰ ਸਿੰਘ ਪੁੰਨਾਂਵਾਲ, ਕਿਸਾਨ ਸਭਾ ਅਜੇ ਭਵਨ ਦੇ ਜ਼ਿਲ੍ਹਾ ਆਗੂ ਨਿਰਮਲ ਸਿੰਘ ਬੱਟੜਿਆਣਾ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ ਤੇ ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਆਗੂ ਗੋਬਿੰਦ ਸਿੰਘ ਛਾਜਲੀ ਨੇ ਵੀ ਸੰਬੋਧਨ ਕੀਤਾ।ਉਪਰੋਕਤ ਆਗੂਆਂ ਤੋਂ ਬਿਨਾਂ ਤਰਕਸ਼ੀਲ ਸੁਸਾਇਟੀ ਵੱਲੋਂ ਜੁਝਾਰ ਸਿੰਘ, ਆਈਡੀਪੀ ਵੱਲੋਂ ਫਲਜੀਤ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਆਗੂ ਮੇਘਰਾਜ, ਨੌਜਵਾਨ ਆਗੂ ਨਵਜੀਤ ਸਿੰਘ ਤੇ ਮਹਿੰਦਰ ਸਿੰਘ ਭੱਠਲ, ਜਮਹੂਰੀ ਅਧਿਕਾਰ ਸਭਾ ਦੇ ਆਗੂ ਬਸ਼ੇਸ਼ਰ ਰਾਮ ਨੇ ਵੀ ਰੋਸ ਪ੍ਰਦਰਸ਼ਨ ਵਿੱਚ ਉਪਰੋਕਤ ਮੰਗਾਂ ਦੀ ਹਮਾਇਤ ਕੀਤੀ।

## ਪੰਜਾਬ ਸਰਕਾਰ ਦੇ ਖਿਲਾਫ ਪੰਜਾਬ ਰੋਡਵੇਜ਼ ਪਨਬਸ/ ਪੀ ਆਰ ਟੀ ਸੀ ਦਾ ਚੱਕਾ ਜਾਮ : ਰੇਸ਼ਮ ਸਿੰਘ ਗਿੱਲ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਰੋਡਵੇਜ਼ ਪਨਬਸ ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਵੱਲੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਗਿਆ ਕਿ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਬਿਜਲੀ ਐਕਟ, ਬੀਜ ਸੋਧ ਬਿੱਲ, ਲੇਬਰ ਕੋਡ ਤੋੜਨ ਸਮੇਤ ਨਿੱਜੀਕਰਨ ਖਿਲਾਫ ਦੇਸ਼ਵਿਆਪੀ ਹੜਤਾਲ ਹੈ, ਪਰ ਪੰਜਾਬ ਸਰਕਾਰ ਕੇਂਦਰ ਤੋਂ ਵੱਧ ਪੰਜਾਬ ਦਾ ਨੁਕਸਾਨ ਕਰ ਰਹੀ ਹੈ। ਪੰਜਾਬ 'ਚ ਸਾਰੇ ਵਿਭਾਗਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ। ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਨਹੀਂ ਹੋ ਰਿਹਾ। ਕੱਚੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ।ਮੁਲਾਜ਼ਮਾਂ ਦੇ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦੇ ਖਿਲਾਫ ਪੂਰੀ ਹੜਤਾਲ ਵੀ ਰਹੀ ਤੇ ਪੰਜਾਬ ਭਰ ਵਿੱਚ ਰੋਸ ਮੁਜ਼ਾਹਰੇ ਵੀ ਕੀਤੇ ਗਏ।ਪਿੱਛਲੇ ਦਿਨੀ ਪੰਜਾਬ ਸਰਕਾਰ ਵੱਲੋਂ ਵਿਭਾਗ ਦਾ ਨਿੱਜੀ ਕਾਰਣ ਦੇ ਖਿਲਾਫ ਜੱਥੇਬੰਦੀ ਸੰਘਰਸ਼ ਕਰ ਰਹੀ ਸੀ ਪ੍ਰਾਈਵੇਟ ਕਾਰਪੋਰੇਟ ਘਰਾਣਿਆਂ ਦੀਆਂ ਵੱਡੀ ਗਿਣਤੀ ਦੇ ਵਿੱਚ ਸਰਕਾਰ ਪ੍ਰਾਈਵੇਟ ਬੱਸਾਂ ਵਿਭਾਗ ਦੇ ਵਿੱਚ ਪਾ ਰਹੀ ਸੀ ਜਿਸ ਦੇ ਨਾਲ ਪੰਜਾਬ ਦੇ ਨੌਜਵਾਨ ਦਾ ਰੋਜ਼ਗਾਰ ਖਤਮ ਹੋਣ ਦੇ ਨਾਲ ਨਾਲ ਸਰਕਾਰ ਸਰਕਾਰੀ ਵਿਭਾਗ ਨੂੰ ਖਤਮ ਕਰਨ ਵਾਲੇ ਪਾਸੇ ਨੂੰ ਲੈ ਕੇ ਜਾ ਰਹੀ ਹੈ, ਜਿਸ ਦਾ ਵਿਰੋਧ ਕਰਦਿਆਂ ਮੁਲਾਜ਼ਮਾਂ ਨੂੰ ਘਰੋਂ ਚੱਕਿਆ ਗਿਆ ਤੇ ਫੇਰ ਸੰਘਰਸ਼ 'ਚੋਂ ਚੱਕਿਆ ਗਿਆ 307 ਵਰਗੀਆਂ ਧਰਾਵਾਂ ਲਾ ਕੇ ਜੇਲ੍ਹਾਂ ਵਿੱਚ ਬੰਦ ਕੀਤਾ ਗਿਆ। ਵਾਰ-ਵਾਰ ਸਹਿਮਤੀ ਬਣਨ ਦੇ ਬਾਵਜੂਦ ਜੇਲ੍ਹਾਂ 'ਚੋਂ ਰਿਹਾਅ ਨਹੀਂ ਕੀਤਾ ਗਿਆ, ਜਦੋਂਕਿ ਮੁਲਾਜ਼ਮਾਂ ਦਾ ਕੋਈ ਕਸੂਰ ਨਹੀਂ ਹੈ। ਸਿਰਫ਼ ਆਪਣੇ ਵਿਭਾਗਾਂ ਨੂੰ ਨਿੱਜੀਕਰਨ ਦੀ ਭੇਟ ਚੜ੍ਹਨ ਤੋਂ ਰੋਕਣ ਦੇ ਲਈ ਆਪਣੀ ਆਵਾਜ਼ ਬੁਲੰਦ ਕਰਦੇ ਨੌਜਵਾਨ ਨੂੰ ਸਰਕਾਰ ਵੱਲੋਂ ਪੁਲਸ ਰਿਹਾਸਤ ਦੇ ਵਿੱਚ ਲੈ ਕੇ ਦੱਬਣਾ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕੇਦਾਰ ਵਿਚੋਲੀਏ ਬਾਹਰ ਕੱਢਣ, ਤਨਖਾਹਾਂ ਬਰਾਬਰ ਕਰਨ, ਸਰਕਾਰੀ ਬੱਸਾਂ ਪਾਉ, ਸਮੇਤ ਸਾਰੇ ਮੁੱਦਿਆਂ 'ਤੇ ਸਰਕਾਰ ਫੇਰ ਹੋ ਚੁੱਕੀ ਹੈ। ਸੂਬਾ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ ਨੇ ਦੱਸਿਆ ਕਿ ਅੱਜ ਵੀ ਜਦੋਂ ਸਾਥੀਆਂ ਦੀ ਰਿਹਾਈ ਦੇ ਲਈ ਮੁਲਾਜ਼ਮਾਂ ਵੱਲੋਂ ਸੰਘਰਸ਼ ਕਰਨ ਦੀ ਗੱਲ ਕੀਤੀ ਗਈ ਤਾਂ ਹੋਰ ਮੁਲਾਜ਼ਮਾਂ ਨੂੰ ਘਰਾਂ ਤੋਂ ਰੈਸਟ ਕੀਤਾ ਗਿਆ।

## ਸ਼੍ਰੋਮਣੀ ਅਕਾਲੀ ਦਲ 'ਚ ਬਾ.ਗੀਆਂ ਤੇ ਦਾ.ਗੀਆਂ ਨੂੰ ਸ਼ਾਮਲ ਕਰਨ ਤੋਂ ਪਹਿਲਾਂ ਵਿਚਾਰ ਕਰਨ ਦੀ ਲੋੜ : ਲਖਬੀਰ ਸਿੰਘ ਲੋਟ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**



ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਤੇ ਸਾਬਕਾ ਚੇਅਰਮੈਨ ਜਥੇਦਾਰ ਲਖਬੀਰ ਸਿੰਘ ਲੋਟ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਮੁੜ ਸ਼ਾਮਲ ਹੋਣ ਵਾਲੇ ਬਾਗ਼ੀ ਤੇ ਦਾਗ਼ੀ ਅਕਾਲੀ ਆਗੂਆਂ ਪ੍ਰਤੀ ਆਪਣੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਲੀਡਰਸ਼ਿਪ ਇੱਕ ਵਾਰ ਇਨ੍ਹਾਂ ਨੂੰ ਮੁੜ ਤੋਂ ਸ਼ਾਮਲ ਕਰਨ ਤੋਂ ਪਹਿਲਾਂ ਚੰਗੀ ਤਰ੍ਹਾਂ ਵਿਚਾਰ ਕਰ ਲੈਣਾ ਚਾਹੀਦਾ ਹੈ ਕਿ ਜਿਨ੍ਹਾਂ ਲੋਕਾਂ ਨੇ ਪਾਰਟੀ ਤੇ ਬਾਦਲ ਪਰਵਾਰ ਨੂੰ ਖ਼ਤਮ ਕਰਨ ਲਈ ਸਾਜ਼ਿਸ਼ਾਂ ਰਚੀਆਂ, ਜਿਸ ਕਾਰਨ ਪਾਰਟੀ ਨੂੰ ਬਹੁਤ ਨਮੋਸ਼ੀ ਝੱਲਣੀ ਪਈ, ਉਹ ਲੋਕ ਪਾਰਟੀ ਨੂੰ ਫਿਰ ਤਾਕਤ ਵਿੱਚ ਆਉਂਦਾ ਦੇਖ ਕੇ ਦੁਬਾਰਾ ਫਿਰ ਪਾਰਟੀ ਵਿੱਚ ਸ਼ਾਮਲ ਹੋਣ ਲਈ ਤਰਲੋ ਮੱਛੀ ਹੋ ਰਹੇ ਹਨ, ਕਿਉਂਕਿ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਕਸਰ ਕਿਹਾ ਕਰਦੇ ਸਨ ਕਿ ਪਾਰਟੀ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੇ ਦਾਗੀ ਹੁੰਦੇ ਹਨ, ਜਦਕਿ ਅਕਾਲੀ ਦਲ ਤੋਂ ਬਾਗੀ ਹੋ ਕੇ ਪਾਰਟੀ ਪ੍ਰਤੀ ਹੀ ਕੂੜ ਪ੍ਰਚਾਰ ਕਰਨ ਵਾਲਿਆਂ ਨੂੰ ਮੁੜ ਸ਼ਾਮਲ ਕਰਨ ਤੋਂ ਪਹਿਲਾਂ ਪਾਰਟੀ ਨੂੰ ਵਿਚਾਰ ਕਰਨ ਦੀ ਲੋੜ ਹੈ ਤਾਂ ਜੋ ਪਾਰਟੀ ਨਾਲ ਡੱਟ ਕੇ ਖੜ੍ਹਨ ਵਾਲਿਆਂ ਦੇ ਮਨਾਂ ਨੂੰ ਠੇਸ ਨਾ ਪਹੁੰਚੇ। ਜਥੇਦਾਰ ਲਖਬੀਰ ਸਿੰਘ ਲੋਟ ਨੇ ਕਿਹਾ ਕਿ ਅਕਸਰ ਹੀ ਵੇਖਣ ਵਿੱਚ ਆਇਆ ਹੈ, ਜਦੋਂ ਵੀ ਸ਼੍ਰੋਮਣੀ ਅਕਾਲੀ ਦਲ ਦਾ ਉਭਾਰ ਹੋਇਆ, ਉਦੋਂ ਉਦੋਂ ਪਾਰਟੀ ਨੂੰ ਛੱਡ ਕੇ ਜਾਣ ਵਾਲਿਆਂ ਨੇ ਮੁੜ ਪਾਰਟੀ ਵਿੱਚ ਸ਼ਾਮਲ ਹੋਣ ਦੀ ਰੁਚੀ ਵਿਖਾਈ ਹੈ, ਜਦ ਕਿ ਪਾਰਟੀ ਨੂੰ ਜਦੋਂ ਆਪਣੇ ਆਗੂਆਂ ਤੇ ਵਰਕਰਾਂ ਦੀ ਉਸ ਸਮੇਂ 'ਤੇ ਵੱਡੀ ਲੋੜ ਸੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਦੋ ਵਾਰ ਸਰਕਾਰ ਰਹੀ ਤਾਂ ਅਜਿਹੇ ਲੋਕਾਂ ਨੇ ਮਲਾਈ ਖਾਣ ਦਾ ਕੰਮ ਵੀ ਕੀਤਾ ਤੇ ਅੱਜ ਜਦੋਂ ਸ਼੍ਰੋਮਣੀ ਅਕਾਲੀ ਦਲ ਮੁੜ 2027 ਵਿੱਚ ਆਪਣੀ ਸਰਕਾਰ ਬਣਾਉਣ ਜਾ ਰਿਹਾ ਹੈ ਜਾਂ ਵਿਖਾਈ ਦੇ ਰਿਹਾ ਹੈ ਤਾਂ ਇਹ ਲੋਕ ਮੁੜ ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸ ਆਉਣ ਲਈ ਤਰਲੋ ਮੱਛੀ ਹੋ ਰਹੇ ਹਨ। ਜਥੇਦਾਰ ਲੋਟ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਲੀਡਰਸ਼ਿਪ ਪਾਰਟੀ ਤੋਂ ਵੱਖ ਹੋ ਕੇ ਆਪਣਾ ਦਲ ਬਣਾ ਕੇ ਅਕਾਲੀ ਦਲ ਦਾ ਭੰਡੀ ਪ੍ਰਚਾਰ ਕਰਨ ਵਾਲਿਆਂ ਨੂੰ ਮੁੜ ਸ਼ਾਮਲ ਕਰਨ ਤੋਂ ਪਹਿਲਾਂ ਵਿਚਾਰ ਲੈਣ ਤਾਂ ਕਿ ਪਾਰਟੀ ਤੋਂ ਛੱਡ ਕੇ ਜਾਣ ਵਾਲਿਆਂ ਨੂੰ ਇੱਕ ਨਸੀਹਤ ਦਿੱਤੀ ਜਾ ਸਕੇ।

## ਫ਼ਤਹਿ ਕਾਲਜ 'ਚ ਸਾਲਾਨਾ ਅਥਲੈਟਿਕਸ ਮੀਟ ਕਰਾਈ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**



ਫ਼ਤਹਿ ਕਾਲਜ ਵਿਖੇ 11ਵੀਂ ਸਾਲਾਨਾ ਅਥਲੈਟਿਕਸ ਮੀਟ ਬੜੇ ਉਤਸ਼ਾਹ, ਜੋਸ਼ ਤੇ ਸ਼ਾਨੋ-ਸ਼ੌਕਤ ਨਾਲ ਕਰਾਈ ਗਈ।ਸੰਸਥਾ ਵੱਲੋਂ ਹਮੇਸ਼ਾ ਉੱਚ ਸਿੱਖਿਆ, ਨੈਤਿਕ ਕਦਰਾਂ-ਕੀਮਤਾਂ ਤੇ ਖੇਡਾਂ ਨੂੰ ਪ੍ਰੋਤਸਾਹਤ ਕੀਤਾ ਜਾਂਦਾ ਰਿਹਾ ਹੈ, ਜਿਸ ਦੇ ਸਦਕਾ ਇਥੋਂ ਦੇ ਵਿਦਿਆਰਥੀ ਰਾਜ ਤੇ ਰਾਸ਼ਟਰੀ ਪੱਧਰ 'ਤੇ ਸੈਂਕੜਿਆਂ ਮੈਡਲ ਜਿੱਤ ਕੇ ਸੰਸਥਾ ਤੇ ਇਲਾਕੇ ਦਾ ਨਾਂਅ ਰੌਸ਼ਨ ਕਰ ਰਹੇ ਹਨ।ਸਮਾਗਮ ਦੀ ਸ਼ੁਰੂਆਤ ਸੰਸਥਾ ਦੇ ਚੇਅਰਮੈਨ ਐਸ.ਐਸ. ਚੱਠਾ ਤੇ ਮੁੱਖ ਮਹਿਮਾਨ ਥਾਣਾ ਸਦਰ ਦੇ ਐੱਸ.ਐਚ.ਓ. ਬੂਟਾ ਸਿੰਘ ਵੱਲੋਂ ਝੰਡਾ ਲਹਿਰਾ ਕੇ ਤੇ ਮਾਰਚ ਪਾਸਟ ਦੀ ਸਲਾਮੀ ਲੈ ਕੇ ਕੀਤੀ ਗਈ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਤੇ ਖੇਡਾਂ ਰਾਹੀਂ ਸਿਹਤਮੰਦ ਜੀਵਨ ਅਪਣਾ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਸੱਦਾ ਦਿੱਤਾ।ਚੇਅਰਮੈਨ ਐਸ.ਐਸ. ਚੱਠਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਵਿੱਚ ਨੈਤਿਕ ਗੁਣਾਂ ਦੀ ਸਿਰਜਣਾ ਤੇ ਖੇਡਾਂ ਰਾਹੀਂ ਤੰਦਰੁਸਤ ਸਮਾਜ ਦੀ ਨਿਰਮਾਣ ਸੰਸਥਾ ਦੀ ਪ੍ਰਥਮ ਤਰਜੀਹ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਅਨੁਸ਼ਾਸਨ ਅਤੇ ਮਿਹਨਤ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

ਮਾਰਚ ਪਾਸਟ ਵਿੱਚ ਵਿਦਿਆਰਥੀਆਂ ਨੂੰ ਚਾਰ ਹਾਊਸਾਂ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ, ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ, ਸਾਹਿਬਜ਼ਾਦਾ ਫਤਿਹ ਸਿੰਘ ਹਾਊਸ ਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਵਿੱਚ ਵੰਡਿਆ ਗਿਆ।ਖੇਡ ਮੁਕਾਬਲਿਆਂ ਦੌਰਾਨ 100 ਮੀਟਰ, 200 ਮੀਟਰ, 400 ਮੀਟਰ ਦੌੜਾਂ, 400 ਮੀਟਰ ਰੀਲੇਅ, ਜੈਵਲਿਨ ਥਰੋ, ਸ਼ਾਟਪੁੱਟ ਸਮੇਤ ਵੱਖ-ਵੱਖ ਟਰੈਕ ਤੇ ਫੀਲਡ ਇਵੈਂਟ ਕਰਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦਰਸ਼ਕਾਂ ਦੀ ਵਾਹ-ਵਾਹ ਹਾਸਲ ਕੀਤੀ।ਮੁਕਾਬਲਿਆਂ ਵਿੱਚ ਅਜੈ ਕੁਮਾਰ (+1 ਆਰਟਸ) ਲੜਕਿਆਂ ਵਿੱਚੋਂ ਤੇ ਜਸਮੀਨ ਕੌਰ (+1 ਆਰਟਸ) ਲੜਕੀਆਂ ਵਿੱਚੋਂ ਬੈਸਟ ਐਥਲੀਟ ਚੁਣੇ ਗਏ, ਜਦਕਿ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਨੇ ਬੈਸਟ ਹਾਊਸ ਦਾ ਖਿਤਾਬ ਜਿੱਤਿਆ।ਜੇਤੂ ਖਿਡਾਰੀਆਂ ਨੂੰ ਮੈਡਲ ਅਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।


**ANMOL INDIA LIMITED**

CIN: L51909PB1998PLC050300

Registered Office: 2nd Floor, 2/43, B- Block, Aggar Nagar, Ludhiana, Punjab- 141001, Tel.: 0161-4503400, Website: www.anmolindialtd.com, Email: csprabhjot@anmolindialtd.com

**EXTRACT OF UNAUDITED STANDALONE FINANCIAL RESULTS FOR THE QUARTER AND NINE MONTHS ENDED 31ST DECEMBER, 2025**

(Amount in Crores Except EPS)

| Particulars | Quarter Ended 31.12.2025 (Un-audited) | Quarter Ended 30.09.2025 (Un-audited) | Quarter Ended 31.12.2024 (Un-audited) | For Nine Months Ended 31.12.2025 (Un-audited) | For Nine Months Ended 31.12.2024 (Un-audited) | For the Year Ended 31.03.2025 (Audited) |
|---|---|---|---|---|---|---|
| Total Income from operations | 305.42 | 230.86 | 255.89 | 1115.43 | 968.48 | 1284.05 |
| Net Profit/(Loss) for the period (before Tax, Exceptional and/or Extraordinary items#) | 0.51 | 0.09 | 0.51 | 11.75 | 7.20 | 9.55 |
| Net Profit/(Loss) for the period before tax (after Exceptional and/or Extraordinary items#) | 3.93 | 0.09 | 0.51 | 11.75 | 7.20 | 9.55 |
| Net Profit/(Loss) for the period after tax (after Exceptional and/or Extraordinary items#) | 2.94 | 0.07 | 0.38 | 8.79 | 5.39 | 6.99 |
| Total Comprehensive Income for the period [Comprising Profit/(Loss) for the period (after tax) and Other Comprehensive Income (after tax)] | 2.94 | 0.07 | 0.38 | 8.79 | 5.39 | 6.99 |
| Equity Share Capital | 56.91 | 56.91 | 56.91 | 56.91 | 56.91 | 56.91 |
| Reserves (excluding Revaluation Reserve) as shown in the Audited Balance Sheet of the previous year | 50.56 | 50.56 | 43.36 | 50.56 | 43.36 | 50.56 |
| Earnings Per Share (of Rs. 10/- each) (for continuing & discontinued operations) Basic | 0.52 | 0.01 | 0.07 | 1.54 | 0.95 | 1.23 |
| Diliuted | 0.52 | 0.01 | 0.07 | 1.54 | 0.95 | 1.23 |

**Notes:** The above is an extract of the detailed format of result for Quarter ended 31st December, 2025 filed with the Stock Exchanges under Regulation 33 of the SEBI (Listing and Other Disclosure Requirements) Regulations, 2015. The full format of the said results are available on the websites of the Stock Exchanges websites at www.bseindia.com, www.nseindia.com and the listed entity at www.anmolindialtd.com. The Standalone Financial Results have been prepared in accordance with principles of Indian Accounting Standards (Ind AS) as specified by ICAI and Section 133 of the Companies Act, 2013.

**For & On behalf of Anmol India Limited**
Sd/-
Parabhjot Kaur
Company Secretary & Compliance Officer

Date : 13.02.2026
Place : Ludhiana



**PUNJAB NATIONAL BANK**
Branch Office:- Rahon Road,
DISTT. LUDHIANA

**( ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ) ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਕਰਜ਼ਦਾਰ : ਸ੍ਰੀ ਦਲਜੀਤ ਸਿੰਘ ਪੁੱਤਰ ਸ੍ਰੀ ਗੱਜਣ ਸਿੰਘ # ਮਕਾਨ ਨੰ. 11621, ਗਲੀ ਨੰ. 2, ਅਨੰਦਪੁਰਾ, ਬਸਤੀ ਜੋਧੇਵਾਲ, ਲੁਧਿਆਣਾ-141007 (ਗਰੰਟਰ) ਸ੍ਰੀ ਗੱਜਣ ਸਿੰਘ ਪੁੱਤਰ ਸ੍ਰੀ ਅਜੀਤ ਸਿੰਘ # ਮਕਾਨ ਨੰ. 11621, ਗਲੀ ਨੰ. 2, ਅਨੰਦਪੁਰਾ, ਬਸਤੀ ਜੋਧੇਵਾਲ, ਲੁਧਿਆਣਾ-141007 | ਬੈਨਾਮਾ ਵਸੀਕਾ ਨੰ. 3107 ਮਿਤੀ 05/06/2002 ਅਨੁਸਾਰ ਸ੍ਰੀ ਗੱਜਣ ਸਿੰਘ ਪੁੱਤਰ ਸ੍ਰੀ ਅਜੀਤ ਸਿੰਘ ਦੇ ਨਾਂਅ ਅਚੱਲ ਰਿਹਾਇਸ਼ੀ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 70 ਵਰਗ ਗਜ਼, ਖਸਰਾ ਨੰ. 1529/384-385, ਖੱਤਾ ਨੰ. 1819/851, ਜਮ੍ਹਾਂਬੰਦੀ ਸਾਲ 1995-96, ਹੱਦਬਸਤ ਨੰ. 77, ਪਿੰਡ ਜੋਧੇਵਾਲ, ਮੁਹੱਲਾ ਅਨੰਦਪੁਰਾ ਵਿਖੇ ਸਥਿਤ, ਬਸਤੀ ਜੋਧੇਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। | 17.11.2015 | 11.02.2026 | ਸੰਕੇਤਕ ਕਬਜ਼ਾ / 31.11.2025 ਨੂੰ ਬਕਾਇਆ ਰਕਮ ਰੁਪਏ 14,38,564.81/- (ਚੌਦਾਂ ਲੱਖ ਅਠੱਤੀ ਹਜ਼ਾਰ ਪੰਜ ਸੌ ਚੌਂਹਠ ਰੁਪਏ ਅਤੇ ਇਕਾਸੀ ਪੈਸੇ ਕੇਵਲ) ਜਮ੍ਹਾਂ ਇਸ 'ਤੇ 01.12.2025 ਤੋਂ ਹੋਰ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ। |

ਮਿਤੀ : 12.02.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

13- February - Page - 7.qxd 2/12/2026 10:39 PM Page 1



# ਲਾਲ ਚੰਦ ਕਟਾਰੂ ਚੱਕ ਦੇ ਯਤਨਾਂ ਸਦਕਾ ਲੋਕਾਂ ਨੂੰ ਮਿਲੇਗੀ ਨਿਕਾਸੀ ਪਾਣੀ ਤੋਂ ਨਿਜਾਤ



ਪਠਾਨਕੋਟ (ਦਵਿੰਦਰ ਸਿੰਘ)- ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਲਈ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂ ਚੱਕ ਵੱਲੋਂ ਲਗਾਤਾਰ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਵੇਂ ਕੀ ਕਿਸੇ ਪਿੰਡ ਦੀ ਸਮੱਸਿਆ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਅਤੇ ਉਨ੍ਹਾਂ ਵੱਲੋਂ ਉਸ ਨੂੰ ਹੱਲ ਕਰਨ ਦੇ ਲਈ ਯਤਨ ਆਰੰਭ ਕਿੱਤੇ ਜਾਂਦੇ ਹਨ। ਇਸ ਹੀ ਤਰ੍ਹਾਂ ਅੱਜ ਉਨ੍ਹਾਂ ਵੱਲੋਂ ਅਧਿਕਾਰੀਆਂ ਦੀ ਇੱਕ ਟੀਮ ਪਿੰਡ ਸੱਤੀ ਬਹਿਲਲਪੁਰ ਵਿਖੇ ਪਹੁੰਚੀ ਜਿੱਥੇ ਚੱਲ ਰਹੇ ਨਿਕਾਸੀ ਨਾਲੇ ਦੇ ਨਿਰਮਾਣ ਕਾਰਜ ਦਾ ਵਿਜ਼ਿਟ ਕੀਤਾ।ਇਸ ਮੌਕੇ ਜਾਣਕਾਰੀ ਦਿੰਦਿਆਂ ਸ੍ਰੀ ਪਵਨ ਕੁਮਾਰ ਫੌਜੀ ਮੈਂਬਰ ਬਲਾਕ ਸੰਮਤੀ ਨੇ ਦੱਸਿਆ ਕਿ ਪਿੰਡ ਬਹਿਲਲਪੁਰ ਦੇ ਵਿੱਚ ਨਿਕਾਸੀ ਪਾਣੀ ਦੀ ਸਮੱਸਿਆ ਨੂੰ ਸ੍ਰੀ ਲਾਲ ਚੰਦ ਕਟਾਰੂ ਚੱਕ ਅੱਗੇ ਰੱਖਿਆ ਗਿਆ। ਉਨ੍ਹਾਂ ਵੱਲੋਂ ਕਰੀਬ 5 ਲੱਖ ਰੁਪਏ ਦੀ ਰਾਸ਼ੀ ਦੇ ਕੇ ਨਿਕਾਸੀ ਨਾਲਿਆਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ। ਉਨ੍ਹਾਂ ਕਿਹਾ ਕਿ ਨਿਕਾਸੀ ਨਾਲੇ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਨਿਕਾਸੀ ਪਾਣੀ ਦੇ ਲਈ ਜਿੱਥੇ ਪਾਇਪ ਲਾਈਨ ਦੀ ਲੋੜ ਹੈ ਉੱਥੇ ਪਾਇਪ ਲਾਈਨ ਵੀ ਵਿਛਾਈ ਜਾ ਰਹੀ ਹੈ ਉਨ੍ਹਾਂ ਦੱਸਿਆ ਕਿ ਪਿੰਡ ਵਾਸੀਆਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਲੈ ਕੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਪਿੰਡ ਵਾਸੀਆਂ ਨੇ ਨਿਕਾਸੀ ਨਾਲੇ ਦੇ ਨਿਰਮਾਣ ਕਾਰਜ ਨੂੰ ਲੈ ਕੇ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਿੰਕੂ ਗੁਜਰਾਤ, ਸਰਪੰਚ ਜਸਪਾਲ ਅਸ਼ਵਨੀ, ਰਾਜਾ ਬਕਨੌਰ, ਸਰਪੰਚ ਮਨਦੀਪ, ਸੁਬੇਦਾਰ ਉਂਕਾਰ ਸਿੰਘ, ਸੁਬੇਦਾਰ ਜਸਵੰਤ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।

# 13 ਤੋਂ 15 ਮਾਰਚ ਤੱਕ ਮੋਹਾਲੀ ਵਿਖੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 13 ਤੋਂ 15 ਮਾਰਚ, 2026 ਨੂੰ ਮੋਹਾਲੀ ਵਿਖੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਕਰਵਾਇਆ ਜਾ ਰਿਹਾ ਹੈ ਜੋ ਸੂਬੇ ਵਿੱਚ ਉਦਯੋਗਿਕ ਤਰੱਕੀ ਨੂੰ ਵੱਡਾ ਹੁਲਾਰਾ ਦੇਵੇਗਾ। ਇਹ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਆਲਮੀ ਪੱਧਰ 'ਤੇ ਨਿਵੇਸ਼ ਲਈ ਸਭ ਤੋਂ ਪਸੰਦੀਦਾ ਸਥਾਨ ਵਜੋਂ ਉੱਭਰਿਆ ਹੈ ਅਤੇ ਇਹ ਇਤਿਹਾਸਕ ਸੰਮੇਲਨ ਉਦਯੋਗਿਕ ਤਰੱਕੀ ਨੂੰ ਵੱਡਾ ਹੁਲਾਰਾ ਦੇਣ ਲਈ ਸੂਬੇ ਦੀ ਤਕਦੀਰ ਘੜਨ ਵਿੱਚ ਸਿਰਜਣਾਤਮਕ ਮੰਚ ਮੁਹੱਈਆ ਕਰਵਾਏਗਾ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਇਸ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਵਿੱਚ ਅੰਤਰਰਾਸ਼ਟਰੀ ਉਦਯੋਗਿਕ ਦਿੱਗਜਾਂ ਨਾਲ ਲੰਮੀ ਵਿਚਾਰ-ਚਰਚਾ ਤੋਂ ਬਾਅਦ ਸੂਬੇ ਦੀ ਸਨਅਤ ਲਈ ਉਦਯੋਗ-ਪੱਖੀ ਕਾਰਜ ਯੋਜਨਾ ਤਿਆਰ ਕਰਨ ਲਈ ਆਪਸੀ ਸਹਿਮਤੀ ਵਿਕਸਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਸੰਮੇਲਨ 'ਪੰਜਾਬ ਮੀਨਜ਼ ਬਿਜ਼ਨਸ ਪਾਲਿਸੀ-ਟੂ-ਪ੍ਰੈਕਟਿਸ' (ਪੰਜਾਬ ਮਤਲਬ ਕਾਰੋਬਾਰ-ਨੀਤੀ ਤੋਂ ਅਮਲ) ਦੇ ਵਿਸ਼ੇ 'ਤੇ ਆਧਾਰਤ ਹੋਵੇਗਾ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਗੁਰੂਗ੍ਰਾਮ, ਨਵੀਂ ਦਿੱਲੀ, ਬੈਂਗਲੂਰੂ, ਹੈਦਰਾਬਾਦ, ਚੇਨਈ, ਮੁੰਬਈ ਅਤੇ ਜਾਪਾਨ, ਦੱਖਣੀ ਕੋਰੀਆ ਆਦਿ ਦੇਸ਼ਾਂ ਵਿੱਚ ਰੋਡ ਸ਼ੋਅ ਕੀਤੇ ਜਾ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੰਮੇਲਨ ਦੌਰਾਨ ਮੁੱਖ ਸੈਸ਼ਨਾਂ ਵਿੱਚ ਉਦਘਾਟਨ, ਸਮਾਪਤੀ, ਕੰਟਰੀ ਸੈਸ਼ਨ, ਪਲੈਨਰੀ, ਸੈਕਟਰਲ ਸੈਸ਼ਨ ਅਤੇ ਹੋਰ ਸ਼ਾਮਲ ਹੋਣਗੇ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਨਿਵੇਸ਼ਕ ਸੰਮੇਲਨ ਦੇਸ਼ ਭਰ ਵਿੱਚ ਵੱਧ ਤੋਂ ਵੱਧ ਰਿਆਇਤਾਂ ਦੀ ਪੇਸ਼ਕਸ਼ ਕਰਦੇ ਹੋਏ ਸੂਬੇ ਵਿੱਚ ਨਿਵੇਸ਼ ਦੇ ਮੌਕਿਆਂ ਲਈ ਮੰਚ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਨਿਵੇਸ਼ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ ਅਤੇ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੁਣ ਤੱਕ 1.50 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ ਨੌਜਵਾਨਾਂ ਲਈ 5.20 ਲੱਖ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਹੀ ਇਕ ਅਜਿਹਾ ਸੂਬਾ ਹੈ ਜਿਸ ਕੋਲ ਸਥਾਨਕ ਉਦਯੋਗਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਆਪਣੇ ਉਦਯੋਗਿਕ ਪਾਰਕ ਹੋਣ ਦੇ ਨਾਲ-ਨਾਲ ਪੂਰੀ ਤਰ੍ਹਾਂ ਸਮਰਪਿਤ ਹੁਨਰਮੰਦ ਸਟਾਫ ਉਪਲਬਧ ਹੈ।

## PUBLIC NOTICE

Notice is hereby given that the Certificate(s) for 150 Equity Shares Nos 39678679 - 39678828 of Escorts Kubota Limited under Folio No ESC0334900 standing in the name of GOPI BALUJA have been lost or mislaid and the undersigned have applied to the Company to issue duplicate Certificate(s) for the said shares. Any person who has any claim in respect of the said shares should write to our Registrar, **KFIN TECHNOLOGIES Ltd Selenium Tower B. Plot 31-32. Gachibowli, Financial District, Hyderabad - 500032** within one month from this date else the company will proceed to issue duplicate Certificate(s).

**Gopi Baluja**
**49-a, Urban Estate, Phase-II**
**Jalandhar City - 144003 Punjab**

## LOST & FOUND

I,Ashok Kumar S/O Raghbir Lal Sharma R/O H.No.782/5,Gali Ganda Singh Wali Bazar Ganda Wala Majith Mandi Opp Shivala Mandir,Amritsar inform that Original copy deed bearing document No. 9902,Bahi No.1, Jild No.6808,Page 34 dated 18.10.2016, Original copy deed bearing document No.6092,Bahi No.1, Jild No.6375, Page 1517,dated 06.08.2015,Original copy deed bearing document No.6093,Bahi No.1,Jild No.6375,Page 1820 dated 06.08.2015, Original copy deed bearing document No.6091,Bahi No.1,Jild No.6375,Page 1314 dated 06.08.2015, Original copy deed bearing document No.2119,Bahi No.1,Jild No.6283,Page 3133 dated 14.05.2015,Original copy deed bearing document No.13490,Bahi No.1,Jild No.4259,Page 7576 dated 10.01.2011,Original agreement to sell Jamabandis for the year 2010-11, 2015-16 & 2020-21 have been lost on 15.12.2025. Its FIR is submitted on 09.02.2026 at P.S Civil Lines, Amritsar. Its G.D No. is 022.

## COURT NOTICE

(U/o 5 Rule 20 CPC)
In The Court of
Sh. Jagmohan Singh Sanghe
Principal Judge, Family Court, Jalandhar
DMC/162/2025
CNR No. PBJL01-001214-2025
Next Date:- 24-03-2026

Lovely W/o Robinder Ghai Balmiki D/o Nand Lal Address:72 Street No. 2 Ravidass Colony Ramamandi, Jalandhar Now at 6 Hockey Ground Arora Colony Dhanowali, Jalandhar

VS

Robinder Ghai Balmiki S/o Rajpal Balmiki Address : 301 Moron Phillaur Jalandhar, Now at Mohalla Tibba VPO Jamsher Khas, Jalandhar

Petition Under section 13 of Hindu Marriage Act for dissolution of Marriage by a decree of divorce.

Publication Issued To: Robinder Ghai Balmiki Father :- Rajpal Balmiki Address : 301 Moron Phillaur Jalandhar, Now at Mohalla Tibba VPO Jamsher Khas, Jalandhar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 24-03-2026 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court Jalandhar
Dated, this day of 12-02-2026

## COURT NOTICE

(U/o 5 Rule 20 CPC)
In The Court of
Hasan Deep Singh Bajwa
Additional Civil Judge (Senior Division), Kharar
CNR No. PBSAA0-00074-2021
Next Date: 17-04-2026

Chajju Singh S/o Sapatar Singh S/O Baljeet Singh R/o Vill. Sialba, Tehsil Kharar, Distt. Mohali

Vs.

Amarjeet Kaur W/o Dalbir Singh S/o Pritam Singh and others

Publication Issued To: 9. Manjeet Kaur D/o Lachman Singh 10. Harjeet Kaur D/o Paramjit Singh, both resident of Village Sailba, Tehsil Kharar, District SAS Nagar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 17-04-2026 at 10:00 a.m.

For details logon to https://highcourtchd.gov.in/?mod=district_notice&district=moga-court

Additional Civil Judge (Senior Division) Kharar
Dated this day of 10-02-2026

# ਪੰਜਾਬ ਸਖੀ ਸ਼ਕਤੀ ਮੇਲਾ ਔਰਤਾਂ ਨੂੰ ਆਤਮ ਨਿਰਭਰ ਬਣਾਉਣ 'ਚ ਨਿਭਾਏਗਾ ਭੂਮਿਕਾ : ਵਿਧਾਇਕ ਰਾਏ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਤੇ ਉਦਯੋਗ ਅਤੇ ਵਣਜ ਵਿਭਾਗ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਆਮ ਖਾਸ ਬਾਗ ਵਿਖੇ ਲਾਏ ਪੰਜਾਬ ਸਖੀ ਸ਼ਕਤੀ ਮੇਲੇ ਵਿੱਚ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਤੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸ਼ਮਾਂ ਰੌਸ਼ਨ ਕਰਕੇ ਮੇਲੇ ਦੀ ਰਸਮੀ ਸ਼ੁਰੂਆਤ ਕਰਵਾਈ। ਵਿਧਾਇਕ ਰਾਏ ਨੇ ਕਿਹਾ ਕਿ ਸਖੀ ਸ਼ਕਤੀ ਮੇਲੇ ਦਾ ਮੁੱਖ ਉਦੇਸ਼ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣਾ ਤੇ ਉਨ੍ਹਾਂ ਦੇ ਉਤਪਾਦਾਂ ਨੂੰ ਵੱਡਾ ਮੰਚ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਨੂੰ ਹਰੇਕ ਖੇਤਰ ਵਿੱਚ ਬਿਹਤਰ ਸੁਵਿਧਾਵਾਂ ਦੇਣ ਲਈ ਅਹਿਮ ਭੂਮਿਕਾ ਨਿਭਾਅ ਰਹੀ ਹੈ।ਉਨ੍ਹਾਂ ਕਿਹਾ ਕਿ ਸਖੀ ਸ਼ਕਤੀ ਮੇਲੇ ਨੂੰ ਜਿਥੇ ਕਿੱਤਾ ਮੁਖੀ ਕੰਮਾਂ ਨਾਲ ਜੋੜਨ ਵਿੱਚ ਸਹਿਯੋਗ ਕਰਨਗੇ, ਉਥੇ ਔਰਤਾਂ ਨੂੰ ਹੱਥੀਂ ਕੰਮ ਕਰਨ ਦੇ ਹੁਨਰ ਨਾਲ ਜੋੜ ਕੇ ਆਪਣੇ ਪਰਵਾਰਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਵਿੱਚ ਸਹਾਈ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਅਜਿਹੇ ਮੇਲਿਆਂ ਨਾਲ ਔਰਤਾਂ ਅੰਦਰ ਉਤਸ਼ਾਹ ਪੈਦਾ ਹੁੰਦਾ ਹੈ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ ਇੱਕ ਨਾਅਰਾ ਨਹੀਂ, ਸਗੋਂ ਸਮਾਜਿਕ ਬਦਲਾਅ ਦੀ ਮਜ਼ਬੂਤ ਨੀਂਹ ਹੈ।ਜਦੋਂ ਇੱਕ ਔਰਤ ਸਿੱਖਿਆਯਾਫ਼ਤਾ, ਆਤਮਨਿਰਭਰ ਅਤੇ ਫੈਸਲੇ ਲੈਣ ਦੇ ਯੋਗ ਬਣਦੀ ਹੈ, ਤਾਂ ਉਸਦਾ ਅਸਰ ਕੇਵਲ ਉਸ ਤੱਕ ਸੀਮਤ ਨਹੀਂ ਰਹਿੰਦਾ, ਬਲਕਿ ਪੂਰੇ ਪਰਿਵਾਰ ਅਤੇ ਸਮਾਜ ਦੀ ਤਰੱਕੀ ਨਾਲ ਜੁੜ ਜਾਂਦਾ ਹੈ। ਇਸ ਮੇਲੇ ਵਿੱਚ ਘਰੇਲੂ ਸਜਾਵਟੀ ਸਮਾਨ, ਹੱਥੀਂ ਬਣਾਏ ਘਰੇਲੂ ਸਾਜੋ ਸਮਾਨ ਤੇ ਆਰਗੈਨਿਕ ਉਤਪਾਦ, ਆਚਾਰ, ਮੁਰੱਬੇ ਅਤੇ ਜੈਮ ਸਟਾਲ, ਮਹਿੰਦੀ, ਪਰਫਿਊਮ, ਕੈਂਡਲ ਸਟਾਲ, ਸਭਿਆਚਾਰਕ ਪ੍ਰੋਗਰਾਮ, ਨੇਲ ਆਰਟ, ਬੱਚਿਆਂ ਲਈ ਝੂਲੇ, ਨੌਜਵਾਨਾਂ ਲਈ ਟੈਟੂ ਆਰਟ, ਲਾਈਵ ਸਕੈਚਿੰਗ ਤੇ ਲਾਈਵ ਫੂਡ ਸਟਾਲਾਂ ਦੀ ਪ੍ਰਦਰਸ਼ਨੀ ਦਾ ਦੌਰਾ ਕੀਤਾ ਗਿਆ ਅਤੇ ਸਵੈ ਸਹਾਇਤਾ ਸਮੂਹ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ ਗਈ।

# ਅਮਰੀਕੀ ਧਰਤੀ 'ਤੇ ਮਨਾਇਆ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ



ਸਮਾਣਾ (ਵਿਕਾਸ ਸਿੰਘ ਝੱਲ)-ਵਿਸਕੋਨਸਨ (ਯੂਐਸਏ) ਦੀ ਧਰਤੀ ਤੋਂ ਸ਼ਹੀਦ ਬਾਬਾ ਦੀਪ ਸਿੰਘ ਦਲ ਪੰਜਾਬ ਦੇ ਪ੍ਰਧਾਨ ਜਥੇਦਾਰ ਦਲਜੀਤ ਸਿੰਘ ਪੰਜਾਬ ਨੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਪਿਛਲੇ ਦਿਨੀਂ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਛਤਰ ਛਾਇਆ ਹੇਠ ਸਿੱਖ ਟੈਂਪਲ ਵਿਸਕੋਨਸਨ (ਅਮਰੀਕਾ) ਵਿੱਚ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਦੀ ਅਗਵਾਈ ਜਥੇਦਾਰ ਦਲਜੀਤ ਸਿੰਘ ਪੰਜਾਬ, ਮੁੱਖ ਸੇਵਾਦਾਰ ਸ਼ਹੀਦ ਬਾਬਾ ਦੀਪ ਸਿੰਘ ਦਲ ਪੰਜਾਬ ਨੇ ਕੀਤੀ।ਇਸ ਮੌਕੇ ਭਾਈ ਗੁਰਮੇਲ ਸਿੰਘ, ਹੈੱਡ ਗ੍ਰੰਥੀ ਗੁਰਦੁਆਰਾ ਸਿੱਖ ਟੈਂਪਲ ਵਿਸਕੋਨਸਨ, ਭਾਈ ਸੁਰਜੀਤ ਸਿੰਘ ਹਜ਼ੂਰੀ ਰਾਗੀ, ਭਾਈ ਭੁਪਿੰਦਰ ਸਿੰਘ ਰਾਗੀ ਜੱਥਾ ਤੇ ਭਾਈ ਪਰਮਜੀਤ ਸਿੰਘ ਕਥਾ ਵਾਚਕ ਨੇ ਹਾਜ਼ਰੀ ਭਰਦੇ ਹੋਏ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਕਥਾਵਾਚਕਾਂ ਨੇ ਸ਼ਹੀਦ ਬਾਬਾ ਦੀਪ ਸਿੰਘ ਦੀ ਅਟੱਲ ਸ਼ਰਧਾ, ਸਿੱਖੀ ਲਈ ਉਨ੍ਹਾਂ ਦੇ ਅਟੁੱਟ ਜਜ਼ਬੇ ਤੇ ਬੇਮਿਸਾਲ ਬਲਿਦਾਨ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।ਸਮਾਗਮ ਦੌਰਾਨ ਵੱਡੀ ਗਿਣਤੀ 'ਚ ਪਹੁੰਚ ਕੇ ਸ਼ਰਧਾ ਭਾਵ ਨਾਲ ਸਮਾਗਮ ਵਿੱਚ ਹਾਜ਼ਰੀ ਭਰੀ।ਅੰਤ ਵਿੱਚ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ, ਜਿਸ ਵਿੱਚ ਸੰਗਤਾਂ ਨੇ ਸੇਵਾ ਭਾਵ ਨਾਲ ਭਾਗ ਲਿਆ।ਵਿਦੇਸ਼ ਦੀ ਧਰਤੀ 'ਤੇ ਇਸ ਪ੍ਰਕਾਰ ਦੇ ਧਾਰਮਿਕ ਸਮਾਗਮ ਨੇ ਸਿੱਖ ਕੌਮ ਦੀ ਏਕਤਾ, ਚੜ੍ਹਦੀ ਕਲਾ ਤੇ ਗੁਰੂ ਘਰ ਨਾਲ ਜੁੜੇ ਪਿਆਰ ਨੂੰ ਇੱਕ ਵਾਰ ਫਿਰ ਸਾਬਤ ਕੀਤਾ।

## COURT NOTICE

In The Court of
Sh. Amrinder Pal Singh
Additional Principal Judge
Family Court Sangrur
MNT125/95/225
CNR No.:-PBSG01-007363-2025
Next Date: 23-03-2026

Gurjeet Kaur

Vs.

Jaspreet Singh

Detail of offence
Notice To: Jaspreet Singh Father : Samsher Singh R/o Village Kotduna, Tehsil and District Barnala

In above titled case, the accused could not be served. It is ordered that accused should appear in person or through counsel on 23-03-2026 at 10.00 a.m.

For details logon to https://highcourtchd.gov.in/?mod=district_notice&district=Sangrur

Additional Principal Judge
Family Court Sangrur
Dated, this day of 09-02-2026

# ਬਿੰਗੋ ! ਆਲੂ ਚਿਪਸ ਨੇ ਇੱਕ ਨਵੀਂ ਦਲੇਰ ਮੁਹਿੰਮ 'ਚ ਆਪਣੇ ਆਪ ਨੂੰ ਹੀ ਟ੍ਰੋਲ ਕਰ ਦਿੱਤਾ

ਅੰਮ੍ਰਿਤਸਰ : ਬਿੰਗੋ! ਆਲੂ ਚਿਪਸ ਬ੍ਰਾਂਡ ਆਪਣਾ ਹੁਣ ਤੱਕ ਦਾ ਸਭ ਤੋਂ ਦਲੇਰ ਕਦਮ ਚੁੱਕ ਰਿਹਾ ਹੈ। ਇਸ ਨੇ ਆਪਣੇ ਆਪ ਨੂੰ ਹੀ ਟ੍ਰੋਲ ਕਰਨ ਦਾ ਫੈਸਲਾ ਕੀਤਾ ਹੈ ਅਤੇ ਇਸ ਦੇ ਲਈ ਇੱਕ ਨਿਵੇਕਲੀ ਮੁਹਿੰਮ ਵੀ ਸ਼ੁਰੂ ਕੀਤੀ ਹੈ। ਸਾਲਾਂ ਤੋਂ ਬਿੰਗੋ! ਕਰੰਚੀ ਮਨਪਸੰਦ ਰਿਹਾ ਹੈ। ਬਿੰਗੋ ਆਪਣੀ ਨਵੀਨਤਾ ਅਤੇ ਅਨੋਖੇ ਹਾਸੇ ਲਈ ਲੰਬੇ ਸਮੇਂ ਤੋਂ ਮਸ਼ਹੂਰ ਹੈ! ਇਹ ਸਨੈਕਿੰਗ ਖੇਤਰ ਦਾ ਮੋਢੀ ਵਿਚਾਰਕ ਰਿਹਾ ਹੈ ਅਤੇ ਇਸ ਦੇ ਆਇਕੋਨਿਕ ਬ੍ਰਾਂਡਾਂ ਵਿੱਚੋਂ ਇੱਕ ਬਿੰਗੋ ਹੈ! ਟੇਢੇ ਮੇਢੇ ਅਤੇ ਬਿੰਗੋ! ਮੈਡ ਐਂਗਲਸ। ਪਰ ਜਦੋਂ ਗੱਲ ਉੱਤਰ ਅਤੇ ਪੱਛਮ ਵਿੱਚ ਬਿੰਗੋ ਦੇ ਆਲੂ ਚਿਪਸ ਦੀ ਆਉਂਦੀ ਹੈ? ਤਾਂ... ਇੱਕ ਵੱਡੀ ਨਾ ਸੁਣਨ ਨੂੰ ਮਿਲਦੀ ਹੈ। ਬ੍ਰਾਂਡ ਇਸ ਸੱਚਾਈ ਤੋਂ ਭੱਜਣ ਦੀ ਬਜਾਏ, ਇਸ ਨੂੰ ਇੱਕ ਚੁਣੌਤੀ ਵਜੋਂ ਲੈ ਰਿਹਾ ਹੈ। ਬ੍ਰਾਂਡ ਦੀ ਨਵੀਂ ਮੁਹਿੰਮ ਬੇਝਿਜਕ ਆਪਣੀ ਗੱਲ ਰੱਖਦੀ ਹੈ ਅਤੇ ਗਾਹਕਾਂ ਨੂੰ ਇੱਕ ਅਜਿਹੇ ਬਦਲਾਅ ਦਾ ਗਵਾਹ ਬਣਨ ਲਈ ਸੱਦਾ ਦਿੰਦੀ ਹੈ ਜੋ ਪਹਿਲਾਂ ਕਦੇ ਨਹੀਂ ਹੋਇਆ।

# ਮੁੱਖ ਮੰਤਰੀ ਨੇ ਡੇ-ਕੇਅਰ ਕੈਂਸਰ ਸੈਂਟਰ ਦਾ ਕੀਤਾ ਵਰਚੂਅਲ ਉਦਘਾਟਨ

**ਚੰਡੀਗੜ੍ਹ,** (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇੱਥੇ ਸਿਵਲ ਸਕੱਤਰੇਤ ਵਿੱਚ ਆਯੋਜਿਤ ਇੱਕ ਸਮਾਰੋਹ ਦੌਰਾਨ ਰਾਜ ਦੇ 17 ਜਿਲ੍ਹਿਆਂ ਵਿੱਚ ਡੇ-ਕੇਅਰ ਕੈਂਸਰ ਸੈਂਟਰ ਦਾ ਵਰਚੂਅਤ ਉਦਘਾਟਨ ਕੀਤਾ। ਇਹ ਸੈਂਟਰ ਪਹਿਲਾਂ ਹੀ ਪੰਜ ਜਿਲ੍ਹਿਆਂ ਵਿੱਚ ਲਾਂਚ ਕੀਤੇ ਜਾ ਚੁੱਕੇ ਸਨ ਅਤੇ ਇਸ ਤਰ੍ਹਾ ਰਾਜ ਦੇ ਸਾਰੇ 22 ਜਿਲ੍ਹਿਆਂ ਵਿੱਚ ਡੇ-ਕੇਅਰ ਕੈਂਸਰ ਸੈਂਟਰ ਚਾਲੂ ਹੋ ਗਏ ਹਨ।ਮੁੱਖ ਮੰਤਰੀ ਨੇ ਵਿੱਤ ਸਾਲ 202-26 ਦੇ ਬਜਟ ਵਿੱਚ ਉਕਤ ਐਲਾਨ ਕੀਤੇ ਸਨ ਜੋ ਕਿ ਅੱਜ ਧਰਾਤਲ 'ਤੇ ਪੂਰੀ ਤਰ੍ਹਾ ਉਤਾਰੇ ਗਏ ਹਨ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਆਰਤੀ ਸਿੰਘ ਰਾਓ ਵੀ ਵੀਡੀਓ ਕਾਨਫ੍ਰੈਂਸਿੰਗ ਰਾਹੀਂ ਸਮਾਰੋਹ ਵਿੱਚ ਸ਼ਾਮਿਲ ਹੋਈ।

# ਸਰਪੰਚ ਨੇ ਲੋੜਵੰਦ ਨੌਜਵਾਨ ਨੂੰ ਟ੍ਰਾਈਸਾਈਕਲ ਦਿੱਤਾ



ਝਬਾਲ,(ਹਰਜਿੰਦਰ ਸਿੰਘ ਸੋਨੀ)-ਉੱਘੇ ਸਮਾਜ ਸੇਵਕ ਸੀਨੀ. ਨੌਜਵਾਨ ਅਕਾਲੀ ਆਗੂ ਵਰਿੰਦਰਜੀਤ ਸਿੰਘ ਸਰਪੰਚ ਹੀਰਾਪੁਰ ਵੱਲੋਂ ਆਪਣੀ ਦਸਾਂ ਨਹੁੰਆਂ ਦੀ ਕਿਰਤ ਕਮਾਈ ਵਿੱਚੋ ਪਿੰਡ ਭੁੱਜੜਾਵਾਲਾ ਦੇ ਸਤਨਾਮ ਸਿੰਘ ਨਾਂ ਦੇ ਲੋੜਵੰਦ ਅਪਾਹਜ ਨੌਜਵਾਨ ਨੂੰ ਟ੍ਰਾਈਸਾਈਕਲ ਲੈ ਕੇ ਦਿੱਤਾ ਗਿਆ।ਇਸ ਮੌਕੇ ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ ਨੇ ਦੱਸਿਆ ਕਿ ਲੋੜਵੰਦ ਪਰਵਾਰਾਂ ਦੀ ਮਦਦ ਕਰਕੇ ਦਿਲੀ ਖੁਸ਼ੀ ਮਹਿਸੂਸ ਹੁੰਦੀ ਹੈ।ਜਿਸ ਤਰ੍ਹਾਂ ਅੱਜ ਇੱਕ ਅਪਾਹਜ ਨੌਜਵਾਨ ਨੂੰ ਉਸ ਦੇ ਤੁਰਨ ਫਿਰਨ ਤੇ ਆਉਣ ਜਾਣ ਨੂੰ ਸੁਖਾਲਾ ਬਣਾਉਣ ਲਈ ਟ੍ਰਾਈਸਾਈਕਲ ਦੇ ਕੇ ਉਸ ਦੀ ਮਦਦ ਕੀਤੀ ਗਈ ਹੈ ਆਉਣ ਵਾਲੇ ਸਮੇਂ ਦੌਰਾਨ ਹੋਰ ਵੀ ਲੋੜਵੰਦ ਵਿਅਕਤੀਆਂ ਤੇ ਪਰਵਾਰਾਂ ਦੀ ਮਦਦ ਕੀਤੀ ਜਾਵੇਗੀ।ਇਸ ਮੌਕੇ ਉਨਾਂ ਨਾਲ ਸਾਹਿਬ ਸਿੰਘ ਭੁੱਜੜਾਵਾਲਾ, ਕੁਲਵੰਤ ਸਿੰਘ, ਸਵਰਨ ਸਿੰਘ, ਹਰਦੇਵ ਸਿੰਘ ਆਦਿ ਵੀ ਮੌਜੂਦ ਸਨ।

# ਟਰੂਕਾਲਰ ਨੇ 1200 ਕਰੋੜ ਅਣਚਾਹੀਆਂ ਕਾਲਾਂ ਨੂੰ ਰੋਕਿਆ

**ਅੰਮ੍ਰਿਤਸਰ** : 2025 ਵਿੱਚ ਭਾਰਤ ਵਿੱਚ ਲੋਕਾਂ ਨੂੰ 4,000 ਕਰੋੜ ਤੋਂ ਵੱਧ ਸਪੈਮ ਕਾਲਾਂ ਪ੍ਰਾਪਤ ਹੋਈਆਂ, ਜੋ ਠੱਗੀ, ਪਰੇਸ਼ਾਨੀ ਅਤੇ ਡਿਜ਼ਿਟਲ ਖਤਰਿਆਂ ਦੇ ਵੱਧਦੇ ਖਤਰੇ ਨੂੰ ਦਰਸਾਉਂਦੀਆਂ ਹਨ।ਟਰੂਕਾਲਰ ਦੀ ਨਵੀਂ ਰਿਪੋਰਟ ਅਨੁਸਾਰ, ਇਨ੍ਹਾਂ ਵਿੱਚੋਂ 1,189 ਕਰੋੜ ਅਣਚਾਹੀਆਂ ਕਾਲਾਂ ਉਪਭੋਗਤਾਵਾਂ ਤੱਕ ਪਹੁੰਚਣ ਤੋਂ ਪਹਿਲਾਂ ਹੀ ਬਲੌਕ ਕਰ ਦਿੱਤੀਆਂ ਗਈਆਂ। ਇਸ ਨਾਲ ਲੱਖਾਂ ਲੋਕਾਂ ਨੂੰ ਠੱਗੀ, ਸਮੇਂ ਦੀ ਬਰਬਾਦੀ ਅਤੇ ਬੇਵਜ੍ਹਾ ਤਣਾਅ ਤੋਂ ਬਚਾਇਆ ਗਿਆ, ਖਾਸ ਕਰਕੇ ਉਸ ਸਮੇਂ ਜਦੋਂ ਦੇਸ਼ ਦੀ ਅਰਥਵਿਵਸਥਾ ਤੇਜ਼ੀ ਨਾਲ ਡਿਜ਼ਿਟਲ ਤੌਰ 'ਤੇ ਜੁੜ ਰਹੀ ਹੈ। ਟਰੂਕਾਲਰ ਨੇ ਆਪਣੀ 2025 ਇੰਡੀਆ ਇਨਸਾਈਟਸ ਰਿਪੋਰਟ ਜਾਰੀ ਕੀਤੀ ਹੈ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Jaspreet Kaur w/o Naminderneet Singh R/o House No. 502, O Block, Jalandhar Heights One, 66 feet Road, Near Curo Mall, Jalandhar 144022, Punjab, India declare that I have changed my name from Jaspreet Kaur to Jaspreet Walia.

I, Ratna W/o Late Sh. Sher Singh R/o Ward No. 06, VPO Purhiran, Distt. Hoshiarpur Pin 146111, Punjab declare that Ratna and Ratna Devi is one and the same person. Concerned note.

I, Bhupinder Kumar Tungal S/o Hans Raj R/o H.No. B-12/368, Ward No. 30, Bansa Wali Gali, New Jagatpura Distt. Hoshiarpur Punjab have changed my name from Bhupinder Kumar Tungal to Bhupinder Tungal. Concerned note.

I, Malkiat S/o Nathi Ram, R/o VPO. Dhakowal, Distt. Hoshiarpur (Pb) India. Have changed my name from Malkiat to Malkiat Malkiat. All concerned note please.

I, Amritpal Singh S/o Avtar Singh R/o 13/2542, Gali No. 2 Dr. Gurdial Wali, Ghanupur Kale, Chheharta, Amritsar, Punjab-143105 have changed my name from Amritpal Singh to Singh is my Surname and Amritpal is my given name.

I Suman Bala W/O Deepak Kumar, H. No. 37, Poddar Mill Colony, Guru Arjan Dev Nagar Amritsar Have changed my name from Suman Bala to Suman Sharma.

I Ashima Vij W/o Sunil Kapoor R/o 24, Dasaundha Singh Road Opp Archies Gallery, Lawrance Road Amritsar Have Changed my name from Ashima Vij to Sakshi Kapoor. All concerned may please note.

I, Surinder Pal W/o Kuldip Singh Sangha R/o 25, Sahibzada Jujhar Singh Avenue, Ajnala Road, Amritsar have changed my name from Surinder Pal To Surinder Pal Kaur. All Please Note.

I, Angrej Singh S/o Bira Singh R/o VPO Dhardeo, Tehsil Baba Bakala, Distt. Amritsar, Punjab, have changed my minor son's name from Navraj Singh to Navraj is given name and Singh is surname. Concerned note please.

I, Lovepreet Kaur W/o Angrej Singh R/o VPO Dhardeo, Tehsil Baba Bakala, Distt. Amritsar, Punjab, have changed my name from Lovepreet Kaur to Lovepreet is given name and Kaur is surname. Concerned note please.

I, Charan Pal Singh S/o Gian Singh R/o 97, Bharat Nagar Batala Road Amritsar have changed my name from Charan Pal Singh to Given name Charanpal Surname Singh.

I, Amritpal Singh S/o Harjit Singh R/o VPO Bahoru Tehsil and Distt. Amritsar have changed my name from Amritpal Singh to Given name Amritpal Surname Singh.

I, Jagroop Kaur W/o Amritpal Singh R/o VPO Bahoru Tehsil and Distt. Amritsar have changed my name from Jagroop Kaur to Given name Jagroop Surname Kaur.

I, Balbir Singh Azad S/o Sadhu Singh R/o H. No. 606/R, Mall Road Model Town, Jalandhar, Punjab declare that I have changed my name from Balbir Singh Azad to Balbir Singh Bhaura. Please note.

I, Shallu W/o Nitish Kumar Nischal residing at House No. 38 L, B Block, Model House, Jalandhar (PUNJAB) 144003 . After marriage I have changed my name from Shallu to Shallu Nischal. Shallu and Shallu Nischal is the name of one and same person. All concerned please note.

I, Rohit Pour alias Rohit Kumar S/O Dev Raj R/O Vill. Sakohpur, PO. Sahlon, Distt. S.B.S Nagar - 144421, Punjab have changed my name from Rohit Pour alias Rohit Kumar to Rohit Kumar. All note.

I, Raj Kumar s/o Surinder Kumar r/o Verma Niwas, Gali No.2, Near ST Farid Public School, Hoshiarpur, Punjab,146001 have changed my name to Raj Verma. All Please Note.

I, Priya D/o Shinder Masih R/o Uppal, PO. Lakhan Kalan, Distt. Gurdaspur, Punjab-143512, India. Have changed my name Priya to Priya Kalyan and given name as Priya and Surname as Kalyan.

## Change of Name

I, Hardev Singh S/o Jaswant Singh R/o Vill. Sandalpur, PO. Chahal Kalan, Tehsil Batala, Distt. Gurdaspur, Punjab have changed my name from Hardev Singh to Given Name Hardev & Surname as Singh. Concerned Note.

I, Richa Sharda w/o Rishi Sharma r/o H.No.48, Near Hiran Gate, Chandan Nagar, Jalandhar have changed my name from Richa Sharda to Richa Sharma, after marriage. All Please Note.

I, Parminder Kaur d/o Karnail Singh r/o 947, Guru Arjan Nagar, Mithu Basti, Jalandhar have changed my Given name as Parminder & Surname as Kaur. All Please Note.

I, Darshan Kaur w/o Sukhwinder Singh r/o Vill. Thikariwala, Po.Nurpur Lubhana, Kapurthala have changed my Given name as Darshan & Surname as Kaur. All Please Note.

I, Balvinder Singh S/o Gurcharan Singh R/o Vill. Jagral, Distt. Jalandhar (Pb) have changed my name from Kulwinder Singh to Balvinder Singh. All concerned please note.

I, Surinder Singh Setia Son Of Joginder Singh Resident Of 84 Lane 2 Sas Nagar Extension Khurla, Jalandhar, Punjab Have Changed My Name To Surinder Singh. All Concerned Please Note.

I. Nelam W/o Malkiat Malkiat, R/o VPO. Dhakowal, Distt. Hoshiarpur (Pb.) India. Have changed my name from Nelam to Nelam Nelam. All concerned note please.

## ਆਮ ਸੂਚਨਾ

ਮੈਂ, ਸੁਰੇਸ਼ ਕੁਮਾਰ ਪੁੱਤਰ ਬੂਟਾ ਰਾਮ, ਵਾਸੀ ਪਿੰਡ ਰਸੂਲਪੁਰ ਗਰੋਟੀਆਂ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਭਰਾ ਅਨਿਲ ਕੁਮਾਰ ਅਤੇ ਇਸ ਦੀ ਪਤਨੀ ਰਮਾ ਅਤੇ ਇਨ੍ਹਾਂ ਦੇ ਬੱਚੇ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਰਿਹਾ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ36/561 ਪਾਖਰ ਸਿੰਘ ਪੁੱਤਰ ਹਰਜਿੰਦਰ ਸਿੰਘ ਪਿੰਡ ਝੁੱਗੀਆਂ ਤੋਂ ਨਾਂਅ ਬਦਲੀ ਕਰਕੇ ਬਿੱਕਰ ਸਿੰਘ ਪੁੱਤਰ ਪਾਖਰ ਸਿੰਘ ਪਿੰਡ ਪੱਤੀ ਝੁੱਗੀਆਂ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 08/208 ਗੱਜਣ ਸਿੰਘ ਪੁੱਤਰ ਉਜਾਗਰ ਸਿੰਘ ਪਿੰਡ ਸੰਗੋਵਾਲ ਤੋਂ ਨਾਂਅ ਬਦਲੀ ਕਰਕੇ ਸੁਖਜੀਤ ਸਿੰਘ ਪੁੱਤਰ ਗੱਜਣ ਸਿੰਘ ਪਿੰਡ ਸੰਗੋਵਾਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੈਂ ਅਯਾਨ ਕਪੂਰ ਪੁੱਤਰ ਸੰਦੀਪ ਕਪੂਰ ਵਾਸੀ 3, ਸਾਹਮਣੇ ਪੁਲਿਸ ਲਾਈਨ, ਮਕ ?ਬੂਲ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਦਾਦਾ ਬਲਬੀਰ ਚੰਦ ਕਪੂਰ ਪੁੱਤਰ ਲੇਟ ਜਮਨਾ ਦਾਸ ਕਪੂਰ ਦੀ ਮਾਲਕੀ ਦਾ ਬੈ ਨਾਮਾ ਤਸਦੀਕ ਮਿਤੀ 19/08/1996 ਦਸਤਾਵੇਜ ਨੰਬਰ 3646, ਤਸਦੀਕ ਸ਼ੁਦਾ ਦਫਤਰ ਸਬ ਰਜਿਸਟਰਾਰ ਸਾਹਿਬ ਅੰਮ੍ਰਿਤਸਰ ਵਲੋਂ ਕਰਤਾਰ ਸਿੰਘ ਪੁੱਤਰ ਜਸਵੰਤ ਸਿੰਘ ਅਤੇ ਗੁਰਜੀਤ ਸਿੰਘ ਪੁੱਤਰ ਕਸ਼ਮੀਰਾ ਸਿੰਘ ਪਾਸੋ ਖਰੀਦ ਕੀਤੀ ਹੈ ਤੇ ਕਰਤਾਰ ਸਿੰਘ ਆਦਿ ਦੀ ਮਾਲਕੀ ਬਰੂਏ ਬੈ ਨਾਮਾ ਤਸਦੀਕ ਮਿਤੀ 19/06/1996 ਦਸਤਾਵੇਜ ਨੰਬਰ 2198, ਤਸਦੀਕ ਸ਼ੁਦਾ ਦਫਤਰ ਸਬ ਰਜਿਸਟਰਾਰ ਸਾਹਿਬ ਅੰਮ੍ਰਿਤਸਰ ਹੈ ! ਸਾਡੇ ਪਾਸੋ ਉਕਤ ਅਸਲ ਬੈ ਨਾਮੇ ਕੀਤੇ ਗੁਮ ਹੋ ਗਏ ਹਨ ਅਤੇ ਨਹੀਂ ਮਿਲ ਰਹੇ ਹਨ ! ਅਸੀ ਗੁਮ ਹੋਏ ਕਾਗਜਾਤ ਤੇ ਕਿਸੇ ਬੈਂਕ ਜਾ ਕਿਸੇ ਹੋਰ ਸਰਕਾਰੀ ਜਾਂ ਗੈਰ ਸਰਕਾਰੀ ਮਹਿਕਮੇ ਤੋਂ ਕੋਈ ਲੋਨ ਨਹੀਂ ਲਿਆ ਅਤੇ ਨਾ ਹੀ ਕਿਸੇ ਪਾਸ ਗਹਿਣੇ ਪਾਏ ਹੋਏ ਹਨ ਜੇ ਕਰ ਕਿਸੇ ਨੂੰ ਮਿਲੇ ਤਾਂ ਉਹ ਉਕਤ ਪਤੇ ਤੇ ਇਤਲਾਹ ਕਰੇ।

ਸੂਚਿਤ ਕੀਤਾ ਜਾਂਦਾ ਹੈ ਕਿ ਖਾਤਾ ਨੰਬਰ ਏ. ਪੀ. 13/1347-ਐੱਲ ਟਿਊਬਵੈੱਲ ਕੁਨੈਕਸ਼ਨ ਸਮਰਥਾ 6 ਬੀ ਐੱਚ ਪੀ ਹਾਰਸ ਪਾਵਰ, ਜੋ ਬੇਅੰਤ ਸਿੰਘ ਪੁੱਤਰ ਦੋਸੰਧਾ ਸਿੰਘ, ਪਿੰਡ ਫਤਿਹਪੁਰ ਰਾਜਪੂਤਾਂ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਚੱਲ ਰਿਹਾ ਹੈ। ਹੁਣ ਨਾਂਅ ਬਦਲੀ ਹੋ ਕੇ ਗੁਰਸ਼ਰਨ ਕੌਰ ਪਤਨੀ ਸਮਰਾਟਬੀਰ ਸਿੰਘ ਵਾਸੀ ਫਤਿਹਪੁਰ ਰਾਜਪੂਤਾਂ ਦੇ ਨਾਂਅ 'ਤੇ ਤਬਦੀਲ ਹੋਣ ਜਾ ਰਿਹਾ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਸਬ-ਡਵੀਜ਼ਨ ਫਤਿਹਪੁਰ ਰਾਜਪੂਤਾਂ ਪੀ ਐੱਸ ਪੀ ਸੀ ਐੱਲ ਦਫ਼ਤਰ ਵਿਖੇ ਸੰਪਰਕ ਕਰ ਸਕਦਾ ਹੈ।

## PUBLIC NOTICE

I, Sandeep Singh S/o Manjeet Singh R/o Village Dalla, PO. Behrampur, Distt. Gurdaspur, Pin Code -143532, Punjab, India. Declare that my given name as Sandeep and my Surname as Singh.

I, Des Raj S/o Puran Chand and Jasbir Kaur W/o Des Raj R/o H.No. EH 109, Ladowali Road, Tehsil and Distt. Jalandhar declare that our son Sandeep Kumar and his wife Harpreet Mehmi and their family has gone out of our control. So we debar them from all our moveable and immoveable properties. We and our family shall not be held responsible for any kind of their act, deed and things related to them. All concerned please note.

## ਨਾਂਅ ਦੀ ਬਦਲੀ

ਮੈਂ, ਮੇਘਾ ਸ਼ਰਮਾ ਪਤਨੀ ਅਸ਼ਵਨੀ ਕੁਮਾਰ, ਵਾਸੀ ਮਕਾਨ ਨੰ: 125, ਗੁਲਮਰਗ ਐਵੀਨਿਊ ਲੱਧੇਵਾਲੀ, ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਂਅ ਬਦਲ ਕੇ ਮੇਘਾ ਸ਼ਰਮਾ ਤੋਂ ਰਿੰਕੂ ਰੱਖ ਲਿਆ ਹੈ। ਕ੍ਰਿਪਾ ਕਰਕੇ ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਸੋਹਨੀ ਪੁੱਤਰ ਨੈਤ ਮਸ਼ੀਹ ਅਤੇ ਰਾਖਲ ਪਤਨੀ ਸੋਹਨੀ ਵਾਸੀ ਪਿੰਡ ਛੋਟੇਪੁਰ, ਡਾਕਖਾਨਾ ਪਠਾਨਕੋਟ, ਤਹਿਸੀਲ ਅਤੇ ਜਿਲ੍ਹਾ ਪਠਾਨਕੋਟ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਭਿਸ਼ੇਕ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ, ਨੂੰ ਅਪਣੀ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਅਸੀ ਅਤੇ ਸਾਡਾ ਪਰਿਵਾਰ ਉਸਦੇ ਕਿਸੇ ਵੀ ਚੰਗੇ ਮਾੜੇ ਕੰਮ ਲਈ ਜਿੰਮੇਦਾਰ ਨਹੀਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਦਾਰ ਹੋਵੇਗਾ ।

ਮੈਂ ਹੁਕਮ ਸਿੰਘ ਪੁੱਤਰ ਗੁਲਜਾਰ ਸਿੰਘ ਵਾਸੀ ਮਕਾਨ ਨੰ 672 ਗਲੀ ਨੰ. 4 ਪਿੰਡ ਕੋਹਾੜਾ ਤਹਿ ਵਾ ਜਿਲ ਲੁਧਿਆਣਾ ਦਾ ਹਾਂ, ਮੇਰਾ ਲੜਕਾ ਗੁਰਵਿੰਦਰ ਸਿੰਘ ਇਸ ਦੀ ਪਤਨੀ ਲਵਪ੍ਰੀਤ ਕੌਰ ਮੇਰੇ ਕਹਿਣ ਤੋਂ ਬਾਹਰ ਹਨ ਮੇਰੇ ਨਾਲ ਗਾਲੀ ਗਲੋਚ ਤੇ ਲੜਾਈ ਝਗੜਾ ਕਰਦੇ ਹਨ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਸੰਬੰਧਤ ਨੋਟ ਕਰਨ।

ਮੈਂ ਰਮੇਸ਼ ਪੁੱਤਰ ਅੰਗਰੇਜ਼ ਵਾਸੀ ਚੱਕ ਮਹੰਤਾਂ ਵਾਲਾ ਤਹਿਸੀਲ ਗੁਰੂ ਹਰਸਹਾਏ ਜਿਲਾ ਫਿਰੋਜਪੁਰ ਦਾ ਰਹਿਣ ਵਾਲਾ ਹਾਂ। ਮੇਰੀ ਲੜਕੀ ਸਲਮਾ ਜੋ ਮਾੜੀ ਸੰਗਤ ਦਾ ਸ਼ਿਕਾਰ ਹੋ ਗਈ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਸਬੰਧ ਨਹੀਂ। ਮੈਂ ਇਸ ਨੂੰ ਆਪਣੀ ਚਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ ।

ਮੈਂ, ਬਖਸ਼ੋ ਪਤਨੀ ਸ਼੍ਰੀ ਜੀਤ ਲਾਲ ਵਾਸੀ ਪਿੰਡ ਤੇ ਡਾਕਖਾਨਾ ਲਾਧੜਾ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਬਲਜਿੰਦਰ ਸਿੰਘ ਅਤੇ ਉਸਦੀ ਪਤਨੀ ਸਰੋਜ ਰਾਣੀ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸਬੰਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ, ਰੇਸ਼ਮ ਕੌਰ ਵਿੱਧਵਾ ਸ਼੍ਰੀ ਨਿਰਪਾਲ ਸਿੰਘ ਵਾਸੀ ਪਿੰਡ ਖਿੱਚੀਪੁਰ ਡਾਕਖਾਨਾ ਹਰੀਪੁਰ ਤਹਿਸੀਲ ਤੇ ਜਿਲ੍ਹਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰੀ ਲੜਕੀ ਜਸਵੀਰ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਉਸ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ ਸੰਤ ਰਾਮ ਪੁੱਤਰ ਫਕੀਰ ਚੰਦ ਵਾਸੀ ਵਾਰਡ ਨੰਬਰ 7 ਨੇੜੇ ਬਾਸੀ ਪੈਟਰੋਲ ਪੰਪ, ਮੋਗਾ ਰੋਡ ਧਰਮਕੋਟ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜਨ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਸੰਬੰਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਜਰਨੈਲ ਸਿੰਘ ਪੁੱਤਰ ਦੀਵਾਨ ਸਿੰਘ ਵਾਸੀ ਪੁਰਾਣੀਆਂ ਬਾਗੜੀਆਂ ਜਿਲਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਵੀਰ ਸਿੰਘ ਤੇ ਨੂੰਹ ਰੇਖਾ ਰਾਣੀ ਅਤੇ ਪੋਤਰੀ ਏਕਨੂਰ ਕੌਰ ਜੋ ਕਿ ਮੇਰੇ ਕਹਿਣੇ ਵਿੱਚ ਨਹੀਂ ਹਨ। ਇਹਨਾਂ ਤਿੰਨਾਂ ਨੂੰ ਮੈਂ ਆਪਣੀ ਸਾਰੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਇਹਨਾਂ ਨਾਲ ਮੇਰਾ ਕੋਈ ਵਾਸਤਾ ਨਹੀਂ ਰਿਹਾ । ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਤ ਨੋਟ ਕਰਨ।

ਮੈਂ ਕੁਲਵਿੰਦਰ ਸਿੰਘ ਪੁੱਤਰ ਸੂਰਤਾ ਸਿੰਘ ਵਾਸੀ ਫੂਲੜਾ ਜਿਲਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਅਰਸ਼ਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਨੇ ਮੇਰੇ ਅਤੇ ਮੇਰੇ ਪਰਿਵਾਰ ਦੀ ਸਹਿਮਤੀ ਤੋਂ ਬਗੈਰ ਆਪਣੀ ਮਰਜ਼ੀ ਨਾਲ ਕੀਤੇ ਸ਼ਾਦੀ ਕਰ ਲਈ ਹੈ । ਮੈਂ ਇਸ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਤ ਨੋਟ ਕਰਨ ।

ਮੈਂ, ਕ੍ਰਿਸ਼ਨ ਦੱਤ ਪੁੱਤਰ ਵਿਸ਼ਨੂੰ ਦੱਤ, ਵਾਸੀ 242, ਗਲੀ ਨੰ: 5, ਫਰੈਂਡਜ਼ ਕਾਲੋਨੀ ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਵੀਨ ਦੱਤ ਅਤੇ ਉਸ ਦੀ ਪਤਨੀ ਪ੍ਰੀਤੀ ਕੁਮਾਰੀ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਇਨ੍ਹਾਂ ਦਾ ਆਪਸ ਵਿਚ ਕੇਸ ਚੱਲ ਰਿਹਾ ਹੈ। ਇਨ੍ਹਾਂ ਦੇ ਕੇਸਾਂ ਦੀ ਜ਼ਿੰਮੇਵਾਰੀ ਖੁਦ ਆਪ ਕਰਨਗੇ। ਇਸ ਵਿਚ ਮੇਰਾ ਤੇ ਮੇਰੇ ਪਰਵਾਰ ਦਾ ਕੋਈ ਤਲਕ-ਵਾਸਤਾ ਨਹੀਂ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਗੁਰਮੀਤ ਸਿੰਘ ਗਿੱਲ ਪੁੱਤਰ ਬਲਦੇਵ ਸਿੰਘ, ਵਾਸੀ ਪਿੰਡ ਲੋਹਾਰਾ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਨੂੰਹ ਨਵਨੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਤਿਲਕ ਰਾਜ ਪੁੱਤਰ ਚੰਦ ਰਾਮ, ਵਾਸੀ ਵਾਰਡ ਨੰ: 14, ਬਾਬਾ ਬੰਦਾ ਬਹਾਦਰ ਕਾਲੋਨੀ, ਤ੍ਰਿਮੋ ਰੋਡ, ਗਲੀ ਨੰ: 2, ਗੁਰਦਾਸਪੁਰ। ਮੇਰਾ ਲੜਕਾ ਅਮਰਜੀਤ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਪਰਮਜੀਤ ਸਿੰਘ ਪੁੱਤਰ ਮਹਿੰਦਰ ਸਿੰਘ, ਵਾਸੀ ਪੁਰਾਣਾ ਮਕਾਨ ਨੰਬਰ 60, ਨਵਾਂ ਨੰ: 134, ਸਾਹਮਣੇ ਪੈਟਰੋਲ ਪੰਪ, ਕਪੂਰ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਸਾਡਾ ਲੜਕਾ ਲਵਪ੍ਰੀਤ ਸਿੰਘ, ਜਿਸ ਨੇ ਆਪਣੀ ਮਰਜ਼ੀ ਨਾਲ ਹਰਮਨਬੀਰ ਕੌਰ ਨਾਲ ਵਿਆਹ ਕਰਵਾਇਆ ਹੈ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਮੁਹੰਮਦ ਸਫੂਲ ਪੁੱਤਰ ਅਬਦੁਲ ਰਹਿਮਾਨ ਅਤੇ ਨੂਰਫਾ ਬੇਗਮ ਪਤਨੀ ਮੁਹੰਮਦ ਸਫੂਲ ਵਾਸੀਆਨ 517, ਗੁਰੂ ਦੀਵਾਨ ਨਗਰ, ਗੜ੍ਹਾ, ਡਾਕਖਾਨਾ ਜਲੰਧਰ ਕੈਂਟ, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਾਹਿਲ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਇੰਦੂ ਦੇਵੀ ਪਤਨੀ ਰਾਮ ਤੇਜਹਨ ਵਾਸੀ ਮਦਰ ਮੈਰੀ ਸਕੂਲ, ਗੁਲਾਬ ਦੇਵੀ ਰੋਡ, ਸ਼ਿਵ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਦਿਨੇਸ਼ ਉਰਫ ਗੰਜਾ, ਛੋਟਾ ਲੜਕਾ ਰਕੇਸ਼ ਅਤੇ ਉਸਦੀ ਪਤਨੀ ਬੇਬੀ ਅਤੇ ਨੂੰਹ ਸ਼ੋਭਾ ਪਤਨੀ ਉਮੇਸ਼ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਅਸੀਂ, ਲਖਵੀਰ ਕੌਰ ਪਤਨੀ ਦਿਲਬਾਗ ਸਿੰਘ ਅਤੇ ਦਿਲਬਾਗ ਸਿੰਘ ਪੁੱਤਰ ਮੋਹਨ ਸਿੰਘ ਵਾਸੀਆਨ ਪਿੰਡ ਅਰਜਨ ਵਾਲ, ਡਾਕਖਾਨਾ ਤੇ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਪ੍ਰੀਤ ਸਿੰਘ ਅਤੇ ਉਸਦੀ ਪਤਨੀ ਹਰਜੀਤ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਹਰਮੇਸ਼ ਭੱਟੀ ਪੁੱਤਰ ਨੰਦ ਲਾਲ ਵਾਸੀ ਪਿੰਡ ਕੋਹਾਲਾ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਕੁਲਦੀਪ ਭੱਟੀ ਅਤੇ ਉਸਦੀ ਪਤਨੀ ਪੂਜਾ ਰਾਣੀ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪ੍ਰੀਤਮ ਸਿੰਘ ਪੁੱਤਰ ਸ. ਆਤਮਾ ਸਿੰਘ ਵਾਸੀ ਮਕਾਨ ਨੰਬਰ ਬੀ ਆਈ ਐਕਸ-774/146, ਸੁੰਦਰ ਨਗਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਸੁਨੀਤਾ ਵਾ ਮੇਰੀ ਲੜਕੀ ਮਨਪ੍ਰੀਤ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਅੱਜ ਤੋਂ ਮੇਰਾ ਇਨ੍ਹਾਂ ਨਾਲ ਕੋਈ ਵੀ ਤਲਕ ਵਾਸਤਾ ਨਹੀਂ ਹੈ। ਸਬੰਧਿਤ ਨੋਟ ਕਰਨ।

ਅਸੀਂ, ਰਾਮ ਵਰੀਕ੍ਰਿਸ਼ ਪੁੱਤਰ ਚੋਥੀ ਸੇਠ ਅਤੇ ਫੂਲਾ ਦੇਵੀ ਪਤਨੀ ਵਰੀਕ੍ਰਿਸ਼ ਵਾਸੀ 739, ਨਿਊ ਆਜ਼ਾਦ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਨੀਲ ਕੁਮਾਰ, ਇਸ ਦੀ ਪਤਨੀ ਸੰਗੀਤਾ ਦੇਵੀ ਅਤੇ ਇਨ੍ਹਾਂ ਦੇ ਬੱਚੇ ਈਸ਼ਿਤਾ ਅਤੇ ਸਮਰ, ਜੋ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਲਖਵਿੰਦਰ ਸਿੰਘ ਪੁੱਤਰ ਸ: ਅਜੀਤ ਸਿੰਘ ਵਾਸੀ ਪਿੰਡ ਚੱਕ ਖੁਰਦ ਤਹਿਸੀਲ ਨਕੋਦਰ ਜਿਲ੍ਹਾ ਜਲੰਧਰ ਹਲਫੀਆ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੋਬਨਪ੍ਰੀਤ ਸਿਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਮੈਂ ਇਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਅਸੀਂ, ਬਲਵਿੰਦਰ ਸਿੰਘ ਪੁੱਤਰ ਅਰਜਨ ਦਾਸ ਅਤੇ ਗੁਰਮੀਤ ਕੌਰ ਪਤਨੀ ਬਲਵਿੰਦਰ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਗੁੰਮਟਾਲਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਹਰਪ੍ਰੀਤ ਕੌਰ ਪਤਨੀ ਲੇਟ ਮੰਗਲ ਸਿੰਘ, ਵਾਸੀ ਕੱਲ੍ਹਾ, ਤਹਿਸੀਲ ਵਾ ਜ਼ਿਲ੍ਹਾ ਤਰਨ ਤਾਰਨ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਅਸੀਂ ਇਸ ਨੂੰ ਅਤੇ ਇਸ ਦੇ ਬੱਚਿਆਂ ਜਸਲੀਨ ਕੌਰ, ਜਸਕੀਰਤ ਸਿੰਘ ਅਤੇ ਗੁਰਕੀਰਤ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਸ ਨਾਲ ਕੋਈ ਤਾਲੁਕ-ਵਾਸਤਾ ਨਹੀਂ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## NOTICE

In the Court of
Amit Malhan
Principal Judge, Family Court, Amritsar
CNR No. PBAS01-010242-2025
Next Date:- 24-03-2026

Gurwinder Kaur

Vs.

Balwinder Singh

Publication Issued To: Balwinder Singh :- Alias Binda S/o Ajit Singh (Known as Patiala Wale) R/o Village Lohian Khas, Back Side Guru Nanak Colony, District Jalandhar, At Present R/o Village Bahugujran, Tehsil Makhu, District Ferozepur

In above titled case, the accused could not be served. It is ordered that accused should appear in person or through counsel on 24-03-2026 at 10.00 a.m.

For details logon to https://highcourtchd.gov.in/?trs=district_notice&district=Amritsar

Principal Judge, Family Court, Amritsar
Dated, this day of 10-02-2026

## COURT NOTICE

(U/o 5 Rule 20 CPC)
In The Court of
Sh. Arjun Singh Sandhu
Civil Judge (Junior Division)-8, Jalandhar
CNR No. PBJL02-003221-2020
Next Date:- 23-02-2026

MANGAT RAM

Vs. SUNIL KUMAR

Suit for grant of decree of Permanent Injunction as prayed for

Publication Issued To: Leela Wanti Daughter :- Late Sunder Dass H.N. 790 Urban Estate Phase Jaimalpur Backside Jain School Ludhiana Since Died Through Her L.r's

B) Surinder R/o H. No. 790 Urban Estate Phase, Jaimalpur Backside Jain School Ludhiana

In above titled case, the defendant respondent(s) could not be served. It is ordered that defendant(s)/respondent(s) should appear in person or through counsel on 23-02-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Junior Division)-8, Jalandhar
Dated, this day of 12-02-2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਹਰਿੰਦਰਜੀਤ ਸਿੰਘ, ਨਾਇਬ ਤਹਿਸੀਲਦਾਰ ਭੋਗਪੁਰ, ਜ਼ਿਲ੍ਹਾ ਜਲੰਧਰ।
ਵਿਸ਼ਾ :- ਮਾਲ ਰਿਕਾਰਡ ਦੀ ਦਰੁਸਤੀ ਸੰਬੰਧੀ।
ਨੋਟਿਸ ਬਨਾਮ - ਆਮ ਪਬਲਿਕ

ਹਰ ਆਮ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਜਸਵੰਤ ਸਿੰਘ ਪੁੱਤਰ ਸ੍ਰੀ ਅਜੀਤ ਸਿੰਘ ਵਾਸੀ ਪਿੰਡ ਤੇ ਡਾਕ. ਸਲਾਲਾ, ਜ਼ਿਲ੍ਹਾ ਜਲੰਧਰ ਨੇ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਕਿ ਵਾਕਿਆ ਪਿੰਡ ਸਲਾਲਾ ਸ੍ਰੀ ਜਸਵੰਤ ਸਿੰਘ ਦੇ ਪਿਤਾ ਜੀ ਦਾ ਨਾਂਅ ਮਾਲ ਮਹਿਕਮੇ ਦੇ ਰਿਕਾਰਡ ਵਿੱਚ ਜੀਤ ਸਿੰਘ ਦਰਜ ਹੈ ਅਤੇ ਬਾਕੀ ਦਸਤਾਵੇਜ਼ਾਂ ਵਿੱਚ ਅਜੀਤ ਸਿੰਘ ਲਿਖਿਆ ਹੋਇਆ ਹੈ। ਪੰਜਾਬ ਸਰਕਾਰ ਦੇ ਪੱਤਰ ਨੰਬਰ 25/78/2012-ਭ.ਮ.2/12445-71 ਚੰਡੀਗੜ੍ਹ ਮਿਤੀ 26.07.2013 ਦੀ ਪਾਲਣਾ ਹਿੱਤ ਨਾਂਅ ਦੀ ਦਰੁਸਤੀ ਦਾ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਕਿਸੇ ਨੂੰ ਵੀ ਮਾਲ ਰਿਕਾਰਡ ਵਿੱਚ ਪਿੰਡ ਸਲਾਲਾ ਸ੍ਰੀ ਜਸਵੰਤ ਸਿੰਘ ਦੇ ਪਿਤਾ ਜੀ ਦਾ ਨਾਂਅ ਮਾਲ ਮਹਿਕਮੇ ਦੇ ਰਿਕਾਰਡ ਵਿੱਚ ਜੀਤ ਸਿੰਘ ਉਰਫ ਅਜੀਤ ਸਿੰਘ ਦਰਜ ਕਰਨ ਸੰਬੰਧੀ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਉਹ ਆਪਣੇ ਇਤਰਾਜ਼ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਕੇ ਦੇ ਸਕਦਾ ਹੈ। ਉਕਤ ਮਿਤੀ ਤੋਂ ਬਾਅਦ ਆਏ ਇਤਰਾਜ਼ਾਂ 'ਤੇ ਕੋਈ ਕਾਰਵਾਈ ਨਹੀਂ ਹੋਵੇਗੀ ਅਤੇ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 28.01.2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ ਹੈ।

ਨਾਇਬ ਤਹਿਸੀਲਦਾਰ, ਭੋਗਪੁਰ।
ਨੰਬਰ :- 873/ਰੀਡਰ ਮਿਤੀ :- 11/2/2026

## COURT NOTICE

(U/o 5 Rule 20 Cpc)
In The Court of
Sh. Tanveer Singh Madhav
Civil Judge (Junior Division), Kharar
CNR No. PBSAA0-000484-2024
Next Date:- 17-04-2026

Harjinder Kaur

Vs.

Suresh Kumar

Publication Issued To: Suresh Kumar Son Bhullan Parsad, Near Gurudwara Sahib Vill. Kansal, Teh. Kharar, Distt. SAS Nagar, Mohali

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 17-04-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division), Kharar
Dated, this day of 05-02-2026

## COURT NOTICE

(U/o 5 Rule 20 CPC)
(Under Guardian And Ward Act)
In The Court of
Sh. Jasvir Singh
Additional Principal Judge
Family Court-II, Jalandhar
CNR No. PBJL01-006560-2024
Next Date:- 30-04-2026

Amandeep Kaur

Vs

Hari Singh

Notice To : General Public
: General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 30-04-2026 at 10:00 a.m.

For details logon to https://highcourtchd.gov.in/?mod=district_notice&district=Jalandhar

Additional Principal Judge
Family Court-II, Jalandhar
Dated, this day of 11-02-2026

## Public Notice

Parul W/o Gurpreet Singh & Gurpreet Singh, Both R/o # Baba Jiwan Singh Colony, Guru Ki Wadali, Chheharttha, Amritsar, Punjab, 143105, wants to avail a LAP Loan from Cholamandlam Investment & Finance Co Ltd, SCO 102-103, Third Floor, D-Block, Ranjit Avenue, Amritsar.The owner of the property below is Smt. Parul W/o Gurpreet Singh, vide Sale deed dated 13.06.2025, doc no 2025-26/197/1/1592.Owner of one Plot Pvt no 48, having its measurement as Length 40ft and breadth as 23ft, total area measuring 102.22 sq yards, having Khasra no 829, 2864/601, 2863/601/1, 881, 888, 818, 816, 2156/670/9, 2156/670/10/1, 2156/670/10/2, 2156/670/1, 2156/670/2, 2156/670/3, 2156/670/4, 2156/670/5, 2156/670/6/1, 2156/670/1, 805, 801, 864, 787, 2156/670/6/2, 2156/670/8, 2156/670/11, 2156/670/12, 2156/670/13 all min, hadbast no 380, situated at Wadali Guru Urban, Abadi Baba Jiwan Singh Ji Colony, Tehsil & Distt Amritsar, bounded as, East- Passage, West- House no 46, North-House no 49, South- House no 47 min.1. Original Sale deed dated 28.04.2009, doc no 949, executed by Buta Singh S/o Harnam Singh in favour of Buta Singh S/o Saroop Singh, total area measuring 102.22 sq yards is lost/missing. 2. Original GPA executed by Buta Singh in favour of Nirmal Singh, dated 12.01.2012 doc no 9676.If any person/Entity/DSA/Financial Institution/Bank/Govt. The department may have obtained or have issued any loan/Stay Order/Court Case against the said Sale deed or have any objection of any kind with regard to said Sale deed. He/she can file an objection regarding the use of above said documents as well as property within 10 days from the date of the present Publication to below mentioned person on the address or contact numbers given and after 10 days no claim shall be admitted and it would be assumed that the property is free from encumbrances/Litigation as far as the above documents are concerned.

Office: 114-A/1, District Courts, Amritsar. M:. 8054660650
M.R. Associates Advocates Rachit Bhatia

## ਸ਼੍ਰੇਯਾਂਸ ਫਾਈਨੈਂਸ਼ਿਅਲ ਅਤੇ ਕੈਪਿਟਲ ਸਰਵਿਸਜ਼ ਲਿਮਿਟੇਡ

31 ਦਸੰਬਰ, 2025 ਨੂੰ ਖਤਮ ਹੋਏ ਤਿਮਾਹੀ ਅਤੇ ਨੌ ਮਹੀਨਿਆਂ ਦੇ ਅਣ-ਪੜਤਾਲੇ ਵਿਤੀ ਨਤੀਜ਼ਿਆਂ ਦਾ ਵੇਰਵਾ

(ਈਪੀਐਸ ਡਾਟਾ ਨੂੰ ਛੱਡ ਕੇ ਰੁਪਏ ਸੈਂਕੜੇ ਵਿੱਚ)

| ਵੇਰਵਾ | ਤਿਮਾਹੀ ਖਤਮ 31.12.2025 (ਅਣ-ਪੜਤਾਲੇ) | ਤਿਮਾਹੀ ਖਤਮ 31.12.2024 (ਅਣ-ਪੜਤਾਲੇ) | ਨੌ ਮਹੀਨੇ ਖਤਮ 31.12.2025 (ਅਣ-ਪੜਤਾਲੇ) |
|---|---|---|---|
| ਕੁੱਲ ਆਮਦਨ | 60.84 | 118.75 | 16,500.73 |
| ਸ਼ੁੱਧ ਲਾਭ / ਨੁਕਸਾਨ (ਟੈਕਸ, ਅਸਧਾਰਨ ਅਤੇ ਹੋਰ ਵਾਧੂ ਆਇਟਮਾਂ ਤੋਂ ਪਹਿਲਾਂ) | (1,898.92) | (1,742.34) | 11,107.19 |
| ਸ਼ੁੱਧ ਲਾਭ / ਨੁਕਸਾਨ (ਟੈਕਸ ਤੋਂ ਪਹਿਲਾਂ ਅਤੇ ਅਸਧਾਰਨ ਅਤੇ ਹੋਰ ਵਾਧੂ ਆਇਟਮਾਂ ਤੋਂ ਬਾਦ) | (1,898.92) | (1,742.34) | 11,107.19 |
| ਸ਼ੁੱਧ ਲਾਭ/ਨੁਕਸਾਨ (ਟੈਕਸ, ਅਸਧਾਰਨ ਅਤੇ ਹੋਰ ਵਾਧੂ ਆਇਟਮਾਂ ਤੋਂ ਬਾਦ) | (1,421.00) | 287.59 | 8,311.73 |
| ਕੁੱਲ ਕੰਪ੍ਰੀਹੈਂਸਿਵ ਆਮਦਨ | (1,22,122.06) | (67,681.00) | 22,799.49 |
| ਇਕੁਇਟੀ ਸ਼ੇਅਰ ਪੂੰਜੀ | 1,00,000.00 | 1,00,000.00 | 1,00,000.00 |
| ਹੋਰ ਇਕੁਇਟੀ | - | - | - |
| ਪ੍ਰਤੀ ਸ਼ੇਅਰ ਕਮਾਈ (ਈ.ਪੀ.ਐਸ) (Rs. 10/- ਪ੍ਰਤੀ ਸ਼ੇਅਰ) ਮੁਢਲੀ ਅਤੇ ਡੀਲੂਟਡ | (0.14) | 0.03 | 0.83 |

ਨੋਟ : ਉਪਰੋਕਤ ਨਤੀਜੇ ਸੇਬੀ (ਐਲ.ਓ.ਡੀ.ਆਰ.) ਰੈਗੁਲੇਸ਼ਨਜ਼, 2015 ਦੀ ਰੇਗੁਲੇਸ਼ਨ 33 ਦੇ ਅਧੀਨ ਸਟਾਕ ਐਕਸਚੇਂਜ ਫਾਈਲ ਕੀਤੇ ਨਤੀਜ਼ਿਆਂ ਦਾ ਸੰਖੇਪ ਰੂਪ ਹੈ। ਉਪਰੋਕਤ ਨਤੀਜ਼ਿਆਂ ਦਾ ਫੁੱਲ ਫਾਰਮੇਟ ਮੈਟਰੋ ਪੋਲੀਟਨ ਸਟਾਕ ਐਕਸਚੇਂਜ ਆਫ ਇੰਡੀਆ ਲਿਮਿਟਡ ਦੀ ਵੈਬਸਾਇਟ www.msei.in ਅਤੇ ਕੰਪਨੀ ਦੀ ਵੈਬਸਾਇਟ www.sfcsl.co.in ਤੇ ਉਪਲੱਬਧ ਹੈ ਅਤੇ ਹੇਠਾਂ ਦਿਤੇ ਗਏ QR Code ਨੂੰ ਸਕੈਨ ਕਰਕੇ ਵੀ ਐਕਸੈਸ ਕੀਤੇ ਜਾ ਸਕਦੇ ਹਨ।

ਫੋਰ ਐਂਡ ਔਨ ਬੀਹਾਫ ਔਫ ਦੀ ਬੋਰਡ
ਸਹੀ/-
ਕੀਰਤੀ ਕੁਮਾਰ ਜੈਨ
ਕਾਰਜਕਾਰੀ ਡਾਈਰੇਕਟਰ
DIN : 00932391

ਮਿਤੀ : 12.02.2026
ਸਥਾਂਨ : ਲੁਧਿਆਣਾ

ਰਜਿ ਦਫ਼ਤਰ : ਸ਼੍ਰੀ ਰਿਸ਼ਬ ਪੇਪਰ ਮਿਲ ਪ੍ਰੀਮਿਸਜ਼, ਪਿੰਡ ਬਨਾ, ਨਵਾਂ ਸ਼ਹਿਰ, ਪੰਜਾਬ-144522.
Tel. No. 91-1881-273627, 273628, Fax :+ 91-1881-273645, Email: sfcsl141@gmail.com
Website: www.sfcsl.co.in, CIN - L65921PB1984PLC005967

## ਆਦਰਸ਼ ਨਗਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਇਕੱਤਰਤਾ

**ਖਰੜ (ਹਰਨਾਮ ਸਿੰਘ ਡੱਲਾ)**- ਆਦਰਸ਼ ਨਗਰ (ਡਵਾਈਨ ਇਕੋ ਸਿਟੀ) ਲਾਂਡਰਾਂ ਰੋਡ ਖਰੜ ਦੇ ਵਾਸੀਆਂ ਦੀ ਇੱਕ ਭਰਵੀ ਮੀਟਿੰਗ ਤੇਜਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਕਾਮਰੇਡ ਹਰਮੇਸ਼ ਸਿੰਘ ਨੇ ਖਰੜ ਵਿੱਚ ਪ੍ਰਸ਼ਾਸਨ ਦੀ ਮਾੜੀ ਕਾਰਗੁਜ਼ਾਰੀ ਅਤੇ ਪੰਜਾਬ ਦੇ ਰਾਜਨੀਤਕ ਹਾਲਾਤ ਬਾਰੇ ਆਪਣੇ ਵਿਚਾਰ ਰੱਖੇ। ਆਦਰਸ਼ ਨਗਰ ਦੇ ਵਿਕਾਸ ਬਾਰੇ ਗੱਲਬਾਤ ਕਰਦਿਆਂ ਮੀਟਿੰਗ ਵਿੱਚ ਹਾਜ਼ਰ ਹਰਜਿੰਦਰ ਸਿੰਘ ਵਾਲੀਆ, ਨਰਿੰਦਰ ਪਾਲ ਸਿੰਘ ਭਾਊ, ਭੁਪਿੰਦਰ ਸਿੰਘ ਮਾਵੀ, ਸੁਰਿੰਦਰ ਸਿੰਘ ਚੰਦੋ, ਕੇਸਰ ਸਿੰਘ, ਹਰਵਿੰਦਰ ਨਾਥ, ਅਭਿਸ਼ੇਕ, ਰਾਜ ਸ਼ਰਮਾ, ਪਰਵੀਨ, ਸ੍ਰੀਮਤੀ ਗੁਰਦੀਪ ਕੌਰ, ਰਮਨ ਕੁਮਾਰੀ, ਅਨੀਤਾ ਕੁਮਾਰੀ, ਮਨੀਸ਼ਾ ਮਹਿਤ, ਕਾਵਿਤਾ, ਗੀਤਾ, ਪ੍ਰੀਤੀ, ਸੀਤਲ ਰਜਨੀ,ਰੁਪਿੰਦਰ ਕੌਰ, ਨੇਹਾ ਸ਼ਰਮਾ, ਸੋਨਕਾ ਤੇ ਜਤਿੰਦਰ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਅਸੀਂ ਪਾਣੀ, ਸੜਕਾਂ, ਸਫਾਈ ਪ੍ਰਬੰਧ, ਸੀਵਰੇਜ ਦੀ ਸਮੱਸਿਆ ਨਾਲ ਵੀ ਜੂਝ ਰਹੇ ਹਾਂ। ਅੰਤਰਰਾਜੀ ਮਜ਼ਦੂਰਾਂ ਦੀ ਸਮੱਸਿਆ ਹੈ ਕਿ ਉਨ੍ਹਾਂ ਦੇ ਠੇਕੇਦਾਰਾਂ ਵੱਲੋਂ ਪਖਾਨੇ ਦੀ ਸਹੂਲਤ ਨਾ ਦੇਣ ਕਰਕੇ ਉਹ ਖੁੱਲ੍ਹੇ ਵਿੱਚ ਹੀ ਚਲੇ ਜਾਂਦੇ ਹਨ। ਜਿਸ ਕਰਕੇ ਮੱਛਰ ਮੱਖੀਆਂ ਫੈਲਣ ਕਰਕੇ ਬਿਮਾਰੀਆਂ ਫੈਲਣ ਦਾ ਖਤਰਾ ਬਣਿਆ ਰਹਿੰਦਾ ਹੈ। ਮੀਟਿੰਗ ਵਿੱਚ ਇਕੱਤਰ ਹੋਏ ਲੋਕਾਂ ਵੱਲੋਂ ਜਲਦੀ ਹੀ ਪ੍ਰਸ਼ਾਸਨਕ ਉੱਚ ਅਧਿਕਾਰੀਆਂ ਨੂੰ ਮਿਲ ਕੇ ਸਮੱਸਿਆਵਾਂ ਦਾ ਹੱਲ ਕਰਨ ਲਈ ਅਪੀਲ ਕੀਤੀ ਜਾਵੇਗੀ।



## ਮੁਜ਼ਾਹਰਾ ਕਰ ਰਹੇ ਲੋਕਾਂ ਨੂੰ ਪੁਲਿਸ ਨੇ ਬੈਰੀਕੇਡ ਲਗਾ ਕੇ ਜਬਰੀ ਰੋਕਿਆ

**ਜਲੰਧਰ (ਰਾਜੇਸ਼ ਥਾਪਾ)**- ਟਰੇਡ ਯੂਨੀਅਨਾਂ ਦੇ ਸੱਦੇ ਉੱਤੇ ਦੇਸ਼ ਪੱਧਰੀ ਆਮ ਹੜਤਾਲ ਦੇ ਸੱਦੇ ਉੱਤੇ ਜ਼ਿਲ੍ਹਾ ਭਰ ਵਿੱਚ ਹੜਤਾਲ ਕੀਤੀ ਗਈ। ਹੜਤਾਲ ਕਰਕੇ ਦੇਸ਼ ਲੇਬਰ ਕੋਡ ਰੱਦ ਕਰਕੇ ਪਹਿਲੇ ਮਜ਼ਦੂਰ ਕਾਨੂੰਨਾਂ ਨੂੰ ਬਹਾਲ ਕਰਨ,ਮਿੱਡ ਡੇ ਮੀਲ, ਆਸ਼ਾ ਵਰਕਰ, ਆਂਗਣਵਾੜੀ ਵਰਕਰਾਂ ਸਮੇਤ ਕੱਚੇ ਮੁਲਾਜ਼ਮਾਂ ਨੂੰ ਪੱਕੇ ਵਰਕਰ ਦਾ ਦਰਜਾ ਦੇਣ, ਤਨਖਾਹ 26000 ਰੁਪਏ ਪ੍ਰਤੀ ਮਹੀਨਾ ਕਰਨ, ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ 2025 ਨੂੰ ਰੱਦ ਕਰਨ, ਵਿਕਸਤ ਭਾਰਤ ਜੀ ਰਾਮ ਜੀ ਰੱਦ ਕਰਕੇ ਮਗਨਰੇਗਾ ਕਾਨੂੰਨ ਮੁੜ ਬਹਾਲ ਕਰਨ,ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਨ ਅਤੇ ਭਾਰਤ-ਅਮਰੀਕਾ ਵਪਾਰ ਸਮਝੌਤਾ ਰੱਦ ਕਰਨ ਦੀ ਮੰਗ ਨੂੰ ਲੈ ਕੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੈਂਕੜਿਆਂ ਦੀ ਗਿਣਤੀ ਵਿੱਚ ਟ੍ਰੇਡ ਯੂਨੀਅਨ ਵਰਕਰਾਂ,ਮਿੱਡ ਡੇ ਮੀਲ ਵਰਕਰ, ਆਸ਼ਾ ਵਰਕਰ, ਪੇਂਡੂ ਤੇ ਖੇਤ ਮਜ਼ਦੂਰਾਂ, ਮੁਲਾਜ਼ਮਾਂ, ਪੈਨਸ਼ਨਰਾਂ, ਕਿਸਾਨਾਂ ਵਲੋਂ ਸ਼ਮੂਲੀਅਤ ਕੀਤੀ ਗਈ। ਰੈਲੀ ਕਰਨ ਉਪਰੰਤ ਜਥੇਬੰਦੀਆਂ ਨੇ ਦੇਸ਼ ਭਗਤ ਯਾਦਗਾਰ ਹਾਲ ਤੋਂ ਪ੍ਰੈੱਸ ਕਲੱਬ ਤੱਕ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ। ਜਦੋਂ ਮੁਜ਼ਾਹਰਾਕਾਰੀ ਪ੍ਰੈੱਸ ਕਲੱਬ ਤਰਫ਼ ਨੂੰ ਵੱਧ ਰਹੇ ਸਨ ਤਾਂ ਉਨ੍ਹਾਂ ਨੂੰ ਦੇਸ਼ ਭਗਤ ਯਾਦਗਾਰ ਹਾਲ ਦੇ ਬਾਹਰ ਭਾਰੀ ਪੁਲਿਸ ਫੋਰਸ ਵਲੋਂ ਮੁੱਖ ਸੜਕ ਉੱਪਰ ਮੋਟਰ ਗੱਡੀਆਂ ਅਤੇ ਲੋਹੇ ਦੇ ਬੈਰੀਕੇਡ ਲਗਾ ਕੇ ਜ਼ਬਰੀ ਰੋਕ ਲਿਆ ਗਿਆ ਤਾਂ ਪ੍ਰਦਰਸ਼ਨਕਾਰੀਆਂ ਨੇ ਉੱਥੇ ਹੀ ਸੜਕ ਵਿਚਕਾਰ ਧਰਨਾ ਲਗਾ ਦਿੱਤਾ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸੰਘਰਸ਼ ਨੂੰ ਤੇਜ਼ ਤੇ ਵਿਸ਼ਾਲ ਕਰਨ ਦਾ ਐਲਾਨ ਕਰਦਿਆਂ ਦੋ ਘੰਟੇ ਉਪਰੰਤ ਧਰਨਾ ਪ੍ਰਦਰਸ਼ਨ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਬਲਵਿੰਦਰ ਕੁਮਾਰ, ਪ ਸ ਸ ਫ ਦੇ ਸੂਬਾ ਆਗੂ ਪ੍ਰਸ਼ਪਿੰਦਰ ਬਿਰਦੀ,ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਆਗੂ ਹਰਿੰਦਰ ਦੁਸਾਂਝ,ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਰਾਜ ਕੁਮਾਰੀ, ਭੁਪਿੰਦਰ ਕੌਰ ਅਤੇ ਕੁਲਵਿੰਦਰ ਨੂਸੀ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਬਲਦੇਵ ਸਿੰਘ ਨੂਰਪੁਰੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਆਗੂ ਵੀਰ ਕੁਮਾਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਹਰਮੇਸ਼ ਮਾਲੜੀ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਡੈਮੋਕ੍ਰੇਟਿਕ ਆਸ਼ਾ ਵਰਕਰ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੇ ਅੰਮ੍ਰਿਤਪਾਲ ਕੌਰ ਨੂਸੀ,ਭਾਰਤੀ ਇਸਤਰੀ ਜਾਗ੍ਰਿਤੀ ਮੰਚ ਦੇ ਜਸਵੀਰ ਕੌਰ ਜੱਸੀ,ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜਸਵੀਰ ਸਿੰਘ ਸਿੰਘਪੁਰ ਦੋਨਾ,ਸੀ ਟੀ ਯੂ ਦੇ ਜ਼ਿਲ੍ਹਾ ਸਕੱਤਰ ਹਰਮੁਨੀ ਸਿੰਘ, ਤਰਕਸ਼ੀਲ ਸੁਸਾਇਟੀ ਦੇ ਜਸਵਿੰਦਰ ਸਿੰਘ ਪਟਵਾਰੀ,ਜਨਰਲ ਮਜ਼ਦੂਰ ਯੂਨੀਅਨ ਦੇ ਰਛਪਾਲ ਕੈਲੇ ਤੋਂ ਇਲਾਵਾ ਮਿੱਡ ਡੇ ਮੀਲ ਵਰਕਰ ਆਗੂਆਂ ਸੀਮਾ, ਰਜਨੀ, ਪ੍ਰਵੀਨ ਆਦਿ ਨੇ ਸੰਬੋਧਨ ਕੀਤਾ।



**ਵਰਕਰਾਂ ਨੇ ਲਗਾਇਆ ਧਰਨਾ, ਤਿੱਖੇ ਸੰਘਰਸ਼ ਦਾ ਐਲਾਨ**

## ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਰੈਲੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਦੇਸ਼ ਦੀਆਂ ਵੱਖ-ਵੱਖ ਟਰੇਡ ਯੂਨੀਅਨਾਂ, ਮੁਲਾਜ਼ਮ, ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵਲੋਂ ਕੇਂਦਰ ਦੀਆਂ ਮਜ਼ਦੂਰ, ਕਿਸਾਨ, ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀਆਂ ਨੂੰ ਭਾਂਜ ਦੇਣ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਦਿਆਂ ਦੇਸ਼ ਵਿਆਪੀ ਹੜਤਾਲ ਦੇ ਦਿੱਤੇ ਗਏ ਸੱਦੇ ਤਹਿਤ ਹੁਸ਼ਿਆਰਪੁਰ ਵਿਖੇ ਰੋਹ ਭਰਪੂਰ ਰੈਲੀ ਕੀਤੀ ਗਈ। ਸ਼ਹੀਦ ਉਧਮ ਸਿੰਘ ਪਾਰਕ ਵਿਖੇ ਇਕੱਤਰ ਹੋਣ ਉਪਰੰਤ ਰੋਸ ਮਾਰਚ ਕਰਦਿਆਂ ਬਸ ਸਟੈਂਡ ਦੇ ਗੇਟ ਅੱਗੇ ਜਾਮ ਲਗਾਇਆ ਗਿਆ। ਕਾ. ਗੁਰਮੇਸ਼ ਸਿੰਘ, ਕਾ. ਗੰਗਾ ਪ੍ਰਸ਼ਾਦ, ਸਤੀਸ਼ ਰਾਣਾ, ਮਨਜੀਤ ਕੌਰ, ਹਰਜਿੰਦਰ ਕੌਰ, ਗੁਰਬਖਸ਼ ਕੌਰ, ਜਗਤਾਰ ਸਿੰਘ ਭਿੰਡਰ ਦੀ ਅਗਵਾਈ ਹੇਠ ਬਸ ਟੈਂਡ ਹੁਸ਼ਿਆਰਪੁਰ ਅੱਗੇ ਲਗਾਏ ਜਾਮ ਦੌਰਾਨ ਰੈਲੀ ਕੀਤੀ ਗਈ। ਸਟੇਜ ਦੀ ਕਾਰਵਾਈ ਚਲਾਉਂਦਿਆਂ ਸੀਟੂ ਆਗੂ ਮਹਿੰਦਰ ਕੁਮਾਰ ਬੱਡੋਆਣਾ ਨੇ ਦੇਸ਼ ਵਿਆਪੀ ਹੜਤਾਲ ਦਾ ਮਨੋਰਥ ਸਾਂਝਾ ਕੀਤਾ। ਪ੍ਰਧਾਨਗੀ ਮੰਡਲ ਤੋਂ ਇਲਾਵਾ ਇਸ ਮੌਕੇ ਸੰਬੋਧਨ ਕਰਦਿਆਂ ਪ੍ਰਵੇਸ਼ ਕੁਮਾਰ, ਇੰਦਰਜੀਤ ਵਿਰਦੀ, ਆਸ਼ਾ ਰਾਣੀ, ਮਨਜੀਤ ਸੈਣੀ, ਆਸਾ ਨੰਦ, ਖੁਸ਼ੀ ਰਾਮ ਧੀਮਾਨ, ਸੁਖਦੇਵ ਢਿੱਲੋਂ, ਕੁਲਵੰਤ ਸਿੰਘ ਸੈਣੀ, ਨਿਰਮਲ ਸਿੰਘ, ਮਾਸਟਰ ਸਿੰਗਾਰਾ ਸਿੰਘ, ਓਂਕਾਰ ਸਿੰਘ, ਸੁਖਵੀਰ ਸਿੰਘ ਨੇ ਆਖਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ 2025 ਬਿਜਲੀ ਸੋਧ ਬਿੱਲ ਪਾਸ ਕਰਕੇ ਗਰੀਬ ਹੱਥੋਂ ਬਿਜਲੀ ਖੋਹਣ ਦਾ ਕੰਮ ਕੀਤਾ ਹੈ ਅਤੇ ਵਪਾਰ ਸਮਝੌਤਾ ਸੀਡ ਬਿੱਲ ਪਾਸ ਕਰਕੇ ਕਿਸਾਨ ਤੇ ਖੇਤੀ ਸੈਕਟਰ ਨੂੰ ਖਤਮ ਕਰਨ ਦੀ ਵੱਡੀ ਸਾਜ਼ਿਸ਼ ਰਚੀ ਗਈ ਹੈ। ਰੋਸ ਪ੍ਰਦਰਸ਼ਨ ਦੇ ਅੰਤ ਵਿੱਚ ਜਨਵਾਦੀ ਇਸਤਰੀ ਆਗੂ ਨੀਲਮ ਰਾਣੀ ਨੇ ਧੰਨਵਾਦ ਕਰਦਿਆਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਦੇ ਖਿਲਾਫ ਲਗਾਤਾਰ ਸੰਘਰਸ਼ ਉਲੀਕਣ ਨੂੰ ਪਹਿਲ ਦੇਣੀ ਚਾਹੀਦੀ ਹੈ ਅਤੇ ਸਮੂਹ ਕਿਰਤੀ ਵਰਗ ਨੂੰ ਤਿੱਖੇ ਸੰਘਰਸ਼ਾਂ ਲਈ ਤਿਆਰ ਰਹਿਣਾ ਚਾਹੀਦਾ ਹੈ।



## ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੈਲੀ ਤੇ ਮੁਜ਼ਾਹਰਾ

**ਬੰਗਾ (ਅਵਤਾਰ ਕਲੇਰ)**- ਟਰੇਡ ਯੂਨੀਅਨਾਂ ਵੱਲੋਂ ਦਿੱਤੇ ਗਏ ਦੇਸ਼ ਵਿਆਪੀ ਹੜਤਾਲ ਦੇ ਸੱਦੇ ਉੱਤੇ ਜਿਲਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਟਰੇਡ ਯੂਨੀਅਨਾਂ ਪੇਂਡੂ ਤੇ ਖੇਤ ਮਜ਼ਦੂਰ ਜਥਬੰਦੀਆਂ ਮੁਲਾਜ਼ਮ ਅਤੇ ਪੈਨਸ਼ਨਰਜ਼ ਯੂਨੀਅਨਾਂ ਨੇ ਹੜਤਾਲ ਕਰਕੇ ਬੱਸ ਅੱਡਾ ਨਵਾਂਸ਼ਹਿਰ ਵਿਖੇ ਵਿਸ਼ਾਲ ਰੈਲੀ ਕੀਤੀ ਜਿਸਦੀ ਪ੍ਰਧਾਨਗੀ ਬਲਜੀਤ ਕੌਰ,ਨਿਰੰਜਣ ਦਾਸ, ਕੁਲਦੀਪ ਸਿੰਘ ਦੌੜਕਾ ਅਤੇ ਗੁਰਦਿਆਲ ਰੱਕੜ ਨੇ ਕੀਤੀ।ਇਸ ਰੈਲੀ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾ ਸਕੱਤਰ ਮਹਾਂ ਸਿੰਘ ਰੌੜੀ, ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਸਕੱਤਰ ਅਵਤਾਰ ਸਿੰਘ ਤਾਰੀ,ਏਟਕ ਦੇ ਆਗੂ ਨਿਰੰਜਨ ਦਾਸ, ਕਿਰਤੀ ਕਿਸਾਨ ਯੂਨੀਅਨ ਦੇ ਜਿਲਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ,ਕੁਲ ਹਿੰਦ ਕਿਸਾਨ ਸਭਾ ਦੇ ਜਿਲਾ ਪ੍ਰਧਾਨ ਚਰਨਜੀਤ ਸਿੰਘ ਦੌਲਤ ਪੁਰ, ਬਲਵੀਰ ਸਿੰਘ ਜਾਡਲਾ,ਸੁਖਵਿੰਦਰ ਸਿੰਘ,ਨਿਰਮਲ ਸਿੰਘ ਔਜਲਾ, ਜਿਲਾ ਸਕੱਤਰ ਜਸਵਿੰਦਰ ਸਿੰਘ ਭੰਗਲ, ਜੁਝਾਰ ਸਿੰਘ,ਪੰਜਾਬ ਪੈਨਸ਼ਨਰ ਵੈਲਫ਼ੇਅਰ ਯੂਨੀਅਨ ਦੇ ਆਗੂ ਕਰਨੈਲ ਸਿੰਘ ਰਾਹੋਂ, ਬੀ ਕੇ ਯੂ ਰਾਜੇਵਾਲ ਦੇ ਜਿਲਾ ਪ੍ਰਧਾਨ ਸੰਤੋਖ ਸਿੰਘ ਰੈਲ ਮਾਜਰਾ, ਆਸ਼ਾ ਵਰਕਰ ਯੂਨੀਅਨ ਦੇ ਸੂਬਾ ਸਕੱਤਰ ਸ਼ਕੁੰਤਲਾ ਸਰੋਏ, ਜਿਲਾ ਪ੍ਰਧਾਨ ਅਮਰਜੀਤ ਕੌਰ,ਆਂਗਣਵਾੜੀ ਵਰਕਰ ਯੂਨੀਅਨ ਦੇ ਜਿਲਾ ਪ੍ਰਧਾਨ ਬਲਜੀਤ ਕੌਰ,ਜਿਲਾ ਸਕੱਤਰ ਲਖਵਿੰਦਰ ਕੌਰ, ਸੀਟੂ ਦੇ ਆਗੂ ਜਸਵੰਤ ਸਿੰਘ ਸੈਣੀ, ਸਵਰਾਜ ਮਾਜ਼ਦਾ ਵਰਕਰ ਯੂਨੀਅਨ ਦੇ ਆਗੂ ਪਰਵਿੰਦਰ ਸੈਣੀ,ਸ਼ੂਗਰ ਮਿੱਲ ਵਰਕਰ ਯੂਨੀਅਨ ਨਵਾਂਸ਼ਹਿਰ ਦੇ ਆਗੂ ਰਾਕੇਸ਼ ਕੁਮਾਰ , ਪਨਬੱਸ ਯੂਨੀਅਨ ਦੇ ਆਗੂ ਨਰਿੰਦਰ ਪੰਡੋਰੀ, ਮਹੇਸ਼,ਪੈਨਸ਼ਨਰ ਯੂਨੀਅਨ ਦੇ ਸਰਕਲ ਪ੍ਰਧਾਨ ਕੁਲਵਿੰਦਰ ਸਿੰਘ ਅਟਵਾਲ, ਵਿਜੈ ਕੁਮਾਰ, ਅਸ਼ਵਨੀ ਕੁਮਾਰ, ਜਗਤਾਰ ਸਿੰਘ ਪੰਨੂੰ ਮਜਾਰਾ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਜਿਲਾ ਪ੍ਰਧਾਨ ਡਾਕਟਰ ਕਸ਼ਮੀਰ ਸਿੰਘ ਢਿੱਲੋਂ, ਏਟਕ ਦੇ ਆਗੂ ਹਸ਼ਮਤ ਅਲੀ,ਮੋਹਨ ਸਿੰਘ ਬੂਟਾ, ਜਗਦੀਸ਼ ਜਾਡਲਾ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਹਰਪਾਲ ਸਿੰਘ ਜਗਤ ਪੁਰ, ਜ਼ਮਹੂਰੀ ਕਿਸਾਨ ਸਭਾ ਦੇ ਸਤਨਾਮ ਸੁੱਜੋਂ, ਜੰਗਲਾਤ ਵਰਕਰ ਯੂਨੀਅਨ ਦੇ ਪਰਮਿੰਦਰ ਸੰਧੂ,ਭੱਠਾ ਮਜ਼ਦੂਰ ਯੂਨੀਅਨ ਦੇ ਜਿਲਾ ਪ੍ਰਧਾਨ ਗੁਰਦਿਆਲ ਰੱਕੜ, ਜੁਗਾੜੂ ਰੇੜ੍ਹਾ ਵਰਕਰ ਯੂਨੀਅਨ ਦੇ ਆਗੂ ਬੀਰ ਬਹਾਦੁਰ,ਪੇਂਡੂ ਮਜ਼ਦੂਰ ਯੂਨੀਅਨ ਦੇ ਜਿਲਾ ਪ੍ਰਧਾਨ ਕਮਲਜੀਤ ਸਨਾਵਾ, ਕਿਰਨਜੀਤ ਕੌਰ, ਪਰਵਾਸੀ ਮਜ਼ਦੂਰ ਯੂਨੀਅਨ ਦੇ ਜਿਲਾ ਪ੍ਰਧਾਨ ਪਰਵੀਨ ਕੁਮਾਰ ਨਿਰਾਲਾ,ਆਟੋ ਵਰਕਰ ਯੂਨੀਅਨ ਦੇ ਜਿਲਾ ਪ੍ਰਧਾਨ ਪੁਨੀਤ ਕੁਮਾਰ ਬਛੌੜੀ, ਸੁਰਜੀਤ ਮੱਲਪੁਰੀ,ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨਿੱਜੀਕਰਨ ਤੇ ਪੰਚਾਇਤੀਕਰਨ ਦੀਆਂ ਨੀਤੀਆਂ ਜਿਵੇਂ ਚਾਰ ਲੇਬਰ ਕੋਡਜ਼, ਬਿਜਲੀ ਸੋਧ ਬਿੱਲ, ਬੀਜ ਬਿੱਲ, ਮੁਕਤ ਵਪਾਰ ਸਮਝੌਤਾ, ਮਗਨਰੇਗਾ ਦੀ ਥਾਂ ਨਵਾਂ ਲਿਆਂਦਾ ਮਜ਼ਦੂਰ ਵਿਰੋਧੀ ਜੀ ਰਾਮ ਜੀ ਕਾਨੂੰਨ, ਭਾਰਤ - ਅਮਰੀਕਾ ਵਪਾਰ ਸਮਝੌਤਾ,ਪੰਜਾਬ ਸਰਕਾਰ ਵੱਲੋਂ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚਣ ਆਦਿ ਮਸਲਿਆਂ ਤੇ ਸਰਕਾਰਾਂ ਦੀ ਤਿੱਖੀ ਆਲੋਚਨਾ ਕੀਤੀ ਗਈ । ਬਾਅਦ ਵਿੱਚ ਸ਼ਹਿਰ ਵਿਚ ਮੁਜ਼ਾਹਰਾ ਵੀ ਕੀਤਾ ਗਿਆ।



## ਗੁਰਬਾਣੀ ਕੰਠ ਤੇ ਦਸਤਾਰ ਮੁਕਾਬਲੇ 21 ਨੂੰ

**ਫਿਲੌਰ, (ਨਿਰਮਲ)**- ਨਜ਼ਦੀਕੀ ਪਿੰਡ ਤੇਹਿੰਗ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਬਾਣੀ ਕੰਠ ਮੁਕਾਬਲੇ ਤੇ ਦਸਤਾਰ ਮੁਕਾਬਲੇ 21 ਫਰਵਰੀ ਨੂੰ ਕਰਵਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕੁਲਵਿੰਦਰ ਸਿੰਘ, ਤੀਰਥ ਸਿੰਘ ਸੋਹਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਤੇਹਿੰਗ ਵੈਲਫੇਅਰ ਕਮੇਟੀ , ਏਕਨੂਰ ਹਾਕੀ ਅਕੈਡਮੀ, ਐਨ ਆਰ ਆਈ ਵੀਰ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਬਾਣੀ ਕੰਠ ਮੁਕਾਬਲੇ ਅਤੇ ਦਸਤਾਰ ਮੁਕਾਬਲੇ 21 ਫਰਵਰੀ ਦਿਨ ਸ਼ਨੀਵਾਰ ਨੂੰ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 7 ਤੋਂ 11 ਸਾਲ ਦੇ ਬੱਚਿਆਂ ਨੂੰ ਜਪੁਜੀ ਸਾਹਿਬ , ਰਹਿਰਾਸ ਸਾਹਿਬ , ਕੀਰਤਨ ਸੋਹਿਲਾ ਕੰਠ ਕਰਨ ਵਾਲੇ ਬੱਚਿਆਂ ਚ ਪਹਿਲੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ 7500 ਦੂਜੇ ਸਥਾਨ ਤੇ 5500 ਤੀਜੇ ਸਥਾਨ ਤੇ 3500 ਰੁਪਏ, 7 ਤੋਂ 11 ਸਾਲ ਦੇ ਬੱਚੇ ਜਿਨ੍ਹਾਂ ਨੂੰ ਨਿਤਨੇਮ 7 ਬਾਣੀਆਂ ਕੰਠ ਹੋਣਗੀਆਂ ਉਨ੍ਹਾਂ ਨੂੰ ਪਹਿਲੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ 9500, ਦੂਜੇ ਸਥਾਨ ਤੇ 7500 ਤੀਜੇ ਸਥਾਨ ਤੇ 5500 ਰੁਪਏ , 17 ਤੋਂ 21 ਸਾਲ ਦੇ ਬੱਚੇ ਨਿਤਨੇਮ 7 ਬਾਣੀਆਂ, ਸੁਖਮਨੀ ਸਾਹਿਬ ਅਤੇ ਆਸਾ ਦੀ ਵਾਰ ਕੰਠ ਕਰਨ ਵਾਲੇ ਬੱਚਿਆਂ ਚ ਪਹਿਲੇ ਸਥਾਨ ਤੇ ਆਉਣ ਵਾਲੇ ਬੱਚੇ ਨੂੰ 11500, ਦੂਜੇ ਸਥਾਨ ਵਾਲੇ ਨੂੰ 9500, ਤੀਜੇ ਸਥਾਨ ਵਾਲੇ ਨੂੰ 7500 ਰੁਪਏ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਜਾਵੇਗਾ।ਗੁਰਬਾਣੀ ਕੰਠ ਮੁਕਾਬਲਿਆਂ 'ਚ ਭਾਗ ਲੈਣ ਵਾਲੇ ਹਰ ਇੱਕ ਬੱਚੇ ਨੂੰ ਇੱਕ ਹਜ਼ਾਰ ਰੁਪਏ ਨਗਦ ਨਾਲ ਸਨਮਾਨਤ ਕੀਤਾ ਜਾਵੇਗਾ। ਸਾਬਤ ਸੂਰਤ ਬੱਚਿਆਂ ਨੂੰ ਪਹਿਲ ਦਿੱਤੀ ਜਾਵੇਗੀ। ਇਸੇ ਤਰ੍ਹਾਂ ਦਸਤਾਰ ਮੁਕਾਬਲਿਆਂ ਚ 14 ਸਾਲ ਦੇ ਬੱਚਿਆਂ ਚ ਪਹਿਲੇ ਸਥਾਨ ਵਾਲੇ ਨੂੰ 12000, ਦੂਜੇ ਸਥਾਨ ਵਾਲੇ ਨੂੰ 10000 ਤੀਜੇ ਸਥਾਨ ਵਾਲੇ ਨੂੰ 8000, ਦੂਜਾ ਗਰੁੱਪ 17 ਸਾਲ ਵਾਲੇ ਬੱਚਿਆਂ 'ਚ ਪਹਿਲੇ ਸਥਾਨ ਵਾਲੇ ਨੂੰ 15000 ਦੂਜੇ ਸਥਾਨ ਵਾਲੇ ਨੂੰ 12000 ਤੀਜੇ ਸਥਾਨ ਵਾਲੇ ਨੂੰ 10000 ਰੁਪਏ ਨਗਦ ਇਨਾਮ ਦਿੱਤੇ ਜਾਣਗੇ। ਦਸਤਾਰ ਮੁਕਾਬਲਿਆਂ 'ਚ ਭਾਗ ਲੈਣ ਵਾਲੇ ਹਰ ਇੱਕ ਬੱਚੇ ਨੂੰ 500 ਰੁਪਏ ਨਗਦ ਨਾਲ ਸਨਮਾਨਤ ਕੀਤਾ ਜਾਵੇਗਾ। ਪ੍ਰਬੰਧਕਾ ਨੇ ਦੱਸਿਆ ਕਿ ਇਸੇ ਦਿਨ ਅੱਖਾਂ ਅਤੇ ਦੰਦਾਂ ਦਾ ਮੁਫ਼ਤ ਚੈਕ ਅੱਪ ਕੈਂਪ ਵੀ ਲਗਾਇਆ ਜਾਵੇਗਾ ਜਿਸ ਦੌਰਾਨ ਦੰਦਾਂ ਦੇ ਮਾਹਿਰ ਡਾਕਟਰ ਕੁਲਦੀਪ ਰਾਏ ਵੱਲੋਂ ਆਪਣੀ ਟੀਮ ਸਮੇਤ ਦੰਦਾਂ ਦਾ ਚੈੱਕ ਅੱਪ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਲੰਧਰ, ਨਵਾਂਸ਼ਹਿਰ, ਹੁਸ਼ਿਆਰਪੁਰ ਅਤੇ ਕਪੂਰਥਲਾ ਦੇ ਬੱਚਿਆਂ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੱਚੇ ਵੱਧ ਤੋਂ ਵੱਧ ਬਾਣੀਆਂ ਕੰਠ ਅਤੇ ਵਧੀਆ ਦਸਤਾਰ ਸਜਾਉਣ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

## ਸ਼ਹਿਰੀ ਖੇਤਰਾਂ 'ਚ ਸਕੂਲ ਖੋਲ੍ਹਣ ਤਹਿਤ ਕੀਤਾ ਜਾਵੇਗਾ ਸਰਵੇ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਿਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰੀ ਖੇਤਰਾਂ ਵਿੱਚ ਵੱਧਦੀ ਹੋਈ ਆਬਾਦੀ ਤੇ ਖੇਤਰ ਦੇ ਮੱਦੇਨਜਰ ਬੱਚਿਆਂ ਦੀ ਸਿਖਿਆ ਮਹੁਇਆ ਕਰਵਾਉਣ ਲਈ ਸਕੂਲ ਖੋਲਣ ਤਹਿਤ ਸਰਵੇ ਕੀਤਾ ਜਾਵੇ ਤਾਂ ਜੋ ਸ਼ਹਿਰਾਂ ਵਿੱਚ ਬੱਚਿਆਂ ਨੂੰ ਲੰਬੀ ਦੂਰੀ ਤੈਅ ਕਰ ਕੇ ਸਕੂਲ ਨਾ ਜਾਣਾ ਪਵੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਰਾਜ ਪੱਧਰੀ ਦਿਸ਼ਾ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਅਲਾਵਲਪੁਰ, (ਮਦਨ ਬੰਗੜ)**- ਨਜ਼ਦੀਕੀ ਪਿੰਡ ਮੁਰਾਦਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਮੰਦਰ ਨੌਜਵਾਨ ਸਭਾ ਅਤੇ ਸਮੁੱਚੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦਾ 649ਵਾਂ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸੰਤ ਸੁਰਿੰਦਰ ਦਾਸ ਬਾਵਾ ਜੀ ਸੰਸਥਾਪਕ ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ, ਅਤੇ ਸੰਤ ਹਰਵਿੰਦਰ ਦਾਸ ਆਦਮਪੁਰ ਉਚੇਚੇ ਤੌਰ 'ਤੇ ਪਹੁੰਚੇ । ਪ੍ਰਵਚਨ ਕਰਦਿਆਂ ਸੰਤ ਸੁਰਿੰਦਰ ਦਾਸ ਬਾਵਾ ਜੀ ਨੇ ਵਿਸ਼ਵ ਭਰ ਵਿੱਚ ਹੋ ਰਹੇ ਸਤਿਗੁਰ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ 'ਤੇ ਚਾਨਣਾ ਪਾਇਆ। ਇਸ ਮੌਕੇ ਵੱਖ-ਵੱਖ ਜਥਿਆਂ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਸੰਗਤ ਨੂੰ ਪ੍ਰਭੂ ਭਗਤੀ ਨਾਲ ਜੋੜਿਆ। ਇਸ ਮੌਕੇ ਬੰਗੜ ਬ੍ਰਦਰ ਵੱਲੋਂ ਵੀ ਹਾਜ਼ਰੀ ਲਗਵਾਈ ਗਈ। ਇਸ ਮੌਕੇ ਮਨਿੰਦਰ ਸਿੰਘ, ਭੁਪਿੰਦਰ ਸਿੰਘ, ਦਲਵਿੰਦਰ ਸਿੰਘ, ਮੁੱਖ ਸੇਵਾਦਾਰ ਬਲਬੀਰ ਚੰਦ ਹੀਰ , ਲਾਲ ਜੀ, ਕੁਲਦੀਪ ਲਾਲ, ਸੁਖਵਿੰਦਰ ਸਿੰਘ, ਜਸਕਰਨ, ਜੀਵਨ ,ਓਮ ਪ੍ਰਕਾਸ਼, ਮਦਨ ਲਾਲ, ਰੋਹਿਤ, ਜੋਗੇਸ਼, ਅਮਨਦੀਪ, ਡਾ. ਬਲਦੇਵ ਜਗਰਾਵਾਂ, ਆਦਿ ਤੋਂ ਇਲਾਵਾ ਮੁਰਾਦਪੁਰ ਤੇ ਪਿੰਡ ਜਗਰਾਵਾਂ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

## ਮੋਰਿੰਡਾ ਫਤਿਹ ਦਿਵਸ ਸੰਬੰਧੀ ਢਾਡੀ ਦਰਬਾਰ ਕਰਵਾਇਆ

ਮੋਰਿੰਡਾ (ਨਿਹਾਲ ਸਿੰਘ ਕਲਸੀ)-ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵਲੋਂ ਮੋਰਿੰਡਾ ਫ਼ਤਿਹ ਦਿਵਸ ਖ਼ਾਲਸਾਈ ਰਿਵਾਇਤਾਂ ਨਾਲ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਲਵੀਰ ਸਿੰਘ ਮੂੰਡੀਆ ਅਤੇ ਫੈਡਰੇਸ਼ਨ ਦੇ ਸਰਪ੍ਰਸਤ ਕੁਲਵੀਰ ਸਿੰਘ ਸੋਨੂੰ ਨੇ ਦੱਸਿਆ ਕਿ ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਸਮੇਂ ਸਿੱਖ ਵਿਦਵਾਨਾਂ, ਢਾਡੀ ਜਥਿਆਂ ਤੇ ਪਤਵੰਤੇ ਸੱਜਣਾਂ ਨੇ ਮੋਰਿੰਡਾ ਫ਼ਤਹਿ ਜ਼ੰਗ ਦੇ ਸ਼ਹੀਦਾਂ ਨੂੰ ਸ਼ਰਧਾਜਲੀਆਂ ਭੇਟ ਕੀਤੀਆਂ।ਇਸ ਸਮਾਗਮ ਦੌਰਾਨ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਅਰਦਾਸ ਮਗਰੋਂ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਬਲਵੀਰ ਸਿੰਘ ਚਲਾਕੀ ਨੇ ਢਾਡੀ ਦੀਵਾਨ ਦੀ ਅਰੰਭਤਾ ਕਰਵਾਈ। ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ ਅਜਮੇਰ ਸਿੰਘ ਖੇੜਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਅਜਿਹੇ ਸਮਾਗਮ ਕੌਮਾਂ ਨੂੰ ਇਤਿਹਾਸ ਨਾਲ ਜੋੜਦੇ ਹਨ। ਸਮਾਗਮ ਵਿੱਚ ਸਿੱਖ ਕੌਮ ਦੇ ਸ਼ਹੀਦ ਰਣ ਸਿੰਘ ਤੇ ਦਲ ਸਿੰਘ ਪਿੰਡ ਘੜੂੰਆਂ ਦੇ ਬੰਸਜ਼ ਰਮਨਦੀਪ ਸਿੰਘ ਮਠਾੜੂ ਦੇ ਸਮੁੱਚੇ ਪ੍ਰੀਵਾਰ ਨੂੰ ਸਨਮਾਨਤ ਕੀਤਾ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐੱਸ ਡੀ ਐੱਮ ਗੁਰਦੇਵ ਸਿੰਘ ਧੰਮ ਨੇ ਮੋਰਿੰਡਾ ਫ਼ਤਿਹ ਦਿਵਸ ਦੇ ਕੀਤੇ ਸੁਚੱਜੇ ਪ੍ਰਬੰਧ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭੂਪਿੰਦਰ ਸਿੰਘ, ਜਗਦੀਪ ਸਿੰਘ,ਗੁਰਿੰਦਰ ਸਿੰਘ ਗੋਗੀ, ਗੁਰਨਾਮ ਸਿੰਘ, ਹਰਮੀਤ ਸਿੰਘ, ਜਗਵਿੰਦਰ ਸਿੰਘ, ਗੁਰਪ੍ਰੀਤ ਸਿੰਘ ਲਾਲੀ, ਮਨਦੀਪ ਸਿੰਘ, ਜਸਪ੍ਰੀਤ ਸਿੰਘ ਕਲਸੀ, ਤਜਿੰਦਰ ਸਿੰਘ, ਸਵਰਨ ਸਿੰਘ, ਸੁਰਿੰਦਰ ਸਿੰਘ, ਹਰਜੀਤ ਸਿੰਘ, ਪਵਨ ਧੀਮਾਨ ਸਾਬਕਾ ਕੌਂਸਲਰ, ਅਵਤਾਰ ਸਿੰਘ ਏ ਐੱਸ, ਜਗਜੀਤ ਸਿੰਘ, ਜਸਵੰਤ ਸਿੰਘ, ਧਰਮਜੀਤ ਸਿੰਘ, ਅਮਰੀਕ ਸਿੰਘ, ਗੁਰਦੀਪ ਸਿੰਘ, ਹਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ, ਪਾਲ ਸਿੰਘ, ਦਰਸ਼ਨ ਸਿੰਘ, ਗੋਪਾਲ ਚੰਦ, ਬਲਵਿੰਦਰ ਸਿੰਘ, ਗੁਰਿੰਦਰ ਸਿੰਘ ਸੋਨੀ ਆਦਿ ਪਤਵੰਤੇ ਸੱਜਣ ਹਾਜ਼ਰ ਸਨ।



## ਦੇਸ਼-ਵਿਆਪੀ ਹੜਤਾਲ ਤਹਿਤ ਭਾਰਤੀ ਜੀਵਨ ਬੀਮਾ ਨਿਗਮ ਫਗਵਾੜਾ ਸ਼ਾਖਾ ਵੱਲੋਂ ਕੰਮ ਠੱਪ

**ਫਗਵਾਰਾ (ਡਾ. ਰਮਨ, ਜਸਵਿੰਦਰ ਢੱਡਾ)**- ਭਾਰਤੀ ਜੀਵਨ ਬੀਮਾ ਨਿਗਮ (ਐਲ.ਆਈ.ਸੀ.) ਫਗਵਾੜਾ ਸ਼ਾਖਾ ਵਲੋਂ ਸ਼ੁੱਕਰਵਾਰ ਨੂੰ ਆਲ ਇੰਡੀਆ ਇੰਸ਼ੋਰੈਂਸ ਇੰਪਲਾਇਜ਼ ਐਸੋਸੀਏਸ਼ਨ (ਏ.ਆਈ. ਆਈ.ਈ.ਏ.) ਦੇ ਦੇਸ਼-ਪੱਧਰੀ ਹੜਤਾਲ ਦੇ ਸੱਦੇ 'ਤੇ ਨਾਰਦਰਨ ਜੋਨ ਇੰਸ਼ੋਰੈਂਸ ਇੰਪਲਾਇਜ਼ ਐਸੋਸੀਏਸ਼ਨ ਦੇ ਸ਼ਾਖਾ ਪ੍ਰਧਾਨ ਦੀਪਕ ਕੁਮਾਰ ਦੁੱਗਲ ਅਤੇ ਸਕੱਤਰ ਦੀਪਕ ਜੋਸ਼ੀ ਦੀ ਅਗਵਾਈ ਹੇਠ ਕੰਮਕਾਜ ਪੂਰੀ ਤਰ੍ਹਾਂ ਠੱਪ ਰੱਖ ਕੇ ਹੜਤਾਲ ਨੂੰ ਪੂਰਾ ਸਮਰਥਨ ਦਿੱਤਾ ਗਿਆ। ਇਸ ਮੌਕੇ ਗੱਲਬਾਤ ਦੌਰਾਨ ਸ੍ਰੀ ਦੁੱਗਲ ਅਤੇ ਸ੍ਰੀ ਜੋਸ਼ੀ ਨੇ ਦੱਸਿਆ ਕਿ ਇਹ ਹੜਤਾਲ ਐਲ.ਆਈ.ਸੀ. ਅਤੇ ਜਨਰਲ ਇੰਸ਼ੋਰੈਂਸ ਕਾਰਪੋਰੇਸ਼ਨ (ਜੀ.ਆਈ.ਸੀ.) ਦੇ ਸ਼੍ਰੇਣੀ 3 ਅਤੇ 4 ਦੇ ਕਰਮਚਾਰੀਆਂ ਵੱਲੋਂ ਸਾਂਝੇ ਮੰਚ ਕੇਂਦਰੀ ਟਰੇਡ ਯੂਨੀਅਨਾਂ, ਜਿਹਨਾਂ ਵਿੱਚ 10 ਵੱਡੀਆਂ ਟਰੇਡ ਯੂਨੀਅਨਾਂ ਅਤੇ ਕਈ ਬੀਮਾ ਤੇ ਬੈਂਕ ਫੈਡਰੇਸ਼ਨਾਂ ਵੀ ਸ਼ਾਮਲ ਹਨ, ਦੇ ਸੱਦੇ 'ਤੇ ਕੇਂਦਰ ਸਰਕਾਰ ਵੱਲੋਂ ਲੇਬਰ ਕੋਡ ਬਿੱਲ ਨੂੰ ਲਾਗੂ ਕਰਨ ਦੇ ਵਿਰੋਧ ਵਿੱਚ ਕੀਤੀ ਗਈ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਭਾਰਤ ਸਰਕਾਰ 'ਜੀਵਨ ਯਾਪਨ ਨੂੰ ਆਸਾਨ' ਬਣਾਉਣ ਦੀ ਬਜਾਏ 'ਵਪਾਰ ਨੂੰ ਆਸਾਨ' ਬਣਾਉਣ ਦੀ ਨੀਤੀ ਅਪਣਾ ਰਹੀ ਹੈ, ਜਿਸ ਕਰਕੇ ਮਜ਼ਦੂਰਾਂ ਦੇ ਹਿੱਤਾਂ ਨਾਲ ਸਮਝੌਤਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੇਬਰ ਕੋਡ ਬਿੱਲ ਵਿੱਚ ਸਿਰਫ਼ ਮਜ਼ਦੂਰ ਦੀ ਪਰਿਭਾਸ਼ਾ ਹੀ ਨਹੀਂ ਬਦਲੀ ਗਈ, ਸਗੋਂ ਨਿਰਧਾਰਤ ਮਿਆਦੀ ਰੋਜ਼ਗਾਰ, ਰੱਖੋ ਤੇ ਕੱਢੋ ਨੀਤੀ, ਯੂਨੀਅਨ ਦੀ ਰਜਿਸਟਰੇਸ਼ਨ ਨੂੰ ਮੁਸ਼ਕਲ ਬਣਾਉਣਾ, ਮਹਿਲਾਵਾਂ ਨੂੰ ਰਾਤ ਦੀ ਡਿਊਟੀ ਲਈ ਮਜਬੂਰ ਕਰਨਾ ਅਤੇ ਕੰਮ ਦੇ ਘੰਟੇ 8 ਤੋਂ ਵਧਾ ਕੇ 12 ਕਰਨ ਵਰਗੇ ਕਦਮ ਕਾਨੂੰਨੀ ਤੌਰ 'ਤੇ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਸ਼ਾਖਾ ਖਜ਼ਾਨਚੀ ਸ਼ਿਵ ਕੁਮਾਰ ਅਲਵਾਦੀ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਚਾਰ ਮਹੀਨੇ ਪਹਿਲਾਂ ਤੈਅ ਹੋ ਚੁੱਕੇ ਤਨਖ਼ਾਹ ਪੁਨਰ-ਨਿਰਧਾਰਣ ਸਮਝੌਤੇ ਨੂੰ ਅਜੇ ਤੱਕ ਨੋਟੀਫਾਈ ਨਹੀਂ ਕੀਤਾ ਗਿਆ ਹੈ। ਸ਼ਾਖਾਵਾਂ ਦਾ ਕੰਮ 1 ਜਾਂ 2 ਕਰਮਚਾਰੀਆਂ 'ਤੇ ਬੋਝ ਪਾ ਕੇ ਚਲਾਇਆ ਜਾ ਰਿਹਾ ਹੈ। ਇਸ ਮੌਕੇ ਅਸ਼ਵਨੀ ਕੁਮਾਰ, ਸੁਰਿੰਦਰ ਕੁਮਾਰ, ਪ੍ਰਿਯੰਕਾ, ਨਰਿੰਦਰ ਕੌਰ, ਅਮਰੀਕ ਲਾਲ ਆਦਿ ਹਾਜ਼ਰ ਸਨ।



## ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਿਦਿਆਰਥੀਆਂ ਅਤੇ ਨੌਜਵਾਨਾਂ ਨੇ ਨਕੋਦਰ 'ਚ ਕੀਤਾ ਮੁਜ਼ਾਹਰਾ

**ਸ਼ਾਹਕੋਟ (ਗਿਆਨ ਸੈਦਪੁਰੀ)** ਕੇਂਦਰੀ ਟ੍ਰੇਡ ਯੂਨੀਅਨਾਂ ਦੇ ਦੇਸ਼ ਵਿਆਪੀ ਹੜਤਾਲ ਦੇ ਦਿਤੇ ਸੱਦੇ 'ਤੇ ਅੱਜ ਕਿਸਾਨ,ਮਜ਼ਦੂਰ, ਮੁਲਾਜ਼ਮ, ਵਿਦਿਆਰਥੀ, ਨੌਜਵਾਨ, ਆਂਗਨਵਾੜੀ ਵਰਕਰਾਂ,ਆਸ਼ਾਂ ਵਰਕਰਾਂ ਅਤੇ ਮਿੱਡ ਡੇ ਮੀਲ ਵਰਕਰਾਂ ਦੀਆਂ ਜਥੇਬੰਦੀਆਂ ਨੇ ਨਕੋਦਰ ਵਿਚ ਮੁਜ਼ਾਹਰਾ ਕੀਤਾ। ਪਾਵਰਕੌਮ ਡਿਵੀਜ਼ਨ ਨਕੋਦਰ ਦੇ ਦਫਤਰ ਵਿਚ ਸੈਕੜਿਆਂ ਦੀ ਗਿਣਤੀ ਵਿਚ ਜੁੜੇ ਇਕੱਠ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਜ਼ਿਲ੍ਹਾ ਪ੍ਰਧਾਨ ਮੋਹਨ ਸਿੰਘ ਬੱਲ ਤੇ ਸਕੱਤਰ ਗੁਰਚਰਨ ਸਿੰਘ ਚਾਹਲ,ਕਿਰਤੀ ਕਿਸਾਨ ਯੂਨੀਅਨ ਦੇ ਸੰਤੋਖ ਸਿੰਘ ਸੰਧੂ,ਜਮਹੂਰੀ ਕਿਸਾਨ ਸਭਾ ਦੇ ਮਨੋਹਰ ਸਿੰਘ ਗਿੱਲ,ਪੇਂਡੂ ਮਜ਼ਦੂਰ ਯੂਨੀਅਨ ਦੇ ਹੰਸ ਰਾਜ ਪੱਬਵਾ,ਦਿਹਾਤੀ ਮਜ਼ਦੂਰ ਸਭਾ ਦੇ ਦਰਸ਼ਨ ਨਾਹਰ ਤੇ ਨਿਰਮਲ ਸਿੰਘ ਮਲਸੀਆਂ, ਪੰਜਾਬ ਖੇਤ ਮਜ਼ਦੂਰ ਸਭਾ ਦੇ ਗਿਆਨ ਸੈਦਪੁਰੀ, ਆਂਗਨਵਾੜੀ ਵਰਕਰਜ਼ ਯੂਨੀਅਨ ਦੀ ਪਰਮਜੀਤ ਕੌਰ ਤੇ ਹਰਜੀਤ ਕੌਰ,ਪੈਨਸਨਰਜ਼ ਐਸੋਸੀਏਸ਼ਨ ਦੇ ਨਿਰਮਲ ਜਹਾਂਗੀਰ ਤੇ ਹਿੰਮਤ ਸਿੰਘ ਮੱਲ੍ਹੀ,ਡੀ.ਟੀ.ਐਫ ਦੇ ਕੁਲਵਿੰਦਰ ਸਿੰਘ ਜੋਸਨ ਤੇ ਗੁਰਮੀਤ ਸਿੰਘ ਕੋਟਲੀ, ਟੀ. ਐਸ.ਯੂ ਦੇ ਸੰਜੀਵ ਕੁਮਾਰ, ਪੀ.ਐਸ.ਯੂ ਦੇ ਨਵਜੋਤ ਸਿਆਣੀਵਾਲ ਤੇ ਰਮਨ, ਨੌਜਵਾਨ ਭਾਰਤ ਸਭਾ ਦੇ ਮੰਗਲਜੀਤ ਪੰਡੋਰੀ,ਸੀਟੂ ਦੇ ਜਸਕਰਨ ਸਿੰਘ ਕੰਗ ਤੇ ਡੀ ਵਾਈ ਐੱਫ ਆਈ ਦੇ ਸੋਢੀ ਹੰਸ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਬਿਜਲੀ ਸੋਧ ਬਿੱਲ 2025 ਲਾਗੂ ਕਰਕੇ ਕਿਰਤੀਆਂ ਦੇ ਘਰਾਂ ਵਿਚ ਹਨੇਰਾ ਕਰਨ ਜਾ ਰਹੀ ਹੈ। ਸੀਡ ਬਿੱਲ ਦੇ ਲਾਗੂ ਹੋਣ ਨਾਲ ਖੇਤੀ ਸਮੇਤ ਸਮੁੱਚਾ ਅਰਥਚਾਰਾ ਬਰਬਾਦ ਹੋ ਜਾਵੇਗਾ। ਮਨਰੇਗਾ ਵਿਚ ਸੋਧ ਕਰਕੇ ਸਰਕਾਰਾਂ ਨੇ ਮਜ਼ਦੂਰਾਂ ਕੋਲੋ ਰੁਜ਼ਗਾਰ ਅਤੇ ਕਿਰਤ ਕਾਨੂੰਨਾਂ ਵਿਚ ਸੋਧਾਂ ਕਰਕੇ ਮਜ਼ਦੂਰਾਂ ਦੇ ਕੰਮ ਘੰਟੇ ਵਧਾ ਕੇ ਹੜਤਾਲਾਂ,ਧਰਨੇ ਤੇ ਰੈਲੀਆਂ ਦਾ ਹੱਕ ਵੀ ਖੋਹ ਵੀ ਖੋਹ ਲਿਆ ਹੈ। ਬੁਲਾਰਿਆਂ ਨੇ ਕਿਹਾ ਸਰਕਾਰਾਂ ਵੱਲੋਂ ਧਾਰਨ ਕੀਤੇ ਨਿਜੀਕਰਨ, ਸੰਸਾਰੀਕਰਨ, ਉਦਾਰੀਕਰਨ ਅਤੇ ਵਿਉਪਾਰੀਕਰਨ ਦੇ ਹੱਲੇ ਨੂੰ ਸਾਂਝੇ ਸੰਘਰਸ਼ਾਂ ਨਾਲ ਹੀ ਠੱਲਿਆ ਜਾ ਸਕਦਾ ਹੈ। ਰੈਲੀ ਉਪਰੰਤ ਨਕੋਦਰ ਦੇ ਬਜ਼ਾਰਾਂ ਵਿਚ ਮੁਜ਼ਾਹਰਾ ਕੀਤਾ ਗਿਆ।



## ਖੇਤੀਬਾੜੀ ਵਿਭਾਗ ਵੱਲੋਂ ਪਲਾਈਵੁੱਡ ਫੈਕਟਰੀ ਦੀ ਅਚਨਚੇਤ ਚੈਕਿੰਗ

**ਬੰਗਾ (ਅਵਤਾਰ ਕਲੇਰ)**- ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆਂ, ਡਾ ਗੁਰਜੀਤ ਸਿੰਘ ਬਰਾੜ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਅਤੇ ਗੁਲਪ੍ਰੀਤ ਸਿੰਘ ਔਲਖ ਡਿਪਟੀ ਕਮਿਸ਼ਨਰ ਵੱਲੋ ਜਾਰੀ ਨਿਰਦੇਸ਼ਾ ਤਹਿਤ ਜਿਲ੍ਹੇ ਅੰਦਰ ਖਾਦਾਂ ਦੀ ਖਾਦ ਦੀ ਕਾਲਾਬਾਜਾਰੀ ਅਤੇ ਫੈਕਟਰੀਆਂ ਵਿੱਚ ਖੇਤੀਬਾੜੀ ਗਰੇਡ ਯੂਰੀਆ ਦੀ ਦੁਰਵਰਤੋਂ ਨੂੰ ਰੋਕਣ ਲਈ ਚਲਾਈ ਗਈ ਮੁਹਿੰਮ ਤਹਿਤ ਡਾ. ਰਾਕੇਸ਼ ਕੁਮਾਰ ਸ਼ਰਮਾ ਮੁੱਖ ਖੇਤੀਬਾੜੀ ਅਫਸਰ ਦੀ ਅਗਵਾਈ ਹੇਠ ਬਲਾਕ ਬੰਗਾ ਦੇ ਪਿੰਡ ਕਟਾਰੀਆਂ ਵਿਖੇ ਪਲਾਈਵੁੱਡ ਫੈਕਟਰੀ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਪਾਇਆ ਗਿਆ ਕਿ ਇਹ ਫੈਕਟਰੀ ਕੁਝ ਸਾਲ ਤੋਂ ਬੰਦ ਪਈ ਸੀ ਤੇ ਭਵਿੱਖ ਵਿੱਚ ਚੱਲਣ ਲਈ ਮੁਰੰਮਤ ਦਾ ਕੰਮ ਚੱਲ ਰਿਹਾ ਹੈ। ਮੌਕੇ 'ਤੇ ਡਾ. ਰਾਕੇਸ਼ ਕੁਮਾਰ ਸ਼ਰਮਾ ਮੁੱਖ ਖੇਤੀਬਾੜੀ ਅਫਸਰ ਵਲੋਂ ਫੈਕਟਰੀ ਮਾਲਕ ਨਿਰਮਲ ਸਿੰਘ ਅਤੇ ਹੋਰਾਂ ਨੂੰ ਸਖਤ ਹਦਾਇਤ ਕੀਤੀ ਗਈ ਕਿ ਇਸ ਫੈਕਟਰੀ ਵਿੱਚ ਜੇਕਰ ਲੋੜ ਹੈ ਤਾਂ ਸਿਰਫ ਇੰਡਸਟਰੀ ਗਰੇਡ ਯੂਰੀਆ ਦੀ ਵਰਤੋ ਕੀਤੀ ਜਾਵੇ। ਸਰਕਾਰ ਵੱਲੋ ਖੇਤੀਬਾੜੀ ਗਰੇਡ ਯੂਰੀਆ ਕੇਵਲ ਕਿਸਾਨਾਂ ਨੂੰ ਸਬਸਿਡੀ ਤੇ ਮੁਹੱਈਆ ਕਰਵਾਇਆ ਜਾਂਦਾ ਹੈ ਅਤੇ ਇਸ ਦੀ ਗਲਤ ਤਰੀਕੇ ਨਾਲ ਵਰਤੋਂ ਕਿਸਾਨੀ ਤੋਂ ਇਲਾਵਾ ਪਲਾਈਵੁੱਡ ਅਤੇ ਫੀਡ ਫੈਕਟਰੀਆਂ ਵਿੱਚ ਨਹੀਂ ਹੋਣੀ ਚਾਹੀਦੀ। ਉਨਾਂ ਕਿਹਾ ਕਿ ਭਵਿੱਖ ਵਿੱਚ ਚੈਕਿੰਗ ਦੌਰਾਨ ਜੇਕਰ ਅਜਿਹਾ ਪਾਇਆ ਗਿਆ ਤਾਂ ਉਕਤ ਫੈਕਟਰੀ ਦੇ ਵਿਰੁਧ ਖਾਦ ਕੰਟਰੋਲ ਆਰਡਰ 1985 ਅਤੇ ਜਰੂਰੀ ਵਸਤਾਂ ਐਕਟ 1955 ਤਹਿਤ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਹਨਾਂ ਨਾਲ ਡਾ ਲਛਮਣ ਦਾਸ ਖੇਤੀਬਾੜੀ ਅਫਸਰ ਬੰਗਾ, ਡਾ ਵਿਜੈ ਮਹੇਸ਼ੀ ਖੇਤੀਬਾੜੀ ਵਿਕਾਸ ਅਫਸਰ (ਇੰਨਫੋਰਸਮੈਂਟ), ਡਾ ਕੁਲਦੀਪ ਸਿੰਘ ਖੇਤੀਬਾੜੀ ਵਿਕਾਸ ਅਫਸਰ ਬੰਗਾ ਅਤੇ ਸ੍ਰੀ ਵਿਕਰਮ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਬੰਗਾ ਹਾਜ਼ਰ ਸਨ।



## ਰਵਿਦਾਸੀਆ ਧਰਮ ਜਨ ਚੇਤਨਾ ਪ੍ਰਬੰਧਕ ਕਮੇਟੀ ਆਦਮਪੁਰ ਵੱਲੋਂ ਸਲਾਨਾ ਜਨ-ਚੇਤਨਾ ਸਮਾਗਮ

**ਆਦਮਪੁਰ (ਪਰਮਜੀਤ ਸਿੰਘ)**- ਰਵਿਦਾਸੀਆ ਧਰਮ ਜਨ ਚੇਤਨਾ ਸੰਤ ਸਮਾਗਮ ਪ੍ਰਬੰਧਕ ਕਮੇਟੀ ਆਦਮਪੁਰ ਵੱਲੋਂ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਉਤਸਵ, ਰਵਿਦਾਸੀਆ ਧਰਮ ਦੇ 17ਵੇਂ ਸਥਾਪਨਾ ਦਿਵਸ ਅਤੇ ਬ੍ਰਹਮਲੀਨ ਸਤਿਗੁਰ ਸਰਵਣ ਦਾਸ ਮਹਾਰਾਜ ਦੇ 131ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸਲਾਨਾ ਜਨ ਚੇਤਨਾ ਸਮਾਗਮ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੀ ਸਰਪ੍ਰਸਤੀ ਹੇਠ ਸੰਤ ਸੁਰਿੰਦਰ ਦਾਸ ਬਾਵਾ ਸੰਸਥਾਪਕ ਰਵਿਦਾਸੀਆ ਧਰਮ ਅਸਥਾਨ ਕਾਹਨਪੁਰ ਜਲੰਧਰ ਤੇ ਸੰਤ ਹਰਵਿੰਦਰ ਦਾਸ ਆਦਮਪੁਰ ਦੀ ਦੇਖ ਰੇਖ ਹੇਠ ਕਾਲਰੀਆਂ ਮੁਹੱਲਾ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਜਾਪ ਉਪਰੰਤ ਸਜਾਏ ਗਏ ਦੀਵਾਨ ਦੌਰਾਨ ਬੰਗੜ ਬ੍ਰਦਰ ਰਾਏਪੁਰ ਰਸੂਲਪੁਰ ਤੇ ਜੀਵਨ ਸੋਹਲ ਦੇ ਕੀਰਤਨੀ ਜੱਥਿਆਂ ਨੇ ਕੀਰਤਨ ਕਰ ਕੇ ਸੰਗਤਾਂ ਨੂੰ ਨਿਹਾਲ ਕੀਤਾ । ਉਪਰੰਤ ਸੰਤ ਸੁਰਿੰਦਰ ਦਾਸ ਬਾਵਾ ਨੇ ਆਈ ਹੋਈ ਸਮੂਹ ਸੰਗਤ ਨੂੰ ਜਗਤ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਉਸਤਵ ਦੀਆਂ ਵਧਾਈਆਂ ਦਿੱਤੀਆਂ ਤੇ ਸੰਬੋਧਨ ਕਰਦੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਸੁੱਖ ਦੁੱਖ ਦੇ ਕੰਮ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦਾ ਉਹ ਆਸਰਾ ਲੈ ਕੇ ਕਰਨੇ ਚਾਹੀਦੇ ਹਨ । ਸੰਤ ਸੁਰਿੰਦਰ ਦਾਸ ਬਾਵਾ ਨੇ ਆਏ ਹੋਏ ਸੰਤ ਮਹਾਂਪੁਰਸ਼ਾਂ, ਸਮਾਗਮ ਲਈ ਸਹਿਯੋਗ ਕਰਨ ਵਾਲੀਆਂ ਸੰਗਤਾਂ ਤੇ ਹੋਰ ਪਤਵੰਤਿਆਂ ਨੂੰ ਸਿਰੋਪਾ ਪਾ ਕੇ ਸਨਮਾਨਿਤ ਕੀਤਾ । ਸਮਾਗਮ 'ਚ ਸੰਤ ਬੀਬੀ ਕ੍ਰਿਸ਼ਨਾ ਦੇਵੀ ਬੋਪਾਰਾਏ, ਸੰਤ ਸਤਿਆਪਾਲ ਹਰਿਆਣਾ,ਸੰਤ ਚੰਨਣ ਪ੍ਰਕਾਸ਼ ਪਠਾਨਕੋਟ, ਸੰਤ ਬਲਬੀਰ ਦਾਸ ਖੰਨਾ, ਸੰਤ ਬਾਬਾ ਮੁਕੇਸ਼ ਦਾਸ ਰਾਮ ਨਗਰ, ਸੰਤ ਹਰਵਿੰਦਰ ਦਾਸ ਆਦਮਪੁਰ,ਸੰਤ ਤਰਸੇਮ ਸਿੰਘ ਨਿਰਮਲ ਕੁਟੀਆ ਆਦਮਪੁਰ, ਸੰਤ ਬਲਵੰਤ ਸਿੰਘ ਡੀਗਰੀਆਂ, ਸੰਤ ਧਰਮ ਦਾਸ ਮਹਿਤਪੁਰ ਜਲੰਧਰ ਤੇ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਪਹੁੰਚੇ ਸੰਤ ਮਹਾਪੁਰਸ਼ਾਂ ਨੇ ਸ਼ਿਰਕਤ ਕੀਤੀ। ਸਟੇਜ ਸਕੱਤਰ ਸੁਖਵਿੰਦਰ ਗੋਲਡੀ ਆਦਮਪੁਰ ਨੇ ਸੰਤ ਮਹਾਂਪੁਰਸ਼ ਤੇ ਸੰਗਤਾਂ ਦਾ ਸਮਾਗਮ ਵਿੱਚ ਪਹੁੰਚ ਕੇ ਸਫਲਤਾ ਪੂਰਵਕ ਸੰਪੰਨ ਕਰਨ ਤੇ ਧੰਨਵਾਦ ਕੀਤਾ । ਆਈਆਂ ਸੰਗਤਾਂ ਵਿੱਚ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।



## ਵਿਦਿਆਰਥੀਆਂ ਨੇ ਨਾਜ਼ੁਕ ਹਾਲਾਤ ਦੌਰਾਨ ਮਰੀਜ਼ਾਂ ਦੀ ਦੇਖਭਾਲ ਦੇ ਗੁਰ ਸਿੱਖੇ



**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਇੰਸਟੀਚਿਊਟ ਆਫ਼ ਹਾਇਰ ਸਟਡੀਜ਼ ਦੇ ਫਿਜ਼ਿਓਥੈਰੇਪੀ ਵਿਭਾਗ ਵੱਲੋਂ ਵੈਂਟੀਲੇਟਰ ਮੈਨੇਜਮੈਂਟ ਵਿਸ਼ੇ 'ਤੇ ਇੱਕ ਵਿਸ਼ੇਸ਼ ਮਾਹਿਰਾਂ ਦੀ ਅਗਵਾਈ ਹੇਠ ਕਲੀਨਿਕਲ ਪ੍ਰਦਰਸ਼ਨ ਕਰਵਾਇਆ ਗਿਆ। ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਹਸਪਤਾਲ ਵਿੱਚ ਨਾਜ਼ੁਕ ਹਾਲਾਤਾਂ ਦੌਰਾਨ ਦੇਖਭਾਲ ਨਾਲ ਸੰਬੰਧਿਤ ਮਹਤਵਪੂਰਣ ਅਤੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਸੈਸ਼ਨ ਦੀ ਅਗਵਾਈ ਫੋਰਟਿਸ ਹਸਪਤਾਲ, ਜਲੰਧਰ ਦੇ ਐਮਰਜੈਂਸੀ ਮੈਡੀਸਨ ਵਿਭਾਗ ਦੇ ਕਨਸਲਟੈਂਟ ਅਤੇ ਵਿਭਾਗ ਮੁਖੀ ਡਾ. ਮਨਦੀਪ ਸਿੰਘ ਨੇ ਕੀਤੀ। ਡਾ. ਮਨਦੀਪ ਸਿੰਘ ਕੋਲ ਐਮਬੀਬੀਐਸ, ਡਿਪਲੋਮਾ ਇਨ ਐਮਰਜੈਂਸੀ ਮੈਡੀਸਨ, ਰੋਇਲ ਕਾਲਜ ਆਫ ਐਮਰਜੈਂਸੀ ਮੈਡੀਸਨ ਦੀ ਮੈਂਬਰਸ਼ਿਪ ਤੇ ਏਵੀਏਸ਼ਨ ਮੈਡੀਸਨ ਵਿੱਚ ਫੈਲੋਸ਼ਿਪ ਵਰਗੀਆਂ ਪ੍ਰਸਿੱਧ ਯੋਗਤਾਵਾਂ ਹਨ। ਆਪਣੇ ਵਿਸ਼ਾਲ ਕਲੀਨਿਕਲ ਅਨੁਭਵ ਦੇ ਆਧਾਰ 'ਤੇ ਉਨ੍ਹਾਂ ਨੇ ਵੈਂਟੀਲੇਟਰ ਮੈਨੇਜਮੈਂਟ ਤੇ ਐਮਰਜੈਂਸੀ ਰਿਸਪਾਂਸ ਪ੍ਰੋਟੋਕੋਲ ਬਾਰੇ ਗਹਿਰਾਈ ਨਾਲ ਤੇ ਪ੍ਰਯੋਗਿਕ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੀ ਸ਼ੁਰੂਆਤ ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਵੱਲੋਂ ਡਾ. ਮਨਦੀਪ ਸਿੰਘ ਦੇ ਆਦਰ-ਸਤਿਕਾਰ ਨਾਲ ਕੀਤੀ ਗਈ। ਇਸ ਮੌਕੇ 'ਤੇ ਸੀਟੀ ਗਰੁੱਪ ਦੇ ਪ੍ਰਬੰਧਕ ਨਿਰਦੇਸ਼ਕ ਡਾ. ਨਿਤਿਨ ਟੰਡਨ, ਸ਼ਾਹਪੁਰ ਕੈਂਪਸ ਦੇ ਡਾਇਰੈਕਟਰ ਡਾ. ਸ਼ਿਵ ਕੁਮਾਰ, ਸੀ ਟੀ ਆਈ ਐੱਚ ਐੱਸ ਦੀ ਪ੍ਰਿੰਸੀਪਲ ਡਾ. ਸੀਮਾ ਅਰੋੜਾ ਤੇ ਫਿਜ਼ਿਓਥੈਰੇਪੀ ਵਿਭਾਗ ਦੇ ਮੁਖੀ ਡਾ. ਅਰੁਣ ਵੀ ਮੌਜੂਦ ਰਹੇ। ਸੈਸ਼ਨ ਦੌਰਾਨ ਵਿਦਿਆਰਥੀਆਂ ਨੂੰ ਅਸਲ ਵੈਂਟੀਲੇਟਰ ਉਪਕਰਣਾਂ ਰਾਹੀਂ ਲਾਈਵ ਡੈਮੋਨਸਟ੍ਰੇਸ਼ਨ ਦੇਖਣ ਦਾ ਮੌਕਾ ਮਿਲਿਆ। ਇੰਟਰਐਕਟਿਵ ਸੈਸ਼ਨ ਰਾਹੀਂ ਵਿਦਿਆਰਥੀਆਂ ਨੇ ਆਪਣੇ ਪ੍ਰਯੋਗਿਕ ਸੰਦੇਹ ਦੂਰ ਕੀਤੇ ਅਤੇ ਮਰੀਜ਼ ਪ੍ਰਬੰਧਨ ਬਾਰੇ ਡੂੰਘੀ ਸਮਝ ਹਾਸਲ ਕੀਤੀ।

## ਰਾਜੀਵ ਵਰਮਾ ਦਾ 'ਮਾਣ ਪੰਜਾਬ ਦਾ' ਐਵਾਰਡ ਨਾਲ ਸਨਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪੰਜਾਬੀ ਕਲਾ ਸਾਹਿਤ ਕੇਂਦਰ ਅਤੇ ਸੰਗੀਤ ਦਰਪਨ ਵੱਲੋਂ ਫਗਵਾੜਾ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਰਾਜੀਵ ਵਰਮਾ ਸਾਬਕਾ ਏ.ਡੀ.ਸੀ. ਕਮ- ਕਮਿਸ਼ਨਰ ਫਗਵਾੜਾ ਪੰਜਾਬ ਨੂੰ ਖ਼ਾਸ ਕਰਕੇ ਫਗਵਾੜਾ ਦੇ ਵਿਕਾਸ ਲਈ ਦਿੱਤੀਆਂ ਸ਼ਾਨਦਾਰ ਸੇਵਾਵਾਂ ਲਈ ਮਾਣ ਪੰਜਾਬ ਦਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਵੱਖੋ-ਵੱਖਰੇ ਬੁਲਾਰਿਆਂ ਨੇ ਉਹਨਾਂ ਸੰਬੰਧੀ ਬੋਲਦਿਆਂ ਕਿਹਾ ਕਿ ਰਾਜੀਵ ਵਰਮਾ ਨਿਪੁੰਨ ਪੀ.ਸੀ.ਐੱਸ. ਅਫ਼ਸਰ ਸਨ, ਜਿਹਨਾਂ ਨੇ ਫਗਵਾੜਾ, ਨਵਾਂ ਸ਼ਹਿਰ, ਜਲੰਧਰ ਨੂੰ ਸਵੱਛ ਭਾਰਤ ਸਕੀਮ ਤਹਿਤ ਪਹਿਲਾ ਦਰਜਾ ਦੁਆਇਆ ਅਤੇ ਆਪ ਜੀ ਨੂੰ ਇਹ ਵਿਲੱਖਣ ਸੇਵਾਵਾਂ ਲਈ ਦੋ ਵਾਰ ਪ੍ਰੈਜੀਡੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਜਾ ਚੁੱਕਿਆ ਹੈ। ਪੰਜਾਬ ਦੀ ਨਸ਼ਾ ਮੁਕਤ ਲਹਿਰ 'ਚ ਆਪ ਨੇ ਵਿਸ਼ੇਸ਼ ਸੇਵਾਵਾਂ ਨਿਭਾਈਆਂ ਅਤੇ ਗੀਤਾਂ ਰਾਹੀਂ ਗੀਤਕਾਰਾਂ ਤੋਂ ਗੀਤ ਗੁਆ ਕੇ ਸਮਾਜ ਨੂੰ ਨਸ਼ਾ ਮੁਕਤ ਕਰਨ ਲਈ ਸੁਨੇਹਾ ਦਿੱਤਾ। ਇਸ ਸਮੇਂ ਪ੍ਰਿੰ: ਗੁਰਮੀਤ ਸਿੰਘ ਪਲਾਹੀ ਨੇ ਕਿਹਾ ਕਿ ਰਾਜੀਵ ਵਰਮਾ ਨੇ ਸਰਕਾਰੀ ਨੌਕਰੀ ਨਿਭਾਉਂਦਿਆਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਵਿਸ਼ੇਸ਼ ਦਿਲਚਸਪੀ ਲਈ ਅਤੇ ਫਗਵਾੜਾ ਵਿੱਚ ਨਵੇਂ ਪ੍ਰੋਜੈਕਟ ਆਰੰਭ ਕਰਨ ਦੀ ਪਹਿਲਕਦਮੀ ਕੀਤੀ। ਇਸੇ ਕਰਕੇ ਫਗਵਾੜਾ ਨਿਵਾਸੀ ਉਹਨਾਂ ਦਾ ਸਨਮਾਨ ਕਰਦੇ ਹਨ। ਪੰਜਾਬੀ ਕਲਾ ਅਤੇ ਸਾਹਿਤ ਕੇਂਦਰ ਦੇ ਪ੍ਰਧਾਨ ਤਰਨਜੀਤ ਸਿੰਘ ਕਿੰਨੜਾ ਨੇ ਕਿਹਾ ਕਿ ਫਗਵਾੜੇ ਦੀਆਂ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਆਪਣੀ ਡਿਊਟੀ ਨੂੰ ਪ੍ਰਣਾਏ ਅਫ਼ਸਰ ਰਾਜੀਵ ਵਰਮਾ ਦਾ ਸਨਮਾਨ ਅਸਲ ਅਰਥਾਂ ਵਿੱਚ ਲੋਕਾਂ ਦਾ ਆਪਣਾ ਸਨਮਾਨ ਹੈ। ਇਸ ਸਮੇਂ ਹੋਰਨਾਂ ਤੋਂ ਬਿਨਾਂ ਸ: ਗੁਰਚਰਨ ਸਿੰਘ ਨਾਇਬ ਤਹਿਸੀਲਦਾਰ,ਹਰੀਪਾਲ ਸਿੰਘ, ਅਸ਼ੋਕ ਸੇਠੀ , ਡਾ: ਜਸਜੀਤ ਸਿੰਘ ਵਿਰਕ, ਅਜੀਤ ਸਿੰਘ ਵਾਲੀਆ, ਰਵਿੰਦਰ ਚੋਟ, ਹੈਰੀ ਬਜਾਜ ਡੈਨਮਾਰਕ, ਚੇਤਨ ਬਜਾਜ, ਪ੍ਰੋ: ਅਸ਼ੋਕ ਚੱਢਾ, ਮੋਹਨ ਸਿੰਘ ਗਾਂਧੀ, ਪੱਤਰਕਾਰ ਟੀ.ਡੀ.ਚਾਵਲਾ, ਦੀਪਕ ਕੋਹਲੀ, ਮੁਨੀਸ਼ ਮਿਗਲਾਨੀ, ਸ਼ਰਨਜੀਤ ਸਿੰਘ, ਯਸ਼ ਸ਼ਰਮਾ, ਓਮ ਪ੍ਰਕਾਸ਼ ਉੱਪਲ , ਕਾਨੂੰਗੋ ਪਰਮਜੀਤ ਸਿੰਘ , ਸਰਵਜੀਤ ਕੰਡਾ ਆਦਿ ਹਾਜ਼ਰ ਸਨ।





## ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਦਾ ਜਨਮ ਦਿਹਾੜਾ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)** ਧੰਨ ਧੰਨ ਅਮਰ ਸ਼ਹੀਦ ਜ਼ੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਮ ਪਿਤਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਵੱਡੇ ਸਪੁੱਤਰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ । ਜਨਮ ਦਿਹਾੜੇ ਦੇ ਖੁੱਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਬੀਬੀ ਰਾਜਵਿੰਦਰ ਕੌਰ ਖਾਲਸਾ ਤੇ ਸ੍ਰੀ ਅਨੰਦਪੁਰ ਸਾਹਿਬ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਪੁੱਤਰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿਸਥਾਰ ਸਹਿਤ ਸੁਣਾਇਆ। ਸ਼੍ਰੋਮਣੀ ਪ੍ਰਚਾਰਕ ਭਾਈ ਹਰਵਿੰਦਰ ਸਿੰਘ ਜੀ ਜਵੱਦੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸਾਹਿਬਜ਼ਾਦਾ ਅਜੀਤ ਸਿੰਘ ਜੀ ਦੁਆਰਾ ਧਰਮ ਦੀ ਆਜ਼ਾਦੀ ਖਾਤਰ ਛੋਟੀ ਉਮਰੇ ਪ੍ਰਾਪਤ ਕੀਤੀ, ਅਦੁੱਤੀ ਅਤੇ ਲਾਸਾਨੀ ਸ਼ਹਾਦਤ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਭਾਈ ਲਖਵਿੰਦਰ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਇਸ ਤੋਂ ਇਲਾਵਾ ਭਾਈ ਹਰਵਿੰਦਰ ਸਿੰਘ ਜੀ ਗੁਰਦੁਆਰਾ ਪੰਜੋਖਰਾ ਸਾਹਿਬ ਜੀ, ਭਾਈ ਗੁਰਵਿੰਦਰ ਸਿੰਘ ਜੀ ਜਗਾਧਰੀ ਵਾਲੇ, ਭਾਈ ਦਵਿੰਦਰ ਸਿੰਘ ਜੀ ਗੁਰਦਆਰਾ ਮੰਜੀ ਸਾਹਿਬ ਅੰਬਾਲਾ, ਬੀਬੀ ਸਿਮਰਨ ਕੌਰ ਜੀ ਲੁਧਿਆਣੇ ਵਾਲੇ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਹਰਜੱਸ ਕੀਰਤਨੀ ਜੱਥਾ, ਭਾਈ ਕੁਲਦੀਪ ਸਿੰਘ ਜੀ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ, ਭਾਈ ਅਮਿਤ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਜਰਨੈਲ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ, ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸੰਗਰਾਂਦ ਦੇ ਦਿਹਾੜੇ ਤੇ ਹਜ਼ਾਰਾ ਸੰਗਤਾਂ ਨੇ ਪਵਿੱਤਰ ਵਿੱਚ ਇਸ਼ਨਾਨ ਕੀਤਾ। ਜਨਮ ਦਿਹਾੜੇ ਦੇ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਗੁਰੂ ਕਾ ਲੰਗਰ ਇਸ ਮੌਕੇ ਅਤੁੱਟ ਵਰਤਾਇਆ ਗਿਆ ।





## ਗਲਾਡਾ ਨੇ ਰਾਈਜ਼ਿੰਗ ਮੇਨ ਪ੍ਰੋਜੈਕਟ ਸ਼ੁਰੂ ਕੀਤਾ

**ਜਲੰਧਰ (ਸੁਰਿੰਦਰ ਕੁਮਾਰ)** ਲੋਕਾਂ ਨੂੰ ਚੰਗੀ ਤਰ੍ਹਾਂ ਯੋਜਨਾਬੱਧ ਰਿਹਾਇਸ਼ੀ ਸਹੂਲਤਾਂ ਤੇ ਆਧੁਨਿਕ ਨਾਗਰਿਕ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੇ ਆਪਣੇ ਨਿਰੰਤਰ ਯਤਨਾਂ ਵਿੱਚ ਪੰਜਾਬ ਦੇ ਹਾਊਸਿੰਗ ਅਤੇ ਸ਼ਹਿਰੀ ਵਿਕਾਸ ਵਿਭਾਗ, ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਰਾਹੀਂ, ਮੁੱਖ ਸ਼ਹਿਰੀ ਵਿਕਾਸ ਪ੍ਰੋਜੈਕਟਾਂ ਨੂੰ ਸਰਗਰਮੀ ਨਾਲ ਅੱਗੇ ਵਧਾ ਰਿਹਾ ਹੈ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਨਿਰਦੇਸ਼ਾਂ 'ਤੇ ਅਤੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਦੀ ਅਗਵਾਈ ਹੇਠ ਜ਼ਿਲ੍ਹਾ ਜਲੰਧਰ ਵਿੱਚ ਮੌਜੂਦਾ ਸੀਵਰੇਜ ਟ੍ਰੀਟਮੈਂਟ ਪਲਾਂਟ ਤੋਂ ਕੋਟ ਬਾਦਲ ਖਾਨ ਤੱਕ ਰਾਈਜ਼ਿੰਗ ਮੇਨ ਵਿਛਾਉਣ ਦਾ ਕੰਮ ਸੌਂਪਿਆ ਗਿਆ ਹੈ।571.65 ਲੱਖ ਰੁਪਏ ਦੀ ਅਨੁਮਾਨਤ ਲਾਗਤ ਵਾਲਾ ਇਹ ਵੱਡਾ ਬੁਨਿਆਦੀ ਢਾਂਚਾ ਪ੍ਰੋਜੈਕਟ ਉੱਚ-ਗੁਣਵੱਤਾ ਵਾਲੀ ਸਮੱਗਰੀ ਅਤੇ ਆਧੁਨਿਕ ਇੰਜੀਨੀਅਰਿੰਗ ਤਕਨੀਕਾਂ ਦੀ ਵਰਤੋਂ ਕਰਕੇ ਚਲਾਇਆ ਜਾਵੇਗਾ। ਨਵਾਂ ਰਾਈਜ਼ਿੰਗ ਮੇਨ ਸੀਵਰੇਜ ਪ੍ਰਬੰਧਨ ਪ੍ਰਣਾਲੀ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗਾ ਤੇ ਖੇਤਰ ਵਿੱਚ ਸਮੁੱਚੇ ਡਰੇਨੇਜ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰੇਗਾ।ਇੱਕ ਵਾਰ ਪੂਰਾ ਹੋਣ 'ਤੇ ਇਹ ਪ੍ਰੋਜੈਕਟ ਨੂਰਮਹਿਲ ਖੇਤਰ ਦੇ ਵਸਨੀਕਾਂ ਨੂੰ ਲੰਬੇ ਸਮੇਂ ਤੋਂ ਉਡੀਕੀ ਜਾ ਰਹੀ ਰਾਹਤ ਪ੍ਰਦਾਨ ਕਰੇਗਾ, ਜੋ ਕਈ ਸਾਲਾਂ ਤੋਂ ਸੀਵਰੇਜ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਬਿਹਤਰ ਸੀਵਰੇਜ ਸਹੂਲਤਾਂ ਇਲਾਕੇ ਵਿੱਚ ਬਿਹਤਰ ਜਨਤਕ ਸਿਹਤ, ਸੈਨੀਟੇਸ਼ਨ ਅਤੇ ਜੀਵਨ ਦੀ ਸਮੁੱਚੀ ਗੁਣਵੱਤਾ ਵਿੱਚ ਯੋਗਦਾਨ ਪਾਉਣਗੀਆਂ।

# ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਰੋਸ ਮਾਰਚ, ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ




**ਫਿਲੌਰ, (ਨਿਰਮਲ, ਹਰਜਿੰਦਰ ਕੌਰ ਚਾਹਲ)**- ਲੇਬਰ ਕੋਡ, ਲੇਬਰ ਨੀਤੀ ਅਤੇ ਮਨਰੇਗਾ ਕਾਨੂੰਨ ਦੇ ਖਾਤਮੇ, ਬਿਜਲੀ ਦੇ ਨਿੱਜੀਕਰਨ ਅਤੇ ਹੋਰ ਮਜ਼ਦੂਰ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਅੰਗਨਵਾੜੀ ਵਰਕਰਾਂ ਅਤੇ ਹੈਲਪਰਾਂ ਵੱਲੋਂ 12 ਫਰਵਰੀ ਨੂੰ ਸ਼ਹਿਰ ਵਿੱਚ ਰੋਸ ਮਾਰਚ ਕੱਢਿਆ ਗਿਆ ਅਤੇ ਧਰਨਾ ਲਗਾ ਕੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਇਹ ਰੋਸ ਪ੍ਰਦਰਸ਼ਨ ਆਲ ਇੰਡੀਆ ਫੈਡਰੇਸ਼ਨ ਆਫ ਆਂਗਨਵਾੜੀ ਵਰਕਰਜ਼ ਐਂਡ ਹੈਲਪਰ ਦੇ ਸੱਦੇ 'ਤੇ ਦੇਸ਼-ਪੱਧਰੀ ਹੜਤਾਲ ਦੇ ਤਹਿਤ ਕੀਤਾ ਗਿਆ। ਸੰਘਟਨ ਦੇ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਆਂਗਨਵਾੜ ਸਕੀਮ ਵਿੱਚ ਕੀਤੀਆਂ ਜਾ ਰਹੀਆਂ ਤਬਦੀਲੀਆਂ ਕਾਰਨ ਵਰਕਰਾਂ ਅਤੇ ਹੈਲਪਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਅੰਗਨਵਾੜੀ ਵਰਕਰਾਂ ਦਾ ਮਾਣਭੱਤਾ ਵਧਾਇਆ ਜਾਵੇ, ਨੌਕਰੀ ਪੱਕੀ ਕੀਤੀ ਜਾਵੇ ਅਤੇ ਚੌਥੇ ਦਰਜੇ ਦੇ ਕਰਮਚਾਰੀਆ ਦਾ ਦਰਜਾ ਦਿੱਤਾ ਜਾਵੇ। ਇਸ ਤੋਂ ਇਲਾਵਾ ਪੈਂਡਿੰਗ ਭੱਤਿਆਂ ਦੀ ਤੁਰੰਤ ਅਦਾਇਗੀ ਅਤੇ ਹੋਰ ਸੁਵਿਧਾਵਾਂ ਜਾਰੀ ਕਰਨ ਦੀ ਵੀ ਮੰਗ ਕੀਤੀ ਗਈ।

# ਅਧਿਆਪਕਾਂ ਨੇ ਟੈੱਟ ਦੀ ਸ਼ਰਤ ਲਾਗੂ ਕਰਨ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- 2011 ਤੋਂ ਪਹਿਲਾਂ ਭਰਤੀ ਹੋਏ ਅਧਿਆਪਕਾਂ ਉੱਤੇ ਨੌਕਰੀ ਵਿੱਚ ਬਣੇ ਰਹਿਣ ਲਈ ਅਤੇ ਤਰੱਕੀ ਹਾਸਿਲ ਕਰਨ ਲਈ ਟੈਟ (ਟੀਚਰ ਐਲੀਜੀਬਿਲਟੀ ਟੈਸਟ) ਪਾਸ ਕਰਨ ਦੀ ਜਬਰੀ ਤੌਰ ਤੇ ਥੋਪੀ ਗਈ ਸਰਤ ਦੇ ਖਿਲਾਫ ਜ਼ਿਲਾ ਪ੍ਰਬੰਧਕੀ ਕੰਪਲੈਕਸ ਦੇ ਮੁੱਖ ਗੇਟ ਅੱਗੇ ਜਿਲ੍ਹੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸਰਕਾਰ ਵੱਲੋਂ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਫੂਕ ਕੇ ਕੇਂਦਰ ਅਤੇ ਸੂਬਾ ਸਰਕਾਰ ਖਿਲਾਫ ਜਬਰਦਸਤ ਨਾਅਰੇਬਾਜ਼ੀ ਕੀਤੀ। ਵੱਡੀ ਗਿਣਤੀ ਵਿੱਚ ਇੱਕਠੇ ਹੋਏ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਅਧਿਆਪਕ ਆਗੂ ਪ੍ਰਿਤਪਾਲ ਸਿੰਘ ਚੌਟਾਲਾ, ਸੁਰਜੀਤ ਰਾਜਾ, ਜਸਵੀਰ ਤਲਵਾੜਾ,ਸੁਖਦੇਵ ਡਾਨਸੀਵਾਲ, ਜਤਿੰਦਰ ਸਿੰਘ,ਸਰਬਜੀਤ ਕੰਗ,ਇੰਦਰਸੁਖਦੀਪ ਸਿੰਘ, ਪ੍ਰਿੰਸ ਗੜ੍ਹਦੀਵਾਲਾ ਨੇ ਸਪਸ਼ਟ ਕੀਤਾ ਕਿ 20-22 ਸਾਲਾਂ ਤੋਂ ਸੇਵਾ ਨਿਭਾ ਰਹੇ ਅਧਿਆਪਕਾਂ ਤੇ ਅਜਿਹੀ ਸ਼ਰਤ ਲਗਾਉਣਾ ਗੈਰ ਵਿਗਿਆਨਿਕ ਅਤੇ ਗੈਰ ਤਰਕਸੰਗਤ ਹੈ ਜੋ ਕਿ ਅਧਿਆਪਕਾਂ ਨਾਲ ਸਰਾਸਰ ਧੋਖਾ ਹੈ ਕਿਉਂਕਿ ਉਸ ਸਮੇਂ ਭਰਤੀ ਕੀਤੇ ਗਏ ਅਧਿਆਪਕ ਤਤਕਾਲ ਸੇਵਾ ਸ਼ਰਤਾਂ ਨਿਯਮਾਂ ਅਨੁਸਾਰ ਆਪਣੀ ਯੋਗਤਾ ਪੂਰੀ ਕਰਕੇ ਆਪਣੀ ਸੇਵਾ ਵਿੱਚ ਆਏ ਸਨ। ਉਸ ਸਮੇਂ ਅਧਿਆਪਕ ਐਂਟਰੈਂਸ ਟੈਸਟ ਪਾਸ ਕਰਕੇ ਜਾਂ ਵਿਭਾਗ ਵੱਲੋਂ ਬਣਾਈ ਵਿਭਾਗੀ ਕਮੇਟੀ ਦੀਆਂ ਨਿਸ਼ਚਿਤ ਸ਼ਰਤਾਂ ਅਤੇ ਨਿਯਮਾਂ ਨੂੰ ਪੂਰਾ ਕਰਨਾ ਉਪਰੰਤ ਸੇਵਾ ਵਿੱਚ ਆਏ ਸਨ। ਇਸ ਨੂੰ ਦੇਖਦੇ ਹੋਏ ਅਤੇ ਸੇਵਾ ਵਿੱਚ ਆਉਣ ਤੋਂ ਬਾਅਦ ਇਹ ਸ਼ਰਤਾਂ ਲਗਾਉਣਾ ਗੈਰ ਵਾਜਬ ਹੈ। ਇਸ ਮੌਕੇ ਆਗੂਆਂ ਨੇ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲੀ, ਕੱਚੇ ਅਤੇ ਕੰਟਰੈਕਟ ਅਧਿਆਪਕਾਂ ਨੂੰ ਰੈਗੂਲਰ ਕਰਨ ਦੀ ਬਜਾਏ ਅਤੇ ਬੱਚਿਆਂ ਦੀ ਸਿੱਖਿਆ ਤੋਂ ਧਿਆਨ ਹਟਾ ਕੇ ਅਧਿਆਪਕਾਂ ਨੂੰ ਟੈਟ ਦੇ ਪੇਪਰ ਵਿੱਚ ਉਲਝਾਇਆ ਜਾ ਰਿਹਾ ਹੈ। ਉਹਨਾਂ ਇਹ ਵੀ ਕਿਹਾ ਕਿ ਸਰਕਾਰਾਂ ਵੱਲੋਂ ਅਧਿਆਪਕਾਂ ਨੂੰ ਨਵੀਂ ਸਿੱਖਿਆ ਨੀਤੀ ਤਹਿਤ ਖੱਜਲ ਖੁਆਰ ਕੀਤਾ ਜਾ ਰਿਹਾ ਹੈ। ਆਗੂਆਂ ਨੇ ਅੱਗੇ ਕਿਹਾ ਕਿ ਜੇਕਰ ਸਰਕਾਰ ਨੇ ਇਹਨਾਂ ਰੋਸ ਪ੍ਰਦਰਸ਼ਨ ਤੋਂ ਸਬਕ ਨਾ ਲਿਆ ਤਾਂ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਵਿੱਚ ਸਮੁੱਚੇ ਪੰਜਾਬ ਤੋਂ ਅਧਿਆਪਕ ਸ਼ਾਮਲ ਹੋਣਗੇ। ਇਸ ਮੌਕੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ,ਸੁਨੀਲ ਕੁਮਾਰ,ਮੁਕੇਸ਼ ਕੁਮਾਰ, ਵਰਿੰਦਰ ਵਿੱਕੀ, ਵਿਕਾਸ ਸ਼ਰਮਾ, ਪਰਮਜੀਤ ਕੌਰ ਸੁਸ,ਮਨਜੋਤ ਕੌਰ, ਹਰਪ੍ਰੀਤ ਕੌਰ, ਵਰਿੰਦਰ ਕੌਰ, ਸੁਖਦੇਵ ਕੁਮਾਰ,ਸੰਦੀਪ ਗਿੱਲ, ਕੁਲਵੰਤ ਸਿੰਘ ਜਲੋਟਾ ਮਨਜਿੰਦਰ ਸਿੰਘ, ਸੰਜੀਵ ਧੂਤ,ਰਜਤ ਮਹਾਜਨ, ਨਰਿੰਦਰ ਅਜਨੋਹਾ, ਅਸ਼ਵਨੀ ਰਾਣਾ, ਜਸਵੀਰ ਬੋਦਲ, ਚਮਨ ਲਾਲ, ਸਰਬਜੀਤ ਸਿੰਘ, ਜਸਵਿੰਦਰ ਸਿੰਘ, ਅਸ਼ੋਕ ਕੁਮਾਰ, ਰਾਜੇਸ਼ ਕੁਮਾਰ, ਨਰੇਸ਼ ਮਿੱਡਾ,ਰਾਜ ਕੁਮਾਰ, ਰਣਵੀਰ ਸਿੰਘ, ਜਤਿੰਦਰ ਸੋਨੀ,ਸਚਿਨ ਕੁਮਾਰ, ਪਰਮਜੀਤ ਕਾਤਿਬ, ਅਮਰਜੀਤ ਸਿੰਘ ਰਜਤ ਮਹਾਜਨ, ਗੁਰਚਰਨ ਸਿੰਘ, ਅਮਰ ਸਿੰਘ ,ਉਮੇਸ਼ ਕੁਮਾਰ,ਸੰਦੀਪ ਸ਼ਰਮਾ ਅਤੇ ਹੋਰ ਮੌਜੂਦ ਸਨ।





# ਦੇਸ਼-ਵਿਆਪੀ ਹੜਤਾਲ 'ਚ ਟਰੇਡ ਯੂਨੀਅਨਾਂ ਵੱਲੋਂ ਭਰਵੀਂ ਸ਼ਮੂਲੀਅਤ




**ਮਾਹਿਲਪੁਰ (ਸ਼ਫ਼ਰੀ)**- ਕੇਂਦਰੀ ਟਰੇਡ ਯੂਨੀਅਨਾਂ ਅਤੇ ਜਨਤਕ ਜੱਥੇਬੰਦੀਆਂ ਵਲੋਂ ਦਿੱਤੇ ਹੜਤਾਲ ਦੇ ਸੱਦੇ ਤੇ ਬਲਾਕ ਮਾਹਿਲਪੁਰ ਵਿਖੇ ਜਨਤਕ ਜੱਥੇਬੰਦੀਆਂ ਵਲੋਂ ਮਾਹਿਲਪੁਰ ਵਿਖੇ ਰੈਲੀ ਕਰਕੇ ਆਪਣਾ ਰੋਸ ਪ੍ਰਦਰਸ਼ਨ ਪੈਨਸ਼ਨਰ ਆਗੂ ਸੋਹਣ ਸਿੰਘ ਭੂੰਨੋ, ਪ ਸ ਸ ਫ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਮਲਕੀਤ ਸਿੰਘ ਬਾਹੋਵਾਲ ਦੀ ਅਗਵਾਈ ਵਿੱਚ ਸਥਾਨਕ ਸਬਜ਼ੀ ਮੰਡੀ ਵਿਖੇ ਰੈਲੀ ਕਰਕੇ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ ਨੰਗਲ ਖਿਲਾੜੀਆਂ, ਅਮਰਜੀਤ ਸਿੰਘ, ਤਲਵਿੰਦਰ ਸਿੰਘ ਹੀਰ ਕਿਸਾਨ ਆਗੂ, ਪਰਮਜੀਤ ਕਾਤਿਬ, ਕਮਲਜੀਤ ਖੜੌਦੀ ਚਰਨਜੀਤ ਬਾੜੀਆਂ ਕਲਾਂ, ਕਿਸਾਨ ਆਗੂ ਸ਼ੇਰ ਜੰਗ ਬਹਾਦਰ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਧਾਰਮਿਕ ਉਨਮਾਤ, ਘੱਟ ਗਿਣਤੀਆਂ ਨਾਲ ਪੱਖਪਾਤ, ਨਰੇਗਾ ਨਾਲ ਛੇੜਛਾੜ, ਅਮਰੀਕਾ ਨਾਲ ਲੋਕ ਵਿਰੋਧੀ ਟਰੇਡ ਡੀਲ, ਬਿਜਲੀ ਸੋਧ ਬਿੱਲ ਤੇ ਸੰਵਿਧਾਨ ਨਾਲ ਛੇੜਛਾੜ ਕਰਕੇ ਦੇਸ਼ ਵਿਚ ਨਫਰਤ ਦਾ ਮਾਹੌਲ ਪੈਦਾ ਕਰ ਰਹੀ ਹੈ। ਆਗੂਆਂ ਨੇ ਕੇਂਦਰ ਸਰਕਾਰ ਨੂੰ ਤਾੜਨਾ ਕਰਦਿਆਂ ਕਿਹਾ ਕਿ ਕਿਸਾਨ, ਮਜਦੂਰ, ਮੁਲਾਜ਼ਮ, ਪੈਨਸ਼ਨਰ ਅਤੇ ਆਮ ਲੋਕਾਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।ਮੁਜ਼ਾਹਰਾਕਾਰੀਆਂ ਵਲੋਂ ਸ਼ਹਿਰ ਵਿੱਚ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਕੇ ਟ੍ਰੈਫਿਕ ਵੀ ਜਾਮ ਕੀਤਾ ਗਿਆ।ਇਸ ਮੌਕੇ ਦਲਵੰਤ ਸਿੰਘ ਢਕੋ, ਪਰਮਜੀਤ ਮੇਘੋਵਾਲ, ਜੇ.ਈ ਹਰਜੀਤ ਸਿੰਘ, ਮਨਜਿੰਦਰ ਸਿੰਘ ਹੱਲੂਵਾਲ, ਜਗਦੀਸ਼ ਰਾਏ ਪੋਸੀ, ਤਰਲੋਚਨ ਸਿੰਘ ਜੇ.ਈ, ਟਹਿਲ ਸਿੰਘ, ਹਰਿੰਦਰ ਸਿੰਘ, ਗਿਆਨ ਹੰਦੋਵਾਲ, ਸਿੰਦਰਪਾਲ ਜਸਵਿੰਦਰ ਸਿੰਘ, ਬਖਤਾਵਰ ਸਿੰਘ, ਹਰਵਿੰਦਰ ਸਿੰਘ, ਬਲਦੇਵ ਰਾਜ ਵਿਰਦੀ, ਬਲਵੀਰ ਸਿੰਘ, ਵਰਿੰਦਰ ਸ਼ਰਮਾ, ਗੁਰਜੀਤ ਸਿੰਘ ਟੋਨੀ, ਕਮਲਜੀਤ, ਲਹਿੰਬਰ ਸਿੰਘ, ਕੁਲਦੀਪ ਸਿੰਘ, ਸੁਰਿੰਦਰ ਸਿੰਘ, ਗੁਰਨਾਮ ਚੰਦ, ਹਰਕੇਸ਼ ਕੁਮਾਰ, ਅਮਰਜੀਤ ਸਿੰਘ, ਹਰਜੀਤ ਸਿੰਘ, ਬਲਦੇਵ ਢੱਕੋਂ, ਰਾਮ ਆਸਰਾ, ਦਵਿੰਦਰ ਸਿੰਘ, ਲਾਲ ਸਿੰਘ, ਗਿਆਨ ਸਿੰਘ,ਪਰਵਿੰਦਰ ਸਿੰਘ, ਸੋਮਨਾਥ, ਓਮ ਦੱਤ, ਤਰਸੇਮ ਲਾਲ, ਰਾਮਪਾਲ,ਆਸ਼ਾ ਮੇਘੋਵਾਲ, ਅਮਰਵੀਰ ਕੌਰ, ਬਲਜਿੰਦਰ ਕੌਰ, ਸੁਰਿੰਦਰ ਕੌਰ, ਮਾਇਆ ਦੇਵੀ, ਪਰਮਜੀਤ ਕੌਰ, ਬਲਵਿੰਦਰ ਕੌਰ, ਸੰਧਿਆ, ਹਰਬੰਸ ਕੌਰ, ਸੁਰਿੰਦਰ ਕੌਰ, ਰਸ਼ਪਾਲ ਕੌਰ, ਸੁਲੇਖਾ ਰਾਣੀ, ਕੁਲਵੀਰ ਕੌਰ, ਪ੍ਰਦੀਪ ਕੌਰ, ਜਸਵੀਰ ਕੌਰ, ਆਸ਼ਾ ਰਾਣੀ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਟਰੇਡ ਯੂਨੀਅਨ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੇ ਦੇਸ਼ ਵਿਆਪੀ ਹੜਤਾਲ ਨੂੰ ਭਰਵਾਂ ਹੁੰਗਾਰਾ ਮਿਲਿਆ। ਵੱਖ ਵੱਖ ਮਜ਼ਦੂਰ, ਕਿਸਾਨ ਜਥੇਬੰਦੀਆਂ, ਸਕੀਮ ਵਰਕਰਾਂ, ਮੁਲਾਜ਼ਮ ਫੈਡਰੇਸ਼ਨਾ, ਆਂਗਣਵਾੜੀ ਮਿੱਡ ਡੇ ਮੀਲ,ਆਸ਼ਾ ਵਰਕਰ, ਪੈਨਸ਼ਨਰ ਯੂਨੀਅਨਾ ਦੇ ਵਰਕਰ ਸਥਾਨਕ ਬੱਸ ਸਟੈਂਡ ਤੇ ਇੱਕ ਵੱਡਾ ਇਕੱਠ ਕੀਤਾ ਗਿਆ। ਇਸ ਮੌਕੇ ਤੇ ਆਗੂਆਂ ਨੇ ਕਿਹਾ ਕਿ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਕੀਤੀ ਗਈ ਦੇਸ਼ ਵਿਆਪੀ ਹੜਤਾਲ ਨੂੰ ਇਲਾਕੇ ਵਿੱਚ ਭਰਵਾਂ ਹੁੰਗਾਰਾ ਮਿਲਿਆ ਹੋਇਆ। ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਆਰਥਿਕ ਨੀਤੀਆਂ, ਫਿਰਕਾਪ੍ਰਸਤੀ ਨੀਤੀਆਂ ਵਿਰੁੱਧ ਜਬਰਦਸਤ ਰੋਸ ਪਾਇਆ ਜਾ ਰਿਹਾ ਹੈ ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨਾਂ, ਮਜ਼ਦੂਰਾਂ ਗਰੀਬ ਲੋਕਾਂ ਤੇ ਵੱਡੇ ਪੱਧਰ ਤੇ ਹਮਲਾ ਕਰ ਰਹੀ ਹੈ। ਇਸ ਮੌਕੇ ਤੇ ਰਤਨ ਸਿੰਘ ਮਜਾਰੀ, ਕਾਮਰੇਡ ਸੁਰਜੀਤ ਸਿੰਘ ਢੇਰ, ਕਮਲੇਸ਼ ਕੌਰ, ਤਿਲਕਰਾਜ, ਦਰਸ਼ਨ ਸਿੰਘ ਬੜਵਾ, ਗੁਰਨਾਮ ਸਿੰਘ ਔਲਖ, ਜੈਮਲ ਸਿੰਘ ਭੜੀ, ਕਪਿਲ ਮਹਿੰਦਲੀ, ਗੋਪਾਲ ਸ਼ਰਮਾ, ਪ੍ਰਦੀਪ ਕੁਮਾਰ, ਰਾਮ ਪਾਲ ਤਾਰਾਪੁਰ, ਸੇਵਾ ਸਿੰਘ, ਸੀਮਾ ਰਾਣੀ, ਅਨੂਪ ਕੌਰ, ਮਨਜੀਤ ਕੌਰ,ਭਾਗ ਸਿੰਘ ਭਾਉਵਾਲ, ਰਾਮ ਕਿਸ਼ਨ, ਤਰਸੇਮ ਲਾਲ ਬੜਵਾ, ਨਰਿੰਦਰ ਸਿੰਘ ਮਾਵੀ,ਸੋਮ ਨਾਥ,ਮਦਨ ਗੋਪਾਲ,ਚਰਨ ਦਾਸ ਅਮਰਜੀਤ ਕੌਰ, ਪਰਮਜੀਤ ਕੌਰ, ਸ਼ਮਸ਼ੇਰ ਸਿੰਘ ਸ਼ੇਰਾ, ਰਣਜੀਤ ਸਿੰਘ ਆਗੂਆਂ ਨੇ ਸੰਬੋਧਨ ਕੀਤਾ। ਇਸ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਪ੍ਰਦਰਸ਼ਨਕਾਰੀਆਂ ਨੇ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਤੇ ਉਪ ਮੰਡਲ ਮੈਜਿਸਟਰੇਟ ਦਫ਼ਤਰ ਮੂਹਰੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ 'ਤੇ ਕੇਂਦਰ ਸਰਕਾਰ ਖ਼ਿਲਾਫ਼ ਜੰਮਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਤੇ, ਮਾਸਟਰ ਕਿਰਪਾਲ ਸਿੰਘ ਭੱਟੋਂ, ਮਾਸਟਰ ਕਰਮ ਚੰਦ ਗਨਾਰੂ, ਕਸ਼ਮੀਰ ਸਿੰਘ ਨੰਗਲੀ, ਜਗੀਰ ਸਿੰਘ ਰੌਲੀ, ਇੰਦਰਜੀਤ ਸਿੰਘ ਫੌਜੀ, ਬਰਜਿੰਦਰ ਸਿੰਘ ਡੋਡ, ਸ਼ਸ਼ੀ ਬਾਲਾ ਗੰਭੀਰਪੁਰ,ਵਿਨੋਦ ਕੁਮਾਰ ਢੇਰ,ਕਾਕੂ ਡੋਡ, ਜਸਵਿੰਦਰ ਕੌਰ ਭਲਾਣ, ਬਲਵੀਰ ਕੌਰ, ਸੰਤੋਸ਼ ਕੁਮਾਰੀ, ਸੁਨੀਤਾ ਦੇਵੀ,ਬਕਸੋ ਦੇਵੀ, ਕੁਲਵਿੰਦਰ ਕੌਰ,ਵਰਛਾ ਦੇਵੀ,ਭਾਗ ਸਿੰਘ ਮਾਂਗੇਵਾਲ, ਹਰਪਾਲ ਸਿੰਘ ਮੱਝਾ, ਗੁਰਮੇਲ ਸਿੰਘ ਮਾਂਗੇਵਾਲ, ਨਰਿੰਦਰ ਕੌਰ, ਤ੍ਰਿਪਤਾ ਦੇਵੀ, ਮਲਕੀਤ ਕੌਰ, ਤਰਨਜੀਤ ਕੌਰ, ਰਕਸ਼ਾ ਦੇਵੀ, ਕਾਂਤਾ ਦੇਵੀ, ਜਰਨੈਲ ਸਿੰਘ ਗਿੱਲ, ਵਰਿਆਮ ਸਿੰਘ, ਵੀਨਾ ਰਾਣੀ,ਹਰਜਾਪ ਸਿੰਘ ਬਡਿਆਲ, ਪ੍ਰੇਮ ਸਿੰਘ ਅਟਵਾਲ, ਬਲਦੇਵ ਸਿੰਘ ਅਟਵਾਲ, ਸੂਬੇਦਾਰ ਗੁਰਨਾਮ ਸਿੰਘ ਭੰਗਲ, ਸੂਬੇਦਾਰ ਹਰਜਾਪ ਸਿੰਘ ਭੰਗਲ, ਮੋਹਿਤ ਕੁਮਾਰ ਕੁਲਗਰਾਂ ਵੀ ਹਾਜ਼ਰ ਸਨ।




# ਵਿਧਾਇਕ ਵੱਲੋਂ ਜਿਮ ਤੇ ਆਂਗਣਵਾੜੀ ਕੇਂਦਰ ਦਾ ਉਦਘਾਟਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਜੈਤਪੁਰ ਵਿੱਚ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਨਵੇਂ ਬਣੇ ਜਿਮ ਤੇ ਆਂਗਣਵਾੜੀ ਕੇਂਦਰ ਪਿੰਡ ਵਾਸੀਆਂ ਨੂੰ ਸਮਰਪਤ ਕੀਤੇ। ਇਸ ਮੌਕੇ ਡਾ. ਇਸ਼ਾਂਕ ਕੁਮਾਰ ਨੇ ਕਿਹਾ ਆਂਗਣਵਾੜੀ ਵਿੱਚ ਬੱਚਿਆਂ ਦੇ ਹਾਸਿਆਂ ਤੋਂ ਲੈ ਕੇ ਜਿਮ ਵਿੱਚ ਸਾਡੇ ਨੌਜਵਾਨਾਂ ਦੇ ਦ੍ਰਿੜ ਇਰਾਦੇ ਤੱਕ, ਇਹ ਉਹ ਭਵਿੱਖ ਹੈ ਜੋ ਅਸੀਂ ਰਲ ਕੇ ਬਣਾ ਰਹੇ ਹਾਂ। ਬੱਚਿਆਂ ਦੀ ਮੁਢਲੀ ਦੇਖਭਾਲ, ਸਿੱਖਿਆ ਤੋਂ ਲੈ ਕੇ ਨੌਜਵਾਨਾਂ ਦੀ ਫਿਟਨੈੱਸ ਤੱਕ, ਅਸੀਂ ਜ਼ਰੂਰੀ ਸੁਵਿਧਾਵਾਂ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਹਾਂ। ਇਹ ਸੁਵਿਧਾਵਾਂ ਸਾਡੇ ਨੌਜਵਾਨਾਂ ਦੀ ਸਿਹਤ ਤੇ ਭਲਾਈ ਨੂੰ ਵਧਾਉਣ ਦੇ ਨਾਲ-ਨਾਲ ਸਾਡੇ ਬੱਚਿਆਂ ਦੇ ਉਜਲੇ ਭਵਿੱਖ ਨੂੰ ਵੀ ਮਜ਼ਬੂਤ ਕਰਨਗੀਆਂ। ਵਿਧਾਇਕ ਡਾ. ਇਸ਼ਾਂਕ ਨੇ ਜੈਤਪੁਰ ਦੇ ਨਿਵਾਸੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੇਂ ਜਿਮ ਲਈ ?5 ਲੱਖ ਦੀ ਗ੍ਰਾਂਟ ਜਾਰੀ ਕੀਤੀ ਗਈ ਸੀ, ਜਦਕਿ ਆਂਗਣਵਾੜੀ ਕੇਂਦਰ ਦਾ ਨਿਰਮਾਣ 9 ਲੱਖ ਦੀ ਗ੍ਰਾਂਟ ਨਾਲ ਕੀਤਾ ਗਿਆ ਹੈ। ਜਿਮ ਵਿੱਚ ਆਧੁਨਿਕ ਉਪਕਰਣ ਉਪਲਬਧ ਕਰਵਾਏ ਗਏ ਹਨ, ਜਿਸ ਨਾਲ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਣਾ ਮਿਲੇਗੀ। ਦੂਜੇ ਪਾਸੇ, ਆਂਗਣਵਾੜੀ ਕੇਂਦਰ ਪਿੰਡ ਦੇ ਬੱਚਿਆਂ ਲਈ ਸ਼ੁਰੂਆਤੀ ਸਿੱਖਿਆ, ਪੋਸ਼ਣ ਅਤੇ ਮਹਿਲਾਵਾਂ ਲਈ ਸਿਹਤ ਸੇਵਾਵਾਂ ਦਾ ਮਹੱਤਵਪੂਰਨ ਕੇਂਦਰ ਸਾਬਤ ਹੋਵੇਗਾ। ਜੈਤਪੁਰ ਵਿੱਚ ਇਹ ?14 ਲੱਖ ਦਾ ਨਿਵੇਸ਼ ਸਿਰਫ਼ ਇਮਾਰਤਾਂ ਬਣਾਉਣ ਲਈ ਨਹੀਂ, ਸਗੋਂ ਸਾਡੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਕਰਨ ਅਤੇ ਨੌਜਵਾਨਾਂ ਨੂੰ ਤੰਦਰੁਸਤੀ ਤੇ ਅਨੁਸ਼ਾਸਨ ਵੱਲ ਪ੍ਰੇਰਿਤ ਕਰਨ ਲਈ ਹੈ, ਉਹਨਾਂ ਕਿਹਾ। ਵਿਧਾਇਕ ਡਾ. ਇਸ਼ਾਂਕ ਨੇ ਪਿੰਡ ਦੇ ਬਜ਼ੁਰਗ ਅਵਤਾਰ ਸਿੰਘ ਤੋਂ ਰਿਬਨ ਕਟਵਾ ਕੇ ਉਦਘਾਟਨ ਕਰਵਾਇਆ ਅਤੇ ਕਿਹਾ ਕਿ ਜਦੋਂ ਸਾਡੇ ਬਜ਼ੁਰਗਾਂ ਦੀਆਂ ਦੁਆਵਾਂ ਮਿਲਦੀਆਂ ਹਨ, ਤਾਂ ਹੋਰ ਵੀ ਵਧੀਆ ਕੰਮ ਕਰਨ ਦਾ ਹੌਸਲਾ ਮਿਲਦਾ ਹੈ। ਇਸ ਮੌਕੇ ਸਰਬਜੀਤ ਸਿੰਘ ਭੋਲਾ, ਜਤਿੰਦਰ ਸਿੰਘ ਰਾਜੂ (ਪੰਚ), ਦਲਵੀਰ ਸਿੰਘ (ਸਾਬਕਾ ਸਰਪੰਚ), ਜੀਵਨ ਸਿੰਘ ਫੌਜੀ, ਦੀਦਾਰ ਸਿੰਘ ਦਾਰਾ, ਪਵਿੱਤਰ ਕੌਰ, ਸੁਰਿੰਦਰ ਕੌਰ ਸਮੇਤ ਹੋਰ ਕਈ ਮੋਹਤਬਰ ਵਿਅਕਤੀ ਹਾਜ਼ਰ ਸਨ।



## ਕੁਲਵੰਤ ਸਿੰਘ ਵੱਲੋਂ ਯਾਤਰੀਆਂ ਦੀ ਬੱਸ ਨੂੰ ਹਰੀ ਝੰਡੀ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਵਿਧਾਇਕ ਮੋਹਾਲੀ ਸ. ਕੁਲਵੰਤ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਬੱਸ ਯਾਤਰਾ ਯੋਜਨਾ ਤਹਿਤ ਮੋਹਾਲੀ ਦੇ ਫੇਜ਼-11 ਸਥਿਤ ਗੁਰਦੁਆਰਾ ਸ੍ਰੀ ਸਿੰਘ ਸਭਾ ਤੋਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਬੱਸ ਵਿੱਚ 40 ਸ਼ਰਧਾਲੂਆਂ ਦਾ ਜੱਥਾ ਅੰਮ੍ਰਿਤਸਰ ਲਈ ਰਵਾਨਾ ਹੋਇਆ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ ਅਤੇ ਭਗਵਾਨ ਵਾਲਮੀਕਿ ਮੰਦਰ ਆਦਿ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਕੇ ਅਤੇ ਜਲ੍ਹਿਆਂਵਾਲਾ ਬਾਗ਼ ਤੇ ਵਾਹਗਾ ਬਾਰਡਰ ਦੇਖ ਕੇ ਮੁੜ ਮੋਹਾਲੀ ਪਰਤਣਗੇ ਅਤੇ ਬਾਅਦ ਵਿੱਚ ਇਹ ਬੱਸ ਹੋਰ ਯਾਤਰੀਆਂ ਨੂੰ ਲੈ ਕੇ ਦੁਬਾਰਾ ਅੰਮ੍ਰਿਤਸਰ ਲਈ ਰਵਾਨਾ ਹੋਵੇਗੀ।

## ਬੋਰਡ ਪ੍ਰੀਖਿਆਵਾਂ ਲਈ 300 ਤੋਂ ਵੱਧ ਫਲਾਇੰਗ ਸਕਵੈਡ ਤਾਇਨਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਭਰ ਵਿੱਚ ਹੋਣ ਵਾਲੀਆਂ ਆਗਾਮੀ ਬੋਰਡ ਪ੍ਰੀਖਿਆਵਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਨਕਲ-ਰਹਿਤ ਢੰਗ ਨਾਲ ਕਰਵਾਉਣ ਲਈ ਵਿਸਤ੍ਰਿਤ ਤਕਨੀਕੀ ਤੇ ਪ੍ਰਸ਼ਾਸਕੀ ਪ੍ਰਬੰਧ ਕੀਤੇ ਗਏ ਹਨ।ਡਾ. ਅਮਰਪਾਲ ਸਿੰਘ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਦੱਸਿਆ ਕਿ ਇਸ ਸਾਲ ਬੋਰਡ ਵੱਲੋਂ ਨਵੀਂ ਸ਼ੁਰੂ ਕੀਤੀ ਗਈ ਐੱਮ ਏ ਟੀ ਕਿਉ ਐਪ ਰਾਹੀਂ ਇੱਕ ਅਧੁਨਿਕ ਡਿਜ਼ਿਟਲ ਟ੍ਰੈਕਿੰਗ ਪ੍ਰਣਾਲੀ ਲਾਗੂ ਕੀਤੀ ਗਈ ਹੈ, ਜੋ ਪ੍ਰਸ਼ਨ ਪੱਤਰਾਂ ਦੀ ਸੁਰੱਖਿਅਤ ਆਵਾਜਾਈ 'ਤੇ ਨਿਗਰਾਨੀ ਕਰੇਗੀ। ਨਕਲ ਰੋਕਣ ਅਤੇ ਨਿਰਪੱਖ ਮਾਹੌਲ ਯਕੀਨੀ ਬਣਾਉਣ ਲਈ ਪੰਜਾਬ ਭਰ ਵਿੱਚ 300 ਤੋਂ ਵੱਧ ਫਲਾਇੰਗ ਸਕਵਾਡ ਬਣਾਏ ਗਏ ਹਨ।

# ਆਰ ਟੀ ਓ ਨੇ ਰਾਤ ਨੂੰ ਚਲਾਈ ਵਿਸ਼ੇਸ਼ ਜਾਂਚ ਮੁਹਿੰਮ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੇ ਹੁਕਮਾਂ ਤਹਿਤ ਆਰ ਟੀ ਓ ਅਮਨਦੀਪ ਕੌਰ ਵੱਲੋਂ ਜ਼ਿਲ੍ਹੇ ਵਿਚ ਰਾਤ ਦੇ ਸਮੇਂ ਵਿਸ਼ੇਸ਼ ਜਾਚ ਮੁਹਿੰਮ ਚਲਾਈ ਗਈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਸੜਕਾਂ 'ਤੇ ਚੱਲ ਰਹੇ ਵਪਾਰਕ ਵਾਹਨਾਂ ਦੀ ਜਾਂਚ ਕਰਕੇ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣਾ ਅਤੇ ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਦੱਸਿਆ ਕਿ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਵੀ ਇਸ ਸਬੰਧੀ ਨਿਰਦੇਸ਼ ਦਿੱਤੇ ਗਏ ਸਨ। ਆਰ ਟੀ ਓ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਸਾਂਝੀਆਂ ਟੀਮਾਂ ਨੇ ਵੱਖ-ਵੱਖ ਪ੍ਰਮੁੱਖ ਰੂਟਾਂ, ਚੌਂਕ- ਚੌਰਾਇਆਂ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਨਾਕਾਬੰਦੀ ਕਰਕੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਜਾਂਚ ਦੌਰਾਨ ਓਵਰ ਲੋਡਿੰਗ, ਬਿਨ੍ਹਾਂ ਕਾਗਜਾਂ ਤੋਂ, ਪ੍ਰਦੂਸ਼ਣ ਮਾਪਦੰਡਾਂ ਦੀ ਉਲੰਘਣਾ, ਫਿਟਨੈਸ ਸਰਟੀਫਿਕੇਟ ਨਾ ਹੋਣਾ ਅਤੇ ਹੋਰ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਈ ਵਪਾਰਕ ਵਾਹਨ ਜ਼ਬਤ ਕੀਤੇ ਗਏ। ਕਾਰਵਾਈ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਬਹੁਤ ਸਾਰੇ ਵਾਹਨਾਂ ਦੇ ਚਲਾਨ ਕੱਟੇ ਗਏ, ਜਦਕਿ ਗੰਭੀਰ ਉਲੰਘਣਾ ਪਾਏ ਜਾਣ 'ਤੇ ਕੁਝ ਓਵਰਲੋਡ ਵਾਹਨਾਂ ਨੂੰ ਮੌਕੇ 'ਤੇ ਹੀ ਜ਼ਬਤ (ਇੰਪਾਊਂਡ) ਕਰ ਲਿਆ ਗਿਆ। ਅਮਨਦੀਪ ਕੌਰ ਨੇ ਦੱਸਿਆ ਕਿ ਵਾਹਨ ਚਾਲਕਾਂ ਨੂੰ ਆਵਾਜਾਈ ਨਿਯਮਾਂ ਪ੍ਰਤੀ ਜਾਗਰੂਕ ਕਰਦੇ ਹੋਏ ਭਵਿੱਖ ਵਿਚ ਨਿਯਮਾਂ ਦੀ ਪਾਲਣਾ ਕਰਨ ਦੀ ਸਖ਼ਤ ਹਦਾਇਤ ਵੀ ਕੀਤੀ ਗਈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਤਰ੍ਹਾਂ ਦੀ ਵਿਸ਼ੇਸ਼ ਜਾਂਚ ਮੁਹਿੰਮ ਅੱਗੇ ਵੀ ਲਗਾਤਾਰ ਜਾਰੀ ਰਹੇਗੀ, ਤਾਂ ਜੋ ਸੜਕ ਦੁਰਘਟਨਾਵਾਂ 'ਤੇ ਰੋਕ ਲਗਾਈ ਜਾ ਸਕੇ ਤੇ ਆਮ ਜਨਤਾ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

# ਜੁਆਇੰਟ ਫੋਰਮ ਏਕਤਾ ਮੰਚ ਤੇ ਇੰਪਲਾਈਜ਼ ਫੈਡਰੇਸ਼ਨ ਵੱਲੋਂ ਗੇਟ ਰੈਲੀ



**ਦਸੂਹਾ (ਕਰਨੈਲ ਮਾਂਗਟ)**- ਜੁਆਇੰਟ ਫੋਰਮ ਏਕਤਾ ਮੰਚ ਤੇ ਇੰਪਲਾਈਜ ਫੈਡਰੇਸ਼ਨ ਪਹਿਲਵਾਨ ਵੱਲੋਂ ਦੇਸ਼ ਵਿਆਪੀ ਟਰੇਡ ਯੂਨੀਅਨ ਦੇ ਸੱਦੇ ਤੇ ਇੱਕ ਰੋਜ਼ਾ ਹੜਤਾਲ ਕਰਕੇ ਮੰਡਲ ਪ੍ਰਧਾਨ ਧਨਵੰਤ ਸਿੰਘ ਦੀ ਹਾਜ਼ਰੀ ਵਿੱਚ ਦਸੂਹਾ ਵਿਖੇ ਗੇਟ ਰੈਲੀ ਕੀਤੀ ਗਈ । ਇਸ ਦੌਰਾਨ ਮੁਲਾਜ਼ਮਾਂ ਦੀਆਂ ਭੱਖਦੀਆਂ ਮੰਗਾਂ ਤੇ ਵਿਚਾਰ ਵਿਟਾਂਦਰਾ ਕੀਤਾ ਗਿਆ ਜਿਵੇਂ ਕਿ 17.07.2020 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਉੱਪਰ ਛੇਵੇਂ ਪੇ ਕਮਿਸ਼ਨ ਦੇ ਸਕੇਲ ਲਾਗੂ ਕਰਾਉਣਾ, 16% ਡੀਏ ਦਾ ਬਕਾਇਆ ਸੋਧੇ ਤਨਖਾਹ ਪੈਨਸ਼ਨ ਸਕੇਲਾਂ ਦੇ ਬਕਾਏ ਤਨਖਾਹਾਂ ਦੀਆਂ ਤਰੁਟੀਆਂ, ਪੁਰਾਣੀ ਪੈਨਸ਼ਨ ਦੀ ਬਹਾਲੀ, ਸੋਧੇ ਸਕੇਲ ਲਾਗੂ ਹੋਣ ਤੋਂ ਬਾਅਦ ਤਰੱਕੀ ਹੋਏ ਕਰਮਚਾਰੀਆਂ ਨੂੰ ਪੇ ਬੈਂਡ ਦਾ ਲਾਭ ਲਾਗੂ ਕਰਾਉਣਾ, ਕੱਚੇ ਕਾਮੇ ਪੱਕੇ ਕਰਾਉਣੇ, ਬਰਾਬਰ ਕੰਮ ਬਰਾਬਰ ਤਨਖਾਹ ਦਾ ਸਿਧਾਂਤ ਲਾਗੂ ਮੁਕੰਮਲ ਰੂਪ ਵਿੱਚ ਲਾਗੂ ਕਰਾਉਣਾ, ਸਲੇਸ਼ੀਅਮ ਪੋਲਸੀ ਤਹਿਤ ਤਰਸ ਦੇ ਆਧਾਰ ਤੇ ਭਰਤੀ ਹੋਏ ਕਰਮਚਾਰੀਆਂ ਦਾ ਵਿਆਜ ਮਾਫੀ ਮਾਮਲਾ, ਕੋਂਟਰੈਕਟ ਪੀਰੀਅਡ ਵਾਲੇ ਸਾਥੀਆਂ ਦਾ ਸੇਵਾ ਜੋੜਨ ਦਾ ਮਾਮਲਾ ਅਤੇ ਹੋਰ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਾਉਣਾ ਪ੍ਰੰਤੂ ਨਿੱਜੀਕਰਨ ਦਾ ਮਸਲਾ ਸਭ ਤੋਂ ਵੱਡਾ ਹੈ ਜਿਸ ਨੂੰ ਰੋਕਣ ਲਈ ਇੱਕ ਰੋਜ਼ਾ ਹੜਤਾਲ ਕੀਤੀ ਗਈ। ਇਸ ਗੇਟ ਰੈਲੀ ਵਿੱਚ ਰਾਮਸ਼ਰਨ ਪਰਾਸ਼ਰ ਸੂਬਾ ਮੀਤ ਪ੍ਰਧਾਨ ਪੈਨਸ਼ਨਰ ਵੈਲਫੇਅਰ ਫੈਡਰੇਸ਼ਨ ਪੰਜਾਬ, ਗੁਰਪ੍ਰੀਤ ਸਿੰਘ ਸਰਕਲ ਸਕੱਤਰ ਹੁਸ਼ਿਆਰਪੁਰ, ਸੁਰਿੰਦਰ ਸਿੰਘ ਵਿੱਤ ਸਕੱਤਰ ਸਰਕਲ ਹੁਸ਼ਿਆਰਪੁਰ, ਮਨਜੀਤ ਸਿੰਘ ਮਿਆਣੀ ਆਰਗਨਾਈਜ਼ਰ ਨੌਰਥ ਜੋਨ ਜਲੰਧਰ ,ਹਰਦੀਪ ਸਿੰਘ , ਸੁੱਖਾ ਸਿੰਘ, ਅਨਿਲ ਕੁਮਾਰ ਆਰ.ਏ, ਰਾਜ ਕੁਮਾਰ ਆਰ.ਏ, ਗੁਰਨਾਮ ਸਿੰਘ, ਮਨਜੀਤ ਸਿੰਘ, ਪਰਮਜੀਤ ਸਿੰਘ, ਰਕੇਸ਼ ਕੁਮਾਰ, ਮੋਹਨ ਲਾਲ, ਹਰਜਿੰਦਰ ਸਿੰਘ, ਬਲਜੀਤ ਸਿੰਘ, ਪਵਨਦੀਪ ਸਿੰਘ, ਰਿੰਕੂ, ਆਦਿ ਹਾਜ਼ਰ ਸਨ ।

# ਰਾਇਜ਼ਾਦਾ ਹੰਸਰਾਜ ਸਟੇਡੀਅਮ ਨੂੰ ਸੋਲਰ ਪਾਵਰ ਪਲਾਂਟ ਲਈ 13.48 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ

**ਜਲੰਧਰ (ਨ ਜ ਸ)**- ਆਮ ਆਦਮੀ ਪਾਰਟੀ ਦੇ ਰਾਜ ਸਭਾ ਸਾਂਸਦ ਤੇ ਭਾਰਤ ਦੇ ਸਾਬਕਾ ਕ੍ਰਿਕਟਰ ਹਰਭਜਨ ਸਿੰਘ ਨੇ ਜਲੰਧਰ ਦੇ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡਿਯਮ ਵਿੱਚ ਸੋਲਰ ਪਾਵਰ ਪਲਾਂਟ ਲਗਾਉਣ ਲਈ ਆਪਣੇ ਐੱਮ ਪੀ ਫੰਡ ਤੋਂ 13.48 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਹੈ। ਸੋਲਰ ਪਾਵਰ ਪ੍ਰੋਜੈਕਟ ਦਾ ਪ੍ਰਸਤਾਵ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਵੱਲੋਂ ਲੋਕ ਨਿਰਮਾਣ ਵਿਭਾਗ ਦੇ ਅਨੁਮਾਨ ਦੇ ਨਾਲ ਭੇਜਿਆ ਗਿਆ ਸੀ। ਪੰਜਾਬ ਵਿੱਚ ਖੇਡਾਂ ਦੇ ਵਿਕਾਸ ਲਈ ਲਗਾਤਾਰ ਸਹਿਯੋਗ ਦੇਣ ਵਾਲੇ ਸਾਂਸਦ ਹਰਭਜਨ ਸਿੰਘ ਨੇ ਇਸ ਪ੍ਰੋਜੈਕਟ ਨੂੰ ਤੁਰੰਤ ਮਨਜ਼ੂਰੀ ਦੇ ਦਿੱਤੀ। ਇਹ ਪਹਿਲੀ ਵਾਰ ਨਹੀਂ ਹੈ ਕਿ ਸਾਂਸਦ ਵੱਲੋਂ ਐਸੋਸੀਏਸ਼ਨ ਨੂੰ ਆਰਥਿਕ ਮਦਦ ਦਿੱਤੀ ਗਈ ਹੋਵੇ। ਸਾਲ 2023 ਵਿੱਚ ਉਨ੍ਹਾਂ ਨੇ ਇਸੇ ਸਟੇਡਿਅਮ ਵਿੱਚ ਜਿਮ ਦੇ ਲਈ 16.50 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਸੀ।ਮੀਡੀਆ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਕਿਹਾ ਕਿ ਸ. ਹਰਭਜਨ ਸਿੰਘ ਨਾਲ ਮੁਲਾਕਾਤ ਹਮੇਸ਼ਾ ਵਧੀਆ ਹੁੰਦੀ ਹੈ। ਉਨ੍ਹਾਂ ਦੱਸਿਆ ਕਿ 2023 ਵਿੱਚ ਸਾਂਸਦ ਨੇ ਸਟੇਡੀਅਮ ਦੇ ਜਿਮ ਲਈ ਸਹਿਯੋਗ ਦਿੱਤਾ ਸੀ ।



## ਐੱਨ ਐੱਸ ਐੱਸ ਕੈਂਪ ਦਾ ਦੂਜਾ ਦਿਨ ਸਫਲਤਾਪੂਰਵਕ ਸੰਪੰਨ




**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਡਿਪਸ ਕਾਲਜ ਆਫ ਐਜੂਕੇਸ਼ਨ, ਰੜਾ ਮੋੜ-ਜਲਾਲਪੁਰ ਵਿੱਚ ਚੱਲ ਰਹੇ 7 ਦਿਨਾਂ ਐੱਨ ਐੱਸ ਐੱਸ ਕੈਂਪ ਦੂਸਰੇ ਦਿਨ ਵੀ ਜਾਰੀ ਰਿਹਾ। ਪ੍ਰਿੰਸੀਪਲ ਡਾ. ਹਰਮੀਤ ਕੌਰ ਤੇ ਪ੍ਰੋਗਰਾਮ ਅਫਸਰ ਦੀਵਿਆ ਦੀ ਅਗਵਾਈ ਹੇਠ ਐੱਨ ਐੱਸ ਐੱਸ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਮੁੱਖ ਮਹਿਮਾਨ ਵਜੋਂ ਪਹੁੰਚੇ ਏ ਐੱਸ ਆਈ ਰਾਜਵਿੰਦਰ ਸਿੰਘ ਨੇ ਐੱਨ ਐੱਸ ਐੱਸ ਵਲੰਟੀਅਰ ਨੂੰ ਟ੍ਰੈਫਿਕ ਨਿਯਮਾਂ ਅਤੇ ਨਸ਼ਾ ਮੁਕਤ ਸਮਾਜ ਦੀ ਲੋੜ ਤੇ ਇਸ ਦਿਸ਼ਾ ਵਿੱਚ ਨੌਜਵਾਨਾਂ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਉਨ੍ਹਾਂ ਦੇ ਟੀਮ ਮੈਂਬਰ ਲੋਕ ਰਾਮ (ਏ ਐੱਸ ਆਈ), ਹਰਜਿੰਦਰ ਸਿੰਘ (ਏ ਐੱਸ ਆਈ.), ਨਿਰਮਲ ਸਿੰਘ (ਹੈੱਡ ਕਾਂਸਟੇਬਲ) ਨੇ ਵੀ ਸਮਾਰੋਹ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਨੇ ਸੜਕ ਸੁਰੱਖਿਆ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਮਹੱਤਤਾ ਦੱਸਿਆ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਇਸ ਦੇ ਨਾਲ ਹੀ ਐਨ ਐਸ ਐਸ ਵਲੰਟੀਅਰ ਵੱਲੋਂ ਪਿੰਡ ਰੜਾ ਵਿਖੇ ਨਸ਼ਿਆਂ ਦੇ ਵਿਰੁੱਧ ਰੈਲੀ ਕੱਢੀ ਗਈ। ਇਸ ਮੌਕੇ ਡਿਪਸ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਤਲਵਿੰਦਰ ਸਿੰਘ, ਸੀ ਏ ਓ ਰਮਨੀਕ ਸਿੰਘ, ਸੀ.ਈ.ਓ. ਜਸ਼ਨ ਸਿੰਘ, ਸੀ.ਈ.ਓ ਮਿਸ ਮੋਨਿਕਾ ਮੰਡੋਤਰਾ ਅਤੇ ਜਨਰਲ ਮੈਨੇਜਰ ਰਾਜੀਵ ਸ਼ਰਮਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਦੇ ਹੋਏ ਅਤੇ ਐਨ.ਐੱਸ.ਐੱਸ. ਵਲੰਟੀਅਰਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਐੱਨ ਐੱਸ ਐੱਸ ਵਲੰਟੀਅਰ ਅਤੇ ਸਟਾਫ਼ ਦਿਵਿਆ, ਕੁਮਾਰੀ ਮੀਨਾਕਸ਼ੀ, ਕੁਮਾਰੀ ਕਵਿਤਾ, ਰਾਜਬੀਰ ਸਿੰਘ, ਆਸ਼ਾ ਕੌਰ ਤੇ ਜਸਵਿੰਦਰ ਕੌਰ ਵੀ ਮੌਜੂਦ ਸਨ।

## ਨੈੱਟਫਲਿਕਸ ਦੀ ਫਿਲਮ ਦਾ ਨਾਂਅ ਬਦਲਣ ਦੇ ਫੈਸਲੇ ਦਾ ਸਵਾਗਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਰਾਸ਼ਟਰੀ ਹਿੰਦੂ ਸ਼ਕਤੀ ਸੰਗਠਨ ਦੇ ਰਾਸ਼ਟਰੀ ਉਪ ਪ੍ਰਧਾਨ, ਪੰਜਾਬ ਭਾਜਪਾ ਆਗੂ ਤੇ ਡੇਰਾਬੱਸੀ ਬ੍ਰਾਹਮਣ ਸਭਾ ਦੇ ਪ੍ਰਧਾਨ, ਰਵਿੰਦਰ ਵੈਸ਼ਨਵ ਨੇ ਸੁਪਰੀਮ ਕੋਰਟ ਦੇ ਨੈੱਟਫਲਿਕਸ 'ਤੇ ਪ੍ਰਸਾਰਿਤ ਹੋਣ ਵਾਲੀ ਵਿਵਾਦਤ ਟੈਲੀਫਿਲਮ ਦਾ ਨਾਮ ਰਿਸ਼ਵਤਖੋਰ ਪੰਡਿਤ ਤੋਂ ਬਦਲਣ ਦੇ ਫੈਸਲੇ ਦਾ ਸਵਾਗਤ ਕੀਤਾ। ਯਾਦ ਰਹੇ ਕਿ ਕੁਝ ਦਿਨ ਪਹਿਲਾਂ ਹੀ ਬ੍ਰਾਹਮਣ ਸਭਾ ਦੇ ਪ੍ਰਧਾਨ ਰਵਿੰਦਰ ਵੈਸ਼ਨਵ, ਸਾਬਕਾ ਜਨਰਲ ਸਕੱਤਰ ਨਰਿੰਦਰ ਮੋਹਨ ਸ਼ਰਮਾ ਤੇ ਭਾਜਪਾ ਮੰਡਲ ਪ੍ਰਧਾਨ ਪਵਨ ਧੀਮਾਨ ਪੰਮਾ ਨੇ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਗਠਨਾਂ ਦੀ ਇੱਕ ਮੀਟਿੰਗ ਵਿੱਚ ਇੱਕ ਮਤਾ ਪਾਸ ਕੀਤਾ ਸੀ ਜਿਸ ਵਿੱਚ ਟੈਲੀਫਿਲਮ ਦਾ ਨਾਮ ਬਦਲਣ ਦੀ ਮੰਗ ਕੀਤੀ ਗਈ ਸੀ।ਰਵਿੰਦਰ ਵੈਸ਼ਨਵ ਨੇ ਸੁਪਰੀਮ ਕੋਰਟ ਦੇ ਆਦੇਸ਼ ਦਾ ਸਵਾਗਤ ਕੀਤਾ ਅਤੇ ਡੇਰਾਬੱਸੀ ਦੇ ਹੋਰ ਧਾਰਮਿਕ ਅਤੇ ਸਮਾਜਿਕ ਸੰਗਠਨਾਂ ਦਾ ਇਸ ਮੁੱਦੇ 'ਤੇ ਸਮਰਥਨ ਕਰਨ ਲਈ ਧੰਨਵਾਦ ਕੀਤਾ। ਰਵਿੰਦਰ ਵੈਸ਼ਨਵ, ਜੋ ਕਿ ਬ੍ਰਾਹਮਣ ਸਭਾ 359 ਡੇਰਾਬੱਸੀ ਦੇ ਪ੍ਰਧਾਨ ਅਤੇ ਪੰਜਾਬ ਬ੍ਰਾਹਮਣ ਸਭਾ ਦੇ ਉਪ ਪ੍ਰਧਾਨ ਵੀ ਹਨ, ਨੇ ਕਿਹਾ ਕਿ ਪ੍ਰਗਟਾਵੇ ਦੀ ਆਜ਼ਾਦੀ ਦਾ ਮਤਲਬ ਕਿਸੇ ਜਾਤੀ ਦਾ ਨਾਂਅ ਉਸ ਜਾਤੀ ਦੇ ਨਾਮ ਤੇ ਰੱਖ ਕੇ ਉਸ ਨੂੰ ਨੀਵਾਂ ਦਿਖਾਉਣਾ ਨਹੀਂ ਹੋਣਾ ਚਾਹੀਦਾ।



# ਗੜ੍ਹੀ ਵੱਲੋਂ ਐੱਸ ਸੀ ਐੱਸ ਟੀ ਐਕਟ ਬਾਰੇ ਟ੍ਰੇਨਿੰਗ ਪ੍ਰਕਿਰਿਆ ਨੂੰ ਤੇਜ਼ ਕਰਨ ਦੇ ਹੁਕਮ



**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੀ 28ਵੀਂ ਫੁੱਲ ਕਮਿਸ਼ਨ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਪੰਜਾਬ ਪੁਲਿਸ ਨੂੰ ਹਦਾਇਤ ਕੀਤੀ ਕਿ ਐਸ.ਸੀ.ਐਸ.ਟੀ. ਐਕਟ ਬਾਰੇ ਟ੍ਰੇਨਿੰਗ ਪ੍ਰਕਿਰਿਆ ਨੂੰ ਹੋਰ ਤੇਜ਼ ਕੀਤਾ ਜਾਵੇ ਤਾਂ ਜੋ ਕਮਿਸ਼ਨ ਕੋਲ ਪੁਲਿਸ ਸਬੰਧੀ ਆਉਣ ਵਾਲੀਆਂ ਸ਼ਿਕਾਇਤਾਂ ਵਿੱਚ ਕਮੀ ਆਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਸਮਾਜਿਕ ਨਿਆਂ ਵਿਭਾਗ ਨੂੰ ਰੋਸਟਰ ਰਜਿਸਟਰ ਸਬੰਧੀ ਕਮੇਟੀਆਂ ਨੂੰ ਰਾਖਵਾਂਕਰਨ ਨੁਕਤਿਆਂ ਅਤੇ ਰੋਸਟਰ ਰਜਿਸਟਰਾਂ ਬਾਰੇ ਟ੍ਰੇਨਿੰਗ ਕਰਵਾਉਣ ਦੇ ਹੁਕਮ ਵੀ ਦਿੱਤੇ।

# ਗੁ. ਸਤਿਗੁਰੂ ਰਵਿਦਾਸ ਮਹਾਰਾਜ ਵਿਖੇ ਧਾਰਮਿਕ ਸਮਾਗਮ ਅੱਜ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਵਾਰਡ ਨੰਬਰ 11-12 ਮਾਹਿਲਪੁਰ ਵੱਲੋਂ ਸ੍ਰੀ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਦੇ ਸਹਿਯੋਗ ਨਾਲ ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇਂ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦੇ ਹੋਏ ਧਾਰਮਿਕ ਸਮਾਗਮ 13 ਫਰਵਰੀ ਦਿਨ ਸ਼ੁਕਰਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਸਿੰਘ ਫੌਜੀ, ਥਾਣੇਦਾਰ ਬਲਵਿੰਦਰ ਸਿੰਘ, ਨਿਰਮਲ ਕੌਰ ਬੋਧ ਸਮੇਤ ਕਮੇਟੀ ਮੈਂਬਰਾਂ ਤੇ ਸਹਿਯੋਗੀਆਂ ਨੇ ਦੱਸਿਆ ਕਿ ਸਮਾਗਮ ਨੂੰ ਮੁੱਖ ਰੱਖਦੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਜਿਨ੍ਹਾਂ ਦੇ ਭੋਗ 13 ਫਰਵਰੀ ਦਿਨ ਸ਼ੁਕਰਵਾਰ ਨੂੰ ਪੈਣਗੇ। ਪਾਠ ਦੇ ਭੋਗ ਤੋਂ ਬਾਅਦ ਰਾਗੀ ਸਿੰਘ ਸ਼ਬਦ ਕੀਰਤਨ ਤੇ ਸੰਤ ਮਹਾਂਪੁਰਸ਼ ਆਪਣੇ ਪ੍ਰਵਚਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ, ਬਾਲੂ ਰਾਮ ਮਾਹੀ ਇੰਗਲੈਂਡ ਨਿਵਾਸੀ ਤੇ ਡਾਕਟਰ ਜਸਵੰਤ ਸਿੰਘ ਥਿੰਦ ਐੱਸ ਐੱਮ ਓ ਸਿਵਲ ਹਸਪਤਾਲ ਮਾਹਿਲਪੁਰ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਇਸ ਮੌਕੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਮੁਫਤ ਮੈਡੀਕਲ ਕੈਂਪ ਡਾਕਟਰ ਜਸਵੰਤ ਸਿੰਘ ਥਿੰਦ ਅਤੇ ਡਾਕਟਰ ਪ੍ਰਭ ਹੀਰ ਦੀ ਯੋਗ ਅਗਵਾਈ ਹੇਠ ਲਗਾਇਆ ਜਾਵੇਗਾ ਚਾਹ-ਪਕੌੜੇ ਅਤੇ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਪ੍ਰਬੰਧਕ ਕਮੇਟੀ ਮੈਂਬਰਾਂ ਨੇ ਦੱਸਿਆ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿਛਲੇ ਦਿਨਾਂ ਤੋਂ ਪ੍ਰਭਾਤ ਫੇਰੀ ਅਤੇ ਸ਼ਾਮ ਫੇਰੀ ਕੱਢੀ ਜਾ ਰਹੀ ਹੈ। ਸ਼ਰਧਾਲੂਆਂ ਵੱਲੋਂ ਪ੍ਰਭਾਤ ਫੇਰੀ ਅਤੇ ਸ਼ਾਮ ਫੇਰੀ ਨੂੰ ਆਪਣੇ ਘਰ ਬੁਲਾ ਕੇ ਚਾਹ ਪਾਣੀ ਅਤੇ ਗੁਰੂ ਕੇ ਲੰਗਰ ਦੀ ਸੇਵਾ ਕੀਤੀ ਜਾ ਰਹੀ ਹੈ। ਬੀਤੇ ਦਿਨੀ ਤਰਸੇਮ ਕੌਰ ਅਜਤੇ ਰਾਮ ਜੀ ਦੇ ਘਰ ਸ਼ਾਮ ਫੇਰੀ ਜਾਣ ਤੇ ਉਨਾਂ ਦੇ ਪਰਿਵਾਰ ਵੱਲੋਂ ਸੰਗਤਾਂ ਦਾ ਭਰਪੂਰ ਸੁਵਾਗਤ ਕੀਤਾ ਗਿਆ ਅਤੇ ਸੰਗਤਾਂ ਨੂੰ ਗੁਰੂ ਕਾ ਲੰਗਰ ਛਕਾਇਆ ਗਿਆ। ਇਸ ਮੌਕੇ ਰਾਮ ਜੀ, ਤਰਸੇਮ ਕੌਰ, ਦੀਆ ਰਾਣੀ, ਜੈਸਮੀਨ, ਥਾਣੇਦਾਰ ਬਲਵਿੰਦਰ ਸਿੰਘ, ਰਿਟਾਇਰ ਥਾਣੇਦਾਰ ਸੁਖਦੇਵ ਸਿੰਘ, ਧਰਮ ਸਿੰਘ ਫੌਜੀ, ਸੁਰਿੰਦਰ ਕੌਰ ਐਮ.ਸੀ, ਨਿਰਮਲ ਕੌਰ, ਅਮਰਜੀਤ ਕੌਰ, ਸੁਮੀਤਾ, ਗਗਨਦੀਪ ਕੌਰ, ਰਣਜੀਤ ਕੌਰ, ਗੁਰਪਾਲ ਕੌਰ, ਡਾਕਟਰ ਬੱਬੂ, ਰੇਖਾ ਰਾਣੀ, ਸੋਨੀਆ, ਸਮੇਤ ਸ਼੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਨ੍ਹਾਂ ਪਰਿਵਾਰਾਂ ਵੱਲੋਂ ਸ਼ਾਮ ਫੇਰੀ ਵਿੱਚ ਸ਼ਾਮਿਲ ਸਨਮਾਨ ਯੋਗ ਸ਼ਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।



# ਭਾਖੜਾ ਡੈਮ ਦੀਆਂ ਪਹਾੜੀਆਂ ਦਾ ਵਿਗਿਆਨਕ ਤੇ ਭੁਵਿਗਿਆਨਕ ਮੁਲਾਂਕਣ ਕਰਾਉਣ ਦੀ ਯੋਜਨਾ

**ਰੋਪੜ (ਬਿੰਦਰਾ)** ਬਰਸਾਤ ਵਿੱਚ ਪਹਾੜੀਆਂ ਖਿਸਕਣ ਦੀਆਂ ਵਧ ਰਹੀਆਂ ਘਟਨਾਵਾਂ ਨੂੰ ਦੇਖਦੇ ਹੋਏ ਬੀ ਬੀ ਐਮ ਬੀ ਦੇ ਅਧਿਕਾਰੀ ਫਿਕਰਮੰਦ ਹੋ ਗਏ ਹਨ। ਭਾਖੜਾ ਬਿਆਸ ਪ੍ਰਬੰਧਕੀ ਬੋਰਡ ਹੁਣ ਭਾਖੜਾ ਡੈਮ ਦੇ ਆਲੇ ਦੁਆਲੇ ਦੀਆਂ ਪਹਾੜੀਆਂ ਦਾ ਵਿਗਿਆਨਕ ਅਤੇ ਭੁਵਿਗਿਆਨਕ ਮੁਲਾਂਕਣ ਕਰਾਉਣ ਦੀ ਯੋਜਨਾ ਬਣਾ ਰਿਹਾ ਹੈ। ਪਤਾ ਚੱਲਿਆ ਹੈ ਕਿ ਇਸ ਉਦੇਸ਼ ਲਈ ਬੀ ਬੀ ਐੱਮ ਬੀ ਵਲੋਂ ਭਾਰਤੀ ਭੂਵਿਗਿਆਨਕ ਸਰਵੇਖਣ ਨਾਲ ਇਕ ਸਮਝੌਤਾ ਕੀਤਾ ਜਾ ਰਿਹਾ ਹੈ ਤਾਂ ਜੋ ਡੈਮ ਦੇ ਢਾਂਚੇ ਅਤੇ ਨੰਗਲ ਤੋਂ ਪਹੁੰਚ ਮਾਰਗਾਂ ਦੀਆਂ ਢਲਾਣਾ ਦਾ ਡੂੰਘਾਈ ਨਾਲ ਅਧਿਐਨ ਕੀਤਾ ਜਾ ਸਕੇ। ਚੇਤੇ ਰਹੇ ਕਿ ਪਿਛਲੀਆਂ ਬਰਸਾਤਾਂ ਵਿੱਚ ਲੈਂਡ ਸਲਾਈਡ ਨਾਲ ਕਈ ਸੜਕਾਂ ਦੀ ਆਵਾਜਾਈ ਬੰਦ ਹੋਣ ਕਾਰਨ ਲੋਕਾਂ ਨੂੰ ਬਹੁਤ ਔਖਿਆਈ ਹੋਈ ਸੀ ਤੇ ਪਹਾੜੀਆਂ ਦਾ ਮਲਬਾ ਪਾਵਰ ਹਾਊਸ ਨੇੜੇ ਪੁੱਜ ਗਿਆ ਸੀ। ਡੈਮ ਦੇ ਨਿਰਮਾਣ ਸਮੇਂ 1950/1960 ਦੇ ਦਹਾਕੇ ਵਿੱਚ ਪਹਾੜੀਆਂ ਨੂੰ ਕੰਕਰੀਟ ਅਤੇ ਲੋਹੇ ਦੇ ਸਰੀਏ ਨਾਲ ਮਜ਼ਬੂਤ ਕੀਤਾ ਗਿਆ ਸੀ,ਪਰ ਮਾਹਿਰਾਂ ਦਾ ਮੰਨਣਾ ਹੈ ਕਿ ਸਤ ਦਹਾਕੇ ਬੀਤ ਜਾਣ ਮਗਰੋਂ ਮੌਸਮੀ ਤਬਦੀਲੀਆਂ ਅਤੇ ਪਾਣੀ ਦੇ ਰਿਸਾਅ ਕਾਰਨ ਇਹ ਸੁਰੱਖਿਆ ਢਾਂਚਾ ਕਮਜ਼ੋਰ ਹੋ ਸਕਦਾ ਹੈ। ਜੀ ਐਸ ਆਈ ਵਲੋਂ ਕੀਤੇ ਸਰਵੇਖਣ ਦੌਰਾਨ ਚੱਟਾਨਾ ਦੀ ਮਜ਼ਬੂਤੀ ਫਾਲਟ ਲਾਈਨਾਂ ਅਤੇ ਪਾਣੀ ਦੀ ਨਿਕਾਸੀ ਦੇ ਪ੍ਰਬੰਧਾਂ ਦੀ ਜਾਂਚ ਕੀਤੀ ਜਾਵੇਗੀ।ਇਸ ਅਧਿਐਨ ਦੀਆਂ ਰਿਪੋਰਟਾਂ ਦੇ ਆਧਾਰ ਤੇ ਬੀ ਬੀ ਐੱਮ ਬੀ ਵਲੋਂ ਪਹਾੜੀਆਂ ਨੂੰ ਸਥਿਰ ਕਰਨ ਲਈ ਰੌਕ ਬੋਲਟਿੰਗ, ਨਵੀਆਂ ਰਿਟੇਨਿੰਗ ਕੰਧਾਂ ਅਤੇ ਬਾਇਓ-ਇੰਜੀਨੀਅਰਿੰਗ ਵਰਗੇ ਆਧੁਨਿਕ ਰੋਕਥਾਮ ਉਪਾਅ ਕੀਤੇ ਜਾਣਗੇ। ਭਾਖੜਾ ਡੈਮ ਪੰਜਾਬ ਹਰਿਆਣਾ ਰਾਜਸਥਾਨ ਆਦਿ ਸਿੰਚਾਈ ਅਤੇ ਬਿਜਲੀ ਸਪਲਾਈ ਦਾ ਮੁਖ ਸੋਮਾ ਹੈ ਇਸ ਲਈ ਇਸ ਦੇ ਬੁਨਿਆਦੀ ਢਾਂਚੇ ਨੂੰ ਕਿਸੇ ਵੀ ਸੰਭਾਵੀ ਕੁਦਰਤੀ ਖ਼ਤਰੇ ਤੋਂ ਸੁਰੱਖਿਅਤ ਰੱਖਣਾ ਬੇਹੱਦ ਜ਼ਰੂਰੀ ਹੈ। ਬੋਰਡ ਦੇ ਅਧਿਕਾਰੀਆਂ ਅਨੁਸਾਰ ਇਹ ਕਦਮ ਡੈਮ ਨੂੰ ਕਿਸੇ ਤਤਕਾਲੀ ਖ਼ਤਰੇ ਕਾਰਨ ਨਹੀਂ ਬਲਕਿ ਭਵਿੱਖ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਗਾਊਂ ਅਹਿਤਿਆਤ ਵਜੋਂ ਚੁੱਕਿਆ ਜਾ ਰਿਹਾ ਹੈ।

## ਗਾਇਕ ਮਨਵੀਰ ਰਾਣਾ ਨੂੰ ਸਦਮਾ, ਮਾਤਾ ਦਾ ਦੇਹਾਂਤ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪ੍ਰਸਿੱਧ ਗਾਇਕ ਮਨਵੀਰ ਰਾਣਾ ਨੂੰ ਉਸ ਸਮੇਂ ਬਹੁਤ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਮਾਤਾ ਜੀ ਕਸਮੀਰੋ ਸਪੁੱਤਨੀ ਓਮ ਪ੍ਰਕਾਸ਼ ਰਿਟਾਇਰਡ ਜ਼ਿਲ੍ਹਾ ਪ੍ਰਬੰਧਕ ਅਫ਼ਸਰ (ਸਿੱਖਿਆ ਵਿਭਾਗ) ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਸਾਨੂੰ ਸਦੀਵੀ ਵਿਛੋੜਾ ਦੇ ਕੇ ਗੁਰੂ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਸਵ: ਕਸਮੀਰੋ ਦੀ ਆਤਿਮਕ ਸ਼ਾਂਤੀ ਲਈ ਰੱਖੇ ਗਏ ਪਾਠ ਦੇ ਭੋਗ ਤੇ ਅੰਤਿਮ ਅਰਦਾਸ ਮਿਤੀ 14 ਫਰਵਰੀ ਨੂੰ ਉਨ੍ਹਾਂ ਦੇ ਪਿੰਡ ਸਿੱਧਮ ਮੁਸਤੱਦੀ ਵਿਖੇ ਬਾਅਦ ਦੁਪਹਿਰ 12 ਤੋਂ 1:30 ਵਜੇ ਤੱਕ ਹੋਵੇਗੀ।

# ਸਫ਼ਾਈ ਕਰਮਚਾਰੀਆਂ ਵੱਲੋਂ ਹੜਤਾਲ ਤੇ ਰੋਸ ਪ੍ਰਦਰਸ਼ਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਕੇਂਦਰੀ ਟਰੇਡ ਯੂਨੀਅਨਾਂ (ਸੀ.ਟੀ.ਯੂਜ਼) ਅਤੇ ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਦੇ ਦੇਸ਼-ਵਿਆਪੀ ਸੱਦੇ ਦੇ ਤਹਿ ਨਗਰ ਕੌਂਸਲ ਸਫ਼ਾਈ ਸੈਨਿਕ ਇੰਪਲਾਈਜ਼ ਯੂਨੀਅਨ (ਏਟਕ) ਵੱਲੋਂ ਜ਼ੀਰਕਪੁਰ ਵਿੱਚ ਵਿਸ਼ਾਲ ਹੜਤਾਲ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਨਗਰ ਕੌਂਸਲ ਦਫ਼ਤਰ ਦੇ ਗੇਟ ਅੱਗੇ ਇਕੱਠੇ ਹੋਏ ਸੈਂਕੜਿਆਂ ਸਫ਼ਾਈ ਕਰਮਚਾਰੀਆਂ ਅਤੇ ਮੁਲਾਜ਼ਮਾਂ ਨੇ ਕੇਂਦਰ ਸਰਕਾਰ ਦੀਆਂ ਮਜ਼ਦੂਰ-ਵਿਰੋਧੀ ਅਤੇ ਕਿਸਾਨ-ਵਿਰੋਧੀ ਨੀਤੀਆਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਹ ਪ੍ਰਦਰਸ਼ਨ ਯੂਨੀਅਨ ਪ੍ਰਧਾਨ ਪ੍ਰਦੀਪ ਕੁਮਾਰ ਸੂਦ ਅਤੇ ਰਵਿੰਦਰ ਪਾਲ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਕੀਤਾ ਗਿਆ।ਇਸ ਮੌਕੇ ਪੰਜਾਬ ਏਟਕ ਦੇ ਮੀਤ ਪ੍ਰਧਾਨ ਵਿਨੋਦ ਚੁਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੇਸ਼ ਦੇ ਮਜ਼ਦੂਰਾਂ ਅਤੇ ਕਿਸਾਨਾਂ ਦੇ ਹੱਕਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ।ਯੂਨੀਅਨ ਆਗੂਆਂ ਪ੍ਰਦੀਪ ਕੁਮਾਰ ਸੂਦ ਅਤੇ ਰਵਿੰਦਰ ਪਾਲ ਸਿੰਘ ਨੇ ਕਿਹਾ ਕਿ ਇਹ ਸੰਘਰਸ਼ ਮਜ਼ਦੂਰਾਂ ਤੇ ਕਿਸਾਨਾਂ ਦੇ ਸਾਂਝੇ ਹੱਕਾਂ ਲਈ ਹੈ। ਇਸ ਮੌਕੇ ਯੂਨੀਅਨ ਦੇ ਜਨਰਲ ਸਕੱਤਰ ਸਤੀਸ਼ ਭਾਟਲੀ, ਦਫ਼ਤਰੀ ਸਕੱਤਰ ਸੂਰਜ ਕੁਮਾਰ, ਉਪ-ਪ੍ਰਧਾਨ ਸੰਤਰੇਸ਼ ਕੁਮਾਰ, ਅਨਿਲ ਕੁਮਾਰ, ਰੁਕੇਸ਼ ਕੁਮਾਰ, ਸਲਾਹਕਾਰ ਪ੍ਰਦੀਪ ਬਿਸਨਪੁਰਾ, ਖ਼ਜ਼ਾਨਚੀ ਰਵੀ ਸੂਦ ਸਮੇਤ ਵੱਡੀ ਗਿਣਤੀ ਵਿੱਚ ਸਫ਼ਾਈ ਕਰਮਚਾਰੀ ਹਾਜ਼ਰ ਸਨ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ 'ਤੇ ਗੰਭੀਰਤਾ ਨਾਲ ਵਿਚਾਰ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਚੱਕਾ ਜਾਮ ਅਤੇ ਅਣਮਿੱਥੇ ਸਮੇਂ ਲਈ ਅੰਦੋਲਨ ਸ਼ੁਰੂ ਕੀਤਾ ਜਾਵੇਗਾ।



# ਮਿੱਡ ਡੇ ਮੀਲ ਵਰਕਰਾਂ ਨੇ ਰੋਸ ਪ੍ਰਦਰਸ਼ਨ ਕਰਦੇ ਹੋਏ ਕੀਤਾ ਰੋਹ ਭਰਪੂਰ ਮਾਰਚ

**ਗੁਰਾਇਆ (ਬਿੰਦਰ ਸੁਮਨ)**- ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟ੍ਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਵਲੋਂ ਕੇਂਦਰ ਦੀ ਮੋਦੀ ਸਰਕਾਰ ਅਤੇ ਰਾਜ ਸਰਕਾਰਾਂ ਦੀਆਂ ਆਮ ਲੋਕਾਂ, ਮਜ਼ਦੂਰਾਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਹੋਰ ਕਿਰਤੀ ਵਰਗ ਵਿਰੋਧੀ ਲਾਗੂ ਕੀਤੀਆਂ ਜਾ ਰਹੀਆਂ ਨੀਤੀਆਂ ਨੂੰ ਮੋੜਾ ਦੇਣ ਲਈ 12 ਫਰਵਰੀ ਨੂੰ ਕੌਮੀ ਹੜਤਾਲ ਕਰਨ ਦੇ ਦਿੱਤੇ ਗਏ ਸੱਦੇ ਦੇ ਅਨੁਸਾਰ ਬਿਜਲੀ ਬੋਰਡ ਗੁਰਾਇਆ ਦੇ ਦਫ਼ਤਰ ਸਾਹਮਣੇ ਇਕੱਠੇ ਹੋ ਕੇ ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਗੁਰਾਇਆ ਦੀਆਂ ਵਰਕਰਾਂ ਨੇ ਸਿਮਰਨਜੀਤ ਪਾਸਲਾ ਤੇ ਚਰਨਜੀਤ ਕੌਰ ਮਾਹਲ, ਜਸਵੀਰ ਕੌਰ ਜੰਡਿਆਲਾ, ਅਮਰਜੀਤ ਕੌਰ ਨਗਰ ਦੀ ਅਗਵਾਈ ਵਿੱਚ ਟੈਕਨੀਕਲ ਸਰਵਿਸਿਜ਼ ਯੂਨੀਅਨ ਮੰਡਲ ਗੁਰਾਇਆ ਬਿਜਲੀ ਬੋਰਡ ਦੀ ਜਥੇਬੰਦੀ ਦੇ ਨਾਲ ਰਲ ਕੇ ਸਾਂਝੇ ਤੌਰ 'ਤੇ ਰੋਸ ਪ੍ਰਦਰਸ਼ਨ ਕਰਦੇ ਹੋਏ ਰੋਹ ਭਰਪੂਰ ਮਾਰਚ ਕਰਦੇ ਹੋਏ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਦੇ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਸਮੇਂ ਸਿਮਰਜੀਤ ਪਾਸਲਾ, ਚਰਨਜੀਤ ਕੌਰ ਮਾਹਲ, ਸੰਜੀਵ ਕੁਮਾਰ, ਸੁਖਵਿੰਦਰ ਰਾਮ,ਤਾਰਾ ਸਿੰਘ ਬੀਕਾ, ਕੁਲਦੀਪ ਸਿੰਘ ਕੌੜਾ, ਸੰਤੋਖ ਸਿੰਘ ਬਿਲਗਾ, ਜਸਵਿੰਦਰ ਸਿੰਘ ਢੇਸੀ , ਸੰਤੋਖ ਸਿੰਘ ਬਿਲਗਾ, ਕੁਲਦੀਪ ਵਾਲੀਆ, ਬਲਵੀਰ ਸਿੰਘ ਗੁਰਾਇਆ,ਨਿਰਮੋਲਕ ਸਿੰਘ ਹੀਰਾ, ਸੁਰਿੰਦਰ ਪਾਲ ਲਾਖਾ ਬੁਲਾਰਿਆਂ ਨੇ ਕੌਮੀ ਹੜਤਾਲ ਦੇ ਮੁੱਦਿਆਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਮਾਣ ਭੱਤਾ ਵਰਕਰਾਂ ਮਿੱਡ ਡੇ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ ਆਦਿ ਨੂੰ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ 18000/- ਰੁਪਏ ਮਹੀਨਾ ਤਨਖਾਹ ਲਾਗੂ ਕਰਨ ਲਈ,ਕਿਰਤ ਕਾਨੂੰਨਾਂ ਵਿੱਚ ਕੀਤੀਆਂ ਸੋਧਾਂ ਰੱਦ ਕਰਵਾਉਣ, ਪੁਰਾਣੀ ਪੈਨਸ਼ਨ ਬਹਾਲ ਕਰਨ,ਪੀ ਐੱਫ ਆਰ ਡੀ ਏ ਬਿੱਲ ਰੱਦ ਕਰਨ, ਬਿਜਲੀ ਬਿੱਲ 2025, ਐਪਲੀਕੇਮੈਂਟ 2026 ਨੂੰ ਰੱਦ ਕਰਨ, ਬੀਜ਼ ਸੋਧ ਬਿੱਲ, ਮਗਨਰੇਗਾ ਵਿੱਚ ਸੋਧਾਂ ਕਰਕੇ ਬਣਾਏ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਨ, ਸਮੂਹ ਵਿੱਚ ਵੱਖ ਵੱਖ ਸਕੀਮਾਂ ਅਧੀਨ ਕੰਮ ਕਰਦੇ ਸਮੂਹ ਮੁਲਾਜ਼ਮਾਂ ਨੂੰ ਰੈਗੂਲਰ ਕਰਨ, ਸਮੂਹ ਫਸਲਾਂ ਤੇ ਐੱਮ ਐੱਸ ਪੀ ਲਾਗੂ ਕਰਨ, ਸਰਕਾਰੀ ਅਦਾਰਿਆਂ ਨੂੰ ਕਾਰਪੋਰੇਟਾਂ ਕੋਲ ਵੇਚਣ ਤੋਂ ਰੋਕਣ ਲਈ, ਅੱਠਵਾਂ ਪੇ ਕਮਿਸ਼ਨ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਤੇ ਲਾਗੂ ਕਰਨ, ਭਾਰਤੀ ਨਿਆਂ ਸੰਹਿਤਾ ਦੇ ਨਵੇਂ ਫੌਜਦਾਰੀ ਕਾਨੂੰਨਾਂ ਨੂੰ ਰੱਦ ਕਰਨ,ਹਰ ਨਾਗਰਿਕ ਲਈ ਕੈਸ਼ ਲੈਸ ਹੈਲਥ ਸਕੀਮ ਲਾਗੂ ਕਰਨ,60 ਸਾਲ ਤੋਂ ਉੱਪਰ ਦੇ ਸਮੂਹ ਨਾਗਰਿਕਾਂ ਲਈ ਜ਼ਿੰਦਗੀ ਜਿਊਣ ਯੋਗ ਸਮਾਜਿਕ ਸੁਰੱਖਿਆ ਦੇਣ ਆਦਿ ਮੰਗਾਂ ਨੂੰ ਲੈਕੇ ਦੇਸ਼ ਭਰ ਵਿੱਚ ਕੌਮੀ ਹੜਤਾਲ ਕੀਤੀ ਜਾ ਰਹੀ ਹੈ ਤਾਂ ਜੋ ਕੇਂਦਰ ਦੀ ਮੋਦੀ ਸਰਕਾਰ ਅਤੇ ਰਾਜ ਸਰਕਾਰਾਂ ਦੀਆਂ ਆਮ ਲੋਕਾਂ ਮਾਰੂ ਨੀਤੀਆਂ ਨੂੰ ਮੋੜਾ ਦੇਣ ਲਈ ਵੱਡੇ ਪੱਧਰ 'ਤੇ ਸੰਘਰਸ਼ ਦੀ ਲਹਿਰ ਉਸਾਰਨ ਕੇ ਨੀਤੀਆਂ ਨੂੰ ਰੱਦ ਕਰਨ ਲਈ ਮੌਕੇ ਦੀਆਂ ਸਰਕਾਰਾਂ ਨੂੰ ਮਜਬੂਰ ਕੀਤਾ ਜਾ ਸਕੇ।ਇਸ ਸਮੇਂ ਹੋਰਨਾਂ ਤੋਂ ਇਲਾਵਾ ਸਿਮਰਨ ਕੁਮਾਰੀ, ਚਰਨਜੀਤ ਕੌਰ, ਸਰਬਜੀਤ ਕੌਰ, ਅਮਰਜੀਤ ਕੌਰ, ਸੋਨੀਆ, ਦਲਵੀਰ ਕੌਰ, ਜਸਵਿੰਦਰ ਕੌਰ,ਕਿਰਨ ਕੁਮਾਰੀ, ਕਿਸਮਤੀ, ਦੀਸੋ, ਸੰਦੀਪ ਕੌਰ,ਪਾਲੋ, ਸੁਰਜੀਤ, ਬਖ਼ਸ਼ੋ, ਤੋਸ਼ੀ, ਕੁਲਦੀਪ ਕੌਰ, ਸੁਖਵਿੰਦਰ ਕੌਰ,ਰਾਧਾ ਰਾਣੀ, ਮਨਜੀਤ ਕੌਰ, ਗੁਰਦੀਪ, ਮਨਜੋਤ ਕੌਰ, ਸੁਖਨਿੰਦਰ ਕੌਰ, ਸੰਤੋਸ਼, ਬਲਵੀਰ ਕੌਰ, ਨੀਲਮ ਰਾਣੀ, ਜਸਪ੍ਰੀਤ ਕੌਰ, ਨਿੰਦਰ, ਰੀਨਾ ਰਾਣੀ, ਸੀਮਾ ਰਾਣੀ, ਰਾਜ ਰਾਣੀ, ਕੁਲਵੀਰ, ਬੋਲੀ, ਰੇਸ਼ਮੋ, ਜਸਪ੍ਰੀਤ, ਜਸਮੀਨ ਆਦਿ ਮਿੱਡ ਡੇ ਮੀਲ ਵਰਕਰਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਅੱਖਾਂ ਦੇ ਮੁਫ਼ਤ ਅਪਰੇਸ਼ਨ ਕੈਂਪ ਸੰਬੰਧੀ ਪੋਸਟਰ ਰਿਲੀਜ਼



**ਆਦਮਪੁਰ (ਪਰਮਜੀਤ ਸਿੰਘ)**- ਲਾਇਨਜ਼ ਕਲੱਬ ਆਦਮਪੁਰ ਦੋਆਬਾ ਵੱਲੋਂ ਲਾਇਨਜ਼ ਆਈ ਹਸਪਤਾਲ ਚੈਰੀਟੇਬਲ ਸੁਸਾਇਟੀ ਦੀ ਦੇਖ ਰੇਖ ਹੇਠ ਲਾਇਨਜ਼ ਕਲੱਬ ਆਫ ਵੈਂਨਸਟਿੱਡ ਅਤੇ ਵੁਡਫੋਰਡ ਦੇ ਸਹਿਯੋਗ ਨਾਲ 45 ਵਾਂ ਅੱਖਾਂ ਦਾ ਮੁਫ਼ਤ ਅਪਰੇਸ਼ਨ ਕੈਂਪ 14 ਫਰਵਰੀ ਨੂੰ ਸਵੇਰੇ 9 ਵਜੇ ਸ਼ੁਰੂ ਹੋਵੇਗਾ।ਇਸ ਸਬੰਧੀ ਪੋਸਟਰ ਜਾਰੀ ਕਰਦਿਆਂ ਹਸਪਤਾਲ ਦੇ ਚੇਅਰਮੈਨ ਦਸ਼ਵਿੰਦਰ ਚਾਂਦ ਨੇ ਦੱਸਿਆ ਕਿ ਕੈਂਪ ਦੌਰਾਨ ਸ਼ਨੀਵਾਰ ਨੂੰ ਅੱਖਾਂ ਦਾ ਚੈੱਕਅਪ ਕੀਤਾ ਜਾਵੇਗਾ ਜਿੱਥੇ ਲੋੜਵੰਦ ਮਰੀਜਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਤੇ ਜਿਨ੍ਹਾਂ ਦੇ ਅਪਰੇਸ਼ਨ ਚੁਣੇ ਗਏ ਉਹ ਲਗਾਤਾਰ ਇੱਕ ਹਫ਼ਤਾ ਅਲਟਰਾ ਮਾਡਰਨ ਫੀਕੋ ਵਿਧੀ ਨਾਲ ਕੀਤੇ ਜਾਣਗੇ ਜਿੱਥੇ ਮਰੀਜਾਂ ਦੇ ਰਹਿਣ ਸਹਿਣ ਖਾਣਪੀਣ ਦੇ ਸਾਰੇ ਇੰਤਜਾਮ ਕੀਤੇ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਇਸ ਕੈਂਪ ਦੌਰਾਨ ਬੱਚਿਆਂ ਦੇ ਭੈਂਗਾਪਨ ਦੇ ਸਕਿੰਟ ਅਪਰੇਸ਼ਨ ਵੀ ਮੁਫ਼ਤ ਅਤੇ ਲੋੜਵੰਦਾਂ ਨੂੰ ਟ੍ਰਾਈ ਸਾਈਕਲ ਵੀ ਮੁਫ਼ਤ ਦਿੱਤਾ ਜਾਣਗੇ।ਉਨ੍ਹਾਂ ਸਭਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਰੂਰਤਮੰਦ ਮਰੀਜ਼ ਇਸ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ।ਇਸ ਮੌਕੇ ਵਿਸ਼ੇਸ਼ ਤੌਰ ਤੇ ਕਲੱਬ ਦੇ ਪ੍ਰਧਾਨ ਰਾਕੇਸ਼ ਚੋਢਾ,ਖਜਾਨਚੀ ਵਿਨੋਦ ਟੰਡਨ, ਲਾਇਨ ਹਰਵਿੰਦਰ ਸਿੰਘ ਪਰਹਾਰ, ਲਾਇਨ ਅਕਸ਼ਰਦੀਪ ਸ਼ਰਮਾ ਅਤੇ ਹੋਰ ਹਾਜ਼ਰ ਸਨ।

## ਐੱਨ ਐੱਸ ਐੱਸ ਵਲੰਟੀਅਰ ਸਨਮਾਨਤ




ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਐੱਮ ਐੱਮ ਡੀ ਡੀਏਵੀ ਕਾਲਜ ਦੀਆਂ ਬੀਏ ਭਾਗ ਦੂਜਾ ਦੀਆਂ ਪੰਜ ਐਨਐਸਐਸ ਵਲੰਟੀਅਰਜ਼ ਨੂੰ ਹਾਈਕਿੰਗ ਟ੍ਰੇਨਿੰਗ ਕੈਂਪ ਵਿਚ ਸ਼ਿਰਕਤ ਕਰਕੇ ਵਾਪਸ ਆਉਣ 'ਤੇ ਕਾਲਜ ਦੇ ਪ੍ਰਿੰ. ਰਾਜੇਸ਼ ਮਹਾਜਨ ਵੱਲੋਂ ਸਨਮਾਨਤ ਕੀਤਾ ਗਿਆ। ਐਨਐਸਐਸ ਵਿਭਾਗ ਦੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਅੰਜਲੀ ਨੇ ਦੱਸਿਆ ਕਿ ਕਾਲਜ ਦੀਆਂ ਐਨਐਸਐਸ ਵਲੰਟੀਅਰਜ਼ ਕਸ਼ਿਸ਼, ਡਲੀਸ਼ਾ ਅਰੋੜਾ, ਸ਼ਿਵਾਂਗੀ, ਸ਼ਮਨਦੀਪ ਕੌਰ ਤੇ ਪ੍ਰੀਤ ਕੌਰ ਨੇ ਬੀਤੇ ਦਿਨੀਂ ਹਰੀਕੇ ਪੱਤਨ ਵਿਖੇ ਆਯੋਜਤ ਕੀਤੇ ਹਾਈਕਿੰਗ ਟ੍ਰੇਨਿੰਗ ਕੈਂਪ ਵਿਚ ਸ਼ਿਰਕਤ ਕੀਤੀ ਤੇ ਕੈਂਪ ਨੂੰ ਸਫਲਤਾਪੂਰਵਕ ਪੂਰਾ ਕੀਤਾ।ਕੈਂਪ ਦੌਰਾਨ ਆਯੋਜਤ ਸਾਰੀਆਂ ਗਤੀਵਿਧੀਆਂ ਵਿੱਚ ਕਾਲਜ ਦੀਆਂ ਉਕਤ ਵਾਲੰਟੀਅਰਜ਼ ਨੇ ਭਾਗ ਲਿਆ ਤੇ ਅਨੁਸ਼ਾਸਨ ਵਿਚ ਰਹਿੰਦੀਆਂ ਇਨ੍ਹਾਂ ਗਤੀਵਿਧੀਆਂ ਨੂੰ ਪੂਰਾ ਕੀਤਾ।

## ਨਿਰਮਲ ਭੱਟੀਆਂ ਨੇ ਭੂਪੇਸ਼ ਬਘੇਲ ਨਾਲ ਕੀਤੀ ਮੁਲਾਕਾਤ



ਸਨੌਰ (ਰਾਜਿੰਦਰ ਸਿੰਘ ਥਿੰਦ)-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਨਿਰਮਲ ਸਿੰਘ ਭੱਟੀਆਂ ਸਾਬਕਾ ਚੇਅਰਮੈਨ ਬੈਂਕ ਫਿਨਕੋ ਪੰਜਾਬ ਵੱਲ ਭੂਪੇਸ਼ ਬਘੇਲ ਇੰਚਾਰਜ ਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਨਾਲ ਮੁਲਾਕਾਤ ਕੀਤੀ ਗਈ।ਨਿਰਮਲ ਸਿੰਘ ਭੱਟੀਆ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪੰਜਾਬ ਦੇ ਸੀਨੀਅਰ ਆਗੂਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪੰਜਾਬ ਦੇ ਹਾਲਾਤ ਬਾਰੇ ਜਾਣੂ ਕਰਾਇਆ ਗਿਆ ਕਿ ਇਸ ਤਰ੍ਹਾਂ ਪੰਜਾਬ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਵਿਗੜੀ ਹੋਈ ਹੈ।ਇਸ ਕਰਕੇ ਪੰਜਾਬ ਦਾ ਇਨਸਾਫ਼ਪਸੰਦ ਹਰ ਇੱਕ ਬੰਦਾ ਦੁਖੀ ਤੇ ਪ੍ਰੇਸ਼ਾਨ ਹੈ ਤੇ ਚਾਹੁੰਦਾ ਹੈ ਕਿ ਕਦੋਂ 2027 ਦੀ ਵਿਧਾਨ ਸਭਾ ਦੀ ਇਲੈਕਸ਼ਨ ਆਵੇ, ਇਸ ਸਰਕਾਰ ਨੂੰ ਚੱਲਦਾ ਕਰਕੇ ਮੁੜ ਤੋਂ ਪੰਜਾਬ 'ਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਈਏ ਤਾਂ ਜੁ ਪੰਜਾਬ ਦੇ ਹਾਲਾਤ ਸੁਧਰ ਜਾਣ ਅਤੇ ਖੁਸ਼ਹਾਲ ਪੰਜਾਬ ਬਣ ਜਾਵੇ।

## ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਲਕਾ ਇੰਚਾਰਜ ਨਿਯੁਕਤ



ਹਠੂਰ (ਲਵਲੀ ਕੁਮਾਰ)-ਮੀਰੀ-ਪੀਰੀ ਦੇ ਸਿਧਾਂਤ 'ਤੇ ਚੱਲਣ ਵਾਲੀ ਧਾਰਮਿਕ ਜਥੇਬੰਦੀ ਇੰਟਰਨੈਸ਼ਨਲ ਪੰਥਕ ਦਲ, ਜਿਸ ਦੀਆਂ ਜੜ੍ਹਾਂ ਪੰਜਾਬ ਤੋਂ ਲੈ ਕੇ ਬਾਹਰਲੇ ਮੁਲਕਾਂ ਤੱਕ ਫੈਲੀਆਂ ਹੋਈਆਂ ਹਨ।ਜਥੇਬੰਦੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਨਵੀਆਂ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ।ਇਸੇ ਲੜੀ ਨੂੰ ਅੱਗੇ ਤੋਰਦਿਆਂ 20ਵੀਂ ਸਦੀ ਦੇ ਮਹਾਨ ਜਰਨੈਲ ਤੇ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਰਹੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਤੇ ਸ੍ਰੀ ਆਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਵੱਲੋਂ ਇੰਟਰਨੈਸ਼ਨਲ ਪੰਥਕ ਦਲ ਦੇ ਜ਼ਿਲ੍ਹਾ ਪ੍ਰਧਾਨ ਭਾਈ ਰਜਿੰਦਰ ਸਿੰਘ ਰਾਜਾ ਦਾਖ਼ਾਂਵਾਲ ਕਲਾਂ ਨੂੰ ਫ਼ਤਿਹਗੜ੍ਹ ਚੂੜੀਆਂ ਦੀ ਥਾਂ ਹਲਕਾ ਇੰਚਾਰਜ ਅਤੇ ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਭਾਈ ਗੁਰਭੇਜ ਸਿੰਘ ਭੈਣੀ ਮੱਸਾ ਸਿੰਘ ਨੂੰ ਖੇਮਕਰਨ ਤੋਂ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ। ਦੋਵੇਂ ਨਵ ਨਿਯੁਕਤ ਹਲਕਾ ਇੰਚਾਰਜਾਂ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ, ਉਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਦੋਵਾਂ ਹਲਕਾ ਇੰਚਾਰਜਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ ਤੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇੰਟਰਨੈਸ਼ਨਲ ਪੰਥਕ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ ਤੇ ਜਥੇਬੰਦੀ ਧਾਰਮਿਕ ਗਤੀਵਿਧੀਆਂ ਦੀ ਲੜੀ ਨੂੰ ਲਗਾਤਾਰ ਅੱਗੇ ਤੋਰਦੇ ਹੋਏ ਗੁਰਸੰਗਤ ਨੂੰ ਬਾਣੀ ਤੇ ਬਾਣੇ ਨਾਲ ਜੋੜਨ ਦੇ ਉਪਰਾਲੇ ਕਰਨਗੇ।

## ਮਹਿੰਦਰਾ ਕਾਲਜ 'ਚ ਵਿਰਾਸਤੀ ਕਵੀ ਦਰਬਾਰ ਅੱਜ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਵਿੱਚ ਕਰਵਾਏ ਜਾਣ ਵਾਲੇ ਪਟਿਆਲਾ ਹੈਰੀਟੇਜ ਮੇਲੇ-2026 ਦੌਰਾਨ 13 ਫ਼ਰਵਰੀ ਨੂੰ ਸਰਕਾਰੀ ਮਹਿੰਦਰਾ ਕਾਲਜ ਵਿਖ ਕਵੀ ਦਰਬਾਰ ਕਰਵਾਇਆ ਜਾਵੇਗਾ। ਇਸ ਸਬੰਧੀ ਐਸ.ਡੀ.ਐਮ. ਪਟਿਆਲਾ ਹਰਜੋਤ ਕੌਰ ਮਾਵੀ ਨੇ ਦੱਸਿਆ ਕਿ ਵਿਰਾਸਤੀ ਕਵੀ ਦਰਬਾਰ ਸਰਕਾਰੀ ਮਹਿੰਦਰਾ ਕਾਲਜ ਵਿਖੇ ਸਵੇਰੇ 10 ਵਜੇ ਸ਼ੁਰੂ ਹੋਵੇਗਾ।ਉਨ੍ਹਾਂ ਨੇ ਇਸ ਕਵੀ ਦਰਬਾਰ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮਹਿੰਦਰਾ ਕਾਲਜ ਦੇ ਪ੍ਰਿੰਸੀਪਲ ਨਿਸ਼ਠਾ ਤ੍ਰਿਪਾਠੀ ਅਤੇ ਹੋਰ ਅਧਿਕਾਰੀਆਂ ਅਮਲੇ ਨਾਲ ਬੈਠਕ ਵੀ ਕੀਤੀ।ਐਸ.ਡੀ.ਐਮ. ਹਰਜੋਤ ਕੌਰ ਮਾਵੀ ਨੇ ਦੱਸਿਆ ਕਿ ਇਸ ਵਿਰਾਸਤੀ ਕਵੀ ਦਰਬਾਰ ਵਿੱਚ ਪੰਜਾਬੀ, ਉਰਦੂ ਤੇ ਪੁਆਧੀ ਦੇ ਨਾਮਵਰ ਕਵੀ ਆਪਣੇ ਕਲਾਮ ਪੇਸ਼ ਕਰਨਗੇ।ਉਨ੍ਹਾਂ ਦੱਸਿਆ ਕਿ ਇਸ ਕਵੀ ਦਰਬਾਰ 'ਚ ਭਾਸ਼ਾ ਵਿਭਾਗ ਦੇ ਡਾਇਰੈਕਟਰ ਤੇ ਉੱਘੇ ਕਵੀ ਜਸਵੰਤ ਸਿੰਘ ਜ਼ਫ਼ਰ ਸਮੇਤ ਸੁਰਜੀਤ ਜੱਜ ਫਗਵਾੜਾ, ਤ੍ਰੈਲੋਚਨ ਲੋਚੀ ਲੁਧਿਆਣਾ, ਬਲਵਿੰਦਰ ਸੰਧੂ ਪਟਿਆਲਾ, ਡਾ. ਗੁਰਸੇਵਕ ਲੰਬੀ ਪੰਜਾਬੀ ਯੂਨੀਵਰਸਿਟੀ, ਅਵਤਾਰਜੀਤ ਸਿੰਘ ਪਟਿਆਲਾ, ਸੰਤ ਸਿੰਘ ਸੋਹਲ ਫ਼ਤਹਿਗੜ੍ਹ ਸਾਹਿਬ, ਡਾ. ਰੁਬੀਨਾ ਸ਼ਬਨਮ ਮਾਲੇਰਕੋਟਲਾ, ਡਾ. ਆਸ਼ਾ ਕਿਰਨ ਪਟਿਆਲਾ, ਗੁਰਪ੍ਰੀਤ ਢਿੱਲੋਂ ਪਟਿਆਲਾ, ਨਵਦੀਪ ਮੁੰਡੀ ਪਟਿਆਲਾ, ਅੰਮ੍ਰਿਤਪਾਲ ਸ਼ੈਦਾ ਪਟਿਆਲਾ, ਜਸਵਿੰਦਰ ਚਾਹਲ ਮਾਨਸਾ, ਸਤੀਸ਼ ਵਿਦਰੋਹੀ ਪੰਜੋਲਾ, ਚਰਨ ਪੁਆਧੀ ਕੈਥਲ (ਹਰਿਆਣਾ), ਗੁਰਵਿੰਦਰ ਅਮਨ ਰਾਜਪੁਰਾ ਤੇ ਕਿਰਪਾਲ ਮੂਣਕ ਸ਼ਮੂਲੀਅਤ ਕਰਨਗੇ।

## ਸੀਨੀਅਰ ਸਿਟੀਜ਼ਨ ਕੌਂਸਲ ਦੀ ਹੋਈ ਮੀਟਿੰਗ



ਮੋਗਾ (ਵਿਕਰਮ ਸਿੰਘ ਖਹਿਰਾ)-ਸੀਨੀਅਰ ਸਿਟੀਜ਼ਨ ਕੌਂਸਲ ਦੀ ਮੀਟਿੰਗ ਪੰਜਾਬ ਫੈਡਰੇਸ਼ਨ ਦੇ ਸੀਨੀਅਰ ਉਪ ਪ੍ਰਧਾਨ, ਫਾਊਂਡਰ ਮੈਂਬਰ ਤੇ ਕੌਂਸਲ ਪ੍ਰਧਾਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਕੰਪਲੈਕਸ ਦੇ ਰੈੱਡ ਕਰਾਸ ਭਵਨ ਕੇਅਰ ਸੈਂਟਰ ਵਿਖੇ ਹੋਈ।ਮੀਟਿੰਗ ਦੀ ਸ਼ੁਰੂਆਤ ਵਿੱਚ ਪ੍ਰਧਾਨ ਨੇ ਸਮਾਜਿਕ, ਸੁਰੱਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ, ਪੰਜਾਬ ਵਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੇ ਗਏ ਸਟੇਟ ਐਕਸ਼ਨ ਪਲਾਨ 2025-26 ਅਧੀਨ ਜ਼ਿਲ੍ਹਾ ਪੱਧਰ 'ਤੇ ਸੰਤ ਬਾਬਾ ਜਮੀਤ ਸਿੰਘ ਸਿਵਿਟੇਰਰ ਟਰੱਸਟ, ਲੋਪੋ (ਨਿਹਾਲ ਸਿੰਘ ਵਾਲਾ) ਮੋਗਾ ਵਿਖੇ ਮਨਾਏ ਗਏ ਪ੍ਰੋਗਰਾਮ 'ਸਾਡੇ ਬਜ਼ੁਰਗ ਸਾਡਾ ਮਾਣ' ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਮਨਾਉਣਾ ਬਜ਼ੁਰਗ ਭਲਾਈ ਐਕਟ 2007 ਨੂੰ ਹੋਰ ਵੀ ਵਧੇਰੇ ਪ੍ਰਫੁੱਲਤ ਕਰਦਾ ਹੈ, ਜਿਸ ਨਾਲ ਬਜ਼ੁਰਗਾਂ ਵਿੱਚ ਉਨ੍ਹਾਂ ਦੇ ਅਧਿਕਾਰ, ਸਿਹਤ ਸਹੂਲਤਾਂ, ਸਰਕਾਰੀ ਸਕੀਮਾਂ ਦਾ ਲਾਭ, ਪੈਨਸ਼ਨ ਸਬੰਧੀ ਜਾਣਕਾਰੀ, ਸੀਨੀਅਰ ਸਿਟੀਜ਼ਨ ਕਾਰਡ, ਵਿਵਿਧਗਾਵਾਂ ਨੂੰ ਵ੍ਹੀਲਚੇਅਰ, ਸੁਣਨੀ ਵਾਲੀਆਂ ਮਸ਼ੀਨਾਂ, ਐਨਕਾਂ ਤੇ ਮੁੱਖ ਮੰਤਰੀ ਸਿਹਤ ਯੋਜਨਾ ਵਾਲੀ 10 ਲੱਖ ਵਾਲੀ ਸਕੀਮ ਸਬੰਧੀ ਵਧੇਰੇ ਜਾਗਰੂਕਤਾ ਆਈ ਹੈ। ਮੀਟਿੰਗ ਵਿੱਚ ਵਿਜੇ ਸ਼ਰਮਾ ਨੇ ਸਕੱਤਰ ਦੀ ਭੂਮਿਕਾ ਨਿਭਾਈ।

## ਵਾਹਨਾਂ ਦੀ ਕੀਤੀ ਚੈਕਿੰਗ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਸਰਕਾਰ ਤੇ ਡਾਇਰੈਕਟਰ ਜਨਰਲ ਆਫ ਪੁਲਸ ਦੀਆਂ ਹਦਾਇਤਾਂ ਅਨੁਸਾਰ ਸੁਨਾਮ ਪੁਲਸ ਦੁਆਰਾ ਆਈਟੀਆਈ ਚੌਕ ਸੁਨਾਮ ਵਿੱਚ ਵਿਸ਼ੇਸ਼ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਐਸ ਪੀ ਸੰਗਰੂਰ ਰਜੇਸ਼ ਛਿੱਬਰ, ਡੀ ਐੱਸ ਪੀ ਤੇਜਿੰਦਰ ਸਿੰਘ, ਥਾਣਾ ਮੁਖੀ ਪ੍ਰਤੀਕ ਜਿੰਦਲ ਤੇ ਟ੍ਰੈਫਿਕ ਇੰਚਾਰਜ ਨਿਰਭੈ ਸਿੰਘ ਵਿਸ਼ੇਸ਼ ਰੂਪ 'ਤੇ ਹਾਜ਼ਰ ਰਹੇ। ਐਸ ਪੀ ਰਾਜੇਸ਼ ਛਿੱਬਰ ਨੇ ਕਿਹਾ ਕਿ ਕਿਸੇ ਵੀ ਅਸਮਾਜਿਕ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜਿੱਥੇ ਵੀ ਕੋਈ ਅਜਿਹਾ ਵਿਅਕਤੀ ਨਜ਼ਰ ਆਉਂਦਾ ਹੈ ਤਾਂ ਬਿਨਾਂ ਕਿਸੇ ਡਰ ਤੋਂ ਪੁਲਸ ਨੂੰ ਸੂਚਿਤ ਕੀਤਾ ਜਾਵੇ, ਆਮ ਲੋਕਾਂ ਨੂੰ ਅਸਮਾਜਿਕ ਵਿਅਕਤੀਆਂ ਤੋਂ ਡਰਨ ਦੀ ਕੋਈ ਲੋੜ ਨਹੀਂ ਹੈ ਪੁਲਸ ਤੁਹਾਡੇ ਨਾਲ ਹੈ।

## ਮਨੁੱਖੀ ਅਧਿਕਾਰ ਜਾਗਰੂਕਤਾ ਜਨ-ਸੰਮੇਲਨ ਭਲਕੇ

ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਵੱਲੋਂ 14 ਫ਼ਰਵਰੀ ਨੂੰ ਮਾਲੇਰਕੋਟਲਾ ਦੇ ਮਿਲਨ ਪੈਲਿਸ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਜਨ ਸੰਮੇਲਨ ਕਰਵਾਇਆ ਜਾ ਰਿਹਾ ਹੈ।ਇਸ ਬਾਰੇ ਚੇਅਰਮੈਨ ਵਰੀਸ਼ਨ ਏ ਨਵਾਬ ਸ਼ੇਰ ਮੁਹੰਮਦ ਖਾਂ ਕਮੇਟੀ ਸਾਹਿਬਜ਼ਾਦਾ ਨਦੀਮ ਅਨਵਰ ਖਾਂ ਨੇ ਦੱਸਿਆ ਕਿ ਇਸ ਸਮਾਗਮ 'ਚ ਜਤਿੰਦਰ ਸਿੰਘ ਸ਼ੰਟੀ ਚੇਅਰਮੈਨ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ ਤਾਂ ਜੋ ਉਨ੍ਹਾਂ ਨਾਲ ਕਿਸੇ ਪ੍ਰਕਾਰ ਦੀ ਕੋਈ ਧੱਕੇਸ਼ਾਹੀ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਵਰੀਸ਼ਨ ਏ ਨਵਾਬ ਸ਼ੇਰ ਮੁਹੰਮਦ ਖਾਂ ਕਮੇਟੀ ਹਮੇਸ਼ਾਂ ਹੀ ਸਮਾਜ ਦੀ ਭਲਾਈ ਤੇ ਤਰੱਕੀ ਲਈ ਯਤਨਸ਼ੀਲ ਹੈ ਅਤੇ ਰਹੇਗੀ।ਉਨ੍ਹਾਂ ਕਿਹਾ ਕਿ ਇਸ ਮੌਕੇ ਸ਼ਹਿਰ ਦੀ ਅਵਾਮ ਨੂੰ ਸਮਾਗਮ ਦਾ ਹਿੱਸਾ ਬਣਨ ਦੀ ਅਪੀਲ ਕਰਦਿਆਂ ਕਿਹਾ ਕਿ ਆਓ ਮਨੁੱਖੀ ਅਧਿਕਾਰਾਂ ਦੇ ਲਈ ਜਾਗਰੂਕ ਹੋਈਏ ਤੇ ਦੂਜਿਆਂ ਨੂੰ ਜਾਗਰੂਕ ਕਰੀਏ ਤਾਂ ਜੋ ਇੱਕ ਚੰਗੇ ਤੇ ਬਿਹਤਰ ਸਮਾਜ ਦੀ ਸਿਰਜਣਾ ਹੋ ਸਕੇ।

# ਮੁਕਤ ਵਪਾਰ ਸਮਝੌਤੇ ਦੇ ਵਿਰੋਧ 'ਚ ਕਿਸਾਨਾਂ ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ



ਫਿਰੋਜ਼ਪੁਰ (ਅਸ਼ੋਕ ਸ਼ਰਮਾ) ਕੇਂਦਰ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨਾਲ ਮੁਕਤ ਵਪਾਰ ਸਮਝੌਤਾ ਕਰਕੇ ਅਮਰੀਕਾ ਦੇ ਸਾਮਾਨ ਵਿਕਣ ਲਈ ਭਾਰਤੀ ਬਜ਼ਾਰ ਨੂੰ ਖੋਲ੍ਹ ਦਿੱਤਾ ਹੈ, ਦੇ ਵਿਰੋਧ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਬਲਾਕ ਮਮਦੋਟ ਦੇ ਪਿੰਡ ਬਾਰੇਕੇ ਵਿਖੇ ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਬਲਾਕ ਆਗੂ ਵਿਕਰਮਜੀਤ ਸਿੰਘ ਬਾਰੇਕੇ ਤੇ ਗੁਰਮੀਤ ਸਿੰਘ ਮਹਿਮਾ ਸੂਬਾ ਜਰਨਲ ਸਕੱਤਰ ਦੀ ਅਗਵਾਈ ਵਿੱਚ ਇਕੱਠੇ ਹੋਏ ਕਿਸਾਨਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਕੇਂਦਰ ਦੀ ਸਰਕਾਰ ਵੱਲੋਂ ਅਮਰੀਕੀ ਸਰਕਾਰ ਨਾਲ ਕੀਤੇ ਗਏ ਸਮਝੌਤੇ ਨਾਲ ਜਿੱਥੇ ਭਾਰਤ ਦਾ ਉਦਯੋਗ ਖੇਤਰ ਤਬਾਹ ਹੋਵੇਗਾ, ਉੱਥੇ ਹੀ ਕਿਸਾਨੀ ਪੂਰੀ ਤਰ੍ਹਾਂ ਤਬਾਹ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਬੇਸ਼ੱਕ ਭਾਰਤ ਸਰਕਾਰ ਕਹਿ ਰਹੀ ਹੈ ਕਿ ਖੇਤੀ ਖੇਤਰ ਨੂੰ ਬਾਹਰ ਰੱਖਿਆ ਗਿਆ ਹੈ, ਪਰ ਖੇਤੀ ਉਪਜਾਂ ਤੋਂ ਬਣਿਆ ਅਮਰੀਕੀ ਸਾਮਾਨ ਭਾਰਤ ਵਿੱਚ ਟੈਕਸ ਮੁਕਤ ਹੋ ਕੇ ਵਿਕੇਗਾ ਤਾਂ ਭਾਰਤੀ ਕਿਸਾਨਾਂ ਦੀਆ ਜਿਣਸਾਂ ਰੁਲ ਜਾਣਗੀਆਂ ਜੋ ਕੀ ਸਾਡੇ ਦੇਸ਼ ਲਈ ਘਾਤਕ ਫੈਸਲਾ ਸਿੱਧ ਹੋਵੇਗਾ ਕਿਸਾਨਾਂ ਨੇ ਮੰਗ ਕੀਤੀ ਕਿ ਸਰਕਾਰ ਇਸ ਸਮਝੌਤੇ ਵਿੱਚੋਂ ਖੇਤੀ ਜਿਣਸਾਂ ਤੇ ਉਤਪਾਦਾਂ ਨੂੰ ਬਾਹਰ ਰੱਖਦਿਆਂ ਭਾਰਤ ਦੇ ਕਿਸਾਨਾਂ ਦੀਆਂ ਸਾਰੀਆਂ ਫਸਲਾਂ ਦੀ ਖ਼ਰੀਦ ਦੀ ਕਾਨੂੰਨੀ ਗਰੰਟੀ ਕਰੇ। ਇਸ ਦੇ ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਨੂੰ ਰੱਦ ਕੀਤਾ ਜਾਵੇ। ਇਸ ਮੌਕੇ ਬਖਸ਼ੀਸ਼ ਸਿੰਘ ਬਾਰੇਕੇ, ਪਿੰਸ ਬਾਰੇਕੇ, ਮੱਖਣ ਬਾਰੇਕੇ, ਖਜ਼ਾਨ ਬਾਰੇਕੇ, ਸੋਨੂੰ ਬਾਰੇਕੇ, ਮਿੰਟੂ ਬਾਰੇਕੇ, ਨਿਸ਼ਾਨ ਬਾਰੇਕੇ, ਕੁਲਦੀਪ ਸਿੰਘ ਰੋਡਾ, ਜਗੀਰ ਸਿੰਘ ਹਜ਼ਾਰਾ, ਗੁਰਦੇਵ ਸਿੰਘ ਹਜ਼ਾਰਾ, ਰਾਜੂ ਬਾਰੇਕੇ, ਪਾਲਾ ਬਾਰੇਕੇ, ਬੱਬੂ ਬਾਰੇਕੇ, ਇੰਦਰਜੀਤ ਬਾਰੇਕੇ, ਲਵਪ੍ਰੀਤ ਬਾਰੇਕੇ, ਸਾਵਣ ਸਿੰਘ ਬਾਰੇਕੇ, ਬਚਨ ਸਿੰਘ ਬਾਰੇਕੇ, ਗੋਪੀ ਬਾਰੇਕੇ, ਕਰਨ ਬਾਰੇਕੇ, ਸੁਖਚੈਨ ਸਿੰਘ ਬਾਰੇਕੇ, ਜਰਨੈਲ ਸਿੰਘ ਬਾਰੇਕੇ, ਬੋਹੜ ਸਿੰਘ ਬਾਰੇਕੇ, ਗੁਰਦੇਵ ਸਿੰਘ ਬਰੇਕੇ, ਕਾਲੂ ਬਾਰੇਕੇ, ਸੁਖਵਿੰਦਰ ਸਿੰਘ ਬਾਰੇਕੇ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਲ ਹੋਏ।

## ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਕੈਂਪ ਭਲਕੇ

ਜਲਾਲਾਬਾਦ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਲਗਾਏ ਜਾ ਰਹੇ ਕੈਂਪਾਂ ਦੀ ਲਗਾਤਾਰਤਾ ਵਿਚ 14 ਫਰਵਰੀ ਨੂੰ ਸਿਵਲ ਹਸਪਤਾਲ ਜਲਾਲਾਬਾਦ (ਬਾਬਾ ਫਰੀਦ) ਵਿਖੇ ਕੈਂਪ ਲਗਾਇਆ ਜਾਵੇਗਾ। ਇਹ ਜਾਣਕਾਰੀ ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ ਵੱਲੋਂ ਦਿੱਤੀ ਗਈ । ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਮਾਣ ਹਨ ਅਤੇ ਬਜ਼ੁਰਗਾਂ ਦੀ ਦੇਖਭਾਲ, ਸਤਿਕਾਰ ਤੇ ਸੇਵਾ ਕਰਨਾ ਸਾਡਾ ਸਾਰਿਆਂ ਦਾ ਮੁਢਲਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਮਾਣ ਤਹਿਤ ਬਜ਼ੁਰਗ ਨਾਗਰਿਕਾਂ ਨੂੰ ਸੁਖਾਵੇ ਮਾਹੌਲ ਵਿਚ ਵੱਖ-ਵੱਖ ਸੇਵਾਵਾਂ ਇਕ ਛੱਤ ਹੇਠ ਦੇਣ ਲਈ ਲੜੀਵਾਰ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਨੂੰ ਕੈਂਪ ਦਾ ਵੱਧ ਤੋਂ ਵੱਧ ਫਾਇਦਾ ਲੈਣ ਦੀ ਅਪੀਲ ਕੀਤੀ।ਇਸ ਸਬੰਧੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵੀਨ ਗਡਵਾਲ ਨੇ ਦੱਸਿਆ ਕਿ ਕੈਂਪ 'ਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਜ਼ੁਰਗਾਂ ਨੂੰ ਦਿੱਤੀਆਂ ਜਾਣ ਵਾਲੀਆਂ ਮੁਫਤ ਕਾਨੂੰਨੀ ਸੇਵਾਵਾਂ, ਬੁਢਾਪਾ ਪੈਨਸ਼ਨ, ਸੀਨੀਅਰ ਸਿਟੀਜ਼ਨ ਕਾਰਡ, ਨੌਜਵਾਨਾਂ ਤੇ ਬਜ਼ੁਰਗਾਂ ਦੇ ਆਪਸੀ ਪਿਆਰ ਸਬੰਧੀ ਵਿਚਾਰ ਚਰਚਾ, ਪੁਰਾਣੇ ਸਮਿਆਂ ਦੇ ਕਿੱਤਿਆਂ ਸਬੰਧੀ ਪ੍ਰਦਰਸ਼ਨੀ ਆਦਿ ਜਾਣਕਾਰੀ ਦੇਣ ਦੇ ਨਾਲ ਨਾਲ, ਸਿਹਤ ਵਿਭਾਗ ਵੱਲੋਂ ਵੱਖ-ਵੱਖ ਤਰ੍ਹਾਂ ਦੇ ਮੁਫ਼ਤ ਸਿਹਤ ਚੈੱਕਅਪ ਕੀਤੇ ਜਾਣਗੇ ਤੇ ਲੋੜੀਂਦੀਆਂ ਸਿਹਤ ਸੇਵਾਵਾਂ ਦਿੱਤੀਆਂ ਜਾਣਗੀਆਂ।

# ਪੀ ਆਰ ਟੀ ਸੀ ਦੇ ਚੇਅਰਮੈਨ ਜੁਨੇਜਾ ਨੇ ਹੜਤਾਲੀ ਮੁਲਾਜ਼ਮਾਂ ਨਾਲ ਕੀਤੀ ਮੁਲਾਕਾਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੁਰਾਣਾ ਬੱਸ ਸਟੈਂਡ ਸੰਘਰਸ਼ ਕਮੇਟੀ ਵੱਲੋਂ ਪੀਆਰਟੀਸੀ ਦੇ ਨਵ-ਨਿਯੁਕਤ ਚੇਅਰਮੈਨ ਸ੍ਰੀ ਹਰਪਾਲ ਜੁਨੇਜਾ ਨਾਲ ਮੁਲਾਕਾਤ ਕਰਕੇ ਦੁਕਾਨਦਾਰਾਂ ਤੇ ਇਲਾਕੇ ਦੇ ਲਗਭਗ 10 ਹਜ਼ਾਰ ਨਿਵਾਸੀਆਂ ਨੂੰ ਬੱਸਾਂ ਦੀ ਯਥੋਚਿਤ ਸੇਵਾ ਸ਼ੁਰੂ ਨਾ ਹੋਣ ਕਾਰਨ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸੰਘਰਸ਼ ਕਮੇਟੀ ਵੱਲੋਂ ਚੇਅਰਮੈਨ ਹਰਪਾਲ ਜੁਨੇਜਾ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਸੰਘਰਸ਼ ਕਮੇਟੀ ਦੇ ਆਗੂ ਨੇਤਾ ਗੁਰਪਾਲ ਸਿੰਘ ਉਰਫ਼ ਕਾਕਾ ਨੇ ਕਿਹਾ ਕਿ ਪੁਰਾਣਾ ਬੱਸ ਸਟੈਂਡ 'ਚ ਬੱਸਾਂ ਦੀ ਗਿਣਤੀ ਵਧਾਉਣ ਦੀ ਮੰਗ ਉਹ ਲੰਮੇ ਸਮੇਂ ਤੋਂ ਕਰਦੇ ਆ ਰਹੇ ਹਨ।ਹਾਲਾਂਕਿ ਸ਼ਹਿਰੀ ਵਿਧਾਇਕ ਵੱਲੋਂ ਇਹ ਮਸਲਾ ਵਿਧਾਨ ਸਭਾ ਵਿੱਚ ਵੀ ਉਠਾਇਆ ਗਿਆ, ਪਰ ਇਸ ਦੇ ਬਾਵਜੂਦ ਮੰਤਰੀਆਂ ਵੱਲੋਂ ਕੋਈ ਸੁਣਵਾਈ ਨਹੀਂ ਹੋਈ, ਜਿਸ ਦਾ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪੁਰਾਣਾ ਬੱਸ ਸਟੈਂਡ ਦੇ ਨਜ਼ਦੀਕ ਸਾਰੀਆਂ ਮੁੱਖ ਮਾਰਕੀਟਾਂ ਸਥਿਤ ਹਨ ਤੇ ਨਾਲ ਹੀ ਗੁਰਦੁਆਰਾ ਸ੍ਰੀ ਦੁੱਖ ਨਿਵਾਰਣ ਸਾਹਿਬ, ਸ੍ਰੀ ਕਾਲੀ ਦੇਵੀ ਮੰਦਰ, ਮਾਤਾ ਕੌਸ਼ੱਲਿਆ ਹਸਪਤਾਲ, ਸਰਕਾਰੀ ਰਾਜਿੰਦਰਾ ਹਸਪਤਾਲ ਤੇ ਟੀਬੀ ਹਸਪਤਾਲ ਵੀ ਬਿਲਕੁਲ ਨੇੜੇ ਹੀ ਸਥਿਤ ਹਨ।ਜੇਕਰ ਇਸ ਬੱਸ ਸਟੈਂਡ ਤੋਂ ਪਿੰਡਾਂ ਵੱਲ ਜਾਣ ਵਾਲੀਆਂ ਬੱਸਾਂ ਦੀ ਗਿਣਤੀ ਵਧਾ ਦਿੱਤੀ ਜਾਵੇ ਤਾਂ ਲੋਕਾਂ ਦਾ ਸਮਾਂ ਬਚੇਗਾ ਤੇ ਵਾਧੂ ਖਰਚੇ ਤੋਂ ਵੀ ਰਾਹਤ ਮਿਲੇਗੀ।ਇਨ੍ਹਾਂ ਸਾਰੇ ਮਸਲਿਆਂ ਨੂੰ ਲੈ ਕੇ ਪੀਆਰਟੀਸੀ ਚੇਅਰਮੈਨ ਨਾਲ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ, ਜਿਨ੍ਹਾਂ ਨੇ ਜਲਦ ਹੀ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ।ਸੰਘਰਸ਼ ਕਮੇਟੀ ਨੇ ਦੱਸਿਆ ਕਿ ਚੇਅਰਮੈਨ ਹਰਪਾਲ ਜੁਨੇਜਾ ਦਾ ਸਨਮਾਨ ਸ਼ਹਿਰ ਵਾਸੀਆਂ ਵੱਲੋਂ ਇੱਕ ਵਿਧਾਇਕ ਦੇ ਰੂਪ ਵਿੱਚ ਦੇਖਿਆ ਜਾ ਰਿਹਾ ਹੈ।ਲੋਕਾਂ ਨੂੰ ਉਮੀਦ ਹੈ ਕਿ ਉਹ ਜਨਤਕ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਗੇ।

## 'ਸਿਹਤ ਸਾਥੀ ਤੁਹਾਡੇ ਦਰ, ਤੁਹਾਡੀ ਸਿਹਤ ਲਈ' ਮੋਬਾਇਲ ਮੈਡੀਕਲ ਯੂਨਿਟਾਂ ਦਾ ਸ਼ੁਭ ਆਰੰਭ




ਤਲਵੰਡੀ ਸਾਬੋ (ਜਗਦੀਪ ਗਿੱਲ)-ਪਿੰਡਾਂ ਵਿੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਬਿਹਤਰ ਬਣਾਉਣ ਵੱਲ ਇੱਕ ਇਤਿਹਾਸਕ ਕਦਮ ਚੁੱਕਦਿਆਂ ਐੱਚ ਐੱਮ ਈ ਐੱਲ ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਬਠਿੰਡਾ ਵਿਖੇ 11 ਫ਼ਰਵਰੀ 2026 ਨੂੰ 'ਸਿਹਤ ਸਾਥੀ ਤੁਹਾਡੇ ਦਰ, ਤੁਹਾਡੀ ਸਿਹਤ ਲਈ' ਨਾਮ ਹੇਠ ਦੋ ਆਧੁਨਿਕ ਮੋਬਾਈਲ ਮੈਡੀਕਲ ਯੂਨਿਟਾਂ (ਐੱਮਐੱਮਯੂ) ਦਾ ਵਿਧੀਵਤ ਸ਼ੁਭ-ਆਰੰਭ ਕੀਤਾ ਗਿਆ।ਇਹ ਯੂਨਿਟਾਂ ਐੱਚ ਐੱਮ ਈ ਐੱਲ ਦੇ ਮੁੱਖ ਪ੍ਰਚਾਲਨ ਅਧਿਕਾਰੀ (ਸੀ ਓ ਓ) ਸ਼੍ਰੀ ਐੱਮ. ਬੀ. ਗੋਹਿਲ ਤੇ ਐਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਡਾ. ਰਤਨ ਗੁਪਤਾ ਵੱਲੋਂ ਮੈਡੀਕਲ ਸੁਪਰਿੰਟੈਂਡੈਂਟ ਸ਼੍ਰੀ ਰਾਜੀਵ ਕੁਮਾਰ ਗੁਪਤਾ ਤੇ ਐੱਚ ਐੱਮ ਈ ਐੱਲ ਦੇ ਸੀਨੀਅਰ ਪ੍ਰਬੰਧਨ ਦੀ ਮੌਜੂਦਗੀ ਵਿੱਚ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀਆਂ ਗਈਆਂ।

ਸ਼੍ਰੀ ਗੋਹਿਲ ਨੇ ਕਿਹਾ ਕਿ ਐੱਚ ਐੱਮ ਈ ਐੱਲ ਤੇ ਐਮਜ਼ ਬਠਿੰਡਾ ਦੀ ਇਹ ਭਾਗੀਦਾਰੀ ਪੰਜਾਬ ਤੇ ਹਰਿਆਣਾ ਦੇ 59 ਗੋਦ ਲਏ ਪਿੰਡਾਂ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਘਰ-ਘਰ ਪਹੁੰਚਾਉਣ ਦਾ ਵਚਨ ਹੈ।ਇਸ ਇੰਟੀਗ੍ਰੇਟਡ ਮੋਬਾਈਲ ਮੈਡੀਕਲ ਯੂਨਿਟ ਤੇ ਟੈਲੀਮੈਡੀਸਿਨ ਪ੍ਰੋਜੈਕਟ ਰਾਹੀਂ 25,000 ਤੋਂ ਵੱਧ ਪਰਵਾਰਾਂ ਸਮੇਤ ਲਗਭਗ 1.5 ਲੱਖ ਪਿੰਡ ਵਾਸੀਆਂ ਨੂੰ ਮੁਫ਼ਤ ਡਾਕਟਰੀ ਸਲਾਹ, ਲੈਬ ਜਾਂਚ, ਦਵਾਈਆਂ ਤੇ ਵਿਸ਼ੇਸ਼ ਗਿਆਨ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ।ਸ਼ੁਭ-ਆਰੰਭ ਤੋਂ ਤੁਰੰਤ ਬਾਅਦ ਪਿੰਡ ਰਾਮਸਰਾ ਤੇ ਤਰਖਾਣ ਵਾਲਾ ਵਿੱਚ ਮੈਡੀਕਲ ਕੈਂਪ ਲਗਾਏ ਗਏ।ਡਾ. ਰਤਨ ਗੁਪਤਾ, ਰਾਜੀਵ ਕੁਮਾਰ ਗੁਪਤਾ ਤੇ ਐਮਜ਼ ਦੀ ਟੀਮ ਵੱਲੋਂ ਪਿੰਡ ਵਾਸੀਆਂ ਦੀ ਵਿਸਤ੍ਰਿਤ ਜਾਂਚ ਕੀਤੀ ਗਈ ਤੇ ਮੈਡੀਕਲ ਟੈਸਟਾਂ ਤੋਂ ਬਾਅਦ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਪਿੰਡ ਵਾਸੀਆਂ ਨੇ ਇਸ ਪਹਿਲ ਨੂੰ ਬਹੁਤ ਲਾਭਕਾਰੀ ਦੱਸਿਆ।

## ਖੰਨਾ ਸ਼ਹਿਰ 'ਚ ਟਰੱਕ, ਟ੍ਰਾਲਾ ਤੇ ਭਾਰੀ ਵਾਹਨਾਂ ਦੀ ਐਂਟਰੀ 'ਤੇ ਸਖ਼ਤ ਪਾਬੰਦੀ

*ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ, ਕੈਬਨਿਟ ਮੰਤਰੀ ਸੌਂਦ ਦੀ ਸ਼ਲਾਘਾਯੋਗ ਪਹਿਲ*

ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਖੰਨਾ ਸ਼ਹਿਰ ਵਿੱਚ ਲੰਮੇ ਸਮੇਂ ਤੋਂ ਚੱਲ ਰਹੀ ਗੰਭੀਰ ਟ੍ਰੈਫਿਕ ਸਮੱਸਿਆ ਨੂੰ ਦੇਖਦੇ ਹੋਏ ਖੰਨਾ ਤੋਂ ਵਿਧਾਇਕ ਤੇ ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਪਹਿਲ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡਾ ਤੇ ਸਖ਼ਤ ਫੈਸਲਾ ਲਿਆ ਗਿਆ ਹੈ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਖੰਨਾ ਸ਼ਹਿਰ ਵਿੱਚ ਰੋਜ਼ਾਨਾ ਲੱਗ ਰਹੇ ਟ੍ਰੈਫਿਕ ਜਾਮ, ਵਧ ਰਹੀਆਂ ਦੁਰਘਟਨਾਵਾਂ ਤੇ ਆਮ ਲੋਕਾਂ ਦੀ ਮੁਸ਼ਕਲ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨਾਲ ਵਿਸ਼ੇਸ਼ ਗੱਲਬਾਤ ਕੀਤੀ।ਇਸ ਤੋਂ ਬਾਅਦ ਡੀ ਸੀ ਨੇ ਤੁਰੰਤ ਕਾਰਵਾਈ ਕਰਦਿਆਂ ਸਵੇਰੇ 8 ਵਜੇ ਤੋਂ ਰਾਤ 8 ਵਜੇ ਤੱਕ ਨਗਰ ਕੌਂਸਲ ਖੰਨਾ ਦੀ ਹੱਦ ਅੰਦਰ ਟਰੱਕ, ਟ੍ਰਾਲਾ, ਟਿੱਪਰ ਤੇ ਹੋਰ ਸਾਰੇ ਭਾਰੀ ਵਾਹਨਾਂ ਦੀ ਐਂਟਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕਰ ਦਿੱਤੇ।ਇਨ੍ਹਾਂ ਹੁਕਮਾਂ ਮੁਤਾਬਕ ਨਿਰਧਾਰਤ ਸਮੇਂ ਦੌਰਾਨ ਕੋਈ ਵੀ ਹੈਵੀ ਵਾਹਨ ਸ਼ਹਿਰ ਅੰਦਰ ਦਾਖ਼ਲ ਨਹੀਂ ਹੋ ਸਕੇਗਾ।ਨਿਯਮਾਂ ਦੀ ਉਲੰਘਣਾ ਕਰਨ 'ਤੇ ਵਾਹਨ ਚਾਲਕ 'ਤੇ 20 ਹਜ਼ਾਰ ਰੁਪਏ ਤੱਕ ਦਾ ਭਾਰੀ ਜੁਰਮਾਨਾ ਲਾਇਆ ਜਾਵੇਗਾ।ਲੋੜ ਪੈਣ 'ਤੇ ਵਾਹਨ ਨੂੰ ਜ਼ਬਤ ਕਰਨ ਵਰਗੀ ਸਖ਼ਤ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਸਕਦੀ ਹੈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਸੰਬੰਧਤ ਵਿਭਾਗਾਂ ਨੂੰ ਹਦਾਇਤ ਦਿੱਤੀ ਗਈ ਹੈ ਕਿ ਇਨ੍ਹਾਂ ਹੁਕਮਾਂ ਦੀ ਪੂਰੀ ਸਖ਼ਤੀ ਨਾਲ ਪਾਲਣਾ ਕਰਵਾਈ ਜਾਵੇ।ਸ਼ਹਿਰ ਵਾਸੀਆਂ ਨੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਇਸ ਫੈਸਲੇ ਦਾ ਭਰਪੂਰ ਸਵਾਗਤ ਕੀਤਾ ਹੈ।ਲੋਕਾਂ ਦਾ ਕਹਿਣਾ ਹੈ ਕਿ ਇਸ ਕਦਮ ਨਾਲ ਖੰਨਾ ਨੂੰ ਟ੍ਰੈਫਿਕ ਜਾਮ ਤੋਂ ਵੱਡੀ ਰਾਹਤ ਮਿਲੇਗੀ।

## ਕਾਮਰੇਡ ਰਣਜੀਤ ਲਹਿਰਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਮਾਨਸਾ (ਆਤਮਾ ਸਿੰਘ ਪਮਾਰ)-ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਵੱਖ ਵੱਖ ਜਥੇਬੰਦੀਆਂ ਵੱਲੋਂ ਹਾਲ ਹੀ 'ਚ ਵਿਛੋੜਾ ਦੇ ਗਏ ਇਨਕਲਾਬੀ ਲੇਖਕ, ਸਾਬਕਾ ਵਿਦਿਆਰਥੀ ਆਗੂ, ਦਰਜਨਾਂ ਕਿਤਾਬਾਂ ਦੇ ਲੇਖਕ ਤੇ ਅਨੁਵਾਦਿਕ, ਕਾਲਮ ਨਵੀਸ ਤੇ ਲੋਕ ਚੇਤਨਾ ਮੰਚ ਲਹਿਰਗਾਗਾ ਦੇ ਸੀਨੀਅਰ ਆਗੂ ਕਾਮਰੇਡ ਰਣਜੀਤ ਸਿੰਘ ਲਹਿਰਾ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਲਹਿਰਾ ਦੀ ਯਾਦ 'ਚ ਹੋਈ ਸ਼ੋਕ ਸਭਾ ਨੂੰ ਸੀਪੀਆਈ ਐੱਮਐੱਲ ਲਿਬਰੇਸ਼ਨ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾਮਰੇਡ ਨਛੱਤਰ ਸਿੰਘ ਖੀਵਾ, ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਲਵਿੰਦਰ ਘਰਾਂਗਣਾ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਮੱਖਣ ਸਿੰਘ ਭੈਣੀ ਬਾਘਾ, ਲਿਬਰੇਸ਼ਨ ਦੇ ਸੂਬਾ ਕਮੇਟੀ ਮੈਂਬਰ ਬਲਵਿੰਦਰ ਕੌਰ ਖਾਰਾ, ਸਿਟੀ ਕਮੇਟੀ ਮੈਂਬਰ ਹਰਮੀਤ ਸਿੰਘ ਤੇ ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਕੇਵਲ ਸਿੰਘ, ਲਿਬਰੇਸ਼ਨ ਦੇ ਸ਼ਹਿਰੀ ਸਕੱਤਰ ਕਾਮਰੇਡ ਗਗਨ ਸਿਰਸੀ ਵਾਲਾ, ਜ਼ਿਲ੍ਹਾ ਕਮੇਟੀ ਮੈਂਬਰ ਗੁਰਸੇਵਕ ਮਾਨ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਗੁਰਪ੍ਰਨਾਮ ਸਿੰਘ ਖਾਰਾ, ਫਰੀਡਮ ਫਾਈਟਰ ਵਾਰਿਸ ਜਥੇਬੰਦੀ ਦੇ ਹਰਬੰਸ ਸਿੰਘ ਨਿੱਧੜਕ ਤੇ ਨੌਜਵਾਨ ਆਗੂ ਕੁਲਦੀਪ ਘਰਾਂਗਣਾ, ਅਮਨਦੀਪ ਪਰੋਚਾ, ਆਇਸਾ ਆਗੂ ਸੁਖਜੀਤ ਰਾਮਾਨੰਦੀ ਤੇ ਸਾਥੀ ਸਮਸ਼ੇਰ ਸਿੰਘ ਨੇ ਸੰਬੋਧਨ ਕੀਤਾ।ਲਹਿਰਾ ਵੱਲੋਂ ਇਨਕਲਾਬੀ ਲਹਿਰ 'ਚ ਉਨ੍ਹਾਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਨੂੰ ਵੀ ਇਸ ਮੌਕੇ ਯਾਦ ਕੀਤਾ ਗਿਆ।



## ਭਾਜਪਾ ਵੱਲੋਂ ਡੇਰਿਆਂ ਨੂੰ ਰਾਜਨੀਤਕ ਲਾਭ ਲਈ ਵਰਤਣਾ ਲੋਕਾਂ ਦੇ ਅਸਲੀ ਮੁੱਦਿਆਂ ਤੋਂ ਧਿਆਨ ਭਟਕਾਉਣ ਦੀ ਸਾਜ਼ਿਸ਼ : ਸੀ ਪੀ ਆਈ

ਲੁਧਿਆਣਾ (ਐੱਮ ਐੱਸ ਭਾਟੀਆ) ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ ਜਾਰੀ ਇੱਕ ਬਿਆਨ ਵਿੱਚ ਪੰਜਾਬ ਦੀ ਰਾਜਨੀਤੀ ਵਿੱਚ ਪ੍ਰਧਾਨ ਮੰਤਰੀ ਦੇ ਡੇਰਾ ਬੱਲਾਂ ਦੇ ਦੌਰੇ ਤੋਂ ਬਾਅਦ ਭਾਜਪਾ ਵੱਲੋਂ ਰਾਜਨੀਤਕ ਲਾਭ ਲਈ ਡੇਰਿਆਂ ਨੂੰ ਵਰਤਣ ਨੂੰ ਤੇਜ਼ ਕਰਨਾ ਲੋਕਾਂ ਦੇ ਅਸਲੀ ਮੁੱਦਿਆਂ ਤੋਂ ਭਟਕਾਉਣ ਦੀ ਸਾਜ਼ਿਸ਼ ਹੈ।ਬੀਤੇ ਦਿਨ ਪੰਜਾਬ ਦੇ ਗਵਰਨਰ ਦਾ ਅਕਾਲੀ ਦਲ ਦੇ ਆਗੂ ਸੁਖਬੀਰ ਬਾਦਲ ਤੇ ਭਾਜਪਾ ਦੇ ਅਸ਼ਵਨੀ ਸ਼ਰਮਾ ਦੇ ਨਾਲ ਬਿਆਸ ਵਿੱਚ ਸਥਿਤ ਰਾਧਾ ਸੁਆਮੀ ਡੇਰੇ ਵਿੱਚ ਜਾਣਾ ਇਸ ਗੱਲ ਦਾ ਸੂਚਕ ਹੈ।ਨਰਿੰਦਰ ਮੋਦੀ ਦੇ ਡੇਰਾ ਬੱਲਾਂ ਦੀ ਫੇਰੀ ਨੇ ਭਾਜਪਾ ਦੀ ਪੰਜਾਬ ਇਕਾਈ ਨੂੰ ਹਰੀ ਝੰਡੀ ਦੇ ਦਿੱਤੀ ਕਿ ਉਹ ਹੁਣ ਅਕਾਲੀਆਂ ਨਾਲ ਗੱਠਜੋੜ ਬਣਾਏ ਤੇ ਆਉਂਦੀਆਂ ਪੰਜਾਬ ਦੀਆਂ 2027 ਦੀਆਂ ਚੋਣਾਂ ਵਿੱਚ ਮਿਲ ਕੇ ਚੋਣਾਂ ਲੜੇ, ਕਿਉਂਕਿ ਗਵਰਨਰ ਕੋਈ ਰਾਜਨੀਤਕ ਆਗੂ ਨਹੀਂ ਹਨ, ਬਲਕਿ ਇੱਕ ਸੰਵਿਧਾਨਕ ਪਦ 'ਤੇ ਥਾਪੇ ਗਏ ਹਨ, ਇਸ ਲਈ ਉਨ੍ਹਾਂ ਦਾ ਇਸ ਵਿੱਚ ਜਾਣਾ ਸੰਵਿਧਾਨ ਦੀ ਉਲੰਘਣਾ ਹੈ।

ਡੇਰੇ, ਲੋਕਾਂ ਦੀ ਆਸਥਾ ਦੇ ਨਾਲ ਜੁੜੇ ਹੋਏ ਹਨ ਅਤੇ ਧਰਮ ਪ੍ਰਚਾਰ ਤੇ ਸਮਾਜ 'ਚ ਕਦਰਾਂ ਕੀਮਤਾਂ ਲਿਆਉਣ ਵਿੱਚ ਲੱਗੇ ਹੋਏ ਹਨ।ਰਾਜਨੀਤਕ ਪਾਰਟੀਆਂ ਆਪਣੇ ਲਾਭ ਲਈ ਉਨ੍ਹਾਂ ਨੂੰ ਵਰਤਣ ਦੀ ਕੋਸ਼ਿਸ਼ ਕਰ ਰਹੀਆਂ ਹਨ।ਸਿਰਸਾ ਡੇਰੇ ਦੇ ਮੁਖੀ ਰਾਮ ਰਹੀਮ ਨੂੰ ਜੇਲ੍ਹ ਵਿੱਚ ਹੋਣ ਦੇ ਬਾਵਜੂਦ ਹਰਿਆਣਾ ਸਰਕਾਰ ਵੱਲੋਂ ਵਾਰ-ਵਾਰ ਪੈਰੋਲ ਦਿੱਤੀ ਜਾ ਰਹੀ ਹੈ।ਉਸ ਦੀ ਵਰਤੋਂ ਵੀ ਭਾਜਪਾ ਵੱਲੋਂ ਚੋਣ ਮੁਹਿੰਮਾਂ ਵਿੱਚ ਕੀਤੀ ਜਾ ਰਹੀ ਹੈ।ਇਹ ਸਭ ਕੁਝ ਲੋਕਾਂ ਦੇ ਅਸਲੀ ਮੁੱਦਿਆਂ ਤੋਂ ਧਿਆਨ ਭਟਕਾਉਣ ਦੀ ਚਾਲ ਹੈ।ਸਮੁੱਚੇ ਪੰਜਾਬੀਆਂ ਨੂੰ ਇਸ ਗੱਲ ਦਾ ਨੋਟਿਸ ਲੈਣਾ ਚਾਹੀਦਾ ਹੈ ਤੇ ਰਾਜਨੀਤਕ ਪਾਰਟੀਆਂ ਨੂੰ ਲੋਕਾਂ ਵਿੱਚ ਉਨ੍ਹਾਂ ਦੇ ਮਸਲੇ ਲੈ ਕੇ ਜਾਣੇ ਚਾਹੀਦੇ ਹਨ ਤਾਂ ਜੋ ਭਾਜਪਾ ਤੇ ਅਕਾਲੀਆਂ ਦੀ ਡੇਰਿਆਂ ਨੂੰ ਵਰਤਣ ਦੀਆਂ ਜੋ ਕੁਚਾਲਾਂ ਹਨ, ਉਨ੍ਹਾਂ ਨੂੰ ਭੰਡਿਆ ਜਾ ਸਕੇ।ਭਾਰਤੀ ਸੰਵਿਧਾਨ ਵਿੱਚ ਧਰਮ ਤੇ ਰਾਜਨੀਤੀ ਨੂੰ ਵੱਖਰਾ ਰੱਖਿਆ ਗਿਆ ਹੈ।ਇਸ ਲਈ ਕਿਸੇ ਵੀ ਧਾਰਮਿਕ ਸੰਸਥਾ ਦਾ ਰਾਜਨੀਤਕ ਪਾਰਟੀਆਂ ਵੱਲੋਂ ਵਰਤੋਂ ਕਰਨਾ ਦੇਸ਼ ਦੇ ਧਰਮ ਨਿਰਪੱਖ ਤੇ ਲੋਕਤੰਤਰਿਕ ਲੀਹਾਂ 'ਤੇ ਅਧਾਰਤ ਸੰਵਿਧਾਨ ਦੀ ਭਾਵਨਾ ਦੇ ਉਲਟ ਹੈ।

# ਅਧਿਆਪਕਾਂ ਵੱਲੋਂ 22 ਨੂੰ ਸਿੱਖਿਆ ਮੰਤਰੀ ਦੇ ਹਲਕੇ 'ਚ ਮਹਾਂ ਰੈਲੀ

**ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਟੈੱਟ ਦੇ ਪੱਤਰਾਂ ਦੀਆਂ ਫੂਕੀਆਂ ਕਾਪੀਆਂ**

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸਕੂਲ ਸਿੱਖਿਆ ਵਿਭਾਗ ਵੱਲੋਂ ਟੈੱਟ ਸਬੰਧੀ ਪੱਤਰ ਦੀਆਂ ਕਾਪੀਆਂ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਸਾੜੀਆਂ। ਇਸ ਵਿੱਚ ਡੀਟੀਐੱਫ ਤੋਂ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਹਰਾਜ, ਗੌਰਮਿੰਟ ਸਕੂਲ ਟੀਚਰ ਯੂਨੀਅਨ ਤੋਂ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਜੀਵ ਹਾਂਡਾ, ਬੀ. ਐੱਡ. ਫਰੰਟ ਤੋਂ ਸੂਬਾਈ ਆਗੂ ਪਰਮਜੀਤ ਸਿੰਘ ਪੰਮਾ, ਬੀਐੱਲਓ ਯੂਨੀਅਨ ਤੋਂ ਪ੍ਰਧਾਨ ਕਿਰਪਾਲ ਸਿੰਘ, ਮਹਿਲਾ ਅਧਿਆਪਕ ਆਗੂ ਸ਼ਹਿਨਾਜ਼, ਡੀਟੀਐੱਫ ਦੇ ਸੂਬਾ ਕਮੇਟੀ ਮੈਂਬਰ ਸਰਬਜੀਤ ਸਿੰਘ ਭਾਵੜਾ ਆਗੂਆਂ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਮਿਤੀ 07-02-2026 ਨੂੰ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੈੱਟ ਲਾਜ਼ਮੀ ਹੋਣ ਦਾ ਪੱਤਰ ਜਾਰੀ ਕਰਕੇ ਟੈੱਟ ਤੋਂ ਛੋਟ ਦੇਣ ਦਾ 14-09-2017 ਦਾ ਪੱਤਰ ਰੱਦ ਕਰਨ ਦੇ ਵਿਰੋਧ ਵਿੱਚ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਮੂਹ ਅਧਿਆਪਕ ਜਥੇਬੰਦੀਆਂ ਨੇ ਪੰਜਾਬ ਸਰਕਾਰ ਦੇ ਇਸ ਪੱਤਰ ਦੀਆਂ ਕਾਪੀਆਂ ਸਾੜੀਆਂ, ਕਿਉਂਕਿ ਇਹ ਪੱਤਰ ਉਨ੍ਹਾਂ ਦੀਆਂ ਪ੍ਰਮੋਸ਼ਨਾਂ ਵਿੱਚ ਰੁਕਾਵਟ ਪੈਦਾ ਕਰਦਾ ਹੈ ਤੇ ਉਨ੍ਹਾਂ ਦੀ ਸਰਕਾਰੀ ਸੇਵਾ ਪ੍ਰਤੀ ਸੇਵਾ ਸੁਰੱਖਿਅਤ ਨਹੀਂ ਹੈ। ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਵਿਆਪਕ ਸੁਧਾਰ ਲਿਆਉਣ ਦੇ ਨਾਂ 'ਤੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਸੁਪਰੀਮ ਕੋਰਟ ਦੇ ਬਹਾਨੇ ਨਾਲ ਪਹਿਲਾਂ ਹੀ ਅਧਿਆਪਕਾਂ ਦੀ ਘਾਟ ਨਾਲ ਜੂਝ ਰਹੇ ਸਿੱਖਿਆ ਵਿਭਾਗ ਵਿੱਚ ਅਧਿਆਪਕਾਂ ਦੀ ਹੋਰ ਗਿਣਤੀ ਘਟਾਉਣ ਲਈ ਹੀ ਇਹੋ ਜਿਹੇ ਕਦਮ ਉਠਾ ਰਹੀ ਹੈ, ਜਿਸ ਦਾ ਪੰਜਾਬ ਦੇ ਅਧਿਆਪਕ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ ਮਹਾਂ ਰੋਸ ਪ੍ਰਦਰਸ਼ਨ ਕਰਕੇ ਡੱਟਵਾਂ ਵਿਰੋਧ ਕਰਨਗੇ। ਅਧਿਆਪਕ ਆਗੂਆਂ ਨੇ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੂੰ ਸਮੁੱਚੇ ਅਧਿਆਪਕ ਵਰਗ 'ਤੇ ਇਸ ਹਮਲੇ ਖ਼ਿਲਾਫ਼ ਸਾਂਝੇ ਸੰਘਰਸ਼ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ ਤਾਂ ਜੋ ਸਰਕਾਰ ਨੂੰ ਮੂੰਹ ਤੋੜ ਜਵਾਬ ਦਿੱਤਾ ਜਾ ਸਕੇ।

ਇਸ ਐਕਸ਼ਨ ਵਿੱਚ ਅਮਿਤ ਸ਼ਰਮਾ, ਹੀਰਾ ਸਿੰਘ ਤੂਤ, ਮਨਦੀਪ ਸਿੰਘ, ਮਹਿਲ ਸਿੰਘ, ਸੰਦੀਪ ਕੁਮਾਰ, ਮਹਿਲ ਸਿੰਘ, ਰਾਘਵ ਕਪੂਰ, ਰਾਮ ਕੁਮਾਰ, ਸਵਰਨ ਸਿੰਘ ਜੋਸਨ, ਹਰਜਿੰਦਰ ਸਿੰਘ ਜਨੇਰ, ਕਮਲਜੀਤ ਸਿੰਘ, ਅਨਿਲ ਧਵਨ, ਵਿਨੋਦ ਕੁਮਾਰ ਗਰਗ, ਇੰਦਰਪਾਲ ਸਿੰਘ ਅਧਿਆਪਕ ਸ਼ਾਮਲ ਸਨ।

## ਰਫੀ ਨਾਈਟ ਭਲਕੇ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਰਫੀ ਮੈਮੋਰੀਅਲ ਕਲਚਰਲ ਸੁਸਾਇਟੀ (ਰਜਿ.) ਦੇ ਪ੍ਰਧਾਨ ਜੀ ਐੱਸ ਗਰੇਵਾਲ ਰਿਟਾਇਰਡ ਆਈ.ਏ.ਐੱਸ, ਐੱਸ. ਕੇ. ਬਾਤਿਸ਼ ਪੀ.ਸੀ.ਐੱਸ. ਸੀਨੀਅਰ ਮੀਤ ਪ੍ਰਧਾਨ, ਬਾਲ ਮੁਕੰਦ ਸ਼ਰਮਾ ਚੇਅਰਮੈਨ ਪੰਜਾਬ ਸਟੇਟ ਫੂਡ ਕਮਿਸ਼ਨ ਜਨਰਲ ਸਕੱਤਰ, ਕੇ ਕੇ ਮਲਹੋਤਰਾ ਤੇ ਹੋਰ ਮੈਂਬਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਗਾਮੀ 14 ਫਰਵਰੀ ਨੂੰ ਟੈਗੋਰ ਥੀਏਟਰ ਚੰਡੀਗੜ੍ਹ ਵਿਖੇ ਰਫੀ ਨਾਈਟ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸੌਰਵ ਕਿਸ਼ਨ ਛੋਟਾ ਰਫੀ ਕੇਰਲਾ ਤੋਂ, ਸੰਪਦਾ ਗੋਸਵਾਮੀ ਮੁੰਬਈ ਤੇ ਭਾਰਤ ਦੇ ਹੋਰਨਾਂ ਰਾਜਾਂ ਤੋਂ ਵੱਖ-ਵੱਖ ਗੀਤਕਾਰ ਆਪਣੇ ਗੀਤਾਂ ਰਾਹੀਂ ਇਸ ਸ਼ਾਮ ਦੀ ਸ਼ੋਭਾ ਨੂੰ ਵਧਾਉਣਗੇ।

ਇਹ ਪ੍ਰੋਗਰਾਮ ਟੈਗੋਰ ਥੀਏਟਰ ਵਿਖੇ ਸ਼ਾਮ ਨੂੰ 5 ਵਜੇ ਸ਼ੁਰੂ ਹੋਵੇਗਾ ਅਤੇ ਗੀਤ ਤੇ ਸੰਗੀਤ ਦੀ ਮਹਿਫਿਲ ਦੇਰ ਰਾਤ ਤੱਕ ਦਰਸ਼ਕਾਂ ਨੂੰ ਮੰਤਰ ਮੁਗਧ ਕਰੇਗੀ।

## ਹੈਰੋਇਨ ਸਮੇਤ 4 ਕਾਬੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਪੁਲਸ ਵੱਲੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ 4 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਅਢਿਆਣਾ ਰੋਡ 'ਤੇ ਗਸ਼ਤ ਕੀਤੀ ਜਾ ਰਹੀ ਸੀ ਤਾਂ 2 ਨੌਜਵਾਨ ਪੁਲਸ ਪਾਰਟੀ ਨੂੰ ਦੇਖ ਘਬਰਾ ਕੇ ਬੱਸ ਅੱਡੇ ਅੰਦਰ ਵੜ ਗਏ, ਜਿਨ੍ਹਾਂ 'ਚੋਂ ਇੱਕ ਨੌਜਵਾਨ ਨੇ ਆਪਣੀ ਜੇਬ 'ਚੋਂ ਕੱਢ ਕੇ ਮੋਮੀ ਲਿਫ਼ਾਫੀ ਨਾਲ ਵਾਲੇ ਨੌਜਵਾਨ ਨੂੰ ਫੜਾ ਦਿੱਤਾ, ਜਿਸ ਨੇ ਉਸ ਨੂੰ ਸੁੱਟ ਦਿੱਤਾ। ਪੁਲਸ ਨੇ ਜਦੋਂ ਸ਼ੱਕ ਦੇ ਅਧਾਰ 'ਤੇ ਇਨ੍ਹਾਂ ਤੋਂ ਪੁੱਛਗਿੱਛ ਕੀਤੀ ਤਾਂ ਇਨ੍ਹਾਂ ਦੀ ਪਹਿਚਾਣ ਮਨਪ੍ਰੀਤ ਸਿੰਘ ਤੇ ਅਕਸ਼ੇ ਕੁਮਾਰ ਦੋਵੇਂ ਵਾਸੀ ਮਾਛੀਵਾੜਾ ਵਜੋਂ ਹੋਈ। ਇਨ੍ਹਾਂ ਵੱਲੋਂ ਸੁੱਟੀ ਲਿਫ਼ਾਫੀ 'ਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਤੋਂ ਇਲਾਵਾ ਮਾਛੀਵਾੜਾ ਦੀ ਕਾਲੋਨੀ ਜੀ-2 ਅਸਟੇਟ ਨੇੜੇ ਪੁਲਸ ਪਾਰਟੀ ਗਸ਼ਤ ਕਰ ਰਹੀ ਸੀ ਤਾਂ 2 ਨੌਜਵਾਨ ਸ਼ੱਕੀ ਹਾਲਤ ਵਿੱਚ ਦਿਖਾਈ ਦਿੱਤੇ। ਪੁਲਸ ਵੱਲੋਂ ਜਦੋਂ ਇਨ੍ਹਾਂ ਨੂੰ ਰੋਕਿਆ ਗਿਆ ਤਾਂ ਪੁੱਛ-ਗਿੱਛ ਦੌਰਾਨ ਇਨ੍ਹਾਂ ਦੀ ਪਹਿਚਾਣ ਪ੍ਰਿਤਪਾਲ ਸਿੰਘ ਤੇ ਹਰਦੀਪ ਸਿੰਘ ਵਾਸੀ ਮਾਛੀਵਾੜਾ ਵਜੋਂ ਹੋਈ, ਜਿਨ੍ਹਾਂ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਨੌਜਵਾਨਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਅਵਾਰਾ ਪਸ਼ੂਆਂ ਦੇ ਗਲਾਂ 'ਚ ਪਾਏ ਰਿਫਲੈਕਟਰ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ )-ਟਰੈਫਿਕ ਪੁਲਸ ਸੁਨਾਮ ਦੇ ਇੰਚਾਰਜ ਏ ਐਸ ਆਈ ਨਿਰਭੈ ਸਿੰਘ ਵੱਲੋਂ ਸੁਨਾਮ ਸ਼ਹਿਰ ਵਿੱਚ ਅਵਾਰਾ ਪਸ਼ੂਆਂ ਦੇ ਗਲਾਂ ਵਿੱਚ ਰਾਤ ਨੂੰ ਦੁਰਘਟਨਾ ਤੋਂ ਬਚਣ ਵਾਸਤੇ ਰੋਟਰੀ ਕਲੱਬ ਸੁਨਾਮ ਦੇ ਸਹਿਯੋਗ ਨਾਲ ਚਮਕਦਾਰ ਰਿਫਲੈਕਟਰ ਪਾਏ ਗਏ। ਇਸ ਮੌਕੇ ਉਹਨਾਂ ਦੇ ਨਾਲ ਪਾਲੀ ਨੰਬਰਦਾਰ, ਸਰਪੰਚ ਪਿੰਡ ਨਾਕਟੇ ਹਰਜਿੰਦਰ ਸਿੰਘ ਅਤੇ ਪੁਲਸ ਵਿਭਾਗ ਵੱਲੋਂ ਦਿਲਬਾਗ ਸਿੰਘ ਹਾਜ਼ਰ ਸਨ।

## ਹਰਮਨਦੀਪ ਸਿੰਘ ਨੂੰ ਗਣਤੰਤਰ ਦਿਵਸ ਮੌਕੇ ਮਿਲੀ ਸ਼ਾਨਦਾਰ ਸਫ਼ਲਤਾ



ਜਲਾਲਾਬਾਦ/ਫ਼ਾਜ਼ਿਲਕਾ (ਬਲਵਿੰਦਰ ਸਿੰਘ/ਰਣਬੀਰ ਕੌਰ)-ਸਰਕਾਰੀ ਉਦਯੋਗਿਕ ਪ੍ਰਸ਼ਿਕਸ਼ਣ ਸੰਸਥਾ ਲਈ ਇਹ ਮਾਣ ਦੀ ਗੱਲ ਹੈ ਕਿ ਇਸ ਦੇ 33 ਕੈਡਟ ਕਾਰਪੋਰਲ ਹਰਮਨਦੀਪ ਸਿੰਘ ਨੇ ਰਿਪਬਲਿਕ ਡੇਅ ਕੈਂਪ ਵਿੱਚ ਸਫਲ ਭਾਗੀਦਾਰੀ ਕੀਤੀ। ਹਰਮਨਦੀਪ ਸਿੰਘ ਨੇ ਕਿਹਾ ਲਈ ਮੇਰੀ ਚੋਣ ਇੱਕ ਬਹੁਤ ਹੀ ਕਠੋਰ ਤੇ ਮੈਰਿਟ ਅਧਾਰਤ ਪ੍ਰਕਿਰਿਆ ਦਾ ਨਤੀਜਾ ਸੀ।ਮੈਂ ਪ੍ਰੀ-ਕੈਂਪ ਦੇ ਵੱਖ-ਵੱਖ ਪੜਾਅ ਪਾਰ ਕੀਤੇ, ਜਿਸ ਤੋਂ ਬਾਅਦ ਅਕੈਡਮੀ, ਰੋਪੜ ਵਿੱਚ ਡਾਇਰੈਕਟੋਰੇਟ ਜਨਰਲ ਦੀ ਰਹਿਨੁਮਾਈ ਹੇਠ ਉੱਚ ਪੱਧਰੀ ਪ੍ਰਸ਼ਿਕਸ਼ਣ ਪ੍ਰਾਪਤ ਕੀਤਾ।ਇਸ ਯਾਤਰਾ ਨੇ ਮੇਰੇ ਅੰਦਰ ਆਤਮ-ਵਿਸ਼ਵਾਸ, ਅਨੁਸ਼ਾਸਨ, ਨੇਤ੍ਰਿਤਵ ਕੌਸ਼ਲ ਤੇ ਦੇਸ਼ ਸੇਵਾ ਪ੍ਰਤੀ ਪ੍ਰੇਰਣਾ ਨੂੰ ਹੋਰ ਮਜ਼ਬੂਤ ਕੀਤਾ ਹੈ। ਇਹ ਮਹੱਤਵਪੂਰਨ ਉਪਲਬਧੀ 13 ਪੰਜਾਬ ਬਟਾਲੀਅਨ 33 ਦੇ ਕਮਾਂਡਿੰਗ ਅਫਸਰ, ਕਰਨਲ ਚੰਦਰ ਸ਼ੇਖਰ ਸ਼ਰਮਾ, ਸ਼ੌਰਿਆ ਚਕਰਾ ਦੀ ਯੋਗ ਅਗਵਾਈ ਤੇ ਮਾਰਗਦਰਸ਼ਨ ਨਾਲ ਸੰਭਵ ਹੋ ਸਕੀ।ਇਸ ਦੇ ਨਾਲ ਹੀ ਪ੍ਰਿੰਸੀਪਲ ਸ਼੍ਰੀ ਰਾਜਿੰਦਰ ਸਿੰਘ ਜੋਸਨ, ਕੇਅਰ ਟੇਕਰ ਅਫਸਰ ਸ਼੍ਰੀ ਜਸਵਿੰਦਰ ਸਿੰਘ ਅਤੇ ਟ੍ਰੇਨਿੰਗ ਅਫਸਰ ਸ਼੍ਰੀ ਰਮੇਸ਼ ਕੁਮਾਰ ਵੱਲੋਂ ਮਿਲੇ ਲਗਾਤਾਰ ਸਹਿਯੋਗ ਤੇ ਪ੍ਰੇਰਣਾ ਨੇ ਵੀ ਕੈਡਟ ਦੀ ਤਿਆਰੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

## ਸੈਂਟੀਨਲ ਇੰਟਰਨੈਸ਼ਨਲ ਸਕੂਲ 'ਚ ਐਡਵੈਂਚਰ ਕੈਂਪ



ਸਮਰਾਲਾ (ਸੁਰਜੀਤ ਸਿੰਘ)-ਸਕੂਲੀ ਬੱਚਿਆਂ ਵਿਚੋਂ ਡਰ ਦੀ ਭਾਵਨਾ ਮਨਫੀ ਕਰਨ, ਹੌਸਲਾ ਵਧਾਉਣ ਅਤੇ ਉਨ੍ਹਾਂ ਵਿੱਚ ਆਤਮਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਮਕਸਦ ਨੂੰ ਲੈ ਕੇ ਸੈਂਟੀਨਲ ਇੰਟਰਨੈਸ਼ਲ ਸਕੂਲ ਵੱਲੋਂ ਵੱਖ-ਵੱਖ ਗਤੀਵਿਧੀਆਂ ਦੇ ਕੈਂਪ ਆਯੋਜਤ ਕੀਤੇ ਜਾਂਦੇ ਹਨ।ਇਸੇ ਲੜੀ ਤਹਿਤ ਸਕੂਲ ਵਿੱਚ ਪ੍ਰਿੰਸੀਪਲ ਡਾ ਪੂਨਮ ਸ਼ਰਮਾ ਦੀ ਅਗਵਾਈ ਹੇਠ ਰੌਕਸਪੋਰਟ ਇਨ-ਹਾਊਸ ਐਡਵੈਂਚਰ ਕੈਂਪ ਆਯੋਜਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਸਾਰੀਆਂ ਗਤੀਵਿਧੀਆਂ ਵਿੱਚ ਬੜੇ ਹੀ ਉਤਸ਼ਾਹਤ ਢੰਗ ਦੇ ਨਾਲ ਭਾਗ ਲਿਆ। ਰੌਕਸਪੋਰਟ ਦੀ ਟੀਮ ਨੇ ਇਸ ਕੈਂਪ ਦੀ ਗਤੀਵਿਧੀਆਂ ਨੂੰ ਬੜੇ ਹੀ ਚਾਅ, ਰੋਮਾਂਚਿਤ ਤੇ ਸੁਰੱਖਿਅਤ ਤਰੀਕੇ ਨਾਲ ਪੇਸ਼ ਕੀਤਾ ਸੀ।ਵਿਦਿਆਰਥੀਆਂ ਨੇ ਜ਼ਿਪ-ਲਾਈਨਿੰਗ, ਕਮਾਂਡੋ ਨੈਟ, ਰੈਪਲਿੰਗ, ਜ਼ੋਰਬਿੰਗ, ਵਾਲ਼ ਕਲਾਇਮਬਿੰਗ, ਲੈਡਰ ਕਲਾਇਮਬਿੰਗ, ਬਰਮਾ ਬ੍ਰਿਜ, ਕਮਾਂਡੋ ਰੋਲ, ਕਮਾਂਡੋ ਬ੍ਰਿਜ, ਟਾਇਰਮੈਸ, ਰੋਲਿੰਗ ਬਾਲ, ਟੱਗ ਆਫ ਵਾਰ ਗਤੀਵਿਧੀਆਂ ਕੈਂਪ ਦੇ ਪ੍ਰਮਾਨਿਤ ਇੰਸਟ੍ਰਕਟਰਾਂ ਦੀ ਸਖ਼ਤ ਨਿਗਰਾਨੀ ਹੇਠ ਕਰਵਾਈਆਂ ਗਈਆਂ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਅਜਿਹੀ ਗਤੀਵਿਧੀਆਂ ਉਨ੍ਹਾਂ ਦੇ ਭਵਿੱਖ ਵਿੱਚ ਸਿਵਲ ਸੇਵਾਵਾਂ ਵਿੱਚ ਮਦਦਗਾਰ ਸਾਬਤ ਹੋਣਗੀਆਂ।

## ਸ਼ਹਿਰ 'ਚ ਸਫ਼ਾਈ ਤੇ ਕੂੜੇ ਦੇ ਡੰਪ ਦਾ ਪੱਕਾ ਪ੍ਰਬੰਧ ਕਰਨ ਦੀ ਮੰਗ



ਬੁਢਲਾਡਾ (ਅਸ਼ੋਕ ਲਾਕੜਾ)-ਨਗਰ ਸੁਧਾਰ ਸਭਾ ਦੇ ਸੀਨੀਅਰ ਆਗੂਆਂ ਨੇ ਸ਼ਹਿਰ ਦੀਆਂ ਮੰਗਾਂ ਸਬੰਧੀ ਹਲਕਾ ਵਿਧਾਇਕ ਸਮੇਤ ਵੱਖ-ਵੱਖ ਅਧਿਕਾਰੀਆਂ ਨੂੰ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਸ਼ਹਿਰ ਵਿੱਚ ਸਫ਼ਾਈ ਸਮੇਤ ਕੂੜੇ ਦੇ ਡੰਪ ਦਾ ਪੱਕਾ ਪ੍ਰਬੰਧ ਕੀਤਾ ਜਾਵੇ। ਸੰਸਥਾ ਦੇ ਕੁਆਰਡੀਨੇਟਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਦੱਸਿਆ ਕਿ ਨਗਰ ਸੁਧਾਰ ਸਭਾ ਨੇ ਇਹ ਵੀ ਮੰਗ ਕੀਤੀ ਹੈ ਕਿ ਪੀਣ ਦੇ ਸਾਫ਼ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇ ਤੇ ਗੰਦੇ ਪਾਣੀ ਦੀ ਮਿਕਸ ਹੋ ਕੇ ਸਪਲਾਈ ਨੂੰ ਰੋਕਿਆ ਜਾਵੇ।ਸੀਵਰੇਜ ਦੇ ਪਾਣੀ ਦੀ ਲੀਕੇਜ ਨੂੰ ਬੰਦ ਕੀਤਾ ਜਾਵੇ।ਟ੍ਰੈਫਿਕ ਦੀ ਸਮੱਸਿਆ ਦੇ ਹੱਲ ਲਈ ਰੇਲਵੇ ਰੋਡ, ਪੀਐੱਨਬੀ ਰੋਡ, ਰਾਮਲੀਲ੍ਹਾ ਗਰਾਊਂਡ ਰੋਡ ਸਮੇਤ ਸੜਕਾਂ 'ਤੇ ਟ੍ਰੈਫਿਕ ਨਿਯਮਾਂ ਅਨੁਸਾਰ ਮਾਰਕਿੰਗ ਪੱਟੀ ਲਾਈ ਜਾਵੇ।ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਲੁੱਟ-ਖੋਹ ਤੇ ਚੋਰੀਆਂ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਸੀ.ਸੀ.ਟੀ.ਵੀ. ਕੈਮਰੇ ਲਾਏ ਜਾਣ।ਸ਼ਹਿਰ ਵਿੱਚ ਪੰਜ ਛੇ ਥਾਂਵਾਂ 'ਤੇ ਪੁਲਸ ਪੋਸਟਾਂ ਸਥਾਪਤ ਕਰਕੇ ਦਿਨੇ ਤੇ ਰਾਤ ਦੀ ਗਸ਼ਤ ਵਧਾਈ ਜਾਵੇ।ਐਡਵੋਕੇਟ ਦਲਿਓ ਨੇ ਕਿਹਾ ਕਿ ਪ੍ਰਿੰਸੀਪਲ ਬੁੱਧ ਰਾਮ ਵਿਧਾਇਕ ਸਮੇਤ ਅਧਿਕਾਰੀਆਂ ਨੇ ਨਗਰ ਸੁਧਾਰ ਸਭਾ ਦੇ ਵਫਦ ਨੂੰ ਭਰੋਸਾ ਦਿਵਾਇਆ ਹੈ ਕਿ ਉਹ ਇਨ੍ਹਾਂ ਮੰਗਾਂ-ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਉਣਗੇ।

## ਵਰਲਡ 'ਵਰਸਿਟੀ ਵੱਲੋਂ ਮੂਟ ਕੋਰਟ ਮੁਕਾਬਲੇ ਦਾ ਐਲਾਨ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਵੱਲੋਂ ਦੂਜਾ ਨੈਸ਼ਨਲ ਮੂਟ ਕੋਰਟ ਮੁਕਾਬਲਾ, 2026 ਐਲਾਨਿਆ ਗਿਆ ਹੈ, ਜਿਸ ਵਿੱਚ ਦੇਸ਼ ਭਰ ਦੇ ਕਾਨੂੰਨ ਵਿਦਿਆਰਥੀਆਂ ਨੂੰ ਭਾਗ ਲੈਣ ਲਈ ਸੱਦਾ ਦਿੱਤਾ ਜਾ ਰਿਹਾ ਹੈ। ਇਹ ਮੁਕਾਬਲਾ 3 ਤੋਂ 5 ਅਪ੍ਰੈਲ 2026 ਤੱਕ ਯੂਨੀਵਰਸਿਟੀ ਕੈਂਪਸ 'ਚ ਕੀਤਾ ਜਾਵੇਗਾ।ਮੁਕਾਬਲੇ ਦਾ ਅਧਿਕਾਰਕ ਫਲਾਇਰ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ; ਪ੍ਰੋ. (ਡਾ.) ਅਮੀਤਾ ਕੌਸ਼ਲ, ਮੁਖੀ ਅਤੇ ਡੀਨ, ਯੂਨੀਵਰਸਿਟੀ ਸਕੂਲ ਆਫ ਲਾਅ; ਡਾ. ਸਿਕੰਦਰ ਸਿੰਘ, ਡੀਨ ਭਲਾਈ ਵਿਦਿਆਰਥੀ; ਜਗਜੀਤ ਸਿੰਘ, ਡਿਪਟੀ ਰਜਿਸਟਰਾਰ; ਅਤੇ ਡਾ. ਨਵਨੀਤ ਕੌਰ, ਕਨਵੀਨਰ, ਵੀ ਹਾਜ਼ਰ ਸਨ। ਇਹ ਮੁਕਾਬਲੇ ਵਿਦਿਆਰਥੀਆਂ ਵਿੱਚ ਕਾਨੂੰਨੀ ਤਰਕਸ਼ੀਲ ਸਮਰੱਥਾ, ਪੇਸ਼ੇਵਰ ਯੋਗਤਾ ਅਤੇ ਨੈਤਿਕ ਵਕਾਲਤ ਦੇ ਗੁਣਾਂ ਨੂੰ ਮਜ਼ਬੂਤ ਬਣਾਉਂਦੇ ਹਨ।ਪ੍ਰੋ. (ਡਾ.) ਅਮੀਤਾ ਕੌਸ਼ਲ ਨੇ ਦੱਸਿਆ ਕਿ ਇਸ ਮੁਕਾਬਲੇ ਦਾ ਮੁੱਖ ਉਦੇਸ਼ ਕਾਨੂੰਨ ਵਿਦਿਆਰਥੀਆਂ ਨੂੰ ਗਹਿਰੇ ਕਾਨੂੰਨੀ ਖੋਜ, ਤਰਕ-ਵਿਤਰਕ ਤੇ ਅਦਾਲਤੀ ਪ੍ਰਕਿਰਿਆ ਦੀ ਅਨੁਭਵਾਤਮਕ ਸਿੱਖਿਆ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਹ ਆਧੁਨਿਕ ਕਾਨੂੰਨੀ ਚੁਣੌਤੀਆਂ ਦੇ ਮੁਕਾਬਲੇ ਲਈ ਹੋਰ ਸੰਵਿਦਨਸ਼ੀਲ ਅਤੇ ਤਜਰਬਾਕਾਰ ਬਣ ਸਕਣ।ਡਾ. ਨਵਨੀਤ ਕੌਰ, ਕਨਵੀਨਰ ਨੇ ਜਾਣਕਾਰੀ ਦਿੱਤੀ ਕਿ ਇਹ ਮੁਕਾਬਲਾ ਭਾਰਤ ਦੇ ਪ੍ਰਮਾਣਿਤ ਕਾਨੂੰਨ ਸੰਸਥਾਨਾਂ ਦੇ ਤਿੰਨ ਸਾਲਾ ਅਤੇ ਪੰਜ ਸਾਲਾ ਐੱਲ.ਐੱਲ.ਬੀ. ਪ੍ਰੋਗਰਾਮਾਂ ਵਿੱਚ ਦਾਖ਼ਲ ਵਿਦਿਆਰਥੀਆਂ ਲਈ ਖੁੱਲ੍ਹਾ ਹੈ।ਮੁਕਾਬਲੇ ਦੇ ਸੁਚਾਰੂ ਸੰਚਾਲਨ ਲਈ ਯੂਨੀਵਰਸਿਟੀ ਦੇ ਸਮਰਪਤ ਫੈਕਲਟੀ ਮੈਂਬਰਾਂ ਡਾ. ਕਵਲਜੀਤ ਕੌਰ, ਮਨਕਿਰਤ ਕੌਰ ਸੜਾ ਤੇ ਗੁਰਲੀਨ ਕੌਰ ਵੱਲੋਂ ਫੈਕਲਟੀ ਕੋਆਰਡੀਨੇਟਰ ਦੇ ਤੌਰ 'ਤੇ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ ਜਾ ਰਹੀਆਂ ਹਨ।



ਜਗਦੀਪ ਸਿੰਘ ਗਟਰਾ ਪ੍ਰਧਾਨ ਨਗਰ ਕੌਂਸਲ ਨਿਹਾਲ ਸਿੰਘ ਵਾਲਾ ਦੇ ਜਨਮ ਦਿਨ ਦੀ ਖੁਸ਼ੀ ਵਿੱਚ 6ਵਾਂ ਖ਼ੂਨਦਾਨ ਕੈਂਪ ਲਾਇਆ ਗਿਆ। ਖੂਨ ਦਾਨ ਕਰਨ ਵਾਲੇ ਵਿਅਕਤੀਆਂ ਵੱਲੋਂ ਵਧ-ਚੜ੍ਹ ਕੇ ਹਿੱਸਾ ਲਿਆ ਗਿਆ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ)

## ਲੋਕ ਤੇ ਦੇਸ਼ ਵਿਰੋਧੀ ਨੀਤੀਆਂ ਵਿਰੁੱਧ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿਖੇ ਵਿਸ਼ਾਲ ਰੈਲੀ ਤੇ ਪ੍ਰਦਰਸ਼ਨ



ਬਟਾਲਾ (ਤਰਲੋਕ ਬੱਗਾ)-ਦੇਸ਼ ਦੀਆਂ ਮੁੱਖ ਟ੍ਰੇਡ ਯੂਨੀਅਨਾਂ ਦੇ ਸੱਦੇ ਉਪਰ ਕੀਤੀ ਗਈ ਹੜਤਾਲ ਸਮੇਂ ਵਰਕਰਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਜਗੀਰ ਸਿੰਘ ਕਿਲਾ ਲਾਲ ਸਿੰਘ, ਹਰਜਿੰਦਰ ਪਿੰਟਾ, ਜਰਨੈਲ ਸਿੰਘ, ਰਾਜਗੁਰਵਿੰਦਰ ਸਿੰਘ ਲਾਡੀ ਅਤੇ ਅਵਤਾਰ ਸਿੰਘ ਦੀ ਪ੍ਰਧਾਨਗੀ ਹੇਠ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿਖੇ ਵਿਸ਼ਾਲ ਰੈਲੀ ਕੀਤੀ ਗਈ ਅਤੇ ਸ਼ਹਿਰ ਵਿੱਚ ਪ੍ਰਦਰਸ਼ਨ ਕੀਤਾ ਗਿਆ। ਇਸ ਸਮੇਂ ਖੱਬੇ ਪੱਖੀ ਆਗੂ ਸ਼ਮਸ਼ੇਰ ਸਿੰਘ ਨਵਾਂਪਿੰਡ, ਜਨਕ ਰਾਜ, ਗੁਲਜ਼ਾਰ ਸਿੰਘ ਬਸੰਤਕੋਟ ਅਤੇ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਅੱਜ ਦੀ ਹੜਤਾਲ ਮੁੱਖ ਤੌਰ 'ਤੇ ਸਾਮਰਾਜੀ, ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਅਤੇ ਦੇਸ਼ ਵਿਰੋਧੀ ਨੀਤੀਆਂ ਵਿਰੁੱਧ ਕੀਤੀ ਗਈ ਸੀ। ਸਾਮਰਾਜੀ ਨੀਤੀਆਂ ਲਾਗੂ ਕਰਨ ਹਿਤ ਹੀ ਮੋਦੀ ਸਰਕਾਰ ਨੇ ਦੇਸ਼ ਦੇ ਕਿਰਤ ਕਾਨੂੰਨਾਂ ਨੂੰ ਤੋੜਨ ਭੰਨਣ ਦਾ ਕੰਮ ਕੀਤਾ, ਤਕਰੀਬ 140 ਸਾਲ ਪਹਿਲਾਂ ਅਮਰੀਕਾ ਦੇ ਸ਼ਿਕਾਗੋ ਦੇ ਮਜ਼ਦੂਰਾਂ ਨੇ ਵੱਡੀਆਂ ਕੁਰਬਾਨੀਆਂ ਕਰਕੇ ਅਤੇ ਫਾਂਸੀਆਂ 'ਤੇ ਲਟਕ ਕੇ ਅੱਠ ਘੰਟੇ ਦੀ ਦਿਹਾੜੀ ਦਾ ਕਾਨੂੰਨ ਬਣਾਇਆ ਸੀ ਜਿਸ ਨੂੰ ਮੋਦੀ ਸਰਕਾਰ ਨੇ 12 ਘੰਟੇ ਦੇ ਕਾਨੂੰਨ ਵਿੱਚ ਬਦਲ ਦਿੱਤਾ ਹੈ।ਸਾਮਰਾਜ ਕਾਰਪੋਰੇਟ ਪੱਖੀ ਕੰਪਨੀਆਂ ਦੀਆਂ ਹਦਾਇਤਾਂ ਕਾਰਨ ਹੀ ਮਨਰੇਗਾ ਕਾਨੂੰਨ ਵਿਚ ਉਲਟਫੇਰ ਕਰ ਦਿੱਤਾ ਗਿਆ ਹੈ ਜੋ ਕਿਸੇ ਵੀ ਹਾਲਤ ਵਿੱਚ ਹੁਣ ਅਮਲੀ ਤੌਰ 'ਤੇ ਲਾਗੂ ਨਹੀਂ ਹੋ ਸਕੇਗਾ। ਆਗੂਆਂ ਕਿਹਾ ਕਿ ਜਾਫਰੀ ਐਪਸਟੀਨ ਦੇ ਵਾਈਲ ਕੇਸ ਵਿੱਚ ਮੋਦੀ, ਉਸ ਦੇ ਮੰਤਰੀ ਅਤੇ ਦੋਸਤਾਂ ਦੇ ਫਸਣ 'ਤੋਂ ਬਾਅਦ ਅਮਰੀਕਾ ਦੀ ਸਰਕਾਰ ਨੇ ਇਸ ਦਬਾਅ ਤਹਿਤ ਭਾਰਤ ਸਰਕਾਰ ਤੋਂ ਆਪਣੀ ਮਨਮਰਜ਼ੀ ਦੇ ਸਮਝੌਤੇ 'ਤੇ ਦਸਤਖਤ ਕਰਵਾਏ ਹਨ, ਜੋ ਸਮਝੌਤਾ ਇੱਕਪਾਸੜ ਕਿਹਾ ਜਾ ਸਕਦਾ। ਇਸ ਸਮਝੌਤੇ ਅਧੀਨ ਅਮਰੀਕਾ ਭਾਰਤ ਦੀਆਂ ਵਸਤਾਂ ਉਪਰ 18% ਕਰ ਲਗਾਏਗਾ ਜਦੋਂ ਕਿ ਅਮਰੀਕਾ ਦੀਆਂ ਭਾਰਤ ਵਿੱਚ ਵਿਕਣ ਵਾਲੀਆਂ ਵਸਤਾਂ ਉਪਰ ਭਾਰਤ ਸਰਕਾਰ 0 ਫੀਸਦੀ ਜਾਂ ਬਹੁਤ ਹੀ ਮਾਮੂਲੀ ਕਰ ਲਗਾਏਗੀ ਜਿਸ ਸਮਝੌਤੇ ਦਾ ਅਰਥ ਹੈ ਕਿ ਅਮਰੀਕਾ ਦਾ ਖੇਤੀ ਅਤੇ ਖੇਤੀ ਧੰਦਿਆਂ ਨਾਲ ਸਬੰਧਤ ਵਸਤਾ ਅਤੇ ਹੋਰ ਸਮਾਨ ਭਾਰਤ ਦੀ ਮੰਡੀ 'ਤੇ ਪੂਰਨ ਤੌਰ 'ਤੇ ਕਬਜ਼ਾ ਕਰ ਲਵੇਗਾ ਅਤੇ ਭਾਰਤ ਦੇ ਖੇਤੀ ਧੰਦੇ ਨਾਲ ਜੁੜੇ ਕਿਸਾਨ ਮਜ਼ਦੂਰ ਬਰਬਾਦ ਹੋ ਜਾਣਗੇ।ਇਸ ਸਮੇਂ ਮੰਗ ਕੀਤੀ ਗਈ ਕਿ ਭਾਰਤ ਸਰਕਾਰ ਅਮਰੀਕਾ ਭਾਰਤ ਟ੍ਰੇਡ ਨੂੰ ਰੱਦ ਕਰੇ, ਮਜ਼ਦੂਰਾਂ ਦੇ ਕਿਰਤ ਕਾਨੂੰਨਾਂ ਨੂੰ ਬਹਾਲ ਕਰੇ, 12 ਘੰਟੇ ਦੀ ਦਿਹਾੜੀ ਦਾ ਫਰਮਾਨ ਵਾਪਸ ਲਿਆ ਜਾਵੇ। ਇਸ ਸਮੇਂ ਪੰਜਾਬ ਦੀ ਮਾਨ ਸਰਕਾਰ ਤੇ ਕੰਮ ਕਾਜ ਦੀ ਸਖਤ ਵਿਰੋਧਤਾ ਕਰਦੇ ਕਿਹਾ ਗਿਆ ਕਿ ਇਸ ਸਰਕਾਰ ਦੇ ਬੀਤੇ ਚਾਰ ਸਾਲਾਂ ਦੇ ਰਾਜ ਵਿੱਚ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਪੰਜਾਬ ਦੀ ਧਰਤੀ 'ਤੇ ਪੂਰੀ ਤਰ੍ਹਾਂ ਆਪਣੀ ਸਰਦਾਰੀ ਕਾਇਮ ਕਰ ਲਈ ਹੈ, ਨਤੀਜੇ ਵਜੋਂ ਪੰਜਾਬ ਦੇ ਲੋਕ ਡਰੇ ਤੇ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।

ਇਸ ਸਮੇਂ ਡਾ ਅਨੂਪ ਸਿੰਘ, ਗੁਰਮੀਤ ਸਿੰਘ ਢਡਿਆਲਾ, ਗੁਰਪ੍ਰੀਤ ਸਿੰਘ ਰੰਗੀਲਪੁਰ, ਸੋਮ ਸਿੰਘ, ਨਰਿੰਦਰ ਸਿੰਘ, ਗੁਰਮੇਲ ਸਿੰਘ ਬਲਪੁਰੀਆ, ਬਲਦੇਵ ਸਿੰਘ ਖਹਿਰਾ ਅਤੇ ਸੰਤੋਖ ਸਿੰਘ ਔਲਖ ਅਤੇ ਰਾਜੂ ਬਟਾਲਾ ਨੇ ਵੀ ਆਪਣੇ ਵਿਚਾਰ ਰੱਖੇ।

## ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦਾ ਲੋਗੋ ਜਾਰੀ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ (ਪੀ ਪੀ ਆਈ ਐੱਸ) 2026 ਤੋਂ ਮਹਿਜ਼ 28 ਦਿਨ ਪਹਿਲਾਂ ਮੁੱਖ ਮੰਤਰੀ ਸ. ਭਗਵੰਤ ਮਾਨ ਵੱਲੋਂ ਚੰਡੀਗੜ੍ਹ ਵਿਖੇ ਹੋਈ ਇੱਕ ਉੱਚ-ਪੱਧਰੀ ਮੀਟਿੰਗ ਵਿੱਚ ਸੰਮੇਲਨ ਦਾ ਅਧਿਕਾਰਤ ਲੋਗੋ ਜਾਰੀ ਕੀਤਾ ਗਿਆ ਹੈ। ਮੀਟਿੰਗ ਵਿੱਚ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ, ਪੰਜਾਬ ਦੇ ਮੁੱਖ ਸਕੱਤਰ, ਸੀਨੀਅਰ ਸਰਕਾਰੀ ਅਧਿਕਾਰੀ ਅਤੇ ਇਨਵੈਸਟ ਪੰਜਾਬ ਦੇ ਨੁਮਾਇੰਦੇ ਸ਼ਾਮਲ ਸਨ। ਸੰਮੇਲਨ ਦੀਆਂ ਤਿਆਰੀਆਂ ਨਾਲ ਜੁੜੇ ਸਾਰੇ ਮੁੱਖ ਵਿਭਾਗਾਂ ਦੀ ਸਮੀਖਿਆ ਮੀਟਿੰਗ ਦੌਰਾਨ ਮੌਜੂਦ ਸਨ। ਇਹ ਸੰਮੇਲਨ 13-15 ਮਾਰਚ 2026 ਨੂੰ ਪਲਾਕਸ਼ਾ ਯੂਨੀਵਰਸਿਟੀ, ਆਈਟੀ ਸਿਟੀ, ਮੋਹਾਲੀ ਵਿਖੇ ਕਰਵਾਇਆ ਜਾਵੇਗਾ ਅਤੇ ਇਹ 'ਪੰਜਾਬ ਮੀਨਜ਼ ਬਿਜ਼ਨਸ - ਪਾਲਿਸੀ ਟੂ ਪ੍ਰੈਕਟਿਸ' ਥੀਮ 'ਤੇ ਕੇਂਦਰਿਤ ਹੈ। ਇਸ ਡਿਜ਼ਾਈਨ ਵਿੱਚ ਉਦਯੋਗਿਕ ਵਿਸਥਾਰ, ਡਿਜੀਟਲ ਪ੍ਰਸ਼ਾਸਨਿਕ ਸੁਧਾਰ, ਸਮੁੱਚਾ ਵਿਕਾਸ ਅਤੇ ਲਚਕੀਲਾਪਣ ਸ਼ਾਮਲ ਹੈ, ਜੋ ਪੰਜਾਬ ਦੇ ਇੱਕ ਪ੍ਰਗਤੀਸ਼ੀਲ, ਸੁਧਾਰ-ਸੰਚਾਲਿਤ ਅਤੇ ਨਿਵੇਸ਼ ਪੱਖੀ ਮਾਹੌਲ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਇਹ ਸੰਮੇਲਨ ਭਾਈਵਾਲੀ, ਸਹਿ-ਰਚਨਾ ਅਤੇ ਲਾਗੂ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰੇਗਾ ਅਤੇ ਇਹ ਯਕੀਨੀ ਬਣਾਏਗਾ ਕਿ ਨੀਤੀਆਂ ਉਦਯੋਗਾਂ ਨਾਲ ਸਲਾਹ-ਮਸ਼ਵਰਾ ਕਰਕੇ ਬਣਾਈਆਂ ਜਾਣ ਅਤੇ ਨਿਰਧਾਰਤ ਸਮਾਂ-ਸੀਮਾਵਾਂ ਤੇ ਡਿਜੀਟਲ ਜਵਾਬਦੇਹੀ ਵਿਧੀਆਂ ਰਾਹੀਂ ਲਾਗੂ ਕੀਤੀਆਂ ਜਾਣ।'

## ਤਰਨ ਤਾਰਨ 'ਚ ਕੇਂਦਰ ਸਰਕਾਰ ਵਿਰੁੱਧ ਰੋਹ ਭਰਪੂਰ ਪ੍ਰਦਰਸ਼ਨ



ਤਰਨ ਤਾਰਨ - ਕੇਂਦਰ ਦੀ ਮੋਦੀ ਸਰਕਾਰ ਦੀਆਂ ਦੇਸ਼ ਦੀ ਮਿਹਨਤਕਸ਼ ਜਮਾਤ ਦੇ ਸਾਰੇ ਹੱਕ - ਹਕੂਕ ਖਤਮ ਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਜ਼ਬਰਦਸਤ ਵਿਰੋਧ ਕਰਨ ਅਤੇ ਦੇਸ਼ ਵਿੱਚ ਕਾਰਪੋਰੇਟ ਘਰਾਣਿਆਂ ਦੇ ਪੱਖ ਵਾਲੀਆਂ ਨੀਤੀਆਂ ਧੜੱਲੇ ਨਾਲ ਲਾਗੂ ਕਰਨ ਖਿਲਾਫ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਤੇ ਪੈਨਸ਼ਨਰ ਫੈਡਰੇਸ਼ਨਾਂ , ਅਜ਼ਾਦ ਜਥੇਬੰਦੀਆਂ ਦੇ ਦੇਸ਼ ਵਿਆਪੀ ਸੱਦੇ 'ਤੇ ਅਤੇ ਸਯੁੰਕਤ ਕਿਸਾਨ ਮੋਰਚੇ ਦੀ ਡਟਵੀਂ ਹਮਾਇਤ ਪ੍ਰਾਪਤ ਇਕ ਰੋਜ਼ਾ ਹੜਤਾਲ ਵਿੱਚ ਹਿੱਸਾ ਲੈ ਕੇ ਮੁਲਾਜ਼ਮਾਂ - ਮਜ਼ਦੂਰਾਂ ,ਪੈਨਸ਼ਨਰਾਂ, ਕਿਸਾਨਾਂ , ਨੌਜਵਾਨਾਂ , ਆਸ਼ਾ , ਮਿੱਡ ਡੇ ਮੀਲ ਅਤੇ ਆਂਗਣਵਾੜੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗਾਂਧੀ ਪਾਰਕ ਵਿੱਚ ਇਕੱਠੇ ਹੋ ਕੇ ਰੋਹ ਭਰਪੂਰ ਨਾਅਰੇਬਾਜ਼ੀ ਕਰਦੇ ਹੋਏ ਰੋਸ ਰੈਲੀ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਪ੍ਰਗਟ ਸਿੰਘ ਜਾਮਾਰਾਏ, ਮਹਾਂਵੀਰ ਸਿੰਘ ਗਿੱਲ, ਗੁਰਪ੍ਰੀਤ ਸਿੰਘ ਗੰਡੀਵਿੰਡ,ਮੇਜਰ ਸਿੰਘ ਭਿੱਖੀਵਿੰਡ, ਨਛੱਤਰ ਸਿੰਘ ਮੁਗਲਚੱਕ, ਜਸਬੀਰ ਸਿੰਘ ਵੈਰੋਵਾਲ, ਦੇਵੀ ਕੁਮਾਰੀ, ਮੇਹਰ ਸਿੰਘ ਸਖੀਰਾ, ਹਰਜੀਤ ਸਿੰਘ ਰਵੀ, ਗੁਰਚਰਨ ਸਿੰਘ ਸਭਰਾ , ਭੁਪਿੰਦਰ ਸਿੰਘ ਪੰਡੋਰੀ ਤਖਤਮੱਲ, ਧਰਮ ਸਿੰਘ ਪੱਟੀ , ਪੂਰਨ ਸਿੰਘ ਮਾੜੀਮੇਘਾ , ਮਾਸਟਰ ਸਤਵਿੰਦਰ ਸਿੰਘ , ਤਰਸੇਮ ਸਿੰਘ ਲਹਾਰ , ਜਗਤਾਰ ਸਿੰਘ ਆਸਲ, ਕਾਰਜ ਸਿੰਘ ਕੈਰੋਂ , ਦਵਿੰਦਰ ਸੋਹਲ ,ਰਣਜੀਤ ਸਿੰਘ, ਧਰਮਵੀਰ ਸਿੰਘ ਪੱਟੀ ,ਲਖਬੀਰ ਸਿੰਘ ਸੰਧੂ ,ਦਲਜੀਤ ਸਿੰਘ ਦਿਆਲਪੁਰਾ, ਜਸਵਿੰਦਰ ਸਿੰਘ ਮਾਣੋਚਾਹਲ , ਨਰਿੰਦਰ ਕੌਰ ਠੱਕਰਪੁਰਾ, ਇੰਦਰਜੀਤ ਸਿੰਘ ਮਰਹਾਣਾ, ਬਾਬਾ ਮਹਿੰਦਰ ਸਿੰਘ ਵੈਂਈਪੁਈ, ਦਲਵਿੰਦਰ ਸਿੰਘ ਪਨੂੰ, ਸੀਮਾਂ ਸੋਹਲ, ਰਾਜਵਿੰਦਰ ਕੌਰ, ਲਖਬੀਰ ਸਿੰਘ ਸੰਧੂ , ਸੁਖਦੇਵ ਸਿੰਘ ਜਵੰਦਾ , ਸੁਖਵਿੰਦਰ ਕੌਰ ਸੁਰਵਿੰਡ, ਦਵਿੰਦਰ ਸਿੰਘ, ਤਰਜੀਤ ਸਿੰਘ ਨਾਗੋਕੇ ਆਦਿ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਲਗਾਤਾਰ ਲੋਕ ਵਿਰੋਧੀ ਨੀਤੀਆਂ ਧੱਕੇ ਨਾਲ ਲਾਗੂ ਕਰਕੇ ਦੇਸ਼ ਦੀ ਮਿਹਨਤਕਸ਼ ਜਮਾਤ ਨਾਲ ਧੋਖਾ ਕਰ ਰਹੀ ਹੈ।

ਆਗੂਆਂ ਨੇ ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਸਮੇਤ ਚਾਰੇ ਲੇਬਰ ਕੋਡਾਂ ਨੂੰ ਬਹੁਤ ਹੀ ਘਾਤਕ ਦੱਸਦਿਆਂ ਕਿਹਾ ਕਿ ਮੋਦੀ ਸਰਕਾਰ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਤਬਾਹ ਕਰਕੇ ਖੇਤੀ ਸੈਕਟਰ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਦੀ ਨੀਤੀ ਤਹਿਤ ਹੀ ਸਾਰੇ ਕਿਰਤ ਕਾਨੂੰਨ ਖਤਮ ਕਰਕੇ ਧੱਕੇ ਨਾਲ ਚਾਰ ਲੇਬਰ ਕੋਡ ਲਾਗੂ ਕਰਕੇ ਸਮੁੱਚੀ ਮਿਹਨਤਕਸ਼ ਜਮਾਤ ਨੂੰ ਹਾਸ਼ੀਏ 'ਤੇ ਧੱਕਣਾ ਚਾਹੁੰਦੀ ਹੈ। ਜਿਸ ਨੂੰ ਸੰਘਰਸ਼ਸ਼ੀਲ ਲੋਕ ਕਦਾਚਿਤ ਬਰਦਾਸ਼ਤ ਨਹੀਂ ਕਰਨਗੇ।

## ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ. ਸਬ ਡਵੀਜ਼ਨ ਦੇ ਮੁਲਾਜ਼ਮਾਂ ਵੱਲੋਂ ਹੜਤਾਲ ਤੇ ਧਰਨਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਦੀ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਵਿਖੇ ਨੈਸ਼ਨਲ ਕੋਆਰਡੀਨੇਸ਼ਨ ਇੰਡੀਆ ਦੇ ਸੱਦੇ 'ਤੇ ਇਕ ਦਿਨ ਦੀ ਹੜਤਾਲ ਕੀਤੀ ਗਈ ਜਿਸ ਦੀ ਪ੍ਰਧਾਨਗੀ ਜੇ.ਈ. ਕੌਂਸਲ ਬਟਾਲਾ ਦੇ ਪ੍ਰਧਾਨ ਚੰਦਰ ਮੋਹਨ ਮਹਾਜਨ ਅਤੇ ਇੰਪਲਾਈਜ਼ ਫੈਡਰੇਸ਼ਨ ਦੇ ਡਵੀਜ਼ਨ ਪ੍ਰਧਾਨ ਰਾਜੇਸ਼ ਕੁਮਾਰ ਨੇ ਕੀਤੀ। ਇਸ ਹੜਤਾਲ ਮੌਕੇ ਸਬ ਡਵੀਜ਼ਨ ਦੇ ਦਫਤਰ ਵਿਖੇ ਰੋਸ ਰੈਲੀ ਕੀਤੀ ਗਈ ਜਿਸ ਨੂੰ ਸੰਬੋਧਨ ਕਰਦਿਆਂ ਇੰਜੀਨੀਅਰ ਚੰਦਰ ਮੋਹਨ ਮਹਾਜਨ ਨੇ ਸੈਂਟਰ ਸਰਕਾਰ ਵੱਲੋਂ ਬਿੱਲ 2025 ਦਾ ਸਖਤ ਸ਼ਬਦਾਂ ਵਿੱਚ ਵਿਰੋਧ ਕੀਤਾ ਕਿਉਂਕਿ ਇਹ ਬਿੱਲ ਸਰਕਾਰ ਸੰਸਦ ਵਿੱਚ ਪਾਸ ਕਰਵਾ ਕੇ ਪਾਵਰ ਸੈਕਟਰ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੀ ਤਿਆਰੀ ਕਰ ਰਹੀ ਹੈ। ਇਸ ਮੌਕੇ ਸਰਕਲ ਆਗੂ ਬਲਦੇਵ ਰਾਜ ਨੇ ਇਸ ਬਿੱਲ ਦਾ ਵਿਰੋਧ ਕਰਦੇ ਹੋਏ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਪ੍ਰਤੀ ਸੁਚੇਤ ਕੀਤਾ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕੀਤਾ। ਉਹਨਾਂ ਕਿਹਾ ਕਿ ਜੇਕਰ ਸਰਕਾਰ ਨੇ ਬਿਜਲੀ ਕਾਰਪੋਰੇਸ਼ਨ ਦੀਆਂ ਜ਼ਮੀਨਾਂ ਦਾ ਵੇਚਣਾ ਜਾਰੀ ਰੱਖਿਆ ਅਤੇ ਡੀ.ਏ. ਦੀਆਂ ਰਹਿੰਦੀਆਂ ਕਿਸ਼ਤਾਂ ਨਾ ਲਾਗੂ ਕੀਤੀਆਂ ਗਈਆਂ ਤਾਂ ਮੁਲਾਜ਼ਮ ਵੱਡੇ ਸੰਘਰਸ਼ ਲਈ ਮਜਬੂਰ ਹੋਣਗੇ।ਇਸ ਮੌਕੇ ਪ੍ਰਧਾਨ ਰਾਜੇਸ਼ ਕੁਮਾਰ ਨੇ ਵੀ ਪੰਜਾਬ ਸਰਕਾਰ ਅਤੇ ਸੈਂਟਰ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦਾ ਵਿਰੋਧ ਕੀਤਾ। ਇਸ ਤੋਂ ਇਲਾਵਾ ਵਧੀਕ ਉਪ ਮੰਡਲ ਅਫਸਰ ਬਲਵਿੰਦਰ ਸਿੰਘ ਨੇ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਪ੍ਰਤੀ ਸੁਚੇਤ ਰਹਿਣ ਅਤੇ ਅਗਲੇ ਆਉਣ ਵਾਲੇ ਸੰਘਰਸ਼ ਲਈ ਤਿਆਰ ਰਹਿਣ ਲਈ ਕਿਹਾ। ਇਸ ਰੋਸ ਰੈਲੀ ਨੂੰ ਸਾਥੀ ਜੇ ਈ ਰਜਿੰਦਰ ਸਿੰਘ, ਸਤਨਾਮ ਸਿੰਘ, ਤੇਜਿੰਦਰ ਸਿੰਘ, ਰੋਹਿਤ ਸਰਨਾ, ਜਸਪਾਲ, ਮਨਜਿੰਦਰ ਸਿੰਘ, ਮੇਜਰ ਸਿੰਘ ਨੇ ਵੀ ਸੰਬੋਧਨ ਕੀਤਾ।

## ਪੁਰਾਣਾ ਸ਼ਾਲਾ 'ਚ ਪੈਨਸ਼ਨਰਾਂ ਦੀ ਮੀਟਿੰਗ ਹੋਈ



ਗੁਰਦਾਸਪੁਰ, (ਜਨਕ ਮਹਾਜਨ)- ਪਾਵਰਕਾਮ ਤੇ ਟਰਾਂਸਕੋ ਦੇ ਪੁਰਾਣਾ ਸ਼ਾਲਾ ਦੇ ਪੈਨਸ਼ਨਰਾਂ ਦੀ ਜ਼ਰੂਰੀ ਮੀਟਿੰਗ 66 ਕੇ. ਵੀ. ਬਿਜਲੀ ਘਰ ਪੁਰਾਣਾ ਸ਼ਾਲਾ ਵਿਖੇ ਸੁਰਿੰਦਰ ਪੱਪੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਅਹੁਦੇਦਾਰਾਂ ਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਬਿਜਲੀ ਸੋਧ ਬਿੱਲ 2025 ਰੱਦ ਕਰਵਾਉਣ, ਬੀਜ ਸੋਧ ਬਿੱਲ ਰੱਦ ਕਰਵਾਉਣ ਅਤੇ ਪੰਜਾਬ ਸਰਕਾਰ ਵਲੋਂ ਆਪਣੇ ਚਹੇਤਿਆਂ ਨੂੰ ਕੌਡੀਆਂ ਦੇ ਭਾਅ 'ਤੇ ਜ਼ਮੀਨ ਵੇਚਣ ਦੇ ਵਿਰੋਧ ਵਿੱਚ ਹੈ। ਇਸ ਮੌਕੇ ਮੰਡਲ ਗੁਰਦਾਸਪੁਰ ਵੱਲੋਂ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦਾ ਏਰੀਆ, 16 ਸਾਲਾਂ ਦਾ ਸਕੇਲ ਅਤੇ 23 ਸਾਲਾਂ ਸਕੇਲ ਜੋ ਕਿ ਇੱਕ ਸਾਲ ਤੋਂ ਪੈਂਡਿੰਗ ਹਨ, ਵਧੀਕ ਨਿਗਰਾਨ ਇੰਜੀਨੀਅਰ ਤੋਂ ਜਲਦੀ ਲਗਾਉਣ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਇੰਜੀਨੀਅਰ ਜਗਤ ਸਿੰਘ, ਇੰਜ. ਮਲਕੀਤ ਸਿੰਘ, ਰਘਬੀਰ ਸਿੰਘ, ਸੁਖਜੀਤ ਸਿੰਘ ਚਾਵਾ, ਦਰਸ਼ਨ ਲਾਲ, ਸੁਖਵਿੰਦਰ ਸਿੰਘ, ਮੋਹਨ ਲਾਲ, ਠਾਕੁਰ ਮਦਨ ਲਾਲ, ਸੁੱਚਾ ਸਿੰਘ, ਪਰਮਜੀਤ ਸਿੰਘ, ਰੋਸ਼ਨ ਲਾਲ, ਨਿਰਮਲ ਸਿੰਘ, ਮਨਜੀਤ ਕੌਰ, ਗੁਰਦੀਪ ਸਿੰਘ ਸੈਣੀ, ਦਿਆਲ ਸਿੰਘ, ਕਿਸ਼ੋਰੀ ਲਾਲ, ਮੁੱਖਾ ਸਿੰਘ, ਸੈਮੂਆਲ ਮਸੀਹ, ਪੂਰਨ ਸਿੰਘ, ਜੋਗਾ ਸਿੰਘ ਆਦਿ ਹਾਜ਼ਰ ਸਨ।

## 7.6 ਕਿਲੋਗ੍ਰਾਮ ਹੈਰੋਇਨ ਤੇ ਡਰੱਗ ਮਨੀ ਸਮੇਤ ਦੋ ਗ੍ਰਿਫ਼ਤਾਰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਨਾਰਕੋ-ਤਸਕਰੀ ਨੈੱਟਵਰਕ ਨਾਲ ਜੁੜੇ ਦੋ ਕਾਰਕੁਨਾਂ ਨੂੰ 7.6 ਕਿਲੋਗ੍ਰਾਮ ਹੈਰੋਇਨ ਤੇ 21,800 ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਇਸ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਾਹਿਬਪ੍ਰੀਤ ਸਿੰਘ ਉਰਫ਼ ਸਾਹਿਬ (19), ਵਾਸੀ ਫਤਿਹਗੜ੍ਹ ਚੂੜੀਆਂ, ਬਟਾਲਾ(ਮੌਜੂਦਾ ਪਤਾ ਛੇਹਰਟਾ) ਅਤੇ ਗਗਨਦੀਪ ਸਿੰਘ ਉਰਫ਼ ਗਗਨ (26) ਵਾਸੀ ਗੁਰੂ ਨਾਨਕਪੁਰਾ, ਕੋਟ ਖਾਲਸਾ, ਅੰਮ੍ਰਿਤਸਰ ਵਜੋਂ ਹੋਈ ਹੈ। ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਇਨ੍ਹਾਂ ਵਿਰੁੱਧ ਅਸਲਾ ਐਕਟ ਤੇ ਲੁੱਟ-ਖੋਹ ਨਾਲ ਸਬੰਧਤ ਮਾਮਲੇ ਦਰਜ ਹਨ। ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਦੁਬਈ ਸਥਿਤ ਇਕ ਹੈਂਡਲਰ ਜੋ ਪਾਕਿਸਤਾਨ ਤੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਭੇਜਣਾ ਯਕੀਨੀ ਬਣਾਉਂਦਾ ਸੀ ਅਤੇ ਪਿਕਅੱਪ ਸਥਾਨਾਂ 'ਤੇ ਸਪਲਾਈ ਚੇਨ ਬਾਰੇ ਨਿਰਦੇਸ਼ ਦਿੰਦਾ ਸੀ, ਦੇ ਸੰਪਰਕ ਵਿਚ ਸਨ। ਉਨ੍ਹਾਂ ਦੱਸਿਆ ਕਿ ਦੁਬਈ ਸਥਿਤ ਹੈਂਡਲਰ ਨਸ਼ੀਲੇ ਪਦਾਰਥਾਂ ਦੇ ਕਈ ਨੈੱਟਵਰਕਾਂ ਤੇ 43 ਕਿਲੋਗ੍ਰਾਮ ਹੈਰੋਇਨ ਦੀ ਬਰਾਮਦਗੀ ਨਾਲ ਸਬੰਧਤ ਇਕ ਵੱਡੇ ਐੱਨ.ਡੀ.ਪੀ.ਐੱਸ. ਕੇਸ ਨਾਲ ਵੀ ਜੁੜਿਆ ਹੋਇਆ ਹੈ। ਡੀ ਜੀ ਪੀ ਨੇ ਦੱਸਿਆ ਕਿ ਇਸ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਹੋਰ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖਾਸ ਤੇ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਕ ਯੋਜਨਾਬੱਧ ਆਪਰੇਸ਼ਨ ਚਲਾਇਆ ਅਤੇ ਦੋਵਾਂ ਸ਼ੱਕੀਆਂ ਨੂੰ 7.6 ਕਿਲੋਗ੍ਰਾਮ ਹੈਰੋਇਨ ਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰ ਲਿਆ।

## ਪੰਜਾਬ ਸਿੰਘ ਕੰਬੋਕੇ ਸਹਿਕਾਰੀ ਖੇਤੀਬਾੜੀ ਸੁਸਾਇਟੀ ਕੰਬੋਕੇ ਦੇ ਪ੍ਰਧਾਨ ਨਿਯੁਕਤ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪਿੰਡ ਮਾੜੀ ਕੰਬੋਕੇ ਦੀ ਸਹਿਕਾਰੀ ਖੇਤੀਬਾੜੀ ਸੁਸਾਇਟੀ ਦੇ ਮੈਂਬਰਾਂ ਦੀ ਚੋਣ ਇੰਸਪੈਕਟਰ ਨੰਦਨ ਕੌਰ ਦੀ ਅਗਵਾਈ ਹੇਠ ਕਰਵਾਈ ਗਈ। ਇਸ ਦੌਰਾਨ ਪੰਜਾਬ ਸਿੰਘ ਕੰਬੋਕੇ ਨੂੰ ਪ੍ਰਧਾਨ ਤੇ ਸਰਪੰਚ ਸਤਨਾਮ ਸਿੰਘ ਉਧੋਕੇ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਨਿਸ਼ਾਨ ਸਿੰਘ, ਸਤਨਾਮ ਸਿੰਘ, ਹਰਮਹਿੰਦਰਪਾਲ ਸਿੰਘ, ਅੰਗਰੇਜ਼ ਸਿੰਘ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ, ਜੋਗਿੰਦਰ ਕੌਰ, ਜਸਬੀਰ ਕੌਰ ਤੇ ਬਲਵਿੰਦਰ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਪੰਜਾਬ ਸਿੰਘ ਕੰਬੋਕੇ ਨੇ ਹਲਕਾ ਵਿਧਾਇਕ ਸਰਵਨ ਸਿੰਘ ਧੁੰਨ, ਚੇਅਰਮੈਨ ਭਗਵੰਤ ਸਿੰਘ ਕੰਬੋਕੇ, ਸਰਪੰਚ ਹਰਦਿਆਲ ਸਿੰਘ ਕੰਬੋਕੇ ਤੇ ਹਲਕਾ ਖੇਮਕਰਨ ਤੋਂ ਯੂਥ ਵਿੰਗ ਪ੍ਰਧਾਨ ਗੁਰਦੇਵ ਸਿੰਘ ਕੰਬੋਕੇ ਸਮੇਤ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਸੈਕਟਰੀ ਅੰਗਰੇਜ਼ ਸਿੰਘ ਡੱਲ, ਬਲਾਕ ਪ੍ਰਧਾਨ ਸਿਕੰਦਰ ਸਿੰਘ ਦਰਾਜਕੇ, ਡਾਕਟਰ ਸਤਨਾਮ ਸਿੰਘ, ਗੁਰਿੰਦਰ ਸਿੰਘ ਰੋਹੀ ਵਾਲਾ, ਸੰਦੀਪ ਸਿੰਘ ਸੋਨੀ ਕੰਬੋਕੇ, ਹਰਪਾਲ ਸਿੰਘ ਕੰਬੋਕੇ, ਬਲਦੇਵ ਸਿੰਘ ਫੌਜੀ, ਪ੍ਰਤੀਕ ਸਿੰਘ ਕੰਬੋਕੇ, ਬੂਟਾ ਸਿੰਘ ਕੰਬੋਕੇ, ਗੁਰਭੇਜ ਸਿੰਘ ਕੰਬੋਕੇ, ਮੈਂਬਰ ਬਖਸ਼ੀਸ਼ ਸਿੰਘ ਕੰਬੋਕੇ, ਨੰਬਰਦਾਰ ਕੁਲਵਿੰਦਰ ਸਿੰਘ ਕੰਬੋਕੇ, ਕਾਬਲ ਸਿੰਘ ਮੱਘਾ ਕੰਬੋਕੇ, ਸਰਪੰਚ ਗੁਰਸੇਵਕ ਸਿੰਘ ਉੱਧੋਕੇ, ਸੁਰਜੀਤ ਸਿੰਘ ਉੱਧੋਕੇ, ਦਲਜੀਤ ਸਿੰਘ ਗਿਆਨੀ ਉਧੋਕੇ ਆਦਿ ਹਾਜ਼ਰ ਸਨ।

## ਭਾਜਪਾ ਵਰਕਰਾਂ ਨੇ ਕੱਢੀ ਮੋਟਰਸਾਈਕਲ ਰੈਲੀ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) -ਪੰਡਿਤ ਦੀਨਦਿਆਲ ਉਪਾਧਿਆਏ ਦੇ ਬਲਿਦਾਨ ਦਿਵਸ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਛੇਹਰਟਾ ਚੌਕ ਤੋਂ ਇੰਡੀਆ ਗੇਟ ਤੱਕ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਦੀ ਅਗਵਾਈ ਤੇ ਨਾਰਾਇਣਗੜ੍ਹ-ਛੇਹਰਟਾ ਮੰਡਲ ਪ੍ਰਧਾਨ ਸਤੀਸ਼ ਪੁੰਜ ਮੋਹਨਾ ਦੀ ਪ੍ਰਧਾਨਗੀ ਵਿਚ ਮੋਟਰਸਾਈਕਲ ਰੈਲੀ ਕੱਢੀ ਗਈ। ਇਸ ਮੌਕੇ ਭਾਜਪਾ ਅੰਮ੍ਰਿਤਸਰ ਦੇ ਇੰਚਾਰਜ ਕੇ.ਡੀ. ਭੰਡਾਰੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਸਤੀਸ਼ ਪੁੰਜ ਮੋਹਨਾ ਨੇ ਕੇ.ਡੀ. ਭੰਡਾਰੀ ਤੇ ਹਰਵਿੰਦਰ ਸਿੰਘ ਸੰਧੂ ਨੂੰ ਗੁਲਦਸਤੇ ਅਤੇ ਦੋਸ਼ਾਲੇ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹਰਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਪੰਡਿਤ ਦੀਨਦਿਆਲ ਉਪਾਧਿਆਏ ਜਨਸੰਘ ਤੇ ਭਾਜਪਾ ਦੇ ਸੰਸਥਾਪਕ ਮੈਂਬਰਾਂ ਵਿਚੋਂ ਇਕ ਸਨ। ਉਨ੍ਹਾਂ ਭਾਜਪਾ ਵਰਕਰਾਂ ਨੂੰ ਪੰਡਿਤ ਦੀਨਦਿਆਲ ਉਪਾਧਿਆਏ ਵੱਲੋਂ ਦਿਖਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਹਲਕਾ ਪੱਛਮੀ ਤੋਂ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਡਾ. ਸੁਸ਼ੀਲ ਦੇਵਗਨ ਤੇ ਸਤੀਸ਼ ਪੁੰਜ ਮੋਹਨਾ ਨੇ ਕਿਹਾ ਕਿ ਪੰਡਿਤ ਦੀਨਦਿਆਲ ਉਪਾਧਿਆਇ ਚਾਹੁੰਦੇ ਸਨ ਕਿ ਵਿਕਾਸ ਦਾ ਲਾਭ ਆਖਰੀ ਕਤਾਰ ਦੇ ਆਖਰੀ ਵਿਅਕਤੀ ਤਕ ਪੁੱਜੇ, ਤਾਂ ਹੀ ਇਸ ਨੂੰ ਸੱਚਾ ਵਿਕਾਸ ਕਿਹਾ ਜਾਵੇਗਾ। ਉਨ੍ਹਾਂ ਦੀ ਇਸ ਭਾਵਨਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੂਰੀ ਲਗਨ ਨਾਲ ਪੂਰਾ ਕਰਨ ਵਿਚ ਲੱਗੇ ਹੋਏ ਹਨ। ਇਸ ਮੌਕੇ ਕੁਮਾਰ ਅਮਿਤ, ਪਵਨਦੀਪ ਸਿੰਘ, ਸਿਕੰਦਰ ਸਿੰਘ, ਗੁਰਮੇਜ ਸਿੰਘ ਪੰਨੂ, ਖੰਡਵਾਲਾ ਮੰਡਲ ਪ੍ਰਧਾਨ ਸੰਨੀ, ਵਿੱਕੀ ਰੀਕੋ, ਵਿਸ਼ਾਲ ਸ਼ਰਮਾ, ਸ਼ੈਂਕੀ ਅਰੋੜਾ, ਗੌਤਮ ਵਰਮਾ ਆਦਿ ਵਰਕਰ ਹਾਜ਼ਰ ਸਨ।

## ਵਿਦਿਆਰਥੀਆਂ ਨੇ ਭਜਨਾਂ ਨਾਲ ਦਰਸ਼ਕਾਂ ਨੂੰ ਕੀਤਾ ਮੰਤਰਮੁਗਧ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਅਸ਼ੋਕ ਵਾਟਿਕਾ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਾਤਾ ਲਾਲ ਦੇਵੀ ਮੰਦਰ ਰਾਣੀ ਕਾ ਬਾਗ ਮਾਡਲ ਟਾਊਨ ਵਿਖੇ ਆਯੋਜਿਤ ਮਾਤਾ ਜੀ ਦੇ ਜਨਮ ਦਿਵਸ ਸਮਾਰੋਹ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਸ਼ੁਭ ਮੌਕੇ ਸਕੂਲ ਦੇ ਚੇਅਰਮੈਨ ਆਸ਼ੀਸ਼ ਮਹਾਜਨ ਅਤੇ ਪ੍ਰਿੰਸੀਪਲ ਆਂਚਲ ਮਹਾਜਨ ਦੀ ਅਗਵਾਈ ਹੇਠ ਇੱਕ ਭਜਨ ਸੰਧਿਆ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਸਕੂਲ ਦੇ ਸੰਗੀਤ ਸਮੂਹ ਦੇ ਨਾਲ ਵੱਖ-ਵੱਖ ਸੰਗੀਤ ਯੰਤਰਾਂ ਦੀ ਵਰਤੋਂ ਕਰਦੇ ਹੋਏ ਸੁਰੀਲੇ ਭਜਨ ਪੇਸ਼ ਕੀਤੇ। ਮੰਦਰ ਪ੍ਰਬੰਧਨ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਲਾਲ ਚੁੰਨੀ ਭੇਟ ਕਰਕੇ ਅਸ਼ੀਰਵਾਦ ਦਿੱਤਾ।ਇਸ ਤੋਂ ਇਲਾਵਾ ਸਕੂਲ ਨੇ ਮੰਦਰ ਦੇ ਅਹਾਤੇ ਵਿੱਚ ਲੰਗਰ ਸੇਵਾ ਦਾ ਵੀ ਪ੍ਰਬੰਧ ਕੀਤਾ।ਇੱਕ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਸਾਰੇ ਸ਼ਰਧਾਲੂਆਂ ਨੇ ਪ੍ਰਸ਼ਾਦ ਲਿਆ।ਇਸ ਮੌਕੇ ਪ੍ਰਿੰਸੀਪਲ ਆਂਚਲ ਮਹਾਜਨ ਨੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੇ ਸਮਰਥਨ ਲਈ ਧੰਨਵਾਦ ਕੀਤਾ ਅਤੇ ਮਾਤਾ ਲਾਲ ਦੇਵੀ ਅੱਗੇ ਪ੍ਰਾਰਥਨਾ ਕੀਤੀ, ਸਕੂਲ ਅਤੇ ਇਸਦੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਸੰਗਰਾਂਦ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਫੱਗਣ ਦੇ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ।ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ। ਧਾਰਮਿਕ ਦੀਵਾਨ ਵਿੱਚ ਸਿੱਖ ਕੌਮ ਦੇ ਪ੍ਰਸਿੱਧ ਰਾਗੀ ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਇਸ ਪਵਿੱਤਰ ਦਿਹਾੜੇ ਤੇ ਮੀਰੀ ਪੀਰੀ ਹਾਲ ਵਿਖੇ ਪੰਜਾਂ ਪਿਆਰਿਆਂ ਵੱਲੋਂ ਤਿਆਰ ਕੀਤੇ ਗਏ ਅੰਮ੍ਰਿਤ ਦੇ ਬਾਟੇ ਵਿੱਚੋਂ 46 ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ।ਇਸ ਮੌਕੇ ਮੈਨੇਜਰ ਧਰਵਿੰਦਰ ਸਿੰਘ ਮਾਨੋਚਾਹਲ, ਹੈਡ ਗ੍ਰੰਥੀ ਸਹਿਬਾਨ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਦਿਲਬਾਗ ਸਿੰਘ ਝਬਾਲ, ਅਕਾਊਂਟੈਂਟ ਅਮਰਬੀਰ ਸਿੰਘ, ਬਾਬਾ ਬਿਕਰਮਜੀਤ ਸਿੰਘ, ਨਿਰਮਲ ਸਿੰਘ ਨਾਰਲੀ, ਗੁਰਜੀਤ ਸਿੰਘ ਪੰਜਵੜ੍ਹ ਆਦਿ ਹਾਜ਼ਰ ਸਨ।

## ਵਿਧਾਇਕ ਕਿਸ਼ਨਕੋਟ ਨੇ ਹਲਕੇ ਅੰਦਰ ਸੜਕਾਂ ਬਣਾਉਣ ਦੇ ਰੱਖੇ ਨੀਂਹ ਪੱਥਰ

ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵਲੋਂ ਹਲਕੇ ਅੰਦਰ ਨਿਰੰਤਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਜਿਸ ਦੇ ਚੱਲਦਿਆਂ ਉਨ੍ਹਾਂ ਵਲੋਂ ਨਵੀਂ ਅਬਾਦੀ ਪੇਜੋਚੱਕ ਤੋਂ ਡੇਰੇ ਪੇਜੋਚੱਕ, ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਉਮਰਪੁਰਾ (ਬਟਾਲਾ), ਦਮਦਮਾ ਸਾਹਿਬ ਤੋਂ ਤਲਵਾੜਾ, ਤਲਵਾੜਾ ਤੋਂ ਮਾੜੀ ਬੁੱਚੀਆਂ ਅਤੇ ਮਾੜੀ ਟਾਂਡਾ ਤੋਂ ਮਾੜੀ ਬੁੱਚੀਆਂ ਤੱਕ ਸੜਕ ਬਣਾਉਣ ਦੇ ਨੀਂਹ ਪੱਥਰ ਰੱਖੇ ਗਏ।ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਹਲਕੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ । ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ।

ਇਸ ਮੌਕੇ ਪੀ.ਏ ਸੁਖਦੇਵ ਸਿੰਘ ਰੋਮੀ, ਰਾਜੂ ਭਿੰਡਰ, ਸਲਾਹਕਾਰ ਅਤੇ ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਰਾਣਾ, ਬਾਬਾ ਸੋਨੂੰ ਭੱਲਾ, ਹਨੀ ਦਿਓਲ, ਸੁਖਦੇਵ ਸੱਖੋਵਾਲ, ਸਰਪੰਚ ਲਾਡੀ ਨੂਰਪੁਰ, ਪ੍ਰਧਾਨ ਟ੍ਰੇਡ ਵਿੰਗ ਰੋਮੀ, ਪ੍ਰਧਾਨ ਲੇਡੀ ਵਿੰਗ ਕਮਲਜੀਤ ਕੌਰ, ਸਰਪੰਚ ਦਵਿੰਦਰ ਮਿਸ਼ਰਪੁਰਾ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਇਕਬਾਲ ਸਿੰਘ , ਮੈਂਬਰ ਬਲਾਕ ਸੰਮਤੀ ਦਵਿੰਦਰ ਹਰਚੋਵਾਲ ਅਤੇ ਵੱਖ ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਸਾਹਿਬਾਨ ਹਾਜ਼ਰ ਸਨ।

## ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਲਈ ਵਰਦਾਨ ਸਾਬਤ ਹੋਵੇਗੀ : ਸ਼ਮਸ਼ੇਰ ਸਿੰਘ



ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਪਿੰਡਾਂ ਕੱਤੋਵਾਲ ਅਤੇ ਲਾਹੜੀ ਵੀਰਾਂ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀ ਪਰਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਕਵਰੇਜ ਵਾਲੇ ਬੀਮਾ ਕਾਰਡ ਜਾਰੀ ਕੀਤੇ ਗਏ।ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਹਲਕਾ ਇੰਚਾਰਜ ਨੇ ਕਿਹਾ ਕਿ ਵੱਖ ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ। ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ। ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ਼ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ। ਪੰਜਾਬ ਦੇ 65 ਲੱਖ ਪਰਵਾਰਾਂ ਦੇ ਕੁੱਲ ਤਿੰਨ ਕਰੋੜ ਨਾਗਰਿਕਾਂ ਨੂੰ ਇਸ ਯੋਜਨਾ ਦਾ ਸਿੱਧਾ ਲਾਭ ਮਿਲੇਗਾ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ। ਇਸ ਯੋਜਨਾ ਤਹਿਤ 850 ਸਰਕਾਰੀ ਅਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ।

## ਦੇਸ਼ ਵਿਆਪੀ ਹੜਤਾਲ ਨੂੰ ਜ਼ਿਲ੍ਹੇ ਅੰਦਰ ਮਿਲਿਆ ਜੁਲਿਆ ਹੁੰਗਾਰਾ



ਗੁਰਦਾਸਪੁਰ (ਜਨਕ ਮਹਾਜਨ)-ਕੇਂਦਰ ਸਰਕਾਰ ਦੀਆਂ ਨੀਤੀਆਂ ਵਿਰੁੱਧ ਟਰੇਡ ਯੂਨੀਅਨਾਂ ਅਤੇ ਵੱਖ-ਵੱਖ ਕਿਸਾਨ, ਮਜ਼ਦੂਰਾਂ ਜਥੇਬੰਦੀਆਂ ਦੇ ਸੱਦੇ 'ਤੇ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਨੂੰ ਪਿੰਡਾਂ ਅਤੇ ਸ਼ਹਿਰਾਂ ਅੰਦਰ ਮਿਲਿਆ ਜੁਲਿਆ ਅਸਰ ਦੇਖਣ ਨੂੰ ਮਿਲਿਆ ਅਤੇ ਲੋਕ ਦੇ ਕੰਮਕਾਜ ਪਹਿਲਾਂ ਵਾਂਗ ਹੀ ਚਲਦੇ ਰਹੇ। ਸਿਰਫ਼ ਬੈਂਕ ਅਤੇ ਕੁਝ ਸਰਕਾਰੀ ਅਦਾਰਿਆਂ ਵਿਚ ਕੰਮ ਪ੍ਰਭਾਵਿਤ ਹੋਇਆ। ਜਥੇਬੰਦੀਆਂ ਵਲੋਂ ਮੰਗ ਕੀਤੀ ਗਈ ਕਿ ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ 2025 ਰੱਦ ਕਰਵਾਉਣ, ਚਾਰ ਲੇਬਰ ਕੋਡ ਰੱਦ ਕਰਨ ਦੇ ਨਾਲ-ਨਾਲ ਮਜ਼ਦੂਰ ਪੱਖੀ ਕਾਨੂੰਨ ਲਾਗੂ ਕੀਤੇ ਜਾਣ, ਨਿੱਜੀਕਰਨ ਬੰਦ ਕਰਨ, ਅਮਰੀਕਾ ਨਾਲ ਕੀਤਾ ਮੁਕਤ ਵਪਾਰ ਸਮਝੌਤਾ ਰੱਦ ਕਰਨ, ਬੁਢਾਪਾ ਪੈਨਸ਼ਨ 10 ਹਜ਼ਾਰ ਰੁਪਏ ਮਹੀਨਾ ਕਰਨ, ਕਿਸਾਨਾਂ ਦੇ ਕਰਜ਼ੇ ਮਾਫ ਕਰਨ, ਜੀ.ਰਾਮ ਜੀ ਬਿੱਲ ਰੱਦ ਕਰਕੇ ਮਨਰੇਗਾ ਨੂੰ ਲਾਗੂ ਕਰਨ, ਸਾਰੀਆਂ ਫ਼ਸਲਾਂ 'ਤੇ ਐਮ.ਐਸ.ਪੀ. ਦੇਣ, ਕੱਚੇ ਮੁਲਾਜ਼ਮਾਂ ਨੂੰ ਪੱਕਿਆਂ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ ਆਦਿ ਅਨੇਕਾਂ ਮੰਗਾਂ ਸ਼ਾਮਿਲ ਹਨ। ਜਦੋਂ ਇਸ ਪ੍ਰਤੀਨਿਧ ਨੇ ਬੱਸ ਅੱਡਾ ਗੁਰਦਾਸਪੁਰ ਦਾ ਦੌਰਾ ਕੀਤਾ ਤਾਂ ਪ੍ਰਾਈਵੇਟ ਬੱਸਾਂ ਰੋਜਮਰ੍ਹਾ ਦੀ ਤਰ੍ਹਾਂ ਚੱਲ ਰਹੀਆਂ ਹਨ, ਪੀ.ਆਰ.ਟੀ.ਸੀ. ਦੀਆਂ ਬੱਸਾਂ ਬੰਦ ਦੇਖੀਆਂ ਗਈਆਂ।

ਇਸ ਤੋਂ ਇਲਾਵਾ ਬਾਜ਼ਾਰ ਵੀ ਆਮ ਵਾਂਗ ਖੁੱਲੇ ਰਹੇ। ਇਸ ਹੜਤਾਲ ਦੌਰਾਨ ਬਿਜਲੀ ਅਦਾਰਿਆਂ ਵਿਚ ਸਾਰਾ ਦਿਨ ਦਫ਼ਤਰੀ ਕੰਮਕਾਜ ਠੱਪ ਰਿਹਾ। ਇਸੇ ਤਰ੍ਹਾਂ ਬੈਂਕ ਭਾਵੇਂ ਖੁੱਲ੍ਹੇ ਸਨ ਪਰ ਲੈਣ-ਦੇਣ ਦਾ ਕੰਮ ਬੰਦ ਰਿਹਾ।

## ਬਟਾਲਾ ਹਲਕੇ 'ਚ ਸਿਹਤ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ



ਬਟਾਲਾ (ਡਾਕਟਰ ਮਲਵਿੰਦਰ ਸਿੰਘ) - ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਿਥੇ ਲੋਕਾਂ ਵਲੋਂ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸ਼ਟੇਸ਼ਨ ਕਰਵਾਈ ਜਾ ਰਹੀ ਹੈ।

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਕਾਰਡ ਬਣਾਉਣ ਲਈ 7 ਸਥਾਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ।ਬਟਾਲਾ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਵਾਰਡ ਨੰਬਰ 7, 37, ਵਾਰਡ ਨੰਬਰ 28 ਡੋਗਰਾ ਮੁਹੱਲਾ ਕਸ਼ਮੀਰ ਗਲੀ, ਵਾਰਡ ਨੰਬਰ 31 ਨੇੜੇ ਰਾਮਲੀਲ੍ਹਾ ਗਰਾਊਂਡ ਮੀਆਂ ਮੁਹੱਲਾ ਵਿੱਚ ਵਿਸ਼ੇਸ਼ ਕੈਂਪ ਲੱਗੇ ਹਨ ।ਇਸ ਤੋਂ ਇਲਾਵਾ ਪਿੰਡ ਡੱਲਾ ਮੋੜ ਨੇੜੇ ਕਾਨਵੈਂਟ ਸਕੂਲ ਹਰਚੋਵਾਲ ਰੋਡ, ਪਿੰਡ ਭਗਤਪੁਰ ਰੱਬਵਾਲਾ ਨੇੜੇ ਡੀ ਏ ਵੀ ਸਕੂਲ ਕਾਦੀਆਂ ਅਤੇ ਪਿੰਡ ਕੋਟਲਾ ਮੂਸਾ ਨੇੜੇ ਗੁਰਦੁਆਰਾ ਬਾਬਾ ਜੀਵਨ ਸਿੰਘ ਵਿਖੇ ਵਿਸ਼ੇਸ਼ ਕੈਂਪ ਲੱਗੇ ਹਨ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ ਅਤੇ ਮਰੀਜ਼ ਆਪਣੇ ਇਲਾਜ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਕਰਵਾ ਰਹੇ ਹਨ। ਇਸ ਮੌਕੇ ਪ੍ਰਧਾਨ ਵੀਨੂੰ ਕਾਹਲੋਂ, ਹਲਕਾ ਕੁਆਰਡੀਨੇਟਰ ਮਨਜੀਤ ਸਿੰਘ ਬੁਮਰਾਹ, ਮਨਦੀਪ ਸਿੰਘ, ਨਵਜੋਤ ਸਿੰਘ, ਅਜੇ ਕੁਮਾਰ ਦਲਜਿੰਦਰ ਸਿੰਘ ਅਤੇ ਪ੍ਰਦੀਪ ਕੁਮਾਰ ਆਦਿ ਮੌਜੂਦ ਸਨ।

## 3 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਕਲਾਨੌਰ ਦੇ ਏ.ਐਸ.ਆਈ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪਿੰਡ ਮਸਤਕੋਟ ਤੋਂ ਜਗਦੀਪ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਮਸਤਕੋਟ ਨੂੰ ਕਾਬੂ ਕਰਕੇ ਉਸ ਪਾਸੋਂ 15000 ਐਮ.ਐਲ. ਨਜਾਇਜ਼ ਸ਼ਰਾਬ ਬਰਾਮਦ ਹੋਈ ਹੈ।

ਥਾਣਾ ਦੋਰਾਂਗਲਾ ਦੇ ਏ.ਐਸ.ਆਈ. ਰਣਬੀਰ ਸਿੰਘ ਨੇ ਸਮੇਤ ਪੁਲਸ ਪਾਰਟੀ ਮੁਖਬਰ ਖਾਸ ਦੀ ਇਤਲਾਹ 'ਤੇ ਪਿੰਡ ਠੁੰਡੀ ਪੁਲ ਨੇੜੇ ਧੁੱਸੀ ਬੰਨ੍ਹ ਵਿਖੇ ਰੇਡ ਕਰਕੇ ਰਵੀ ਪੁੱਤਰ ਸੁਖਦੇਵ ਰਾਜ ਵਾਸੀ ਗਾਹਲੜੀ ਨੂੰ 15000 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ।

ਥਾਣਾ ਪੁਰਾਣਾ ਸ਼ਾਲਾ ਦੇ ਏ.ਐਸ.ਆਈ. ਰਾਕੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਇਤਲਾਹ 'ਤੇ ਸੈਦੋਵਾਲ ਕਲਾਂ ਤੋਂ ਰਾਹੁਲ ਸਿੰਘ ਪੁੱਤਰ ਅੰਨੁ ਕੁਮਾਰ ਵਾਸੀ ਪਠਾਨਕੋਟ ਨੂੰ 6750 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਉਕਤ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਵਿਰੋਧੀ ਪਾਰਟੀਆਂ ਅਗਲੇ ਵਰ੍ਹੇ ਹੋਣ ਵਾਲੀਆਂ ਚੋਣਾਂ ਲਈ ਅਲਾਪ ਰਹੀਆਂ ਨੇ ਬੇਸੁਰਾ ਰਾਗ : ਧਾਲੀਵਾਲ



ਅੰਮ੍ਰਿਤਸਰ/ਅਜਨਾਲਾ (ਸੁੱਖ ਦਿੰਦਰ ਸਿੰਘ ਰਾਜੂ) - ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਹਲਕਾ ਅਜਨਾਲਾ ਤੋਂ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ ਪੰਜਾਬ ਦੀ ਸੱਤਾ 'ਤੇ ਸਭ ਤੋਂ ਲੰਮਾ ਸਮਾਂ ਰਾਜ ਕਰਦੀ ਰਹੀ ਕਾਂਗਰਸ ਅਤੇ 15 ਸਾਲ ਸਾਂਝੇ ਤੌਰ 'ਤੇ ਸੱਤਾ ਹੰਢਾਉਣ ਸਮੇਂ ਅਕਾਲੀ ਭਾਜਪਾ ਗਠਜੋੜ ਵੱਲੋਂ ਵੋਟ ਦੀ ਰਾਜਨੀਤੀ ਤਹਿਤ ਕਥਿਤ ਤੌਰ 'ਤੇ ਗੈਂਗਸਟਰ ਤੇ ਨਸ਼ਿਆਂ ਦੇ ਕਾਰੋਬਾਰ ਨੂੰ ਪ੍ਰਫੁੱਲਤ ਕਰਕੇ ਹੱਸਦੇ-ਵੱਸਦੇ -ਖੇਡਦੇ ਪੰਜਾਬ ਨੂੰ ਡਰ ਤੇ ਦਹਿਸ਼ਤ ਦੇ ਮਾਹੌਲ 'ਚ ਧੱਕੇ ਜਾਣ ਦਾ ਵੋਟ ਪਰਚੀ ਰਾਹੀਂ ਮਜਾ ਚਖਾਉਣ ਲਈ ਜਿਵੇਂ ਸਾਲ 2022 ਦੀਆਂ ਚੋਣਾਂ 'ਚ ਸੱਤਾ ਚੋਂ ਬੇਦਖਲ ਕੀਤਾ ਸੀ, ਠੀਕ ਉਸੇ ਤਰਾਂ ਅਗਲੇ ਵਰ੍ਹੇ 2027 'ਚ ਹੋਣ ਜਾ ਰਹੀਆਂ ਪੰਜਾਬ ਚੋਣਾਂ 'ਚ ਮਜਾ ਚਖਾਉਣ ਲਈ ਅੱਗੇ ਆਇਆ ਜਾਵੇ । ਸਾਲ 2022 ਦੀਆਂ ਚੋਣਾਂ ਦੀ ਤਰਾਂ ਹੀ ਅਗਲੀਆਂ ਚੋਣਾਂ 'ਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੂੰ ਰੀਪੀਟ ਕਰਨ ਲਈ ਹੁਣ ਤੋਂ ਹੀ ਕਮਰਕੱਸੇ ਕਰ ਲਏ ਜਾਣ। ਸ. ਧਾਲੀਵਾਲ ਹਲਕੇ ਦੇ 48 ਪਿੰਡਾਂ ਦੀਆਂ ਸਰਵ ਸੰਮਤੀ ਨਾਲ ਚੁਣੀਆਂ ਦੀਆਂ ਗ੍ਰਾਮ ਪੰਚਾਇਤਾਂ ਲਈ ਜਾਰੀ ਹੋਈ 2 ਕਰੋੜ 40 ਲੱਖ ਰੁਪਏ ਸਰਕਾਰੀ ਗ੍ਰਾਂਟ 'ਚੋਂ ਸਰਵ ਸੰਮਤੀ ਨਾਲ ਚੁਣੀਆਂ ਗਈਆਂ ਗ੍ਰਾਮ ਪੰਚਾਇਤ ਨਿਜਾਮਪੁਰਾ, ਨਵਾਂ ਪਿੰਡ, ਭਗਵਾਨਪੁਰਾ, ਨਿੱਸੋਕੇ, ਤੇ ਗੱਗੜ 'ਚ 5-5 ਲੱਖ ਰੁਪਏ ਗ੍ਰਾਂਟ ਦੇ ਚੈੱਕ ਤਕਸੀਮ ਕਰਨ ਮੌਕੇ ਹੋਈਆਂ ਪ੍ਰਭਾਵਸ਼ਾਲੀ ਪੇਂਡੂ ਵਿਕਾਸ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਕਾਂਗਰਸ ਸਮੇਤ ਅਕਾਲੀ ਭਾਜਪਾ ਨੂੰ ਆਪਣੀ ਅਲੋਚਨਾ ਦਾ ਕੇਂਦਰ ਬਿੰਦੂ ਬਣਾਉਂਦਿਆਂ ਕਿਹਾ ਕਿ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਿੱਛੋਂ ਵੀ ਪੰਜਾਬ 'ਚ ਹੋਈਆਂ ਜਿਮਨੀ ਚੋਣਾਂ, ਨਗਰ ਪੰਚਾਇਤਾਂ, ਨਗਰ ਕੌਂਸਲਾਂ, ਗ੍ਰਾਮ ਪੰਚਾਇਤਾਂ, ਜ਼ਿਲ੍ਹਾ ਪ੍ਰੀਸ਼ਦਾਂ ਤੇ ਬਲਾਕ ਸੰਮਤੀਆਂ ਦੀਆਂ ਚੋਣਾਂ 'ਚ ਵੋਟਰਾਂ ਵਲੋਂ ਵਾਰ ਵਾਰ ਨਕਾਰੇ ਜਾਣ ਦੇ ਬਾਵਜੂਦ ਇਨ੍ਹਾਂ ਰਾਜਸੀ ਪਾਰਟੀਆਂ ਨੇ ਪੰਜਾਬ ਦੇ ਹਿੱਤਾਂ ਨੂੰ ਸੁਰੱਖਿਅਤ ਰੱਖਣ ਲਈ ਕੋਈ ਸਬਕ ਨਹੀਂ ਸਿੱਖਿਆ ਅਤੇ ਪੰਜਾਬ ਦੀ ਖੁਸ਼ਹਾਲੀ ਲਈ ਕੋਈ ਪ੍ਰੋਗਰਾਮ ਦੇਣ ਦੀ ਥਾਂ ਸਗੋਂ ਸੱਤਾ ਲਈ ਤਰਲੋ ਮੱਛੀ ਹੁੰਦਿਆਂ ਸਿਰਫ ਤੇ ਸਿਰਫ ਪੰਜਾਬ ਦੀਆਂ ਅਗਲੇ ਵਰ੍ਹੇ ਹੋਣ ਵਾਲੀਆਂ ਚੋਣਾਂ 'ਚ ਆਪਣੀ ਆਪਣੀ ਸਰਕਾਰ ਬਣਾਉਣ ਲਈ ਦਿਨੋ ਦਿਨ ਆਪਣੇ ਬੇਸੁਰੇ ਰਾਗ ਦੀ ਸੁਰ ਉੱਚੀ ਕਰ ਰਹੀਆਂ ਹਨ। ਸ. ਧਾਲੀਵਾਲ ਨੇ ਦਾਅਵਾ ਕੀਤਾ ਕਿ ਵੋਟਰਾਂ ਵਲੋਂ ਨਕਾਰੀਆਂ ਹੋਈਆਂ ਰਾਜਸੀ ਪਾਰਟੀਆਂ ਦੇ ਮਨਸੂਬਿਆਂ ਨੂੰ ਬੂਰ ਪੈਣ ਵਾਲਾ ਨਹੀਂ।

## ਦੇਸ਼ ਵਿਆਪੀ ਹੜਤਾਲ ਤਹਿਤ ਮਜ਼ਦੂਰਾਂ, ਕਿਸਾਨਾਂ ਤੇ ਮੁਲਾਜ਼ਮਾਂ ਦੀ ਵਿਸ਼ਾਲ ਰੈਲੀ



ਪਠਾਨਕੋਟ ( ਦਵਿੰਦਰ ਸਿੰਘ )- ਕੇਂਦਰ ਦੀ ਮੋਦੀ ਸਰਕਾਰ ਨੇ ਮਜ਼ਦੂਰ ਪੱਖੀ 29 ਕਿਰਤ ਕਾਨੂੰਨ ਖਤਮ ਕਰਕੇ ਕਾਰਪੋਰੇਟ ਘਰਾਣਿਆਂ ਪੱਖੀ ਬਣਾਏ ਚਾਰ ਲੇਬਰ ਕੋਡ ਰੱਦ ਕਰਾਉਣ ਲਈ, ਬਿਜਲੀ ਬਿੱਲ 2025 ਅਤੇ ਬੀਜ ਬਿੱਲ 2025 ਰੱਦ ਕਰਾਉਣ, ਮਨਰੇਗਾ ਕਾਨੂੰਨ ਮੁੜ ਬਹਾਲ ਕਰਨ ਲਈ, ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਅਮਰੀਕਾ-ਭਾਰਤ ਵਪਾਰ ਸਮਝੌਤੇ ਖਿਲਾਫ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਦੇ ਸੱਦੇ ਉਤੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਵੱਖ ਵੱਖ ਵਿਭਾਗਾਂ ਦੇ ਪੈਨਸ਼ਨਰਾਂ, ਠੇਕੇਦਾਰੀ ਸਿਸਟਮ ਤਹਿਤ ਭਰਤੀ ਕਾਮਿਆਂ, ਆਸ਼ਾ ਤੇ ਮਿਡ-ਡੇ-ਮੀਲ ਵਰਕਰ ਬੀਬੀਆਂ, ਨਿਰਮਾਣ ਮਜਦੂਰਾਂ ਨੇ ਵੱਡੀ ਪੱਧਰ 'ਤੇ ਸ਼ਾਮਲ ਹੋ ਕੇ ਪਹਿਲਾਂ ਰੇਲਵੇ ਸਟੇਸ਼ਨ ਫੁਆਰਾ ਚੌਕ ਵਿੱਚ ਵਿਸ਼ਾਲ ਰੈਲੀ ਕਰਨ ਉਪਰੰਤ ਪਠਾਨਕੋਟ ਸ਼ਹਿਰ ਦੇ ਵੱਖ ਵੱਖ ਬਜਾਰਾਂ ਰੇਲਵੇ ਰੋਡ , ਗਾਂਧੀ ਚੌਂਕ, ਡਾਕਖਾਨਾ ਚੌਂਕ , ਅਹਾਤਾ ਚੌਂਕ ਤੋਂ ਹੋ ਕੇ ਲੇਬਰ ਸ਼ੈਡ ਤੇ ਬਾਲਮੀਕ ਚੌਂਕ ਰੋਸ ਮਾਰਚ ਸਮਾਪਤ ਕੀਤਾ।ਟਰੇਡ ਯੂਨੀਅਨ ਮੋਰਚੇ ਵਿੱਚ ਸ਼ਾਮਲ ਏਟਕ, ਸੀਟੂ, ਸੀ ਟੀ ਯੂ ਪੰਜਾਬ, ਇਫਟੂ, ਇੰਟਕ, ਐਸ ਕੇ ਐਮ ਵਲੋਂ ਕਾਮਰੇਡ ਇਕਬਾਲ ਸਿੰਘ, ਸੁਰਿੰਦਰ ਸਹਿਗਲ, ਮਾਸਟਰ ਸੁਭਾਸ਼ ਸ਼ਰਮਾਂ, ਜੋਗਿੰਦਰ ਪਾਲ ਪਨਿਆੜ, ਕੇਵਲ ਕਾਲੀਆ 'ਤੇ ਅਧਾਰਿਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਕਾਮਰੇਡ ਨੱਥਾ ਸਿੰਘ ਢਡਵਾਲ, ਬਿਕਰਮਜੀਤ ਇਕਬਾਲ ਸਿੰਘ, ਜੋਗਿੰਦਰ ਪਾਲ, ਬਲਵੰਤ ਸਿੰਘ ਘੋਹ, ਕੇਵਲ ਸਿੰਘ ਕੰਗ, ਗਿਆਨ ਚੰਦ ਆਈ ਐਸ ਗੁਲਾਟੀ, ਬੀਬੀ ਸੰਤੋਸ਼ ਪਾਸ਼ੀ, ਪਰਮਜੀਤ ਕੌਰ, ਬਲਵਿੰਦਰ ਕੁਮਾਰ, ਐਨ ਆਰ ਐਮ ਯੂ ਦੇ ਆਗੂ ਨਰਿੰਦਰ ਸਿੰਘ ਨੇ ਬੋਲਦਿਆਂ ਕੇਂਦਰ ਸਰਕਾਰ ਨਾਲ ਸਬੰਧਤ ਉਪਰੋਕਤ ਮੰਗਾਂ ਮੱਸਲਿਆਂ ਤੋਂ ਇਲਾਵਾ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਰੇ ਕਿਹਾ ਕਿ ਚੋਣ ਵਾਅਦਿਆਂ ਤੋਂ ਮੁਕਰਣ ਅਤੇ ਆਸ਼ਾ ਤੇ ਵਰਕਰ ਮਿਡ-ਡੇ-ਮੀਲ ਵਰਕਰਾਂ ਨੂੰ ਨਿਗੂਣਾ ਭੱਤਾ ਦੇ ਕੇ ਉਨ੍ਹਾਂ ਦਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ, ਉਨ੍ਹਾਂ ਨੂੰ ਘੱਟੋ-ਘੱਟ ਉਜਰਤ ਮਿਲਣਾ ਯਕੀਨੀ ਬਣਾਇਆ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕਰਨ, ਪਾਵਰ ਕਾਰਪੋਰੇਸ਼ਨ ਤੇ ਸਿੰਚਾਈ ਵਿਭਾਗ ਤੇ ਹੋਰ ਵਿਭਾਗਾਂ ਦੇ ਠੇਕਾ ਕਮਰਚਾਰੀਆਂ ਨੂੰ ਮਾਨ ਸਰਕਾਰ ਬਾਰ ਬਾਰ ਮੀਟਿੰਗ ਦਾ ਸਮਾਂ ਦੇ ਕੇ ਗੱਲਬਾਤ ਤੋਂ ਭੱਜਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ । ਉਪਰੋਕਤ ਆਗੂਆਂ ਤੋਂ ਇਲਾਵਾ ਵਿਸ਼ਾਲ ਰੋਸ ਪ੍ਰਦਰਸ਼ਨ ਦੀ ਅਗਵਾਈ ਕਾਮਰੇਡ ਮੁਖਤਿਆਰ ਸਿੰਘ, ਹਰਿੰਦਰ ਸਿੰਘ ਰੰਧਾਵਾ, ਪ੍ਰਕਾਸ਼ ਸਿੰਘ, ਸੁਰੇਸ਼ ਕੁਮਾਰ, ਪ੍ਰਸ਼ੋਤਮ ਕੁਮਾਰ, ਅਵਿਨਾਸ਼ ਸੈਣੀ, ਸ਼ਿਵ ਕੁਮਾਰ, ਹਰਜੀਤ ਸਿੰਘ ਢਡਵਾਲ, ਰਵੀ ਦੱਤ ਮੰਗਤ ਸਿੰਘ ਸੈਣੀ, ਬਲਕਾਰ ਚੰਦ ਭਰਿਆਲ ਲਾਹੜੀ, ਦੀਪਕ ਕੁਮਾਰ ਮੀਤ ਪ੍ਰਧਾਨ ਯੂ ਬੀ ਡੀ ਸੀ ਹਾਈਡਲ ਪ੍ਰਾਜੈਕਟ ਮਲਕਪੁਰ ਨੇ ਕੀਤੀ। ਪ੍ਰਧਾਨਗੀ ਮੰਡਲ ਤਰਫ਼ੋਂ ਮਾਸਟਰ ਸੁਭਾਸ਼ ਸ਼ਰਮਾ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ ਤੇ ਸਟੇਜ ਸਕੱਤਰ ਦੇ ਫਰਜ ਵਿਜੇ ਕੁਮਾਰ ਨੇ ਨਿਭਾਏ।

## ਦਿੱਲੀ ਗੁਰਦੁਆਰਾ ਕਮੇਟੀ ਦੇ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੌਂਪਿਆ ਮੰਗ ਪੱਤਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ , ਕੰਵਲਜੀਤ ਸਿੰਘ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫਦ ਨੇ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ ਵੱਲੋਂ ਰਾਹੁਲ ਗਾਂਧੀ ਨੂੰ ਮੁਆਫੀ ਦੇਣ ਦੀ ਗੱਲ ਕਰਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ਼ ਇਕ ਬਿਲਡਿੰਗ (ਇਮਾਰਤ) ਕਹਿਣ ਦੇ ਮਾਮਲੇ ਵਿਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਫਤਰ ਪਹੁੰਚ ਕੇ ਆਪਣੀ ਸ਼ਿਕਾਇਤ ਸੌਂਪੀ ਅਤੇ ਹਰਵਿੰਦਰ ਸਰਨਾ ਨੂੰ ਪੰਥ ਵਿਚੋਂ ਛੇਕੇ ਜਾਣ ਦੀ ਮੰਗ ਕੀਤੀ ਹੈ। ਵਫ਼ਦ ਵਿਚ ਦਿੱਲੀ ਕਮੇਟੀ ਦੇ ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ, ਮੈਂਬਰ ਰਮਿੰਦਰ ਸਿੰਘ ਸਵੀਟਾ, ਸੁਖਬੀਰ ਸਿੰਘ ਕਾਲਰਾ, ਸੁਖਵਿੰਦਰ ਸਿੰਘ ਬੱਬਰ, ਪੰਜਾਬ ਧਰਮ ਪ੍ਰਚਾਰ ਦੇ ਮੁਖੀ ਮਨਜੀਤ ਸਿੰਘ ਭੋਮਾ ਸ਼ਾਮਲ ਸਨ। ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਵੀਰਵਾਰ ਕਮੇਟੀ ਦੇ ਇਕ ਵਫਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਇਹ ਸ਼ਿਕਾਇਤ ਸੌਂਪੀ ਹੈ। ਸ਼ਿਕਾਇਤ ਵਿਚ ਦੱਸਿਆ ਗਿਆ ਹੈ ਕਿ ਹਰਵਿੰਦਰ ਸਿੰਘ ਸਰਨਾ ਸਾਬਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦਿੱਲੀ ਇਕਾਈ ਦੇ ਸੀਨੀਅਰ ਆਗੂ ਵੱਲੋਂ ਪਿਛਲੇ ਦਿਨੀਂ ਸਿੱਖ ਕੌਮ ਦੀ ਦੁਸ਼ਮਣ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਕੇ ਕਾਂਗਰਸ ਪਾਰਟੀ ਨੂੰ 1984 ਵਿਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਫੌਜੀ ਹਮਲਾ ਕਰਨ ਅਤੇ ਨਵੰਬਰ 1984 ਵੇਲੇ ਕੀਤੀ ਸਿੱਖ ਨਸਲਕੁਸ਼ੀ ਦੇ ਦੋਸ਼ ਤੋਂ ਮੁਆਫ ਕਰਨ ਦੀ ਗੱਲ ਕਰਨਾ ਬਹੁਤ ਹੀ ਮੰਦਭਾਗਾ ਹੈ। ਉਹਨਾਂ ਦੱਸਿਆ ਕਿ ਇੰਨਾ ਹੀ ਨਹੀਂ ਬਲਕਿ ਇਕ ਨਿੱਜੀ ਚੈਨਲ 'ਤੇ ਗੱਲਬਾਤ ਦੌਰਾਨ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਸਿਰਜਿਆ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ਼ ਇਕ ਇਮਾਰਤ (ਬਿਲਡਿੰਗ) ਕਹਿਣਾ ਬਹੁਤ ਵੱਡਾ ਗੁਨਾਹ ਹੈ, ਜਿਸ ਕਰਕੇ ਸੰਗਤਾਂ ਵਿਚ ਬਹੁਤ ਵੱਡਾ ਰੋਸ ਹੈ। ਉਹਨਾਂ ਨੇ ਜਥੇਦਾਰ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੀ ਸਿੱਖਾ ਦੀ ਦੁਸ਼ਮਣ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਨਾ ਬਹੁਤ ਹੀ ਨਿੰਦਣਯੋਗ ਹੈ। ਇਸ ਤੋਂ ਪਹਿਲਾਂ ਵੀ ਕਈ ਵਾਰੀ ਇਹ ਸ੍ਰੀ ਅਕਾਲ ਤਖਤ ਸਾਹਿਬ ਦਾ ਹੁਕਮ ਮੰਨਣ ਤੋਂ ਇਨਕਾਰੀ ਹੋਏ ਹਨ। ਉਹਨਾਂ ਕਿਹਾ ਕਿ ਸਿੰਘ ਸਾਹਿਬਾਨ ਦੀ ਇਕਸੁਰਤਾ ਨੂੰ ਯੂਨੀਅਨ ਕਹਿਣਾ ਅਤੇ ਫਿਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਚਿੱਠੀ ਭੇਜ ਕੇ ਇਹ ਦੱਸਣਾ ਕਿ ਮੈਨੂੰ ਆਪਣੇ ਕਹੇ 'ਤੇ ਕੋਈ ਪਛਤਾਵਾ ਨਹੀਂ ਹੈ, ਪੰਥ ਨੂੰ ਇਕ ਵੱਡੀ ਢਾਹ ਲਾਉਣ ਦਾ ਕਾਰਾ ਹੈ। ਉਹਨਾਂ ਕਿਹਾ ਕਿ ਹਰਵਿੰਦਰ ਸਿੰਘ ਸਰਨਾ ਦੀਆਂ ਪੰਥ ਵਿਰੋਧੀ ਕਾਰਵਾਈਆਂ ਅਤੇ ਬਿਆਨਾਂ ਕਰਕੇ ਸਮੁੱਚੀ ਸਿੱਖ ਕੌਮ ਵਿਚ ਬਹੁਤ ਰੋਸ ਹੈ।ਲ ਉਹਨਾਂ ਕਿਹਾ ਕਿ ਕਮੇਟੀ ਨੇ ਬੇਨਤੀ ਕੀਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਹਿਜ਼ ਇਕ ਬਿਲਡਿੰਗ (ਇਮਾਰਤ) ਕਹਿਣ ਵਾਲੇ ਹਰਵਿੰਦਰ ਸਿੰਘ ਸਰਨਾ ਵੱਲੋਂ ਆਏ ਦਿਨ ਪੰਥ ਵਿਰੋਧੀ ਹਰਕਤਾਂ ਕਰਕੇ ਯੋਗ ਕਾਰਵਾਈ ਕਰਦੇ ਹੋਏ ਤੁਰੰਤ ਪੰਥ ਵਿਚੋਂ ਖਾਰਜ ਕੀਤਾ ਜਾਵੇ।

## ਬਿਜਲੀ ਕਾਮਿਆਂ ਨੇ ਕਾਦੀਆਂ 'ਚ ਹੜਤਾਲ ਕਰਕੇ ਕੰਮਕਾਜ ਕੀਤਾ ਠੱਪ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕੇਂਦਰੀ ਟਰੇਡ ਯੂਨੀਅਨਾਂ ਦੇ ਇੱਕ ਰੋਜ਼ਾ ਹੜਤਾਲ ਦੇ ਸੱਦੇ 'ਤੇ ਇੱਕਮੁਠਤਾ ਪ੍ਰਗਟ ਕਰਦਿਆਂ ਬਿਜਲੀ ਕਾਮਿਆਂ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਇੱਕ ਰੋਜ਼ਾ ਹੜਤਾਲ ਦੇ ਸੱਦੇ 'ਤੇ ਬਿਜਲੀ ਕਾਮਿਆਂ ਵੱਲੋਂ ਇੱਕ ਰੋਜ਼ਾ ਹੜਤਾਲ ਕਰਕੇ ਕੰਮਕਾਜ ਠੱਪ ਕੀਤਾ ਗਿਆ ।

ਹੜਤਾਲੀ ਕਰਮਚਾਰੀਆਂ ਵੱਲੋਂ ਮੰਡਲ ਦਫ਼ਤਰ ਕਾਦੀਆਂ ਅੱਗੇ ਰੋਸ ਰੈਲੀ ਕਰਕੇ ਮੰਗ ਕੀਤੀ ਕਿ ਨਿੱਜੀਕਰਨ ਅਤੇ ਪੰਚਾਇਤੀਕਰਨ ਦੀ ਸਾਮਰਾਜੀ ਦਿਸ਼ਾ ਨਿਰਦੇਸ਼ਤ ਨੀਤੀ ਰੱਦ ਕੀਤੀ ਜਾਵੇ, ਬਿਜਲੀ ਐਕਟ 2003 ਨੂੰ ਰੱਦ ਕਰਕੇ ਬਿਜਲੀ ਸੋਧ ਬਿੱਲ 2026 ਰੱਦ ਕੀਤਾ ਜਾਵੇ, ਲੇਬਰ ਕਾਨੂੰਨਾਂ ਵਿਚ ਕੀਤੀਆਂ ਤਬਦੀਲੀਆਂ ਰੱਦ ਕੀਤੀਆਂ ਜਾਣ, ਮਗਨਰੇਗਾ ਸਕੀਮ ਵਿਚ ਕੀਤੀਆਂ ਕਾਮਾ ਵਿਰੋਧੀ ਤਬਦੀਲੀਆਂ ਰੱਦ ਕੀਤੀਆਂ ਜਾਣ, ਆਊਟਸੋਰਸਡ, ਇਨਲਿਸਟਮੈਂਟ ਦਿਹਾੜੀਦਾਰ ਠੇਕਾ ਅਤੇ ਕੰਪਨੀਆਂ, ਸੁਸਾਇਟੀਆਂ ਰਾਹੀਂ ਭਰਤੀ ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇ, ਘੱਟੋ ਘੱਟ ਉਜਰਤ ਕਨੂੰਨ 1948 ਮੁਤਾਬਕ ਤਨਖਾਹ ਅਤੇ ਭੱਤੇ ਨਿਸਚਿਤ ਕੀਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ।ਬੁਲਾਰਿਆਂ ਵਿਚ ਫੈਡਰੇਸ਼ਨ ਏਟਕ ਦੇ ਆਗੂ ਪਿਆਰਾ ਸਿੰਘ ਭਾਮੜੀ, ਹਰਪ੍ਰੀਤ ਸਿੰਘ, ਯਾਦਵਿੰਦਰ ਸਿੰਘ, ਦਲਜੀਤ ਸਿੰਘ, ਟੀ ਐਸ ਯੂ ਦੇ ਆਗੂ ਜਗਤਾਰ ਸਿੰਘ ਖੁੰਡਾ, ਸੁਰਜੀਤ ਸਿੰਘ ਗੁਰਾਇਆ, ਹਰਦੀਪ ਸਿੰਘ ਸੇਖੋਂ, ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਆਗੂ ਬਲਜਿੰਦਰ ਸਿੰਘ ਬਾਜਵਾ, ਮਨਦੀਪ ਸਿੰਘ ਕੋਟਲਾ ਮੂਸਾ, ਐਮ ਯੂ ਓ ਦੇ ਆਗੂ ਜਸਬੀਰ ਸਿੰਘ ਕੋਟ, ਪੈਨਸ਼ਨਰਜ਼ ਯੂਨੀਅਨ ਦੇ ਆਗੂ ਸਤਨਾਮ ਸਿੰਘ ਖਾਰਾ ਸ਼ਾਮਲ ਹੋਏ।

# ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ 16 ਦੀ ਹੜਤਾਲ 'ਚ ਸ਼ਾਮਲ ਹੋਣ ਦਾ ਐਲਾਨ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਤਹਿਸੀਲ ਇਕਾਈ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੋਮ ਲਾਲ ਥੋਪੀਆ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਮੋਹਰੀ ਪੱਤੀ ਵਿਖੇ ਹੋਈ। ਇਸ ਮੀਟਿੰਗ ਵਿੱਚ ਜਿੱਥੇ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ



ਗਈ, ਉੱਥੇ ਹੀ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਨ ਵਿਰੁੱਧ ਤਿੱਖੇ ਰੋਸ ਦਾ ਪ੍ਰਗਟਾਵਾ ਕੀਤਾ ਗਿਆ। ?ਮੀਟਿੰਗ ਦੀ ਸ਼ੁਰੂਆਤ ਵਿੱਚ ਪੈਨਸ਼ਨਰ ਸਾਥੀ ਸ. ਹਰਿੰਦਰ ਸਿੰਘ, ਅੰਮ੍ਰਿਤ ਲਾਲ, ਵਿਜੇ ਕੁਆਰ ਬਸਪੁਰ ਅਤੇ ਸੁੱਚਾ ਸਿੰਘ ਚੇੜਾ ਦੇ ਸਤਿਕਾਰਯੋਗ ਮਾਤਾ ਤੇ ਅਮਰ ਸਿੰਘ ਏ.ਐਸ.ਆਈ. ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ। ਜ਼ਿਲ੍ਹਾ ਪ੍ਰਧਾਨ ਸੋਮ ਲਾਲ ਥੋਪੀਆ ਅਤੇ ਹੋਰ ਬੁਲਾਰਿਆਂ ਨੇ ਪੰਜਾਬ ਸਰਕਾਰ ਪ੍ਰਤੀ ਸਖ਼ਤ ਨਾਰਾਜ਼ਗੀ ਜ਼ਾਹਿਰ ਕਰਦਿਆਂ ਕਿਹਾ ਕਿ ਪੈਨਸ਼ਨਰ ਯੂਨੀਅਨਾਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਵਾਰ-ਵਾਰ ਮੁਲਤਵੀ ਕੀਤਾ ਜਾ ਰਿਹਾ ਹੈ।ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕਿਸੇ ਵੀ ਲਟਕਦੀ ਮੰਗ ਦਾ ਹੱਲ ਨਹੀਂ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਦੇਸ਼ ਦੀਆਂ ਸਾਰੀਆਂ ਟ੍ਰੇਡ ਯੂਨੀਅਨਾਂ ਦੇ ਸੱਦੇ 'ਤੇ 16 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਕੀਤੀ ਜਾਵੇਗੀ। ਇਸ ਤਹਿਤ ਪੈਨਸ਼ਨਰ ਵੱਡੀ ਗਿਣਤੀ ਵਿੱਚ ਬੱਸ ਸਟੈਂਡ ਨਵਾਂਸ਼ਹਿਰ ਵਿਖੇ ਹੋਣ ਵਾਲੀ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋ ਕੇ ਸਰਕਾਰ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨਗੇ। ਇਸ ਮੌਕੇ ਹਰਭਜਨ ਸਿੰਘ ਗਹੂਣ, ਮੋਹਨ ਲਾਲ ਸ਼ਰਮਾ, ਰਾਮ ਸਰੂਪ ਕੁਮਾਰ, ਕੁਲਦੀਪ ਸਿੰਘ ਫਰਾਲਾ, ਦੇਵ ਰਾਜ, ਜਰਨੈਲ ਸਿੰਘ ਅਤੇ ਬਿਮਲ ਕੁਮਾਰ ਸਮੇਤ ਕਈ ਹੋਰ ਪੈਨਸ਼ਨਰ ਆਗੂ ਹਾਜ਼ਰ ਸਨ।

# ਨਕੋਦਰ ਦੀਆਂ 34 ਗ੍ਰਾਮ ਪੰਚਾਇਤਾਂ ਨੂੰ 5-5 ਲੱਖ ਰੁਪਏ ਸਰਕਾਰ ਵੱਲੋਂ ਜਾਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਰਬਸੰਮਤੀ ਨਾਲ ਚੁਣੀਆਂ ਗਈਆਂ ਹਲਕਾ ਨਕੋਦਰ ਦੀਆਂ 34 ਗ੍ਰਾਮ ਪੰਚਾਇਤਾਂ ਨੂੰ 5-5 ਲੱਖ ਰੁਪਏ ਸਰਕਾਰ ਵੱਲੋਂ ਜਾਰੀ ਕੀਤੇ। ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਆਖਿਆ ਕਿ ਉਨ੍ਹਾਂ ਨੇ ਕਾਫੀ ਕੰਮ ਲੀਹੋਂ ਹੱਟ ਕੇ, ਆਮ ਲੋਕਾਂ ਦੇ ਕੰਮ ਚੁਣੇ ਹੋਏ ਨੁਮਾਇੰਦਿਆਂ ਦੇ ਰਾਹੀ ਕੀਤੇ ਹਨ। ਲੋਕਾਂ ਦੀਆਂ ਦੁੱਖ ਤਕਲੀਫਾਂ ਦਾ ਨਿਪਟਾਰਾ ਹਮੇਸ਼ਾ ਕਰ ਰਹੇ ਹਨ। ਬੀਬੀ ਮਾਨ ਨੇ ਆਖਿਆ ਕਿ ਅਜੇ ਨਵੀਆਂ ਪੰਚਾਇਤਾਂ ਬਣੀਆਂ ਨੂੰ ਪੂਰਾ ਇਕ ਸਾਲ ਨਹੀਂ ਹੋਇਆ। ਜਦੋਂਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤੇ ਵਾਅਦੇ ਤਹਿਤ ਸਰਬਸੰਮਤੀ ਨਾਲ ਬਣੀਆਂ ਪੰਚਾਇਤਾਂ ਨੂੰ 5-5 ਲੱਖ ਜਾਰੀ ਕਰ ਦਿੱਤਾ ਗਿਆ ਹਨ। ਬੀਬੀ ਮਾਨ ਨੇ ਕਿਹਾ ਸਰਕਾਰ ਨੇ ਜੋ ਵੀ ਲੋਕਾਂ ਨਾਲ ਵਾਅਦਾ ਕੀਤਾ



ਸੀ ਉਸ ਨੂੰ ਲਾਗੂ ਕਰ ਵਿਖਾਇਆ। ਬਲਾਕ ਨਕੋਦਰ ਦੀਆਂ ਸਰਬ ਸੰਮਤੀ ਨਾਲ ਚੁਣੀਆਂ ਗਰਾਮ ਪੰਚਾਇਤਾਂ ਜਿਹਨਾਂ ਵਿੱਚ ਪਿੰਡ ਟਾਹਲੀ, ਮੁਸ਼ੋਵਾਲ, ਸਿਆਣੀਵਾਲ, ਮੀਰਪੁਰ, ਕੋਟਲਾ ਜੰਗਾ, ਗਿੱਦੜ ਪਿੰਡੀ, ਮਹਿਮੂਦਪੁਰ, ਕੋਟਲਾ ਭਾਗੂ, ਰਗੜਾ, ਦੁਗਰਾਬਾਦ, ਸੀਹੋਵਾਲ, ਢੱਡਾ ਦਿਲਬਾਗਪੁਰ, ਜਹਾਂਗੀਰ, ਮਾਲੀਆ ਖੁਰਦ, ਕੰਗ ਸਾਹਿਬ ਰਾਏ, ਨਵਾਂ ਪਿੰਡ ਮਾਲੀਆ, ਸ਼ਾਹਪੁਰ ਪੰਡੋਰੀ ਸ਼ੇਖ, ਬਿੱਲਾ ਨਵਾਬ, ਵਾਜਲਪੁਰ। ਬਲਾਕ ਨੂਰਮਹਿਲ ਦੀਆਂ ਸਰਬ ਸੰਮਤੀ ਨਾਲ ਚੁਣੀਆਂ ਗ੍ਰਾਮ ਪੰਚਾਇਤਾਂ ਜਿਹਨਾਂ ਵਿੱਚ ਸਿੱਧਮ ਹਰੀ ਸਿੰਘ, ਭੱਲੋਵਾਲ, ਰਾਮਪੁਰ, ਗੋਰਸੀਆ ਨਿਹਾਲ, ਪੱਤੀ ਜੱਟਾਂ ਨਾਹਲ, ਪੰਡੋਰੀ ਜਗੀਰ, ਚੀਮਾ ਕਲਾਂ, ਗੁੰਮਟਾਲਾ, ਸ਼ੇਰਪੁਰ, ਦਿਵਿਆ ਗ੍ਰਾਮ, ਉੱਪਲ ਜਗੀਰ, ਜਨਤਾ ਨਗਰ, ਭੁੱਲਰ, ਪਿੰਡ ਭਾਰਦਵਾਜੀਆ ਸ਼ਾਮਲ ਹੈ।

# ਭਾਣਜੇ ਦਾ ਵਿਆਹ ਵੇਖਣ ਗਏ ਗ੍ਰੰਥੀ ਸਿੰਘ ਦੀ ਇਨੋਵਾ ਨੂੰ ਤੇਲ ਪਾ ਕੇ ਲਗਾਈ ਅੱਗ

**ਜਲੰਧਰ, (ਸੁਰਿੰਦਰ ਕੁਮਾਰ)**- ਤਰਨਤਾਰਨ ਜ਼ਿਲ੍ਹੇ ਦ ਕਸਬਾ ਫਤਿਆਬਾਦ ਵਿਖੇ ਭਾਣਜੇ ਦੇ ਵਿਆਹ ਸਮਾਗਮ ਵਿਚ ਸ਼ਾਮਲ ਹੋਣ ਲਈ ਜਲੰਧਰ ਤੋਂ ਆਏ ਮਾਮੇ ਦੀ ਇਨੋਵਾ ਗੱਡੀ ਨੂੰ ਸਕੂਟਰੀ ਸਵਾਰ ਦੋ ਸ਼ਰਾਰਤੀਆਂ ਨੇ ਤੇਲ ਪਾ ਕੇ ਅੱਗ ਲਗਾ ਦਿੱਤੀ। ਜਿਸ ਵੇਲੇ ਗੱਡੀ ਨੂੰ ਅੱਗ ਲਗਾਈ ਗਈ ਤਾਂ ਧਮਾਕੇ ਦੀ ਤਰ੍ਹਾਂ ਅੱਗ ਦੀਆਂ ਲਪਟਾਂ ਨਿਕਲਣ ਲੱਗੀਆਂ। ਜਿਸ ਤੋਂ



ਬਾਅਦ ਪਰਵਾਰ ਘਰੋਂ ਬਾਹਰ ਆਇਆ ਅਤੇ ਅੱਗ ਉਪਰ ਕਾਬੂ ਪਾਉਣ ਦਾ ਯਤਨ ਕਰਨ ਲੱਗੇ। ਪਰ ਵੇਖਦੇ ਹੀ ਵੇਖਦੇ ਅੱਗ ਬੁਰੀ ਤਰ੍ਹਾਂ ਨਾਲ ਸੜ ਕੇ ਸਵਾਹ ਹੋ ਗਈ। ਜ਼ਿਲ੍ਹਾ ਜਲੰਧਰ ਦੇ ਪਿੰਡ ਅਕਬਰਪੁਰ ਕਲਾਂ ਵਾਸੀ ਗ੍ਰੰਥੀ ਭਾਈ ਗਗਨਦੀਪ ਸਿੰਘ ਨੇ ਦੱਸਿਆ ਕਿ ਉਹ ਆਪਣੇ ਭਾਣਜੇ ਦੇ ਵਿਆਹ ਸਮਾਗਮ ਵਿਚ ਸ਼ਾਮਲ ਹੋਣ ਲਈ ਫਤਿਆਬਾਦ ਪਰਵਾਰ ਸਮੇਤ ਪੁੱਜਾ ਸੀ। ਉਨ੍ਹਾਂ ਆਪਣੀ ਇਨੋਵਾ ਗੱਡੀ ਪੀ ਬੀ 88 1294 ਘਰ ਦੇ ਬਾਹਰ ਖੜੀ ਕੀਤੀ ਸੀ।ਰਾਤ ਨੂੰ ਜਦੋਂ ਸਾਰਾ ਪਰਿਵਾਰ ਸੁੱਤਾ ਹੋਇਆ ਸੀ ਤਾਂ ਕਰੀਬ ਦੋ ਵਜੇ ਦੋ ਵਿਅਕਤੀ ਜੋ ਸਕੂਟਰੀ 'ਤੇ ਆਏ ਅਤੇ ਉਨ੍ਹਾਂ ਨੇ ਤੇਲ ਛਿੜਕ ਕੇ ਗੱਡੀ ਨੂੰ ਅੱਗ ਲਗਾ ਦਿੱਤੀ।

# ਲਿੰਕ ਸੜਕਾਂ ਦੀ ਮੁਰੰਮਤ ਤੇ ਅਪਗ੍ਰੇਡੇਸ਼ਨ ਜਾਰੀ : ਖੁੱਡੀਆਂ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਪੰਜਾਬ ਦੇ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਅਨੁਸਾਰ ਪੂਰੇ ਸੂਬੇ ਵਿੱਚ ਲਗਭਗ 40103 ਕਿਲੋਮੀਟਰ ਲਿੰਕ ਸੜਕਾਂ ਦੀ ਅਪਗ੍ਰੇਡੇਸ਼ਨ ਅਤੇ ਮੁਰੰਮਤ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹੈ ਤਾਂ ਜੋ ਲੋਕਾਂ ਨੂੰ ਵਧੀਆ ਸੜਕਾਂ ਦੀ ਸੁਵਿਧਾ ਮਿਲ ਸਕੇ।

## ਆਰ ਬੀ ਯੂ ਪ੍ਰੋਫੈਸ਼ਨਲ 'ਵਰਸਿਟੀ ਵੱਲੋਂ ਸਫ਼ਾਈ ਤੇ ਸਮਾਜਿਕ ਜਾਗਰੂਕਤਾ ਮੁਹਿੰਮ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਬਿਜ਼ਨਸ ਸਟੱਡੀਜ਼ ਦੀ ਰਾਸ਼ਟਰੀ ਸੇਵਾ ਯੋਜਨਾ (ਐੱਨ ਐੱਸ ਐੱਸ) ਇਕਾਈ ਨੇ ਯੂਨੀਵਰਸਿਟੀ ਕੈਂਪਸ ਵਿੱਚ ਸਫ਼ਾਈ ਅਤੇ ਸਮਾਜਿਕ ਜਾਗਰੂਕਤਾ ਮੁਹਿੰਮ ਦਾ ਸਫਲਤਾਪੂਰਵਕ ਆਯੋਜਨ ਕੀਤਾ। ਇਹ ਮੁਹਿੰਮ ਵਾਈਸ ਚਾਂਸਲਰ ਡਾ. ਚੰਦਰ ਮੋਹਨ ਦੀ ਅਗਵਾਈ ਹੇਠ ਅਤੇ ਬੀ.ਐੱਡ. ਕਾਲਜ ਦੇ ਪ੍ਰਿੰਸੀਪਲ ਡਾ. ਪੱਲਵੀ ਪੰਡਿਤ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ ਸੀ। ਐੱਨ ਐੱਸ ਐੱਸ ਵਲੰਟੀਅਰਾਂ ਤੇ ਵਿਦਿਆਰਥੀਆਂ ਨੇ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸਫਾਈ ਮੁਹਿੰਮ ਕਲਾਸਰੂਮਾਂ, ਯੂਨੀਵਰਸਿਟੀ ਕੈਂਪਸ ਦੇ ਮੈਦਾਨਾਂ ਅਤੇ ਕੰਟੀਨ ਦੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਚਲਾਈ ਗਈ। ਇਸ ਮੁਹਿੰਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਫ਼ਾਈ, ਨਾਗਰਿਕ ਜ਼ਿੰਮੇਵਾਰੀ ਅਤੇ ਸਮਾਜਿਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਮੁਹਿੰਮ ਦਾ ਤਾਲਮੇਲ ਐੱਨ ਐੱਸ ਐੱਸ ਕੋਆਰਡੀਨੇਟਰ ਡਾ. ਪੂਜਾ ਦੁਆਰਾ ਕੀਤਾ ਗਿਆ ਸੀ।

## ਬੁਢਾਪਾ ਪੈਨਸ਼ਨ ਸਕੀਮ ਤਹਿਤ 3,806 ਕਰੋੜ ਰੁਪਏ ਕੀਤੇ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਨੂੰ ਨਾ ਸਿਰਫ਼ ਸਮਾਜ ਦਾ ਇੱਕ ਅਨਿੱਖੜਵਾਂ ਅੰਗ ਮੰਨਦੀ ਹੈ, ਸਗੋਂ ਆਪਣੀ ਜੀਵੰਤ ਵਿਰਾਸਤ ਅਤੇ ਮਾਣ ਵੀ ਮੰਨਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿੱਤੀ ਸਾਲ 2025-26 ਦੌਰਾਨ ਜਨਵਰੀ 2026 ਤੱਕ ਬੁਢਾਪਾ ਪੈਨਸ਼ਨ ਯੋਜਨਾ ਤਹਿਤ 3,806 ਕਰੋੜ ਰੁਪਏ ਤੋਂ ਵੱਧ ਜਾਰੀ ਕਰਕੇ 'ਸਾਡੇ ਬਜ਼ੁਰਗ, ਸਾਡਾ ਮਾਣ' ਦੇ ਨਾਅਰੇ ਨੂੰ ਅਮਲੀ ਰੂਪ ਦਿੱਤਾ ਹੈ।

## ਮਿਸਤਰੀਆਂ ਤੇ ਮਜ਼ਦੂਰਾਂ ਵੱਲੋਂ ਕੇਂਦਰ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਚਾਰ ਲੇਬਰ ਕੋਡਾ ਵਿਰੁੱਧ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਵੱਲੋਂ ਪ੍ਰਧਾਨ ਬਲਵਿੰਦਰ ਸਿੰਘ ਸਿਮਰੂ ਦੀ ਪ੍ਰਧਾਨਗੀ ਹੇਠ ਇੱਥੇ ਲੇਬਰ ਚੌਂਕ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਯੂਨੀਅਨ ਦੇ ਜਨਰਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਕਾਲਾ ਨੇ ਦੱਸਿਆ ਕਿ ਮਿਸਤਰੀਆਂ, ਮਜ਼ਦੂਰਾਂ ਅਤੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਤਵਿੰਦਰ ਸਿੰਘ,



ਮਲਾਗਰ ਸਿੰਘ ਅਤੇ ਕਿਰਤੀ ਕਿਸਾਨ ਮੋਰਚੇ ਦੇ ਬਲਾਕ ਪ੍ਰਧਾਨ ਫੌਜੀ ਹਰਜੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟ ਹਿਤਾਂ ਦੀ ਖਾਤਰ 90 ਫ਼ੀਸਦ ਭਾਰਤ ਦੇ ਮਜ਼ਦੂਰਾਂ, ਕਿਸਾਨਾਂ, ਛੋਟੇ ਦੁਕਾਨਦਾਰਾਂ ਦੇ ਹੱਕਾਂ ਨੂੰ ਕੁਚਲ ਕੇ ਸਰਮਾਏਦਾਰਾਂ ਦੇ ਮੁਨਾਫਿਆਂ ਦੀ ਭੇਟ ਚੜ੍ਹਾਉਣ ਲਈ ਉਨ੍ਹਾਂ ਦੇ ਹੱਕ ਲਈ ਕਾਨੂੰਨ ਬਣਾਏ ਜਾ ਰਹੇ ਹਨ। ਮਿਸਤਰੀਆਂ ਤੇ ਮਜ਼ਦੂਰਾਂ ਵੱਲੋਂ ਲੇਬਰ ਚੌਂਕ ਤੋਂ ਲੈ ਕੇ ਘੋੜਾ ਚੌਂਕ ਤੱਕ ਕੇਂਦਰ ਸਰਕਾਰ ਵਿਰੁੱਧ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਦਲਵੀਰ ਸਿੰਘ, ਸੁਖਜਿੰਦਰ ਸਿੰਘ, ਗੁਲਾਬ ਚੰਦ ,ਹਰਮੇਸ਼ ਕੁਮਾਰ, ਗੁਰਮੇਲ ਸਿੰਘ, ਉਂਕਾਰ ਸਿੰਘ, ਤਰਲੋਚਨ ਸਿੰਘ, ਜਗਮੀਤ ਸਿੰਘ, ਜਸਵੀਰ ਸਿੰਘ,ਅਜੈਬ ਸਿੰਘ, ਦਲਜੀਤ ਸਿੰਘ ਅਤੇ ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

## ਰੱਤੇਵਾਲ ਖ਼ੁਰਦ ਦੀ ਕਿਸਾਨਾ ਬਸਤੀ 'ਚ ਖੇਡ ਮੈਦਾਨ ਲਈ 1 ਲੱਖ ਦੀ ਗਰਾਂਟ

**ਬਲਾਚੌਰ (ਜਸਵਿੰਦਰ ਬੈਂਸ)**- ਜਿਲਾ ਪ੍ਰਧਾਨ ਤੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਰੱਤੇਵਾਲ ਖ਼ੁਰਦ (ਕਿਸਾਨਾ ਬਸਤੀ) ਦੀ ਪੰਚਾਇਤ ਨੂੰ ਇੱਕ ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ।ਇਸ ਮੌਕੇ ਗੱਲਬਾਤ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਪਿੰਡ ਰੱਤੇਵਾਲ ਖ਼ੁਰਦ (ਕਿਸਾਨਾ ਬਸਤੀ) ਦੀ ਪੰਚਾਇਤ ਅਤੇ ਨੌਜਵਾਨਾਂ ਦੀ ਮੰਗ 'ਤੇ ਖੇਡ ਗਰਾਊਂਡ ਦੀ ਉਸਾਰੀ ਲਈ ਇੱਕ ਲੱਖ ਰੁਪਏ ਦੀ



ਗਰਾਂਟ ਪਿੰਡ ਨੂੰ ਜਾਰੀ ਕੀਤੀ ਗਈ। ਇਸ ਮੌਕੇ ਉਹਨਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਉਤਸ਼ਾਹਿਤ ਕਰਨ ਅਤੇ ਖੇਡ ਮੈਦਾਨਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲਾ ਕਰ ਰਹੀ ਹੈ । ਪਿੰਡ ਦੀ ਪੰਚਾਇਤ ਵੱਲੋਂ ਸਤਨਾਮ ਜਲਾਲਪੁਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਜਸਵਿੰਦਰ ਕੁਮਾਰ ਕਿਸਾਨਾ ਸਰਪੰਚ, ਪੰਚ ਸਰਵਜੀਤ,ਪੰਚ ਕਮਲੇਸ਼, ਪੰਚ ਸ਼ਿੰਦਰ ਪਾਲ,ਪੰਚ ਬਬਲੀ, ਤੀਰਥ ਰਾਮ ਫੌਜੀ ਸਾਬਕਾ ਪੰਚ, ਰਾਮ ਕੁਮਾਰ ਸਾਬਕਾ ਪੰਚ, ਬਨਾਰਸੀ ਦਾਸ, ਹਰੀਸ਼ ਚੰਦਰ, ਜਸਵੰਤ ਰਾਏ , ਪਾਵਨ ਕੁਮਾਰ ਸਾਬਕਾ ਪੰਚ, ਸੁਰੇਸ਼ ਕੁਮਾਰ ਸਾਬਕਾ ਪੰਚ, ਮਹਿੰਦਰ ਪਾਲ, ਰਕੇਸ਼ ਕੁਮਾਰ (ਬੱਬੂ),ਸ਼ਿੰਦਰ ਪਾਲ ਠੇਕੇਦਾਰ, ਰਕੇਸ਼ ਕੁਮਾਰ, ਮਦਨ ਲਾਲ, ਰਮਨ ਕੁਮਾਰ,ਨਵਜੋਤ ਸਿੰਘ ਜਸਵਿੰਦਰ ਕੁਮਾਰ, ਬਲਜਿੰਦਰ ਕੁਮਾਰ, ਦਿਨੇਸ਼ ਕੁਮਾਰ,ਚੇਤਨ ਕਿਸਾਨਾਂ ,ਕਬੀਰ ਕਿਸਾਨਾਂ,ਮੁਕਲ ਕੁਮਾਰ, ਵਾਰਿਸ ਚੌਧਰੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਨੇ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਸੰਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ

**ਨੰਗਲ (ਸੁਰਜੀਤ ਸਿੰਘ ਢੇਰ)**- ਪੰਜਾਬ ਸਰਕਾਰ ਦੀਆਂ ਸਕੀਮਾਂ ਨੂੰ ਹੇਠਲੇ ਪੱਧਰ ਤੱਕ ਪੁਰੇਜਰ ਲਾਗੂ ਕਰਨ, ਯੋਗ ਲਾਭਪਾਤਰੀਆਂ ਤੱਕ ਇਸ ਦਾ ਲਾਭ ਪੁੱਜਦਾ ਕਰਨ ਲਈ ਅਤੇ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਲਈ ਡਿਪਟੀ ਕਮਿਸ਼ਨਰ ਰੂਪਨਗਰ ਅਦਿੱਤਿਆ ਡੇਚਲਵਾਲ ਨੇ ਵੱਖ-ਵੱਖ ਉੱਚ ਅਧਿਕਾਰੀਆਂ ਨਾਲ ਐੱਸ ਡੀ ਐੱਮ ਦਫਤਰ ਨੰਗਲ ਵਿਖੇ ਮੀਟਿੰਗ ਕੀਤੀ।



ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਰੂਪਨਗਰ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸਮੀਖਿਆ ਕੀਤੀ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਕਿ ਲੋਕਾਂ ਨੂੰ ਸਕੀਮਾਂ ਤੋਂ ਵਾਂਝੇ ਨਾ ਰਹਿਣ ਦਿੱਤਾ ਜਾਵੇ।ਬੈਠਕ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ਿਆਂ ਖਿਲਾਫ ਜੋ ਲੜਾਈ ਸ਼ੁਰੂ ਕੀਤੀ ਗਈ ਹੈ ਉਸ ਨੂੰ ਜਨ ਭਾਗੀਦਾਰੀ ਦੇ ਸਹਿਯੋਗ ਸਦਕਾ ਜੰਗੀ ਪੱਧਰ ਤੇ ਜਾਰੀ ਰੱਖਿਆ ਜਾਵੇ ਤਾਂ ਜੋ ਨਸ਼ਿਆਂ ਦਾ ਪੂਰੀ ਤਰ੍ਹਾਂ ਖਾਤਮਾ ਹੋ ਸਕੇ। ਅਦਿੱਤਿਆ ਡੇਚਲਵਾਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲੋਕਾਂ ਨੂੰ ਸੁਖਾਵੇ ਮਾਹੌਲ ਵਿਚ ਬਿਨਾ ਕਿਸੇ ਖੱਜਲ-ਖੁਆਰੀ ਦੇ ਲਾਭ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਲੋਕ ਹਿੱਤ ਲਈ ਚਲਾਈਆਂ ਗਈਆਂ ਸਕੀਮਾਂ ਨੂੰ ਮੁਹੱਈਆ ਕਰਵਾਉਣ ਵਿਚ ਕੋਈ ਅਣਗਹਿਲੀ ਨਾ ਵਰਤੀ ਜਾਵੇ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਦੇ ਕਾਰਡ ਬਣਾਉਣ ਵਿੱਚ ਤੇਜ਼ੀ ਲਿਆਂਦੀ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਵਿਕੇਸ਼ ਗੁਪਤਾ, ਆਰ ਟੀ ਓ ਰੂਪਨਗਰ ਅਰਸ਼ਦੀਪ ਸਿੰਘ, ਐੱਸ ਡੀ ਐਮ ਨੰਗਲ ਸਚਿਨ ਪਾਠਕ, ਡੀ ਐੱਸ ਪੀ ਨੰਗਲ ਹਰਕੀਰਤ ਸਿੰਘ, ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਰਸ਼ਿਮ ਵਰਮਾ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਕਰਨ ਮਹਿਤਾ, ਐੱਸ ਐੱਚ ਓ ਨੰਗਲ ਸਿਮਰਨਜੀਤ ਸਿੰਘ ਤੇ ਹੋਰ ਉੱਚ ਅਧਿਕਾਰੀ ਹਾਜ਼ਰ ਸਨ।

# ਆਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ 22 ਨੂੰ



**ਫਿਲੌਰ (ਨਿਰਮਲ)**- ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਵਲੋਂ ਸੁਰਿੰਦਰ ਕੁਮਾਰ ਪੁਆਰੀ, ਲੇਖਰਾਜ ਪੰਜਾਬੀ ਅਤੇ ਪ੍ਰੇਮ ਪਾਲ ਦੀ ਅਗਵਾਈ ਵਿੱਚ ਵਿਭਾਗ ਵੱਲੋਂ ਟੈਟ ਸਬੰਧੀ ਜਾਰੀ ਪੱਤਰ ਦੀਆਂ ਕਾਪੀਆਂ ਸਾੜਨ ਮੌਕੇ ਸਾਂਝਾ ਬਿਆਨ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵਲੋਂ ਮਿਤੀ 7 ਫਰਵਰੀ ਨੂੰ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਟੈੱਟ ਲਾਜਮੀ ਹੋਣ ਦਾ ਪੱਤਰ ਜਾਰੀ ਕਰਕੇ ਟੈੱਟ ਤੋਂ ਛੋਟ ਦੇਣ ਦਾ 14-09-2017 ਦਾ ਪੱਤਰ ਰੱਦ ਕਰਨ ਦੇ ਵਿਰੋਧ ਵਿੱਚ ਫਿਲੌਰ ਦੇ ਸਮੂਹ ਅਧਿਆਪਕ ਨੇ ਪੰਜਾਬ ਸਰਕਾਰ ਦੇ ਇਸ ਪੱਤਰ ਦੀਆਂ ਕਾਪੀਆਂ ਸਾੜੀਆਂ ਕਿਉਂਕਿ ਇਹ ਪੱਤਰ ਉਹਨਾਂ ਦੀਆਂ ਪ੍ਰਮੋਸ਼ਨਾਂ ਵਿੱਚ ਰੁਕਾਵਟ ਪੈਦਾ ਕਰਦਾ ਹੈ। ਆਗੂਆਂ ਨੇ ਕਿਹਾ ਕਿ ਵਿਦਿਆਰਥੀਆਂ ਦੇ ਪ੍ਰੀਖਿਆ ਸਮੇਂ ਟੈੱਟ ਰੱਖ ਕੇ ਅਧਿਆਪਕਾਂ ਨੂੰ ਮਾਨਸਿਕ ਤੌਰ ਤੇ ਪ੍ਰੇਸ਼ਾਨ ਕਰ ਰਹੀ ਹੈ । 20-20,30-30 ਸਾਲ ਦੀ ਸੇਵਾ ਕਰ ਚੁੱਕੇ ਅਧਿਆਪਕਾਂ ਨੂੰ ਪ੍ਰਮੋਸ਼ਨ ਦੇ ਨਾਮ ਤੇ ਟੈੱਟ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ, ਜਿਸ ਦਾ ਪੰਜਾਬ ਦੇ ਅਧਿਆਪਕ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ ਮਹਾਂ ਰੋਸ ਪ੍ਰਦਰਸ਼ਨ ਕਰਕੇ ਡੱਟਵਾਂ ਵਿਰੋਧ ਕਰਨਗੇ।ਅਧਿਆਪਕ ਆਗੂਆਂ ਨੇ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੂੰ ਸਮੁੱਚੇ ਅਧਿਆਪਕ ਵਰਗ 'ਤੇ ਇਸ ਹਮਲੇ ਦੇ ਖ਼ਿਲਾਫ਼ ਸਾਂਝੇ ਸੰਘਰਸ਼ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਰੋਸ ਪ੍ਰਦਰਸ਼ਨ ਵਿੱਚ ਹਰਕਮਲ ਸਿੰਘ ਸੰਧੂ, ਜਸਪਾਲ ਸੰਧੂ, ਜਸਬੀਰ ਸਿੰਘ, ਮਲਕੀਅਤ ਸਿੰਘ, ਮੋਹਣ ਲਾਲ, ਸੰਦੀਪ ਕੁਮਾਰ, ਜਤਿੰਦਰਪਾਲ ਸਿੰਘ, ਤੀਰਥ ਸਿੰਘ, ਮਨੀਸ਼ ਕਪੂਰ, ਵਿਸ਼ਾਲ ਸੈਣੀ, ਰੂਪਲਾਲ, ਇੰਦਰਜੀਤ ਸਿੰਘ, ਦਲਜੀਤ ਸਿੰਘ, ਬਿਮਲਾ ਰਾਏ, ਨੀਨਾ ਮਲਹੋਤਰਾ, ਪੂਨਮ ਨਈਅਰ, ਰੂਬੀ ਅਰੋੜਾ, ਚੰਦਰਕਾਂਤਾ, ਜਸਵਿੰਦਰ ਕੌਰ, ਹਰਪ੍ਰੀਤ ਕੌਰ, ਗੁਰਦਿਆਲ ਕੌਰ, ਨੀਲਮ ਰਾਣੀ, ਰਵਨੀਤ ਕੌਰ, ਰਾਜਦੀਪ ਕੌਰ, ਪੁਸ਼ਪਿੰਦਰ ਕੌਰ ਤੇ ਹੋਰ ਆਗੂ ਸ਼ਾਮਿਲ ਸਨ।

# ਸੜਕ ਹਾਦਸੇ 'ਚ ਤਬਲਾ ਵਾਦਕ ਦੀ ਮੌਤ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਇੱਥੋਂ ਦੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਰਾਗੀ ਜਥੇ ਨਾਲ ਸੇਵਾ ਨਿਭਾ ਰਹੇ ਤਬਲਾਵਾਦਕ ਭਾਈ ਗੁਰਮੁੱਖ ਸਿੰਘ ਜੋੜੀਵਾਲਾ ਦੀ ਸੜਕ ਹਾਦਸੇ ਵਿੱਚ ਮੌਕੇ 'ਤੇ ਹੀ ਮੌਤ ਹੋ ਗਈ। ਇਹ ਦਰਦਨਾਕ ਹਾਦਸਾ ਚਮਕੌਰ ਸਾਹਿਬ-ਰੂਪਨਗਰ ਸੜਕ 'ਤੇ



ਪਿੰਡ ਭੋਜੇਮਾਜਰਾ ਨੇੜੇ ਵਾਪਰਿਆ। ਘਟਨਾ ਦੀ ਖ਼ਬਰ ਮਿਲਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਈ ਗੁਰਮੁੱਖ ਸਿੰਘ ਦੀ ਅਚਾਨਕ ਮੌਤ 'ਤੇ ਡੂੰਘਾ ਦੁੱਖ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਭਾਈ ਗੁਰਮੁੱਖ ਸਿੰਘ ਇੱਕ ਸਮਰਪਿਤ ਗੁਰਸਿੱਖ ਤੇ ਕੀਰਤਨ ਸੇਵਾ ਨਾਲ ਜੁੜੇ ਹੋਏ ਨਿਮਰ ਸੁਭਾਉ ਦੇ ਵਿਅਕਤੀ ਸਨ, ਜਿਨ੍ਹਾਂ ਦੀ ਘਾਟ ਕਦੇ ਪੂਰੀ ਨਹੀਂ ਹੋ ਸਕੇਗੀ। ਇੱਥੋਂ ਦੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਗੁਰਮੁੱਖ ਸਿੰਘ ਢੋਲੇਵਾਲ ਨੇ ਦੱਸਿਆ ਕਿ ਭਾਈ ਗੁਰਮੁੱਖ ਸਿੰਘ ਪਿੰਡ ਭਰਤਗੜ੍ਹ ਦੇ ਰਹਿਣ ਵਾਲੇ ਸਨ। ਬੀਤੀ ਸ਼ਾਮ ਉਹ ਆਪਣੇ ਸਾਥੀ ਭਾਈ ਜਸਕਰਨ ਸਿੰਘ ਜੋ ਕਿ ਨਜ਼ਰੋਂ ਮਾਹਰੂਮ ਹਨ ਅਤੇ ਗੁਰਦੁਆਰਾ ਸਾਹਿਬ ਵਿੱਚ ਸੇਵਾ ਨਿਭਾਉਂਦੇ ਹਨ, ਨਾਲ ਮੋਟਰਸਾਈਕਲ 'ਤੇ ਕਿਸੇ ਕੰਮ ਲਈ ਗਏ ਹੋਏ ਸਨ। ਰਸਤੇ ਵਿੱਚ ਸੜਕ ਕਿਨਾਰੇ ਖੜੀ ਇੱਕ ਗੱਡੀ ਨਾਲ ਮੋਟਰਸਾਈਕਲ ਟਕਰਾ ਗਿਆ। ਟੱਕਰ ਇੰਨੀ ਭਿਆਨਕ ਸੀ ਕਿ ਭਾਈ ਗੁਰਮੁੱਖ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਭਾਈ ਜਸਕਰਨ ਸਿੰਘ ਨੂੰ ਗੰਭੀਰ ਚੋਟਾਂ ਲੱਗੀਆਂ। ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ।

# ਕੰਪਿਊਟਰ ਅਧਿਆਪਕ ਭਲਕੇ ਵਿੱਤ ਮੰਤਰੀ ਦੀ ਕੋਠੀ ਦਾ ਕਰਨਗੇ ਘਿਰਾਓ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਬੈਨਰ ਹੇਠ 14 ਫਰਵਰੀ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਦਾ ਘਿਰਾਓ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ ਹੇਠ ਕੀਤਾ



ਜਾਵੇਗਾ। ਇਹ ਜਾਣਕਾਰੀ ਰਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਸੂਬਾ ਮੀਤ ਪ੍ਰਧਾਨ ਅਨਿਲ ਐਰੀ, ਅਤੇ ਸੀਨੀਅਰ ਮੀਤ ਪ੍ਰਧਾਨ ਜਗਜੀਤ ਸਿੰਘ ਨੇ ਜਿਲ੍ਹੇ ਦੀ ਮੀਟਿੰਗ ਵਿੱਚ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੰਪਿਊਟਰ ਅਧਿਆਪਕਾਂ ਦੀਆ ਮੰਗਾਂ ਨੂੰ ਲਗਾਤਾਰ ਮੰਨਣ ਦੀ ਬਜਾਏ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦਾ ਸਮੁੱਚੇ ਕੰਪਿਊਟਰ ਅਧਿਆਪਕ ਕਾਡਰ ਵਿੱਚ ਰੋਸ ਪਾਇਆ ਜਾ ਰਿਹਾ ਹੈ ਤੇ ਕੰਪਿਊਟਰ ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਹੋਣ ਦੇ ਬਾਵਜੂਦ ਵੀ ਬਣਦੇ ਸਾਰੇ ਲਾਭਾਂ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਜ਼ਿਕਰਯੋਗ ਹੈ ਮਾਨਯੋਗ ਹਾਈਕੋਰਟ ਪੰਜਾਬ ਨੇ ਕੰਪਿਊਟਰ ਅਧਿਆਪਕਾਂ ਨੂੰ ਸਰਕਾਰੀ ਮੁਲਾਜਮ ਮੰਨਦੇ ਹੋਏ ਇਹਨਾਂ ਤੇ ਪੰਜਾਬ ਦੇ ਸਿਵਲ ਸੇਵਾ ਨਿਯਮਾਂ ਨੂੰ ਲਾਗੂ ਕਰਨ ਲਈ ਕਿਹਾ ਗਿਆ ਸੀ ਪਰ ਸਰਕਾਰ, ਮਾਨਯੋਗ ਹਾਈਕੋਰਟ ਪੰਜਾਬ ਵਲੋਂ ਆਏ ਕੰਪਿਊਟਰ ਅਧਿਆਪਕਾਂ ਦੇ ਹੱਕ ਵਿੱਚ ਫੈਸਲੇ ਨੂੰ ਲਾਗੂ ਕਰਨ ਦੇ ਬਜਾਏ ਮਾਨਯੋਗ ਸੁਪਰੀਮ ਕੋਰਟ ਵਿਖੇ ਫੈਸਲੇ ਦੇ ਵਿਰੁੱਧ ਚਨੌਤੀ ਦਿੱਤੀ ਗਈ ਹੈ। ਜੱਥੇਬੰਦੀ ਵਲੋਂ 14 ਫਰਵਰੀ ਨੂੰ ਸੰਗਰੂਰ ਵਿਖੇ ਹਰਪਾਲ ਸਿੰਘ ਚੀਮਾ-ਵਿੱਤ ਮੰਤਰੀ ਪੰਜਾਬ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ। 14 ਫਰਵਰੀ ਦੀ ਰੈਲੀ ਦੌਰਾਨ ਸੂਬਾ ਕਮੇਟੀ, ਜ਼ਿਲ੍ਹਾ ਕਮੇਟੀਆਂ ਤੇ ਪੰਜਾਬ ਭਰ 'ਚ ਕੰਪਿਊਟਰ ਅਧਿਆਪਕ ਸ਼ਾਮਿਲ ਹੋਣਗੇ। ਇਸ ਮੀਟਿੰਗ ਵਿੱਚ ਨਰਿੰਦਰਪਾਲ ਸਿੰਘ ਪ੍ਰੈਸ ਸਕੱਤਰ, ਸੰਦੀਪ ਸਿੰਘ ਜਿਲ੍ਹਾ ਮੀਤ ਪ੍ਰਧਾਨ, ਤਜਿੰਦਰ ਸਿੰਘ, ਹਰਪ੍ਰੀਤ ਸਿੰਘ, ਮਨੋਜ ਰਾਣਾ, ਰਣਦੀਪ ਸਿੰਘ ਸ਼ਾਮਿਲ ਸਨ।

# ਹੋਣਹਾਰ ਵਿਦਿਆਰਥੀ ਸਨਮਾਨਤ



**ਸੁਲਤਾਨਪੁਰ ਲੋਧੀ, (ਹਨੀ)**- ਜਵਾਹਰ ਨਵੋਦਿਆ ਵਿਦਿਆਲਿਆ ਮਸੀਤਾਂ ਵਿਖੇ ਪ੍ਰੇਰਨਾ ਉਤਸਵ ਮਨਾਇਆ ਗਿਆ ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਫਾਲਕਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਗੁਰਮਨਦੀਪ ਸਿੰਘ ਜਮਾਤ ਨੌਵੀਂ ਅਤੇ ਸੁਖਮਨਪ੍ਰੀਤ ਕੌਰ ਜਮਾਤ ਅੱਠਵੀਂ ਨੇ ਵੀ ਪ੍ਰਤੀਯੋਗਤਾ ਵਿਚ ਹਿੱਸਾ ਲਿਆ ਤੇ ਵਿਕਸਿਤ ਭਾਰਤ ਅਧਾਰਤ ਵਿਸ਼ੇ ਤੇ ਬਹੁਤ ਵਧੀਆ ਚਿੱਤਰਕਾਰੀ ਕੀਤੀ। ਉਹਨਾਂ ਨੇ ਆਪਣੇ ਚਿੱਤਰਕਾਰੀ ਰਾਹੀਂ ਦਰਸਾਇਆ ਕਿ ਸਾਡਾ ਭਾਰਤ ਦੇਸ਼ ਵੱਖ-ਵੱਖ ਖੇਤਰਾਂ ਵਿੱਚ ਜਿਵੇਂ ਸਿੱਖਿਆ, ਸਾਇੰਸ, ਤਕਨੀਕੀ ਅਤੇ ਖੇਡਾਂ ਵਿੱਚ ਤਰੱਕੀ ਕਰ ਰਿਹਾ ਹੈ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋ ਅਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਮੈਡਮ ਰਵਿੰਦਰਜੀਤ ਕੌਰ, ਸਪੋਰਟਸ ਇੰਚਾਰਜ ਜਤਿੰਦਰ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਪੰਚਾਂ-ਸਰਪੰਚਾਂ ਦਾ ਪੰਚਾਇਤ ਵਿਭਾਗ ਵੱਲੋਂ ਸਨਮਾਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਪੰਚਾਇਤ ਵਿਭਾਗ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਪੰਚਾਂ-ਸਰਪੰਚਾਂ ਦੇ ਮਹਾਂਰਾਸ਼ਟਰ ਵਿੱਚ ਕਰਵਾਏ ਗਏ ਐਕਸਪੋਜਰ ਵਿਜਟ ਦੌਰਾਨ ਉੱਥੋਂ ਦੀਆਂ ਅਗਾਂਹਵਧੂ ਪੰਚਾਇਤਾਂ ਪ੍ਰਤੀ ਜਾਣਕਾਰੀ ਪ੍ਰਾਪਤ ਕਰਨ ਵਾਲੀਆਂ ਤੇ ਇਸ ਦੌਰੇ ਦੌਰਾਨ ਯੋਗਦਾਨ ਦੇਣ ਵਾਲੀਆਂ ਪੰਚਾਇਤਾਂ ਦੇ ਮੈਂਬਰਾਂ ਦਾ ਬੀ ਡੀ ਪੀ ਓ ਬਲਾਕ-2 ਦੇ ਦਫਤਰ ਵਿੱਚ ਬੀ ਡੀ ਪੀ ਓ ਦਿਲਬਾਗ ਸਿੰਘ, ਸੁਪਰਡੈਂਟ ਅਜੇ ਕੁਮਾਰ ਦੀ ਅਗਵਾਈ ਹੇਠ ਸਨਮਾਨ ਕੀਤਾ ਗਿਆ। ਇਸ ਮੌਕੇ ਬੀ ਡੀ ਪੀ ਓ ਦਿਲਬਾਗ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਇਸ ਦੌਰੇ ਦਾ ਮਕਸਦ ਜਿਲ੍ਹੇ ਦੀਆਂ ਮਹਿਲਾ ਸਰਪੰਚਾਂ-ਪੰਚਾਂ ਨੂੰ ਮਹਾਂਰਾਸ਼ਟਰ ਦੀਆਂ ਅਗਾਂਹਵਧੂ ਪੰਚਾਇਤਾਂ ਵੱਲੋਂ ਵਿਕਾਸ ਲਈ ਅਪਨਾਏ ਗਏ ਮਾਡਲ ਤੋਂ ਸੁਚੇਤ ਕਰਨਾ ਸੀ ਤੇ ਸਾਨੂੰ ਇਸ ਗੱਲ ਦੀ ਬੇਹੱਦ ਖੁਸ਼ੀ ਹੈ ਕਿ ਜਿਨ੍ਹਾਂ ਪੰਚਾਂ-ਸਰਪੰਚਾਂ ਤੇ ਸੈਲਫ ਹੈਲਪ ਗਰੁੱਪ ਚਲਾਉਣ ਵਾਲੀਆਂ ਮਹਿਲਾਵਾਂ ਨੂੰ ਇਸ ਦੌਰੇ 'ਤੇ ਭੇਜਿਆ ਗਿਆ ਸੀ ਉਨ੍ਹਾਂ ਵੱਲੋਂ ਵਾਪਿਸ ਪਰਤ ਕੇ ਆਪਣੇ ਪਿੰਡਾਂ ਵਿੱਚ ਕਾਰਜ ਕਰਨੇ ਸ਼ੁਰੂ ਕਰ ਦਿੱਤੇ ਗਏ ਹਨ। ਇਸ ਮੌਕੇ ਪੰਚਾਇਤ ਵਿਭਾਗ ਵੱਲੋਂ ਮਹਾਂਰਾਸ਼ਟਰ ਦੌਰੇ ਤੋਂ ਵਾਪਿਸ ਪਰਤੀਆਂ ਮਹਿਲਾਵਾਂ ਮੀਨਾ ਰਾਣੀ ਸ਼ੇਰਪੁਰ, ਰਜਵੰਤ ਕੌਰ ਡਗਾਣਾ ਖੁਰਦ, ਰਵਿੰਦਰ ਕੌਰ ਬੂਰੇ ਜੱਟਾਂ, ਕੁਲਦੀਪ ਕੌਰ ਸਤੌਰ, ਹਰਮਿੰਦਰ ਕੌਰ ਪੰਡੋਰੀ ਬਾਵਾ ਦਾਸ, ਨੀਲਮ ਰਾਣੀ ਮਿੱਠੇਵਾਲ ਆਦਿ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਪ੍ਰਗਟ ਸਿੰਘ ਅਕਾਂਊਟੈਂਟ, ਨੀਲਮ ਸੈਣੀ ਜੀ.ਆਰ.ਐੱਸ., ਆਰਤੀ ਪੰਚਾਇਤ ਸੈਕਟਰੀ ਆਦਿ ਵੀ ਮੌਜੂਦ ਰਹੇ।

# ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ ਸਜਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਵਿਖੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸ਼ਰਧਾ ਭਾਵਨਾ ਨਾਲ ਸਜਾਏ ਗਏ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ



ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਸ਼ਰਧਾ ਭਾਵਨਾ ਨਾਲ ਕੀਰਤਨ ਸਜਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸਾਹਿਬ ਜੀ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਸਮਾਪਤੀ ਹੋਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਦੌਰਾਨ ਵੱਖ ਵੱਖ ਮੁਹੱਲਿਆਂ ਵਿੱਚ ਸਵਾਗਤੀ ਗੇਟ ਲਗਾ ਕੇ ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਸੰਗਤਾਂ ਵੱਲੋਂ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਉਨ੍ਹਾਂ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਦੌਰਾਨ ਭਾਈ ਸੁਖਵੀਰ ਸਿੰਘ ਖਟਕੜ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਰਣਜੀਤ ਸਿੰਘ ਡਵਿੱਡਾ ਅਹਿਰਾਣਾ, ਪ੍ਰਭਾਤ ਫੇਰੀ ਜੱਥਾ ਆਦਿ ਨੇ ਗ_ਰਬਾਣੀ, ਗੁਰਇਤਿਹਾਸ, ਕਥਾ ਕੀਰਤਨ, ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਕਾਸ਼ ਪੁਰਬ ਮੌਕੇ ਸਮੂਹ ਸੰਗਤਾਂ ਵੱਲੋਂ ਵਿਸ਼ਾਲ ਨਗਰ ਕੀਰਤਨ ਦੀ ਸਮਾਪਤੀ ਸ਼ਾਨਦਾਰ ਆਤਿਸ਼ਬਾਜ਼ੀ ਕੀਤੀ ਗਈ।ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਪ੍ਰਧਾਨ ਕਰਨੈਲ ਸਿੰਘ ਨੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਅਤੇ ਸੰਗਤਾਂ ਦਾ ਨਗਰ ਕੀਰਤਨ ਵਿੱਚ ਸਹਿਯੋਗ ਦੇਣ ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਸ਼ਾਲ ਨਗਰ ਦੋਰਾਨ ਪ੍ਰਧਾਨ ਕਰਨੈਲ ਸਿੰਘ, ਬਾਬਾ ਕੇਵਲ ਰਾਮ, ਸੁਰਿੰਦਰ ਸਿੰਘ, ਸੇਵਾ ਦਾਸ, ਨਰਿੰਦਰ ਕੁਮਾਰ, ਮੋਹਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਮੁੱਖ ਮੰਤਰੀ ਦੇ ਘਰ ਦੀ ਘੇਰਾਬੰਦੀ ਲਈ ਲਾਮਬੰਦੀ

**ਮਹਿਤਪੁਰ (ਰਾਜਾ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਪੰਜਾਬ ਸਰਕਾਰ ਵੱਲੋਂ ਮਜ਼ਦੂਰ ਜਥੇਬੰਦੀਆਂ ਨੂੰ 10 ਫਰਵਰੀ ਦੀ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਮੁਅਤਲ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਸੰਗਰੂਰ ਪ੍ਰਸ਼ਾਸਨ ਦੀ ਇਸ ਵਾਅਦਾ ਖਿਲਾਫੀ ਵਿਰੁੱਧ ਜਥੇਬੰਦੀ ਸਾਰੇ ਪੰਜਾਬ ਵਿੱਚ ਮਜ਼ਦੂਰਾਂ ਦੀ ਲਾਮਬੰਦੀ ਤੇਜ਼ ਕਰੇਗੀ ਤਾਂ ਕਿ 18 ਫਰਵਰੀ ਨੂੰ ਮੁੱਖ ਮੰਤਰੀ ਪੰਜਾਬ ਦੇ ਘਰ ਦੇ ਘਿਰਾਓ ਨੂੰ ਸਫਲ ਬਣਾਇਆ ਜਾ ਸਕੇ । ਉਹਨਾ ਨੇ ਕਿਹਾ ਕਿ 18 ਫਰਵਰੀ ਦੇ ਘਰਾਓ ਲਈ ਪੰਜਾਬ ਸਰਕਾਰ ਅਤੇ ਸੰਗਰੂਰ ਪ੍ਰਸ਼ਾਸਨ ਜਿੰਮੇਵਾਰ ਹੈ। ਪ੍ਰਸ਼ਾਸਨ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਮੁਕੇਸ਼ ਮਲੌਦ ਦੀ ਰਿਹਾਈ ਅਤੇ ਜਮੀਨੀ ਮੁੱਦਿਆਂ ਦੇ ਮਾਮਲੇ ਵਿੱਚ ਜਥੇਬੰਦੀਆਂ ਨਾਲ ਕੀਤੇ ਗਏ ਵਾਅਦੇ ਤੋਂ ਪਿੱਛੇ ਹਟ ਰਿਹਾ ਹੈ।

## ਸੰਦੀਪ ਕੁਮਾਰ 32 ਸਾਲ ਦੀ ਸੇਵਾ ਉਪਰੰਤ ਬਣੇ ਐੱਸ ਆਈ

**ਰੂਪਨਗਰ, (ਰਜਿੰਦਰ ਸੈਣੀ)**- ਪੰਜਾਬ ਪੁਲਸ ਦੇ ਜ਼ਿਲ੍ਹਾ ਰੂਪਨਗਰ ਵਿੱਚ ਇਸ ਸਮੇਂ ਸੀ ਆਈ ਏ ਸਟਾਫ ਵਿੱਚ ਤਾਇਨਾਤ ਸੰਦੀਪ ਕੁਮਾਰ ਏ ਐੱਸ ਆਈ ਤੋਂ ਤਰੱਕੀ ਪਾਉਣ ਉਪਰੰਤ



ਐੱਸ ਆਈ ਬਣੇ ਹਨ।ਐੱਸ ਆਈ ਬਨਣ ਤੇ ਉਸ ਨੂੰ ਸਟਾਰ ਰੂਪਨਗਰ ਜ਼ਿਲ੍ਹੇ ਦੇ ਐੱਸ ਐੱਸ ਪੀ ਮਨਿੰਦਰ ਸਿੰਘ ਤੇ ਐੱਸ ਪੀ (ਡੀ) ਗੁਰਦੀਪ ਸਿੰਘ ਗੋਸਲ ਵਲੋਂ ਲਗਾਇਆ ਗਿਆ। ਸੰਦੀਪ ਕੁਮਾਰ 32 ਸਾਲ ਦੀ ਪੁਲਸ ਸੇਵਾ ਕਰਨ ਉਪਰੰਤ ਐੱਸ ਆਈ ਬਣੇ ਹਨ। ਉਸ ਨੇ ਇਸ ਸਮੇਂ ਦੋਰਾਨ ਰੂਪਨਗਰ ਜ਼ਿਲ੍ਹੇ ਅੰਦਰ ਜ਼ਿਲ੍ਹਾ ਪੁਲਸ ਸਾਂਝ ਕੇਂਦਰ, ਭੰਨ-ਤੋੜ ਵਿਰੋਧੀ ਦਸਤੇ ਤੇ ਵੱਖ ਵੱਖ ਪੁਲਿਸ ਸਟੇਸ਼ਨਾਂ ਵਿਖੇ ਸੇਵਾ ਨਿਭਾਈ ਹੈ।

## ਡੇਰਾ ਬਾਪੂ ਗੰਗਾ ਦਾਸ ਵਿਖੇ ਮਹਾਂ-ਸ਼ਿਵਰਾਤਰੀ 16 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬਾਪੂ ਗੰਗਾ ਦਾਸ ਜੀ ਵੈਲਫੇਅਰ ਸੋਸਾਇਟੀ ਰਜਿਸਟਰਡ ਮਾਹਿਲਪੁਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਹਾਂ-ਸ਼ਿਵਰਾਤਰੀ ਦਾ ਪਵਿੱਤਰ ਦਿਹਾੜਾ ਡੇਰਾ ਗੁਰੂ ਬਾਪੂ ਗੰਗਾ ਦਾਸ ਜੀ ਵਿਖੇ 16 ਫਰਵਰੀ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਰੇ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਜੀ ਨੇ ਦੱਸਿਆ ਕਿ ਇਸ ਮੌਕੇ ਸ਼ਾਮੀ 7 ਵਜੇ ਸੁਨੀਲ ਮਹਾਦੇਵ ਆਰਟ ਗਰੁੱਪ ਸ਼ਿਵ ਮਹਿਮਾ ਦਾ ਗੁਣਗਾਨ ਕਰੇਗਾ।

# ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨ ਵਿਰੋਧੀ : ਅਜੇ ਮੰਗੂਪਰ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਕਾਂਗਰਸੀ ਪ੍ਰਧਾਨ ਅਜੇ ਮੰਗੂਪੁਰ ਨੇ ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤੇ ਦੀ ਕੜੀ ਆਲੋਚਨਾ ਕਰਦਿਆਂ ਇਸ ਨੂੰ ਕਿਸਾਨ ਵਿਰੋਧੀ ਤੇ ਪੰਜਾਬ ਅਤੇ ਦੇਸ਼ ਦੀ ਖੇਤੀਬਾੜੀ ਅਰਥਵਿਵਸਥਾ ਲਈ ਗੰਭੀਰ ਖਤਰਾ ਕਰਾਰ ਦਿੱਤਾ। ਇਸ ਸੰਬੰਧੀ ਉਨ੍ਹਾਂ ਕੇਂਦਰੀ ਟ੍ਰੇਡ ਯੂਨੀਅਨ ਅਤੇ ਕਿਸਾਨ ਯੂਨੀਅਨ ਵੱਲੋਂ ਦਿੱਤੇ ਭਾਰਤ ਬੰਤ ਦੌਰਾਨ ਨਵਾਂਸ਼ਹਿਰ ਵਿਖੇ ਧਰਨੇ ਵਿੱਚ ਬਲਵਿੰਦਰ ਭੂੰਬਲਾ ਮੀਤ ਪ੍ਰਧਾਨ ਅਤੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵੱਲੋਂ ਸਮਰਥਨ ਦਿੱਤਾ। ਅਜੇ ਮੰਗੂਪੁਰ ਨੇ ਕਿਹਾ ਕਿ ਅਮਰੀਕਾ ਤੋਂ



ਸਬਸਿਡੀ ਪ੍ਰਾਪਤ ਖੇਤੀ ਉਤਪਾਦਾਂ ਦੀ ਵਧੀ ਹੋਈ ਆਯਾਤ ਦੀ ਇਜਾਜ਼ਤ ਦੇਣ ਵਾਲਾ ਕੋਈ ਵੀ ਸਮਝੌਤਾ ਭਾਰਤੀ ਕਿਸਾਨਾਂ ਨੂੰ ਤਬਾਹ ਕਰ ਦੇਵੇਗਾ, ਕਿਉਂਕਿ ਅਮਰੀਕੀ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਸਰਕਾਰੀ ਸਬਸਿਡੀਆਂ, ਆਧੁਨਿਕ ਸਹੂਲਤਾਂ ਅਤੇ ਪੱਕੀ ਮਾਰਕੀਟ ਸੁਰੱਖਿਆ ਪ੍ਰਾਪਤ ਹੈ। ਉਨ੍ਹਾਂ ਕਿਹਾ ਸਾਡੇ ਕਿਸਾਨ ਪਹਿਲਾਂ ਹੀ ਵਧ ਰਹੀਆਂ ਲਾਗਤਾਂ, ਐੱਮ ਐੱਸ ਪੀ ਦੇ ਸੀਮਿਤ ਵਿਸਥਾਰ ਤੇ ਵਧਦੇ ਕਰਜ਼ੇ ਦੇ ਬੋਝ ਹੇਠ ਹਨ। ਉਹ ਅਮਰੀਕਾ ਦੀ ਭਾਰੀ ਸਬਸਿਡੀ ਵਾਲੀ ਖੇਤੀ ਨਾਲ ਮੁਕਾਬਲਾ ਨਹੀਂ ਕਰ ਸਕਦੇ। ਇਸ ਤਰ੍ਹਾਂ ਦਾ ਸਮਝੌਤਾ ਪੰਜਾਬ ਦੀ ਖੇਤੀਬਾੜੀ ਅਰਥਵਿਵਸਥਾ ਨੂੰ ਤਬਾਹ ਕਰ ਦੇਵੇਗਾ ਅਤੇ ਕਿਸਾਨਾਂ ਨੂੰ ਹੋਰ ਵੱਡੇ ਆਰਥਿਕ ਸੰਕਟ ਵੱਲ ਧੱਕੇਗਾ। ਅਜੇ ਮੰਗੂਪੁਰ ਨੇ ਦੁਹਰਾਇਆ ਕਿ ਕਾਂਗਰਸ ਪਾਰਟੀ ਅਤੇ ਆਲ ਇੰਡੀਆ ਕਿਸਾਨ ਕਾਂਗਰਸ ਕਿਸੇ ਵੀ ਅਜੇਹੇ ਵਪਾਰ ਸਮਝੌਤੇ ਦਾ ਡਟ ਕੇ ਵਿਰੋਧ ਕਰੇਗੀ ਜੋ ਭਾਰਤ ਦੀ ਖਾਦ ਸੁਰੱਖਿਆ ਨੂੰ ਨੁਕਸਾਨ ਪਹੁੰਚਾਏ, ਐੱਮ ਐੱਸ ਪੀ ਪ੍ਰਣਾਲੀ ਨੂੰ ਕਮਜ਼ੋਰ ਕਰੇ ਜਾਂ ਕਿਸਾਨਾਂ ਦੇ ਆਰਥਿਕ ਹਿੱਤਾਂ ਨੂੰ ਹਾਨੀ ਪਹੁੰਚਾਏ।

# ਐੱਲ ਪੀ ਯੂ ਦੇ ਵਿਦਿਆਰਥੀ ਏਅਰਸੈਂਸ ਲੈਬਜ਼ ਨੇ ਘਰੇਲੂ ਸਾਫ਼-ਹਵਾ ਨਵੀਨਤਾ ਦਾ ਪ੍ਰਦਰਸ਼ਨ ਕੀਤਾ

**ਜਲੰਧਰ (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਖੋਜ-ਅਧਾਰਤ ਵਿਦਿਆਰਥੀ ਪਹਿਲਕਦਮੀ ਦੇ ਰੂਪ ਵਿੱਚ ਜੋ ਸ਼ੁਰੂ ਹੋਇਆ ਸੀ ਉਹ ਅੱਜ ਭਾਰਤ ਦੇ ਸਭ ਤੋਂ ਵਾਅਦਾ ਕਰਨ ਵਾਲੇ ਡੂੰਘੇ-ਤਕਨੀਕੀ ਸਾਫ਼-ਹਵਾ ਉੱਦਮਾਂ ਵਿੱਚੋਂ ਇੱਕ ਵਿੱਚ ਖਿੜ ਗਿਆ ਹੈ। ਐਲ ਪੀ ਯੂ ਦੇ ਵਿਦਿਆਰਥੀ ਰੋਹਿਤ ਕ੍ਰਿਸ਼ਨਾ ਦੁਆਰਾ ਸਥਾਪਿਤ ਏਅਰਸੈਂਸ ਲੈਬਜ਼ ਨੇ ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਇੱਕ ਵਿਸ਼ੇਸ਼ ਰਾਸ਼ਟਰੀ-ਪੱਧਰੀ ਸਮਾਗਮ ਵਿੱਚ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ



ਆਪਣੀ ਘਰੇਲੂ ਨਵੀਨਤਾ ਪੇਸ਼ ਕੀਤੀ। ਇਸ ਮਹੱਤਵਪੂਰਨ ਪਲ ਨੇ ਸਟਾਰਟਅੱਪ ਨੂੰ ਕੈਂਪਸ ਲੈਬ ਤੋਂ ਰਾਸ਼ਟਰੀ ਮਾਨਤਾ ਪ੍ਰਾਪਤ ਕਰਨ ਵਿੱਚ ਮਦਦ ਕੀਤੀ।ਏਅਰਸੈਂਸ ਲੈਬਜ਼ ਐਲ ਪੀ ਯੂ ਦੇ ਖੋਜ ਈਕੋਸਿਸਟਮ ਦੇ ਅੰਦਰ ਪੈਦਾ ਹੋਈ ਸੀ ਅਤੇ ਯੂਨੀਵਰਸਿਟੀ ਤੋਂ ?5.7 ਲੱਖ ਦੀ ਮਦਦ ਪ੍ਰਾਪਤ ਹੋਈ, ਜਿਸ ਨਾਲ ਇਹ ਅਕਾਦਮਿਕ ਖੋਜ ਤੋਂ ਵਪਾਰਕ ਸਪਿਨ-ਆਊਟ ਵਿੱਚ ਤਬਦੀਲੀ ਕਰ ਸਕਿਆ। ਇੱਕ ਸਾਲ ਤੋਂ ਵੱਧ ਸਮੇਂ ਵਿੱਚ, ਕੰਪਨੀ ਨੇ ਖੋਜ ਅਤੇ ਵਿਕਾਸ ਅਤੇ ਪ੍ਰੋਟੋਟਾਈਪਿੰਗ ਤੋਂ ਛੋਟੇ-ਬੈਚ ਉਤਪਾਦਨ ਤੱਕ ਤਰੱਕੀ ਕੀਤੀ ਹੈ, ਇੱਕ ਅਜਿਹਾ ਕਾਰਨਾਮਾ ਜੋ ਇੰਨੀ ਸ਼ੁਰੂਆਤੀ ਪੜਾਅ 'ਤੇ ਡੂੰਘੀ-ਤਕਨਾਲੋਜੀ ਸਟਾਰਟਅੱਪਸ ਵਿੱਚ ਬਹੁਤ ਘੱਟ ਦੇਖਿਆ ਜਾਂਦਾ ਹੈ। ਮਜ਼ਬੂਤ ਉਦਯੋਗਿਕ ਗਤੀ ਦੇ ਆਧਾਰ 'ਤੇ ਏਅਰਸੈਂਸ ਲੈਬਜ਼ ਨੇ ਭਾਰਤ ਦੇ ਦੂਜੇ ਸਭ ਤੋਂ ਵੱਡੇ ਰੇਲ ਅਤੇ ਮੈਟਰੋ ਉਪਕਰਣ ਨਿਰਮਾਤਾ ਨਾਲ ਇੱਕ ਰਣਨੀਤਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਹਨ, ਜਿਸ ਵਿੱਚ ਸਹਿ-ਵਿਕਾਸ, ਇੰਜੀਨੀਅਰਿੰਗ ਸਹਿਯੋਗ, ਅਤੇ ਤਰਜੀਹੀ ਹਿੱਸੇ ਅਤੇ ਬਿਲ ਆਫ਼ ਮਟੀਰੀਅਲ ਸਹਾਇਤਾ ਸ਼ਾਮਲ ਹੈ। ?60 ਲੱਖ ਦੀ ਕੀਮਤ ਵਾਲਾ ਇਹ ਰਣਨੀਤਕ ਪ੍ਰੋਗਰਾਮ ਪਹਿਲਾਂ ਹੀ 3,000 ਯੂਨਿਟਾਂ ਲਈ ਇੱਕ ਪੁਸ਼ਟੀ ਕੀਤਾ ਆਰਡਰ ਪ੍ਰਾਪਤ ਕਰ ਚੁੱਕਾ ਹੈ, ਜਿਸ ਨਾਲ ਭਾਰਤ ਦੇ ਮਹੱਤਵਪੂਰਨ ਬੁਨਿਆਦੀ ਢਾਂਚੇ ਦੇ ਵਾਤਾਵਰਣ ਵਿੱਚ ਸਟਾਰਟਅੱਪ ਦੀ ਸਥਿਤੀ ਮਜ਼ਬੂਤੀ ਨਾਲ ਸਥਾਪਿਤ ਹੋ ਗਈ ਹੈ।ਐਲ ਪੀ ਯੂ ਦੀ ਪ੍ਰੋ-ਚਾਂਸਲਰ ਡਾ. ਕਰਨਲ ਰਸ਼ਮੀ ਮਿੱਤਲ ਨੇ ਕਿਹਾ, ਐਲ ਪੀ ਯੂ ਦਾ ਮੂਲ ਦ੍ਰਿਸ਼ਟੀਕੋਣ ਨਾ ਸਿਰਫ਼ ਹੁਨਰਮੰਦ ਪੇਸ਼ੇਵਰਾਂ ਨੂੰ ਵਿਕਸਤ ਕਰਨਾ ਹੈ, ਸਗੋਂ ਸਮਾਜ ਦੀ ਬਿਹਤਰੀ ਲਈ ਹੱਲ ਪ੍ਰਦਾਨ ਕਰਨ ਵਾਲੇ ਨਵੀਨਤਾਕਾਰਾਂ ਅਤੇ ਨੌਕਰੀ ਸਿਰਜਣਹਾਰਾਂ ਨੂੰ ਉਤਸ਼ਾਹਿਤ ਕਰਨਾ ਵੀ ਹੈ। ਸਟਾਰਟਅੱਪ ਦੀ ਯਾਤਰਾ ਨੇ ਉੱਚਤਮ ਨੀਤੀ ਪੱਧਰਾਂ 'ਤੇ ਵੀ ਧਿਆਨ ਖਿੱਚਿਆ ਹੈ। ਰਾਸ਼ਟਰਪਤੀ ਨੂੰ ਆਪਣਾ ਕੇਸ ਦਿਖਾਉਣ ਤੋਂ ਬਾਅਦ, ਏਅਰਸੈਂਸ ਟੀਮ ਨੂੰ ਪੀਯੂਸ਼ ਗੋਇਲ ਦੀ ਅਗਵਾਈ ਵਿੱਚ ਵਣਜ ਅਤੇ ਉਦਯੋਗ ਮੰਤਰਾਲੇ ਨਾਲ ਗੱਲਬਾਤ ਕਰਨ ਲਈ ਸੱਦਾ ਦਿੱਤਾ ਗਿਆ ਹੈ।

# ਭਾਰਤ-ਅਮਰੀਕਾ ਸਮਝੌਤਾ ਦੇਸ਼ ਨੂੰ ਤਬਾਹੀ ਵੱਲ ਤੋਰਨ ਦਾ ਮੁੱਢ ਬੰਨ੍ਹਦੈ : ਸੇਖੋਂ

**ਜਲੰਧਰ (ਸੁਰਿੰਦਰ ਕੁਮਾਰ)**- ਭਾਰਤ ਤੇ ਅਮਰੀਕਾ ਸਮਝੌਤਾ ਦੇਸ਼ ਦੀ ਆਰਥਿਕ ਵਿਵਸਥਾ ਨੂੰ ਧੱਕ ਕੇ ਤਬਾਹੀ ਵੱਲ ਤੋਰਨ ਦਾ ਮੁੱਢ ਬੰਨ੍ਹਦਾ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ (ਐਮ) ਪੰਜਾਬ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਲੋਕ ਸਭਾ ਵਿੱਚੋਂ ਗ਼ੈਰਹਾਜ਼ਰ ਰਹਿਣ ਦੀ ਬਜਾਏ ਸੰਸਦ ਵਿੱਚ ਇਸ ਸਮਝੌਤੇ ਦੇ ਬਾਰੇ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਇਸ ਦਾ ਕੀ ਲਾਭ ਹੋਵੇਗਾ ? ਕਾਮਰੇਡ ਸੇਖੋਂ ਨੇ ਕਿਹਾ ਕਿ ਭਾਰਤ ਅਮਰੀਕਾ ਸਮਝੌਤਾ ਸਾਮਰਾਜੀ ਤਾਕਤਾਂ ਮੂਹਰੇ ਗੋਡੇ ਟੇਕ ਕੇ ਦੇਸ਼ ਨੂੰ ਗ਼ੁਲਾਮੀ ਵੱਲ ਧੱਕਣ ਵਾਲਾ ਹੈ, ਕਿਉਂਕਿ ਇਸ ਦਾ ਦੇਸ਼ ਦੀ ਅਰਥਵਿਵਸਥਾ 'ਤੇ ਸਿੱਧਾ ਮਾੜਾ ਪ੍ਰਭਾਵ ਪਵੇਗਾ। ਉਨ੍ਹਾਂ ਕਿਹਾ ਕਿ ਇਸ ਸਮਝੌਤੇ ਤਹਿਤ ਅਮਰੀਕਾ, ਭਾਰਤ ਤੋਂ ਆਯਾਤ ਕੀਤੇ ਸਾਮਾਨ 'ਤੇ ਅਠਾਰਾਂ ਫੀਸਦੀ ਟੈਰਿਫ ਲਾਵੇਗਾ, ਜਦ ਕਿ ਭਾਰਤ, ਅਮਰੀਕਾ ਤੋਂ ਆਯਾਤ ਹੋਣ ਵਾਲੇ ਸਾਮਾਨ 'ਤੇ ਜ਼ੀਰੋ ਟੈਰਿਫ ਦੀ ਸ਼ਰਤ ਦਾ ਪਾਬੰਦ ਹੋਵੇਗਾ। ਇਸ ਦਾ ਸਿੱਧਾ ਅਰਥ ਹੈ ਕਿ ਇਸ ਸਮਝੌਤੇ ਦਾ ਅਮਰੀਕੀ ਉਦਯੋਗਪਤੀਆਂ ਨੂੰ ਫਾਇਦਾ ਹੋਵੇਗਾ ਅਤੇ ਭਾਰਤ ਦੀ ਅਰਥਵਿਵਸਥਾ 'ਤੇ ਸੱਟ ਵੱਜੇਗੀ। ਉਨ੍ਹਾਂ ਕਿਹਾ ਕਿ ਅਮਰੀਕਾ ਨੇ ਕੇਂਦਰ ਦੀ ਮਨਮੋਹਨ ਸਿੰਘ ਦੀ ਅਗਵਾਈ ਵਾਲੀ ਸਰਕਾਰ ਸਮੇਂ ਵੀ ਅਜਿਹੇ ਸਮਝੌਤੇ ਲਈ ਯਤਨ ਅਰੰਭੇ ਸਨ ਪਰ ਉਨ੍ਹਾਂ ਸਪਸ਼ਟ ਇਨਕਾਰ ਕਰ ਦਿੱਤਾ ਸੀ।

ਵਰ੍ਹੇਗੰਢ ਮੁਬਾਰਕ



ਦਵਿੰਦਰ ਸਿੰਘ ਅਤੇ ਪਲਵਿੰਦਰ ਕੌਰ ਵਾਸੀ ਪਿੰਡ ਮੋਕਲ ਨੇ ਵਿਆਹ ਦੀ 21ਵੀਂ ਵਰ੍ਹੇਗੰਢ ਮਨਾਈ।

ਮੁਬਾਰਕਾਂ



ਅਵਨੀਤ ਸਿੰਘ ਵਾਸੀ ਪਿੰਡ ਪੰਜੋਖਰਾ ਸਾਹਿਬ ਦਾ ਸ਼ੁੱਭ ਵਿਆਹ ਸੰਦੀਪ ਕੌਰ ਵਾਸੀ ਪਿੰਡ ਬੈਰੋਪੁਰ ਨਾਲ ਹੋਇਆ।